16-APRIL-PAGE-1.qxd 4/15/2025 9:30 PM Page 1

ਬੁੱਧਵਾਰ, 16 ਅਪ੍ਰੈਲ, 2025

4 ਵਿਸਾਖ { ਨਾਨਕਸ਼ਾਹੀ 557 / ਬਿਕਰਮੀ 2082

ਜਿਲਦ/VOL. : 73

ਅੰਕ/NO. : 315

ਰੋਜ਼ਾਨਾ

# ਨਵਾਂ ਜ਼ਮਾਨਾ

DAILY NAWAN ZAMANA • WEDNESDAY, 16 APRIL, 2025

ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 14

## ਸੋਨੀਆ-ਰਾਹੁਲ ਖਿਲਾਫ ਮਨੀ ਲਾਂਡਰਿੰਗ ਮਾਮਲੇ 'ਚ ਚਾਰਜਸ਼ੀਟ ਦਾਖਲ



**ਨਵੀਂ ਦਿੱਲੀ :** ਈ ਡੀ ਨੇ ਨੈਸ਼ਨਲ ਹੇਰਾਲਡ ਕੇਸ ਨਾਲ ਸੰਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਕਾਂਗਰਸ ਆਗੂਆਂ ਸੋਨੀਆ ਗਾਂਧੀ ਅਤੇ ਰਾਹੁਲ ਗਾਂਧੀ ਖਿਲਾਫ ਪਹਿਲੀ ਚਾਰਜਸ਼ੀਟ ਦਾਇਰ ਕਰ ਦਿੱਤੀ ਹੈ। ਇਹ ਚਾਰਜਸ਼ੀਟ ਨੈਸ਼ਨਲ ਹੇਰਾਲਡ ਤੇ ਐਸੋਸੀਏਟਿਡ ਜਨਰਲ ਲਿਮਟਿਡ (ਏ ਜੇ ਐੱਲ) ਨਾਲ ਜੁੜੇ ਮਨੀ ਲਾਂਡਰਿੰਗ ਮਾਮਲੇ ਵਿੱਚ ਦਾਇਰ ਕੀਤੀ ਗਈ ਹੈ। ਵਿਸ਼ੇਸ਼ ਜੱਜ ਵਿਸ਼ਾਲ ਗੋਗਨੇ ਨੇ 9 ਅਪਰੈਲ ਨੂੰ ਦਾਇਰ ਕੀਤੀ ਗਈ ਚਾਰਜਸ਼ੀਟ ਦੀ ਸਮੀਖਿਆ ਕਰਦਿਆਂ ਮਾਮਲੇ ਦੀ ਅਗਲੀ ਸੁਣਵਾਈ 25 ਅਪਰੈਲ 'ਤੇ ਪਾ ਦਿੱਤੀ। ਚਾਰਜਸ਼ੀਟ ਵਿੱਚ ਕਾਂਗਰਸ ਆਗੂ ਸੈਮ ਪਿਤਰੋਦਾ ਅਤੇ ਸੁਮਨ ਦੂਬੇ ਨੂੰ ਵੀ ਮੁਲਜ਼ਮ ਬਣਾਇਆ ਗਿਆ ਹੈ। ਨੈਸ਼ਨਲ ਹੇਰਾਲਡ ਅਖਬਾਰ ਨਾਲ ਜੁੜੇ ਕਥਿਤ ਭ੍ਰਿਸ਼ਟਾਚਾਰ ਦੇ ਮਾਮਲੇ 'ਚ ਈ ਡੀ ਵੱਲੋਂ ਪਹਿਲਾਂ ਸਾਰੇ ਆਗੂਆਂ ਤੋਂ ਕਈ ਵਾਰ ਪੁੱਛ-ਪੜਤਾਲ ਕੀਤੀ ਗਈ ਸੀ ਅਤੇ ਯੰਗ ਇੰਡੀਅਨ ਕੰਪਨੀ, ਨੈਸ਼ਨਲ ਹੇਰਾਲਡ ਦੇ ਕੰਮਕਾਜ, ਏ ਜੀ ਐੱਲ ਨੂੰ ਦਿੱਤੇ ਗਏ ਕਰਜ਼ੇ ਅਤੇ ਹੋਰ ਸਵਾਲ ਪੁੱਛੇ ਗਏ ਸਨ।

ਦੋ ਦਿਨ ਪਹਿਲਾਂ ਈ ਡੀ ਨੇ ਕਾਂਗਰਸ ਵੱਲੋਂ ਚਲਾਏ ਜਾਂਦੇ ਏ ਜੇ ਐੱਲ ਦੀ 661 ਕਰੋੜ ਰੁਪਏ ਦੀ ਅਚੱਲ ਜਾਇਦਾਦ ਨੂੰ ਆਪਣੇ ਕਬਜ਼ੇ ਵਿਚ ਲੈਣ ਲਈ ਨੋਟਿਸ ਜਾਰੀ ਕੀਤਾ ਸੀ।

ਜਾਂਚ ਏਜੰਸੀ ਨੇ ਦਿੱਲੀ 'ਚ ਆਈ ਟੀ ਓ ਸਥਿਤ ਹੇਰਾਲਡ ਹਾਊਸ, ਮੁੰਬਈ ਦੇ ਬਾਂਦਰਾ ਇਲਾਕੇ 'ਚ ਸਥਿਤ ਇਮਾਰਤ ਅਤੇ ਲਖਨਊ ਦੇ ਬਿਸ਼ੇਸ਼ਵਰ ਨਾਥ ਰੋਡ 'ਤੇ ਸਥਿਤ ਏ ਜੇ ਐੱਲ ਇਮਾਰਤ 'ਤੇ ਨੋਟਿਸ ਚਿਪਕਾਏ ਸਨ। ਨੋਟਿਸਾਂ ਵਿੱਚ ਇਮਾਰਤ ਖਾਲੀ ਕਰਨ ਜਾਂ ਈ ਡੀ ਨੂੰ ਕਿਰਾਏ (ਮੁੰਬਈ ਸੰਪਤੀ ਦੇ ਮਾਮਲੇ ਵਿੱਚ) ਟਰਾਂਸਫਰ ਕਰਨ ਦੀ ਮੰਗ ਕੀਤੀ ਗਈ ਸੀ। ਇਹ ਕਾਰਵਾਈ ਮਨੀ ਲਾਂਡਰਿੰਗ ਰੋਕੂ ਕਾਨੂੰਨ ਦੀ ਧਾਰਾ (8) ਅਤੇ ਨਿਯਮ 5 (1) ਦੇ ਤਹਿਤ ਕੀਤੀ ਗਈ। ਇਹ ਅਚੱਲ ਜਾਇਦਾਦ ਈ ਡੀ ਨੇ ਨਵੰਬਰ 2023 ਵਿੱਚ ਕੁਰਕ ਕੀਤੀ ਸੀ। ਮਨੀ ਲਾਂਡਰਿੰਗ ਦਾ ਇਹ ਮਾਮਲਾ ਏ ਜੇ ਐੱਲ ਅਤੇ ਯੰਗ ਇੰਡੀਅਨ ਖਿਲਾਫ ਹੈ। ਜ਼ਿਕਰਯੋਗ ਹੈ ਕਿ ਏ ਜੇ ਐੱਲ ਹੀ ਨੈਸ਼ਨਲ ਹੇਰਾਲਡ ਨੂੰ ਪ੍ਰਕਾਸ਼ਤ ਕਰਦੀ ਹੈ ਤੇ ਇਸ ਦੀ ਮਾਲਕੀ ਯੰਗ ਇੰਡੀਅਨ ਪ੍ਰਾਈਵੇਟ ਲਿਮਟਿਡ ਕੋਲ ਹੈ। ਕਾਂਗਰਸ ਆਗੂ ਸੋਨੀਆ ਗਾਂਧੀ ਤੇ ਰਾਹੁਲ ਗਾਂਧੀ ਯੰਗ ਇੰਡੀਅਨ ਵਿਚ ਵੱਡੇ ਸ਼ੇਅਰ ਹੋਲਡਰ ਹਨ, ਜਿਨ੍ਹਾਂ ਕੋਲ 38-38 ਪ੍ਰਤੀਸ਼ਤ ਦੀ ਹਿੱਸੇਦਾਰੀ ਹੈ। ਈ ਡੀ ਨੇ ਕਿਹਾ ਕਿ ਇਹ ਸੰਪਤੀ ਦਿੱਲੀ, ਮੁੰਬਈ ਤੇ ਲਖਨਊ ਸਮੇਤ ਕਈ ਸ਼ਹਿਰਾਂ ਵਿੱਚ ਹੈ।

## ਸੀ ਪੀ ਆਈ ਦੀ 25ਵੀਂ ਕਾਂਗਰਸ ਦੀ ਰਿਸੈਪਸ਼ਨ ਕਮੇਟੀ ਦੇ ਜਨਰਲ ਸਕੱਤਰ ਬੰਤ ਬਰਾੜ ਤੇ ਚੇਅਰਮੈਨ ਡਾ. ਸਵਰਾਜਬੀਰ ਹੋਣਗੇ : ਅਮਰਜੀਤ ਕੌਰ

**ਜਲੰਧਰ (ਰਾਜੇਸ਼ ਥਾਪਾ)**



ਭਾਰਤੀ ਕਮਿਊਨਿਸਟ ਪਾਰਟੀ ਦੀ ਚੰਡੀਗੜ੍ਹ ਵਿੱਚ 21 ਤੋਂ 25 ਸਤੰਬਰ ਤੱਕ ਹੋਣ ਵਾਲੀ 25ਵੀਂ ਕਾਂਗਰਸ ਦੀ ਰਿਸੈਪਸ਼ਨ ਕਮੇਟੀ ਦੇ ਜਨਰਲ ਸਕੱਤਰ ਪਾਰਟੀ ਦੇ ਪੰਜਾਬ ਦੇ ਸੂਬਾ ਸਕੱਤਰ ਬੰਤ ਸਿੰਘ ਬਰਾੜ ਨੂੰ ਬਣਾਇਆ ਗਿਆ ਹੈ। ਇਹ ਜਾਣਕਾਰੀ ਪਾਰਟੀ ਦੀ ਕੌਮੀ ਸਕੱਤਰ ਅਮਰਜੀਤ ਕੌਰ ਨੇ ਮੰਗਲਵਾਰ ਇੱਥੇ ਪ੍ਰੈੱਸ ਕਾਨਫਰੰਸ ਵਿੱਚ ਦਿੱਤੀ। ਉਨ੍ਹਾ ਦੱਸਿਆ ਕਿ ਪੰਜਾਬੀ ਟ੍ਰਿਬਿਊਨ ਦੇ ਸਾਬਕਾ ਐਡੀਟਰ ਡਾ. ਸਵਰਾਜਬੀਰ, ਜੋ ਸਾਹਿਤ, ਕਲਾ ਤੇ ਸੱਭਿਆਚਾਰ ਦੇ ਖੇਤਰ ਵਿੱਚ ਇੱਕ ਪ੍ਰਸਿੱਧ ਸ਼ਖਸੀਅਤ ਹਨ, ਰਿਸੈਪਸ਼ਨ ਕਮੇਟੀ ਦੇ ਚੇਅਰਮੈਨ ਹੋਣਗੇ। ਪਾਰਟੀ ਦੀ ਸੂਬਾ ਕੌਂਸਲ ਦੇ ਮੈਂਬਰਾਂ ਤੋਂ ਇਲਾਵਾ ਖੱਬੀ ਤੇ ਪ੍ਰਗਤੀਸ਼ੀਲ ਸੋਚ ਵਾਲੇ ਹੋਰ ਅਨੇਕਾਂ ਵਿਅਕਤੀਆਂ, ਜਿਨ੍ਹਾਂ ਦਾ ਸਮਾਜ ਦੀ ਤਰੱਕੀ ਵਿੱਚ ਯੋਗਦਾਨ ਰਿਹਾ ਹੈ, ਨੂੰ ਵੀ ਰਿਸੈਪਸ਼ਨ ਕਮੇਟੀ ਵਿੱਚ ਸ਼ਾਮਲ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਸਾਰੇ ਰਾਜਾਂ ਅਤੇ ਕੇਂਦਰ ਸ਼ਾਸਤ ਪ੍ਰਦੇਸ਼ਾਂ ਤੋਂ ਲਗਭਗ ਇੱਕ ਹਜ਼ਾਰ ਡੈਲੀਗੇਟ ਕਾਂਗਰਸ ਵਿੱਚ ਸ਼ਾਮਲ ਹੋਣਗੇ। ਭਰਾਤਰੀ ਪਾਰਟੀਆਂ ਆਪਣੇ ਸੁਨੇਹੇ ਭੇਜ ਰਹੀਆਂ ਹਨ।

ਪ੍ਰੈੱਸ ਕਾਨਫਰੰਸ ਵਿੱਚ ਅਮਰਜੀਤ ਕੌਰ ਤੋਂ ਇਲਾਵਾ ਬੰਤ ਸਿੰਘ ਬਰਾੜ, ਜਲੰਧਰ ਦੇ ਸਕੱਤਰ ਰਸ਼ਪਾਲ ਕੈਲੇ ਤੇ ਰਜਿੰਦਰ ਸਿੰਘ ਮੰਜੀ ਵੀ ਮੌਜੂਦ ਸਨ। ਆਗੂਆਂ ਨੇ ਦੱਸਿਆ ਕਿ ਪੰਜਾਬ ਇਕਾਈ ਲਈ ਇਹ ਮਾਣ ਵਾਲੀ ਗੱਲ ਹੈ ਕਿ ਕਾਂਗਰਸ ਜਥੇਬੰਦ ਕਰਨ ਦੀ ਜ਼ਿੰਮੇਵਾਰੀ ਉਸ ਨੂੰ ਸੌਂਪੀ ਗਈ ਹੈ। ਕਾਂਗਰਸ ਉਦੋਂ ਹੋ ਰਹੀ ਹੈ, ਜਦੋਂ ਪਾਰਟੀ ਆਪਣੇ 100 ਸਾਲ ਪੂਰੇ ਹੋਣ ਦੇ ਜਸ਼ਨ ਮਨਾ ਰਹੀ ਹੈ। ਇਹ ਵੇਲਾ ਕਾਮਿਆਂ, ਕਿਸਾਨਾਂ, ਵਿਦਿਆਰਥੀਆਂ, ਨੌਜਵਾਨਾਂ ਤੇ ਸਮਾਜ ਦੇ ਹਾਸ਼ੀਏ 'ਤੇ ਪਏ ਲੋਕਾਂ ਲਈ ਪਾਰਟੀ ਵੱਲੋਂ ਕੀਤੇ ਗਏ ਕੰਮਾਂ ਨੂੰ ਉਜਾਗਰ ਕਰਨ ਦਾ ਇੱਕ ਵਧੀਆ ਮੌਕਾ ਹੈ।ਭਾਰਤੀ ਕਮਿਊਨਿਸਟ ਪਾਰਟੀ ਨੇ ਬਰਤਾਨਵੀ ਸਾਮਰਾਜ ਦੇ ਖਿਲਾਫ ਹੋਰ ਪ੍ਰਗਤੀਸ਼ੀਲ ਸ਼ਕਤੀਆਂ ਦੇ ਨਾਲ ਮਿਲ ਕੇ ਸੁਤੰਤਰਤਾ ਸੰਗਰਾਮ ਵਿੱਚ ਸ਼ਾਨਦਾਰ ਭੂਮਿਕਾ ਨਿਭਾਈ ਹੈ। ਪੰਜਾਬ ਦੇ ਲੋਕਾਂ ਦੀ ਇਸ ਸੰਦਰਭ ਵਿੱਚ ਬਹੁਤ ਵੱਡੀ ਭੂਮਿਕਾ ਰਹੀ ਹੈ, ਜਿਸ ਵਿੱਚ ਨੌਜਵਾਨ, ਵਿਦਿਆਰਥੀ, ਕਾਮੇ, ਕਿਸਾਨ, ਇਸਤਰੀਆਂ, ਬੁੱਧੀਜੀਵੀ ਤੇ ਹੋਰ ਸਾਰੇ ਵਰਗ ਵੀ ਸ਼ਾਮਲ ਸਨ।ਕਾਂਗਰਸ ਭਾਰਤ ਦੀ ਵਿਗੜਦੀ ਹੋਈ ਆਰਥਕ ਸਥਿਤੀ ਦਾ ਵਿਸ਼ਲੇਸ਼ਣ ਕਰੇਗੀ, ਜੋ ਕਿ ਡੂੰਘੇ ਸੰਕਟ ਵਿੱਚ ਫਸੀ ਹੋਈ ਹੈ। ਖੇਤੀਬਾੜੀ ਸੰਕਟ, ਵਧਦੀ ਬੇਰੁਜ਼ਗਾਰੀ, ਨਿਘਰਦਾ ਪਰਿਆਵਰਨ, ਲੋੜੀਂਦੀਆਂ ਵਸਤਾਂ ਦੀ ਵਧਦੀ ਕੀਮਤ, ਸਿੱਖਿਆ, ਸਿਹਤ, ਆਵਾਸ, ਜਲ ਤੇ ਨਾਗਰਿਕ ਸੇਵਾਵਾਂ ਵਿੱਚ ਆ ਰਹੀ ਗਿਰਾਵਟ ਦੇ ਨਾਲ-ਨਾਲ ਦਲਿਤਾਂ, ਘੱਟ ਗਿਣਤੀਆਂ, ਇਸਤਰੀਆਂ ਤੇ ਹੋਰ ਕੰਮਕਾਜੀ ਲੋਕਾਂ ਦੇ ਸ਼ੋਸ਼ਣ ਦੇ ਮਸਲੇ ਵਿਚਾਰੇ ਜਾਣਗੇ।

ਅਮਰਜੀਤ ਕੌਰ ਨੇ ਕਿਹਾ ਕਿ ਅਸਮਾਨਤਾਵਾਂ ਵਧ ਰਹੀਆਂ ਹਨ, ਕਿਉਂਕਿ ਕਾਰਪੋਰੇਟ ਮਿਹਨਤਕਸ਼ ਲੋਕਾਂ ਵੱਲੋਂ ਉਤਪਾਦਤ ਧਨ ਨੂੰ ਲੁੱਟ ਰਹੇ ਹਨ। ਕਾਰਪੋਰੇਟਾਂ ਉੱਪਰ ਟੈਕਸ 35 ਪ੍ਰਤੀਸ਼ਤ ਤੋਂ ਘਟਾ ਕੇ 15 ਪ੍ਰਤੀਸ਼ਤ ਕਰ ਦਿੱਤਾ ਗਿਆ ਹੈ, ਜਦੋਂ ਕਿ ਆਮ ਜਨਤਾ 'ਤੇ ਜੀ ਐੱਸ ਟੀ ਅਤੇ ਸੈੱਸ ਦੇ ਜ਼ਰੀਏ ਅਸਿੱਧੇ ਟੈਕਸ ਲਗਾਤਾਰ ਵਧ ਰਹੇ ਹਨ। ਇਸ ਸਮੇਂ ਅਮੀਰਾਂ ਦੀ 5 ਪ੍ਰਤੀਸ਼ਤ ਆਬਾਦੀ ਕੋਲ ਰਾਸ਼ਟਰੀ ਦੌਲਤ ਦਾ 60 ਪ੍ਰਤੀਸ਼ਤ ਹਿੱਸਾ ਹੈ, ਜਦੋਂ ਕਿ ਆਰਥਕ ਤੌਰ 'ਤੇ ਨੀਵੇ ਪੱਧਰ ਦੀ 50 ਪ੍ਰਤੀਸ਼ਤ ਆਬਾਦੀ ਦੇ ਕੋਲ ਕੁੱਲ ਰਾਸ਼ਟਰੀ ਦੌਲਤ ਦਾ ਸਿਰਫ 3 ਪ੍ਰਤੀਸ਼ਤ ਹਿੱਸਾ ਹੈ। ਕੌਮੀ ਪੱਧਰ 'ਤੇ ਸਿਹਤ, ਭੁੱਖ, ਗਰੀਬੀ ਅਤੇ ਲਿੰਗ ਭੇਦ ਦਾ ਸੂਚਕ ਅੰਕ ਡਿੱਗ ਗਿਆ ਹੈ, ਜਿਸ ਕਰਕੇ ਦੇਸ਼ ਨੂੰ ਦੁਨੀਆ ਵਿੱਚ ਸ਼ਰਮਿੰਦਾ ਹੋਣਾ ਪਿਆ ਹੈ।ਵਧ ਰਹੀ ਬੇਰੁਜ਼ਗਾਰੀ ਕਾਰਨ ਨੌਜਵਾਨਾਂ ਦਾ ਭਵਿੱਖ ਅਨਿਸਚਿਤ ਹੋ ਗਿਆ ਹੈ, ਜਿਸ ਕਾਰਨ ਉਹ ਨਿਰਾਸ਼ਾ ਵਿੱਚ ਹਨ।

ਇਸ ਦੇ ਨਾਲ-ਨਾਲ ਸਮਾਜ ਵਿੱਚ ਫਿਰਕੂ ਲੀਹਾਂ 'ਤੇ ਧਰੁਵੀਕਰਨ ਕਰਨ ਦੀਆਂ ਕੋਸ਼ਿਸ਼ਾਂ ਵਿੱਚ ਫਾਸ਼ੀਵਾਦੀ ਰੁਝਾਨ ਵਧ ਰਹੇ ਹਨ।

ਇਕ ਸਵਾਲ ਦੇ ਜਵਾਬ ਵਿੱਚ ਅਮਰਜੀਤ ਕੌਰ ਨੇ ਕਿਹਾ ਕਿ ਅਜੋਕੇ ਸਮੇਂ ਵਿੱਚ ਜਦੋਂ ਦੇਸ਼ ਫਾਸ਼ੀਵਾਦ ਵੱਲ ਵਧ ਰਿਹਾ ਹੈ ਤਾਂ ਖੱਬੇ-ਪੱਖੀ ਪਾਰਟੀਆਂ ਦਾ ਇਕੱਠਾ ਹੋਣਾ ਬਹੁਤ ਜ਼ਰੂਰੀ ਹੈ। ਆਰ ਐੱਸ ਐੱਸ-ਭਾਜਪਾ ਸਰਕਾਰ ਦੀਆਂ ਦਮਨਕਾਰੀ ਨੀਤੀਆਂ ਕਰਕੇ ਕਾਮਿਆਂ, ਕਿਸਾਨਾਂ, ਬੁੱਧੀਜੀਵੀਆਂ, ਪੱਤਰਕਾਰਾਂ ਤੇ ਹੋਰ ਮਿਹਨਤਕਸ਼ ਲੋਕਾਂ 'ਤੇ ਮਾੜਾ ਪ੍ਰਭਾਵ ਪੈ ਰਹੇ ਹਨ। ਇਨ੍ਹਾਂ ਹਾਲਤਾਂ ਵਿੱਚ ਲੋਕਾਂ ਦੇ ਵਿਰੋਧ ਦੀ ਆਵਾਜ਼ ਨੂੰ ਦਬਾਉਣ ਦੇ ਲਈ ਸ਼ਾਸਨ ਵੱਲੋਂ ਲੋਕਤੰਤਰਿਕ ਅਦਾਰਿਆਂ ਦੀ ਦੁਰਵਰਤੋਂ ਕੀਤੀ ਜਾ ਰਹੀ ਹੈ। ਘੱਟ ਗਿਣਤੀਆਂ ਨੂੰ ਲਗਾਤਾਰ ਨਿਸ਼ਾਨਾ ਬਣਾਇਆ ਗਿਆ ਹੈ, ਇਸ ਦੀ ਮਿਸਾਲ ਵਿਰੋਧੀ ਦਲਾਂ ਦੇ ਵਿਰੋਧ ਦੀ ਆਵਾਜ਼ ਦੀ ਪਰਵਾਹ ਕੀਤੇ ਬਿਨਾਂ ਵਕਫ ਬੋਰਡ ਸੋਧ ਬਿੱਲ ਪਾਸ ਕਰਨਾ ਹੈ। ਧਰਮ ਨਿਰਪੱਖਤਾ, ਲੋਕਤੰਤਰ ਅਤੇ ਫੈਡਰਲਿਜ਼ਮ ਵਰਗੇ ਸੰਵਿਧਾਨ ਦੇ ਬੁਨਿਆਦੀ ਸਿਧਾਂਤਾਂ 'ਤੇ ਹਮਲਾ ਵਧ ਗਿਆ ਹੈ। ਗੈਰ-ਭਾਜਪਾ ਸ਼ਾਸਤ ਰਾਜਾਂ ਵਿੱਚ ਰਾਜਪਾਲਾਂ ਦੀ ਭੂਮਿਕਾ ਸਵਾਲਾਂ ਦੇ ਘੇਰੇ ਵਿੱਚ ਆਈ ਹੈ, ਜਿੱਥੇ ਕਿ ਇਹ ਰਾਜਪਾਲ ਸੰਵਿਧਾਨ ਵਿਰੁੱਧ ਹੀ ਕੰਮ ਕਰ ਰਹੇ ਹਨ। ਸੀ ਪੀ ਆਈ ਕਾਂਗਰਸ ਦੇਸ਼ ਦੀ ਏਕਤਾ, ਅਖੰਡਤਾ ਤੇ ਸਾਂਝੀਵਾਲਤਾ ਦੇ ਸੱਭਿਆਚਾਰ ਲਈ ਖਤਰਾ ਬਣੇ ਹੋਏ ਮੁੱਦਿਆਂ 'ਤੇ ਗੰਭੀਰਤਾ ਨਾਲ ਚਰਚਾ ਕਰੇਗੀ। ਸਮਕਾਲੀ ਮੁੱਦਿਆਂ 'ਤੇ ਸੈਮੀਨਾਰਾਂ ਦਾ ਆਯੋਜਨ ਕੀਤਾ ਜਾਏਗਾ।

ਉਨ੍ਹਾ ਕਿਹਾ ਕਿ ਫਲਸਤੀਨੀਆਂ ਦੀ ਨਿਰੰਤਰ ਨਸਲਕੁਸ਼ੀ ਅਤੇ ਅਮਰੀਕਾ ਦਾ ਇਜ਼ਰਾਈਲ ਦੇ ਜ਼ਾਇਨਵਾਦੀ ਸ਼ਾਸਨ ਦੇ ਨਾਲ ਗੱਠਜੋੜ ਉਸ ਦੀਆਂ ਵਿਸਤਾਰਵਾਦੀ ਨੀਤੀਆਂ ਨੂੰ ਦਰਸਾਉਂਦਾ ਹੈ, ਜੋ ਕਿ ਨਾ ਕੇਵਲ ਮੱਧ-ਪੂਰਬ ਲਈ, ਬਲਕਿ ਸਮੁੱਚੇ ਏਸ਼ੀਆਈ ਦੇਸ਼ਾਂ ਦੇ ਲਈ ਖਤਰਾ ਹੈ।ਰੂਸ ਅਤੇ ਨਾਟੋ ਵੱਲੋਂ ਸਮਰਥਤ ਯੂਕਰੇਨ ਵਿਚਕਾਰ ਚੱਲ ਰਿਹਾ ਯੁੱਧ ਦੁਨੀਆ ਦੇ ਅਮਨਪਸੰਦ ਲੋਕਾਂ ਲਈ ਗੰਭੀਰ ਖਤਰਾ ਬਣਿਆ ਹੋਇਆ ਹੈ।ਇਨ੍ਹਾਂ ਮੁੱਦਿਆਂ 'ਤੇ ਵੀ ਡੂੰਘੀ ਚਰਚਾ ਕੀਤੀ ਜਾਏਗੀ।ਪਾਰਟੀ ਕਾਂਗਰਸ ਦੇਸ਼ ਤੇ ਇਸ ਦੇ ਲੋਕਾਂ ਦੇ ਭਲੇ ਲਈ ਬਹੁਤ ਮਹੱਤਵਪੂਰਨ ਘਟਨਾ ਹੋਏਗੀ।

ਕਾਮਰੇਡ ਬਰਾੜ ਨੇ ਕਿਹਾ ਕਿ ਪੰਜਾਬ ਦੀ ਬਦਲਾਅ ਵਾਲੀ ਸਰਕਾਰ ਵਿਰੋਧੀਆਂ ਦੀ ਆਵਾਜ਼ ਨੂੰ ਦਬਾਉਣ ਦਾ ਕੰਮ ਕਰ ਰਹੀ ਹੈ। ਕਾਨੂੰਨ-ਵਿਵਸਥਾ ਦੀ ਸਥਿਤੀ ਬੇਹੱਦ ਖ਼ਤਰਨਾਕ ਮੁਕਾਮ 'ਤੇ ਪਹੁੰਚ ਗਈ ਹੈ। ਨਸ਼ਿਆਂ ਨੂੰ ਖਤਮ ਕਰਨ ਵਿੱਚ ਪੰਜਾਬ ਸਰਕਾਰ ਪੂਰੀ ਤਰ੍ਹਾਂ ਫੇਲ੍ਹ ਸਾਬਤ ਹੋਈ ਹੈ। ਉਨ੍ਹਾ ਕਿਹਾ ਕਿ ਪੰਜਾਬ ਸਰਕਾਰ ਦੇ ਲੋਕ ਵਿਰੋਧੀ ਫੈਸਲਿਆਂ ਦਾ ਪਾਰਟੀ ਲਗਾਤਾਰ ਵਿਰੋਧ ਕਰਦੀ ਹੈ। ਉਨ੍ਹਾ ਕਿਹਾ ਕਿ ਪਾਰਟੀ ਕਾਂਗਰਸ ਵਿੱਚ ਸੁਤੰਤਰਤਾ ਸੰਗਰਾਮ ਵਿੱਚ ਕਮਿਊਨਿਸਟਾਂ ਅਤੇ ਹੋਰ ਪ੍ਰਗਤੀਸ਼ੀਲ ਲੋਕਾਂ ਦੇ ਯੋਗਦਾਨ ਨੂੰ ਉਜਾਗਰ ਕੀਤਾ ਜਾਏਗਾ। ਰਾਸ਼ਟਰ ਨਿਰਮਾਣ ਵਿੱਚ ਕਾਮਿਆਂ, ਕਿਸਾਨਾਂ ਤੇ ਹੋਰ ਵਰਗਾਂ ਦੇ ਯੋਗਦਾਨ ਅਤੇ ਦੇਸ਼ ਦੀ ਏਕਤਾ, ਅਖੰਡਤਾ ਦੀ ਰਾਖੀ ਲਈ ਕੁਰਬਾਨੀਆਂ ਦੇ ਇਤਿਹਾਸ ਨੂੰ ਯਾਦ ਕੀਤਾ ਜਾਏਗਾ। ਸ਼ਹੀਦਾਂ ਦੇ ਪਰਵਾਰਾਂ ਨੂੰ ਸਨਮਾਨਤ ਕੀਤਾ ਜਾਏਗਾ ਅਤੇ ਇਸ ਲਈ ਵੱਖ-ਵੱਖ ਥਾਵਾਂ ਤੋਂ ਜਥੇ ਤੋਰੇ ਜਾਣਗੇ।ਕਾਂਗਰਸ ਦੇ ਪਹਿਲੇ ਦਿਨ 21 ਸਤੰਬਰ ਨੂੰ ਵਿਸ਼ਾਲ ਰੈਲੀ ਕੀਤੀ • ਬਾਕੀ ਸਫਾ 2 'ਤੇ

### ਵਾਡਰਾ ਈ ਡੀ ਅੱਗੇ ਪੇਸ਼

**ਨਵੀਂ ਦਿੱਲੀ :** ਕਾਰੋਬਾਰੀ ਰੌਬਰਟ ਵਾਡਰਾ ਹਰਿਆਣਾ ਦੇ ਸ਼ਿਕੋਹਪੁਰ ਵਿੱਚ ਜ਼ਮੀਨ ਦੇ ਖਰੀਦ ਸੌਦੇ ਨਾਲ ਜੁੜੇ ਮਨੀ ਲਾਂਡਰਿੰਗ ਕੇਸ ਵਿੱਚ ਜਾਰੀ ਸੰਮਨਾਂ ਮਗਰੋਂ ਮੰਗਲਵਾਰ ਐਨਫੋਰਸਮੈਂਟ ਡਾਇਰੈਕਟੋਰੇਟ (ਈ ਡੀ) ਦੇ ਦਫਤਰ ਪਹੁੰਚੇ। ਅਧਿਕਾਰਤ ਸੂਤਰਾਂ ਨੇ ਕਿਹਾ ਕਿ ਏਜੰਸੀ ਮਨੀ ਲਾਂਡਰਿੰਗ ਰੋਕਥਾਮ ਐਕਟ ਤਹਿਤ ਉਨ੍ਹਾ ਦਾ ਬਿਆਨ ਦਰਜ ਕਰੇਗੀ। ਇਹ ਮਾਮਲਾ ਫਰਵਰੀ 2008 ਵਿੱਚ ਵਾਡਰਾ ਦੀ ਕੰਪਨੀ ਵੱਲੋਂ ਓਮਕਾਰੇਸ਼ਵਰ ਪ੍ਰਾਪਰਟੀਜ਼ ਤੋਂ ਗੁੜਗਾਓਂ ਦੇ ਸ਼ਿਕੋਹਪੁਰ ਵਿੱਚ 3.5 ਏਕੜ ਦੇ ਪਲਾਟ ਨੂੰ 7.5 ਕਰੋੜ ਰੁਪਏ ਵਿੱਚ ਖਰੀਦਣ ਨਾਲ ਸੰਬੰਧਤ ਹੈ। ਦੋਸ਼ ਹੈ ਕਿ ਵਾਡਰਾ ਦੀ ਕੰਪਨੀ ਨੇ ਬਾਅਦ ਵਿੱਚ ਜ਼ਮੀਨ ਦੇ ਟੁਕੜੇ ਨੂੰ ਰੀਅਲ ਅਸਟੇਟ ਦਿੱਗਜ਼ ਡੀ ਐੱਲ ਐੱਫ ਨੂੰ 58 ਕਰੋੜ ਰੁਪਏ ਵਿੱਚ ਵੇਚ ਦਿੱਤਾ। ਇਸੇ ਦੌਰਾਨ ਵਾਡਰਾ ਨੇ ਕਿਹਾ ਕਿ ਭਾਜਪਾ ਜਾਂਚ ਏਜੰਸੀਆਂ ਦੀ ਦੁਰਵਰਤੋਂ ਕਰ ਰਹੀ ਹੈ। ਪਿਛਲੇ 20 ਸਾਲਾਂ ਵਿੱਚ ਉਨ੍ਹਾ ਤੋਂ ਏਜੰਸੀਆਂ ਨੂੰ ਕੁਝ ਵੀ ਨਹੀਂ ਮਿਲਿਆ ਹੈ।

### ਰਾਜਸਥਾਨ ਦੇ ਸਾਬਕਾ ਕਾਂਗਰਸੀ ਮੰਤਰੀ ਦੇ ਘਰ ਛਾਪਾ

**ਜੈਪੁਰ :** ਈ ਡੀ ਨੇ ਰਾਜਸਥਾਨ ਦੇ ਕਾਂਗਰਸ ਆਗੂ ਪ੍ਰਤਾਪ ਸਿੰਘ ਕਚਾਰੀਆਵਾਸ ਦੀ ਸਿਵਲ ਲਾਈਨਜ਼ ਇਲਾਕੇ ਵਿਚਲੀ ਰਿਹਾਇਸ਼ 'ਤੇ ਮੰਗਲਵਾਰ ਛਾਪਾ ਮਾਰਿਆ। ਕਚਾਰੀਆਵਾਸ ਅਸ਼ੋਕ ਗਹਿਲੋਤ ਦੀ ਅਗਵਾਈ ਵਾਲੀ ਪਿਛਲੀ ਸਰਕਾਰ ਵਿੱਚ ਟਰਾਂਸਪੋਰਟ ਮੰਤਰੀ ਸਨ। ਕਚਾਰੀਆਵਾਸ ਨੇ ਕਿਹਾ, "ਮੈਂ ਜਾਂਚ 'ਚ ਸਹਿਯੋਗ ਦੇਵਾਂਗਾ, ਪਰ ਮੇਰਾ ਮੰਨਣਾ ਹੈ ਕਿ ਭਾਜਪਾ ਨੂੰ ਈ ਡੀ ਦੀ ਵਰਤੋਂ ਕਰਕੇ ਰਾਜਨੀਤੀ ਨਹੀਂ ਕਰਨੀ ਚਾਹੀਦੀ। ਜਿਵੇਂ ਹੀ ਈ ਡੀ ਦੀ ਕਾਰਵਾਈ ਦੀ ਜਾਣਕਾਰੀ ਮਿਲੀ, ਪ੍ਰਤਾਪ ਸਿੰਘ ਦੇ ਸਮਰਥਕ ਉਨ੍ਹਾ ਦੇ ਘਰ ਪਹੁੰਚ ਗਏ ਅਤੇ ਕੇਂਦਰ ਸਰਕਾਰ ਵਿਰੁੱਧ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ।

### ਆਪ ਵਿਧਾਇਕ ਦੇ ਟਿਕਾਣਿਆਂ 'ਤੇ ਈ ਡੀ ਦੇ ਛਾਪੇ



**ਮੁਹਾਲੀ :** ਈ ਡੀ ਨੇ ਮੰਗਲਵਾਰ ਮੁਹਾਲੀ ਤੋਂ ਆਮ ਆਦਮੀ ਪਾਰਟੀ (ਆਪ) ਦੇ ਵਿਧਾਇਕ ਕੁਲਵੰਤ ਸਿੰਘ ਦੇ ਨਵੇਂ ਘਰ ਸਮੇਤ ਪੰਜਾਬ-ਭਰ ਵਿੱਚ ਉਸ ਨਾਲ ਜੁੜੇ ਵੱਖ-ਵੱਖ ਟਿਕਾਣਿਆਂ 'ਤੇ ਦਸਤਕ ਦਿੱਤੀ। ਇਸ ਕਾਰਵਾਈ ਨੂੰ ਮਨੀ ਲਾਂਡਰਿੰਗ ਮਾਮਲੇ ਨਾਲ ਜੋੜ ਕੇ ਦੇਖਿਆ ਜਾ ਰਿਹਾ ਹੈ। ਰੀਅਲ ਅਸਟੇਟ ਦੇ ਵੱਡੇ ਕਾਰੋਬਾਰੀ ਅਤੇ ਜੇ ਐੱਲ ਪੀ ਐੱਲ ਦੇ ਮਾਲਕ ਕੁਲਵੰਤ ਸਿੰਘ ਆਪਣੇ ਘਰ ਅਤੇ ਦਫਤਰ ਵਿੱਚ ਮੌਜੂਦ ਨਹੀਂ ਸਨ।

### ਸਲਮਾਨ ਨੂੰ ਧਮਕੀ ਦੇਣ ਵਾਲਾ ਹਿੱਲਿਆ ਨਿਕਲਿਆ

**ਵਡੋਦਰਾ :** ਪੁਲਸ ਨੇ ਸਲਮਾਨ ਖਾਨ ਨੂੰ ਜਾਨੋਂ ਮਾਰਨ ਦੀ ਧਮਕੀ ਦੇਣ ਵਾਲੇ ਵਿਅਕਤੀ ਦਾ ਖੁਰਾ ਖੋਜ ਲਾ ਲਿਆ ਹੈ। ਐੱਸ ਪੀ ਰੋਹਨ ਆਨੰਦ ਨੇ ਦੱਸਿਆ ਕਿ ਜਾਂਚ ਦੌਰਾਨ ਮੁੰਬਈ ਪੁਲਸ ਨੂੰ ਪਤਾ ਲੱਗਾ ਕਿ ਇਹ ਧਮਕੀ ਵਡੋਦਰਾ ਦੇ ਵਾਘੋਡੀਆ ਤਾਲੁਕਾ ਵਿੱਚ ਰਹਿਣ ਵਾਲੇ ਵਿਅਕਤੀ ਵੱਲੋਂ ਦਿੱਤੀ ਗਈ ਸੀ। ਮੁੰਬਈ ਪੁਲਸ ਦੀ ਟੀਮ, ਵਾਘੋਡੀਆ ਪੁਲਸ ਨੂੰ ਨਾਲ ਲੈ ਕੇ ਮਸ਼ਕੂਕ ਦੇ ਘਰ ਪਹੁੰਚੀ। ਇਸ ਦੌਰਾਨ ਪਤਾ ਲੱਗਾ ਕਿ 26 ਸਾਲਾ ਵਿਅਕਤੀ, ਜਿਸ ਨੇ ਧਮਕੀ ਵਾਲਾ ਸੁਨੇਹਾ ਭੇਜਿਆ ਸੀ, ਮਾਨਸਿਕ ਤੌਰ 'ਤੇ ਅਸਥਿਰ ਹੈ ਅਤੇ ਉਸ ਦਾ ਇਲਾਜ ਵੀ ਚੱਲ ਰਿਹਾ ਹੈ।

## ਜੱਜਾਂ ਨੂੰ ਵਿਵਾਦਤ ਟਿੱਪਣੀਆਂ ਤੋਂ ਵਰਜਿਆ

**ਨਵੀਂ ਦਿੱਲੀ :** ਸੁਪਰੀਮ ਕੋਰਟ ਨੇ ਜਬਰ-ਜ਼ਨਾਹ ਦੇ ਇੱਕ ਮਾਮਲੇ 'ਚ ਅਲਾਹਾਬਾਦ ਹਾਈ ਕੋਰਟ ਦੀ ਟਿੱਪਣੀ ਦਾ ਸਖਤ ਨੋਟਿਸ ਲਿਆ ਹੈ। ਉਸ ਨੇ ਵੀਹ ਦਿਨਾਂ 'ਚ ਦੂਜੀ ਵਾਰ ਅਲਾਹਾਬਾਦ ਹਾਈ ਕੋਰਟ ਨੂੰ ਹਦਾਇਤ ਕੀਤੀ ਹੈ ਕਿ ਉਨ੍ਹਾਂ ਨੂੰ ਕਿਸੇ ਵੀ ਕੇਸ ਵਿੱਚ ਵਿਵਾਦਤ ਟਿੱਪਣੀ ਨਹੀਂ ਕਰਨੀ ਚਾਹੀਦੀ। ਹਾਈ ਕੋਰਟ ਨੇ ਹਾਲ ਹੀ ਵਿੱਚ ਜਬਰ-ਜ਼ਨਾਹ ਦੇ ਕੇਸ ਵਿੱਚ ਮੁਲਜ਼ਮ ਨੂੰ ਜ਼ਮਾਨਤ ਦਿੰਦਿਆਂ ਕਿਹਾ ਸੀ ਕਿ ਪੀੜਤ ਕੁੜੀ ਨੇ ਖੁਦ ਮੁਸੀਬਤ ਸਹੇੜੀ, ਜਿਸ ਲਈ ਉਹ ਆਪ ਜ਼ਿੰਮੇਵਾਰ ਹੈ।

ਸੁਪਰੀਮ ਕੋਰਟ ਦੀ ਇਹ ਟਿੱਪਣੀ ਉਦੋਂ ਆਈ, ਜਦੋਂ ਉਹ ਅਲਾਹਾਬਾਦ ਹਾਈ ਕੋਰਟ ਦੇ 17 ਮਾਰਚ ਦੇ ਵੱਖਰੇ ਹੁਕਮ 'ਤੇ ਇੱਕ ਖੁਦਮੁਖਤਾਰੀ ਮਾਮਲੇ ਦੀ ਸੁਣਵਾਈ ਕਰ ਰਹੀ ਸੀ। ਦਰਅਸਲ ਸੁਪਰੀਮ ਕੋਰਟ ਇੱਕ ਹੋਰ ਮਾਮਲੇ 'ਚ ਸੁਣਵਾਈ ਕਰ ਰਹੀ ਹੈ, ਜਿਸ ਵਿੱਚ ਅਲਾਹਾਬਾਦ ਹਾਈ ਕੋਰਟ ਨੇ 19 ਮਾਰਚ ਨੂੰ ਕਿਹਾ ਸੀ ਕਿ ਔਰਤ ਦਾ ਨਾਲਾ ਖਿੱਚਣਾ ਜਬਰ-ਜ਼ਨਾਹ ਦੀ ਕੋਸ਼ਿਸ਼ ਨਹੀਂ ਮੰਨੀ ਜਾ ਸਕਦੀ। ਜਸਟਿਸ ਬੀ ਆਰ ਗਵਈ ਅਤੇ ਜਸਟਿਸ ਆਗਸਟੀਨ ਜਾਰਜ ਮਸੀਹ ਦੀ ਬੈਂਚ ਨੇ ਕਿਹਾ, 'ਜੇ ਕੋਈ ਜ਼ਮਾਨਤ ਦੇਣਾ ਚਾਹੁੰਦਾ ਹੈ ਤਾਂ ਠੀਕ ਹੈ, ਪਰ ਅਜਿਹੀ ਟਿੱਪਣੀ ਕਿਉਂ ਕੀਤੀ ਜਾਵੇ, ਜਿਸ ਵਿੱਚ ਕਿਹਾ ਗਿਆ ਕਿ ਉਸ ਨੇ ਮੁਸੀਬਤ ਨੂੰ ਸੱਦਾ ਆਪ ਦਿੱਤਾ। ਇਸ ਪਾਸੇ (ਬੈਂਚ) ਨੂੰ ਵੀ ਬਹੁਤ ਚੌਕਸ ਰਹਿਣਾ ਚਾਹੀਦਾ ਹੈ।'

## ਸੰਗਰਾਮ ਦੀ ਸਰਗਮ ਨੂੰ ਨਵੀਂ ਜ਼ੁੰਬਸ਼ ਦੇਣ ਦੇ ਉਤਸ਼ਾਹੀ ਮਾਹੌਲ 'ਚ ਕਿਸਾਨ ਸਭਾ ਦੀ 30ਵੀਂ ਕਾਨਫਰੰਸ ਸ਼ੁਰੂ







**ਨਾਗਾਪਟੀਨਮ (ਗਿਆਨ ਸੈਦਪੁਰੀ)**

ਇੱਥੇ ਦੇ ਵੀ ਪੀ ਐੱਨ ਕਾਨਫਰੰਸ ਹਾਲ ਵਿੱਚ ਬਣਾਏ ਗਏ ਕਾਮਰੇਡ ਅਤੁਲ ਕੁਮਾਰ ਅਨਜਾਨ ਹਾਲ ਵਿੱਚ ਕੁਲ ਹਿੰਦ ਕਿਸਾਨ ਸਭਾ ਦੀ 30ਵੀਂ ਕਾਨਫਰੰਸ ਨਵੇਂ ਜੋਸ਼, ਨਵੀਂਆਂ ਉਮੰਗਾਂ, ਕਿਸਾਨੀ ਸੰਗਰਾਮ ਦੀ ਸਰਗਮ ਨੂੰ ਨਵੀਂ ਜ਼ੁੰਬਸ਼ ਦੇਣ ਅਤੇ ਸੱਭਿਆਚਾਰਕ ਸੰਗੀਤ ਦੀਆਂ ਸੁਰਾਂ ਨਾਲ ਇੱਕਮਿੱਕ ਹੁੰਦਿਆਂ ਉਤਸ਼ਾਹੀ ਮਾਹੌਲ ਵਿੱਚ ਸ਼ੁਰੂ ਹੋਈ।

ਹਾਲ ਵਿੱਚ ਸਮਾਗਮ ਦੀ ਸ਼ੁਰੂਆਤ ਤੋਂ ਪਹਿਲਾਂ ਬਾਹਰ ਬਣਾਏ ਗਏ ਇੱਕ ਮੰਚ 'ਤੇ ਕਿਸਾਨ, ਕਮਿਊਨਿਸਟ ਤੇ ਮਜ਼ਦੂਰ ਆਗੂ ਇਕੱਤਰ ਹੋਏ। ਇੱਥੇ ਦੇਸ਼ ਦੇ ਵੱਖ-ਵੱਖ ਸ਼ਹਿਰਾਂ ਤੋਂ ਕਮਿਊਨਿਸਟ ਕਾਰਕੁਨ ਮਸ਼ਾਲਾਂ ਲੈ ਕੇ ਪਹੁੰਚੇ। ਇਨ੍ਹਾਂ ਮਸ਼ਾਲਾਂ ਨੂੰ ਨਾਮਵਰ ਕਿਸਾਨ ਆਗੂਆਂ ਨੇ ਪ੍ਰਾਪਤ ਕੀਤਾ। ਮਸ਼ਾਲਾਂ ਪ੍ਰਾਪਤ ਕਰਨ ਵਾਲੇ ਆਗੂਆਂ ਵਿੱਚ ਕੁਲ ਹਿੰਦ ਕਿਸਾਨ ਸਭਾ ਦੀ ਪੰਜਾਬ ਇਕਾਈ ਦੇ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਸਭਾ ਦੀ ਕੌਮੀ ਸਕੱਤਰ ਪਸਨਾ ਪਦਮਾ, ਕੇ. ਡੀ. ਸਿੰਘ ਅਤੇ ਹੋਰ ਕਿਸਾਨ ਆਗੂ ਸ਼ਾਮਲ ਸਨ।

ਇਸ ਵਾਰ ਝੰਡਾ ਲਹਿਰਾਉਣ ਦੀ ਮਾਣਮੱਤੀ ਜ਼ਿੰਮੇਵਾਰੀ ਨਿਭਾਉਣਾ ਪ੍ਰਸਿੱਧ ਕਿਸਾਨ ਆਗੂ ਤਾਰਾ ਸਿੰਘ ਸਿੱਧੂ ਦੇ ਹਿੱਸੇ ਆਇਆ। ਆਕਾਸ਼ ਗੁੰਜਾਊ ਨਾਹਰਿਆਂ ਦੌਰਾਨ ਸ੍ਰੀ ਸਿੱਧੂ ਨੇ ਝੰਡਾ ਲਹਿਰਾਇਆ। ਇਸ ਮੌਕੇ ਕਿਸਾਨ ਸਭਾ ਦੇ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ, ਜਨਰਲ ਸਕੱਤਰ ਬਲਕਰਨ ਸਿੰਘ ਬਰਾੜ, ਸੀਨੀਅਰ ਮੀਤ ਪ੍ਰਧਾਨ ਸੂਰਤ ਸਿੰਘ ਧਰਮਕੋਟ, ਜ਼ਿਲ੍ਹਾ ਕਪੂਰਥਲਾ ਦੇ ਕਿਸਾਨ ਆਗੂ ਐਡਵੋਕੇਟ ਰਜਿੰਦਰ ਸਿੰਘ ਰਾਣਾ ਆਦਿ ਨਾਲ ਸਨ। ਕਾਨਫਰੰਸ ਦੀ ਇਸ ਅਹਿਮ ਰਸਮ ਮੌਕੇ ਜਾਣੇ-ਪਛਾਣੇ ਕਿਸਾਨ ਆਗੂ ਰਾਕੇਸ਼ ਟਿਕੈਤ ਅਤੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਪ੍ਰਧਾਨ ਪੇਰੀਆਸਾਮੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਉਪਰੰਤ 'ਕਾਮਰੇਡ ਅਤੁਲ ਕੁਮਾਰ ਅਨਜਾਨ' ਹਾਲ ਨੱਕੋ- ਨੱਕ ਭਰ ਗਿਆ। ਭਰੇ ਹੋਏ ਹਾਲ ਵਿੱਚ ਤਾਮਿਲਨਾਡੂ ਦੇ ਕਲਾਕਾਰਾਂ ਨੇ ਬਾ- ਕਮਾਲ ਪੇਸ਼ਕਾਰੀਆਂ ਕਰਕੇ ਉਹ ਕਥਨ ਸਾਬਤ ਕਰ ਦਿੱਤਾ ਕਿ ਸੰਗੀਤ ਦੀਆਂ ਕੋਈ ਹੱਦਾਂ ਨਹੀਂ ਹੁੰਦੀਆਂ। ਭਾਰਤ ਨਾਟਿਅਮ ਤੋਂ ਇਲਾਵਾ ਨ੍ਰਿਤ ਦੀਆਂ ਵੱਖ-ਵੱਖ ਵੰਨਗੀਆਂ ਦੇਖਣ-ਸੁਣਨ ਨੂੰ ਮਿਲੀਆਂ। ਇਸ ਸੰਗੀਤ ਸੈਸ਼ਨ ਦੇ ਪੇਸ਼ ਕਰਤਾ ਨੇ ਜਦੋਂ ਦੱਸਿਆ ਕਿ ਇਹ ਸਾਰੀਆਂ ਪੇਸ਼ਕਾਰੀਆਂ ਕਿਸਾਨਾਂ ਅਤੇ ਮਜ਼ਦੂਰਾਂ ਦੀਆਂ ਧੀਆਂ ਵੱਲੋਂ ਸਨ ਤਾਂ ਹਾਲ ਤਾੜੀਆਂ ਨਾਲ ਗੂੰਜ ਉੱਠਿਆ। ਇਸ ਤੋਂ ਬਾਅਦ ਕੁਲ ਹਿੰਦ ਕਿਸਾਨ ਸਭਾ ਦੇ ਜਨਰਲ ਸਕੱਤਰ ਕਾਮਰੇਡ ਵੈਂਕਈਆ ਨੇ ਪ੍ਰਧਾਨਗੀ ਮੰਡਲ ਵਿੱਚ ਸ਼ਾਮਲ ਹੋਣ ਲਈ ਆਗੂਆਂ ਨੂੰ ਸੱਦਾ ਦਿੱਤਾ। ਕੇਰਲ ਦੇ ਖੇਤੀ ਮੰਤਰੀ ਪੀ. ਪ੍ਰਸਾਦ, ਤਾਮਿਲਨਾਡੂ ਦੇ ਖੇਤੀ ਮੰਤਰੀ ਪਨੀਰਸੇਲਵਮ, ਬਿਹਾਰ ਤੋਂ ਐੱਮ ਪੀ • ਬਾਕੀ ਸਫਾ 2 'ਤੇ

## ਜਵਾਬ ਦੇਣ ਲਈ ਬਾਜਵਾ ਥਾਣੇ ਪਹੁੰਚੇ



**ਮੁਹਾਲੀ :** ਪੰਜਾਬ ਵਿਧਾਨ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਪ੍ਰਤਾਪ ਸਿੰਘ ਬਾਜਵਾ ਮੰਗਲਵਾਰ ਮੁਹਾਲੀ ਦੇ ਸਾਈਬਰ ਅਪਰਾਧ ਥਾਣਾ ਫੇਜ਼-7 ਵਿੱਚ ਪਹੁੰਚ ਕੇ ਜਾਂਚ ਵਿੱਚ ਸ਼ਾਮਲ ਹੋਏ। ਬਾਜਵਾ, ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਅਤੇ ਵੱਡੀ ਗਿਣਤੀ 'ਚ ਵਰਕਰਾਂ ਨਾਲ ਪਹੁੰਚੇ। ਜਿਵੇਂ ਹੀ ਬਾਜਵਾ ਦਾ ਕਾਫਲਾ ਪਹੁੰਚਿਆ ਤਾਂ ਵਰਕਰਾਂ ਨੇ ਬਾਜਵਾ ਦੇ ਹੱਕ ਵਿੱਚ ਬਾਜਵਾ ਤੇਰੀ ਸੋਚ 'ਤੇ ਪਹਿਰਾ ਦਿਆਂਗੇ ਠੋਕ ਕੇ ਦੇ ਨਾਅਰੇ ਲਾਏ।

ਬਾਜਵਾ ਤੋਂ ਬਿਨਾਂ ਕਿਸੇ ਵੀ ਕਾਂਗਰਸ ਆਗੂ ਨੂੰ ਥਾਣੇ ਅੰਦਰ ਨਹੀਂ ਜਾਣ ਦਿੱਤਾ ਗਿਆ, ਜਿਸ ਕਾਰਨ ਪ੍ਰਧਾਨ ਰਾਜਾ ਵੜਿੰਗ ਦੀ ਪੁਲਸ ਨਾਲ ਬਹਿਸ ਵੀ ਹੋਈ। ਬਾਜਵਾ ਦੇ ਥਾਣੇ ਅੰਦਰ ਜਾਣ ਤੋਂ ਬਾਅਦ ਸਾਰੇ ਆਗੂ ਥਾਣੇ ਦੇ ਬਾਹਰ ਸੜਕ ਕਿਨਾਰੇ ਬੈਠ ਗਏ। ਇਸ ਮੌਕੇ ਰਾਜਾ ਵੜਿੰਗ ਤੋਂ ਇਲਾਵਾ ਸਾਬਕਾ ਗ੍ਰਹਿ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ, ਰਾਜ ਕੁਮਾਰ ਵੇਰਕਾ, ਕੁਲਜੀਤ ਸਿੰਘ ਨਾਗਰਾ, ਹੈਰੀ ਮਾਨ, ਬਾਜਵਾ ਦਾ ਪੁੱਤਰ ਬਿਕਰਮਜੀਤ ਸਿੰਘ ਬਾਜਵਾ ਅਤੇ ਬਾਜਵਾ ਪਰਵਾਰ ਦੇ ਸਮਰਥਕ ਮੌਜੂਦ ਰਹੇ।

ਬਾਜਵਾ ਨੇ ਇੱਕ ਟੀ ਵੀ ਨਿੱਜੀ ਚੈਨਲ 'ਤੇ ਇੰਟਰਵਿਊ ਵਿੱਚ ਸੂਤਰਾਂ ਦੇ ਹਵਾਲੇ ਨਾਲ ਪੰਜਾਬ ਵਿੱਚ 50 ਬੰਬ ਆਉਣ ਦੀ ਗੱਲ ਕਹਿੰਦਿਆਂ ਕਿਹਾ ਸੀ ਕਿ ਇਨ੍ਹਾਂ 'ਚੋਂ 18 ਚੱਲ ਚੁੱਕੇ ਹਨ ਅਤੇ 32 ਹੋਰ ਹਾਲੇ ਚੱਲਣੇ ਬਾਕੀ ਹਨ। ਇਸ ਸੰਬੰਧੀ ਬਾਜਵਾ ਦੇ ਖਿਲਾਫ ਮਹਿਲਾ ਸਿਪਾਹੀ ਤਰਨਪ੍ਰੀਤ ਕੌਰ ਦੇ ਬਿਆਨ ਨੂੰ ਆਧਾਰ ਬਣਾ ਕੇ ਸਾਈਬਰ ਅਪਰਾਧ ਥਾਣਾ ਫੇਜ਼-7 ਵਿੱਚ ਵੱਖ-ਵੱਖ ਧਾਰਾਵਾਂ ਤਹਿਤ ਕੇਸ ਦਰਜ ਕੀਤਾ ਗਿਆ ਹੈ।

ਉਧਰ, ਪ੍ਰਤਾਪ ਬਾਜਵਾ ਨੇ ਪੰਜਾਬ ਤੇ ਹਰਿਆਣਾ ਹਾਈ ਕੋਰਟ ਵਿੱਚ ਅਰਜ਼ੀ ਦੇ ਕੇ ਉਨ੍ਹਾ ਖਿਲਾਫ ਦਰਜ ਕੀਤੇ ਪਰਚੇ ਨੂੰ ਝੂਠਾ ਤੇ ਬੇਬੁਨਿਆਦ ਦੱਸਦਿਆਂ ਐੱਫ ਆਈ ਆਰ ਨੂੰ ਸਿਰੇ ਤੋਂ ਖਾਰਜ ਕਰਨ ਦੀ ਮੰਗ ਕੀਤੀ ਹੈ।

## 'ਆਪ' ਦਾ ਕਾਂਗਰਸ ਖਿਲਾਫ ਪ੍ਰਦਰਸ਼ਨ



**ਮੁਹਾਲੀ :** ਮੰਗਲਵਾਰ ਜਿੱਥੇ ਕਾਂਗਰਸ ਵੱਲੋਂ ਪੰਜਾਬ ਸਰਕਾਰ ਖਿਲਾਫ ਰੋਸ ਪ੍ਰਦਰਸ਼ਨ ਕੀਤਾ ਗਿਆ, ਉੱਥੇ 'ਆਪ' ਵਲੰਟੀਅਰ ਵੀ ਕਾਂਗਰਸ ਖਿਲਾਫ ਸੜਕਾਂ 'ਤੇ ਉਤਰ ਆਏ। ਮੁਹਾਲੀ ਦੇ ਫੇਜ਼-2 ਦੀ ਮਾਰਕੀਟ ਦੀ ਪਾਰਕਿੰਗ ਵਿੱਚ 'ਆਪ' ਵੱਲੋਂ ਕਾਂਗਰਸ ਖਿਲਾਫ ਧਰਨਾ ਦਿੱਤਾ ਗਿਆ। ਇਸ ਵਿੱਚ ਆਮ ਆਦਮੀ ਪਾਰਟੀ ਦੇ ਪ੍ਰਧਾਨ ਤੇ ਕੈਬਨਿਟ ਮੰਤਰੀ ਅਮਨ ਅਰੋੜਾ, ਸਿਹਤ ਮੰਤਰੀ ਡਾ. ਬਲਬੀਰ ਸਿੰਘ, ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਹਰਚੰਦ ਸਿੰਘ ਬਰਸਟ, ਜ਼ਿਲ੍ਹਾ ਯੋਜਨਾ ਕਮੇਟੀ ਦੀ ਚੇਅਰਪਰਸਨ ਪ੍ਰਭਜੋਤ ਕੌਰ ਅਤੇ ਬੱਬੀ ਬਾਦਲ ਸਮੇਤ ਵੱਡੀ ਗਿਣਤੀ ਵਿੱਚ 'ਆਪ' ਵਲੰਟੀਅਰ ਪਹੁੰਚੇ। ਅਮਨ ਅਰੋੜਾ ਨੇ ਕਿਹਾ ਕਿ ਜੇ ਬਾਜਵਾ ਬੰਬਾਂ ਬਾਰੇ ਤੱਥਾਂ ਦੇ ਆਧਾਰ 'ਤੇ ਗੱਲ ਕਰ ਰਹੇ ਹਨ ਤਾਂ ਉਨ੍ਹਾ ਨੂੰ ਇਹ ਪੁਖਤਾ • ਬਾਕੀ ਸਫਾ 2 'ਤੇ

## ਅੱਜ-ਨਾਮਾ

ਰਾਜਸੀ ਰੰਗ ਕਈ ਲੋਕਾਂ ਨੂੰ ਚੜ੍ਹਨ ਲੱਗਾ,
ਫਿਰਕੂ ਟਿੱਪਣੀਆਂ ਲੱਗੇ ਆ ਕਰਨ ਬੇਲੀ।
ਫਿਰਕੂ ਜਿਹੀ ਗਵਰਨਰ ਹਨ ਬਾਤ ਕਰਦੇ,
ਅਕਲ ਘਾਹ ਜਿਉਂ ਗਈ ਹੈ ਚਰਨ ਬੇਲੀ।
ਨਹੀਂ ਉਹ ਸੋਚਦੇ ਆਈ ਜੇ ਕਾਂਗ ਫਿਰਕੂ,
ਮੁੜ-ਮੁੜ ਲੋਕ ਮਾਸੂਮ ਕੁਝ ਮਰਨ ਬੇਲੀ।
ਕੁਰਸੀ ਪਿੱਛੇ ਚੁਆਤੀਆਂ ਲਾਉਣ ਲੀਡਰ,
ਸ਼ਰਾਰਤ ਇਨ੍ਹਾਂ ਦੀ ਲੋਕ ਹੀ ਭਰਨ ਬੇਲੀ।
ਸ਼ਰਮ-ਸੰਗ ਸੰਵਿਧਾਨ ਦੀ ਕੋਈ ਨਹੀਉਂ,
ਲਾਉਂਦੇ ਨੀਂਹਾਂ 'ਤੇ ਉੱਪਰ ਆ ਚੋਟ ਬੇਲੀ।
ਮਰਦੇ ਲੋਕਾਂ ਦੀ ਕਰੇ ਨਹੀਂ ਫਿਕਰ ਕੋਈ,
ਫਿਰਕੂ ਭਾਂਬੜ ਤੋਂ ਚਾਹੁੰਦੇ ਨੇ ਵੋਟ ਬੇਲੀ।

-ਤੀਸ ਮਾਰ ਖਾਂ

### ਕਰਿਆਨਾ-ਫਰੋਸ਼ ਦੇ ਕਰਿੰਦਿਆਂ 'ਤੇ ਗੋਲੀ ਚਲਾ ਕੇ ਸਾਢੇ 8 ਲੱਖ ਲੁੱਟੇ

**ਸ੍ਰੀ ਗੋਇੰਦਵਾਲ ਸਾਹਿਬ :** ਥਾਣਾ ਵੈਰੋਵਾਲ ਦੇ ਪਿੰਡ ਮੁਗਲਾਣੀ ਨੇੜੇ ਮੋਟਰਸਾਈਕਲ ਸਵਾਰ ਲੁਟੇਰੇ ਕਰਿਆਨਾ-ਫਰੋਸ਼ ਦੇ ਕਰਿੰਦੇ ਦੀ ਲੱਤ ਵਿੱਚ ਗੋਲੀ ਮਾਰ ਕੇ ਸਾਢੇ ਅੱਠ ਲੱਖ ਰੁਪਏ ਲੁੱਟ ਕੇ ਲੈ ਗਏ। ਰਾਮ ਖੁੱਲਰ ਵਾਸੀ ਖਡੂਰ ਸਾਹਿਬ ਨੇ ਦੱਸਿਆ ਕਿ ਉਹ ਖਡੂਰ ਸਾਹਿਬ ਵਿਖੇ ਕਰਿਆਨੇ ਦੀ ਦੁਕਾਨ ਕਰਦਾ ਹੈ। ਉਸ ਦੇ ਕਰਿੰਦੇ ਅੰਮ੍ਰਿਤ ਅਤੇ ਭਗਵੰਤ ਸਿੰਘ ਭੁਗਤਾਨ ਕਰਨ ਤੇ ਦੁਕਾਨ ਲਈ ਹੋਰ ਸਾਮਾਨ ਲੈਣ ਵਾਸਤੇ ਖਡੂਰ ਸਾਹਿਬ ਤੋਂ ਅੰਮ੍ਰਿਤਸਰ ਜਾ ਰਹੇ ਸੀ। ਜਦੋਂ ਉਹ ਪਿੰਡ ਮੁਗਲਾਣੀ ਕੋਲ ਪੁੱਜੇ ਤਾਂ ਇਨ੍ਹਾਂ ਦਾ ਪਿੱਛਾ ਕਰ ਰਹੇ ਦੋ ਅਣਪਛਾਤਿਆਂ ਨੇ ਛੋਟਾ ਹਾਥੀ ਰੋਕ ਕੇ ਪੈਸੇ ਖੋਹਣ ਦੀ ਕੋਸ਼ਿਸ਼ ਕੀਤੀ। ਕਰਿੰਦੇ ਵੱਲੋਂ ਵਿਰੋਧ ਕਰਨ 'ਤੇ ਇੱਕ ਲੁਟੇਰੇ ਨੇ ਪਿਸਤੌਲ ਕੱਢ ਕੇ ਭਗਵੰਤ ਸਿੰਘ ਦੀ ਲੱਤ ਵਿੱਚ ਗੋਲੀ ਮਾਰ ਦਿੱਤੀ ਤੇ ਸਾਢੇ ਅੱਠ ਲੱਖ ਰੁਪਏ ਦੇ ਕਰੀਬ ਰਕਮ ਲੁੱਟ ਕੇ ਫਰਾਰ ਹੋ ਗਏ। ਰਾਮ ਖੁੱਲਰ ਦੀ ਦੁਕਾਨ 'ਤੇ ਕੁਝ ਮਹੀਨੇ ਪਹਿਲਾਂ ਵੀ ਪਿਸਤੌਲ ਦੀ ਨੋਕ 'ਤੇ ਲੁੱਟ ਹੋ ਚੁੱਕੀ ਹੈ, ਜਿਸ ਸੰਬੰਧੀ ਕਾਰਵਾਈ ਵੀ ਠੰਢੇ ਬਸਤੇ ਵਿੱਚ ਹੈ।

## ਬੰਬਾਂ ਦੀ ਕਹਾਣੀ ਘੜ ਕੇ ਬਾਜਵਾ ਲੋਕਾਂ 'ਚ ਦਹਿਸ਼ਤ ਫੈਲਾਅ ਰਹੇ : ਮਾਨ

**ਛਾਜਲੀ (ਸੰਗਰੂਰ) (ਅਸ਼ੋਕ ਬਾਂਸਲ/ ਹਾਕਮ ਭੱਟੀ)**





ਪੰਜਾਬ ਵਿੱਚ 50 ਬੰਬ ਆਉਣ ਦੇ ਦਾਅਵੇ ਦਾ ਖੁਲਾਸਾ ਕਰਨ ਤੋਂ ਭੱਜਣ ਲਈ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ 'ਤੇ ਮੁੜ ਨਿਸ਼ਾਨਾ ਸਾਧਦਿਆਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਮੰਗਲਵਾਰ ਕਿਹਾ ਕਿ ਬਾਜਵਾ ਆਪਣੇ ਸੌੜੇ ਮੁਫਾਦ ਲਈ ਕਿਸੇ ਅਣਸੁਖਾਵੀਂ ਘਟਨਾ ਦੇ ਵਾਪਰਨ ਦੀ ਉਡੀਕ ਕਰ ਰਹੇ ਹਨ, ਤਾਂ ਕਿ ਲੋਕਾਂ ਵਿੱਚ ਦਹਿਸ਼ਤ ਫੈਲਾਈ ਜਾ ਸਕੇ।

ਇੱਥੇ 'ਸਕੂਲ ਆਫ ਐਮੀਨੈਂਸ' ਲੋਕਾਂ ਨੂੰ ਸਮਰਪਿਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਜੇਕਰ ਬਾਜਵਾ ਕੋਲ ਬੰਬਾਂ ਬਾਰੇ ਕਿਸੇ ਤਰ੍ਹਾਂ ਦੀ ਜਾਣਕਾਰੀ ਹੈ ਤਾਂ ਉਹ ਇਸ ਨੂੰ ਜਨਤਕ ਕਰਨ ਤੋਂ ਝਿਜਕ ਕਿਉਂ ਰਹੇ ਹਨ। ਜਦੋਂ ਸਰਕਾਰ ਨੇ ਬਾਜਵਾ ਦੇ ਇਸ ਗੁੰਮਰਾਹਕੁਨ ਬਿਆਨ ਖਿਲਾਫ਼ ਕੇਸ ਦਰਜ ਕੀਤਾ ਤਾਂ ਹੁਣ ਉਹ ਕਾਨੂੰਨੀ ਕਾਰਵਾਈ ਤੋਂ ਬਚਣ ਲਈ ਵਕੀਲਾਂ ਦੇ ਹਾੜੇ ਕੱਢ ਰਹੇ ਹਨ। ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਦੇ ਨੇਤਾ ਨੂੰ ਅਜਿਹੀ ਹੋਛੀ ਸਿਆਸਤ ਤੋਂ ਗੁਰੇਜ਼ ਕਰਨਾ ਚਾਹੀਦਾ ਹੈ, ਕਿਉਂਕਿ ਆਮ ਲੋਕਾਂ ਵਿੱਚ ਦਹਿਸ਼ਤ ਪੈਦਾ ਕਰਕੇ ਵੋਟਾਂ ਹਾਸਲ ਕਰਨ ਦਾ ਭਰਮ ਨਹੀਂ ਪਾਲਣਾ ਚਾਹੀਦਾ। ਮੁੱਖ ਮੰਤਰੀ ਨੇ ਕਿਹਾ ਕਿ ਵਿਰੋਧੀ ਧਿਰ ਨੂੰ ਅਜਿਹੀ ਬੇਹੂਦਾ ਬਿਆਨਬਾਜ਼ੀ ਕਰਨ ਦੀ ਬਜਾਏ ਮੁੱਦਿਆਂ 'ਤੇ ਆਧਾਰਿਤ ਰਾਜਨੀਤੀ 'ਤੇ ਧਿਆਨ ਕੇਂਦਰਤ ਕਰਨਾ ਚਾਹੀਦਾ ਹੈ।

ਉਹਨਾ ਕਿਹਾ ਕਿ ਲੋਕਾਂ ਦੀ ਖੁਸ਼ਹਾਲੀ ਅਤੇ ਸੂਬੇ ਦੀ ਭਲਾਈ ਲਈ ਉਹ ਸਮਰਪਿਤ ਹੋ ਕੇ ਕੰਮ ਕਰ ਰਹੇ ਹਨ, ਪਰ ਕੁਝ • ਬਾਕੀ ਸਫਾ 2 'ਤੇ

### ਰੂਹਾਨੀਅਤ ਦਾ ਪ੍ਰਚਾਰਕ ਪੁੱਠੇ ਕੰਮਾਂ 'ਚ ਗ੍ਰਿਫਤਾਰ

**ਵੈਨਕੂਵਰ :** ਓਂਟਾਰੀਓ ਵਿੱਚ ਯੌਰਕ ਪੁਲਸ ਨੇ ਟੋਰਾਂਟੋ ਨੇੜੇ ਪਿਕਰੰਗ ਸ਼ਹਿਰ 'ਚ ਰਹਿੰਦੇ ਧਾਰਮਿਕ ਆਗੂ ਪਰਵੀਨ ਰੰਜਨ (44) ਨੂੰ ਸ਼ਰਧਾਲੂ ਔਰਤਾਂ ਨਾਲ ਜ਼ਬਰਦਸਤੀ ਸਰੀਰਕ ਸੰਬੰਧ ਬਣਾਉਣ ਦੇ ਦੋਸ਼ ਹੇਠ ਗ੍ਰਿਫਤਾਰ ਕੀਤਾ ਹੈ। ਰੰਜਨ ਨੇ ਮਾਰਖਮ ਅਤੇ ਪਿਕਰਿੰਗ 'ਚ ਰੂਹਾਨੀਅਤ ਦੇ ਸੰਦੇਸ਼ ਲਈ ਕਈ ਕੈਂਪ ਲਾਏ ਸਨ। ਇਨ੍ਹਾਂ ਕੈਂਪਾਂ ਦੌਰਾਨ ਹੀ ਉਸ ਨੇ ਇੱਕ ਪੀੜਤ ਨਾਲ 6 ਵਾਰ ਜਬਰ-ਜ਼ਨਾਹ ਕੀਤਾ, ਜਿਸ ਦੀ ਸ਼ਿਕਾਇਤ ਪੀੜਤਾ ਨੇ ਜਨਵਰੀ 'ਚ ਪੁਲਸ ਨੂੰ ਕੀਤੀ। ਉਸ ਦੀ ਸ਼ਿਕਾਇਤ ਦੀ ਪੜਤਾਲ ਦੌਰਾਨ ਹੀ ਇੱਕ ਹੋਰ ਪੀੜਤਾ ਨੇ ਵੀ ਮਸ਼ਕੂਕ ਵਿਰੁੱਧ ਅਜਿਹੀ ਸ਼ਿਕਾਇਤ ਦਰਜ ਕਰਵਾ ਦਿੱਤੀ। ਮਾਮਲੇ ਦੀ ਜਾਂਚ ਦੌਰਾਨ ਪੁਲਸ ਨੂੰ ਕਈ ਹੋਰ ਪੀੜਤਾਂ ਦਾ ਪਤਾ ਲੱਗਾ, ਜੋ ਇੱਜ਼ਤ ਖਰਾਬ ਹੋਣ ਦੇ ਡਰੋਂ ਸਾਹਮਣੇ ਨਹੀਂ ਆਈਆਂ। ਮਸ਼ਕੂਕ ਧਾਰਮਿਕ ਨੇਤਾ ਉੱਤੇ ਜ਼ਬਰਦਸਤੀ ਦੇ ਸੱਤ ਦੋਸ਼ ਆਇਦ ਕੀਤੇ ਗਏ ਹਨ। ਪੁਲਸ ਨੂੰ ਵਿਸ਼ਵਾਸ ਹੈ ਕਿ ਉਸ ਦੇ ਕੈਂਪ ਵਿੱਚ ਆਈਆਂ ਹੋਰ ਔਰਤਾਂ ਵੀ ਪੀੜਤ ਹੋ ਸਕਦੀਆਂ ਹਨ, ਜਿਨ੍ਹਾਂ ਨੂੰ ਪਛਾਣ ਗੁਪਤ ਰੱਖਣ ਦੇ ਭਰੋਸੇ 'ਤੇ ਅਪੀਲ ਕੀਤੀ ਗਈ ਹੈ ਕਿ ਉਹ ਵੀ ਆਪਣੀ ਸ਼ਿਕਾਇਤ ਪੁਲਸ ਤੱਕ ਪੁੱਜਦੀ ਕਰਨ।

### ਤਿੰਨ ਕਿੱਲੋ ਹੈਰੋਇਨ ਤੇ ਦੋ ਪਿਸਟਲ ਸਣੇ ਗ੍ਰਿਫ਼ਤਾਰ

**ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)**-ਪਾਕਿਸਤਾਨ ਤੋਂ ਡਰੋਨ ਰਾਹੀਂ ਅਸਲਾ ਤੇ ਨਸ਼ਾ ਮੰਗਵਾਉਣ ਵਾਲੇ ਜੋਬਨਜੀਤ ਸਿੰਘ ਨੂੰ ਸਪੈਸ਼ਲ ਟਾਸਕ ਫੋਰਸ ਮੁਹਾਲੀ ਦੀ ਟੀਮ ਨੇ ਮੰਗਲਵਾਰ ਤਰਨ ਤਰਨ ਵਿਖੇ ਗ੍ਰਿਫਤਾਰ ਕਰ ਲਿਆ। ਉਸ ਦੇ ਘਰੋਂ ਤਿੰਨ ਕਿੱਲੋ ਹੈਰੋਇਨ, 32 ਬੋਰ ਦੇ ਦੋ ਪਿਸਟਲ ਤੇ 25 ਕਾਰਤੂਸ ਬਰਾਮਦ ਕੀਤੇ ਗਏ।

16-APRIL-PAGE-1.qxd 4/15/2025 9:31 PM Page 2



## ਵਿਸਾਖੀ ਮੌਕੇ ਕੈਂਪ 'ਚ 31 ਯੂਨਿਟ ਖੂਨ ਇਕੱਠਾ ਕੀਤਾ : ਰੋਗੀ ਢਿੱਲੋਂ



**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਨਗਰ ਪੰਚਾਇਤ, ਮੇਲਾ ਪ੍ਰਬੰਧਕ ਕਮੇਟੀ, ਨਗਰ ਵਾਸੀਆਂ ਦੇ ਸਹਿਯੋਗ ਨਾਲ ਖੂਨਦਾਨ ਕੈਂਪ ਲਗਾਇਆ ਗਿਆ। ਜਸਵਿੰਦਰ ਸਿੰਘ ਢਿੱਲੋਂ ਮੈਮੋਰੀਅਲ ਵੈੱਲਫੇਅਰ ਸੋਸਾਇਟੀ (ਰਜਿ.) ਫਰੀਦਕੋਟ ਪੰਜਾਬ ਦੇ ਸਰਪ੍ਰਸਤ ਗੁਰਜੀਤ ਸਿੰਘ ਢਿੱਲੋਂ ਨੇ ਜਾਣਕਾਰੀ ਦਿੱਤੀ ਕੀ ਪਿੰਡ ਪੱਕਾ-2, ਫਰੀਦਕੋਟ ਵਿਖੇ ਵਿਸਾਖੀ ਮੇਲਾ ਮੌਕੇ ਖੂਨਦਾਨ ਕੈਂਪ ਦਾ ਆਯੋਜਨ ਕੀਤਾ, ਜਿਸ ਵਿੱਚ ਸੰਗਤ ਤੇ ਸਮੂਹ ਸੁਸਾਇਟੀ ਮੈਂਬਰਾਂ ਨੇ ਹਿੱਸਾ ਲਿਆ।ਧੰਨ ਧੰਨ ਬਾਬਾ ਰਾਮ ਸ਼ਾਲੂ ਜੀ ਦੀ ਯਾਦ ਨੂੰ ਸਮਰਪਿਤ ਖੂਨਦਾਨ ਕੈਂਪ ਵਿੱਚ 31 ਯੂਨਿਟ ਖੂਨ ਇਕੱਠਾ ਕੀਤਾ ਗਿਆ। ਇਹ ਕੈਂਪ ਬਾਲਾ ਜੀ ਬਲੱਡ ਬੈਂਕ ਦੇ ਸਹਿਯੋਗ ਨਾਲ ਲਗਾਇਆ ਗਿਆ। ਇਸ ਦੇ ਨਾਲ-ਨਾਲ ਸੱਭਿਆਚਾਰਕ ਮੇਲਾ ਪ੍ਰਬੰਧਕ ਕਮੇਟੀ ਪਿੰਡ ਪੱਕਾ-2, ਫਰੀਦਕੋਟ ਦੀ ਅਗਵਾਈ ਹੇਠ ਮਨਾਇਆ ਗਿਆ।ਇਸ ਮੌਕੇ ਗੁਰਮੀਤ ਸਿੰਘ ਮੋਰਾਂਵਾਲੀ ਨੇ ਦੱਸਿਆ ਕੇ ਸਾਰੇ ਸੇਵਾਦਾਰ, ਪ੍ਰਮਜੀਤ ਸਿੰਘ ਸਰਪੰਚ, ਸੁਖਜਿੰਦਰ ਸਿੰਘ (ਜਿੰਦੂ), ਬਲਵਿੰਦਰ ਸਿੰਘ, ਪਾਲ ਦਾਸ, ਹਰਨੇਕ ਦਾਸ, ਗੁਰਸੇਵਕ ਸਿੰਘ ਖਜ਼ਾਨਚੀ, ਜਗਮੋਹਨ ਸਿੰਘ, ਹਰਭਗਵਾਨ ਸਿੰਘ ਬਲਜਿੰਦਰ ਸਿੰਘ, ਰਵਿੰਦਰ ਸਿੰਘ, ਗੁਰਤੇਜ ਖੋਸਾ, ਗੁਰਪਿਆਰ ਸਿੰਘ, ਸੀਪਾ ਸਰਾਂ, ਜਗਪਾਲ ਸਿੰਘ, ਰਾਜ ਗਿੱਲ ਭਾਣਾ, ਮਨਮੋਹਨ ਸਿੰਘ ਆਦਿ ਹਾਜ਼ਰ ਸਨ।

## ਦਲਿਤਾਂ ਤੇ ਔਰਤ ਜਾਤੀ ਦੇ ਮਸੀਹਾ ਸਨ ਡਾ. ਭੀਮ ਰਾਓ ਅੰਬੇਡਕਰ : ਡਾ. ਸੀਮਾਂਤ ਗਰਗ

### ਭਾਜਪਾ ਨੇ ਡਾ. ਅੰਬੇਡਕਰ ਦਾ 134ਵਾਂ ਜਨਮ ਦਿਨ ਮਨਾਇਆ



**ਮੋਗਾ (ਵਿਕਰਮ ਸਿੰਘ ਖਹਿਰਾ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਤੇ ਭਾਰਤ ਰਤਨ, ਡਾ. ਭੀਮ ਰਾਓ ਅੰਬੇਡਕਰ ਨੇ ਹਮੇਸ਼ਾ ਆਪਣਾ ਪੂਰਾ ਜੀਵਨ ਦਲਿਤਾਂ ਤੇ ਪਿਛੜੇ ਵਰਗਾਂ ਦੇ ਹੱਕਾਂ ਲਈ ਲੜਦੇ ਹੋਏ ਬਿਤਾਇਆ।ਡਾ. ਭੀਮ ਰਾਓ ਅੰਬੇਡਕਰ ਨੇ ਹਮੇਸ਼ਾ ਮਜ਼ਦੂਰ ਵਰਗ ਤੇ ਔਰਤਾਂ ਦੇ ਅਧਿਕਾਰਾਂ ਦਾ ਸਮਰਥਨ ਕੀਤਾ।ਡਾ. ਭੀਮ ਰਾਓ ਅੰਬੇਡਕਰ ਦਲਿਤਾਂ ਦੇ ਮਸੀਹਾ, ਇੱਕ ਮਹਾਨ ਚਿੰਤਕ, ਸਮਾਜ ਸੁਧਾਰਕ, ਕਾਨੂੰਨਦਾਨ ਤੇ ਇੱਕ ਪ੍ਰਸਿੱਧ ਅਰਥਸ਼ਾਸਤਰੀ ਸਨ, ਜਿਨ੍ਹਾਂ ਨੂੰ ਦੁਨੀਆ ਦੇ ਅੰਤ ਤੱਕ ਯਾਦ ਰੱਖਿਆ ਜਾਵੇਗਾ।ਭਾਜਪਾ ਜ਼ਿਲ੍ਹਾ ਪ੍ਰਧਾਨ ਡਾ. ਸੀਮਾਂਤ ਗਰਗ ਨੇ 134ਵੇਂ ਜਨਮ ਦਿਵਸ 'ਤੇ ਭਾਜਪਾ ਅਧਿਕਾਰੀਆਂ ਤੇ ਵਰਕਰਾਂ ਨੂੰ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿੱਚ ਡਾ. ਭੀਮ ਰਾਓ ਅੰਬੇਡਕਰ ਦੀ ਮੂਰਤੀ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਤੇ ਭਾਜਪਾ ਜ਼ਿਲ੍ਹਾ ਦਫ਼ਤਰ ਵਿੱਚ ਉਨ੍ਹਾਂ ਦੀ ਤਸਵੀਰ 'ਤੇ ਫੁੱਲ ਮਾਲਾਵਾਂ ਭੇਟ ਕਰਕੇ ਸੰਬੋਧਨ ਕਰਦਿਆਂ ਇਹ ਵਿਚਾਰ ਪ੍ਰਗਟ ਕੀਤੇ।ਇਸ ਮੌਕੇ ਜਨਰਲ ਸਕੱਤਰ ਮੁਖਤਿਆਰ ਸਿੰਘ, ਜ਼ਿਲ੍ਹਾ ਮੀਤ ਪ੍ਰਧਾਨ ਸੋਨੀ ਮੰਗਲਾ, ਮੀਤ ਪ੍ਰਧਾਨ ਦਵਿੰਦਰ ਸਿੰਘ, ਮੰਡਲ ਪ੍ਰਧਾਨ ਸੁਖਬੀਰ ਸਿੰਘ, ਮੰਡਲ ਪ੍ਰਧਾਨ ਸੁਖਚੈਨ ਸਿੰਘ, ਮੰਡਲ ਪ੍ਰਧਾਨ ਕੁਲਵੰਤ ਸਿੰਘ, ਵੀ. ਪੀ. ਸੇਠੀ, ਸੁਖਬੀਰ ਕੌਰ ਭੋਖਾ, ਮੰਡਲ ਪ੍ਰਧਾਨ ਅਮਿਤ ਗੁਪਤਾ, ਮੰਡਲ ਪ੍ਰਧਾਨ ਅਮਨਦੀਪ ਗਰੇਵਰ, ਮੰਡਲ ਪ੍ਰਧਾਨ ਭੁਪਿੰਦਰ ਹੈਪੀ, ਜਤਿੰਦਰ ਚੱਢਾ, ਹੇਮੰਤ ਸੂਦ, ਤਰਸੇਮ ਢੰਡ, ਪਵਨ ਗਰਗ, ਗੀਤਾ ਆਰੀਆ, ਸ਼ਸ਼ੀਕਾਂਤ, ਵਿਜੇ ਮਿਸ਼ਰਾ, ਉਮਾਕਾਂਤ, ਜਤਿੰਦਰ ਚੱਢਾ, ਹੇਮੰਤ ਸਿੰਘ ਪ੍ਰਧਾਨ, ਗੁਰਚਰਨ ਸਿੰਘ, ਗੁਰਚਰਨ ਸਿੰਘ ਪ੍ਰਧਾਨ, ਸੁਖਜੀਤ ਸਿੰਘ, ਹਰਵਿੰਦਰ ਸਿੰਘ, ਜਗਜੀਤ ਸਿੰਘ, ਸੋਨੀ ਸਮਾਲਸਰ, ਮੰਗਲ ਸਿੰਘ ਚੜਿੱਕ, ਤ੍ਰਿਲੋਕ ਸਿੰਘ, ਕਰਮ ਸਿੰਘ, ਗੁਰਮੇਲ ਸਿੰਘ, ਰਾਮ ਸਿੰਘ, ਬਿੰਦਰ ਸਿੰਘ, ਸੁਲੱਖਣ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਭਾਜਪਾ ਅਧਿਕਾਰੀ ਤੇ ਵਰਕਰ ਹਾਜ਼ਰ ਸਨ।ਡਾ. ਸੀਮਾਂਤ ਗਰਗ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਇੱਕ ਦਲਿਤ ਪਰਵਾਰ ਵਿੱਚ ਹੋਇਆ ਸੀ ਤੇ ਡਾ. ਅੰਬੇਡਕਰ ਵੱਲੋਂ ਆਪਣੇ ਜੀਵਨ ਵਿੱਚ ਕੀਤੇ ਕੰਮਾਂ ਤੇ ਉਨ੍ਹਾਂ ਵੱਲੋਂ ਦਿਖਾਏ ਮਾਰਗ 'ਤੇ ਚੱਲਦੇ ਹੋਏ, ਸਾਨੂੰ ਸਮਾਜ ਦੇ ਪਿਛੜੇ ਵਰਗ ਦੇ ਲੋਕਾਂ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ ਤੇ ਉਨ੍ਹਾਂ ਨੂੰ ਸਰਕਾਰੀ ਯੋਜਨਾਵਾਂ ਦਾ ਲਾਭ ਪ੍ਰਦਾਨ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਕਿਸੇ ਵੀ ਦੇਸ਼ ਤੇ ਸਮਾਜ ਦੀ ਤਰੱਕੀ ਪਿਛੜੇ ਲੋਕਾਂ ਦੀ ਸਿੱਖਿਆ 'ਤੇ ਉਨ੍ਹਾਂ ਨੂੰ ਦਿੱਤੇ ਗਏ ਬਰਾਬਰ ਅਧਿਕਾਰਾਂ 'ਤੇ ਨਿਰਭਰ ਕਰਦੀ ਹੈ।ਉਨ੍ਹਾਂ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦੇ ਦਿਖਾਏ ਮਾਰਗ 'ਤੇ ਚੱਲਦੇ ਹੋਏ ਸਾਨੂੰ ਸਮਾਜ ਦੇ ਸਾਰੇ ਵਰਗਾਂ ਨੂੰ ਬਰਾਬਰ ਅਧਿਕਾਰ ਦੇ ਕੇ ਹਮੇਸ਼ਾ ਸਤਿਕਾਰ ਕਰਨਾ ਚਾਹੀਦਾ ਹੈ।ਉਨ੍ਹਾਂ ਸਮਾਜ ਵਿੱਚ ਕਿਸੇ ਵੀ ਤਰ੍ਹਾਂ ਭੇਦਭਾਵ ਤੇ ਛੂਤ-ਛਾਤ ਨੂੰ ਵਧਣ-ਫੁੱਲਣ ਨਾ ਦੇਣ ਦੀ ਵਕਾਲਤ ਵੀ ਕੀਤੀ।

## ਭੋਗ 'ਤੇ ਵਿਸ਼ੇਸ਼

## ਸਿੱਖਿਆ ਤੇ ਸਾਹਿਤ ਦਾ ਸੁਮੇਲ ਸਨ ਪ੍ਰਿੰ. ਕੇਵਲ ਕ੍ਰਿਸ਼ਨ ਸ਼ਰਮਾ



ਸਕੂਲ ਸਿੱਖਿਆ ਵਿਭਾਗ ਵਿੱਚੋਂ ਸਵੈ-ਇੱਛਾ ਨਾਲ ਸੇਵਾ ਮੁਕਤ ਹੋਏ ਪ੍ਰਿੰਸੀਪਲ, ਸਮਰੱਥ ਸ਼ਾਇਰ ਤੇ ਦੋਸਤੀ ਦੀ ਅਨੋਖੀ ਤੇ ਅਨੂਠੀ ਮਿਸਾਲ ਕੇਵਲ ਕ੍ਰਿਸ਼ਨ ਸ਼ਰਮਾ ਦਾ ਜਨਮ 24 ਸਤੰਬਰ 1967 ਈ. ਨੂੰ ਮਰਹੂਮ ਪਿਤਾ ਸ੍ਰੀ ਤੀਰਥ ਰਾਮ ਤਿਵਾੜੀ ਦੇ ਗ੍ਰਹਿ ਵਿਖੇ ਮਾਤਾ ਸ੍ਰੀਮਤੀ ਕੌਸ਼ੱਲਿਆ ਦੇਵੀ ਦੀ ਕੁੱਖੋਂ ਹੋਇਆ।ਉਸ ਨੇ ਮੁੱਢਲੀ ਤਾਲੀਮ ਬਠਿੰਡਾ ਦੇ ਸੈਂਟ ਜੋਸਫ ਕਾਨਵੈਂਟ ਸਕੂਲ ਤੋਂ ਪ੍ਰਾਪਤ ਕੀਤੀ।ਉਚ ਸਿੱਖਿਆ ਬੀ.ਐੱਸ.ਸੀ., ਬੀ. ਐੱਡ, ਐੱਮ. ਐੱਡ ਫਰੀਦਕੋਟ ਦੀਆਂ ਨਾਮੀ ਸੰਸਥਾਵਾਂ ਤੋਂ ਪ੍ਰਾਪਤ ਕਰਨ ਉਪਰੰਤ ਐੱਮ.ਏ. ਅੰਗਰੇਜ਼ੀ ਸਥਾਨਕ ਰੀਜਨਲ ਸੈਂਟਰ ਤੋਂ ਪ੍ਰਾਪਤ ਕੀਤੀ।ਉਸ ਨੇ ਆਪਣਾ ਸੇਵਾ ਸਫ਼ਰ 1991 ਈ. ਵਿੱਚ ਬਤੌਰ ਪ੍ਰਾ. ਅਧਿਆਪਕ ਗੌਰਮਿੰਟ ਪ੍ਰਾਇਮਰੀ ਸਕੂਲ, ਬੰਗੀ ਰੁੱਘੂ ਤੋਂ ਸ਼ੁਰੂ ਕੀਤਾ ਤੇ ਫਿਰ ਬਤੌਰ ਸਾਇੰਸ ਮਾਸਟਰ ਅਤੇ ਅੰਗਰੇਜ਼ੀ ਲੈਕਚਰਰ ਵੱਖ ਵੱਖ ਪਿੰਡਾਂ ਦੇ ਸਕੂਲਾਂ ਜਿਵੇਂ ਗੰਗਾ, ਝੁਨੀਰ, ਰਾਏਪੁਰ ਮਾਖਾ, ਦਿਆਲਪੁਰਾ ਭਾਈ ਕਾ ਆਦਿ ਵਿਖੇ ਸੇਵਾ ਕਰਦਿਆਂ ਗੌ. ਸੀਨੀ. ਸੈਕੰ. ਸਕੂਲ ਬੀੜ ਬਹਿਮਣ ਤੋਂ ਸਿਹਤ ਦੀ ਸਮੱਸਿਆ ਕਾਰਨ ਸਵੈ-ਇੱਛਾ ਨਾਲ ਸੇਵਾ ਮੁਕਤੀ ਲੈ ਲਈ। ਕੇਵਲ ਸ਼ਰਮਾ ਜਿੱਥੇ ਇੱਕ ਵਧੀਆ ਅਧਿਆਪਕ ਤੇ ਕੁਸ਼ਲ ਸਕੂਲ ਪ੍ਰਬੰਧਕ ਸੀ, ਉੱਥੇ ਉਹ ਇੱਕ ਸੰਵੇਦਨਸ਼ੀਲ ਤੇ ਸਮਰੱਥ ਸ਼ਾਇਰ ਵੀ ਸੀ।ਉਸ ਨੇ 'ਬਾਗੀਚਾ', 'ਤੇਰੀਆਂ-ਮੇਰੀਆਂ' ਨਾਮਿਕ ਦੋ ਕਾਵਿ ਸੰਗ੍ਰਹਿ ਪੰਜਾਬੀ ਸਾਹਿਤ ਦੀ ਝੋਲੀ ਪਾਏ।ਉਹ ਕੇਂਦਰੀ ਪੰਜਾਬੀ ਲੇਖਕ ਸਭਾ ਤੇ ਸਾਹਿਤ ਸਿਰਜਣਾ ਮੰਚ, ਬਠਿੰਡਾ ਦਾ ਸਨਮਾਨ ਯੋਗ ਮੈਂਬਰ ਵੀ ਸੀ।ਉਸ ਦੀ ਦੋਸਤੀ ਦੇ ਘੇਰੇ ਵਿੱਚ ਵੱਖ ਵੱਖ ਖੇਤਰਾਂ ਦੀਆਂ ਨਾਮੀ ਸ਼ਖ਼ਸੀਅਤਾਂ ਸ਼ਾਮਲ ਸਨ।ਜਿਗਰ ਦੀ ਨਾਮੁਰਾਦ ਬਿਮਾਰੀ ਨਾਲ ਜੂਝਦਿਆਂ ਕੇਵਲ ਕ੍ਰਿਸ਼ਨ ਅਖੀਰ 3 ਅਪ੍ਰੈਲ 2025 ਨੂੰ ਆਪਣੀ ਸੁਪਤਨੀ ਪਰਮਜੀਤ ਕੌਰ, ਦੋ ਸਪੁੱਤਰਾਂ ਹਸਰਤ ਤੇ ਸਾਹਿਲ ਅਤੇ ਨੂੰਹ ਰਾਣੀ ਨੇਹਦੀਪ ਨੂੰ ਸਦੀਵੀ ਵਿਛੋੜਾ ਦੇ ਗਿਆ।

ਉਸ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ੍ਰੀ ਗਰੁੜ ਪੁਰਾਣ ਦੇ ਪਾਠ ਦੇ ਭੋਗ 16 ਅਪ੍ਰੈਲ ਨੂੰ 12 ਵਜੇ ਤੋਂ 1 ਵਜੇ ਤੱਕ ਲਾਰਡ ਰਾਮਾ ਹਾਲ, ਨੇੜੇ ਰਾਮਬਾਗ, ਅਨਾਜ ਮੰਡੀ ਬਠਿੰਡਾ ਵਿਖੇ ਪਾਏ ਜਾਣਗੇ।ਇਸ ਮੌਕੇ ਵੱਖ ਵੱਖ ਖੇਤਰਾਂ ਦੀਆਂ ਉੱਘੀਆਂ ਸ਼ਖ਼ਸੀਅਤਾਂ ਵਿੱਛੜੀ ਆਤਮਾ ਨੂੰ ਸ਼ਰਧਾਂਜਲੀਆਂ ਭੇਟ ਕਰਨਗੀਆਂ।

*-ਸੁਰਿੰਦਰਪ੍ਰੀਤ ਘਣੀਆਂ, ਬਠਿੰਡਾ*

## ਬਾਜਵਾ 'ਤੇ ਮਾਮਲਾ ਦਰਜ ਕਰਨਾ ਸਰਕਾਰ ਦੀ ਨਿੰਦਣਯੋਗ ਕਾਰਵਾਈ : ਚਹਿਲ



**ਮਲੋਟ (ਗੁਰਮੀਤ ਸਿੰਘ ਮੱਕੜ)**-ਪ੍ਰਦੇਸ਼ ਕਾਂਗਰਸ ਦੇ ਬੁਲਾਰੇ ਤੇ ਆਲ ਇੰਡੀਆ ਦੇ ਮੀਡੀਆ ਕੋਆਰਡੀਨੇਟਰ ਰਾਣਾ ਬਲਜੀਤ ਸਿੰਘ ਚਹਿਲ ਨੇ ਪ੍ਰਤਾਪ ਸਿੰਘ ਬਾਜਵਾ 'ਤੇ ਦਰਜ ਮਾਮਲੇ ਨੂੰ ਲੈ ਕੇ ਹੋਈ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪ੍ਰਤਾਪ ਸਿੰਘ ਬਾਜਵਾ ਦੇ ਬਿਆਨਾਂ ਨੂੰ ਆਧਾਰ ਬਣਾ ਕੇ ਕੀਤੀ ਕਾਰਵਾਈ ਬੇਹੱਦ ਸ਼ਰਮਨਾਕ ਤੇ ਨਿੰਦਣਯੋਗ ਹੈ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਮਗਰੋਂ ਹਾਲਾਤ ਇਹ ਬਣ ਗਏ ਹਨ ਕਿ ਜਦੋਂ ਕੋਈ ਵੀ ਚੈਨਲ, ਸਮਾਜਸੇਵੀ, ਕੋਈ ਆਮ ਆਦਮੀ ਇੱਥੋਂ ਤੱਕ ਕਿ ਵਿਰੋਧੀ ਧਿਰ ਨੇਤਾ ਵੀ ਸਰਕਾਰ ਦੀਆਂ ਨਾਕਾਮੀਆਂ ਨੂੰ ਉਜਾਗਰ ਕਰਦਾ ਤਾਂ ਇਹ ਸਰਕਾਰ ਹਮੇਸ਼ਾ ਉਸ ਨਾਲ ਤਾਨਾਸ਼ਾਹੀ ਰਵੱਈਆ ਰੱਖਦਿਆਂ ਉਸ ਉੱਪਰ ਕੋਈ ਨਾ ਕੋਈ ਗੰਭੀਰ ਇਲਜ਼ਾਮ ਲਗਾ ਕੇ ਉਸ ਦੀ ਆਵਾਜ਼ ਨੂੰ ਦਬਾਉਣ ਦੀ ਕੋਸ਼ਿਸ਼ ਕੀਤੀ ਹੈ, ਪਰ ਹੁਣ ਤੱਕ ਜਿੰਨੀਆਂ ਵੀ ਸਰਕਾਰ ਵੱਲੋਂ ਲੋਕਾਂ ਨੂੰ ਦਬਾਉਣ ਲਈ ਕਾਰਵਾਈਆਂ ਕੀਤੀਆਂ ਗਈਆਂ ਹਨ, ਉਨ੍ਹਾਂ ਵਿੱਚ ਕਿਤੇ ਨਾ ਕਿਤੇ ਨਕਾਮ ਰਹੀ। ਚਾਹੇ ਉਹ ਬਰਜਿੰਦਰ ਸਿੰਘ ਹਮਦਰਦ ਉੱਪਰ ਕਾਰਵਾਈ ਦੀ ਗੱਲ ਹੋਵੇ ਜਾਂ ਪ੍ਰਤਾਪ ਸਿੰਘ ਬਾਜਵਾ ਉੱਪਰ ਹੋਣ ਵਾਲੀ ਕਾਰਵਾਈ ਵਿੱਚ ਵੀ ਸਰਕਾਰ ਨੂੰ ਮੂੰਹ ਦੀ ਖਾਣੀ ਪਵੇਗੀ। ਰਾਣਾ ਬਲਜੀਤ ਸਿੰਘ ਚਹਿਲ ਨੇ ਕਿਹਾ ਕਿ ਪ੍ਰਤਾਪ ਸਿੰਘ ਬਾਜਵਾ ਇੱਕ ਜਿੰਮੇਵਾਰ ਨੇਤਾ ਹਨ ਤੇ ਉਨ੍ਹਾਂ ਵੱਲੋਂ ਦਿੱਤਾ ਬਿਆਨ ਬੇਬੁਨਿਆਦ ਨਹੀਂ ਹੋ ਸਕਦਾ ਤੇ ਉਨ੍ਹਾਂ ਹਮੇਸ਼ਾ ਪੰਜਾਬ ਦੇ ਮੁੱਦਿਆਂ ਨੂੰ ਗੰਭੀਰਤਾ ਨਾਲ ਵਿਚਾਰਿਆ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹੁਣ ਚੋਣਾਂ ਦੇ ਡਰ ਕਾਰਨ ਇਹੋ ਜਿਹੇ ਕਦਮ ਚੁੱਕਣ ਲਈ ਮਜਬੂਰ ਹੈ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਲੋਕ ਹਿੱਤਾਂ ਲਈ ਖੜ੍ਹਦੀ ਆਈ ਹੈ ਤੇ ਅੱਗੇ ਵੀ ਖੜ੍ਹਦੀ ਰਹੇਗੀ।

## ਐੱਸ ਡੀ ਓ ਵਿਰੁੱਧ 17 ਤੇ 18 ਨੂੰ ਅਰਥੀ ਫੂਕ ਪ੍ਰਦਰਸ਼ਨ ਕੀਤੇ ਜਾਣਗੇ : ਬੁੱਢੇਵਾਲ

### ਜਥੇਬੰਦੀ ਵੱਲੋਂ ਇਨਸਾਫ ਲੈਣ ਤੱਕ ਸੰਘਰਸ਼ ਨੂੰ ਜਾਰੀ ਰੱਖਣ ਦਾ ਐਲਾਨ



**ਜਲਾਲਾਬਾਦ (ਜੀਤ ਕੁਮਾਰ)**-ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ (ਰਜਿ.31) ਦੇ ਸੂਬਾ ਜਨਰਲ ਸਕੱਤਰ ਕੁਲਦੀਪ ਸਿੰਘ ਬੁੱਢੇਵਾਲ ਤੇ ਸੂਬਾ ਪ੍ਰੈੱਸ ਸਕੱਤਰ ਸਤਨਾਮ ਸਿੰਘ ਫਲੀਆਂਵਾਲਾ ਨੇ ਇਥੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਜਲ ਸਪਲਾਈ ਤੇ ਸੈਨੀਟੇਸ਼ਨ ਵਿਭਾਗ ਪੰਜਾਬ ਸਰਕਾਰ ਦੀਆਂ ਪੇਂਡੂ ਜਲ ਸਪਲਾਈ ਸਕੀਮਾਂ 'ਤੇ ਫੀਲਡ ਤੇ ਦਫਤਰਾਂ ਵਿੱਚ ਪਿਛਲੇ ਸਾਲਾਂਬੱਧੀ ਅਰਸੇ ਤੋਂ ਸੇਵਾਵਾਂ ਦੇ ਰਹੇ ਇਨਲਿਸਟਮੈਂਟ/ਆਊਟਸੋਰਸ ਠੇਕਾ ਅਧਾਰਤ ਵਰਕਰਾਂ ਨੂੰ ਸਬੰਧਤ ਵਿਭਾਗ 'ਚ ਮਰਜ ਕਰਕੇ ਪੱਕਾ ਰੁਜ਼ਗਾਰ ਕਰਨ ਸਮੇਤ 'ਮੰਗ-ਪੱਤਰ' ਵਿੱਚ ਦਰਜ ਮੰਗਾਂ ਨੂੰ ਲੈ ਕੇ ਜਲ ਸਪਲਾਈ ਤੇ ਸੈਨੀਟੇਸ਼ਨ ਕੰਟਰੈਕਟ ਵਰਕਰਜ਼ ਯੂਨੀਅਨ ਪੰਜਾਬ ਦੇ ਚੱਲ ਰਹੇ ਪੁਰਅਮਨ ਸੰਘਰਸ਼ ਦੀ ਅਗਵਾਈ ਕਰ ਰਹੇ ਸੂਬਾ ਪ੍ਰਧਾਨ ਵਰਿੰਦਰ ਸਿੰਘ ਮੋਮੀ 'ਤੇ ਜਲ ਸਪਲਾਈ ਤੇ ਸੈਨੀਟੇਸ਼ਨ ਸਬ ਡਵੀਜ਼ਨ ਕਾਹਨੂੰਵਾਲ ਦੇ ਐੱਸ.ਡੀ.ਓ. ਜਤਿੰਦਰ ਸਿੰਘ ਰੰਧਾਵਾ ਵੱਲੋਂ ਜਥੇਬੰਦੀ ਨੂੰ ਬਦਨਾਮ ਕਰਨ ਲਈ ਰਿਸ਼ਵਤ ਲੈਣ ਦੇ ਬੇਬੁਨਿਆਦ ਤੇ ਝੂਠੇ ਦੋਸ਼ ਲਗਾਏ ਹਨ।

ਇਨ੍ਹਾਂ ਦੋਸ਼ ਨੂੰ ਸਾਬਿਤ ਕਰਨ ਲਈ ਮਿਤੀ 12-04-2025 ਨੂੰ ਸਬੰਧਤ ਡਵੀਜ਼ਨ ਗੁਰਦਾਸਪੁਰ ਦੇ ਕਾਰਜਕਾਰੀ ਇੰਜੀਨੀਅਰ ਤੇ ਨਿਗਰਾਨ ਇੰਜੀਨੀਅਰ ਸਮੇਤ ਡਿਪਟੀ ਕਮਿਸ਼ਨਰ ਨੂੰ ਇਕ ਪੱਤਰ ਲਿਖਿਆ ਗਿਆ ਹੈ ਕਿ ਕਾਹਨੂੰਵਾਲ ਸਬ ਡਵੀਜ਼ਨ ਦੇ ਐੱਸ.ਡੀ.ਓ. ਵੱਲੋਂ ਵਰਿੰਦਰ ਮੋਮੀ 'ਤੇ ਰਿਸ਼ਵਤ ਲੈਣ ਦੇ ਲਗਾਏ ਗਏ ਦੋਸ਼ਾਂ ਨੂੰ ਸਾਬਿਤ ਕਰੇ ਜਾਂ ਫਿਰ ਇਸ ਝੂਠ ਦਾ ਲੋਕਾਂ ਵਿੱਚ ਅਹਿਸਾਸ ਕਰੇ ਨਹੀਂ ਤਾਂ ਇਸ ਦੇ ਵਿਰੋਧ ਵਿੱਚ ਇਨਸਾਫ ਲੈਣ ਲਈ ਜਥੇਬੰਦੀ ਦੀ ਸੂਬਾ ਕਮੇਟੀ ਵੱਲੋਂ ਸੰਘਰਸ਼ ਕੀਤਾ ਜਾਵੇਗਾ ਅਤੇ ਇਸੇ ਕੜੀ ਤਹਿਤ ਜਥੇਬੰਦੀ ਵੱਲੋਂ 17 ਤੇ 18 ਅਪ੍ਰੈਲ 2025 ਨੂੰ ਸਾਰੇ ਪੰਜਾਬ ਵਿੱਚ ਵਿਭਾਗ ਦੇ ਸਬ ਡਵੀਜ਼ਨ ਦਫਤਰਾਂ ਅੱਗੇ ਕਾਹਨੂੰਵਾਲ ਸਬ ਡਵੀਜ਼ਨ ਦੇ ਐੱਸ.ਡੀ.ਓ. ਦੇ ਵਿਰੁੱਧ ਅਰਥੀ ਫੂਕ ਪ੍ਰਦਰਸ਼ਨ ਕੀਤੇ ਜਾਣਗੇ।

ਉਕਤ ਸੂਬਾਈ ਆਗੂਆਂ ਨੇ ਕਿਹਾ ਕਿ ਜਥੇਬੰਦੀ ਉੱਪ ਮੰਡਲ ਅਫ਼ਸਰ ਦੇ ਇਸ ਘਟੀਆ ਤੇ ਸਾਜ਼ਿਸ਼ ਭਰੇ ਵਤੀਰੇ ਦੀ ਜ਼ੋਰਦਾਰ ਨਿਖੇਧੀ ਕਰਦੇ ਹੋਏ ਮੰਗ ਕਰਦੀ ਹੈ ਕਿ ਉੱਪ ਮੰਡਲ ਅਧਿਕਾਰੀ, ਲਗਾਏ ਗਏ ਝੂਠੇ ਦੋਸ਼ਾਂ ਦੇ ਕੋਈ ਸਬੂਤ ਪੇਸ਼ ਕਰੇ ਜਾਂ ਫਿਰ ਲੋਕ ਸੱਥ 'ਚ ਇਸ ਝੂਠ ਨੂੰ ਰੱਦ ਕਰੇ, ਨਹੀ ਤਾਂ ਫਿਰ ਇਸ ਝੂਠੀ ਤੇ ਨਿੰਦਣਯੋਗ ਕਾਰਵਾਈ ਕਾਰਨ ਤਿੱਖੇ ਜਨਤਕ ਵਿਰੋਧ ਦਾ ਸਾਹਮਣਾ ਕਰਨ ਲਈ ਤਿਆਰ ਰਹੇ। ਇਸ ਮੌਕੇ ਸੂਬਾ ਆਗੂ ਹਾਕਮ ਸਿੰਘ ਧਨੇਠਾ, ਭੁਪਿੰਦਰ ਸਿੰਘ ਕੁਤਬੇਵਾਲ, ਰੁਪਿੰਦਰ ਸਿੰਘ, ਜਸਬੀਰ ਸਿੰਘ ਜਿੰਦਵੜੀ, ਬਲਜੀਤ ਸਿੰਘ ਭੱਟੀ, ਮਨਪ੍ਰੀਤ ਸਿੰਘ, ਜਗਰੂਪ ਸਿੰਘ, ਸੁਰਿੰਦਰ ਸਿੰਘ, ਓਂਕਾਰ ਸਿੰਘ, ਪ੍ਰਦੂਮਣ ਸਿੰਘ, ਤਰਜਿੰਦਰ ਸਿੰਘ ਮਾਨ, ਗੁਰਵਿੰਦਰ ਸਿੰਘ ਬਾਠ, ਜਸਵੀਰ ਸਿੰਘ ਸੀਰਾ, ਮੇਜਰ ਸਿੰਘ, ਗੁਰਵਿੰਦਰ ਸਿੰਘ ਪੰਜੋਲੀ ਨੇ ਵੀ ਐੱਸ.ਡੀ.ਓ. ਕਾਹਨੂੰਵਾਲ ਵੱਲੋਂ ਸੂਬਾ ਪ੍ਰਧਾਨ ਵਰਿੰਦਰ ਮੋਮੀ 'ਤੇ ਲਾਏ ਝੂਠੇ ਦੋਸ਼ਾਂ ਦੀ ਨਿਖੇਧੀ ਕਰਦਿਆਂ ਕਿਹਾ ਕਿ 17 ਤੇ 18 ਅਪ੍ਰੈਲ ਨੂੰ ਸਾਰੇ ਪੰਜਾਬ ਭਰ ਵਿੱਚ ਹੋਣ ਵਾਲੇ ਅਰਥੀ ਫੂਕ ਮੁਜ਼ਾਹਰਿਆਂ ਦੇ ਬਾਅਦ ਵੀ ਇਨਸਾਨ ਨਾ ਮਿਲਿਆ ਤਾਂ ਜਥੇਬੰਦੀ ਦੀ ਸੂਬਾ ਵਰਕਿੰਗ ਕਮੇਟੀ ਦੀ ਮੀਟਿੰਗ ਬੁਲਾ ਕੇ ਅਗਲੇ ਤਿੱਖੇ ਸੰਘਰਸ਼ਾਂ ਦਾ ਐਲਾਨ ਕੀਤਾ ਜਾਵੇਗਾ ਤੇ ਇਹ ਸੰਘਰਸ਼ ਇਨਸਾਫ ਲੈਣ ਤੱਕ ਜਾਰੀ ਰੱਖਿਆ ਜਾਵੇਗਾ।

## ਕਲਾਲ ਮਾਜਰਾ 'ਚ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ



**ਮਹਿਲ ਕਲਾਂ (ਬਲਵਿੰਦਰ ਸਿੰਘ ਵਜੀਦਕੇ)**-ਪਿੰਡ ਕਲਾਲ ਮਾਜਰਾ ਵਿਖੇ ਡਾ: ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਕਲੱਬ ਪ੍ਰਧਾਨ ਚੇਤ ਸਿੰਘ ਦੀ ਅਗਵਾਈ ਹੇਠ ਧੂਮ-ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਡਾ: ਅਮਰਜੀਤ ਸਿੰਘ ਮਹਿਲ ਕਲਾਂ ਨੇ ਕੁਝ ਸਮਾਜ ਵਿਰੋਧੀ ਅਨਸਰਾਂ ਵੱਲੋਂ ਡਾ: ਭੀਮ ਰਾਓ ਅੰਬੇਡਕਰ ਖਿਲਾਫ ਕੀਤੀਆ ਜਾ ਰਹੀਆਂ ਘਟੀਆ ਟਿੱਪਣੀਆਂ ਦੀ ਕਰੜੀ ਨਿੰਦਾ ਕਰਦਿਆਂ ਸਪੱਸ਼ਟ ਕੀਤਾ ਕਿ ਅਜਿਹਾ ਬਿਲਕੁਲ ਬਰਦਾਸ਼ਤ ਨਹੀਂ ਕੀਤਾ ਜਾ ਸਕਦਾ।ਉਨ੍ਹਾਂ ਸਮੂਹ ਵਰਗ ਦੇ ਲੋਕਾਂ ਨੂੰ ਲਾਮਬੰਦ ਹੋਣ ਦੀ ਅਪੀਲ ਕੀਤੀ।ਇਸ ਮੌਕੇ ਬੱਗਾ ਸਿੰਘ ਮਹਿਲ ਕਲਾਂ, ਅੰਮ੍ਰਿਤਪਾਲ ਸਿੰਘ, ਗੁਰਪ੍ਰੀਤ ਸਿੰਘ ਟਾਟਾ, ਸੁਖਵਿੰਦਰ ਸਿੰਘ, ਕੁਲਵਿੰਦਰ ਸਿੰਘ, ਬਲਦੇਵ ਸਿੰਘ, ਗੁਰਦੀਪ ਸਿੰਘ, ਸਿਮਰਨਜੀਤ ਸਿੰਘ ਆਦਿ ਨੇ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਖਿਲਾਫ ਕੋਈ ਵੀ ਕਾਰਵਾਈ ਨਾ-ਬਰਦਾਸ਼ਤ ਯੋਗ ਹੈ।

## ਬੀਜ ਡੀਲਰਾਂ ਤੇ ਪ੍ਰੋਡਿਊਸਰਾਂ ਦੀ ਚੈਕਿੰਗ, ਗੈਰ-ਪ੍ਰਮਾਣਿਤ ਬੀਜਾਂ ਦੀ ਕੀਤੀ ਸੇਲ ਬੰਦ



**ਗਿੱਦੜਬਾਹਾ (ਜਸਵੰਤ ਗਿੱਲ ਛੱਤਿਆਣਾ)**-ਮਾਨਯੋਗ ਖੇਤੀਬਾੜੀ ਤੇ ਕਿਸਾਨ ਭਲਾਈ ਮੰਤਰੀ ਪੰਜਾਬ ਸ. ਗੁਰਮੀਤ ਸਿੰਘ ਖੁੱਡੀਆਂ ਦੇ ਸਪੈਸ਼ਲ ਹੁਕਮਾਂ ਤੇ ਡਾਇਰੈਕਟਰ ਖੇਤੀਬਾੜੀ ਪੰਜਾਬ ਸ. ਜਸਵੰਤ ਸਿੰਘ ਦੀ ਅਗਵਾਈ ਦੇ ਸਮੁੱਚੇ ਪੰਜਾਬ 'ਚ ਪੂਸਾ ਚਤਾਲੀ ਤੇ ਹਾਈਬਰਿਡ ਬੀਜਾਂ ਦੀ ਵਿਕਰੀ ਤੇ ਬਿਜਾਈ 'ਤੇ ਪੂਰਨ ਰੋਕ ਲਗਾਈ ਗਈ ਹੈ, ਕਿਉਂਕਿ ਇਹ ਕਿਸਮਾਂ ਜ਼ਿਆਦਾ ਸਮਾਂ ਲੈਂਦੀਆਂ ਹਨ, ਜ਼ਿਆਦਾ ਪਾਣੀ ਲੈਂਦੀਆਂ ਹਨ ਤੇ ਪਰਾਲੀ ਜ਼ਿਆਦਾ ਹੁੰਦੀ ਹੈ।ਇਸ ਲੜੀ ਤਹਿਤ ਗਿੱਦੜਬਾਹਾ ਦੇ ਪੰਜਾਬ ਬੀਜ ਕੰਪਨੀ ਤੇ ਦੋਦਾ ਵਿਖੇ ਅਚਨਚੇਤ ਚੈਕਿੰਗ ਡਾ. ਕਰਨਜੀਤ ਸਿੰਘ ਗਿੱਲ ਮੁੱਖ ਖੇਤੀਬਾੜੀ ਅਫਸਰ, ਸ੍ਰੀ ਮੁਕਤਸਰ ਸਾਹਿਬ ਦੀ ਅਗਵਾਈ ਚ ਡਾ. ਹਰਜੀਤ ਸਿੰਘ, ਡਾ. ਜਸ਼ਨਪ੍ਰੀਤ ਸਿੰਘ, ਡਾ. ਮਨਿੰਦਰਦੀਪ ਸਿੰਘ ਵੱਲੋਂ ਕੀਤੀ ਗਈ, ਜਿਸ ਦੌਰਾਨ ਗੈਰ-ਪ੍ਰਮਾਣਿਤ ਕਿਸਮਾਂ ਜਿਵੇਂ ਸੀਆਰ 212, ਸੀ ਆਰ 321, ਪੀਲੀ ਪੂਸਾ ਆਦਿ ਦੀ ਸੇਲ ਬੰਦ ਕਰ ਦਿੱਤੀ ਗਈ ਤੇ ਅਣ-ਅਧਿਕਾਰਤ ਖਾਦ 'ਤੇ ਵੀ ਹੁਕਮ ਅਨੁਸਾਰ ਸੇਲ ਬੰਦ ਕਰਕੇ ਕਾਨੂੰਨੀ ਕਾਰਵਾਈ ਕਰ ਦਿੱਤੀ ਗਈ ਹੈ। ਡਾ. ਗਿੱਲ ਨੇ ਸਮੂਹ ਬੀਜ-ਵਿਕਰੇਤਾਵਾਂ ਨੂੰ ਹਦਾਇਤ ਕੀਤੀ ਕਿ ਪ੍ਰਮਾਣਿਤ ਤੇ ਸਿਫਾਰਸ਼ ਕਿਸਮਾਂ ਦੀ ਵਿਕਰੀ ਹੀ ਕਰਨ ਤੇ ਕਿਸਾਨਾਂ ਦੀ ਲੁੱਟ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਵੇਗਾ।

## ਬਸਪਾ ਨੇ ਡਾ. ਅੰਬੇਡਕਰ ਦਾ ਜਨਮ ਦਿਨ ਉਤਸ਼ਾਹ ਨਾਲ ਮਨਾਇਆ



**ਸ਼੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਬਸਪਾ ਸੁਪ੍ਰੀਮੋ ਤੇ ਸਾਬਕਾ ਮੁੱਖ ਮੰਤਰੀ ਉੱਤਰ ਪ੍ਰਦੇਸ਼ ਭੈਣ ਕੁਮਾਰੀ ਮਾਇਆਵਤੀ ਜੀ ਦੇ ਦਿਸ਼ਾ ਨਿਰਦੇਸ਼ ਅਨੁਸਾਰ ਤੇ ਸੂਬਾ ਪ੍ਰਧਾਨ ਬਸਪਾ ਸ੍ਰ: ਅਵਤਾਰ ਸਿੰਘ ਕਰੀਮਪੁਰੀ ਦੀ ਯੋਗ ਅਗਵਾਈ ਵਿੱਚ ਬਸਪਾ ਵਰਕਰਾਂ ਵੱਲੋਂ ਸਮੁੱਚੇ ਪੰਜਾਬ ਵਿੱਚ ਭਾਰਤ ਰਤਨ ਤੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਨ ਬੜੀ ਸ਼ਰਧਾ ਪੂਰਵਕ ਮਨਾਇਆ ਗਿਆ।ਇਸੇ ਲੜੀ ਤਹਿਤ ਅੱਜ ਡੀ ਸੀ ਦਫਤਰ ਸਾਹਮਣੇ ਸਥਿੱਤ ਅੰਬੇਡਕਰ ਪਾਰਕ ਸ਼੍ਰੀ ਮੁਕਤਸਰ ਸਾਹਿਬ ਵਿਖੇ ਵੀ ਜ਼ਿਲ੍ਹਾ ਪ੍ਰਧਾਨ ਬਸਪਾ ਸ੍ਰ: ਬਲਕਾਰ ਸਿੰਘ ਲੱਖੇਵਾਲੀ ਦੀ ਅਗਵਾਈ ਹੇਠ ਬਾਬਾ ਸਾਹਿਬ ਜੀ ਦਾ ਜਨਮ ਦਿਨ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਭੈਣ ਸ਼੍ਰੀਮਤੀ ਸੀਲਾ ਰਾਣੀ ਸੂਬਾ ਸਕੱਤਰ ਬਸਪਾ ਪੰਜਾਬ ਵਿਸ਼ੇਸ਼ ਤੌਰ 'ਤੇ ਪਹੁੰਚੇ ਅਤੇ ਕੇਕ ਕੱਟਣ ਦੀ ਰਸਮ ਨੂੰ ਅਦਾ ਕੀਤਾ।ਇਸ ਮੌਕੇ ਜ਼ਿਲ੍ਹੇ ਦੇ ਸੀਨੀਅਰ ਆਗੂ ਸ੍ਰ: ਗੁਰਦਾਸ ਸਿੰਘ ਮਰਾੜ੍ਹ, ਚਿੰਤਰਾਮ ਨਾਹਰ ਤੇ ਜ਼ਿਲ੍ਹਾ ਇੰਚਾਰਜ ਸ੍ਰੀ ਚੰਦ ਜੀ, ਰਜਿੰਦਰ ਸਿੰਘ, ਜਗਦੇਵ ਅਲਾਰਮ ਨੇ ਵੀ ਬਾਬਾ ਸਾਹਿਬ ਜੀ ਦੀ ਜੀਵਨੀ 'ਤੇ ਚਾਨਣਾ ਪਾਇਆ ਅਤੇ ਵਧਾਈ ਦਿੱਤੀ।

ਇਸ ਤੋਂ ਇਲਾਵਾ ਹਲਕਾ ਪ੍ਰਧਾਨ ਅਨਿਲ ਕੁਮਾਰ ਮਲੋਟ, ਰਣਧੀਰ ਸਿੰਘ ਗਿੱਦੜਬਾਹਾ, ਹਰਜਿੰਦਰ ਸਿੰਘ ਭੰਗਚੜੀ ਮੀਡੀਆ ਸਲਾਹਕਾਰ, ਸੀਨੀਅਰ ਆਗੂ ਜੁਗਰਾਜ ਸਿੰਘ ਰੁਪਾਣਾ, ਪ੍ਰਦੀਪ ਕੁਮਾਰ ਹਲਕਾ ਇੰਚਾਰਜ, ਅਮਰਜੀਤ ਸਿੰਘ ਇੰਚਾਰਜ ਲੰਬੀ, ਸੁਖਦੇਵ ਸਿੰਘ ਪਨੀਵਾਲਾ, ਗੁਰਦੇਵ ਸਿੰਘ ਬਰੀਵਾਲਾ, ਸੀਨੀਅਰ ਆਗੂ ਸੁੰਦਰ ਲਾਲ ਜਾਂਟੀਵਾਲ, ਸੋਨੂੰ ਦੈਂਤਵਾਲ ਬੂਟਾ ਸਿੰਘ ਰੁਪਾਣਾ, ਰਜਿੰਦਰ ਸਿੰਘ ਲੱਕੜਵਾਲਾ, ਕੁਲਦੀਪ ਸਿੰਘ ਪਨੀਵਾਲਾ, ਗੋਰਾ ਸਿੰਘ ਲੱਕੜਵਾਲਾ, ਬੱਗਾ ਸਿੰਘ ਲੱਕੜਵਾਲਾ, ਮਾਸਟਰ ਰਾਜ ਕੁਮਾਰ, ਕਰਤਾਰ ਸਿੰਘ ਲੱਖੇਵਾਲੀ, ਗਵਾਰਾ ਸਿੰਘ ਲੱਖੇਵਾਲੀ, ਗੁਲਸ਼ਨ ਸਿੰਘ ਲੱਖੇਵਾਲੀ, ਅਮਰ ਚੰਦ ਲੱਖੇਵਾਲੀ, ਬੋਹੜ ਸਿੰਘ ਹਰਾਜ, ਇੱਕਬਾਲ ਸਿੰਘ ਜੰਡੋਕੇ, ਜਗਜੀਤ ਸਿੰਘ ਸੈਕਟਰੀ, ਨਿੱਕੂ ਰਾਮ, ਹਾਕਮ ਸਿੰਘ, ਮਨਜੀਤ ਕੌਰ, ਸੀਮਾਂ ਰਾਣੀ ਤੋਂ ਇਲਾਵਾ ਭਾਰੀ ਗਿਣਤੀ ਔਰਤਾਂ ਆਦਿ ਹਾਜ਼ਰ ਹੋਈਆਂ।

## ਵਿਧਾਇਕ ਦੇਵ ਮਾਨ ਵੱਲੋਂ ਕਕਰਾਲਾ ਸਕੂਲ 'ਚ ਸਾਇੰਸ ਲੈਬ ਦਾ ਉਦਘਾਟਨ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਸਰਕਾਰ ਵੱਲੋਂ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਸਕੂਲਾਂ ਵਿੱਚ ਲਗਾਤਾਰ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ, ਜਿਸ ਤਹਿਤ ਨਵੀਆਂ ਸਾਇੰਸ ਲੈਬਾਂ ਤੇ ਨਵੇਂ ਕਮਰੇ ਬਣਾਏ ਜਾ ਰਹੇ ਹਨ।ਇਸ ਲੜੀ ਤਹਿਤ ਹਲਕਾ ਨਾਭਾ ਦੇ ਪਿੰਡ ਕਕਰਾਲਾ ਦੇ ਸੀਨੀਅਰ ਸੈਕੰਡਰੀ ਸਕੂਲ ਵਿਖੇ ਸਾਇੰਸ ਲੈਬ 14 ਲੱਖ ਰੁਪਏ ਦੀ ਲਾਗਤ ਤੇ ਚਾਰਦੀਵਾਰੀ 3 ਲੱਖ ਦੀ ਲਾਗਤ ਨਾਲ ਹੋਏ ਕੰਮਾਂ ਦਾ ਪੂਰਾ ਹੋਣ ਉਪਰੰਤ ਉਦਘਾਟਨ ਕੀਤਾ ਗਿਆ ਹੈ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਵਿਧਾਨ ਸਭਾ ਨਾਭਾ ਤੋਂ ਆਮ ਆਦਮੀ ਪਾਰਟੀ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਨੇ ਕੀਤਾ।ਉਨ੍ਹਾਂ ਦੱਸਿਆ ਕਿ ਹਲਕਾ ਨਾਭਾ ਦੇ ਵੱਖ ਵੱਖ ਸਕੂਲਾਂ ਵਿੱਚ ਲਗਾਤਾਰ ਵਿਕਾਸ ਦੇ ਕੰਮ ਚੱਲ ਰਹੇ ਹਨ ਤੇ ਪੰਜਾਬ ਦੇ ਹਰਮਨ ਪਿਆਰੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਲਗਾਤਾਰ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਸਕੂਲਾਂ ਨੂੰ ਅੱਗੇ ਲਿਜਾਇਆ ਜਾ ਰਿਹਾ ਹੈ ਅਤੇ ਉਨ੍ਹਾਂ ਵੱਲੋਂ ਸਿੱਖਿਆ ਦੇ ਪੱਧਰ ਨੂੰ ਉੱਚਾ ਚੁੱਕਿਆ ਜਾ ਰਿਹਾ ਹੈ ਤਾਂ ਕਿ ਬੱਚੇ ਪੜ੍ਹ ਲਿਖ ਕੇ ਅੱਗੇ ਵੱਧ ਸਕਣ, ਕਿਉਂਕਿ ਇਹ ਬੱਚੇ ਸਾਡੇ ਦੇਸ਼ ਦਾ ਭਵਿੱਖ ਹਨ।ਇਸ ਮੌਕੇ ਪਿੰਡ ਦੀ ਪੰਚਾਇਤ ਤੇ ਸਕੂਲ ਸਟਾਫ ਵੱਲੋਂ ਵਿਧਾਇਕ ਦੇਵ ਮਾਨ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਉਨ੍ਹਾਂ ਨਾਲ ਸੰਜੀਵ ਕੁਮਾਰ ਡੀ ਈ ਓ ਸੀਨੀਅਰ ਸੈਕੰਡਰੀ, ਸਨੇਹ ਲਤਾ ਸਕੂਲ ਪ੍ਰਿੰਸੀਪਲ, ਰਾਮ ਕ੍ਰਿਸ਼ਨ ਕੋਆਰਡੀਨੇਟਰ, ਭੁਪਿੰਦਰ ਸਿੰਘ ਸਰਪੰਚ, ਵਰਿੰਦਰ ਸਿੰਘ, ਹਰਜੀਤ ਸਿੰਘ ਗਿੱਲ ਚੇਅਰਮੈਨ ਸਕੂਲ ਮੈਨੇਜਮੈਂਟ ਕਮੇਟੀ, ਰਾਜਵਿੰਦਰ ਸਿੰਘ ਰਾਜੂ, ਤੇਜਿੰਦਰ ਸਿੰਘ ਖਹਿਰਾ, ਕਪਿਲ ਮਾਨ, ਨਵਜੋਤ ਸਿੰਘ ਪੂਨੀਆ, ਅਮਨਦੀਪ ਸਿੰਘ ਬਿੱਲਾ ਪ੍ਰਧਾਨ ਸਰਪੰਚ ਯੂਨੀਅਨ, ਚਮਕੌਰ ਸਿੰਘ ਚੌਂਕੀ ਇੰਚਾਰਜ, ਮਨਜੋਤ ਸਿੰਘ ਲੱਧਾਹੇੜੀ, ਜਸਵੀਰ ਸਿੰਘ ਵਜੀਦਪੁਰ, ਭੁਪਿੰਦਰ ਸਿੰਘ ਕੱਲਰ ਮਾਜਰੀ, ਮੇਜਰ ਸਿੰਘ ਤੁੰਗਾਂ ਬਲਾਕ ਪ੍ਰਧਾਨ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਤੇ ਪਿੰਡ ਵਾਸੀ ਮੌਜੂਦ ਸਨ।

## ਗੁਰੂ ਹਰਿਗੋਬਿੰਦ ਪਬਲਿਕ ਸਕੂਲ ਦੱਧਾਹੂਰ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰੂ ਹਰਿਗੋਬਿੰਦ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਗੋਬਿੰਦਗੜ੍ਹ-ਦੱਧਾਹੂਰ ਵਿਖੇ ਵਿਸਾਖੀ ਦਾ ਤਿਉਹਾਰ ਧੂਮਧਾਮ ਨਾਲ ਮਨਾਇਆ ਗਿਆ। ਸੰਸਥਾ ਦੇ ਡਾਇਰੈਕਟਰ ਮਨਜੀਤ ਸਿੰਘ ਤੂਰ ਤੇ ਪ੍ਰਿੰਸੀਪਲ ਸ਼੍ਰੀਮਤੀ ਪ੍ਰਿਤਪਾਲ ਕੌਰ ਨੇ ਬੱਚਿਆਂ ਨੂੰ ਵਿਸਾਖੀ ਦੇ ਸੱਭਿਆਚਾਰਿਕ ਤੇ ਧਾਰਮਿਕ ਪੱਖ ਤੋਂ ਜਾਣੂ ਕਰਵਾਇਆ। ਇਸ ਤੋਂ ਇਲਾਵਾ ਬੱਚਿਆਂ ਵੱਲੋਂ ਸੱਭਿਆਚਾਰਕ ਪ੍ਰੋਗਰਾਮ ਗਿੱਧਾ, ਭੰਗੜਾ ਪੇਸ਼ ਕੀਤਾ ਗਿਆ।ਮੈਡਮ ਮਨਪ੍ਰੀਤ ਕੌਰ ਨੇ ਬੱਚਿਆਂ ਨਾਲ ਖਾਲਸਾ ਸਾਜਨਾ ਦਿਵਸ ਨਾਲ ਸਬੰਧਿਤ ਵਿਚਾਰ ਸਾਂਝੇ ਕੀਤੇ।ਪ੍ਰੋਗਰਾਮ ਤੋਂ ਉਪਰੰਤ ਬੱਚਿਆਂ ਨੂੰ ਖੇਤ ਵਿੱਚ ਲਿਜਾ ਕੇ ਉਨ੍ਹਾਂ ਨੂੰ ਹਾੜ੍ਹੀ ਦੀ ਫ਼ਸਲ ਦੀ ਕਟਾਈ ਸਬੰਧੀ ਜਾਣਕਾਰੀ ਦਿੱਤੀ।ਇਸ ਮੌਕੇ ਸਮੂਹ ਸਟਾਫ਼ ਬਲਵੀਰ ਕੌਰ, ਜੱਗਪ੍ਰੀਤ ਕੌਰ, ਰਾਜਵੀਰ ਕੌਰ, ਮਨਪ੍ਰੀਤ ਕੌਰ, ਹਰਮਨਜੀਤ ਕੌਰ, ਕਿਰਨਜੀਤ ਕੌਰ, ਜਸਵੀਰ ਕੌਰ, ਪਰਦੀਪ ਕੌਰ, ਸੁਖਪ੍ਰੀਤ ਕੌਰ, ਕੁਲਦੀਪ ਕੌਰ, ਸਵਰਨਪ੍ਰੀਤ ਕੌਰ, ਰਾਜਵਿੰਦਰ ਕੌਰ, ਅਮਨਦੀਪ ਕੌਰ, ਅਨੂ ਵਰਮਾ, ਜਸਮੇਲ ਕੌਰ, ਸ੍ਰੇਆ ਜੈਨ, ਜਸਵੀਰ ਕੌਰ, ਹਰਕਰਨ ਸਿੰਘ ਆਦਿ ਸ਼ਾਮਲ ਸਨ।

## ਕੇਸਾਧਾਰੀ ਬੱਚਿਆਂ ਦਾ ਕੀਤਾ ਸਨਮਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗੁਰਦੁਆਰਾ ਸੋਹੀਸਰ ਸਾਹਿਬ ਪਿੰਡ ਕ੍ਰਿਪਾਲ ਸਿੰਘ ਵਾਲਾ ਵਿਖੇ ਖ਼ਾਲਸਾ ਸਾਜਨਾ ਦਿਵਸ ਸਮੂਹ ਸੰਗਤਾਂ ਦੇ ਸਹਿਯੋਗ ਸਦਕਾ ਸ਼ਰਧਾਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ ਸੀਨੀਅਰ ਕਾਂਗਰਸੀ ਆਗੂ ਗੁਰਮੇਲ ਸਿੰਘ ਮੌੜ ਨੇ ਸਮੂਹ ਸੰਗਤਾਂ ਨੂੰ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੰਦਿਆਂ ਨੌਜਵਾਨ ਵਰਗ ਨੂੰ ਗੁਰੂ ਸਾਹਿਬਾਨ ਦੀਆਂ ਸਿੱਖਿਆਵਾਂ ਅਨੁਸਾਰ ਸਮਾਜਿਕ ਅਲਾਮਤਾਂ ਦੇ ਖਾਤਮੇ ਲਈ ਇਕਜੁੱਟ ਹੋਣ ਦੀ ਅਪੀਲ ਕੀਤੀ।ਹੈੱਡ ਗ੍ਰੰਥੀ ਭਾਈ ਸੁਖਵਿੰਦਰ ਸਿੰਘ ਖ਼ਾਲਸਾ ਨੇ ਖ਼ਾਲਸਾ ਸਾਜਨਾ ਦਿਵਸ ਵਿਸਾਖੀ ਦੇ ਇਤਿਹਾਸ ਬਾਰੇ ਵਿਸਥਾਰਪੂਰਵਕ ਚਾਨਣਾ ਪਾਇਆ।ਇਸ ਮੌਕੇ ਗੁਰਦੁਆਰਾ ਕਮੇਟੀ ਦੀ ਅਗਵਾਈ ਹੇਠ ਕੇਸਾਧਾਰੀ ਬੱਚਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਪ੍ਰਧਾਨ ਅਤਵਾਰ ਸਿੰਘ, ਖਜ਼ਾਨਚੀ ਰਾਜੂ ਸਿੰਘ, ਗੁਰਦੇਵ ਸਿੰਘ, ਗੋਰਾ ਸਿੰਘ, ਪਰਵਿੰਦਰ ਸਿੰਘ ਮੈਂਬਰ, ਜੀਤ ਸਿੰਘ, ਰਾਮ ਸਿੰਘ, ਜਰਨੈਲ ਸਿੰਘ ਫੌਜੀ ਆਦਿ ਹਾਜ਼ਰ ਸਨ।

...ਸਫ਼ਾ 1 ਦੇ ਬਾਕੀ

### ਸੰਗਰਾਮ ਦੀ ਸਰਗਮ ਨੂੰ ਨਵੀਂ ਜੁੰਬਸ਼...

ਰਾਜਾ ਰਾਮ ਸਿੰਘ, ਕੁਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਰਾਜਨ ਸਾਗਰ, ਪ੍ਰਸਿੱਧ ਕਿਸਾਨ ਆਗੂ ਰਾਕੇਸ਼ ਟਿਕੈਤ, ਬਲਦੇਵ ਸਿੰਘ ਨਿਹਾਲਗੜ੍ਹ, ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪੇਰੀਆਸਾਮੀ, ਰਾਜ ਸਭਾ ਮੈਂਬਰ ਸੰਤੋਸ਼, ਕਿਸਾਨ ਆਗੂ ਤਾਰਾ ਸਿੰਘ ਸਿੱਧੂ, ਨੈਸ਼ਨਲ ਫੈਡਰੇਸ਼ਨ ਆਫ ਇੰਡੀਅਨ ਵੋਮੈਨ ਦੀ ਜਨਰਲ ਸਕੱਤਰ ਨਿਸ਼ਾ ਸਿੱਧੂ, ਨੌਜਵਾਨ ਆਗੂ ਤਿਰੁਮਲਈ ਆਦਿ ਆਗੂ ਪ੍ਰਧਾਨਗੀ ਮੰਡਲ ਵਿੱਚ ਬੈਠੇ।

ਇਸ ਦੌਰਾਨ ਕਿਸਾਨ ਆਗੂ ਕੇ ਡੀ ਸਿੰਘ ਨੇ ਪਿਛਲੇ ਸਮੇਂ ਵਿੱਚ ਵਿਛੋੜਾ ਦੇ ਗਏ ਆਗੂਆਂ ਬਾਰੇ ਸੰਖੇਪ ਜਾਣਕਾਰੀ ਦੇਣ ਉਪਰੰਤ ਹਾਊਸ ਨੂੰ ਖੜੇ ਹੋ ਕੇ ਦੋ ਮਿੰਟ ਦਾ ਮੌਨ ਧਾਰ ਕੇ ਸ਼ਰਧਾਂਜਲੀ ਭੇਟ ਕਰਨ ਲਈ ਕਿਹਾ। ਵਿੱਛੜ ਚੁੱਕੇ ਆਗੂਆਂ, ਜਿਨ੍ਹਾਂ ਆਗੂਆਂ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ, ਉਨ੍ਹਾਂ ਵਿੱਚ ਕਿਸਾਨ ਆਗੂ ਅਤੁਲ ਕੁਮਾਰ ਅਨਜਾਨ, ਪ੍ਰਮੋਦ ਪੰਡਾ ਅਤੇ ਸੀ ਕੇ ਚੰਦਰਨ ਸ਼ਾਮਲ ਹਨ। ਕਾਨਫਰੰਸ ਦੀ ਸਵਾਗਤੀ ਕਮੇਟੀ ਵੱਲੋਂ ਮੈਂਬਰ ਪਾਰਲੀਮੈਂਟ ਸਿਲਵਰਾਜਨ ਵੱਲੋਂ ਸਭ ਦਾ ਸਵਾਗਤ ਕੀਤਾ ਗਿਆ। ਕੇਰਲਾ ਦੇ ਖੇਤੀ ਮੰਤਰੀ ਪੀ. ਪ੍ਰਸਾਦ ਨੇ ਆਪਣੀ ਉਦਘਾਟਨੀ ਤਕਰੀਰ ਵਿੱਚ ਕਿਹਾ ਕਿ ਸਵਾਮੀ ਸਹਿਜਾਨੰਦ ਵਰਗੇ ਆਗੂਆਂ ਨੇ ਕੁਲ ਹਿੰਦ ਕਿਸਾਨ ਸਭਾ ਰੂਪੀ ਪੌਦਾ ਲਾਇਆ ਸੀ, ਜੋ 30ਵੀਂ ਕਾਨਫਰੰਸ ਤੱਕ ਪਹੁੰਚਦਿਆਂ ਵੱਡਾ ਦਰੱਖਤ ਬਣ ਗਿਆ ਹੈ। ਇਸ ਦਰੱਖਤ ਨੂੰ ਵੱਢਣ ਜਾਂ ਪੁੱਟਣ ਲਈ ਆਰ ਐੱਸ ਐੱਸ ਵਰਗੀਆਂ ਤਾਕਤਾਂ ਆਰੇ ਅਤੇ ਕੁਹਾੜੇ ਲੈ ਕੇ ਖੜ੍ਹੀਆਂ ਹਨ। ਇਨ੍ਹਾਂ ਤਾਕਤਾਂ ਤੋਂ ਜਿੱਥੇ ਸਾਵਧਾਨ ਰਹਿਣ ਦੀ ਜ਼ਰੂਰਤ ਹੈ, ਉੱਥੇ ਕਿਸਾਨ ਸਭਾ ਦੀ ਤਾਕਤ ਨੂੰ ਮਜ਼ਬੂਤ ਕਰਨ ਦੀ ਵੱਡੀ ਲੋੜ ਹੈ। ਉਨ੍ਹਾ ਕਿ ਕਿਹਾ ਕਿ ਅੱਜ ਸਵਾਲ ਜਿੱਥੇ ਘੱਟੋ-ਘੱਟ ਕੀਮਤ ਦੀ ਗਰੰਟੀ ਦਾ ਹੈ, ਉੱਥੇ ਜਮਹੂਰੀਅਤ ਨੂੰ ਬਚਾਉਣ ਦਾ ਵੀ ਹੈ। ਉਨ੍ਹਾ ਭਾਜਪਾ ਦੇ 'ਸਭ ਕਾ ਸਾਥ, ਸਭ ਕਾ ਵਿਕਾਸ' ਨਾਹਰੇ ਨੂੰ ਗੁਮਰਾਹਕੁੰਨ ਦੱਸਿਆ। ਕੇਰਲਾ ਸਰਕਾਰ ਦੇ ਮੰਤਰੀ ਨੇ ਉੱਥੋਂ ਦੀ ਸਰਕਾਰ ਵੱਲੋਂ ਖੇਤੀ ਖੇਤਰ ਦੇ ਵਿਕਾਸ ਵਿੱਚ ਨਿਭਾਈ ਜਾ ਰਹੀ ਸਾਰਥਿਕ ਭੂਮਿਕਾ ਦਾ ਵੀ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ। ਸੰਯੁਕਤ ਕਿਸਾਨ ਮੋਰਚਾ ਦੇ ਆਗੂ ਰਾਕੇਸ਼ ਟਿਕੈਤ ਨੇ ਕਿਸਾਨਾਂ ਨੂੰ ਸਾਵਧਾਨ ਰਹਿਣ ਤੇ ਤਾਕਤ ਨੂੰ ਹੋਰ ਵਧਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਕਿਸਾਨੀ ਸੰਘਰਸ਼ ਨੂੰ ਕਮਜ਼ੋਰ ਕਰਨ ਲਈ ਸਰਕਾਰੀ ਸੰਗਠਨ ਬਣਾਏ ਜਾ ਰਹੇ ਹਨ। ਉਨ੍ਹਾ ਕਿਹਾ ਕਿ ਜੇਕਰ ਕਿਸਾਨੀ ਤਾਕਤ ਮਜ਼ਬੂਤ ਹੈ ਤਾਂ ਦੇਸ਼ ਵੀ ਮਜ਼ਬੂਤ ਹੋਵੇਗਾ। ਉਨ੍ਹਾ ਕਿਹਾ ਕਿ ਜੋ ਦਿੱਲੀ ਦੀਆਂ ਬਰੂਹਾਂ 'ਤੇ ਸੰਘਰਸ਼ ਕੀਤਾ ਗਿਆ ਸੀ, ਉਹੋ ਜਿਹੇ ਸੰਘਰਸ਼ ਦੀ ਦੁਬਾਰਾ ਲੋੜ ਹੈ। ਟਿਕੈਤ ਨੇ ਆਪਣੀ ਤਕਰੀਰ ਦੀ ਸਮਾਪਤੀ 'ਤੇ ਜੈ ਹਿੰਦ ਦੇ ਨਾਹਰੇ ਨਾਲ ਵਾਹਿਗੁਰੂ ਜੀ ਕੀ ਫ਼ਤਿਹ ਦਾ ਜੈਕਾਰਾ ਵੀ ਬੁਲਾਇਆ।ਕੁਲ ਹਿੰਦ ਕਿਸਾਨ ਸਭਾ ਦੇ ਪ੍ਰਧਾਨ ਰਾਜਨ ਸਾਗਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਅਸੀਂ ਇਸ ਕਾਨਫਰੰਸ ਵਿੱਚੋਂ ਜੋਸ਼ ਨਾਲ ਉਭਾਰਾਂਗੇ। ਉਨ੍ਹਾ ਕਿਹਾ ਕਿ ਆਰ ਐੱਸ ਐੱਸ ਵੱਲੋਂ ਗੰਗਾ-ਜਮਨੀ ਤਹਿਜ਼ੀਬ ਨੂੰ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ, ਪਰ ਅਸੀਂ ਇਹ ਕੁਝ ਹੋਣ ਨਹੀਂ ਦਿਆਂਗਾ। ਸੀ ਪੀ ਆਈ (ਐੱਮ) ਨਾਲ ਸੰਬੰਧਤ ਕਿਸਾਨ ਸਭਾ ਦੇ ਆਗੂ ਬੀ ਜੂ ਕ੍ਰਿਸ਼ਨਨ ਨੇ ਵੀ ਕਾਨਫਰੰਸ ਨੂੰ ਸੰਬੋਧਨ ਕੀਤਾ। ਕਾਨਫਰੰਸ ਦੇ ਅਗਲੇ ਸੈਸ਼ਨ ਵਿੱਚ ਕੁਲ ਹਿੰਦ ਕਿਸਾਨ ਸਭਾ ਦੇ ਕੌਮੀ ਪ੍ਰਧਾਨ ਰਾਜਨ ਸਾਗਰ ਨੇ ਡੈਲੀਗੇਟਾਂ ਅੱਗੇ ਰਿਪੋਰਟ ਪੇਸ਼ ਕੀਤੀ। ਇਸ ਤੋਂ ਪਹਿਲਾ ਝੰਡਾ ਲਹਿਰਾਉਣ ਦੀ ਰਸਮ ਨਿਭਾਉਣ ਵਾਲੇ ਪ੍ਰਸਿੱਧ ਕਿਸਾਨ ਆਗੂ ਤਾਰਾ ਸਿੰਘ ਸਿੱਧੂ ਨੇ ਵੀ ਡੈਲੀਗੇਟਾਂ ਨੂੰ ਸੰਬੋਧਨ ਕੀਤਾ।

### 'ਆਪ' ਦਾ ਕਾਂਗਰਸ...

ਜਾਣਕਾਰੀ ਪੰਜਾਬ ਸਰਕਾਰ ਜਾਂ ਪੁਲਸ ਨਾਲ ਸਾਂਝੀ ਕਰਨੀ ਚਾਹੀਦੀ ਹੈ, ਕਿਉਂਕਿ ਇਹ ਪੰਜਾਬ ਦੀ ਸੁਰੱਖਿਆ ਨਾਲ ਜੁੜਿਆ ਹੋਇਆ ਮਾਮਲਾ ਹੈ। ਬਾਜਵਾ ਹੁਣ ਇਸ ਗੱਲ ਨੂੰ ਜਾਂ ਤਾਂ ਕਿਸੇ ਤਣ-ਪੱਤਣ ਲਾਉਣ ਜਾਂ ਜਨਤਕ ਤੌਰ 'ਤੇ ਮੁਆਫੀ ਮੰਗਣ ਕਿ ਉਨ੍ਹਾ ਕੋਲੋਂ ਜਲਦਬਾਜ਼ੀ ਵਿੱਚ ਗਲਤੀ ਹੋ ਗਈ ਹੈ।

## ਸ਼ਹੀਦ ਬਾਬਾ ਦੀਪ ਸਿੰਘ ਪਬਲਿਕ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਨੇੜਲੇ ਪਿੰਡ ਜਖੇਪਲ ਦੇ ਸ਼ਹੀਦ ਬਾਬਾ ਦੀਪ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਵਿਸਾਖੀ ਦਾ ਤਿਉਹਾਰ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਦੌਰਾਨ ਪੰਜਾਬੀ ਪਹਿਰਾਵੇ ਵਿੱਚ ਆਏ ਜੂਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਪੰਜਾਬੀ ਗੀਤ ਦੇ ਭੰਗੜੇ ਦੀ ਪੇਸ਼ਕਾਰੀ ਕੀਤੀ ਤੇ ਸੀਨੀਅਰ ਵਿੰਗ ਦੇ ਵਿਦਿਆਰਥੀਆਂ ਨੇ ਵੀ ਪੰਜਾਬੀ ਲੋਕ ਨਾਚ ਭੰਗੜੇ ਦੀ ਖੂਬਸੂਰਤ ਪੇਸ਼ਕਾਰੀ ਕੀਤੀ। ਇਸ ਸਮੇਂ ਸਕੂਲ ਪ੍ਰਿੰਸੀਪਲ ਮਮਤਾ ਗੱਖੜ ਤੇ ਮੈਨੇਜਿੰਗ ਡਾਇਰੈਕਟਰ ਹਰੀਸ਼ ਗੱਖੜ ਨੇ ਹਾਜ਼ਰੀਨ ਵਿਦਿਆਰਥੀਆਂ ਤੇ ਸਟਾਫ ਮੈਂਬਰਾਂ ਨੂੰ ਵਿਸਾਖੀ ਦੇ ਤਿਉਹਾਰ ਦੀ ਵਧਾਈ ਦਿੱਤੀ ਅਤੇ ਆਖਿਆ ਕਿ ਇਹ ਤਿਉਹਾਰ ਸਾਡੇ ਸੱਭਿਆਚਾਰ, ਧਰਮ ਤੇ ਕਿਸਾਨੀ ਨਾਲ ਸਬੰਧਤ ਹੈ ਅਤੇ ਧਾਰਮਿਕ ਸੰਸਕ੍ਰਿਤੀ ਦਾ ਪ੍ਰਤੀਕ ਹੈ ਤੇ ਸਾਨੂੰ ਆਪਣੇ ਸੱਭਿਆਚਾਰ ਪ੍ਰਤੀ ਸੰਜੀਦਾ ਰਹਿਣ ਲਈ ਪ੍ਰੇਰਿਤ ਕੀਤਾ ਅਤੇ ਵਿਸਾਖੀ ਦੇ ਤਿਉਹਾਰ ਦੀ ਮਹੱਤਤਾ 'ਤੇ ਚਾਨਣਾ ਪਾਇਆ।ਇਸ ਦੌਰਾਨ ਵਿਸਾਖੀ ਦੇ ਤਿਉਹਾਰ ਦੇ ਮੱਦੇਨਜ਼ਰ ਅਧਿਆਪਕਾਂ ਤੇ ਬੱਚਿਆਂ ਵੱਲੋਂ ਤਿਉਹਾਰ ਦੀ ਸਫਲਤਾ ਲਈ ਕੀਤੀ ਗਈ ਤਿਆਰੀ ਤੇ ਸਜਾਵਟ ਦੀ ਤਸਵੀਰ ਦੇਖਣ ਨੂੰ ਮਿਲੀ।

### ਬੰਬਾਂ ਦੀ ਕਹਾਣੀ ਘੜ...

ਸਿਆਸੀ ਲੀਡਰਾਂ ਨੂੰ ਇਹ ਹਜ਼ਮ ਨਹੀਂ ਹੋ ਰਿਹਾ, ਜਿਸ ਕਰਕੇ ਉਹ ਵਾਰ-ਵਾਰ ਉਹਨਾ ਖਿਲਾਫ਼ ਜ਼ਹਿਰ ਉਗਲ ਰਹੇ ਹਨ।

ਮੁੱਖ ਮੰਤਰੀ ਨੇ ਕਿਹਾ ਕਿ ਸੁਖਬੀਰ ਬਾਦਲ ਸਿਆਸੀ ਤੌਰ ਉਤੇ ਨਾਕਾਮ ਹੋ ਚੁੱਕਾ ਸਿਆਸਤਦਾਨ ਹੈ, ਜੋ ਆਪਣੇ ਬੱਜਰ ਗੁਨਾਹਾਂ ਦੀ ਸਜ਼ਾ ਭੁਗਤ ਰਿਹਾ ਹੈ। ਉਹਨਾ ਕਿਹਾ ਕਿ ਕਾਂਗਰਸ ਪਾਟੋਧਾੜ ਦਾ ਸ਼ਿਕਾਰ ਹੋ ਚੁੱਕੀ ਹੈ, ਜਿਸ ਕਰਕੇ ਇਸ ਦੇ ਲੀਡਰ ਇਕ-ਦੂਜੇ ਦੇ ਖਿਲਾਫ ਦੋਸ਼ ਮੜ੍ਹ ਰਹੇ ਹਨ।

ਮਾਨ ਨੇ ਸੰਗਰੂਰ 'ਚ ਜ਼ਿਲ੍ਹਾ ਸਿੱਖਿਆ ਤੇ ਸਿਖਲਾਈ ਸੰਸਥਾ (ਡਾਇਟ) ਦਾ ਨਵਾਂ ਬਣਿਆ ਆਡੀਟੋਰੀਅਮ ਲੋਕਾਂ ਨੂੰ ਸਮਰਪਿਤ ਕਰਨ ਮਗਰੋਂ ਇਕੱਠ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਖਿੱਤੇ ਵਿੱਚ ਐਲੀਮੈਂਟਰੀ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਈ ਇਹ ਮਿਆਰੀ ਸੰਸਥਾ ਅਹਿਮ ਭੂਮਿਕਾ ਨਿਭਾ ਰਹੀ ਹੈ। ਉਨ੍ਹਾ ਕਿਹਾ ਕਿ 1993 ਵਿੱਚ ਸੰਗਰੂਰ ਵਿੱਚ ਸਥਾਪਤ ਡਾਇਟ ਨੇ ਨੌਜਵਾਨਾਂ ਲਈ ਰੁਜ਼ਗਾਰ ਦੇ ਨਵੇਂ ਮੌਕੇ ਖੋਲ੍ਹਣ ਵਿੱਚ ਮੁੱਖ ਭੂਮਿਕਾ ਨਿਭਾਈ। ਮਾਨ ਨੇ ਕਿਹਾ ਕਿ ਇੰਜੀਨੀਅਰਿੰਗ ਦਾ ਉੱਤਮ ਨਮੂਨਾ ਇਸ 400 ਸੀਟਾਂ ਦੇ ਅਤਿ-ਆਧੁਨਿਕ ਆਡੀਟੋਰੀਅਮ ਦੇ ਨਿਰਮਾਣ ਉਤੇ 4.16 ਕਰੋੜ ਰੁਪਏ ਦੀ ਲਾਗਤ ਆਈ ਹੈ। ਇਹ ਆਡੀਟੋਰੀਅਮ ਪ੍ਰਾਜੈਕਟਰਾਂ, ਏਅਰ ਕੰਡੀਸ਼ਨਰ ਤੇ ਹੋਰ ਤਕਨੀਕਾਂ ਸਮੇਤ ਆਧੁਨਿਕ ਤਕਨੀਕੀ ਉਪਕਰਨਾਂ ਨਾਲ ਲੈਸ ਹੈ।

### ਸੀ ਪੀ ਆਈ ਦੀ 25ਵੀਂ ...

ਜਾਏਗੀ।ਉਨ੍ਹਾ ਕਿਹਾ, 'ਪੰਜਾਬ ਦੀ ਖੁੱਲ੍ਹੇ ਦਿਲ ਨਾਲ ਮਹਿਮਾਨਾਂ ਦਾ ਸਵਾਗਤ ਕਰਨ ਦੀ ਮਹਾਨ ਪਰੰਪਰਾ ਹੈ। ਅਸੀਂ ਪੰਜਾਬ ਦੇ ਲੋਕਾਂ ਨੂੰ ਖੁੱਲ੍ਹੇ ਦਿਲ ਨਾਲ ਮਹਿਮਾਨਾਂ ਦਾ ਸਵਾਗਤ ਕਰਨ ਅਤੇ ਕਾਂਗਰਸ ਵਿੱਚ ਦੂਰੋਂ ਆਏ ਡੈਲੀਗੇਟਾਂ ਲਈ ਆਰਾਮਦਾਇਕ ਠਹਿਰਾਅ ਲਈ ਦਾਨ ਕਰਨ ਦੀ ਅਪੀਲ ਕਰਦੇ ਹਾਂ।ਅਸੀਂ ਇਸ ਮੌਕੇ ਇਕ ਯਾਦਗਾਰੀ ਸੋਵੀਨਰ ਛਾਪ ਰਹੇ ਹਾਂ, ਜਿਸ ਵਿੱਚ ਦੇਸ਼ ਨੂੰ ਦਰਪੇਸ਼ ਸਮੱਸਿਆਵਾਂ ਦਾ ਵਿਸ਼ਲੇਸ਼ਣ ਕਰਦੇ ਹੋਏ ਵਿਦਵਾਨਾਂ ਦੇ ਲੇਖ ਛਾਪੇ ਜਾਣਗੇ।'

## ਮੰਡੀ ਦੇ ਪ੍ਰਧਾਨ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ 'ਚ ਵਿਵਾਦ ਸੁਲਝਿਆ



**ਰਾਜਪੁਰਾ (ਰਮੇਸ਼ ਕਟਾਰੀਆ)**-ਏਸ਼ੀਆ ਦੀ ਸਭ ਤੋਂ ਵੱਡੀ ਰਾਜਪੁਰਾ ਦੀ ਅਨਾਜ ਮੰਡੀ ਵਿਖੇ ਪਿਛਲੇ ਦਿਨੀਂ ਮੰਡੀ ਦੇ ਪ੍ਰਧਾਨ ਤੇ ਮਾਰਕੀਟ ਕਮੇਟੀ ਦੇ ਚੇਅਰਮੈਨ ਵਿੱਚ ਜੋ ਵਿਵਾਦ ਪੈਦਾ ਹੋ ਗਿਆ ਸੀ, ਉਹ ਅੱਜ ਹਲਕਾ ਵਿਧਾਇਕ ਤੇ ਐੱਸ ਡੀ ਐੱਮ ਰਾਜਪੁਰਾ ਦੀ ਸੂਝਬੂਝ ਤੇ ਆਪਸੀ ਸਹਿਮਤੀ ਨਾਲ ਸਿਰੇ ਚੜ੍ਹਿਆ ਹੈ।ਬੀਤੇ ਐਤਵਾਰ ਨੂੰ ਮਾਰਕੀਟ ਕਮੇਟੀ ਦੇ ਚੇਅਰਮੈਨ ਸ਼੍ਰੀ ਦੀਪਕ ਸੂਦ ਨੇ ਅਚਾਨਕ ਚੈਕਿੰਗ ਦੌਰਾਨ ਮੰਡੀ ਵਿੱਚ ਆੜ੍ਹਤੀਆਂ ਵੱਲੋਂ ਚਾਰਾ ਮੰਡੀ ਦੇ ਸ਼ੈੱਡ ਹੇਠਾਂ ਕਣਕ ਰੱਖਣ ਤੇ ਤੋਲ ਤੁਲਾਈ ਨੂੰ ਦੇਖਦੇ ਹੋਏ ਆੜ੍ਹਤੀਆਂ ਨਾਲ ਵਿਵਾਦ ਪੈਦਾ ਹੋ ਗਿਆ ਸੀ ਅਤੇ ਇਹ ਵਿਵਾਦ ਗੰਭੀਰ ਰੂਪ ਧਾਰਨ ਕਰ ਗਿਆ ਸੀ।ਇੱਥੇ ਦੋਵੇਂ ਧਿਰਾਂ ਨੇ ਆਪਣੀ ਇੱਜ਼ਤ ਦਾ ਸਵਾਲ ਬਣਾ ਲਿਆ।ਮਾਮਲੇ ਨੂੰ ਖਤਮ ਹੁੰਦਾ ਨਾ ਦੇਖ ਕੇ ਚੇਅਰਮੈਨ ਮਾਰਕੀਟ ਕਮੇਟੀ ਨੇ ਮੰਡੀ ਦੇ ਪ੍ਰਧਾਨ ਦਵਿੰਦਰ ਸਿੰਘ ਬੈਦਵਾਨ ਸਮੇਤ ਟੋਟਲ ਤਿੰਨ ਆੜ੍ਹਤੀਆਂ ਦੇ ਲਾਇਸੈਂਸ ਸਸਪੈਂਡ ਕਰ ਦਿੱਤੇ, ਜਿਸ ਨੂੰ ਦੇਖਦੇ ਹੋਏ ਸਮੂਹ ਆੜ੍ਹਤੀਆਂ ਨੇ ਮਾਰਕੀਟ ਕਮੇਟੀ ਦੇ ਦਫ਼ਤਰ ਦੇ ਬਾਹਰ ਧਰਨਾ ਲਾ ਦਿੱਤਾ, ਜਿਸ 'ਤੇ ਪ੍ਰਸ਼ਾਸਨ ਤੇ ਪੰਜਾਬ ਸਰਕਾਰ ਨੂੰ ਹੱਥਾਂ ਪੈਰਾਂ ਦੀ ਪੈ ਗਈ।ਪ੍ਰਸ਼ਾਸਨ ਨੇ ਦੋਵੇਂ ਧਿਰਾਂ ਨੂੰ ਬਿਠਾ ਕੇ ਮਾਮਲਾ ਸੁਲਝਾਇਆ ਤੇ ਮੰਡੀ ਵਿੱਚ ਕਣਕ ਦੀ ਖ਼ਰੀਦ ਸੁਚਾਰੂ ਰੂਪ ਵਿੱਚ ਸ਼ੁਰੂ ਕਾਰਵਾਈ।ਇਸ ਮੌਕੇ ਪ੍ਰਸ਼ਾਸਨ ਨੇ ਦੋਵੇਂ ਧਿਰਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ।

## ਸ੍ਰੀ ਰਾਧਾ ਕੇਸ਼ਵ ਭਾਗਵਤ ਸੇਵਾ ਸਮਿਤੀ ਦੀ ਚੋਣ



**ਜਗਰਾਉਂ (ਅਮਿਤ ਖੰਨਾ)**-ਸ੍ਰੀ ਰਾਧਾ ਕੇਸ਼ਵ ਭਾਗਵਤ ਸੇਵਾ ਸਮਿਤੀ ਦੀ ਕਾਰਜਕਾਰੀ ਕਮੇਟੀ ਦੀ ਮੀਟਿੰਗ ਸ੍ਰੀ ਜਗਨ ਨਾਥ ਧਾਮ ਮੰਦਰ ਵਿਖੇ ਹੋਈ। ਇਸ ਮੀਟਿੰਗ ਵਿੱਚ ਪੁਰਾਣੀ ਟੀਮ ਨੇ ਆਪਣੀਆਂ ਪਰਿਵਾਰਕ ਮਜਬੂਰੀਆਂ ਕਾਰਨ ਅਗਲੇ ਪ੍ਰੋਗਰਾਮ ਵਿੱਚ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਅਸਮਰੱਥਾ ਪ੍ਰਗਟਾਈ। ਸਾਰਿਆਂ ਦੀ ਸਹਿਮਤੀ ਨਾਲ ਪੁਰਾਣੀ ਟੀਮ ਨੂੰ ਭੰਗ ਕਰ ਦਿੱਤਾ ਗਿਆ ਤੇ ਇੱਕ ਨਵੀਂ ਟੀਮ ਬਣਾਈ ਗਈ। ਸਾਰਿਆਂ ਦੀ ਸਹਿਮਤੀ ਨਾਲ ਸ੍ਰੀ ਧਰਮਵੀਰ ਜੀ ਨੂੰ ਚੇਅਰਮੈਨ ਤੇ ਸ੍ਰੀ ਵਿਨੋਦ ਗਰਗ ਨੂੰ ਵਾਈਸ ਚੇਅਰਮੈਨ, ਸ੍ਰੀ ਕਨ੍ਹੱਈਆ ਗੁਪਤਾ ਬਾਂਕਾ ਨੂੰ ਪ੍ਰਧਾਨ, ਸ੍ਰੀ ਨਵੀਨ ਗੁਪਤਾ ਐਡਵੋਕੇਟ ਨੂੰ ਸਕੱਤਰ ਅਤੇ ਸ੍ਰੀ ਮਨਮੋਹਨ ਸਿੰਗਲਾ ਨੂੰ ਕੈਸ਼ੀਅਰ ਨਿਯੁਕਤ ਕੀਤਾ ਗਿਆ। ਬਾਕੀ ਟੀਮ ਦੀ ਚੋਣ ਕਰਨ ਦੇ ਸਾਰੇ ਅਧਿਕਾਰ ਨਵੀਂ ਬਣੀ ਟੀਮ ਨੂੰ ਦਿੱਤੇ ਗਏ ਸਨ। ਸਾਰੇ ਮੈਂਬਰ ਪ੍ਰਭੂ ਸ੍ਰੀ ਦੇ ਚਰਨਾਂ ਵਿੱਚ ਬੈਠ ਗਏ ਤੇ ਨਵੀਂ ਬਣੀ ਟੀਮ ਨੂੰ ਹਰ ਸੰਭਵ ਸਹਾਇਤਾ ਦਾ ਭਰੋਸਾ ਦਿੱਤਾ। ਬਹੁਤ ਜਲਦੀ ਭਾਗਵਤ ਦੇ ਸਾਰੇ ਮੈਂਬਰਾਂ ਦੀ ਇੱਕ ਵੱਡੀ ਮੀਟਿੰਗ ਹੋਵੇਗੀ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by **Gurmit Singh Shugli** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar. Editor: **Chand Singh @ Chand Fatehpuri**

ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ। ਪ੍ਰਕਾਸ਼ਕ ਤੇ ਛਾਪਕ **ਗੁਰਮੀਤ ਸਿੰਘ ਸ਼ੁਗਲੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ।

**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

CMYK

## ਮਜੀਠਾ ਲੁੱਟ ਦੀ ਘਟਨਾ ਦੇ ਮੁਲਜ਼ਮ ਛੇਤੀ ਹੀ ਪੁਲਸ ਦੀ ਗ੍ਰਿਫ਼ਤ 'ਚ ਹੋਣਗੇ : ਧਾਲੀਵਾਲ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਬੀਤੀ ਰਾਤ ਮਜੀਠਾ ਵਿਖੇ ਪੈਟਰੋਲ ਪੰਪ ਲੁੱਟਣ ਮੌਕੇ ਲੁਟੇਰਿਆਂ ਵੱਲੋਂ ਚਲਾਈ ਗੋਲੀ ਕਾਰਨ ਇੱਕ ਮੁਲਾਜ਼ਮ ਦੀ ਹੋਈ ਮੌਤ ਉੱਤੇ ਦੁੱਖ ਦਾ ਇਜ਼ਹਾਰ ਕਰਦੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਕਿਹਾ ਕਿ ਪੁਲਸ ਇਸ ਘਟਨਾ ਦੇ ਦੋਸ਼ੀਆਂ ਨੂੰ ਫੜਨ ਦੇ ਬਿਲਕੁਲ ਨੇੜੇ ਹੈ ਅਤੇ ਛੇਤੀ ਹੀ ਦੋਸ਼ੀ ਪੁਲਸ ਦੀ ਗ੍ਰਿਫ਼ਤ ਵਿੱਚ ਹੋਣਗੇ। ਉਹਨਾਂ ਨੇ ਵਿਰੋਧੀ ਧਿਰ ਦੇ ਨੇਤਾਵਾਂ ਵੱਲੋਂ ਲਾਏ ਜਾਂਦੇ ਇਲਜ਼ਾਮ ਕਿ ਸਰਕਾਰ ਅਮਨ ਕਾਨੂੰਨ ਨੂੰ ਲੈ ਕੇ ਗੰਭੀਰ ਨਹੀਂ ਹੈ, ਦਾ ਉਤਰ ਦਿੰਦਿਆਂ ਕਿਹਾ ਕਿ ਅਸੀਂ ਪਾਕਿਸਤਾਨ ਸਰਹੱਦ ਦੇ ਨੇੜੇ ਹਾਂ, ਦੁਸ਼ਮਣ ਦੇਸ਼ ਲਗਾਤਾਰ ਅਰਾਜਕਤਾ ਫੈਲਾਉਣ ਦੀ ਕੋਸ਼ਿਸ਼ ਕਰਦਾ ਹੈ ਅਤੇ ਇਹ ਬੜੇ ਲੰਮੇ ਸਮੇਂ ਤੋਂ ਯਤਨ ਹੋ ਰਹੇ ਹਨ, ਪਰ ਸਾਡੀ ਸਰਕਾਰ ਇਸ ਸਥਿਤੀ ਨਾਲ ਨਜਿੱਠਣ ਲਈ ਲਗਾਤਾਰ ਕੰਮ ਕਰ ਰਹੀ ਹੈ। ਉਹਨਾਂ ਕਿਹਾ ਕਿ ਨਸ਼ੇ ਵਿਰੁੱਧ ਯੁੱਧ ਵਿੱਚ ਵੀ ਅਸੀਂ ਸਫਲਤਾ ਵੱਲ ਵਧ ਰਹੇ ਹਾਂ ਅਤੇ ਛੇਤੀ ਹੀ ਪੰਜਾਬ ਨੂੰ ਨਸ਼ਾ ਮੁਕਤ ਕਰਾਂਗੇ।

## ਸਰਕਾਰ ਦੀਆਂ ਅਸਫਲਤਾਵਾਂ ਨੂੰ ਬੇਨਕਾਬ ਕਰਨ ਕਾਰਨ ਵਿਰੋਧੀ ਧਿਰ ਦੇ ਨੇਤਾਵਾਂ ਨੂੰ ਨਿਸ਼ਾਨਾ ਬਣਾਇਆ ਜਾ ਰਿਹੈ : ਅਕਾਲੀ ਦਲ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਸ਼੍ਰੋਮਣੀ ਅਕਾਲੀ ਦਲ ਨੇ ਅੱਜ ਸੂਬੇ ਵਿਚ ਮੁੱਖ ਮੰਤਰੀ ਕਮ ਗ੍ਰਹਿ ਮੰਤਰੀ ਭਗਵੰਤ ਮਾਨ ਦੇ ਅਧੀਨ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਢਹਿ ਢੇਰੀ ਹੋਣ ਦੀ ਨਿਖੇਧੀ ਕੀਤੀ ਅਤੇ ਕਿਹਾ ਕਿ ਗੈਂਗਸਟਰ ਵਿਰੋਧੀ ਧਿਰ ਦੇ ਆਗੂਆਂ ਨੂੰ ਇਸ ਕਰ ਕੇ ਨਿਸ਼ਾਨਾ ਬਣਾ ਰਹੇ ਹਨ ਕਿਉਂਕਿ ਇਹ ਆਗੂ ਸਰਕਾਰ ਦੀਆਂ ਅਸਫਲਤਾਵਾਂ ਨੂੰ ਬੇਨਕਾਬ ਕਰ ਰਹੇ ਹਨ।ਇਥੇ ਇਕ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਮੰਤਰੀ ਬਿਕਰਮ ਸਿੰਘ ਮਜੀਠੀਆ ਨੇ ਕਿਹਾ ਕਿ ਗੈਂਗਸਟਰ ਸ਼ਰ੍ਹੇਆਮ ਵਿਰੋਧੀ ਧਿਰ 'ਤੇ ਹਮਲੇ ਕਰ ਰਹੇ ਹਨ। ਉਹਨਾਂ ਕਿਹਾ ਕਿ ਮਜੀਠਾ ਹਲਕੇ ਦੇ ਪਿੰਡ ਕਲੇਰ ਮਾਂਗਟ ਵਿਚ ਸ਼੍ਰੋਮਣੀ ਕਮੇਟੀ ਮੈਂਬਰ ਜੋਧ ਸਿੰਘ ਸਮਰਾ ਜੋ ਉਹਨਾਂ ਦੇ ਕਰੀਬੀ ਹਨ ਤੇ ਅਜਨਾਲਾ ਹਲਕੇ ਦੇ ਅਕਾਲੀ ਦਲ ਦੇ ਇੰਚਾਰਜ ਹਨ, ਦੇ ਪੈਟਰੋਲ ਪੰਪ 'ਤੇ ਹਮਲਾ ਹੋਇਆ। ਉਹਨਾਂ ਕਿਹਾ ਕਿ ਇਸ ਹਮਲੇ ਦਾ ਮਕਸਦ ਜੋਧ ਸਿੰਘ ਸਮਰਾ ਨੂੰ ਨਿਸ਼ਾਨਾ ਬਣਾਉਣਾ ਸੀ ਕਿਉਂਕਿ ਉਹਨਾਂ ਨੇ ਕੁਝ ਸਮੇਂ ਵਿਚ ਉਥੇ ਪਹੁੰਚਣਾ ਸੀ।ਪੁਲਸ ਦੇ ਦਾਅਵੇ ਨੂੰ ਬੇਨਕਾਬ ਕਰਦਿਆਂ ਮਜੀਠੀਆ ਨੇ ਕਿਹਾ ਕਿ ਪੰਪ 'ਤੇ ਹਮਲਾ ਰਾਤ ਵੇਲੇ ਪੰਪ ਬੰਦ ਹੋਣ ਮਗਰੋਂ ਹੋਇਆ। ਉਹਨਾਂ ਕਿਹਾ ਕਿ ਹਮਲਾਵਰਾਂ ਨੇ ਸੜਕ 'ਤੇ ਆਪਣਾ ਮੋਟਸਾਈਕਲ ਖੜ੍ਹਾ ਤੇ ਅੰਨ੍ਹੇਵਾਹ ਫਾਇਰਿੰਗ ਸ਼ੁਰੂ ਕਰ ਦਿੱਤੀ। ਉਹਨਾਂ ਕਿਹਾ ਕਿ ਹਮਲੇ ਵਿਚ ਇਕ



ਵਿਅਕਤੀ ਦੀ ਮੌਤ ਹੋ ਗਈ ਤੇ ਦੋ ਗੰਭੀਰ ਜ਼ਖ਼ਮੀ ਹੋ ਗਏ। ਉਹਨਾਂ ਕਿਹਾ ਕਿ ਹਮਲਾਵਰ ਇਕ ਰੁਪਿਆ ਵੀ ਨਾਲ ਨਹੀਂ ਲੈ ਗਏ। ਉਹਨਾਂ ਕਿਹਾ ਕਿ ਅਸਲੀਅਤ ਇਹ ਹੈ ਕਿ ਇਸ ਪੰਪ ਦੀ ਆਮਦਨ ਵੀ ਜ਼ਿਆਦਾ ਨਹੀਂ ਹੈ ਅਤੇ ਨੇੜਲੇ ਦੋ ਪੰਪਾਂ ਤੋਂ ਉਹਨਾਂ ਦੀ ਸੇਲ ਵੀ ਕਿਤੇ ਜ਼ਿਆਦਾ ਘੱਟ ਹੈ। ਇੰਟੈਲੀਜੈਂਸ ਦੀ ਪੂਰਨ ਅਸਫਲਤਾ ਅਤੇ ਵਿਰੋਧੀ ਧਿਰ ਆਗੂ ਪ੍ਰਤਾਪ ਸਿੰਘ ਬਾਜਵਾ ਖਿਲਾਫ ਕੇਸ ਦਰਜ ਕਰਨ ਦੀ ਨਿਖੇਧੀ ਕਰਦਿਆਂ ਅਕਾਲੀ ਆਗੂ ਨੇ ਕਿਹਾ ਕਿ ਉਹਨਾਂ ਨੇ ਜਨਵਰੀ ਦੇ ਅੱਧ ਵਿਚ ਭਵਿੱਖਬਾਣੀ ਕੀਤੀ ਸੀ ਕਿ ਸੂਬੇ ਦੀ ਅਮਨ ਅਤੇ ਸ਼ਾਂਤੀ ਤੇ ਭਾਈਚਾਰਕ ਸਾਂਝ ਨੂੰ ਖ਼ਤਮ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ ਤੇ ਆਉਂਦੇ ਸਮੇਂ ਵਿਚ ਕਿਸੇ ਪ੍ਰਮੁੱਖ ਹਿੰਦੂ ਆਗੂ ਜਾਂ ਵਪਾਰੀ ਨੂੰ ਨਿਸ਼ਾਨਾ ਬਣਾਇਆ ਜਾਵੇਗਾ। ਉਹਨਾਂ ਕਿਹਾ ਕਿ ਇਸ ਤੋਂ ਦੋ ਮਹੀਨਿਆਂ ਬਾਅਦ ਸਾਬਕਾ ਮੰਤਰੀ ਮਨੋਰੰਜਨ ਕਾਲੀਆ ਦੇ ਘਰ 'ਤੇ ਹਮਲਾ ਹੋ ਗਿਆ। ਉਹਨਾਂ ਕਿਹਾ ਕਿ ਇਸੇ ਤਰੀਕੇ ਹੁਣ ਜਦੋਂ ਪ੍ਰਤਾਪ ਸਿੰਘ ਬਾਜਵਾ ਨੇ ਇਹ ਬੇਨਕਾਬ ਕੀਤਾ ਕਿ ਸੂਬੇ ਵਿਚ ਹੋਰ ਗ੍ਰਨੇਡ ਹਮਲਿਆਂ ਦਾ ਖਦਸ਼ਾ ਹੈ ਤਾਂ ਉਹਨਾਂ ਨੂੰ ਇਕ ਝੂਠੇ ਕੇਸ ਵਿਚ ਫਸਾ ਦਿੱਤਾ ਗਿਆ। ਉਹਨਾਂ ਕਿਹਾ ਕਿ ਗੈਂਗਸਟਰ ਸੂਬੇ ਨੂੰ ਚਲਾ ਰਹੇ ਹਨ ਅਤੇ ਉਹ ਪੰਜਾਬ ਵਿਚ ਹਮਲਿਆਂ ਦੀਆਂ ਆਡੀਓ ਤੇ ਵੀਡੀਓ ਸਾਂਝੀਆਂ ਕਰ ਰਹੇ ਹਨ। ਉਹਨਾਂ ਨੇ ਮੁੱਖ ਮੰਤਰੀ ਨੂੰ ਸਲਾਹ ਦਿੱਤੀ ਕਿ ਉਹ ਪੰਜਾਬੀਆਂ ਨੂੰ ਹੋਰ ਮੂਰਖ ਨਾ ਬਣਾਉਣ ਅਤੇ ਸੂਬੇ ਵਿਚ ਕਾਨੂੰਨ ਵਿਵਸਥਾ ਬਹਾਲ ਕਰਨ ਵਾਸਤੇ ਕੰਮ ਕਰਨਾ ਸ਼ੁਰੂ ਕਰਨ ਨਹੀਂ ਤਾਂ ਬਹੁਤ ਦੇਰ ਹੋ ਜਾਵੇਗੀ।

## ਵਿਰੋਧੀ ਧਿਰ ਨੇਤਾ ਬਾਜਵਾ 'ਤੇ ਦਰਜ ਪਰਚੇ ਦੀ ਸਰਕਾਰੀਆ ਨੇ ਕੀਤੀ ਕਰੜੀ ਨਿੰਦਾ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਤੇ ਮੁੱਖ ਮੰਤਰੀ ਭਗਵੰਤ ਮਾਨ ਵੱਲੋਂ ਪਰਚਾ ਦਰਜ ਕਰਨਾ ਅਤੀ ਘਟੀਆ, ਨਿੰਦਣਯੋਗ ਅਤੇ ਲੋਕਤੰਤਰ ਵਿਰੋਧੀ ਕਾਰਵਾਈ ਹੈ, ਜਿਸ ਨੂੰ ਕਾਂਗਰਸ ਪਾਰਟੀ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਸਾਬਕਾ ਮੰਤਰੀ ਅਤੇ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁੱਖਵਿੰਦਰ ਸਿੰਘ ਸਰਕਾਰੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਉਨ੍ਹਾਂ ਕਿਹਾ ਕਿ ਬਹੁਤ ਹੀ ਸਤਿਕਾਰ ਯੋਗ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਨੇ ਪੰਜਾਬ ਦੇ ਹਾਲਾਤ ਬਾਰੇ ਜੋ ਕਿਹਾ ਉਸ ਵਿੱਚ ਕੁੱਝ ਵੀ ਗਲਤ ਨਹੀਂ ਹੈ। ਮੁੱਖ ਮੰਤਰੀ ਭਗਵੰਤ ਮਾਨ ਕੋਲ ਗ੍ਰਹਿ ਵਿਭਾਗ ਵੀ ਹੈ ਪੰਜਾਬ ਵਿੱਚ ਅਮਨ ਕਾਨੂੰਨ ਬਣਾਈ ਰੱਖਣ ਦੀ ਜਿੰਮੇਵਾਰੀ ਵੀ ਉਨ੍ਹਾਂ ਦੀ ਹੀ ਹੈ। ਆਪਣੀਆਂ ਨਾਕਾਮੀਆਂ ਤੇ ਪੜਦਾ ਪਾਉਣ ਲਈ ਵਿਰੋਧੀ ਧਿਰ ਦੇ ਨੇਤਾ 'ਤੇ ਪਰਚਾ ਦਰਜ ਕਰਨਾ ਮਾਨ ਸਰਕਾਰ ਵੱਲੋਂ ਰਾਜਨੀਤੀ ਵਿੱਚ ਲਿਆਂਦਾ ਗਿਆ ਨਿਵੇਕਲਾ ਬਦਲਾਅ ਹੈ।ਉਨ੍ਹਾਂ ਕਿਹਾ ਕਿ ਵਿਰੋਧੀਆਂ 'ਤੇ ਪਰਚੇ ਦਰਜ ਕਰਕੇ ਸਚਾਈ ਨੂੰ ਕਦੇ ਵੀ ਛੁਪਾਇਆ ਨਹੀਂ ਜਾ ਸਕਦਾ।

## ਖਾਲਸਾ ਸਾਜਨਾ ਦਿਵਸ ਤੇ ਵਿਸਾਖੀ ਪੁਰਬ ਮਨਾਇਆ



**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)** ਇਲਾਕੇ ਦੀ ਨਾਮਵਰ ਸੰਸਥਾ ਦਸਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿੱਚ ਬੀਤੇ ਦਿਨ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਮਨਾਈ ਗਈ।ਅਧਿਆਪਕ ਸਾਹਿਬਾਨਾਂ ਵੱਲੋਂ ਜਪੁਜੀ ਸਾਹਿਬ ਅਤੇ ਅਨੰਦ ਸਾਹਿਬ ਦੇ ਪਾਠ ਕੀਤੇ ਗਏ ਤੇ ਉਸ ਤੋਂ ਉਪਰੰਤ ਸਕੂਲ ਦੀ ਚੜ੍ਹਦੀ ਕਲਾ ਬੱਚਿਆਂ ਦੀ ਭਵਿੱਖ ਵਾਸਤੇ ਅਰਦਾਸ ਵੀ ਕੀਤੀ ਗਈ।ਇਸ ਮੌਕੇ ਧਾਰਮਿਕ ਅਧਿਆਪਕ ਮੈਡਮ ਹਰਜੀਤ ਕੌਰ ਦੀ ਅਗਵਾਈ ਹੇਠ ਮੈਡਮ ਜੋਬਨਜੀਤ ਕੌਰ ਅਤੇ ਮੈਡਮ ਸੁਖਵਿੰਦਰ ਕੌਰ ਨੇ ਧਾਰਮਿਕ ਪ੍ਰੀਖਿਆਵਾਂ ਵਿੱਚ ਅਵੱਲ ਆਉਣ ਵਾਲੇ ਬੱਚਿਆਂ ਨੂੰ ਇਨਾਮ ਵੰਡੇ।ਇਸ ਮੌਕੇ ਪ੍ਰਿੰਸੀਪਲ ਡਾ. ਕੁਲਬੀਰ ਸਿੰਘ ਮਾਨ ਅਤੇ ਪ੍ਰਿੰਸੀਪਲ ਮੈਡਮ ਹਰਵਿੰਦਰ ਕੌਰ ਨੇ ਖਾਲਸਾ ਸਾਜਨਾ ਦਿਵਸ ਅਤੇ ਵਿਸਾਖੀ ਦੀ ਮਹੱਤਤਾ ਦੱਸੀ।

## ਮਹਾਂ ਕਾਲੀ ਮੰਦਰ ਨੇ ਹਨੂੰਮਾਨ ਜਨਮ ਉਤਸਵ ਮਨਾਇਆ

**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)** - ਕਾਦੀਆਂ ਅੰਦਰ ਸ੍ਰੀ ਹਨੂੰਮਾਨ ਜਨਮ ਉਤਸਵ ਬੜੀ ਧੂਮਧਾਮ ਅਤੇ ਸ਼ਰਧਾਪੂਰਵਕ ਮੰਦਰ ਸ੍ਰੀ ਕਾਲੀ ਦੁਵਾਰਾ ਵਿੱਚ ਸ੍ਰੀ ਕਾਲੀ ਦੁਆਰਾ ਵੈਲਫੇਅਰ ਸੁਸਾਇਟੀ ਮੇਨ ਬਜ਼ਾਰ ਕਾਦੀਆਂ ਵੱਲੋਂ ਮਨਾਇਆ ਗਿਆ। ਇਸ ਮੌਕੇ ਮੰਦਿਰ ਵਿੱਚ ਇੱਕ ਧਾਰਮਿਕ ਪ੍ਰੋਗਰਾਮ ਕੀਤਾ ਗਿਆ। ਇਸ ਮੌਕੇ ਮੰਦਰ ਮੰਡਲੀ ਵਲੋਂ ਜਿਨ੍ਹਾਂ ਵਿੱਚ ਲਲਿਤ ਭਨੋਟ, ਭਗਤ ਮੋਤੀ ਲਾਲ, ਸੂਰਜ ਭਨੋਟ, ਗੌਰਵ ਭਨੋਟ, ਮੋਤੀਲਾਲ ਟੇਲਰ, ਅਸ਼ੋਕ ਕੁਮਾਰ ਆਦ ਨੇ ਮਹਾਵੀਰ ਹਨੂਮਾਨ, ਮਾਤਾ ਰਾਣੀ ਦੀਆਂ ਭੇਟਾਂ ਅਤੇ ਧਾਰਮਿਕ ਭਜਨਾਂ ਨਾਲ ਸੰਗਤਾਂ ਨੂੰ ਨਿਹਾਲ ਕੀਤਾ। ਇਸ ਮੌਕੇ ਸਭਾ ਵੱਲੋਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ ਪੁਲਸ ਇੰਸਪੈਕਟਰ ਤੋਂ ਤਰੱਕੀ ਲੈ ਕੇ ਡੀ ਐਸ ਪੀ ਬਣੇ ਕਸਤੂਰੀ ਲਾਲ ਨੂੰ ਮਾਤਾ ਰਾਣੀ ਦੀ ਚੁਨਰੀ ਪਾ ਕੇ ਸਨਮਾਨਤ ਕੀਤਾ।ਇਸ ਮੌਕੇ ਮੰਦਰ ਮਹਾਂ ਕਾਲੀ ਦੇ ਪ੍ਰਧਾਨ ਪਵਨ ਕੁਮਾਰ ਭਾਟੀਆ ਤੋਂ ਇਲਾਵਾ ਵਿੱਕੀ ਭਾਮੜੀ, ਰਜਿੰਦਰ ਭਾਟੀਆ ਚੇਅਰਮੈਨ, ਕੈਸ਼ੀਅਰ ਬੱਬਲ ਮਹਾਜਨ, ਅਸ਼ੋਕ ਨਈਅਰ, ਅਮਿਤ ਭਾਟੀਆ, ਡਾਕਟਰ ਤਿਲਕ ਰਾਜ, ਮੋਤੀ ਲਾਲ, ਗੁਲਸ਼ਨ ਕੁਮਾਰ, ਸ਼ਾਮ ਸ਼ਰਮਾ, ਰੱਜਤ ਮਹਾਜਨ, ਡਿੰਪਲ ਵਰਮਾ, ਸੁਰਿੰਦਰ ਭਾਟੀਆ, ਸਵਰਨ ਸਿੰਘ ਲਾਡੀ, ਪੂਰਨ ਚੰਦ ਪੁਰੀ, ਅਮਿਤ ਸ਼ਰਮਾ, ਅਯਾਨ ਗੁਪਤਾ, ਵੀਰੂ ਸੇਠ, ਅਰਸ਼ ਭਾਟੀਆ, ਵਿਸ਼ਾਲ ਬਲੱਗਣ, ਸੂਰਜ, ਮੰਗਾ ਭਾਟੀਆ, ਦਿਪਕ ਸ਼ਰਮਾ, ਅਨਿਲ ਗੁਪਤਾ, ਰਾਜੀਵ ਭਾਟੀਆ, ਬੀਕੇ ਟੇਲਰ, ਪੰਕਜ, ਸ਼ੁਭਮ, ਮੋਹਿਤ ਵਿੱਜ, ਹਨੀ ਭਨੋਟ, ਰੋਹਿਤ ਭਨੋਟ, ਯੁਵਰਾਜ ਸਲੋਤਰਾ, ਦੇਵੀਸ਼ ਨਈਅਰ, ਗਗਨ ਭਾਟੀਆ, ਬਲਵਿੰਦਰ ਬਾਗੀ, ਬਿਵੇਸ਼, ਅੰਸ਼, ਅਸ਼ੀਸ਼ ਬਲੱਗਨ, ਸਤਨਾਮ ਸਿੰਘ ਭਾਟੀਆ, ਰਾਹੁਲ ਕੋਮਲ, ਵਿਜੇ ਕੁਮਾਰ, ਸੋਨੂ ਬੈਕਰੀ ਵਾਲਾ, ਰਾਜ ਕੁਮਾਰ ਢੋਲਕੀ ਮਾਸਟਰ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਸ਼ਹਿਰ ਵਾਸੀ ਹਾਜ਼ਰ ਸਨ।



## ਡਾ. ਭੀਮ ਰਾਓ ਅੰਬੇਡਕਰ ਦੀ 134ਵੀਂ ਜਯੰਤੀ ਮੌਕੇ ਸ਼ਰਧਾ ਦੇ ਫੁੱਲ ਭੇਟ

**ਗੁਰਦਾਸਪੁਰ (ਜਨਕ ਮਹਾਜਨ)**- ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦੀ 134ਵੀਂ ਜਯੰਤੀ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਾਪਿਤ ਡਾ. ਭੀਮ ਰਾਓ ਅੰਬੇਡਕਰ ਦੇ ਬੁੱਤ 'ਤੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਸ਼ਰਧਾ ਦੇ ਫੁੱਲ ਭੇਟ ਕੀਤੇ ਗਏ। ਸਭ ਤੋਂ ਪਹਿਲਾਂ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ, ਸਹਾਇਕ ਕਮਿਸ਼ਨਰ (ਜ) ਆਦਿੱਤਯ ਗੁਪਤਾ, ਐੱਸ.ਡੀ.ਐੱਮ. ਗੁਰਦਾਸਪੁਰ ਮਨਜੀਤ ਸਿੰਘ ਰਾਜਲਾ, ਪੀ.ਸੀ.ਐੱਸ. ਅਧਿਕਾਰੀ ਰੁਪਿੰਦਰਪਾਲ ਸਿੰਘ, ਸੁਪਰਡੈਂਟ ਵਿਜੇ ਕੁਮਾਰ ਤੋਂ ਇਲਾਵਾ ਵੱਖ-ਵੱਖ ਵਿਭਾਗਾਂ ਦੇ ਜ਼ਿਲ੍ਹਾ ਅਧਿਕਾਰੀਆਂ ਅਤੇ ਕਰਮਚਾਰੀਆਂ ਵੱਲੋਂ ਬਾਬਾ ਸਾਹਿਬ ਦੇ ਬੁੱਤ ਉੱਪਰ ਸ਼ਰਧਾ-ਸੁਮਨ ਭੇਟ ਕੀਤੇ।ਇਸ ਮੌਕੇ ਡਿਪਟੀ ਕਮਿਸ਼ਨਰ ਦਲਵਿੰਦਰਜੀਤ ਸਿੰਘ ਨੇ ਜ਼ਿਲ੍ਹਾ ਵਾਸੀਆਂ ਨੂੰ ਭਾਰਤੀ ਸੰਵਿਧਾਨ ਦੇ ਨਿਰਮਾਤਾ ਭਾਰਤ ਰਤਨ ਡਾ. ਭੀਮ ਰਾਓ ਅੰਬੇਦਕਰ ਦੀ 134ਵੀਂ ਜਯੰਤੀ ਦੀ ਵਧਾਈ ਦਿੰਦਿਆਂ ਕਿਹਾ ਕਿ ਇੱਕ ਸਾਧਾਰਣ ਪਰਿਵਾਰ 'ਚ ਜਨਮੇ ਬਾਬਾ ਸਾਹਿਬ ਨੇ ਬੇਹੱਦ ਔਕੜਾਂ ਦਾ ਸਾਹਮਣਾ ਕੀਤਾ ਪਰ ਇਸ ਦੇ ਬਾਵਜੂਦ ਉਹ ਆਪਣੀ ਲਿਆਕਤ ਅਤੇ ਲਗਨ ਸਦਕਾ ਵਿਦਵਾਨ, ਕਾਨੂੰਨਦਾਨ, ਅਰਥ ਸ਼ਾਸਤਰੀ, ਸਮਾਜ ਸੁਧਾਰਕ ਅਤੇ ਰਾਜਨੀਤੀਵਾਨ ਵਜੋਂ ਦੁਨੀਆ ਭਰ 'ਚ ਸਤਿਕਾਰੇ ਜਾਣੇ ਜਾਂਦੇ ਹਨ। ਉਨ੍ਹਾਂ ਕਿਹਾ ਕਿ ਅੱਜ ਦੇ ਇਸ ਪਾਵਨ ਮੌਕੇ ਸਾਨੂੰ ਇਹ ਅਹਿਦ ਲੈਣਾ ਚਾਹੀਦਾ ਹੈ ਕਿ ਉਹ ਬਾਬਾ ਸਾਹਿਬ ਵੱਲੋਂ ਪਾਏ ਪੂਰਨਿਆਂ 'ਤੇ ਚੱਲਦੇ ਆਪਣੇ ਦੇਸ਼ ਅਤੇ ਸਮਾਜ ਦੀ ਸੇਵਾ ਵਿੱਚ ਆਪਣਾ ਯੋਗਦਾਨ ਪਾਉਣਗੇ।



## ਮਾਰਕਿਟ ਕਮੇਟੀ ਦੇ ਚੇਅਰਮੈਨ ਵਜੋਂ ਬਲਵਿੰਦਰ ਦਿਉਲ ਕੋਟ ਨੇ ਅਹੁਦਾ ਸੰਭਾਲਿਆ

**ਝਬਾਲ (ਹਰਜਿੰਦਰ ਸਿੰਘ ਸੋਨੀ)**- ਮਾਰਕਿਟ ਕਮੇਟੀ ਝਬਾਲ ਦੇ ਚੇਅਰਮੈਨ ਵਜੋਂ ਬਲਵਿੰਦਰ ਸਿੰਘ ਦਿਉਲ ਕੋਟ ਸਿਵਿਆ ਨੇ ਅਹੁਦਾ ਸੰਭਾਲ ਲਿਆ।ਇਸ ਮੌਕੇ ਹਲਕਾ ਵਿਧਾਇਕ ਡਾ. ਕਸ਼ਮੀਰ ਸਿੰਘ ਸੋਹਲ ਨੇ ਚੇਅਰਮੈਨ ਬਲਵਿੰਦਰ ਸਿੰਘ ਨੂੰ ਚੇਅਰਮੈਨ ਦੀ ਕੁਰਸੀ 'ਤੇ ਬਿਠਾਉਂਦਿਆਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾਇਆ ਤੇ ਸ਼ੁੱਭਕਾਮਨਾਵਾਂ ਦਿੱਤੀਆਂ।ਜਦ ਕਿ ਮਾਰਕਿਟ ਕਮੇਟੀ ਤਰਨ ਤਾਰਨ ਦੇ ਚੇਅਰਮੈਨ ਡਾ. ਕੁਲਦੀਪ ਸਿੰਘ ਰੰਧਾਵਾ ਪੰਡੋਰੀ ਰਣ ਸਿੰਘ, ਸਕੱਤਰ ਮਾਰਕਿਟ ਕਮੇਟੀ ਝਬਾਲ ਕੰਵਲਪ੍ਰੀਤ ਸਿੰਘ, ਲੇਖਾਕਾਰ ਬਲਜੀਤ ਸਿੰਘ, ਮੰਡੀ ਸੁਪਰਵਾਈਜ਼ਰ ਭੁਪਿੰਦਰਜੀਤ ਸਿੰਘ, ਗਰੇਡਿੰਗ ਸੁਪਰਵਾਈਜ਼ਰ ਹਰਮਨ ਪਾਲ ਸਿੰਘ ਚੀਮਾ, ਆਕਸ਼ਨ ਰਿਕਾਰਡ ਮਨਜਿੰਦਰ ਸਿੰਘ ਸੰਧੂ, ਸਤਿੰਦਰਬੀਰ ਸਿੰਘ ਬੰਟੀ, ਕਮਿਪਿਊਟਰ ਅਪ੍ਰੇਟਰ ਹਰਚੰਦ ਸਿੰਘ ਆਦਿ ਵੱਲੋਂ ਭਰਵਾਂ ਸਵਾਗਤ ਕਰਦਿਆਂ ਹਲਕਾ ਵਿਧਾਇਕ ਡਾ ਸੋਹਲ, ਉਨ੍ਹਾਂ ਦੀ ਧਰਮ ਪਤਨੀ ਬੀਬੀ ਹੁੰਦਲ, ਚੇਅਰਮੈਨ ਬਲਵਿੰਦਰ ਸਿੰਘ, ਪੀਏ ਕੋਮਲਪ੍ਰੀਤ ਸਿੰਘ ਆਦਿ ਨੂੰ ਫੁੱਲਾਂ ਦਾ ਗੁਲਦਸਤਾ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਸਮੇਂ ਸਨਮਾਨਤ ਕਰਨ ਵਾਲਿਆਂ ਵਿੱਚ ਪ੍ਰਮੁੱਖ ਤੌਰ 'ਤੇ ਆੜ੍ਹਤੀਆ ਐਸੋਸੀਏਸ਼ਨ ਮੰਡੀ ਝਬਾਲ ਦੇ ਪ੍ਰਧਾਨ ਸ਼ਰਨਜੀਤ ਸਿੰਘ ਭੋਜੀਆ ਤੇ ਆੜ੍ਹਤੀ ਵੀਰ, ਮਾ ਤਸਬੀਰ ਸਿੰਘ, ਗੁਰਜੀਤ ਸਿੰਘ



ਸੋਨੀ ਬਾਬਾ ਜ਼ਿਲ੍ਹਾ ਪ੍ਰਧਾਨ ਵਪਾਰ ਮੰਡਲ, ਮਾਣਕ ਸਿੰਘ ਹੈਪੀ ਝਬਾਲ, ਯੂਥ ਆਗੂ ਸੰਨੀ ਛੀਨਾ, ਗੁਰਪ੍ਰੀਤ ਸਿੰਘ ਪੰਜਵੜ, ਸਰਪੰਚ ਆਲਮਬੀਰ ਸਿੰਘ ਪੰਡੋਰੀ ਰਣ ਸਿੰਘ, ਬਲਾਕ ਪ੍ਰਧਾਨ ਹਰਜੀਤ ਸਿੰਘ ਸੋਹਲ, ਕਿਸਾਨ ਵਿੰਗ ਬਲਾਕ ਪ੍ਰਧਾਨ ਬਲਜੀਤ ਸਿੰਘ ਸਰਾਂ, ਲਖਬੀਰ ਸਿੰਘ ਕੋਟ, ਸਰੂਪ ਸਿੰਘ ਕੋਟ, ਬਲਾਕ ਪ੍ਰਧਾਨ ਤਸਬੀਰ ਕੌਰ ਝਬਾਲ, ਕੌਂਸਲਰ ਸਰਬਰਿੰਦਰ ਸਿੰਘ ਭਰੋਵਾਲ, ਕੌਂਸਲਰ ਜਸਕਰਨ ਸਿੰਘ, ਕੌਂਸਲਰ ਬਿੱਟੂ ਅਰੋੜਾ, ਕੌਂਸਲਰ ਸਾਹਿਬ ਸਿੰਘ, ਸਰਪੰਚ ਆਲਮਬੀਰ ਸਿੰਘ ਪੰਡੋਰੀ ਰਣ ਸਿੰਘ, ਸਰਪੰਚ ਪ੍ਰਿੰਸ ਐਮਾਂ, ਸਰਪੰਚ ਗੁਰਵਿੰਦਰ ਸਿੰਘ ਢਿੱਲੋਂ ਵਿਸਕੀ ਠੱਠਾ, ਸਰਪੰਚ ਹਰਪ੍ਰੀਤ ਸਿੰਘ ਮੰਨਣ, ਚਾਚਾ ਮੋਹਨ ਸਿੰਘ ਪੰਡੋਰੀ ਸਿੱਧਵਾਂ, ਸਰਪੰਚ ਗੁਰਦੇਵ ਸਿੰਘ ਫੌਜੀ ਸੋਹਲ,ਸਰਪੰਚ ਬਲਦੇਵ ਸਿੰਘ ਛਾਪਾ, ਸਰਪੰਚ ਜਤਿੰਦਰ ਸਿੰਘ ਬਘੇਲ ਸਿੰਘ ਵਾਲਾ, ਸਰਪੰਚ ਸਲਵਿੰਦਰ ਸਿੰਘ ਪੱਧਰੀ ਕਲਾਂ, ਸਰਪੰਚ ਸਾਧਾ ਸਿੰਘ ਗੱਗੋਬੂਹਾ, ਸਰਪੰਚ ਰਣਜੋਧ ਸਿੰਘ ਜੋਧਾ ਸੋਹਲ ਆਦਿ ਸ਼ਾਮਲ ਹਨ।ਜਦ ਕਿ ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਝਬਾਲ ਬਲਵਿੰਦਰ ਸਿੰਘ ਦਿਉਲ ਕੋਟ ਨੇ ਅਹੁਦਾ ਸੰਭਾਲਣ ਉਪਰੰਤ ਅਰਵਿੰਦ ਕੇਜਰੀਵਾਲ, ਮੁੱਖ ਮੰਤਰੀ ਭਗਵੰਤ ਸਿੰਘ ਮਾਨ, ਹਲਕਾ ਵਿਧਾਇਕ ਡਾ ਸੋਹਲ ਸਮੇਤ ਸਮੁੱਚੀ ਪਾਰਟੀ ਹਾਈ ਕਮਾਂਡ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਉਹ ਉਹ ਪੂਰੀ ਤਨਦੇਹੀ ਨਾਲ ਆਪਣੀ ਜ਼ਿੰਮੇਵਾਰੀ ਨਿਭਾਉਣਗੇ।

## ਭੀਲੋਵਾਲ ਦੀ ਫਿਰਨੀ 'ਤੇ ਕੰਕਰੀਟ ਪਾਉਣ ਦਾ ਕੰਮ ਪੰਚਾਇਤ ਨੇ ਕਰਵਾਇਆ ਸ਼ੁਰੂ

**ਤਰਸਿੱਕਾ (ਤਰਸੇਮ ਸਿੰਘ ਸਾਧਪੁਰ)**- ਵਿਧਾਨ ਸਭਾ ਹਲਕਾ ਮਜੀਠਾ ਅਧੀਨ ਅਤੇ ਤਰਸਿੱਕਾ ਬਲਾਕ ਦੇ ਪਿੰਡ ਭੀਲੋਵਾਲ ਵਿਖੇ ਪਿੰਡ ਦੀ ਫਿਰਨੀ ਦੇ ਆਲੇ ਦੁਆਲੇ ਕੰਕਰੀਟ ਪਾਉਣ ਦੀ ਆਰੰਭਤਾ ਪਿੰਡ ਦੀ ਪੰਚਾਇਤ ਅਤੇ ਹੋਰ ਮੋਹਤਬਰਾਂ ਵੱਲੋਂ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਿੰਡ ਦੇ ਮੋਹਤਬਰਾਂ ਨੇ ਦੱਸਿਆ ਕਿ ਪਿੰਡ ਦੀ ਆਲੇ ਦੁਆਲੇ ਦੀ ਫਿਰਨੀ ਜੋ ਕਿ ਇੱਕ ਨਰਕ ਦਾ ਰੂਪ ਧਾਰਨ ਕਰ ਚੁੱਕੀ ਸੀ ਅਤੇ ਵੱਖ-ਵੱਖ ਬਿਮਾਰੀਆਂ ਨੂੰ ਸੱਦਾ ਦੇ ਰਹੀ ਸੀ, ਨੂੰ ਚੋਣਾਂ ਤੋਂ ਪਹਿਲਾਂ ਫਿਰਨੀ ਨੂੰ ਬਹੁਤ ਸੋਹਣਾ ਬਣਾਉਣ ਲਈ ਜੋ ਸਰਪੰਚ ਜਗਦੀਸ਼ ਸਿੰਘ ਵੱਲੋਂ ਸੰਗਤ ਨਾਲ ਵਾਅਦਾ ਕੀਤਾ ਗਿਆ ਸੀ ਅੱਜ ਪੂਰਾ ਹੋਣ ਜਾ ਰਿਹਾ ਹੈ। ਇਸ ਮੌਕੇ ਸਮੂਹ ਪੰਚਾਇਤ ਵੱਲੋਂ ਮੈਂਬਰ ਪੰਚਾਇਤ ਸੁਖਪਾਲ ਸਿੰਘ, ਮੈਂਬਰ ਪੰਚਾਇਤ ਰਵਿੰਦਰ ਸਿੰਘ ਰਵੀ, ਮੈਂਬਰ ਪੰਚਾਇਤ ਨਰਿੰਦਰ ਸਿੰਘ, ਮੈਂਬਰ ਪੰਚਾਇਤ ਵਿਜੇ ਕੁਮਾਰ, ਮੈਂਬਰ ਪੰਚਾਇਤ ਸੁਰਜੀਤ ਸਿੰਘ, ਸਰਦਾਰ ਗੁਰਦਿਆਲ ਸਿੰਘ, ਮਾਸਟਰ ਮਹਿੰਦਰ ਸਿੰਘ,ਧਰਮਬੀਰ ਸਿੰਘ, ਸੁਖਦੇਵ ਸਿੰਘ ਪ੍ਰਧਾਨ ਸਪੋਰਟਸ ਕਲੱਬ ਹਰਮਨ ਸਿੰਘ ਹੋਰ ਪਤਵੰਤੇ ਸੱਜਣ ਹਾਜ਼ਰ ਸਨ।



## ਹਰਬੰਸ ਕੌਰ ਸਾਲਾਨਾ ਯਾਦਗਾਰੀ ਭਾਸ਼ਣ ਅੱਜ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਵਾਈਸ ਚਾਂਸਲਰ ਪ੍ਰੋ. (ਡਾ.) ਕਰਮਜੀਤ ਸਿੰਘ ਦੀ ਸਰਪ੍ਰਸਤੀ ਹੇਠ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਸ਼ਹੀਦ ਨਾਨਕ ਸਿੰਘ ਫਾਊਂਡੇਸ਼ਨ ਦੇ ਸਹਿਯੋਗ ਨਾਲ ਸਸ਼ਕਤ ਮਹਿਲਾ ਸ਼ਕਤੀ ਸਮਾਜ ਵਿਸ਼ੇ ਤੇ ਪਹਿਲਾ ਸਵਰਗੀ ਸਰਦਾਰਨੀ ਹਰਬੰਸ ਕੌਰ ਸਾਲਾਨਾ ਯਾਦਗਾਰੀ ਭਾਸ਼ਣ ਬੁੱਧਵਾਰ, 16 ਅਪ੍ਰੈਲ, ਨੂੰ ਦੁਪਹਿਰ 2:30 ਵਜੇ ਯੂਨੀਵਰਸਿਟੀ ਦੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਭਵਨ ਵਿਖੇ ਆਯੋਜਿਤ ਕੀਤਾ ਜਾਵੇਗਾ। ਸ਼੍ਰੀਮਤੀ ਗਗਨ ਆਹਲੂਵਾਲੀਆ, ਵਾਈਸ ਪ੍ਰੈਜ਼ੀਡੈਂਟ, ਕਾਰਪੋਰੇਟ ਮਾਮਲੇ, ਡਾਬਰ ਇੰਡੀਆ ਲਿਮਟਿਡ (ਨਵੀਂ ਦਿੱਲੀ) ਇਸ ਮੌਕੇ ਮੁੱਖ ਭਾਸ਼ਣ ਦੇਣਗੇ। ਇਸ ਪ੍ਰੋਗਰਾਮ ਦਾ ਸੰਚਾਲਨ ਪ੍ਰੋ. (ਡਾ.) ਅੰਜਲੀ ਮਹਿਰਾ, ਮੁਖੀ, ਸਕੂਲ ਆਫ਼ ਸੋਸ਼ਲ ਸਾਇੰਸਜ਼, ਕਰਨਗੇ।

## ਲਸ਼ਕਰੀ ਨੰਗਲ ਵਿਖੇ ਸਲਾਨਾ ਧਾਰਮਿਕ ਸਮਾਗਮ ਕਰਵਾਇਆ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਇਥੋਂ ਚਾਰ ਕਿਲੋਮੀਟਰ ਨਜ਼ਦੀਕ ਪਿੰਡ ਲਸ਼ਕਰੀ ਨੰਗਲ ਵਿਖੇ ਸਥਿਤ ਬਾਬਾ ਸ੍ਰੀ ਚੰਦ ਜੀ ਦੇ ਅਸਥਾਨ 'ਤੇ ਮੁੱਖ ਸੇਵਾਦਾਰ ਭਾਈ ਗੁਰਵਿੰਦਰ ਸਿੰਘ ਲਸ਼ਕਰੀ ਨੰਗਲ ਵਾਲਿਆਂ ਦੀ ਅਗਵਾਈ ਹੇਠ ਖਾਲਸੇ ਦੇ ਸਾਜਨਾ ਦਿਵਸ ਮੌਕੇ ਧਾਰਮਿਕ ਸਮਾਗਮ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਬੜੀ ਸ਼ਰਧਾ ਤੇ ਸਤਿਕਾਰ ਨਾਲ ਕਰਵਾਇਆ ਗਿਆ। ਇਸ ਮੌਕੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪੈਣ ਉਪਰੰਤ ਸਜਾਏ ਗਏ ਵਿਸ਼ਾਲ ਧਾਰਮਿਕ ਦੀਵਾਨਾ ਦੌਰਾਨ ਸਿੱਖ ਪੰਥ ਦੇ ਮਹਾਨ ਵਿਦਵਾਨ ਭਾਈ ਰਸ਼ਪਾਲ ਸਿੰਘ ਕੋਟਲਾ ਅਤੇ ਭਾਈ ਹਰਪਾਲ ਸਿੰਘ ਆਦਿ ਦੇ ਕਵੀਸ਼ਰੀ ਜਥੇ ਵੱਲੋਂ ਰੱਬੀ ਬਾਣੀ ਦੇ ਇਲਾਹੀ ਕੀਰਤਨ ਕਰਦਿਆਂ ਸੰਗਤਾਂ ਨੂੰ ਨਿਹਾਲ ਕੀਤਾ। ਸਮਾਗਮ ਮੌਕੇ ਸੰਗਤਾਂ ਨੂੰ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣਨ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਭਾਈ ਗੁਰਵਿੰਦਰ ਸਿੰਘ ਲਸ਼ਕਰੀ ਨੰਗਲ ਵੱਲੋਂ ਆਏ ਹੋਏ ਜਥਿਆਂ ਅਤੇ ਪ੍ਰਮੁੱਖ ਸ਼ਖਸੀਅਤਾਂ ਨੂੰ ਗੁਰੂ ਘਰ ਦੀ ਬਖਸ਼ਿਸ਼ ਸਿਰੋਪਾਓ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਗੁਰਸ਼ਿੰਦਰ ਸਿੰਘ ਕਾਹਲੋਂ, ਹਰਪ੍ਰੀਤ ਸਿੰਘ ਪੱਤੀ ਦਾਉਕੀ, ਸਰਵਣ ਸਿੰਘ ਨਿਜ਼ਾਮਪੁਰਾ, ਰਾਜੂ ਘੁੱਕੇਵਾਲੀ, ਦਲਜੀਤ ਸਿੰਘ ਖਤਰਾਏ ਕਲਾਂ, ਗੁਰਬਚਨ ਸਿੰਘ ਖਤਰਾਏ ਕਲਾਂ (ਸਾਰੇ ਸਾਬਕਾ ਸਰਪੰਚ), ਬਲਵਿੰਦਰ ਸਿੰਘ, ਹਰਵੰਤ ਸਿੰਘ, ਬਿਕਰਮ ਸਿੰਘ, ਸੁਰਜੀਤ ਸਿੰਘ, ਤਰਸੇਮ ਸਿੰਘ ਦੋਧੀ, ਸਰਬਜੀਤ ਸਿੰਘ, ਬਾਬਾ ਬਚਿੱਤਰ ਸਿੰਘ, ਗੁਰਵਿੰਦਰ ਸਿੰਘ ਗਿੰਦੂ ਤੇੜਾ, ਗੁਰਮੁਖ ਸਿੰਘ ਤੇ ਮੋਨੂ ਚਤਾਲੀਆ ਆਦਿ ਹਾਜ਼ਰ ਸਨ।



## ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ

**ਧਾਰੀਵਾਲ (ਮਨਦੀਪ ਸਿੰਘ ਵਿੱਕੀ)**- ਸ਼ਹਿਰ ਧਾਰੀਵਾਲ ਦੇ ਨੇੜਲੇ ਪਿੰਡ ਕੰਗ ਵਿੱਚ ਵੱਖ-ਵੱਖ ਆਗੂਆਂ ਵੱਲੋਂ ਸੰਵਿਧਾਨ ਦੇ ਨਿਰਮਾਤਾ, ਭਾਰਤ ਰਤਨ ਡਾ.ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਨ ਬੜੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਮੌਕੇ ਵਾਤਾਵਰਣ ਪ੍ਰੇਮੀ ਅਤੇ ਉੱਘੇ ਸਮਾਜ ਸੇਵਕ ਡਾਕਟਰ ਕਮਲਜੀਤ ਸਿੰਘ ਕੇ.ਜੇ., ਡਾਕਟਰ ਨਰਿੰਦਰ ਕੌਰ ਪ੍ਰਿੰਸੀਪਲ ਸਮੇਤ ਵੱਖ ਵੱਖ ਆਗੂਆਂ ਵਲੋਂ ਡਾਕਟਰ ਅੰਬੇਡਕਰ ਪਾਰਕ ਕੰਗ ਵਿੱਚ ਸਥਿਤ ਬਾਬਾ ਸਾਹਿਬ ਡਾ.ਭੀਮ ਰਾਓ ਅੰਬੇਦਕਰ ਦੇ ਬੁੱਤ ਤੇ ਪੂਰੀ ਸ਼ਰਧਾ ਭਾਵਨਾ ਨਾਲ ਫੁੱਲ ਮਾਲਾਵਾਂ ਭੇਟ ਕੀਤੀਆਂ। ਇਸ ਮੌਕੇ ਡਾਕਟਰ ਕਮਲਜੀਤ ਸਿੰਘ ਕੇ.ਜੇ, ਪ੍ਰਿੰਸੀਪਲ ਡਾਕਟਰ ਨਰਿੰਦਰ ਕੌਰ ਆਦਿ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ, ਮਹਾਨ ਸਿਆਸਤਦਾਨ ਅਤੇ ਉਘੇ ਸਮਾਜ ਸੁਧਾਰਕ ਬਾਬਾ ਸਾਹਿਬ ਡਾ.ਅੰਬੇਡਕਰ ਨੇ ਸਿਰਫ ਦਲਿਤਾਂ ਵਾਸਤੇ ਹੀ ਨਹੀਂ ਬਲਕਿ ਸਮੁੱਚੇ ਭਾਰਤ ਦੇ ਲੋਕਾਂ ਲਈ ਭਲਾਈ ਦੇ ਕੰਮ ਕੀਤੇ ਹਨ। ਉਨ੍ਹਾਂ ਭਾਰਤੀ ਰਾਜਨੀਤੀ ਵਿੱਚ ਬਰਾਬਰਤਾ ਲਿਆਉਣ ਲਈ ਸਭ ਨੂੰ ਵੋਟ ਦਾ ਅਧਿਕਾਰ ਲੈ ਕੇ ਦਿੱਤਾ। ਪ੍ਰਧਾਨ ਅਸ਼ਵਨੀ ਫੱਜੂਪੁਰ ਨੇ ਸੰਬੋਧਨ ਕਰਦਿਆਂ ਕਿਹਾ ਸਾਨੂੰ ਸਾਰਿਆਂ ਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਵਲੋਂ ਸਮਾਜਿਕ ਕੁਰੀਤੀਆਂ ਅਤੇ ਸਮਾਜਿਕ ਪਰਿਵਰਤਨ ਲਈ ਕੀਤੇ ਸੰਘਰਸ਼ ਤੋਂ ਪ੍ਰੇਰਨਾ ਲੈ ਕੇ ਦੇਸ ਦੇ ਚੰਗੇ ਭਵਿੱਖ ਲਈ ਸਮਾਜਿਕ ਕਰੀਤੀਆਂ ਵਿਰੁੱਧ ਸੰਘਰਸ਼ ਕਰਨਾ ਚਾਹੀਦਾ ਹੈ। ਇਸ ਮੌਕੇ ਪਿੰਡ ਕੰਗ ਦੇ ਸਰਪੰਚ ਹਰਪਾਲ ਸਿੰਘ, ਸਰਪੰਚ ਨੰਦ ਲਾਲ ਕਲਿਆਣਪੁਰ, ਸੇਵਾ ਮੁਕਤ ਐਸਡੀਓ ਕਸਤੂਰੀ ਲਾਲ, ਸੇਵਾ ਮੁਕਤ ਐਸਡੀਓ ਸੁਖਦੇਵ ਸਿੰਘ ਚਾਹਲ, ਜਾਨੂ ਜਸਜੀਤ ਸਿੰਘ, ਡਾਕਟਰ ਜਸਪਾਲ, ਬੱਬਾ ਗਿੱਲ, ਹੀਰਾ ਲਹੌਰੀਆ, ਇਮੈਨੂਅਲ ਕੰਗ, ਜਿਲ੍ਹੇਦਾਰ ਗੁਰਬਚਨ ਸਿੰਘ, ਰਾਮ ਪਾਲ ਬੱਲ, ਅਮਰੀਕ ਸਿੰਘ ਨੌਸ਼ਹਿਰਾ ਮੱਝਾ ਸਿੰਘ, ਲਾਭਾ ਮਸੀਹ, ਲਖਵਿੰਦਰ ਸਿੰਘ ਮਾਨ, ਤਰਸੇਮ ਸਿੰਘ ਤਰਾਨਾ, ਸਮਸ਼ੇਰ ਸਿੰਘ ਲੇਹਲ, ਵਿਜੈ ਕੰਗ ਆਦਿ ਤੋਂ ਇਲਾਵਾ ਵੀ ਹਾਜ਼ਰ ਸਨ।



## ਨਸ਼ਾ ਤਸਕਰਾਂ ਖ਼ਿਲਾਫ਼ ਵੱਖ-ਵੱਖ ਮਾਮਲੇ ਦਰਜ

**ਗੁਰਦਾਸਪੁਰ (ਜਨਕ ਮਹਾਜਨ)**- ਥਾਣਾ ਧਾਰੀਵਾਲ ਦੇ ਐਸ.ਆਈ. ਯੂਸਫ ਮਸੀਹ ਨੇ ਦੱਸਿਆ ਕਿ ਉਨ੍ਹਾਂ ਸਮੇਤ ਪੁਲਸ ਪਾਰਟੀ ਨਾਕਾਬੰਦੀ ਖੁੰਡਾ ਬਾਈਪਾਸ ਫਲਾਈਓਵਰ ਹੇਠਾ ਤੋਂ ਐਰਕ ਮਸੀਹ ਪੁੱਤਰ ਇਕਬਾਲ ਮਸੀਹ ਵਾਸੀ ਲੁਧਿਆਣਾ ਮੁਹੱਲਾ ਧਾਰੀਵਾਲ, ਪਰਮਿੰਦਰ ਸਿੰਘ ਪੁੱਤਰ ਕੁਲਵੰਤ ਸਿੰਘ ਵਾਸੀ ਮਹਾਂਦੇਵ ਕਲਾਂ ਨੂੰ ਮੋਟਰਸਾਈਕਲ ਮਾਰਕਾ ਸਪਲੈਂਡਰ ਸਮੇਤ ਕਾਬੂ ਕਰਕੇ ਉਨ੍ਹਾਂ ਪਾਸੋਂ ਬਰਾਮਦ ਮੋਮੀ ਲਿਫਾਫੇ ਨੂੰ ਚੈਕ ਕੀਤਾ ਜਿਸ ਵਿੱਚੋਂ 6 ਗਰਾਮ ਹੈਰੋਇਨ ਬਰਾਮਦ ਹੋਈ ਹੈ। ਇਸੇ ਤਰ੍ਹਾਂ ਥਾਣਾ ਪੁਰਾਣਾ ਸ਼ਾਲਾ ਦੇ ਏ.ਐਸ.ਆਈ. ਸਲਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਪਿੰਡ ਬਹਾਦਰ ਮੋੜ ਤੋਂ ਦੋਸੀ ਰੀਕੀ ਕੁਮਾਰ ਪੁੱਤਰ ਬੂੜਾ ਰਾਮ ਵਾਸੀ ਡੀਡਾ ਸਾਸੀਆ ਥਾਣਾ ਦੀਨਾਨਗਰ ਨੂੰ ਸ਼ੱਕ ਦੇ ਆਧਾਰ 'ਤੇ ਕਾਰ ਮਾਰਕਾ ਸਵਿਫਟ ਸਮੇਤ ਕਾਬੂ ਕਰਕੇ ਕਾਰ ਦੀ ਤਲਾਸ਼ੀ ਕੀਤੀ ਤਾਂ ਕਾਰ ਦੇ ਗੇਅਰ ਅੱਗੇ ਬਣੇ ਬਕਸੇ ਵਿਚੋਂ ਇੱਕ ਮੋਮੀ ਲਿਫਾਫਾ ਬਰਾਮਦ ਹੋਇਆ ਜਿਸ ਨੂੰ ਖੋਲ੍ਹ ਕੇ ਚੈਕ ਕੀਤਾ ਤਾਂ ਉਸ ਵਿਚੋਂ 50 ਨਸ਼ੀਲੀਆਂ ਗੋਲੀਆਂ ਅਤੇ 5000 ਰੁਪਏ ਡਰੱਗ ਮਨੀ ਬਰਾਮਦ ਹੋਈ ਹੈ। ਥਾਣਾ ਕਲਾਨੌਰ ਦੇ ਏ.ਐਸ.ਆਈ. ਹਰਪਾਲ ਸਿੰਘ ਨੇ ਸਮੇਤ ਪੁਲਸ ਪਾਰਟੀ ਲਿੰਕ ਰੋਡ ਪਿੰਡ ਉਪਲ ਨੇੜੇ ਭੱਠਾ ਤੋਂ ਸੰਦੀਪ ਮਸੀਹ ਪੁੱਤਰ ਸੋਨੂੰ ਮਸੀਹ ਵਾਸੀ ਉੱਪਲ ਨੂੰ ਕੈਨ ਪਲਾਸਟਿਕ ਵਿੱਚ ਪਾਈ ਹੋਈ 15000 ਐਮ.ਐਲ. ਸ਼ਰਾਬ ਨਜਾਇਜ਼ ਸਮੇਤ ਕਾਬੂ ਕੀਤਾ ਹੈ। ਥਾਣਾ ਦੀਨਾਨਗਰ ਦੇ ਏ.ਐਸ.ਆਈ. ਅਸ਼ਵਨੀ ਕੁਮਾਰ ਨੇ ਸਮੇਤ ਪੁਲਸ ਪਾਰਟੀ ਦਰਸ਼ਨਾ ਡੋਲਾ ਪਤਨੀ ਸ਼ਕਤੀ ਵਾਸੀ ਪਨਿਆੜ ਦੇ ਘਰ ਰੇਡ ਕਰਕੇ ਉਸ ਨੂੰ 26,250 ਐਮ.ਐਲ. ਨਜਾਇਜ਼ ਸ਼ਰਾਬ ਸਮੇਤ ਕਾਬੂ ਕੀਤਾ ਹੈ। ਥਾਣਾ ਸਿਟੀ ਗੁਰਦਾਸਪੁਰ ਪੁਲਸ ਦੇ ਏ.ਐਸ.ਆਈ. ਹਰਜਿੰਦਰ ਸਿੰਘ ਨੇ ਸਮੇਤ ਪੁਲਸ ਪਾਰਟੀ ਪੁਰਾਣਾ ਬੱਸ ਸਟੈਂਡ ਗੁਰਦਾਸਪੁਰ ਵਿਖੇ ਰੇਡ ਕਰਕੇ ਦਿਲਾਵਰ ਸਿੰਘ ਬੱਗਾ ਪੁੱਤਰ ਸਵਰਨ ਸਿੰਘ ਵਾਸੀ ਮੁਹੱਲਾ ਇਸਲਾਮਾਬਾਦ ਨੂੰ 11 ਬੋਤਲਾਂ ਸ਼ਰਾਬ ਠੇਕਾ ਮਾਰਕਾ ਨਾਗਪੁਰੀ ਸੰਤਰਾ ਸਮੇਤ ਕਾਬੂ ਕੀਤਾ ਹੈ। ਪੁਲਸ ਨੇ ਇਨ੍ਹਾਂ ਸਾਰੇ ਨਸ਼ਾ ਤਸਕਰਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਅਕਾਲੀ ਦਲ ਨੂੰ ਛੱਡ ਕੇ ਡਾ. ਗੁਰਲਾਲ ਸਿੰਘ ਮੱਖਣਵਿੰਡੀ ਕਾਂਗਰਸ 'ਚ ਹੋਏ ਸ਼ਾਮਲ



**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**- ਪੰਜਾਬ ਕਾਂਗਰਸ ਭਵਨ ਚੰਡੀਗੜ੍ਹ ਵਿਖੇ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਅਤੇ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ ਦੇ ਆਗੂ ਡਾ. ਗੁਰਲਾਲ ਸਿੰਘ ਮੱਖਣਵਿੰਡੀ ਅਕਾਲੀ ਦਲ ਨੂੰ ਛੱਡ ਕੇ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋ ਕੇ ਆਪਣੇ ਸਿਆਸੀ ਜੀਵਨ ਦੀ ਸ਼ੁਰੂਆਤ ਕੀਤੀ।ਇਸ ਮੌਕੇ ਡਾ. ਗੁਰਲਾਲ ਸਿੰਘ ਮੱਖਣਵਿੰਡੀ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆ ਕਿਹਾ ਕਿ ਉਹ ਪਾਰਟੀ ਹਾਈਕਾਂਮਡ ਤੇ ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਨੂੰ ਵਿਸ਼ਵਾਸ ਦਵਾਉਂਦੇ ਹਨ ਕਿ ਉਹ ਪਾਰਟੀ ਦੀ ਚੜ੍ਹਦੀਕਲਾ ਲਈ ਕੰਮ ਕਰਨ ਲਈ ਹਮੇਸ਼ਾ ਤੱਤਪਰ ਰਹਾਂਗਾ ਤੇ ਪਾਰਟੀ ਵੱਲੋਂ ਦਿੱਤੀ ਗਈ ਕਿਸੇ ਵੀ ਜ਼ਿੰਮੇਵਾਰੀ ਨੂੰ ਇਮਾਨਦਾਰੀ, ਤਨਦੇਹੀ ਨਾਲ ਨਿਭਾਵਾਂਗਾ।ਇਸ ਮੌਕੇ ਪੰਜਾਬ ਕਾਂਗਰਸ ਪਾਰਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ, ਹਲਕਾ ਜੰਡਿਆਲਾ ਗੁਰੂ ਦੇ ਸਾਬਕਾ ਵਿਧਾਇਕ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਤੇ ਹੋਰ ਕਾਂਗਰਸੀ ਪਾਰਟੀ ਦੇ ਸੀਨੀਅਰ ਆਗੂਆਂ ਨੇ ਗੁਰਲਾਲ ਸਿੰਘ ਮੱਖਣਵਿੰਡੀ ਨੂੰ ਸਨਮਾਨਿਤ ਵੀ ਕੀਤਾ।

## ਕਿਰਤੋਵਾਲ ਕਲਾਂ 'ਚ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਦਸਤਾਰ ਮੁਕਾਬਲੇ ਕਰਵਾਏ



**ਪੱਟੀ (ਬਲਦੇਵ ਸਿੰਘ ਸੰਧੂ, ਕਿਰਤੋਵਾਲ ਕਲਾਂ)**- ਬੱਚਿਆਂ ਨੂੰ ਆਪਣੇ ਅਮੀਰ ਵਿਰਸੇ ਨਾਲ ਜੋੜਨ ਸਿੱਖੀ ਸਿਧਾਂਤਾਂ ਨਾਲ ਜੋੜਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਵੱਲੋਂ ਦਰਸਾਏ ਮਾਰਗ 'ਤੇ ਚੱਲਣ ਦੇ ਮੰਤਵ ਤੇ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸ਼ਹੀਦ ਭਗਤ ਸਿੰਘ ਸਪੋਰਟਸ ਕਲੱਬ, ਕਿਰਤੋਵਾਲ ਵੱਲੋਂ ਗੁਰੁਦੁਆਰਾ ਗੁਰੂ ਨਾਨਕ ਨਿਵਾਸ, ਪਿੰਡ ਕਿਰਤੋਵਾਲ ਵਿਖੇ ਖਾਲਸਾ ਪੰਥ ਸਾਜਨਾ ਦਿਵਸ ਦੇ ਸੰਬੰਧ ਵਿੱਚ ਬੱਚਿਆਂ (ਲੜਕੇ ਅਤੇ ਲੜਕੀਆਂ) ਦੇ ਦਸਤਾਰ ਅਤੇ ਦੁਮਾਲਾ ਸਜਾਉਣ ਦੇ ਮੁਕਾਬਲੇ ਕਰਵਾਏ ਗਏ। ਮੁਕਾਬਲੇ ਵਿੱਚ ਤਕਰੀਬਨ 50 ਬੱਚਿਆਂ ਨੇ ਬਹੁਤ ਉਤਸ਼ਾਹ ਨਾਲ ਭਾਗ ਲਿਆ।ਇਸ ਮੁਕਾਬਲੇ ਲਈ ਜੱਜ ਸਾਹਿਬਾਨ ਦੀ ਸੇਵਾ ਭਾਈ ਹਰਪ੍ਰੀਤ ਸਿੰਘ (ਇੰਟਰਨੈਸ਼ਨਲ ਦਸਤਾਰ ਕੋਚ) ਅਤੇ ਭਾਈ ਜਗਜੀਤ ਸਿੰਘ ਅਹਿਮਦਪੁਰ (ਸਿੱਖ ਪ੍ਰਚਾਰਕ) ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਸੋਸਾਇਟੀ, ਪੱਟੀ ਨੇ ਨਿਭਾਈ।ਭਾਈ ਜਗਜੀਤ ਸਿੰਘ ਨੇ ਬੱਚਿਆਂ ਨੂੰ ਵਿਸਾਖੀ ਦੇ ਪਵਿੱਤਰ ਦਿਹਾੜੇ ਤੇ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੰਦੇ ਹੋਏ ਇਤਿਹਾਸ ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਮੁਕਾਬਲੇ ਵਿੱਚ ਭਾਗ ਲੈਣ ਵਾਲੇ ਸਾਰੇ ਬੱਚਿਆਂ ਨੂੰ ਗੁਰਦੁਆਰਾ ਸਾਹਿਬ ਦੇ ਹੈੱਡ ਗ੍ਰੰਥੀ ਬਾਬਾ ਬਲਵਿੰਦਰ ਸਿੰਘ ਨੇ ਸਨਮਾਨ ਚਿੰਨ੍ਹ ਦਿੱਤੇ ਅਤੇ ਜੇਤੂਆਂ ਨੂੰ ਇਨਾਮ ਅਤੇ ਪੱਗਾਂ ਵੀ ਦਿੱਤੀਆਂ ਗਈਆਂ।ਇਸ ਮੌਕੇ ਹਰਪ੍ਰੀਤ ਸਿੰਘ ਸ਼ਾਹ, ਸਤਨਾਮ ਸਿੰਘ, ਸੰਜੂ ਬਾਵਾ, ਹਰਪ੍ਰੀਤ ਸਿੰਘ ਫੌਜੀ, ਮੰਨੂ ਫੌਜੀ, ਬਿੱਲਾ ਫੌਜੀ, ਜਸਪ੍ਰੀਤ ਸਿੰਘ ਫੌਜੀ, ਗੋਰਾ ਸਿੰਘ, ਗੁਰਪ੍ਰੀਤ ਸਿੰਘ ਗੋਰਾ, ਹਜ਼ੂਰ ਸਿੰਘ, ਹਰਜਿੰਦਰ ਸਿੰਘ ਫੌਜੀ, ਭਾਈ ਬਲਜਿੰਦਰ ਸਿੰਘ, ਗੁਰਸਾਹਬ ਸਿੰਘ ਆਦਿ ਹਾਜ਼ਰ ਸਨ।

## ਬਾਬਾ ਸਾਹਿਬ ਡਾ. ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ

**ਪਠਾਨਕੋਟ (ਦਵਿੰਦਰ ਸਿੰਘ)**- ਜ਼ਿਲ੍ਹਾ ਪ੍ਰਸ਼ਾਸਨ ਪਠਾਨਕੋਟ ਵੱਲੋਂ ਪੰਜਾਬ ਸਰਕਾਰ ਦੀਆਂ ਹਦਾਇਤਾਂ ਤਹਿਤ ਭਾਰਤੀ ਸੰਵਿਧਾਨ ਦੇ ਨਿਰਮਾਤਾ, ਭਾਰਤ ਰਤਨ, ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ 134ਵੀਂ ਜਯੰਤੀ ਦੇ ਦਿਹਾੜੇ 'ਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਨਰੋਟ ਜੈਮਲ ਸਿੰਘ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ। ਇਸ ਮੌਕੇ ਕੁਲਦੀਪ ਸਿੰਘ ਧਾਲੀਵਾਲ ਕੈਬਨਿਟ ਮੰਤਰੀ ਪੰਜਾਬ ਬਤੌਰ ਮੁੱਖ ਮਹਿਮਾਨ ਸ਼ਾਮਲ ਹੋਏ। ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਮੁੱਖ ਮਹਿਮਾਨ ਨੂੰ ਫੁੱਲਾਂ ਦੇ ਗੁਲਦਸਤੇ ਭੇਟ ਕਰਕੇ ਸਨਮਾਨਤ ਕੀਤਾ ਗਿਆ। ਮੁੱਖ ਮਹਿਮਾਨ ਵੱਲੋਂ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਨੂੰ ਸ਼ਰਧਾ ਦੇ ਫੁੱਲ ਭੇਟ ਕੀਤੇ ਅਤੇ ਦੀਪਕ ਰੋਸ਼ਨ ਕਰਕੇ ਸਮਾਰੋਹ ਦਾ ਸ਼ੁਭਆਰੰਭ ਕੀਤਾ ਗਿਆ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਵਸ੍ਰੀ ਵਿਭੂਤੀ ਸ਼ਰਮਾ ਚੇਅਰਮੈਨ ਨਗਰ ਸੁਧਾਰ ਟਰੱਸਟ, ਠਾਕੁਰ ਮਨੋਹਰ ਸਿੰਘ ਚੇਅਰਮੈਨ ਮਾਰਕਿੱਟ ਕਮੇਟੀ ਨਰੋਟ ਜੈਮਲ ਸਿੰਘ, ਸੁਨੀਲ ਗੁਪਤਾ ਚੇਅਰਮੈਨ ਪੈਸਕੋ ਪੰਜਾਬ, ਚੇਅਰਮੈਨ ਮਾਰਕਿੱਟ ਕਮੇਟੀ ਵਿਕਾਸ ਸੈਣੀ, ਬੱਬਲੀ ਕੁਮਾਰ ਪ੍ਰਧਾਨ ਨਗਰ ਪੰਚਾਇਤ ਨਰੋਟ ਜੈਮਲ ਸਿੰਘ, ਰੇਖਾ ਮਨੀ ਸ਼ਰਮਾ ਸਟੇਟ ਸੈਕਟਰੀ ਮਹਿਲਾ ਵਿੰਗ, ਅਨਿਲ ਭਾਰਦਵਾਜ ਪ੍ਰਧਾਨ ਟ੍ਰੇਡ ਵਿੰਗ , ਗੌਤਮ ਮਾਨ ਜੁਆਇੰਟ ਸੈਕਟਰੀ ਪੰਜਾਬ ਨੌਜਵਾਨ ਵਿੰਗ, ਹਰਦੀਪ ਸਿੰਘ ਵਧੀਕ ਡਿਪਟੀ ਕਮਿਸ਼ਨਰ (ਜ), ਡਾ. ਅਰਪਨਾ ਪ੍ਰਿੰਸੀਪਲ ਗੁਰੂ ਨਾਨਕ ਦੇਵ ਯੂਨੀਵਰਸਿਟੀ ਕਾਲਜ ਨਰੋਟ ਜੈਮਲ ਸਿੰਘ ਅਤੇ ਹੋਰ ਆਮ ਆਦਮੀ ਪਾਰਟੀ ਦੇ ਆਹੁਦੇਦਾਰ ਹਾਜ਼ਰ ਸਨ।ਸਮਾਰੋਹ ਦੌਰਾਨ ਪ੍ਰਿੰਸੀਪਲ ਡਾ. ਅਰਪਨਾ ਵੱਲੋਂ ਆਏ ਹੋਏ ਮਹਿਮਾਨਾਂ ਦਾ ਸਵਾਗਤ ਕੀਤਾ ਗਿਆ। ਇਸ ਮਗਰੋਂ ਮਿਸ ਨਰਮਦਾ ਅਤੇ ਵਿਸ਼ਾਲ ਸ਼ਰਮਾ ਵੱਲੋਂ ਬਾਬਾ ਸਾਹਿਬ ਦੇ ਜੀਵਨ 'ਤੇ ਰੋਸ਼ਨੀ ਪਾਈ ਗਈ। ਡਾ. ਪੂਨਮ ਮਹਾਜਨ ਅਤੇ ਹਰਜੀਤ ਸਿੰਘ ਵੱਲੋਂ ਸ਼ਕਾਲਰਸਿਪ ਸਕੀਮਾਂ ਬਾਰੇ ਜਾਣਕਾਰੀ ਦਿੱਤੀ ਗਈ ਅਤੇ ਮਿਸ ਰੱਜੀ ਅਤੇ ਮਿਸ ਸਾਵਨ ਵੱਲੋਂ ਜੋ ਕਿ ਸਕਾਲਰਸ਼ਿਪ ਦੀਆਂ ਲਾਭਪਾਤਰੀ ਵਿਦਿਆਰਥਣਾਂ ਨੇ ਅਪਣੇ ਜੀਵਨ ਦਾ ਅਨੁਭਵ ਸਾਂਝਾ ਕੀਤਾ। ਇਸ ਮੌਕੇ ਮੁੱਖ ਮਹਿਮਾਨ ਵੱਲੋਂ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੇ ਜਨਮ ਦਿਵਸ 'ਤੇ ਕਿਤਾਬਚਾ ਜਾਰੀ ਕੀਤਾ ਗਿਆ।ਸਮਾਰੋਹ ਦੌਰਾਨ ਕੁਲਦੀਪ ਸਿੰਘ ਧਾਲੀਵਾਲ ਕੈਬਨਿਟ ਮੰਤਰੀ ਪੰਜਾਬ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ.ਆਰ. ਅੰਬੇਡਕਰ ਸਾਡੇ ਯੁੱਗਪੁਰਸ਼ ਹਨ। ਅਜਿਹੀਆਂ ਮਹਾਨ ਸ਼ਖਸੀਅਤਾਂ ਨੂੰ ਅਸੀਂ ਹਮੇਸ਼ਾ ਯਾਦ ਰੱਖ ਸਕੀਏ, ਇਸ ਉਦੇਸ਼ ਨਾਲ ਅਜਿਹੇ ਸਮਾਗਮ ਕਰਵਾਏ ਜਾਂਦੇ ਹਨ ਤਾਂ ਜੋ ਉਨ੍ਹਾਂ ਦੇ ਦੱਸੇ ਰਸਤਿਆਂ 'ਤੇ ਚਲ ਕੇ ਇੱਕ ਚੰਗੇ ਸਮਾਜ ਦੀ ਸਿਰਜਣਾ ਕੀਤੀ ਜਾ ਸਕੇ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਸਮਾਜ ਲਈ ਕੀਤੇ ਕਾਰਜਾਂ ਨੇ ਲੋਕਾਂ ਦੇ ਜੀਵਨ ਵਿੱਚ ਬਹੁਤ ਬਦਲਾਅ ਲਿਆਂਦਾ। ਭਾਰਤ ਦੇ ਸਵਿਧਾਨ ਦੇ ਨਿਰਮਾਤਾ ਨੂੰ ਭਾਰਤ ਰਤਨ ਦੀ ਉਪਾਧੀ ਦੇ ਨਾਲ ਨਿਮਾਜਿਆ ਗਿਆ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਜੀ ਵੱਲੋਂ ਸੰਵਿਧਾਨ ਦੀ ਰਚਨਾ ਕਰਕੇ ਸਮਾਜ ਨੂੰ ਅਤੇ ਦੇਸ਼ ਨੂੰ ਤਰੱਕੀ ਦੀ ਰਾਹ ਦੇ ਲਿਆਂਦਾ।ਉਨ੍ਹਾਂ ਨੇ ਆਪਣਾ ਸਾਰਾ ਜੀਵਨ ਦਲਿਤ, ਸ਼ੋਸ਼ਿਤ ਤੇ ਕਮਜ਼ੋਰ ਵਰਗਾਂ ਨੂੰ ਉਚਿਤ ਥਾਂ ਦਿਵਾਉਣ ਲਈ ਹੀ ਨਹੀਂ ਲਾਇਆ ਸਗੋਂ ਆਪਣੇ ਜੀਵਨ 'ਚ ਸਮਾਜਿਕ, ਆਰਥਿਕ, ਰਾਜਨੀਤਕ, ਵਿੱਦਿਅਕ, ਧਾਰਮਿਕ, ਔਰਤਾਂ ਨੂੰ ਸਨਮਾਨ ਦਿਵਾਉਣ ਤੇ ਸੰਵਿਧਾਨਕ ਖੇਤਰਾਂ 'ਚ ਵੀ ਵਡਮੁੱਲਾ ਯੋਗਦਾਨ ਪਾਇਆ। ਸਮਾਰੋਹ ਦੇ ਅੰਤ ਵਿੱਚ ਆਦਿੱਤਿਆ ਉੱਪਲ ਡਿਪਟੀ ਕਮਿਸ਼ਨਰ ਵੱਲੋਂ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਕੀਤਾ ਗਿਆ ਅਤੇ ਮੁੱਖ ਮਹਿਮਾਨ ਜੀ ਨੂੰ ਦੋਸ਼ਾਲਾ ਅਤੇ ਯਾਦਗਾਰ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ। ਸਮਾਰੋਹ ਦਾ ਸਮਾਪਨ ਰਾਸਟਰੀ ਗਾਣ ਨਾਲ ਕੀਤਾ ਗਿਆ।



## ਡੇਰਾ ਬਾਬਾ ਨਾਨਕ ਪਹਿਲਾ ਕਬੱਡੀ ਕੱਪ ਕਰਵਾਇਆ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸ੍ਰੀ ਗੁਰੂ ਨਾਨਕ ਦੇਵ ਜੀ ਦੀ ਚਰਨ ਛੋਹ ਪ੍ਰਾਪਤ ਇਤਿਹਾਸਿਕ ਕਸਬਾ ਡੇਰਾ ਬਾਬਾ ਨਾਨਕ ਵਿਖੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਪੰਥ ਦੇ ਸਾਜਨਾ ਦਿਵਸ ਵਿਸਾਖੀ ਦੇ ਦਿਹਾੜੇ ਨੂੰ ਸਮਰਪਤ ਪਹਿਲਾ ਕਬੱਡੀ ਕੱਪ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਸੀਨੀਅਰ ਅਕਾਲੀ ਆਗੂ ਤੇ ਸਾਬਕਾ ਕੈਬਨਿਟ ਮੰਤਰੀ ਜਥੇਦਾਰ ਸੁੱਚਾ ਸਿੰਘ ਲੰਗਾਹ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਜਿਨਾਂ ਵੱਲੋਂ ਖਿਡਾਰੀਆਂ ਨਾਲ ਇੱਕ ਯਾਦਗਾਰੀ ਤਸਵੀਰ ਖਿਚਵਾ ਕੇ ਇਸ ਕਬੱਡੀ ਕੱਪ ਦੀ ਸ਼ੁਰੂਆਤ ਕਰਵਾਈ ਗਈ। ਇਸ ਕਬੱਡੀ ਕੱਪ ਮੌਕੇ ਪੰਜਾਬ ਦੀਆਂ ਵੱਖ-ਵੱਖ ਨਾਮਵਰ ਕਬੱਡੀ ਟੀਮਾਂ ਦਰਮਿਆਨ ਸ਼ੋਅ ਮੈਚ ਖੇਡੇ ਗਏ ਜਿਨ੍ਹਾ ਵਿੱਚ ਸੰਤ ਬਾਬਾ ਹਜ਼ਾਰਾ ਸਿੰਘ ਕਬੱਡੀ ਕਲੱਬ ਨੜਾਵਾਲੀ ਦੀ ਟੀਮ ਨੂੰ 26 ਅੰਕ ਤੇ ਮਹਾਂਵੀਰ ਕਬੱਡੀ ਕਲੱਬ ਯੂਐਸਏ ਦੀ ਟੀਮ ਨੂੰ ਸਾਢੇ 34 ਅੰਕ ਪ੍ਰਾਪਤ ਹੋਏ। ਇਸੇ ਤਰ੍ਹਾਂ ਬਾਬਾ ਬੁੱਢਾ ਸਾਹਿਬ ਜੀ ਕਬੱਡੀ ਕਲੱਬ ਰਮਦਾਸ ਦੀ ਟੀਮ ਨੂੰ 33 ਅੰਕ ਤੇ ਬਾਬਾ ਦੀਪ ਸਿੰਘ ਕਬੱਡੀ ਕਲੱਬ ਗੁਰਦਾਸਪੁਰ ਦੀ ਟੀਮ ਨੂੰ 30 ਅੰਕ ਪ੍ਰਾਪਤ ਹੋਏ। ਇਸ ਮੌਕੇ ਫਾਈਨਲ ਮੁਕਾਬਲਾ ਬਾਬਾ ਬੁੱਢਾ ਸਾਹਿਬ ਜੀ ਕਬੱਡੀ ਕਲੱਬ ਰਮਦਾਸ ਤੇ ਮਹਾਂਵੀਰ ਕਬੱਡੀ ਕਲੱਬ ਯੂ ਐਸ ਏ ਦੀਆਂ ਟੀਮਾਂ ਦਰਮਿਆਨ ਖੇਡਿਆ ਗਿਆ ਜਿਸ ਵਿੱਚੋਂ ਬਾਬਾ ਬੁੱਢਾ ਸਾਹਿਬ ਜੀ ਕਬੱਡੀ ਕਲੱਬ ਰਮਦਾਸ ਦੀ ਟੀਮ ਨੂੰ ਸਾਢੇ 21 ਅੰਕ ਪ੍ਰਾਪਤ ਹੋਏ ਜਦਕਿ ਮਹਾਵੀਰ ਕਬੱਡੀ ਕਲੱਬ ਯੂ ਐਸ ਏ ਦੀ ਟੀਮ ਵੱਲੋਂ 25 ਅੰਕ ਪ੍ਰਾਪਤ ਕਰਕੇ ਕਬੱਡੀ ਕੱਪ 'ਤੇ ਕਬਜ਼ਾ ਕੀਤਾ ਗਿਆ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੁੱਜੇ ਯੂਥ ਆਗੂ ਸੁਖਜਿੰਦਰ ਸਿੰਘ ਸੋਨੂੰ ਲੰਗਾਹ ਵੱਲੋਂ ਪਹਿਲੇ ਸਥਾਨ 'ਤੇ ਆਉਣ ਵਾਲੀ ਟੀਮ ਨੂੰ 51000 ਰੁਪਏ ਦਾ ਨਗਦ ਇਨਾਮ ਤੇ ਟਰਾਫ਼ੀ ਤੇ ਦੂਸਰੇ ਸਥਾਨ ਤੇ ਆਉਣ ਵਾਲੀ ਦੀ ਟੀਮ ਨੂੰ 41000 ਰੁਪਏ ਦਾ ਨਗਦ ਇਨਾਮ ਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੈਨੇਜਰ ਸਤਨਾਮ ਸਿੰਘ ਗੋਸਲ਼, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਬਾਬਾ ਨੱਥਾ ਸਿੰਘ, ਐਸ ਐਚ ਓ ਸਤਪਾਲ ਸਿੰਘ, ਜਥੇਦਾਰ ਰਜਿੰਦਰ ਸਿੰਘ ਬਾਜਵਾ ਵੇਰੋਕੇ,ਹਰਸਿਮਰਤ ਸਿੰਘ ਬਾਜਵਾ ਵੇਰੋਕੇ, ਕੁਲਜੀਤ ਸਿੰਘ ਮਝੈਲ,ਜਥੇਦਾਰ ਧਰਮਪਾਲ ਸਿੰਘ ਮੱਤਰੀ, ਤੇਜਬੀਰ ਸਿੰਘ ਪੱਡਾ ਪੀ ਏ, ਸੁਰਜੀਤ ਸਿੰਘ ਚਾਕਾਵਾਲੀ, ਸਤਨਾਮ ਸਿੰਘ ਪਟਵਾਰੀ ਠੇਠਰਕੇ, ਅੰਮ੍ਰਿਤ ਭਿੰਡਰ ਪੀ ਏ, ਗੁਰਪ੍ਰੀਤ ਸਿੰਘ ਬਾਦਲ,ਜਸਪਿੰਦਰ ਸਿੰਘ ਝੰਗੀ,ਜੱਗਾ ਤਲਵੰਡੀ ਗੋਰਾਇਆ, ਬਲਦੇਵ ਸਿੰਘ ਤਪਾਲਾ,ਗੋਰਾ ਗੁਰਚੱਕ, ਬਲਜੀਤ ਸਿੰਘ ਖੰਨਾ,ਰਣਜੀਤ ਸਿੰਘ ਕਲਾਨੌਰ,ਰਾਮ ਲਾਲ ਸੈਕਟਰੀ, ਸਿਮਰ ਸਾਹਰੀ,ਅਮਰਜੀਤ ਸ਼ਰਮਾ ਸਾਧਾਵਾਲੀ, ਜੋਗਾ ਸਿੰਘ ਮਾਨ, ਬਲਵਿੰਦਰ ਸਿੰਘ ਲੋਪਾ, ਸੁਖਵਿੰਦਰ ਸਿੰਘ ਪਕੀਵਾ, ਕੁਮੈਂਟਰ ਸਰਬਜੀਤ ਸਿੰਘ ਪਰਾਚਾ, ਜਸਪਾਲ ਸਿੰਘ ਵੈਰੋਕੇ, ਗ੍ਰੰਥੀ ਜਗਵਿੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ।



## ਖਿਲਚੀਆਂ ਵਿਖੇ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ



**ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)** ਖਿਲਚੀਆਂ ਵਿਖੇ ਨਗਰ ਵਾਸੀਆਂ ਨੇ ਸਾਂਝੇ ਤੌਰ 'ਤੇ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਨ ਮਨਾਇਆ, ਜਿਸ ਵਿੱਚ ਗੁਰੂ ਤੇਗ ਬਹਾਦਰ ਆਸਰਾ ਟਰੱਸਟ ਖਿਲਚੀਆਂ ਦੇ ਚੇਅਰਮੈਨ ਸਵਰਨਜੀਤ ਸਿੰਘ ਸੰਧੂ ਵਿਸ਼ੇਸ਼ ਤੌਰ 'ਤੇ ਪੁੱਜੇ। ਇਸ ਮੌਕੇ ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਡਾਕਟਰ ਅੰਬੇਡਕਰ ਦੇ ਦੱਸੇ ਮਾਰਗ 'ਤੇ ਚੱਲਣਾ ਚਾਹੀਦਾ। ਇਸ ਮੌਕੇ ਅਨਮੋਲਦੀਪ ਸਿੰਘ, ਯਾਦਵਿੰਦਰ ਯਾਦੀ, ਸੁਖਚੈਨ ਸਿੰਘ, ਹਰਪਾਲ ਸਿੰਘ ਭਾਲਾ, ਸੁਰਜੀਤ ਸਿੰਘ ਗੋਪੀ, ਥਿੰਦ ਫੌਜੀ, ਹਰਪਾਲ ਸਿੰਘ ਫੌਜੀ, ਗੁਰਸ਼ਰਨ ਸਿੰਘ, ਸਵਰਨ ਸਿੰਘ, ਨਰਿੰਦਰ ਕੌਰ ਪ੍ਰਧਾਨ, ਰਣਜੀਤ ਕੌਰ ਪ੍ਰਧਾਨ, ਲਵਪ੍ਰੀਤ ਕੌਰ, ਲਖਵਿੰਦਰ ਕੌਰ ਪ੍ਰਧਾਨ, ਰਣਜੀਤ ਕੌਰ ਪ੍ਰਧਾਨ, ਕੁਲਵਿੰਦਰ ਕੌਰ, ਪਰਮਜੀਤ ਕੌਰ, ਮਨਜੀਤ ਕੌਰ, ਲਖਵਿੰਦਰ ਸਿੰਘ, ਡਾ: ਬਿਕਰਮਜੀਤ ਸਿੰਘ ਬਾਠ , ਬਲਕਾਰ ਸਿੰਘ, ਸਰਵਣ ਸਿੰਘ, ਹਰਜਾਪ ਸਿੰਘ, ਕਰਨਦੀਪ ਸਿੰਘ, ਦਿਆਲ ਸਿੰਘ, ਜਸਬੀਰ ਸਿੰਘ, ਰਕੇਸ਼ ਕੁਮਾਰ, ਬੰਟੀ, ਤਰਸੇਮ ਸਿੰਘ ਮੱਟੀ, ਜਗਤਾਰ ਸਿੰਘ, ਐਸ.ਪੀ. ਸਿੰਗ, ਡਾ: ਰਾਜ ਕੁਮਾਰ, ਆਦਿ ਹਾਜਰ ਸਨ ।

## ਫਤਹਿਗੜ੍ਹ ਚੂੜੀਆਂ ਦਾ ਨਾਂਅ ਰੌਸ਼ਨ ਕਰ ਰਿਹਾ ਰਜਿੰਦਰ ਬੰਟੂ

**ਫਤਹਿਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਇਤਿਹਾਸਕ ਕਸਬਾ ਫਤਹਿਗੜ੍ਹ ਚੂੜੀਆਂ ਦਾ ਰਹਿਣ ਵਾਲਾ ਰਜਿੰਦਰ ਬੰਟੂ ਇਹਨੀਂ ਦਿਨੀਂ ਖੂਬ ਚਰਚਾ 'ਚ ਹੈ। ਧਾਰਮਿਕ ਨਾਟਕ 'ਇਹ ਲਹੂ ਕਿਸਦਾ ਹੈ,' ਤੋਂ ਆਪਣਾ ਅਭਿਨੈ ਸਫਰ ਸ਼ੁਰੂ ਕਰਨ ਵਾਲਾ ਰਜਿੰਦਰ ਬੰਟੂ ਵੀਹ ਤੋਂ ਵੱਧ ਲਘੂ ਫਿਲਮਾਂ ਅਤੇ ਇਕ ਫੀਚਰ ਫਿਲਮ ਵਿੱਚ ਆਪਣੀ ਅਦਾਕਾਰੀ ਦੇ ਜੌਹਰ ਵਿਖਾ ਚੁੱਕਾ ਹੈ। ਇਕ ਵਧੀਆ ਅਦਾਕਾਰ ਦੇ ਨਾਲ ਨਾਲ ਉਹ ਫਿਲਮ ਲੇਖਕ ਤੇ ਕਵੀ ਵੀ ਹੈ। ਉਸ ਵੱਲੋਂ ਹੁਣ ਤੱਕ ਜੀ ਆਇਆਂ ਨੂੰ ਜੀ, ਲਾਲਸਾ, ਥ੍ਰੀ ਇੰਡੀਅਟ ਪਾਰਟ ਟੂ, ਤੰਦਾਂ ਮੋਹ ਦੀਆਂ, ਜੱਦੀ ਸਰਦਾਰ ਪਿੰਡਾਂ ਵਾਲੇ, ਗਲਤੀ, ਚੋਣ ਪ੍ਰਚਾਰ, 15 ਲੱਖ ਕਦੋਂ ਆਵੇਗਾ, ਖਾਮੋਸ਼ ਪੰਜੇਬ, ਵਾਟਰ ਸਪਲਾਈ, ਫੁਕਰਾ ਨੰਬਰ ਵਨ, ਸਨਮਾਨ, ਕੁੱਛੜ ਦੱਬਿਆ ਅੱਕ ਤੇ ਫੀਚਰ ਫ਼ਿਲਮ ਬੈਕਅੱਪ ਵਿੱਚ ਆਪਣੀ ਅਦਾਕਾਰੀ ਦਾ ਲੋਹਾ ਮਨਵਾ ਚੁੱਕਾ ਹੈ। ਬਾਸਰਕੇ ਪ੍ਰੋਡਕਸ਼ਨ ਹੇਠ ਬਣੀ ਫ਼ਿਲਮ ਬੈਕਅੱਪ ਤੇ ਪ੍ਰੋਡਿਊਸਰ ਨਛੱਤਰ ਸੰਧੂ ਅਤੇ ਡਾਇਰੈਕਟਰ ਜਸਵੰਤ ਮਿੰਟੂ ਦੁਆਰਾ ਬਣੀ ਇਹ ਫ਼ਿਲਮ ਕਾਫੀ ਚਰਚਾ ਰਹੀਂ। ਉਹ ਇਕ ਪ੍ਰਪੱਕ ਲੇਖਕ ਵਜੋਂ ਵੀ ਆਪਣੀ ਪਛਾਣ ਬਣਾਉਣ ਵਿਚ ਕਾਮਯਾਬ ਹੋਇਆ ਹੈ। ਪਿੱਛੇ ਜਿਹੇ ਆਈ ਉਸ ਦੀ ਕਿਤਾਬ 'ਸ਼ਾਹੀ ਮੰਗਤਾ' ਸਾਹਿਤਕ ਹਲਕਿਆਂ ਵਿਚ ਖੂਬ ਚਰਚਿੱਤ ਰਹੀ ਹੈ। ਉਸ ਦੀਆਂ ਲਿਖੀਆਂ ਹੋਈਆਂ ਤਿੰਨ ਫਿਲਮਾਂ ਡਾਕਟਰ ਸਾਬ੍ਹ, ਬਿਰਜੂ ਅਤੇ ਦਰਦ ਬਹੁਤ ਸਫਲ ਰਹੀਆਂ ਹਨ ਤੇ ਦੋ ਪੰਜਾਬੀ ਗੀਤਾਂ ਚ ਵੀ ਅਦਾਕਾਰੀ ਕਰਨ ਦਾ ਮੌਕਾ ਮਿਲ ਚੁੱਕਾ ਹੈ। ਰਜਿੰਦਰ ਬੰਟੂ ਨੇ ਦੱਸਿਆ ਕੇ ਗੁਰਪ੍ਰੀਤ ਸੰਧੂ ਦੀ ਸ਼ਾਨ ਫ਼ਿਲਮ ਪ੍ਰੋਡਕਸ਼ਨ ਹੇਠ ਬਹੁਤ ਸਾਰੀਆਂ ਫ਼ਿਲਮਾਂ ਕਰਨ ਦਾ ਮੌਕਾ ਮਿਲਿਆ ਹੈ ਤੇ ਉਹ ਆਉਣ ਵਾਲੇ ਸਮੇਂ ਵਿੱਚ ਵੱਡੇ ਪਰਦੇ 'ਤੇ ਵੀ ਨਜ਼ਰ ਆਵੇਗਾ। ਉਸ ਨੂੰ ਆਪਣੀ ਆਉਣ ਵਾਲੀ ਫਿਲਮ 'ਸਾਂਝਾ ਪਿਆਰ ਦੀਆਂ', ਦੀ ਬੇਸਬਰੀ ਨਾਲ ਉਡੀਕ ਹੈ ਅਤੇ ਕਈ ਲਿਖੀਆਂ ਫ਼ਿਲਮਾਂ ਜਲਦ ਹੀ ਦਰਸ਼ਕਾਂ ਦੇ ਰੂ ਬ ਰੂ ਹੋਣਗੀਆਂ।



ਨਵਾਂ ਜ਼ਮਾਨਾ

ਬੁੱਧਵਾਰ, 16 ਅਪ੍ਰੈਲ 2025

# ਚੰਦਿਆਂ ਦਾ ਸੱਚ

ਦੇਸ਼ ਵਿੱਚ ਚੋਣ ਸੁਧਾਰਾਂ ਲਈ ਸਰਗਰਮ ਐਸੋਸੀਏਸ਼ਨ ਫਾਰ ਡੈਮੋਕਰੇਟਿਕ ਰਿਫਾਰਮਜ਼ (ਏ ਡੀ ਆਰ) ਨੇ ਸਿਆਸੀ ਪਾਰਟੀਆਂ ਨੂੰ ਮਿਲਦੇ ਚੰਦਿਆਂ ਬਾਰੇ ਇੱਕ ਵਾਰ ਫਿਰ ਵੱਡਾ ਖੁਲਾਸਾ ਕੀਤਾ ਹੈ। ਉਸ ਵੱਲੋਂ ਵਿੱਤੀ ਸਾਲ 2023-24 ਵਿੱਚ ਇਲੈਕਟੋਰਲ ਟਰੱਸਟਾਂ ਵੱਲੋਂ ਸਿਆਸੀ ਪਾਰਟੀਆਂ ਨੂੰ ਦਿੱਤੇ ਗਏ ਚੰਦਿਆਂ ਦੇ ਇਕੱਠੇ ਕੀਤੇ ਗਏ ਅੰਕੜਿਆਂ ਮੁਤਾਬਕ ਇਨਫ੍ਰਾਸਟਰਕਚਰ, ਫਾਰਮਾਸਿਊਟੀਕਲ ਤੇ ਖਣਨ ਕੰਪਨੀਆਂ ਨੇ ਸਭ ਤੋਂ ਵੱਧ ਚੰਦੇ ਦਿੱਤੇ। ਸਿਖਰਲੀਆਂ ਦਾਨਦਾਤੀਆਂ ਕੰਪਨੀਆਂ ਵਿੱਚੋਂ ਘੱਟੋ-ਘੱਟ ਪੰਜ ਕੰਪਨੀਆਂ ਕੇਂਦਰੀ ਏਜੰਸੀਆਂ ਦੀ ਜਾਂਚ ਦੇ ਘੇਰੇ ਵਿੱਚ ਹਨ ਅਤੇ ਇਨ੍ਹਾਂ ਵਿੱਚੋਂ ਚਾਰ ਨੇ ਭਾਜਪਾ ਤੇ ਇੱਕ ਨੇ ਕਾਂਗਰਸ ਨੂੰ ਮੋਟੀਆਂ ਰਕਮਾਂ ਦਿੱਤੀਆਂ। ਕੰਪਨੀਆਂ ਇਲੈਕਟੋਰਲ ਟਰੱਸਟਾਂ ਰਾਹੀਂ ਚੰਦੇ ਦਿੰਦੀਆਂ ਹਨ। ਇਹ ਟਰੱਸਟ ਦਾਨੀਆਂ ਤੇ ਸਿਆਸੀ ਪਾਰਟੀਆਂ ਵਿਚਾਲੇ ਵਿਚੋਲੇ ਦਾ ਕੰਮ ਕਰਦੇ ਹਨ। ਪਰੂਡੈਂਟ ਇਲੈਕਟੋਰਲ ਟਰੱਸਟ, ਟ੍ਰਾਇੰਫ ਇਲੈਕਟੋਰਲ ਟਰੱਸਟ ਤੇ ਜੈ ਭਾਰਤ ਇਲੈਕਟੋਰਲ ਟਰੱਸਟ ਨੇ ਮਿਲ ਕੇ 1196 ਕਰੋੜ ਰੁਪਏ ਪਾਰਟੀਆਂ ਨੂੰ ਪਹੁੰਚਾਏ। ਇਨ੍ਹਾਂ ਵਿੱਚ ਪਰੂਡੈਂਟ ਤੇ ਟ੍ਰਾਇੰਫ ਨੇ ਕ੍ਰਮਵਾਰ 1061 ਕਰੋੜ ਤੇ 132.5 ਕਰੋੜ ਦਿੱਤੇ। ਨੌਂ ਪ੍ਰਮੁੱਖ ਪਾਰਟੀਆਂ—ਭਾਜਪਾ, ਕਾਂਗਰਸ, ਆਪ, ਟੀ ਡੀ ਪੀ, ਜੇ ਡੀ ਯੂ, ਟੀ ਐੱਮ ਸੀ, ਡੀ ਐੱਮ ਕੇ, ਵਾਈ ਐੱਸ ਆਰ ਸੀ ਪੀ ਤੇ ਬੀ ਆਰ ਐੱਸ ਨੂੰ ਚੰਦਾ ਦੇਣ ਵਾਲੇ 20 ਸਿਖਰਲੇ ਦਾਨੀਆਂ ਵਿੱਚੋਂ ਤਿੰਨ ਇਲੈਕਟੋਰਲ ਟਰੱਸਟ ਹਨ। ਇਨ੍ਹਾਂ ਟਰੱਸਟਾਂ ਰਾਹੀਂ ਚੰਦਾ ਦੇਣ ਵਾਲੀਆਂ ਪ੍ਰਮੁੱਖ ਕੰਪਨੀਆਂ ਵਿੱਚ ਅਰਸੇਲਰ ਮਿੱਤਲ, ਨਿਪੋਨ ਸਟੀਲ, ਡੀ ਐੱਲ ਐੱਫ, ਮਾਰੂਤੀ ਸੁਜ਼ੂਕੀ, ਸੀ ਈ ਐੱਸ ਸੀ ਤੇ ਮੇਘਾ ਇੰਜੀਨੀਅਰਿੰਗ ਵਰਗੀਆਂ ਕੰਪਨੀਆਂ ਹਨ। ਪਰੂਡੈਂਟ ਇਲੈਕਟੋਰਲ ਟਰੱਸਟ ਨੂੰ ਅਰਸੇਲਰ ਮਿੱਤਲ ਤੇ ਡੀ ਐੱਲ ਐੱਫ ਨੇ 100-100 ਕਰੋੜ ਰੁਪਏ, ਮਾਥਾ ਪ੍ਰੋਜੈਕਟਸ ਨੇ 75 ਕਰੋੜ ਰੁਪਏ ਅਤੇ ਮਾਰੂਤੀ ਸੁਜ਼ੂਕੀ ਤੇ ਸੀ ਈ ਐੱਸ ਸੀ ਨੇ 60-60 ਕਰੋੜ ਰੁਪਏ ਦਿੱਤੇ। ਇਨਫ੍ਰਾਸਟਰਕਚਰ ਤੇ ਨਿਰਮਾਣ ਕੰਪਨੀਆਂ ਨੇ ਵੀ ਕਾਫੀ ਚੰਦੇ ਦਿੱਤੇ। ਅਜਿਹੀਆਂ 23 ਕੰਪਨੀਆਂ ਨੇ 248 ਕਰੋੜ ਦਾਨ ਦਿੱਤੇ, ਜਿਨ੍ਹਾਂ ਵਿੱਚੋਂ 227 ਕਰੋੜ ਭਾਜਪਾ, 10.83 ਕਰੋੜ ਟੀ ਡੀ ਪੀ ਤੇ 9 ਕਰੋੜ ਕਾਂਗਰਸ ਨੂੰ ਮਿਲੇ। ਇਨ੍ਹਾਂ ਵਿੱਚੋਂ ਸਭ ਤੋਂ ਵੱਡੀ ਦਾਨੀ ਅਹਿਮਦਾਬਾਦ ਦੀ ਦਿਨੇਸ਼ ਚੰਦਰ ਆਰ ਅੱਗਰਵਾਲ ਇਨਫ੍ਰਾਕੋਨ ਰਹੀ, ਜਿਸ ਨੇ ਭਾਜਪਾ ਨੂੰ 50 ਕਰੋੜ ਰੁਪਏ ਦਿੱਤੇ। ਇਸ ਦੇ ਬਾਅਦ ਮੁੰਬਈ ਦੀ ਮੈਕਰੋਟੈੱਕ ਡਿਵੈੱਲਪਰਜ਼, ਜਿਸ ਦਾ ਮਾਲਕ ਮਹਾਰਾਸ਼ਟਰ ਦਾ ਕੈਬਨਿਟ ਮੰਤਰੀ ਮੰਗਲ ਪ੍ਰਭਾਤ ਲੋਢਾ ਹੈ, ਨੇ 29.7 ਕਰੋੜ ਰੁਪਏ ਦਿੱਤੇ। ਦਿਨੇਸ਼ ਚੰਦਰ ਆਰ ਇਨਫ੍ਰਾਕੋਨ 2016 ਤੋਂ ਇਨਕਮ ਟੈਕਸ ਵਿਭਾਗ ਦੀ ਜਾਂਚ ਦੇ ਘੇਰੇ ਵਿੱਚ ਹੈ। 2021-22 ਵਿੱਚ ਇਸ ਨੂੰ ਟੈਕਸ ਨੋਟਿਸ ਵੀ ਜਾਰੀ ਕੀਤੇ ਗਏ ਸਨ। ਜਾਂਚ ਵਿੱਚ ਪਾਇਆ ਗਿਆ ਕਿ ਕੰਪਨੀ ਨੇ ਫਰਜ਼ੀ ਉਪ-ਠੇਕੇਦਾਰ ਖਰਚਿਆਂ ਰਾਹੀਂ ਬੇਹਿਸਾਬ ਧਨ ਕਮਾਇਆ। ਇਸ ਦੇ ਬਾਵਜੂਦ ਕੰਪਨੀ ਨੇ 2023 ਵਿੱਚ ਭਾਜਪਾ ਨੂੰ 15 ਕਰੋੜ ਤੇ ਏਕਨਾਥ ਸ਼ਿੰਦੇ ਦੀ ਸ਼ਿਵ ਸੈਨਾ ਨੂੰ 3 ਕਰੋੜ ਇਲੈਕਟੋਰਲ ਬਾਂਡਾਂ ਰਾਹੀਂ ਦਿੱਤੇ। ਭਾਜਪਾ ਨੂੰ ਮੈਕਲਿਆਡਸ ਫਾਰਮਾਸਿਊਟੀਕਲ ਤੇ ਇੰਟਾਸ ਫਾਰਮਾਸਿਊਟੀਕਲ ਨੇ 25-25 ਕਰੋੜ, ਜਦਕਿ ਅਜੰਤਾ ਫਾਰਮਾ, ਟ੍ਰੋਇਕਾ ਫਾਰਮਾਸਿਊਟੀਕਲ ਤੇ ਕੈਡਿਲਾ ਫਾਰਮਾਸਿਊਟੀਕਲ ਨੇ 5-5 ਕਰੋੜ ਦਿੱਤੇ। ਭਾਰਤ ਬਾਇਓਟੈੱਕ, ਜਿਸ ਨੇ ਕੋਰੋਨਾ ਦੌਰਾਨ ਵੈਕਸੀਨ ਬਣਾਈ ਸੀ, ਨੇ ਵੀ ਭਾਜਪਾ ਨੂੰ 50 ਕਰੋੜ ਦਿੱਤੇ। ਖਣਨ ਕੰਪਨੀ ਵੇਦਾਂਤਾ ਨੇ 2019 ਤੋਂ 2024 ਤੱਕ 400.35 ਕਰੋੜ ਦੇ ਇਲੈਕਟੋਰਲ ਬਾਂਡ ਖਰੀਦੇ, ਜਿਨ੍ਹਾਂ ਵਿੱਚੋਂ 230.15 ਕਰੋੜ ਭਾਜਪਾ, 125 ਕਰੋੜ ਕਾਂਗਰਸ ਤੇ 40 ਕਰੋੜ ਬੀਜੂ ਜਨਤਾ ਦਲ ਨੂੰ ਦਿੱਤੇ।

ਸਿਖਰਲੀਆਂ ਦਾਨੀ ਕੰਪਨੀਆਂ ਵਿੱਚ ਸ਼ਾਮਲ ਪੰਜ ਕੰਪਨੀਆਂ ਈ ਡੀ, ਸੀ ਬੀ ਆਈ ਤੇ ਇਨਕਮ ਟੈਕਸ ਦੀ ਜਾਂਚ ਦੇ ਘੇਰੇ ਵਿੱਚ ਹਨ। ਮੇਘਾ ਇੰਜੀਨੀਅਰਿੰਗ, ਜਿਹੜੀ ਇਲੈਕਟੋਰਲ ਬਾਂਡ ਦੀ ਦੂਜੀ ਸਭ ਤੋਂ ਵੱਡੀ ਖਰੀਦਦਾਰ ਹੈ, ਨੇ 2019 ਵਿੱਚ ਇਨਕਮ ਟੈਕਸ ਵਿਭਾਗ ਦੇ ਛਾਪਿਆਂ ਤੋਂ ਬਾਅਦ 50 ਕਰੋੜ ਦੇ ਬਾਂਡ ਖਰੀਦੇ। ਇਸ ਨੇ ਪਰੂਡੈਂਟ ਇਲੈਕਟੋਰਲ ਟਰੱਸਟ ਨੂੰ ਵੀ 25 ਕਰੋੜ ਦਿੱਤੇ।

ਸੁਪਰੀਮ ਕੋਰਟ ਨੇ ਫਰਵਰੀ 2024 ਵਿੱਚ ਇਲੈਕਟੋਰਲ ਬਾਂਡ ਸਕੀਮ ਨੂੰ ਅਸੰਵਿਧਾਨਕ ਕਰਾਰ ਦੇ ਕੇ ਰੱਦ ਕਰ ਦਿੱਤਾ ਸੀ। ਉਸ ਤੋਂ ਬਾਅਦ ਇਲੈਕਟੋਰਲ ਟਰੱਸਟਾਂ ਰਾਹੀਂ ਚੰਦਾ ਦੇਣ ਵਿੱਚ ਕਾਫੀ ਉਛਾਲ ਆਇਆ। ਇਲੈਕਟੋਰਲ ਟਰੱਸਟ ਪਾਰਦਰਸ਼ੀ ਨਹੀਂ, ਕਿਉਂਕਿ ਇਸ ਤੋਂ ਸਪੱਸ਼ਟ ਨਹੀਂ ਹੁੰਦਾ ਕਿ ਕਿਹੜੀ ਕੰਪਨੀ ਕਿਸ ਪਾਰਟੀ ਨੂੰ ਦਾਨ ਦੇ ਰਹੀ ਹੈ। ਪਾਰਟੀਆਂ ਦਾਨੀਆਂ ਨੂੰ ਪਛਾਣ ਲੈਂਦੀਆਂ ਹਨ, ਪਰ ਲੋਕਾਂ ਨੂੰ ਪਤਾ ਨਹੀਂ ਲੱਗਦਾ। ਇਨ੍ਹਾਂ ਚੰਦਿਆਂ ਦੇ 2023-24 ਦੇ ਅੰਕੜਿਆਂ ਤੋਂ ਇਹ ਪਤਾ ਲੱਗਦਾ ਹੈ ਕਿ ਸਰਕਾਰੀ ਪ੍ਰੋਜੈਕਟਾਂ 'ਤੇ ਨਿਰਭਰ ਕੰਪਨੀਆਂ ਵੱਲੋਂ ਦਿੱਤੇ ਦਾਨ ਦਾ 72 ਫੀਸਦੀ ਹਿੱਸਾ ਭਾਜਪਾ ਨੂੰ ਮਿਲਿਆ। ਚੋਣ ਬਾਂਡਾਂ ਦੀ ਸਕੀਮ ਰੱਦ ਕਰਨ ਦੇ ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਆਸ ਬੱਝੀ ਸੀ ਕਿ ਚੰਦਾ ਪ੍ਰਕਿਰਿਆ ਪਾਰਦਰਸ਼ੀ ਬਣੇਗੀ, ਪਰ ਅਜੇ ਵੀ ਭੇਦਭਰੀ ਬਣੀ ਹੋਈ ਹੈ। ਜ਼ਰੂਰੀ ਹੈ ਕਿ ਅਜਿਹਾ ਠੋਸ ਕਾਨੂੰਨ ਬਣਾਇਆ ਜਾਵੇ, ਜਿਸ ਨਾਲ ਪਾਰਟੀਆਂ ਨੂੰ ਮਿਲਣ ਵਾਲੀ ਪਾਈ-ਪਾਈ ਦਾ ਲੋਕਾਂ ਨੂੰ ਪਤਾ ਲੱਗ ਸਕੇ।

## ਪਾਠਕ-ਸੱਥ

### ਸਰਕਾਰੀ ਮੁਲਾਜ਼ਮਾਂ ਨੂੰ ਸੋਸ਼ਲ ਮੀਡੀਆ 'ਤੇ ਰੀਲ੍ਹਾਂ ਬਣਾਉਣ ਤੋਂ ਰੋਕਿਆ ਜਾਵੇ

ਪੰਜਾਬ ਵਿੱਚ ਇਸ ਸਮੇਂ ਇੰਸਟਾਗਰਾਮ ਵਰਗੇ ਅਤੇ ਹੋਰ ਸੋਸ਼ਲ ਮੀਡੀਆ ਪਲੇਟਫਾਰਮਾਂ ਤੋਂ ਬੇਤੁਕੀਆਂ, ਫਾਲਤੂ ਰੀਲ੍ਹਾਂ ਬਣਾਉਣ ਦਾ ਟਰੈਂਡ ਜ਼ੋਰਾਂ 'ਤੇ ਹੈ।ਜਣਾ-ਖਣਾ ਉੱਠ ਕੇ ਪੁੱਠੇ-ਸਿੱਧੇ ਐਕਸ਼ਨ ਕਰਕੇ ਆਪਣੀ ਸੋਸ਼ਲ ਮੀਡੀਆ 'ਤੇ ਰੀਲ੍ਹ ਬਣਾ ਕੇ ਪਾ ਦਿੰਦਾ ਹੈ। ਇਥੇ ਹੀ ਬਸ ਨਹੀਂ, ਹੁਣ ਤਾਂ ਪੰਜਾਬ ਦੇ ਕੁਝ ਬੇਗੈਰਤ ਤੇ ਬੇਸ਼ਰਮ ਮੁੰਡੇ ਕੁੜੀਆਂ ਆਪਣੀਆਂ ਅਸ਼ਲੀਲ ਹਰਕਤਾਂ ਦੀਆਂ ਰੀਲਾਂ ਬਣਾ ਕੇ ਪਾ ਰਹੇ ਹਨ, ਜਿਸ ਨਾਲ ਸਮਾਜ ਵਿੱਚ ਗ਼ਲਤ ਮੈਸੇਜ਼ ਜਾ ਰਿਹਾ ਹੈ। ਜੇਕਰ ਦੇਖਿਆ ਜਾਵੇ ਤਾਂ ਕੁਝ ਸਰਕਾਰੀ ਮੁਲਾਜ਼ਮ ਖ਼ਾਸਕਰ ਪੁਲਸ ਮੁਲਾਜ਼ਮ ਕੁੜੀਆਂ ਆਪਣੀਆਂ ਰੀਲ੍ਹਾਂ ਬਣਾ ਕੇ ਸੋਸ਼ਲ ਮੀਡੀਆ 'ਤੇ ਪਾ ਰਹੇ ਹਨ, ਉਹ ਵੀ ਬਹੁਤ ਵਾਰ ਵਰਦੀ ਵਿੱਚ, ਇਹ ਰੀਲ੍ਹਾਂ ਕੋਈ ਮੈਸੇਜ਼ ਦੇਣ ਵਾਲੀਆਂ ਨਹੀਂ, ਸਗੋਂ ਗੀਤਾਂ ਉਪਰ ਬਣਾਈਆਂ ਬੇਤੁਕੀਆਂ ਤੇ ਭੜਕਾਊ ਰੀਲ੍ਹਾਂ ਹਨ। ਉਦਾਹਰਣ ਦੇ ਤੌਰ 'ਤੇ ਤੁਸੀਂ ਪਿਛਲੇ ਦਿਨਾਂ ਵਿੱਚ ਚਿੱਟੇ ਨਾਲ ਫੜੀ ਗਈ ਪੁਲਸ ਮੁਲਾਜ਼ਮ ਅਮਨਦੀਪ ਕੌਰ ਦੀਆਂ ਰੀਲ੍ਹਾਂ ਦੇਖ ਸਕਦੇ ਹੋ, ਜੋ ਕਿ ਬਕਵਾਸ ਹਨ। ਇਨ੍ਹਾਂ ਰੀਲ੍ਹਾਂ ਨੂੰ ਬਣਾਉਣ ਵਾਲਾ ਬੇਸ਼ੱਕ ਪੂਰੇ ਮਹਿਕਮੇ ਵਿਚ ਕੁਝ ਗਿਣਤੀ ਦੇ ਬੰਦੇ ਹੀ ਹੁੰਦੇ ਹਨ ਪਰ ਇਸ ਨਾਲ ਅਕਸ ਪੂਰੇ ਮਹਿਕਮੇ ਦਾ ਖ਼ਰਾਬ ਹੁੰਦਾ ਹੈ। ਜੇਕਰ ਦੇਖਿਆ ਜਾਵੇ ਸਰਕਾਰੀ ਮੁਲਾਜ਼ਮ ਦੀ ਆਪਣੀ ਵੱਧ ਤੋਂ ਵੱਧ ਪ੍ਰਾਈਵੇਸੀ ਤਾਂ ਹੋਣੀ ਹੀ ਚਾਹੀਦੀ ਹੈ, ਨਾਲ ਹੀ ਉਸ ਦਾ ਅਕਸ ਇੱਕ ਸਾਫ਼-ਸੁਥਰੇ ਤੇ ਨਰਮ ਵਿਅਕਤੀ ਵਾਂਗ ਦਿਸੇ, ਨਾ ਕਿ ਸੋਸ਼ਲ ਮੀਡੀਆ 'ਤੇ ਫ਼ੈਲੇ ਨਚਾਰਾਂ ਵਾਂਗ ਹੋਵੇ। ਹੁਣ ਇਸ ਪਾਸੇ ਸਰਕਾਰ ਅਤੇ ਮਹਿਕਮਿਆਂ ਦੇ ਵੱਡੇ ਅਫਸਰਾਂ ਨੂੰ ਚਾਹੀਦਾ ਹੈ ਕਿ ਉਹ ਮੁਲਾਜ਼ਮਾਂ ਦੁਆਰਾ ਬਣਾਈਆਂ ਜਾਂਦੀਆਂ ਰੀਲ੍ਹਾਂ 'ਤੇ ਰੋਕ ਲਗਾਉਣ। ਇਸ ਨਾਲ ਆਮ ਲੋਕਾਂ ਤੇ ਸਮਾਜ ਦਾ ਵੀ ਫਾਇਦਾ ਰਹੇਗਾ।

-ਗੁਰਦਿੱਤ ਸਿੰਘ ਸੇਖੋਂ, 97811-72781

# ਵਕਫ਼ ਸੋਧ ਕਾਨੂੰਨ ਅਤੇ ਘੱਟ ਗਿਣਤੀਆਂ



ਗੁਰਮੀਤ ਸਿੰਘ ਪਲਾਹੀ

ਵਕਫ਼ ਸੋਧ ਬਿੱਲ ਪਾਸ ਹੋ ਗਿਆ ਹੈ, ਰਾਸ਼ਟਰਪਤੀ ਨੇ ਇਸ ਨੂੰ ਮਨਜ਼ੂਰੀ ਵੀ ਦੇ ਦਿੱਤੀ ਹੈ। ਪਾਸ ਹੋਇਆ ਇਹ ਬਿੱਲ ਕਾਨੂੰਨ ਬਣ ਚੁੱਕਾ ਹੈ। ਇਸ ਨੂੰ ਲਾਗੂ ਕਰਨ ਦੇ ਹੁਕਮ ਵੀ ਜਾਰੀ ਹੋ ਚੁੱਕੇ ਹਨ, ਪਰ ਇਸ ਦੇ ਵਿਰੁੱਧ ਆਵਾਜ਼ ਉਠਾਉਣੀ ਬੰਦ ਨਹੀਂ ਹੋਈ।

ਪੱਛਮੀ ਬੰਗਾਲ ਵਿੱਚ ਵਿਰੋਧ ਪ੍ਰਦਰਸ਼ਨ ਅਤੇ ਅੱਗ ਲੱਗਣ ਦੀਆਂ ਘਟਨਾਵਾਂ ਵਾਪਰੀਆਂ। ਪੱਛਮੀ ਬੰਗਾਲ ਦੀ ਮੁੱਖ ਮੰਤਰੀ ਮਮਤਾ ਬੈਨਰਜੀ ਨੇ ਇਸ ਕਾਨੂੰਨ ਨੂੰ ਪੱਛਮੀ ਬੰਗਾਲ ਵਿੱਚ ਲਾਗੂ ਕਰਨ ਤੋਂ ਸਾਫ਼ ਇਨਕਾਰ ਕਰ ਦਿੱਤਾ ਹੈ। ਇਸ ਤਰ੍ਹਾਂ ਇੱਕ ਸਿਆਸੀ ਟਕਰਾਅ ਦਾ ਮੁੱਢ ਰੱਖਿਆ ਗਿਆ ਹੈ।

ਕਾਂਗਰਸੀ ਨੇਤਾ ਅਤੇ ਲੋਕ ਸਭਾ 'ਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਦਾਅਵਾ ਕੀਤਾ ਕਿ ਸੰਸਦ ਵੱਲੋਂ ਪਾਸ ਵਕਫ਼ ਸੋਧ ਕਾਨੂੰਨ ਧਾਰਮਿਕ ਆਜ਼ਾਦੀ 'ਤੇ ਹਮਲਾ ਹੈ ਅਤੇ ਸੰਵਿਧਾਨ ਵਿਰੋਧੀ ਕਦਮ ਹੈ। ਉਹਨਾ ਇਹ ਵੀ ਕਿਹਾ ਕਿ ਆਉਣ ਵਾਲੇ ਸਮੇਂ 'ਚ ਦੂਸਰੇ ਘੱਟ ਗਿਣਤੀ ਭਾਈਚਾਰਿਆਂ ਨੂੰ ਵੀ ਨਿਸ਼ਾਨਾ ਬਣਾਇਆ ਜਾਵੇਗਾ।

ਵਕਫ਼ ਸੋਧ ਐਕਟ ਦੇ ਵਿਰੁੱਧ ਸੁਪਰੀਮ ਕੋਰਟ ਵਿੱਚ ਵੀ ਪਟੀਸ਼ਨਾਂ ਦਾਇਰ ਕਰ ਦਿੱਤੀਆਂ ਗਈਆਂ ਹਨ। ਵਕਫ਼ ਦੇ ਵਿਰੁੱਧ ਜਿਸ ਤਰ੍ਹਾਂ ਨਾਲ ਸਿਆਸੀ ਅਤੇ ਸਮਾਜਿਕ ਟਕਰਾਅ ਹੁੰਦਾ ਵਿਖਾਈ ਦੇ ਰਿਹਾ ਹੈ, ਉਹ ਲੋਕਤੰਤਰ ਦੀ ਸਿਹਤ ਲਈ ਠੀਕ ਨਹੀਂ।

ਸੰਸਦ ਵਿੱਚ ਵਕਫ਼ ਸੋਧ ਬਿੱਲ ਪਾਸ ਕਰਨ ਤੋਂ ਪਹਿਲਾਂ ਜੇਕਰ ਆਮ ਸਹਿਮਤੀ ਬਣਾਈ ਜਾਂਦੀ ਤਾਂ ਚੰਗਾ ਹੁੰਦਾ, ਨਾ ਹੀ ਸੁਪਰੀਮ ਕੋਰਟ 'ਚ ਪਟੀਸ਼ਨ ਦਾਇਰ ਹੁੰਦੀਆਂ ਅਤੇ ਨਾ ਹੀ ਜੰਮੂ-ਕਸ਼ਮੀਰ ਅਤੇ ਮਨੀਪੁਰ 'ਚ ਲੋਕ ਸੜਕਾਂ 'ਤੇ ਉਤਰਦੇ। ਮੁਰਸ਼ਦਾਬਾਦ ਜ਼ਿਲ੍ਹੇ 'ਚ ਪਥਰਾਅ ਅਤੇ ਅੱਥਰੂ ਗੈਸ ਛੱਡੇ ਜਾਣ ਦੀਆਂ ਤਸਵੀਰਾਂ ਡਰਾਉਂਦੀਆਂ ਹਨ। ਜੰਮੂ-ਕਸ਼ਮੀਰ ਵਿਧਾਨ ਸਭਾ 'ਚ ਸੱਤਾਧਾਰੀ ਤੇ ਵਿਰੋਧੀ ਧਿਰਾਂ ਇਸ ਮਸਲੇ 'ਤੇ ਇੱਕ-ਦੂਜੇ ਦੇ ਵਿਰੋਧ 'ਚ ਆ ਗਈਆਂ ਅਤੇ ਵਿਧਾਨ ਸਭਾ 'ਚ ਝਗੜਾ ਏਨਾ ਵਧ ਗਿਆ ਕਿ ਨੌਬਤ ਹੱਥੋਪਾਈ ਤੱਕ ਪੁੱਜ ਗਈ।

ਦੋਨਾਂ ਸਦਨਾਂ ਵਿੱਚ ਵਿਚਾਰ-ਚਰਚਾ ਦੌਰਾਨ ਵੀ ਜੇਕਰ ਸਾਰੇ ਪਹਿਲੂਆਂ ਨੂੰ ਵਿਚਾਰ ਲਿਆ ਜਾਂਦਾ ਤਾਂ ਸ਼ਾਇਦ ਵਿਵਾਦ ਨਾ ਹੁੰਦਾ, ਪਰ ਜਦੋਂ ਕੋਈ ਵੀ ਕਾਨੂੰਨ, ਭਾਵੇਂ ਉਹ ਆਮ ਜਨਤਾ ਦੇ ਹਿੱਤਾਂ ਵਾਲਾ ਵੀ ਕਿਉਂ ਨਾ ਹੋਵੇ, ਜੇਕਰ ਸਿਆਸੀ ਹਾਰ-ਜਿੱਤ ਨੂੰ ਧਿਆਨ 'ਚ ਰੱਖ ਕੇ ਬਣਾਇਆ ਜਾਂਦਾ ਹੈ ਤਾਂ ਇਹੋ ਜਿਹੇ ਵਿਵਾਦ ਉਠਣੇ ਲਾਜ਼ਮੀ ਹਨ।

ਦੋਸ਼ ਲਗਾਏ ਜਾ ਰਹੇ ਹਨ ਕਿ ਵਕਫ਼ ਸੋਧ ਐਕਟ ਮੁਸਲਮਾਨਾਂ ਪ੍ਰਤੀ ਦੁਰਭਾਵਨਾ ਨਾਲ ਪਾਸ ਕੀਤਾ ਗਿਆ ਹੈ। ਇਹ ਵੀ ਦੋਸ਼ ਹੈ ਕਿ ਵਕਫ਼ (ਸੋਧ) ਐਕਟ 2025 ਦੇ ਤਹਿਤ ਮੂਲ ਕਾਨੂੰਨ 'ਚ ਕੋਈ ਸੁਧਾਰ ਨਹੀਂ ਕੀਤਾ ਗਿਆ, ਸਗੋਂ ਮੌਜੂਦਾ ਕਾਨੂੰਨ 'ਤੇ ਕਟਾਰ ਚਲਾ ਕੇ ਉਸ ਦੀ ਪਛਾਣ ਮਿਟਾਉਣ ਦਾ ਯਤਨ ਹੋਇਆ ਹੈ।

ਪਿਛਲੇ ਸਮੇਂ 'ਚ ਖ਼ਾਸ ਤੌਰ 'ਤੇ ਇਕ ਦਹਾਕਾ ਪਿਛਲਖੁਰੀ ਜੇਕਰ ਵੇਖਿਆ ਜਾਵੇ ਤਾਂ ਕਿਹਾ ਜਾਣ ਲੱਗ ਪਿਆ ਹੈ ਕਿ ਭਾਰਤ ਵਿੱਚ ਸਾਰੇ ਧਰਮ ਬਰਾਬਰ ਨਹੀਂ ਰਹੇ। ਹਾਲਾਂਕਿ ਇਕ ਬਹੁ-ਧਾਰਮਿਕ ਲੋਕਤੰਤਰ ਦੇਸ਼ ਵਿੱਚ ਪਹਿਲਾ ਸਿਧਾਂਤ ਇਹ ਹੈ ਕਿ ਸਾਰੇ ਧਰਮ ਬਰਾਬਰ ਹਨ। ਧਾਰਮਿਕ ਸੰਸਥਾਵਾਂ ਦਾ ਪ੍ਰਬੰਧਨ ਧਾਰਮਿਕ ਸੰਸਥਾਵਾਂ ਦੇ ਹੱਥ ਹੋਣਾ ਚਾਹੀਦਾ ਹੈ।

ਭਾਰਤ ਵਿੱਚ ਬਹੁ-ਗਿਣਤੀ ਲੋਕ ਹਿੰਦੂ ਹਨ, ਇਹ ਸਿਧਾਂਤ ਹਿੰਦੂ ਧਾਰਮਿਕ ਥਾਵਾਂ ਅਤੇ ਸੰਸਥਾਵਾਂ 'ਤੇ ਵੀ ਲਾਗੂ ਹੋਏਗਾ। ਘੱਟ ਗਿਣਤੀਆਂ 'ਤੇ ਵੀ ਇਹ ਸਿਧਾਂਤ, ਸੰਵਿਧਾਨ ਅਨੁਸਾਰ ਲਾਗੂ ਹੈ। ਸੰਵਿਧਾਨ ਦੀ ਧਾਰਾ 26 ਅਨੁਸਾਰ ਧਾਰਮਿਕ ਮਸਲਿਆਂ ਦਾ ਪ੍ਰਬੰਧਨ ਕਰਨ ਦੀ ਆਜ਼ਾਦੀ ਉਸੇ ਧਰਮ ਦੇ ਲੋਕਾਂ ਨੂੰ ਹੈ। ਚੱਲ ਅਤੇ ਅਚੱਲ ਜਾਇਦਾਦ ਦਾ ਪ੍ਰਬੰਧਨ ਵੀ ਉਸੇ ਸੰਸਥਾ ਨੇ ਕਰਨਾ ਹੈ। ਧਰਮ ਦੇ ਮਸਲਿਆਂ 'ਚ ਪ੍ਰਬੰਧਨ ਵੀ ਉਸੇ ਧਾਰਮਿਕ ਸੰਸਥਾ ਨੇ ਕਰਨਾ ਹੈ। ਕਾਨੂੰਨ ਅਨੁਸਾਰ ਹਿੰਦੂ ਧਾਰਮਿਕ ਸੰਸਥਾਵਾਂ ਦਾ ਪ੍ਰਬੰਧ ਹਿੰਦੂਆਂ ਅਤੇ ਕੇਵਲ ਹਿੰਦੂਆਂ ਵੱਲੋਂ ਸੰਭਾਲਿਆ ਜਾਂਦਾ ਹੈ।

ਕੋਈ ਵੀ ਇਹ ਸੁਝਾਅ ਨਹੀਂ ਦੇ ਸਕਦਾ ਜਾਂ ਪ੍ਰਵਾਨ ਨਹੀਂ ਕਰ ਸਕਦਾ ਕਿ ਹਿੰਦੂ ਮੰਦਰਾਂ ਅਤੇ ਧਾਰਮਿਕ ਸੰਸਥਾਵਾਂ ਦਾ ਪ੍ਰਸ਼ਾਸਨ ਕੋਈ ਗ਼ੈਰ-ਹਿੰਦੂ ਕਰੇ। ਇਹੀ ਦ੍ਰਿਸ਼ਟੀਕੋਣ ਹੋਰ ਧਰਮ ਨੂੰ ਮੰਨਣ ਵਾਲੇ ਲੱਖਾਂ ਲੋਕਾਂ ਦਾ ਵੀ ਹੋਏਗਾ। ਫਿਲਹਾਲ ਹਿੰਦੂ , ਈਸਾਈ, ਸਿੱਖ ਜਾਂ ਬੋਧ ਧਰਮ ਦੇ ਕਿਸੇ ਧਾਰਮਿਕ ਪੂਜਾ ਸਥਾਨ 'ਤੇ ਜਾਂ ਧਾਰਮਿਕ ਸੰਸਥਾ ਦੇ ਕਾਨੂੰਨ ਕਿਸੇ ਹੋਰ ਧਰਮ ਦੇ ਪੈਰੋਕਾਰਾਂ ਨੂੰ ਕੋਈ ਭੂਮਿਕਾ ਨਿਭਾਉਣ ਦੀ ਆਗਿਆ ਨਹੀਂ ਦਿੰਦਾ।

ਵਕਫ਼ ਐਕਟ 1995 ਦੇ ਅਧੀਨ ਇਸ ਸਿਧਾਂਤ ਦਾ ਪੂਰੀ ਤਰ੍ਹਾਂ ਪਾਲਣ ਕੀਤਾ ਗਿਆ। ਵਕਫ਼ ਦਾ ਅਰਥ ਹੈ, ਮੁਸਲਿਮ ਕਾਨੂੰਨ ਦੁਆਰਾ ਮਾਨਤਾ ਪ੍ਰਾਪਤ ਕਿਸੇ ਵੀ ਪਵਿੱਤਰ ਧਾਰਮਿਕ ਜਾਂ ਧਾਰਮਿਕ ਮਰਿਆਦਾ ਦੇ ਉਦੇਸ਼ ਲਈ ਕਿਸੇ ਵਿਅਕਤੀ ਦੁਆਰਾ ਜਾਇਦਾਦ ਦਾ ਸਥਾਈ ਦਾਨ। ਅਦਾਲਤਾਂ ਨੇ ਉਸ ਵਕਫ਼ ਨੂੰ ਵੀ ਮਾਨਤਾ ਦਿੱਤੀ ਹੈ, ਜੋ ਕਿਸੇ ਗ਼ੈਰ-ਮੁਸਲਿਮ ਵੱਲੋਂ ਵੀ ਦਿੱਤਾ ਗਿਆ ਹੋਵੇ। ਕਾਨੂੰਨ ਅਨੁਸਾਰ ਮੌਜੂਦਾ ਵਕਫ਼ ਬੋਰਡਾਂ ਦੇ ਸਾਰੇ ਮੈਂਬਰ ਅਤੇ ਮੁੱਖ ਕਾਰਜਕਾਰੀ ਅਧਿਕਾਰੀਆਂ ਦਾ ਮੁਸਲਿਮ ਹੋਣਾ ਜ਼ਰੂਰੀ ਹੈ।

ਪਰ ਵਕਫ਼ ਸੋਧ ਕਾਨੂੰਨ 2025 ਅਨੁਸਾਰ ਪੁਰਾਣੇ ਸਿਧਾਂਤਾਂ ਅਤੇ ਪ੍ਰਥਾਵਾਂ ਨੂੰ ਉਲਟ ਦਿੱਤਾ ਗਿਆ ਹੈ। ਕਾਨੂੰਨ 'ਚ ਇਹ ਧਾਰਾ ਹਟਾ ਦਿੱਤੀ ਗਈ ਹੈ ਕਿ ਸੂਬਾ ਵਕਫ਼ ਬੋਰਡ ਦੇ ਮੈਂਬਰ ਮੁਸਲਮਾਨ ਹੀ ਹੋਣਗੇ। ਵਕਫ਼ ਜਾਇਦਾਦ ਵਿੱਚ ਹੱਦਬੰਦੀ ਨਿਯਮ ਲਾਗੂ ਨਹੀਂ ਹੁੰਦਾ ਸੀ,ਪਰ ਹੁਣ ਇਹ ਲਾਗੂ ਹੋਏਗਾ।

ਹੁਣ ਸਵਾਲ ਉਠਾਏ ਜਾ ਰਹੇ ਹਨ ਕਿ ਜੇਕਰ ਇਸ ਕਾਨੂੰਨ ਤਹਿਤ ਗ਼ੈਰ-ਮੁਸਲਮਾਨਾਂ ਨੂੰ ਵਕਫ਼ ਬੋਰਡ 'ਚ ਨਿਯੁਕਤ ਕੀਤਾ ਜਾਂਦਾ ਹੈ, ਤਾਂ ਕੀ ਹਿੰਦੂ ਧਾਰਮਿਕ ਜਾਂ ਧਾਰਮਿਕ ਸੰਸਥਾਵਾਂ ਵਿਚ ਵੀ ਗ਼ੈਰ-ਹਿੰਦੂਆਂ ਨੂੰ ਨਿਯੁਕਤੀ ਦਿਤੀ ਜਾਏਗੀ? ਸ਼ੰਕਾ ਇਹ ਵੀ ਪ੍ਰਗਟ ਕੀਤੀ ਜਾ ਰਹੀ ਹੈ ਕਿ ਇਸੇ ਮਾਡਲ 'ਤੇ ਹੋਰ ਧਾਰਮਿਕ ਸੰਸਥਾਵਾਂ ਭਾਵ ਈਸਾਈ, ਸਿੱਖ ਆਦਿ 'ਚ ਵੀ ਕਾਨੂੰਨ 'ਚ ਸੋਧ ਹੋਏਗੀ।

ਇਸ ਵਕਫ਼ ਸੋਧ ਐਕਟ ਤਹਿਤ ਅਧਿਕਾਰੀਆਂ ਨੂੰ ਅਧਿਕਾਰ ਦਿੱਤਾ ਗਿਆ ਹੈ ਕਿ ਉਹ ਵਕਫ਼ ਦੇ ਕੰਮਕਾਜ 'ਚ ਦਖ਼ਲ ਦੇਣ। ਉਂਜ ਜਿਥੇ ਕਿਧਰੇ ਵੀ ਧਾਰਮਿਕ ਸੰਸਥਾਵਾਂ ਦੀ ਵਾਗਡੋਰ ਸਰਕਾਰੀ ਅਧਿਕਾਰੀਆਂ ਨੂੰ ਸੌਂਪੀ ਗਈ, ਭਾਵੇਂ ਉਹ ਹਿੰਦੂ ਧਾਰਮਿਕ ਅਸਥਾਨ ਹੀ ਕਿਉਂ ਨਾ ਹੋਣ, ਨਤੀਜੇ ਅੱਛੇ ਨਹੀਂ ਦਿਖੇ। ਵਿਸ਼ਵਨਾਥ ਮੰਦਰ 'ਚ ਮਹੰਤ ਨੂੰ ਹਟਾ ਦਿੱਤਾ ਗਿਆ ਹੈ। ਮਹੰਤ ਦੀ ਸ਼ਿਕਾਇਤ ਹੈ ਕਿ ਮੰਦਰ ਦਾ ਪ੍ਰਸ਼ਾਸਨ ਖੋਹ ਕੇ ਸਰਕਾਰ ਨੇ ਚੰਗਾ ਨਹੀਂ ਕੀਤਾ। ਇਸ ਲਈ ਕਿ ਜਿਨਾਂ ਪਰੰਪਰਾਵਾਂ ਨੂੰ ਉਹਨਾਂ ਪੀੜ੍ਹੀ-ਦਰ-ਪੀੜ੍ਹੀ ਸੁਰੱਖਿਅਤ ਰੱਖਿਆ, ਉਸ ਬਾਰੇ ਸਰਕਾਰੀ ਅਫ਼ਸਰ ਕੁਝ ਵੀ ਨਹੀਂ ਜਾਣਦੇ।

ਵਕਫ਼ ਸੋਧ ਐਕਟ ਪਾਸ ਕਰਵਾ ਕੇ ਭਾਜਪਾ ਨੇ ਵੱਡੇ ਨਿਸ਼ਾਨੇ ਸਾਧੇ ਹਨ ਅਤੇ ਸਿਆਸੀ ਭੱਲ ਖੱਟਣ ਦਾ ਯਤਨ ਕੀਤਾ ਹੈ। ਇਕ ਤੀਰ ਨਾਲ ਕਈ ਨਿਸ਼ਾਨੇ ਸਾਧੇ ਹਨ। ਮੁਸਲਿਮ ਭਾਈਚਾਰੇ ਦੀਆਂ ਵੋਟਾਂ ਨਾਲ ਜਿੱਤਣ ਵਾਲੇ ਬਿਹਾਰ ਦੇ ਮੁੱਖ ਮੰਤਰੀ ਨਿਤੀਸ਼ ਕੁਮਾਰ ਅਤੇ ਆਂਧਰਾ ਪ੍ਰਦੇਸ਼ ਦੇ ਮੁੱਖ ਮੰਤਰੀ ਚੰਦਰ ਬਾਬੂ ਨਾਇਡੂ ਦੀ ਜ਼ਮੀਨ ਖਿਸਕਾਅ ਦਿੱਤੀ ਹੈ। ਮੁਸਲਮਾਨ ਹੁਣ ਇਹਨਾਂ ਦੋਹਾਂ ਦੇ ਵਿਰੁੱਧ ਹੋਣਗੇ ਅਤੇ ਇਹਨਾਂ ਦੀ ਤਾਕਤ ਬਿਹਾਰ ਅਤੇ ਆਂਧਰਾ ਪ੍ਰਦੇਸ਼ 'ਚ ਘਟੇਗੀ, ਇਹਨਾਂ ਪਾਰਟੀਆਂ ਸਦਕਾ ਇਸ ਵੇਲੇ ਕੇਂਦਰ ਸਰਕਾਰ ਸ਼ਾਸਨ ਕਰ ਰਹੀ ਹੈ। ਭਵਿੱਖ 'ਚ ਭਾਜਪਾ ਇਹਨਾਂ ਪ੍ਰਦੇਸ਼ਿਕ ਪਾਰਟੀਆਂ 'ਤੇ ਨਿਰਭਰਤਾ ਘਟਾਉਣ ਦੀ ਚਾਲ ਚੱਲ ਰਹੀ ਹੈ। ਵੈਸੇ ਵੀ ਸਮੇਂ-ਸਮੇਂ ਭਾਜਪਾ ਪਹਿਲਾਂ ਪ੍ਰਦੇਸ਼ਿਕ ਪਾਰਟੀਆਂ ਨਾਲ ਗੱਠਜੋੜ ਕਰਦੀ ਹੈ, ਫਿਰ ਉਹਨਾਂ ਨੂੰ ਖ਼ਤਮ ਕਰਨ ਦੇ ਰਾਹ ਤੁਰਦੀ ਹੈ। ਪੰਜਾਬ 'ਚ ਸ਼੍ਰੋਮਣੀ ਅਕਾਲੀ ਦਲ ਅਤੇ ਮਹਾਂਰਾਸ਼ਟਰ 'ਚ ਹਿੰਦੂ ਸ਼ਿਵ ਸੈਨਾ ਵੱਡੀਆਂ ਉਦਾਹਰਨਾਂ ਹਨ।

ਸਭ ਤੋਂ ਵੱਡਾ ਸਵਾਲ ਇਹ ਹੈ ਕਿ ਜਦ ਮੁਸਲਮਾਨਾਂ ਦਾ ਵਿਸ਼ਵਾਸ ਪਹਿਲਾਂ ਹੀ ਮੋਦੀ ਸਰਕਾਰ ਖੋਹ ਬੈਠੀ ਹੈ, ਤਾਂ ਵਕਫ਼ ਦੇ ਕੰਮਕਾਰ 'ਚ ਛੇੜਖਾਨੀ ਕਰਕੇ ਉਹ ਕੀ ਖੱਟਣਾ ਚਾਹੁੰਦੀ ਹੈ। ਅਸਲ ਵਿੱਚ ਦੇਸ਼ ਭਰ 'ਚ ਮੁਸਲਮਾਨਾਂ 'ਚ ਪਹਿਲਾਂ ਹੀ ਅਸ਼ਾਂਤੀ ਹੈ। ਲਵ-ਜਿਹਾਦ, ਜ਼ਮੀਨ-ਜਿਹਾਦ, ਬੁਲਡੋਜ਼ਰ ਨੀਤੀ, ਗਊ-ਰਖ਼ਸ਼ਕਾਂ ਦੇ ਮੁਸਲਮਾਨਾਂ 'ਤੇ ਹਮਲਿਆਂ, ਇੱਕ ਮਾਤਰ ਮੁਸਲਮ ਬਹੁਲਤਾ ਵਾਲੇ ਰਾਜ ਜੰਮੂ- ਕਸ਼ਮੀਰ ਨੂੰ ਵੰਡ ਕੇ ਕੇਂਦਰ ਸ਼ਾਸਤ ਪ੍ਰਦੇਸ਼ ਬਨਾਉਣ ਵਾਲੀਆਂ ਕਾਰਵਾਈਆਂ ਨੇ ਮੁਸਲਮਾਨਾਂ 'ਚ ਸਹਿਮ ਅਤੇ ਰੋਸ ਪੈਦਾ ਕੀਤਾ ਹੋਇਆ ਹੈ। ਬਿਲਕੁਲ ਗ਼ਰੀਬ ਮੁਸਲਮਾਨ ਆਪਣੇ-ਆਪ ਨੂੰ ਪਹਿਲਾਂ ਹੀ ਦੋ ਨੰਬਰ ਦੇ ਨਾਗਰਿਕ ਸਮਝ ਰਹੇ ਹਨ। ਲੋਕ ਸਭਾ 'ਚ ਭਾਜਪਾ ਮੰਤਰੀਆਂ ਨੇ ਵਾਰ-ਵਾਰ ਇਹ ਸਾਬਿਤ ਕਰਨ ਦਾ ਯਤਨ ਕੀਤਾ ਕਿ ਮੋਦੀ ਸਿਰਫ਼ ਪਸਮਾਂਦਾ ਅਤੇ ਗ਼ਰੀਬ ਮੁਸਲਿਮ ਕੌਮ ਦੇ ਭਲੇ ਲਈ ਇਹ ਕਾਨੂੰਨ ਬਣਾ ਰਹੇ ਹਨ, ਪਰ ਕੀ ਇਹ ਸੱਚਮੁੱਚ ਇਵੇਂ ਹੀ ਹੈ? ਕੀ ਇਸ ਪਿੱਛੇ ਵਾਕਿਆ ਹੀ ਹਿੰਦੂ, ਹਿੰਦੀ, ਹਿੰਦੋਸਤਾਨ ਵਾਲੀ ਭਾਵਨਾ ਵਾਲਾ ਏਜੰਡਾ ਕੰਮ ਨਹੀਂ ਕਰ ਰਿਹਾ।

ਦੇਸ਼ ਭਰ 'ਚ ਘੱਟ ਗਿਣਤੀ ਲੋਕਾਂ 'ਚ ਅਵਿਸ਼ਵਾਸ਼ ਵਧ ਰਿਹਾ ਹੈ। 2019-20 ਅਤੇ 2023-24 ਤੱਕ ਪੰਜ ਸਾਲਾਂ ਵਿੱਚ ਘੱਟ ਗਿਣਤੀਆਂ ਲਈ 18,274 ਕਰੋੜ ਖ਼ਰਚੇ ਦਾ ਬਜਟ ਰੱਖਿਆ ਗਿਆ, ਪਰ ਇਸ ਰਕਮ ਵਿਚੋਂ 3574 ਕਰੋੜ ਰੁਪਏ ਖ਼ਰਚ ਹੀ ਨਹੀਂ ਕੀਤੇ ਗਏ। ਮੋਦੀ ਸਰਕਾਰ ਵੱਲੋਂ ਲਗਾਤਾਰ ਐਨ.ਆਰ.ਸੀ/ਸੀ.ਏ.ਏ ਜਿਹੇ ਕਾਨੂੰਨ ਲਿਆ ਕੇ ਘੱਟ ਗਿਣਤੀਆਂ 'ਤੇ ਹਮਲਾ ਆਰੰਭਿਆ ਗਿਆ । ਇਹੋ ਜਿਹਾ ਹਮਲਾ ਵਕਫ਼ ਸੋਧ ਐਕਟ ਅਧੀਨ ਵੀ ਵੇਖਿਆ ਜਾ ਰਿਹਾ ਹੈ। ਇਸ ਐਕਟ 'ਚ ਮੰਦੀ ਭਾਵਨਾ ਦੀ ਝਲਕ ਸਪੱਸ਼ਟ ਦਿਸ ਰਹੀ ਹੈ।

# ਸੰਪਰਕ : 98158-02070

# ਬਿਨਾਂ ਕੁਸ਼ਤੀ ਪਟਕਾ ਸੁਖਬੀਰ ਜਿੱਤਿਆ



ਐਡਵੋਕੇਟ ਗੁਰਮੀਤ ਸਿੰਘ ਸ਼ੁਗਲੀ

ਕੁਸ਼ਤੀ ਦੇ ਅਸਲ ਮੈਦਾਨ 'ਚ ਕਦੇ-ਕਦੇ ਅਜਿਹਾ ਵਾਪਰਦਾ ਹੈ, ਜਿਥੇ ਬਿਨਾਂ ਕੁਸ਼ਤੀ ਕੀਤਿਆਂ ਪਟਕਾ ਕਿਸੇ ਦੇ ਹੱਥ ਲੱਗ ਜਾਵੇ। ਤਕਰੀਬਨ ਬਾਈ ਲੱਖ ਦੀ ਮੈਂਬਰਸ਼ਿਪ ਅਧਾਰਤ ਬੀਤੇ ਸ਼ਨੀਵਾਰ ਤੇਜਾ ਸਿੰਘ ਸਮੁੰਦਰੀ ਹਾਲ ਅੰਮ੍ਰਿਤਸਰ 'ਚ ਅਜੋਕੇ ਅਕਾਲੀ ਦਲ ਦਾ ਡੈਲੀਗੇਟ ਅਧਾਰਤ ਇਕ ਅਜਲਾਸ ਹੋਇਆ, ਜਿਸ ਵਿੱਚ ਉਪਰੋਕਤ ਕ੍ਰਿਸ਼ਮਾ ਹੋਇਆ। ਆਮ ਕਰਕੇ ਮੁਢ-ਕਦੀਮੀ ਵਿਰੋਧੀਆਂ ਨੇ ਮੈਂਬਰਸ਼ਿਪ ਭਰਤੀ ਨੂੰ ਅਜਲਾਸ ਤੋਂ ਪਹਿਲਾਂ ਹੀ ਬੋਗਸ ਗਰਦਾਨਣਾ ਸ਼ੁਰੂ ਕਰ ਦਿੱਤਾ ਸੀ। ਉਨ੍ਹਾਂ ਵੱਲੋਂ ਤਕਰੀਬਨ ਹਿੱਸਾ ਵੀ ਨਹੀਂ ਲਿਆ ਗਿਆ। ਅਸਲ 'ਚ ਸਮੁੱਚੇ ਪੰਜਾਬ ਦੇ ਅਕਾਲੀਆਂ ਦੇ ਇਕ ਹਿੱਸੇ ਨੇ ਇਸ ਚੋਣ ਨਾਟਕ ਨੂੰ ਅਕਾਲ ਤਖਤ ਵਿਰੋਧੀ ਬਿਆਨ ਕੇ ਵਿਰੋਧਤਾ ਕੀਤੀ, ਜਦ ਕਿ ਇਕ ਹਿੱਸੇ ਨੇ ਆਪਣੇ ਆਪ ਨੂੰ ਠੀਕ ਠਹਿਰਾਉਂਦਿਆਂ ਚੋਣ ਨਾਟਕ ਸਿਰੇ ਚਾੜ੍ਹਿਆ। ਦਰਅਸਲ ਅਸੀਂ ਉਸ ਸੋਚ ਦੇ ਧਾਰਨੀ ਹਾਂ, ਜੋ ਚਾਹੁੰਦੇ ਅਤੇ ਸਮਝਦੇ ਹਨ ਕਿ ਅਕਾਲ ਤਖ਼ਤ ਦੇ ਜਥੇਦਾਰ ਨੂੰ ਸਿਆਸੀ ਗਤੀਵਿਧੀਆਂ ਤੋਂ ਸਦਾ ਹੀ ਦੂਰੀ ਬਣਾ ਕੇ ਰੱਖਣੀ ਚਾਹੀਦੀ ਹੈ। ਧਰਮ ਅਤੇ ਸਿਆਸਤ ਰਲਗਡ ਕਰਨ ਨਾਲ ਹਮੇਸ਼ਾ ਹੀ ਇਤਿਹਾਸ ਗਵਾਹ ਹੈ ਕਿ ਧਰਮ ਦੀ ਬਜਾਏ ਸਿਆਸਤ ਘੋੜ ਸਵਾਰੀ ਕਰਦੀ ਹੈ ਅਤੇ ਕਰਦੀ ਰਹੇਗੀ ਕਦੋਂ ਤੱਕ? ਉਦੋਂ ਤੱਕ ਜਦ ਤੱਕ ਧਰਮ ਅਤੇ ਸਿਆਸਤ ਅਲੱਗ-ਅਲੱਗ ਕਰਕੇ ਵਿਚਾਰੇ ਨਹੀਂ ਜਾਣਗੇ ਅਤੇ ਸਭ ਹਿਤੈਸ਼ੀਆਂ ਵੱਲੋਂ ਇਸ 'ਤੇ ਪਹਿਰਾ ਨਹੀਂ ਦਿੱਤਾ ਜਾਵੇਗਾ।

ਦਰਅਸਲ ਸੰਬੰਧਤ ਡੈਲੀਗੇਟ ਸੈਸ਼ਨ ਇਕ ਨਵੀਂ ਕਤਾਰਬੰਦੀ 'ਚੋਂ ਪੈਦਾ ਹੋਇਆ ਇਕ ਵੱਡਾ ਇਕੱਠ ਹੋ ਨਿਬੜਿਆ, ਜਿਸ ਦੀ ਪਹਿਲਾਂ ਤੋਂ ਹੀ ਵਿਉਂਤਬੰਦੀ ਕੀਤੀ ਹੋਈ ਸੀ। ਇਹ ਵੀ ਇਕ ਸੁਖਾਵੀਂ ਖ਼ਬਰ ਹੈ ਕਿ ਸਮੁੱਚੀ ਕਮੇਟੀ ਵੀ ਦਿੱਤੇ ਅਧਿਕਾਰਾਂ ਅਨੁਸਾਰ ਸਿਰੇ ਚੜ੍ਹੀ। ਇੱਕਤਰਤਾ ਵੱਡਾ ਇਕੱਠ ਅਕਾਲੀ ਦਲ ਦੀ ਮੁੜ ਸੁਰਜੀਤੀ ਵੱਲ ਇਸ਼ਾਰਾ ਕਰ ਰਿਹਾ ਹੈ। ਭਾਵੇਂ ਇਸ ਨੂੰ ਮੁੜ ਸ਼੍ਰੋਮਣੀ ਅਕਾਲੀ ਦਲ ਦੀ ਬਜਾਏ ਬਾਦਲ ਅਕਾਲੀ ਦਲ ਨਾਲ ਪੁਕਾਰਿਆ ਜਾਵੇ। ਦਰਅਸਲ ਬਾਹਰ ਬੈਠ ਕੇ ਝਾਕਣ ਵਾਲਿਆਂ ਨੂੰ ਨਾਲ ਬੈਠ ਕੇ ਆਪਣੇ ਵੱਲੋਂ ਬਣਦੇ ਸੁਝਾਅ ਪੇਸ਼ ਕਰਨੇ ਚਾਹੀਦੇ ਸਨ। ਇਹ ਵੀ ਇਕ ਵਧੀਆ ਸਬੱਬ ਬਣਿਆ ਹੈ ਕਿ ਖਾਲਸਾ ਆਪਣੇ ਜਨਮ ਦਿਹਾੜੇ ਤੋਂ ਇਕ ਦਿਨ ਪਹਿਲਾਂ ਮੁੜ ਸਿਆਸੀ ਪਾਰਟੀ 'ਚ ਪ੍ਰੋਇਆ ਗਿਆ ਹੈ।

ਅਸੀਂ ਕੋਈ ਇਸ ਸ਼੍ਰੋਮਣੀ ਅਕਾਲੀ ਦਲ ਨੂੰ ਕਿਸੇ ਡਰਾਉਣ ਦੀ ਭਾਵਨਾ ਨਾਲ ਨਹੀਂ, ਬਲਕਿ ਕਿਰਦਾਰ ਵਾਸਤੇ ਕਹਿ ਰਹੇ ਹਾਂ ਕਿ ਪਿਛਲੀਆਂ ਜ਼ਿਮਨੀ ਚੋਣਾਂ 'ਚ ਤੁਹਾਡਾ ਕਿਰਦਾਰ, ਜੋ ਤੁਹਾਡੀ ਨਿਰਾਸ਼ਾ ਦੀ ਕਹਾਣੀ ਸੁਣਾਉਂਦਾ ਸੀ, ਹੁਣ ਤੁਹਾਡੇ ਸਾਹਮਣੇ ਲੁਧਿਆਣੇ ਵੈੱਸਟ ਦੀ ਜ਼ਿਮਨੀ ਚੋਣ ਤਿਆਰ ਖੜੀ ਹੈ, ਜਿਸ ਉਤਸ਼ਾਹ ਨਾਲ ਤੁਸੀਂ ਮੁੜ ਇਕੱਠੇ ਹੋਏ ਹੋਏ ਹੋ, ਤੁਹਾਨੂੰ ਚਾਹੁਣ ਵਾਲੇ ਜ਼ਿਮਨੀ ਚੋਣ 'ਚ ਤੁਹਾਡਾ ਕਿਰਦਾਰ ਮੁੜ ਨਾਪਣਗੇ, ਖਾਸ ਕਰ ਭਾਰਤੀ ਜਨਤਾ ਪਾਰਟੀ ਬਰਾਬਰ। ਤੁਸੀਂ ਸਿਰਫ਼ ਇਸ ਚੋਣ 'ਚ ਆਪਣੀ ਹੋਂਦ ਦਿਖਾਉਣੀ ਹੈ। ਜਨਤਾ ਨੇ ਦੇਖਣਾ ਹੈ ਬਿਨਾਂ ਕੁਸ਼ਤੀ ਕੀਤਿਆਂ ਪਟਕਾ ਲਿਜਾਣ ਵਾਲੇ ਲੁਧਿਆਣਾ ਵੈੱਸਟ ਦੀ ਕੁਸ਼ਤੀ 'ਚ ਕੀ ਰੰਗ ਦਿਖਾਉਂਦੇ ਹਨ? ਅਸੀਂ ਨਾ ਅਕਾਲੀ ਹਾਂ ਨਾ ਹੀ ਅਕਾਲੀ ਸੋਚ ਦੇ ਧਾਰਨੀ ਹਾਂ, ਪਰ ਇਕ ਪੰਜਾਬੀ ਹੋਣ ਕਰਕੇ ਪੰਜਾਬ ਦੇ ਭਲੇ ਲਈ ਸੋਚਣ ਵਾਲਿਆਂ 'ਚੋਂ ਇਕ ਹਾਂ। ਸਾਡੀ ਰਾਏ ਮੁਤਾਬਕ ਜਿੱਤ ਕੇ ਸਭ ਭਾਰਤੀ ਸੰਵਿਧਾਨ ਦੀ ਸਹੁੰ ਚੁਕਦੇ ਹਨ। ਭਾਰਤੀ ਸੰਵਿਧਾਨ ਮੁੱਖ ਰੂਪ ਵਿੱਚ ਕਿਸੇ ਧਰਮ ਦੀ ਬਾਤ ਨਹੀਂ ਪਾਉਂਦਾ, ਸਗੋਂ ਧਰਮ ਨਿਰਪੱਖ ਹੈ ਅਤੇ ਅਖਵਾਉਂਦਾ ਹੈ। ਇਸੇ ਕਰਕੇ ਸਾਡੀ ਰਾਏ ਹੈ ਕਿ ਸਮੁੱਚੇ ਅਕਾਲੀ ਦਲ ਨੂੰ ਜਿੰਨਾ ਹੋ ਸਕੇ ਧਰਮ ਤੋਂ ਦੂਰ ਰਖੋ। ਧਰਮ ਸਭ ਦਾ ਨਿੱਜੀ ਮਾਮਲਾ ਹੈ। ਅੱਜ ਤੱਕ ਪੰਜਾਬ 'ਚ ਜਿੰਨਾ ਨੁਕਸਾਨ ਅਕਾਲੀ ਦਲ ਦਾ ਹੋਇਆ, ਜਦੋਂ ਸਮੁੱਚੇ ਪੰਜਾਬ ਦੀ ਜਵਾਨੀ ਦੇਖਦਿਆਂ-ਦੇਖਦਿਆਂ ਹੀ ਅਲੋਪ ਹੋ ਗਈ। ਇਕ ਗੱਲ ਅਸੀਂ ਅਕਾਲੀ ਲੀਡਰਸ਼ਿਪ ਨਾਲ ਹੋਰ ਸਾਂਝੀ ਕਰਨੀ ਚਾਹਾਂਗੇ ਕਿ ਪ੍ਰਧਾਨਗੀਆਂ ਅਤੇ ਜਥੇਦਾਰੀਆਂ ਲਿਫਾਫਿਆਂ 'ਚੋਂ ਕੱਢਣੀਆਂ ਬੰਦ ਕਰਕੇ ਸਰਬਸੰਮਤੀ ਵਾਲਾ ਤਰੀਕਾ ਜਾਂ ਜਮਹੂਰੀ ਤਰੀਕੇ ਨਾਲ ਚੋਣ ਕਰਨੀ ਸ਼ੁਰੂ ਕਰੋ।

ਇਸ ਹਥਲੇ ਲੇਖ 'ਚ ਅਸੀਂ ਆਪਣੇ ਗਿਆਨ ਮੁਤਾਬਕ ਆਪਣੇ ਬਣਦੇ ਸੁਝਾਅ ਪਾਠਕਾਂ ਨਾਲ ਸਾਂਝੇ ਕੀਤੇ ਹਨ, ਜਿਸ ਨਾਲ ਪਾਠਕ ਸਹਿਮਤ ਵੀ ਹੋ ਸਕਦੇ ਹਨ ਅਤੇ ਅਸਹਿਮਤ ਵੀ ਹੋ ਸਕਦੇ ਹਨ, ਪਰ ਬਾਵਜੂਦ ਲੇਖਕ ਇਨ੍ਹਾਂ ਸੁਝਾਵਾਂ ਦੇ ਇਕ ਗੱਲ ਆਪਣੇ ਪਾਠਕਾਂ ਤੋਂ ਵੀ ਪਿਆਰ ਨਾਲ ਜਾਨਣਾ ਚਾਹੇਗਾ, ਤਾਂ ਕਿ ਉਹ ਆਪਣੇ ਗਿਆਨ 'ਚ ਵਾਧਾ ਕਰ ਸਕੇ। ਲੇਖਕ ਮੁਤਾਬਕ ਪੌਣੇ ਸੈਂਕੜੇ ਤੋਂ ਵੱਧ ਵੱਖ-ਵੱਖ ਸਮੇਂ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਬਣਦੇ ਆਏ ਹਨ। ਕਈਆਂ ਘੱਟ ਸਮਾਂ ਇਸ ਅਹੁਦੇ 'ਤੇ ਕੰਮ ਕੀਤਾ, ਕਈਆਂ ਲੰਮਾ ਸਮਾਂ ਆਪਣੀ ਬਣਦੀ ਡਿਊਟੀ ਨਿਭਾਈ, ਪਰ ਇਕ ਗੱਲ ਆਮ ਦੇਖਣ 'ਚ ਆਈ ਕਿ ਜਿਹੜੇ ਜਥੇਦਾਰਾਂ ਦੀ ਚੋਣ ਸਰਬਤ ਖਾਲਸੇ ਨੇ ਕੀਤੀ, ਉਨ੍ਹਾਂ ਨਿਰਭੈਅ ਹੋ ਕੇ ਫੈਸਲੇ ਕੀਤੇ ਅਤੇ ਆਪਣੀ ਜਥੇਦਾਰੀ ਦਾ ਰੁਤਬਾ ਉੱਚਾ ਕੀਤਾ। ਜਿਨ੍ਹਾਂ ਨੂੰ ਕਿਸੇ ਅਥਾਰਟੀ ਨੇ ਨਿਯੁਕਤ ਕੀਤਾ, ਉਨ੍ਹਾਂ ਦੇ ਕੰਮ ਕਰਨ ਦਾ ਆਪਣਾ ਹੀ ਅੰਦਾਜ਼ ਹੁੰਦਾ ਸੀ। ਆਖਰੀ ਸਵਾਲ ਜਿਸ ਦਾ ਉੱਤਰ ਲੇਖਕ ਵਿਦਵਾਨਾਂ ਜਾਂ ਉਨ੍ਹਾਂ ਜਾਣਕਾਰਾਂ ਤੋਂ ਸਮਝਣਾ ਚਾਹੇਗਾ, ਜਿਨ੍ਹਾਂ ਪੂਰਨ ਸਟੱਡੀ ਕੀਤੀ ਹੋਵੇ । ਅਕਾਲ ਤਖਤ ਛੇਵੇਂ ਪਾਤਸ਼ਾਹ ਜੀ ਨੇ ਆਪ ਆਪਣੀ ਹਾਜ਼ਰੀ 'ਚ ਬਣਾਇਆ ਸੀ। ਸੰਗਤ ਦਾ ਇਕੱਠ ਵਧਣ ਕਰਕੇ ਅਕਾਲ ਤਖਤੋਂ ਸਭ ਹੁਕਮਨਾਮੇ ਪੜ੍ਹ ਕੇ ਸੁਣਾਏ ਜਾਂਦੇ ਸਨ। ਅਜਿਹਾ ਸਿਰਫ਼ ਉਦੋਂ ਹੁੰਦਾ ਸੀ, ਜਦੋਂ ਛੇਵੇਂ ਪਾਤਸ਼ਾਹ ਹਾਜ਼ਰ ਹੁੰਦੇ ਸਨ। ਲੇਖਕ ਮੁਤਾਬਕ ਜਦ ਛੇਵੇਂ ਪਾਤਸ਼ਾਹ ਹਾਜ਼ਰ ਨਹੀਂ ਹੁੰਦੇ ਸਨ ਤਾਂ ਉਹ ਉਦੋਂ ਹੁਕਮਨਾਮਾ ਉਥੋਂ ਹੀ ਜਾਰੀ ਕਰਦੇ ਸਨ, ਜਿਥੇ ਮਹਾਰਾਜ ਜੀ ਹਾਜ਼ਰ ਹੁੰਦੇ ਸਨ। ਅਗਰ ਅਜਿਹਾ ਠੀਕ ਨਹੀਂ ਤਾਂ ਇਹ ਦੱਸਣ ਦੀ ਖੇਚਲ ਕੀਤੀ ਜਾਵੇ ਕਿ ਅਜਿਹੀ ਸਥਿਤੀ 'ਚ ਕੌਣ ਕਿਥੋਂ ਹੁਕਮਨਾਮੇ ਜਾਰੀ ਕਰਦਾ ਸੀ। ਕੀ ਛੇਵੇਂ ਪਾਤਸ਼ਾਹ ਜੀ ਨੇ ਆਪਣੀ ਜਗ੍ਹਾ ਕਿਸ ਨੂੰ ਜਾਂ ਆਪਣੇ ਤੋਂ ਬਾਅਦ ਇਹ ਅਹੁਦਾ ਕਿਸ ਹਵਾਲੇ ਕੀਤਾ ਸੀ? ਇਹ ਵੀ ਧਿਆਨ 'ਚ ਲਿਆਂਦਾ ਜਾਵੇ ਕਿ ਪ੍ਰਥਾ ਦਸਵੇਂ ਪਾਤਸ਼ਾਹ ਤੱਕ ਕਿਵੇਂ ਚਲਦੀ ਰਹੀ? ਦਸਵੇਂ ਪਾਤਸ਼ਾਹ ਦੇ ਹੁੰਦਿਆਂ ਕੌਣ ਅਕਾਲ ਤਖਤ ਤੋਂ ਹੁਕਮਨਾਮੇ ਜਾਰੀ ਕਰਦਾ ਰਿਹਾ। ਅਜਿਹੇ ਸ਼ੰਕੇ ਨਿਵਾਰਨ ਕਰਨ ਵਾਲੇ ਦਾ ਲੇਖਕ ਤਹਿ ਦਿਲੋਂ ਧੰਨਵਾਦੀ ਹੋਵੇਗਾ, ਕੋਈ ਚੁੰਭਵਾਂ ਸਵਾਲ ਹੋਵੇ ਤਾਂ ਖਿਮਾ ਦਾ ਜਾਚਕ ਹਾਂ।

# ਸੰਪਰਕ : 98721-65741

# ਟੈਰਿਫ ਦਰਾਂ 'ਚ ਵਾਧੇ ਨੂੰ ਲੈ ਕੇ ਟਰੰਪ ਫਿਰ ਤੋਂ ਚਰਚਾ 'ਚ



ਮੁਹੰਮਦ ਅੱਬਾਸ ਧਾਲੀਵਾਲ

ਜਦੋਂ ਤੋਂ ਅਮਰੀਕਾ 'ਚ ਡੋਨਾਲਡ ਟਰੰਪ ਨੇ ਰਾਸ਼ਟਰਪਤੀ ਵਜੋਂ ਆਪਣੀ ਦੂਜੀ ਪਾਰੀ ਦੀ ਸ਼ੁਰੂਆਤ ਕੀਤੀ ਹੈ, ਉਸੇ ਦਿਨ ਉਨ੍ਹਾਂ ਦੇ ਬਿਆਨ ਅੰਤਰ-ਰਾਸ਼ਟਰੀ ਪੱਧਰ 'ਤੇ ਚਰਚਾ ਦਾ ਵਿਸ਼ਾ ਬਣਦੇ ਆ ਰਹੇ ਹਨ, ਉਹ ਚਾਹੇ ਰੂਸ-ਯੂਕਰੇਨ ਯੁੱਧ ਨੂੰ ਲੈ ਕੇ ਹੋਣ ਜਾਂ ਗਾਜ਼ਾ ਨੂੰ ਆਪਣੇ ਕਬਜ਼ੇ ਵਿੱਚ ਲੈਣ ਸੰਬੰਧੀ ਹੋਣ ਜਾਂ ਫਿਰ ਬਰਿਕਸ ਦੇਸ਼ਾਂ ਨੂੰ ਲੈ ਕੇ ਚੇਤਾਵਨੀ ਨੂੰ ਲੈ ਕੇ ਹੋਣ।

ਹੁਣ ਪਿਛਲੇ ਕੁੱਝ ਹਫਤਿਆਂ ਤੋਂ ਉਹ ਵੱਖ-ਵੱਖ ਦੇਸ਼ਾਂ 'ਤੇ ਆਪਣੀ ਮਨ-ਮਰਜ਼ੀ ਦੀਆਂ ਟੈਰਿਫ ਦਰਾਂ ਵਧਾਉਣ ਨੂੰ ਲੈ ਕੇ ਚਰਚਾਵਾਂ ਵਿਚ ਹਨ, ਉਨ੍ਹਾਂ ਵੱਲੋਂ ਵੱਖ-ਵੱਖ ਦੇਸ਼ਾਂ ਨੂੰ ਅਮਰੀਕਾ ਵੱਲੋਂ ਨਿਸ਼ਚਿਤ ਕੀਤੀਆਂ ਨਵੀਆਂ ਟੈਰਿਫ ਦਰਾਂ ਦੇ ਚੱਲਦਿਆਂ ਅੰਤਰ-ਰਾਸ਼ਟਰੀ ਪੱਧਰ 'ਤੇ ਸ਼ੇਅਰ ਬਾਜ਼ਾਰ ਵਿੱਚ ਕਾਫ਼ੀ ਖਲਬਲੀ ਮਚੀ ਹੋਈ ਹੈ, ਜਿਸ ਦੇ ਚੱਲਦਿਆਂ ਬਾਜ਼ਾਰ 'ਚ ਸ਼ੇਅਰ ਧੜਾਧੜ ਡਿਗ ਰਹੇ ਹਨ ਅਤੇ ਸ਼ੇਅਰ ਹੋਲਡਰਾਂ ਵਿਚ ਕਾਫ਼ੀ ਬੇਚੈਨੀ ਪਾਈ ਜਾ ਰਹੀ ਹੈ।

ਚੀਨ ਨੇ ਵੀ ਅਮਰੀਕਾ ਨੂੰ ਇੱਟ ਦਾ ਜਵਾਬ ਪੱਥਰ ਨਾਲ ਦੇਣ ਦਾ ਮਨ ਬਣਾ ਲਿਆ ਹੈ, ਪਿਛਲੇ ਦਿਨੀਂ ਅਮਰੀਕਾ ਤੇ ਚੀਨ ਵਿਚਾਲੇ ਚੱਲ ਰਹੀ ਇਸ ਵਪਾਰਕ ਜੰਗ ਦਰਮਿਆਨ ਚੀਨ ਨੇ ਸਾਰੇ ਅਮਰੀਕੀ ਮਾਲ 'ਤੇ ਟੈਰਿਫ ਵਧਾ ਕੇ 84 ਫੀਸਦੀ ਕਰ ਦਿੱਤਾ ਹੈ। ਇਸ ਸੰਦਰਭ ਵਿੱਚ ਚੀਨੀ ਵਿੱਤ ਮੰਤਰਾਲੇ ਦਾ ਕਹਿਣਾ ਹੈ ਕਿ ਇਹ ਵਾਧੂ ਟੈਰਿਫ 10 ਅਪ੍ਰੈਲ ਤੋਂ ਲਾਗੂ ਹੈ। ਦੂਜੇ ਪਾਸੇ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਵੱਲੋਂ ਚੀਨੀ ਮਾਲ 'ਤੇ ਲਾਏ ਗਏ ਕੁਲ 104 ਫੀਸਦੀ ਟੈਰਿਫ ਦੇ ਮੁਕਾਬਲੇ ਚੀਨ ਨੇ ਪਹਿਲਾਂ ਵੀ 34 ਫੀਸਦੀ ਵਾਧੂ ਟੈਰਿਫ ਲਾਇਆ ਸੀ । ਇਸੇ ਸੰਦਰਭ ਵਿੱਚ ਚੀਨੀ ਵਣਜ ਮੰਤਰਾਲੇ ਨੇ ਵੀ ਐਲਾਨ ਕੀਤਾ ਹੈ ਕਿ ਇਸ ਨੇ ਬਰਾਮਦਗੀ ਕੰਟਰੋਲ ਲਿਸਟ ਵਿੱਚ 12 ਅਮਰੀਕੀ ਕੰਪਨੀਆਂ ਨੂੰ ਪਾ ਦਿੱਤਾ ਹੈ। ਚੀਨ ਨੇ ਪਹਿਲਾਂ ਛੇ ਅਮਰੀਕੀ ਕੰਪਨੀਆਂ ਨੂੰ ਗੈਰ ਭਰੋਸੇਯੋਗ ਐਲਾਨਿਆ ਸੀ।

ਚੀਨ ਦੇ ਉਕਤ ਐਲਾਨਾਂ ਨਾਲ ਅਮਰੀਕੀ ਸ਼ੇਅਰ ਬਾਜ਼ਾਰ ਨੂੰ ਗਸ਼ੀ ਪੈ ਗਈ। ਚੀਨ ਦੇ ਨਵੇਂ ਫੈਸਲੇ ਤੋਂ ਸੰਕੇਤ ਇਹ ਵੀ ਮਿਲਦੇ ਹਨ ਕਿ ਉਹ ਟਰੰਪ ਨਾਲ ਸਿੱਧਾ ਟੱਕਰੇਗਾ।

ਜਦੋਂ ਕਿ ਦੂਜੇ ਪਾਸੇ ਕਈ ਦੇਸ਼ ਟਰੰਪ ਨਾਲ ਸੌਦੇਬਾਜ਼ੀ ਕਰਦੇ ਦੱਸੇ ਜਾ ਰਹੇ ਹਨ, ਪਰ ਉਧਰ ਚੀਨ ਨੇ ਇਸ ਤੋਂ ਇਨਕਾਰ ਕੀਤਾ ਹੈ। ਚੀਨੀ ਵਣਜ ਮੰਤਰਾਲੇ ਨੇ ਕਿਹਾ ਹੈ ਕਿ ਜੇ ਅਮਰੀਕਾ ਆਰਥਿਕ ਤੇ ਵਪਾਰਕ ਰੋਕਾਂ ਵਧਾਉਣੀਆਂ ਚਾਹੁੰਦਾ ਹੈ ਤਾਂ ਚੀਨ ਵੀ ਟਾਕਰਾ ਕਰਨ ਲਈ ਤਿਆਰ ਹੈ।

ਇਸ ਤੋਂ ਪਹਿਲਾਂ ਚੀਨ ਨੇ ਜਨੇਵਾ ਵਿੱਚ ਸੰਸਾਰ ਵਪਾਰ ਜਥੇਬੰਦੀ (ਡਬਲਿਊ.ਟੀ.ਓ) ਨੂੰ ਦੱਸਿਆ ਕਿ ਅਮਰੀਕਾ ਦੇ ਜਵਾਬੀ ਟੈਰਿਫਾਂ ਨੇ ਸੰਸਾਰ ਵਪਾਰ ਨੂੰ ਹੋਰ ਅਸਥਿਰ ਕਰਨ ਦਾ ਖ਼ਤਰਾ ਪੈਦਾ ਕਰ ਦਿੱਤਾ ਹੈ। ਅਮਰੀਕਾ ਨੇ ਡਬਲਿਊ. ਟੀ. ਓ. ਦੇ ਨਿਯਮਾਂ ਦੀ ਉਲੰਘਣਾ ਕੀਤੀ ਹੈ। ਸਥਿਤੀ ਖ਼ਤਰਨਾਕ ਹੱਦ ਤੱਕ ਵਿਗੜ ਗਈ ਹੈ। ਚੀਨੀ ਨੁਮਾਇੰਦੇ ਨੇ ਡਬਲਿਊ. ਟੀ. ਓ ਦੀ ਮਾਲ ਦੇ ਵਪਾਰ ਬਾਰੇ ਮੀਟਿੰਗ ਵਿੱਚ ਕਿਹਾ ਕਿ ਅਮਰੀਕੀ ਕਾਰਵਾਈ ਨੇ ਬਹੁਕੌਮੀ ਵਪਾਰ ਸਿਸਟਮ ਨੂੰ ਧੱਕਾ ਲਾਇਆ ਹੈ। ਉਸ ਦੇ ਜਵਾਬੀ ਟੈਰਿਫ ਵਪਾਰਕ ਅਸੰਤੁਲਨ ਦਾ ਇਲਾਜ ਨਹੀਂ ਕਰ ਸਕਦੇ। ਇਹ ਅਮਰੀਕਾ ਨੂੰ ਹੀ ਪੁੱਠੇ ਪੈਣਗੇ।

ਉਧਰ ਟਰੰਪ 'ਤੇ ਇਹ ਵੀ ਦੋਸ਼ ਲੱਗ ਰਹੇ ਹਨ ਕਿ ਅਨੇਕਾਂ ਦੇਸ਼ਾਂ ਖਿਲਾਫ ਜਵਾਬੀ ਟੈਰਿਫ ਲਾਉਣ ਤੇ ਫਿਰ ਚੀਨ ਨੂੰ ਛੱਡ ਕੇ ਬਾਕੀ ਸਾਰੇ ਦੇਸ਼ਾਂ ਖਿਲਾਫ ਇਸ 'ਤੇ ਅਮਲ ਡੇਢ ਮਹੀਨਾ ਰੋਕਣ ਤੋਂ ਬਾਅਦ ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ 'ਤੇ ਇਹ ਦੋਸ਼ ਲੱਗਣ ਲੱਗ ਪਏ ਹਨ ਕਿ ਉਸ ਨੇ ਅਮਰੀਕੀ ਸਟਾਕ ਮਾਰਕਿਟ ਵਿੱਚ 'ਇਨਸਾਈਡਰ ਟਰੇਡਿੰਗ' ਕੀਤੀ ਹੈ।

(ਵੈਸੇ ਇਨਸਾਈਡਰ ਟਰੇਡਿੰਗ ਦਾ ਮਤਲਬ ਹੁੰਦਾ ਹੈ ਕਿਸੇ ਕੰਪਨੀ ਦੇ ਅੰਦਰਲੇ ਲੋਕਾਂ, ਜਿਵੇਂ ਮੁਲਾਜ਼ਮਾਂ ਤੇ ਡਾਇਰੈਕਟਰਾਂ ਵੱਲੋਂ ਕੰਪਨੀ ਬਾਰੇ ਖੁਫੀਆ ਤੇ ਗੈਰ-ਜਨਤਕ ਜਾਣਕਾਰੀ ਦੀ ਵਰਤੋਂ ਕਰਕੇ ਸ਼ੇਅਰ ਜਾਂ ਹੋਰਨਾਂ ਪ੍ਰਤੀਭੂਤੀਆਂ ਵਿੱਚ ਲਾਭ ਕਮਾਉਣ ਲਈ ਖਰੀਦ-ਵਿਕਰੀ ਕਰਨਾ, ਜੋ ਕਿ ਗੈਰਕਾਨੂੰਨੀ ਹੈ। ਮਿਸਾਲ ਦੇ ਤੌਰ 'ਤੇ ਇੱਕ ਕੰਪਨੀ ਦੇ ਡਾਇਰੈਕਟਰ ਨੂੰ ਪਤਾ ਹੈ ਕਿ ਕੰਪਨੀ ਵੱਡਾ ਸੌਦਾ ਮਾਰਨ ਵਾਲੀ ਹੈ, ਜਿਸ ਨਾਲ ਕੰਪਨੀ ਦੇ ਸ਼ੇਅਰ ਦੀ ਕੀਮਤ ਵਧ ਸਕਦੀ ਹੈ, ਜੇ ਉਹ ਇਸ ਜਾਣਕਾਰੀ ਦੀ ਵਰਤੋਂ ਕਰਕੇ ਸ਼ੇਅਰ ਖਰੀਦਦਾ ਹੈ ਤਾਂ ਉਹ ਇਨਸਾਈਡਰ ਟਰੇਡਿੰਗ ਹੋਵੇਗੀ।)

ਜਦੋਂ ਕਿ ਕੁੱਝ ਕਾਨੂੰਨਦਾਨ ਪੁੱਛ ਰਹੇ ਹਨ ਕਿ ਕੀ ਟਰੰਪ ਨੇ ਸਟਾਕ ਮਾਰਕਿਟ ਨਾਲ ਚਾਲਬਾਜ਼ੀ ਕੀਤੀ ? ਟਰੰਪ ਵੱਲੋਂ ਲਾਏ ਗਏ ਟੈਰਿਫ ਨਾਲ ਸੰਸਾਰ ਭਰ ਦੇ ਸ਼ੇਅਰ ਬਾਜ਼ਾਰਾਂ ਵਿੱਚ ਭੁਚਾਲ ਆ ਗਿਆ ਸੀ। ਲੰਘੇ ਬੁੱਧਵਾਰ ਸਵੇਰੇ ਨਿਊ ਯਾਰਕ ਸਟਾਕ ਐਕਸਚੇਂਜ ਵਿੱਚ ਕਾਰੋਬਾਰ ਭਾਰੀ ਗਿਰਾਵਟ ਨਾਲ ਸ਼ੁਰੂ ਹੋਇਆ। ਅਮਰੀਕੀ ਸਮੇਂ ਮੁਤਾਬਕ ਸਵੇਰੇ 9 ਵੱਜ ਕੇ 37 ਮਿੰਟ 'ਤੇ ਟਰੰਪ ਨੇ ਟਰੁੱਥ ਸਪੈਸ਼ਲ 'ਤੇ ਪੋਸਟ ਪਾ ਦਿੱਤੀ। ਇਹ ਸ਼ੇਅਰ ਖਰੀਦਣ ਦਾ ਵੱਡਾ ਮੌਕਾ ਹੈ! ਇਸ ਦੇ ਚਾਰ ਘੰਟਿਆਂ ਬਾਅਦ ਟਰੰਪ ਨੇ ਐਲਾਨ ਦਿੱਤਾ ਕਿ ਉਹ ਜਵਾਬੀ ਟੈਰਿਫ 'ਤੇ ਅਮਲ 90 ਦਿਨਾਂ ਲਈ ਰੋਕ ਰਿਹਾ ਹੈ, ਪਰ ਚੀਨ ਨੂੰ ਨਹੀਂ ਬਖਸ਼ਿਆ ਤੇ ਉਸ ਦੇ ਮਾਲ 'ਤੇ ਟੈਰਿਫ ਵਧਾ ਕੇ 125 ਫੀਸਦੀ ਕਰ ਦਿੱਤਾ । ਇਸ ਤੋਂ ਬਾਅਦ ਸ਼ੇਅਰ ਬਾਜ਼ਾਰ ਫਿਰ ਚੜ੍ਹ ਗਿਆ । ਐੱਸ. ਐਂਡ ਪੀ. ਨੇ 9.5 ਫੀਸਦੀ ਦੀ ਛਾਲ ਮਾਰੀ ਤੇ ਮਾਰਕਿਟ ਕਦਰ ਵਿੱਚ ਕਰੀਬ ਚਾਰ ਟ੍ਰਿਲੀਅਨ ਡਾਲਰ (ਇੱਕ ਟ੍ਰਿਲੀਅਨ ਬਰਾਬਰ ਦਹਿਖਰਬ) ਮੁੜ ਹਾਸਲ ਕਰ ਲਏ। ਇਹ ਪਿਛਲੇ ਚਾਰ ਦਿਨਾਂ ਵਿੱਚ ਗੁਆਏ ਧਨ ਦਾ ਕਰੀਬ 70 ਫੀਸਦੀ ਬਣਦਾ ਹੈ। ਡੋਅ ਜੋਨਜ਼ ਦੇ ਸ਼ੇਅਰਾਂ ਵਿੱਚ ਵੀ 2800 ਨੁਕਤਿਆਂ ਦਾ ਵਾਧਾ ਹੋਇਆ, ਜਿਨ੍ਹਾਂ ਸਵੇਰੇ ਘੱਟ ਕੀਮਤ 'ਤੇ ਸ਼ੇਅਰ ਖ਼ਰੀਦੇ ਸਨ, ਬਾਅਦ ਵਿੱਚ ਨੋਟਾਂ ਦੀਆਂ ਬੋਰੀਆਂ ਭਰ ਕੇ ਲੈ ਗਏ । ਤ੍ਰਭਕੇ ਆਮ ਨਿਵੇਸ਼ਕਾਂ ਨੇ ਮਾਰਕਿਟ ਡਾਊਨ ਜਾਂਦੀ ਵੇਖ ਸ਼ੇਅਰ ਵੇਚ ਦਿੱਤੇ ਸਨ, ਜਿਹੜੇ ਮੁੜ ਕੰਪਨੀਆਂ ਕੋਲ ਚਲੇ ਗਏ। ਮਾਰਕਿਟ ਚੜ੍ਹਨ ਨਾਲ ਕੰਪਨੀਆਂ ਦੇ ਵਾਰੇ-ਨਿਆਰੇ ਹੋ ਗਏ। ਇਸ ਤੋਂ ਪਹਿਲਾਂ ਨੈਸਡੈਕ ਨੇ 2008 ਵਿੱਚ ਸਭ ਤੋਂ ਵੱਧ ਕਮਾਈ ਕੀਤੀ ਸੀ, ਜਦੋਂ ਸ਼ੇਅਰਾਂ ਵਿੱਚ ਕਰੀਬ 12 ਫੀਸਦੀ ਉਛਾਲਾ ਆਇਆ ਸੀ।

ਕੋਰੋਨਾ ਮਹਾਂਮਾਰੀ ਦੀ ਸ਼ੁਰੂਆਤ ਵਿੱਚ ਸ਼ੇਅਰ ਮਾਰਕਿਟ 'ਚ ਇਹ ਭਾਣਾ ਵਰਤਿਆ ਸੀ। ਟਰੰਪ ਦੇ ਨਵੇਂ ਐਲਾਨ ਨਾਲ ਜਾਪਾਨ ਦਾ ਨਿੱਕੀ ਸ਼ੇਅਰ ਬਾਜ਼ਾਰ 8 ਫੀਸਦੀ ਚੜ੍ਹਿਆ, ਜਦਕਿ ਯੂਰਪੀ ਬਾਜ਼ਾਰਾਂ ਵਿੱਚ ਵੀ ਕਾਫੀ ਰੌਣਕ ਆਈ, ਇੱਥੋਂ ਤੱਕ ਕਿ ਟਰੰਪ ਦੇ ਆਤਾਬ ਦਾ ਸ਼ਿਕਾਰ ਚੀਨ ਦੇ ਸ਼ੇਅਰ ਬਾਜ਼ਾਰ ਵੀ ਚੜ੍ਹੇ।

ਅਮਰੀਕਾ ਦੇ ਡੈਮੋਕਰੇਟਿਕ ਸੈਨੇਟਰਸ ਮਰਫੀ ਨੇ ਕਿਹਾ ਹੈ ਕਿ ਇਨਸਾਈਡਰ ਟਰੇਡਿੰਗ ਸਕੈਂਡਲ ਹਵਾੜ ਮਾਰਨ ਲੱਗ ਪਿਆ ਹੈ। ਟਰੰਪ ਦੇ ਸਵੇਰੇ ਸਾਢੇ 9 ਵਜੇ ਦੇ ਟਵੀਟ ਨੇ ਸਪੱਸ਼ਟ ਕਰ ਦਿੱਤਾ ਕਿ ਉਹ ਆਪਣਿਆਂ ਨੂੰ ਮਾਲਾਮਾਲ ਕਰਨ ਲਈ ਉਤਾਵਲਾ ਸੀ, ਕਿਉਂਕਿ ਨਿੱਜੀ ਜਾਣਕਾਰੀ ਉਸ ਨੂੰ ਹੀ ਸੀ। ਇਹ ਸਵਾਲ ਪੈਦਾ ਹੁੰਦਾ ਹੈ ਕਿ ਸ਼ੇਅਰ ਮਾਰਕਿਟ ਦੀ ਉਥਲ-ਪੁਥਲ ਨਾਲ ਉਸ ਦੇ ਬੰਦਿਆਂ ਨੇ ਕਿੰਨੀ ਕਮਾਈ ਕੀਤੀ?

ਉਧਰ ਇਕ ਹੋਰ ਸੈਨੇਟਰ ਜੋ ਕਿ ਕੈਲੀਫੋਰਨੀਆ ਦੇ ਸੈਨੇਟਰ ਐਡਮ ਸ਼ਿਫ ਨੇ ਕਿਹਾ ਕਿ ਟਰੰਪ ਟੈਰਿਫ ਲਾ ਕੇ ਤੇ ਰੋਕ ਕੇ ਸ਼ੇਅਰ ਮਾਰਕਿਟ ਵਿੱਚ ਜ਼ਬਰਦਸਤ ਉਥਲ-ਪੁਥਲ ਕਰ ਰਿਹਾ ਹੈ। ਟਰੰਪ ਵੱਲੋਂ ਟੈਰਿਫ 'ਤੇ ਰੋਕ ਲਾਉਣ ਬਾਰੇ ਪ੍ਰਸ਼ਾਸਨ ਵਿੱਚ ਕਿਸ ਨੂੰ ਪਤਾ ਸੀ? ਕੀ ਕਿਸੇ ਨੇ ਸ਼ੇਅਰ ਖਰੀਦ ਕੇ ਤੇ ਵੇਚ ਕੇ ਲੋਕਾਂ ਦੀ ਕੀਮਤ 'ਤੇ ਫਾਇਦਾ ਉਠਾਇਆ? ਲੋਕ ਇਹ ਜਾਨਣਾ ਚਾਹੁੰਦੇ ਹਨ। ਕੀ ਇਨਸਾਈਡਰ ਟਰੇਡਿੰਗ ਨਾਲ ਟਰੰਪ ਦੇ ਜੋਟੀਦਾਰਾਂ ਨੇ ਮੁਨਾਫਾ ਕਮਾਇਆ? ਕਾਂਗਰਸ (ਸੰਸਦ) ਨੂੰ ਇਸ ਦੀ ਜਾਂਚ ਕਰਨੀ ਚਾਹੀਦੀ ਹੈ। ਪ੍ਰਤੀਨਿਧ ਸਭਾ ਦੀ ਮੈਂਬਰ ਮੇਲੈਨੀ ਸਟਾਂਸਬਰੀ ਨੇ ਕਿਹਾ ਕਿ ਟਰੰਪ ਵੱਲੋਂ ਪੋਸਟ ਪਾਉਣਾ ਪਹਿਲਾਂ ਤੋਂ ਫਿਕਸ ਸੀ। ਇਹ ਮੈਨੂੰ ਇਨਸਾਈਡਰ ਟਰੇਡਿੰਗ ਵਰਗਾ ਲੱਗਦਾ ਹੈ। ਨਾ ਸਿਰਫ ਇਹ ਗੈਰਕਾਨੂੰਨੀ ਹੈ, ਇਸ ਨੇ ਅਮਰੀਕੀ ਅਰਥਚਾਰੇ ਤੇ ਮਾਰਕਿਟਾਂ ਨੂੰ ਹਿਲਾ ਕੇ ਰੱਖ ਦਿੱਤਾ ਹੈ। ਟਰੰਪ ਆਪਣੇ ਆੜੀਆਂ ਨੂੰ ਫਾਇਦਾ ਪਹੁੰਚਾ ਰਿਹਾ ਹੈ। ਸੋਸ਼ਲ ਮੀਡੀਆ 'ਤੇ ਲੋਕ ਟਰੰਪ ਦੀ ਹਰਕਤ ਨੂੰ ਲੈ ਕੇ ਤਰ੍ਹਾਂ-ਤਰ੍ਹਾਂ ਦੀਆਂ ਪੋਸਟਾਂ ਪਾ ਰਹੇ ਹਨ।

ਸੰਪਰਕ : 98552-59650

16-APR-PAGE-5.qxd 4/15/2025 10:45 PM Page 1



# ਸਿੱਖਿਆ ਰਾਹੀਂ ਹੀ ਸਮਾਜ ਨੂੰ ਤਰੱਕੀ ਵੱਲ ਤੋਰਿਆ ਜਾ ਸਕਦਾ : ਬੁੱਧ ਰਾਮ

## ਵਿਧਾਇਕ ਨੇ ਸਰਕਾਰੀ ਸਕੂਲਾਂ 'ਚ ਵਿਕਾਸ ਕੰਮਾਂ ਦਾ ਕੀਤਾ ਉਦਘਾਟਨ



**ਬੁਢਲਾਡਾ (ਅਸ਼ੋਕ ਲਾਕੜਾ)**- ਸੂਬਾ ਸਰਕਾਰ ਵੱਲੋਂ ਸ਼ੁਰੂ ਕੀਤੀ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰੀ ਬੁੱਧ ਰਾਮ ਨੇ ਹਲਕਾ ਬੁਢਲਾਡਾ ਦੇ 3 ਸਕੂਲਾਂ ਵਿੱਚ ਕਰੀਬ 21 ਲੱਖ ਰੁਪਏ ਤੋਂ ਵਧੇਰੇ ਦੀ ਲਾਗਤ ਨਾਲ ਮੁਕੰਮਲ ਹੋਏ ਬੁਨਿਆਦੀ ਢਾਂਚੇ, ਨਵੀਨੀਕਰਨ ਤੇ ਸਕੂਲਾਂ ਦੀ ਦਿਖ ਨਾਲ ਸਬੰਧਤ ਕੰਮਾਂ ਦਾ ਉਦਘਾਟਨ ਕਰਦਿਆਂ ਕਿਹਾ ਕਿ ਸ੍ਰ. ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀ ਵਿਸ਼ੇਸ਼ ਮੁਹਿੰਮ ਸਿੱਖਿਆ ਕ੍ਰਾਂਤੀ ਤਹਿਤ ਸੂਬੇ ਅੰਦਰ ਸਿੱਖਿਆ ਦੇ ਮਿਆਰ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ।

ਉਨ੍ਹਾਂ ਵੱਲੋਂ ਸਰਕਾਰੀ ਹਾਈ ਸਕੂਲ ਮਲਕੋ, ਸਰਕਾਰੀ ਮਿਡਲ ਸਕੂਲ ਗਾਮੀਵਾਲਾ ਤੇ ਸਰਕਾਰੀ ਪ੍ਰਾਇਮਰੀ ਸਕੂਲ ਗਾਮੀਵਾਲਾ ਵਿਖੇ ਸੰਬੋਧਨ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਿੱਖਿਆ ਦੇ ਖੇਤਰ ਨੂੰ ਵੱਡਾ ਹੁਲਾਰਾ ਮਿਲਿਆ ਹੈ। ਉਨ੍ਹਾਂ ਖੁਸ਼ੀ ਪ੍ਰਗਟਾਉਂਦਿਆਂ ਕਿਹਾ ਕਿ ਬਹੁਤ ਹੀ ਮਾਣ ਵਾਲੀ ਗੱਲ ਹੈ ਕਿ ਪੰਜਾਬ ਸਰਕਾਰ ਵੱਲੋਂ ਸਰਕਾਰੀ ਹਾਈ ਸਕੂਲ ਨੂੰ ਬੈਸਟ ਸਕੂਲ ਐਵਾਰਡ ਤਹਿਤ 7 ਲੱਖ 50 ਹਜ਼ਾਰ ਰੁਪਏ ਪ੍ਰਾਪਤ ਹੋਏ ਹਨ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਲਈ ਮਿਆਰੀ ਸਿੱਖਿਆ ਤੇ ਉੱਜਵਲ ਭਵਿੱਖ ਨੂੰ ਯਕੀਨੀ ਬਣਾਉਣ ਲਈ ਸਰਕਾਰੀ ਸਕੂਲਾਂ ਦੇ ਬੁਨਿਆਦੀ ਢਾਂਚੇ ਤੇ ਸਰਬਪੱਖੀ ਵਿਕਾਸ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਇਸੇ ਮੁਹਿੰਮ ਤਹਿਤ ਚਾਰਦੀਵਾਰੀਆਂ, ਸੁਚੱਜਾ ਰੱਖ-ਰਖਾਅ, ਲੋੜੀਂਦੀਆਂ ਗਰਾਂਟਾਂ, ਵਿਦਿਆਰਥੀਆਂ ਲਈ ਸੁਰੱਖਿਅਤ ਮਾਹੌਲ ਤੇ ਚੰਗੀ ਸਾਂਭ-ਸੰਭਾਲ ਵਾਲੇ ਵਾਤਾਵਰਣ ਨੂੰ ਯਕੀਨੀ ਬਣਾਇਆ ਗਿਆ ਹੈ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਨੇ ਸਿੱਖਿਆ ਕ੍ਰਾਂਤੀ ਪ੍ਰੋਗਰਾਮ ਤਹਿਤ ਵਿਦਿਆਰਥੀਆਂ ਲਈ ਅਤਿ-ਆਧੁਨਿਕ ਸਹੂਲਤਾਂ ਦੀ ਵਿਵਸਥਾ ਕੀਤੀ ਹੈ, ਜਿਸ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਦਾ ਸਿੱਖਿਆ ਪੱਧਰ ਬਹੁਤ ਬਿਹਤਰੀਨ ਹੋ ਚੁੱਕਾ ਹੈ। ਅੱਜ ਦੇ ਉਦਘਾਟਨੀ ਸਮਾਰੋਹਾਂ ਦੌਰਾਨ ਵਿਧਾਇਕ ਪ੍ਰਿੰਸੀਪਲ ਬੁੱਧ ਰਾਮ ਨੇ ਸਰਕਾਰੀ ਹਾਈ ਸਕੂਲ ਮਲਕੋ ਵਿਖੇ 2 ਲੱਖ 35 ਹਜ਼ਾਰ ਰੁਪਏ ਦੀ ਲਾਗਤ ਨਾਲ 47 ਮੀਟਰ ਨਵੀਂ ਬਣੀ ਚਾਰਦੀਵਾਰੀ ਦਾ ਉਦਘਾਟਨ ਕੀਤਾ ਤੇ 1 ਲੱਖ ਰੁਪਏ ਦੀ ਲਾਗਤ ਨਾਲ ਹੋਰ ਮੁਰੰਮਤ ਦੇ ਕੰਮ ਕਰਵਾਏ ਗਏ। ਇਸ ਉਪਰੰਤ ਸਰਕਾਰੀ ਮਿਡਲ ਸਕੂਲ ਗਾਮੀਵਾਲਾ ਵਿਖੇ 1 ਲੱਖ 26 ਹਜ਼ਾਰ ਰੁਪਏ ਦੀ ਲਾਗਤ ਨਾਲ ਬਣੀ ਨਵੀਂ ਚਾਰਦੀਵਾਰੀ ਤੇ 7.50 ਲੱਖ ਰੁਪਏ ਦੀ ਲਾਗਤ ਨਾਲ ਬਣੇ ਆਧੁਨਿਕ ਕਮਰੇ ਦਾ ਉਦਘਾਟਨ ਕੀਤਾ। ਇਸ ਤੋਂ ਇਲਾਵਾ 1 ਲੱਖ 59 ਹਜ਼ਾਰ ਰੁਪਏ ਦੀ ਲਾਗਤ ਨਾਲ ਹੋਰ ਰਿਪੇਅਰ ਦੇ ਕੰਮ ਕਰਵਾਏ ਗਏ। ਇਸ ਤੋਂ ਬਾਅਦ ਵਿਧਾਇਕ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਗਾਮੀਵਾਲਾ ਵਿਖੇ 7 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਬਣੇ ਆਧੁਨਿਕ ਕਮਰੇ ਦਾ ਉਦਘਾਟਨ ਕੀਤਾ ਗਿਆ। ਇਸ ਮੌਕੇ ਹਲਕਾ ਕੋਆਰਡੀਨੇਟਰ ਸੁਭਾਸ਼ ਨਾਗਪਾਲ, ਸਰਪੰਚ ਮਲਕੋ ਮਨਜੀਤ ਕੌਰ, ਸਰਪੰਚ ਗਾਮੀਵਾਲਾ ਨਵਜੋਤ ਸਿੰਘ, ਪ੍ਰਿੰਸੀਪਲ ਹਰਿੰਦਰ ਸਿੰਘ ਭੁੱਲਰ, ਜਸਮੇਲ ਸਿੰਘ, ਧਰਮਿੰਦਰ ਸਿੰਘ, ਜੋਗਿੰਦਰ ਸਿੰਘ ਲਾਲੀ, ਜਗਤਾਰ ਸਿੰਘ, ਬੋਹੜ ਸਿੰਘ, ਪ੍ਰਸ਼ੋਤਮ ਸਿੰਘ, ਕੁਲਦੀਪ ਸਿੰਘ, ਅਮਰੀਕ ਸਿੰਘ, ਪਰਮਜੀਤ ਕੌਰ, ਗੁਰਜੰਟ ਸਿੰਘ, ਬਲਵਿੰਦਰ ਸਿੰਘ, ਹਰਦੇਵ ਸਿੰਘ, ਰਾਮ ਲਾਲ, ਗੁਰਬਖਸ਼ ਸਿੰਘ ਤੇ ਇਲਾਵਾ ਸਕੂਲਾਂ ਦਾ ਸਟਾਫ, ਵਿਦਿਆਰਥੀ ਤੇ ਪਿੰਡਾਂ ਦੇ ਮੋਹਤਵਰ ਵਿਅਕਤੀ ਮੌਜੂਦ ਸਨ।

# ਪੰਜਾਬ ਦੀ ਸਥਿਤੀ ਡਰ ਤੇ ਸਹਿਮ ਸਦਕਾ ਚਿੰਤਾਜਨਕ ਬਣੀ : ਸੇਖੋਂ

## ਬੇਲੋੜੇ ਮੁੱਦੇ ਪੈਦਾ ਕਰਨ ਦੀ ਬਜਾਏ ਏਕਤਾ, ਅਖੰਡਤਾ ਲਈ ਕੰਮ ਕਰਨ ਦੀ ਲੋੜ

**ਬਠਿੰਡਾ (ਬਖਤੌਰ ਢਿੱਲੋਂ)**-ਪੰਜਾਬ 'ਚ ਅਮਨ ਕਾਨੂੰਨ ਦੀ ਸਥਿਤੀ ਅੱਜ ਬਹੁਤ ਚਿੰਤਾਜਨਕ ਤੇ ਗੰਭੀਰ ਬਣੀ ਹੋਈ ਹੈ, ਸਾਰੀਆਂ ਸਿਆਸੀ ਧਿਰਾਂ ਵੱਲੋਂ ਸ਼ਾਂਤੀ ਤੇ ਭਾਈਚਾਰਕ ਸਾਂਝ ਕਾਇਮ ਰੱਖਣ ਲਈ ਯਤਨ ਕਰਨੇ ਚਾਹੀਦੇ ਹਨ। ਇਹ ਵਿਚਾਰ ਪ੍ਰਗਟ ਕਰਦਿਆਂ ਸੀ ਪੀ ਆਈ ਐੱਮ ਪੰਜਾਬ ਦੇ ਸਕੱਤਰ ਕਾ: ਸੁਖਵਿੰਦਰ ਸਿੰਘ ਸੇਖੋਂ ਨੇ ਕਿਹਾ ਕਿ ਸਰਕਾਰ ਜਾਂ ਹੋਰ ਰਾਜਸੀ ਨੇਤਾਵਾਂ ਵੱਲੋਂ ਬੇਲੋੜੇ ਮੁੱਦੇ ਉਠਾਉਣ ਦੀ ਬਜਾਏ ਏਕਤਾ ਤੇ ਅਖੰਡਤਾ ਦੀ ਮਜ਼ਬੂਤੀ ਵੱਲ ਧਿਆਨ ਦੇਣਾ ਚਾਹੀਦਾ ਹੈ।

ਕਾ: ਸੇਖੋਂ ਨੇ ਕਿਹਾ ਕਿ ਪੰਜਾਬ 'ਚ ਬੰਬ ਧਮਾਕੇ ਹੋ ਰਹੇ ਹਨ, ਗੈਂਗਸਟਰਾਂ ਦੀਆਂ ਕਾਰਵਾਈਆਂ, ਲੁੱਟਮਾਰ, ਨਸ਼ੇ, ਬਲਡੋਜ਼ਰ ਕਾਰਵਾਈਆਂ, ਪੁਲਸ ਮੁਕਾਬਲੇ ਆਦਿ ਨੇ ਪੰਜਾਬ ਵਾਸੀਆਂ ਦੇ ਮਨਾਂ ਵਿੱਚ ਡਰ ਤੇ ਸਹਿਮ ਦਾ ਮਾਹੌਲ ਪੈਦਾ ਕਰ ਦਿੱਤਾ ਹੈ। ਪੰਜਾਬ ਸਰਕਾਰ ਅਜਿਹੇ ਹਾਲਾਤਾਂ ਨੂੰ ਕਾਬੂ ਕਰਨ ਵਿੱਚ ਅਸਮਰੱਥ ਵਿਖਾਈ ਦੇ ਰਹੀ ਹੈ। ਸੱਤਾਧਾਰੀ ਤੇ ਮੁੱਖ ਵਿਰੋਧੀ ਧਿਰ ਦੇ ਆਗੂ ਅਜਿਹੀ ਸਥਿਤੀ ਦਾ ਸਿਆਸੀ ਲਾਹਾ ਲੈਣ ਲਈ ਬੇਲੋੜੇ ਮੁੱਦੇ ਪੈਦਾ ਕਰਕੇ ਲੋਕਾਂ ਨੂੰ ਗੁੰਮਰਾਹ ਕਰਨ ਦੇ ਯਤਨ ਕਰ ਰਹੇ ਹਨ।

ਸੂਬਾ ਸਕੱਤਰ ਨੇ ਕਿਹਾ ਕਿ ਪੰਜਾਬ ਦੇ ਮੌਜੂਦਾ ਮਾਹੌਲ ਦੇ ਸੰਦਰਭ ਵਿੱਚ ਬੀਤੇ ਦਿਨ ਕਾਂਗਰਸ ਦੇ ਸੀਨੀਅਰ ਆਗੂ ਤੇ ਵਿਧਾਨ ਸਭਾ 'ਚ ਵਿਰੋਧੀ ਧਿਰ ਦੇ ਆਗੂ ਸ੍ਰੀ ਪ੍ਰਤਾਪ ਸਿੰਘ ਬਾਜਵਾ ਨੇ ਇੱਕ ਟੀ ਵੀ ਇੰਟਰਵਿਊ ਵਿੱਚ ਪੰਜਾਬ 'ਚ ਪੰਜਾਹ ਬੰਬ ਆਉਣ ਦਾ ਬਿਆਨ ਦਿੱਤਾ, ਜਿਸ ਨੇ ਲੋਕਾਂ ਦੇ ਮਨਾਂ 'ਚ ਤਰਥੱਲੀ ਮਚਾ ਦਿੱਤੀ। ਦੂਜੇ ਪਾਸੇ ਮੁੱਖ ਮੰਤਰੀ ਭਗਵੰਤ ਮਾਨ ਦੀ ਹਦਾਇਤ ਤੇ ਪੁਲਸ ਨੇ ਸ੍ਰ: ਬਾਜਵਾ ਵਿਰੁੱਧ ਮੁਕੱਦਮਾ ਦਰਜ ਕਰ ਲਿਆ ਹੈ। ਅੱਜ ਮੀਡੀਆ ਵਿੱਚ ਹਰ ਪਾਸੇ ਇਹ ਮੁੱਦਾ ਛਾਇਆ ਹੋਇਆ ਹੈ।

ਕਾ: ਸੇਖੋਂ ਨੇ ਕਿਹਾ ਕਿ ਇਹ ਮਾਮਲਾ ਅਤੀ ਗੰਭੀਰ ਹੈ ਤੇ ਸੂਬੇ ਦੀ ਸੁਰੱਖਿਆ ਨਾਲ ਜੁੜਿਆ ਹੋਇਆ ਹੈ। ਜੇਕਰ ਪੰਜਾਬ ਵਿੱਚ ਅਜਿਹੇ ਬੰਬ ਪਹੁੰਚ ਚੁੱਕੇ ਹਨ ਤਾਂ ਇੱਕ ਵੱਡਾ ਖਤਰਾ ਹੋ ਸਕਦਾ ਹੈ। ਜੇ ਇਸ ਵਿੱਚ ਸੱਚਾਈ ਨਹੀਂ ਹੈ ਤਾਂ ਲੋਕਾਂ ਦੇ ਮਨਾਂ ਵਿੱਚ ਪੈਦਾ ਹੋਇਆ ਡਰ ਤੇ ਸਹਿਮ ਕਿਵੇਂ ਦੂਰ ਕੀਤਾ ਜਾਵੇਗਾ? ਉਨ੍ਹਾ ਕਿਹਾ ਕਿ ਸਰਕਾਰ ਵੱਲੋਂ ਬੰਬ ਜਾਂ ਹੋਰ ਮਾਰੂ ਸਮੱਗਰੀ ਨੂੰ ਕੇਵਲ ਸਿਆਸੀ ਮੁੱਦਾ ਬਣਾਉਣ ਦੀ ਬਜਾਏ ਸੱਚ ਨੂੰ ਪ੍ਰਤੱਖ ਕਰਨ ਲਈ ਡੂੰਘਾਈ ਨਾਲ ਪੜਤਾਲ ਕਰਵਾਉਣੀ ਚਾਹੀਦੀ ਹੈ ਤੇ ਅਸਲੀਅਤ ਸਾਹਮਣੇ ਲਿਆ ਕੇ ਲੋਕਾਂ ਦੇ ਮਨਾਂ ਦਾ ਡਰ ਦੂਰ ਕਰਨਾ ਚਾਹੀਦਾ ਹੈ।

# ਤੇਲ ਤੇ ਗੈਸ ਦੀਆਂ ਵਧ ਰਹੀਆਂ ਕੀਮਤਾਂ ਖਿਲਾਫ ਮਹਿਲਾ ਕਾਂਗਰਸ ਵੱਲੋਂ ਪ੍ਰਦਰਸ਼ਨ

## ਬਾਜਵਾ 'ਤੇ ਪਰਚਾ ਲੋਕਾਂ ਦਾ ਧਿਆਨ ਭਟਕਾਉਣ ਲਈ : ਰੰਧਾਵਾ



**ਸਮਾਣਾ/ਪਟਿਆਲਾ (ਗੁਰਪਿਆਰ ਸਿੰਘ ਬੱਲ/ਰਾਜਿੰਦਰ ਥਿੰਦ)**

ਮਹਿਲਾ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਅਲਕਾ ਲਾਂਬਾ ਦੇ ਦਿਸ਼ਾ ਨਿਰਦੇਸ਼ਾਂ 'ਤੇ ਪੰਜਾਬ ਮਹਿਲਾ ਕਾਂਗਰਸ ਦੇ ਪ੍ਰਧਾਨ ਗੁਰਸ਼ਰਨ ਕੌਰ ਰੰਧਾਵਾ, ਜ਼ਿਲ੍ਹਾ ਮਹਿਲਾ ਕਾਂਗਰਸ ਪ੍ਰਧਾਨ ਰੇਖਾ ਅਗਰਵਾਲ ਤੇ ਭੁਪਿੰਦਰ ਕੌਰ ਕੌਰਜੀਵਾਲਾ ਦੀ ਅਗਵਾਈ ਹੇਠ ਦੇਸ਼ ਵਿੱਚ ਵਧ ਰਹੀ ਮਹਿੰਗਾਈ, ਡੀਜ਼ਲ ਤੇ ਸਿਲੰਡਰ ਦੀਆਂ ਕੀਮਤਾਂ ਦੇ ਵਿਰੁੱਧ ਫੁਆਰਾ ਚੌਕ ਪਟਿਆਲਾ ਵਿਖੇ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ।

ਇਸ ਮੌਕੇ ਗੁਰਸ਼ਰਨ ਕੌਰ ਰੰਧਾਵਾ ਨੇ ਕਿਹਾ ਕਿ ਦੇਸ਼ ਦੀ ਜਨਤਾ ਖ਼ਾਸਕਰ ਔਰਤਾਂ ਮੋਦੀ ਸਰਕਾਰ ਦੇ ਤਾਨਾਸ਼ਾਹੀ ਰਵੱਈਏ, ਵਧ ਰਹੀ ਮਹਿੰਗਾਈ ਤੇ ਅੱਤਿਆਚਾਰ ਤੋਂ ਅਤਿਅੰਤ ਪ੍ਰੇਸ਼ਾਨ ਹਨ, ਪਰ ਲੋਕਾਂ ਦੀ ਆਵਾਜ਼ ਨੂੰ ਸੁਣਨ ਵਾਲਾ ਕੋਈ ਨਹੀਂ ਹੈ।ਰੰਧਾਵਾ ਨੇ ਕਿਹਾ ਕਿ ਮਹਿੰਗਾਈ ਦੀ ਮਾਰ ਝੱਲ ਰਹੀਆਂ ਔਰਤਾਂ ਆਪਣੀ ਰਸੋਈ ਤੇ ਘਰ ਦਾ ਖਰਚਾ ਚਲਾਉਣ ਤੋਂ ਅਸਮਰਥ ਹਨ।ਦੇਸ਼ ਦਾ ਅੰਨਦਾਤਾ ਕਹਾਉਣ ਵਾਲਾ ਕਿਸਾਨ ਡੀਜ਼ਲ ਤੇ ਖਾਦ ਪਦਾਰਥਾਂ ਦੀਆਂ ਕੀਮਤਾਂ ਤੋਂ ਪ੍ਰੇਸ਼ਾਨ ਹੋ ਕੇ ਆਤਮਹੱਤਿਆ ਕਰਨ ਲਈ ਮਜਬੂਰ ਹੈ।ਵਿਉਪਾਰੀ, ਮੁਲਾਜ਼ਮ, ਮਜ਼ਦੂਰ ਤੇ ਹੋਰ ਵਰਗ ਵੀ ਮਹਿੰਗਾਈ ਤੋਂ ਪ੍ਰੇਸ਼ਾਨ ਹਨ, ਪਰ ਮੋਦੀ ਸਰਕਾਰ ਸੱਤਾ ਦੇ ਨਸ਼ੇ ਵਿੱਚ ਚੂਰ ਹੋ ਕੇ ਵਿਦੇਸ਼ੀ ਦੌਰਿਆਂ ਤੇ ਵਿਦੇਸ਼ੀ ਮਹਿਮਾਨਾਂ ਦੀ ਜੀ ਹਜ਼ੂਰੀ ਵਿੱਚ ਵਿਅਸਤ ਹੈ।ਇਸ ਮੌਕੇ ਸੂਬਾ ਜਨਰਲ ਸਕੱਤਰ ਜਸਬੀਰ ਕੌਰ ਮੂਨਕ, ਪ੍ਰਿੰਸੀਪਲ ਅਮਰਜੀਤ ਕੌਰ, ਮਨਦੀਪ ਚੌਹਾਨ, ਨਰਿੰਦਰ ਕੌਰ ਕੰਗ ਤੇ ਸੋਸ਼ਲ ਮੀਡੀਆ ਇੰਚਾਰਜ ਯਾਮਿਨੀ ਵਰਮਾ ਨੇ ਕਿਹਾ ਕਿ ਅੱਜ ਸਮੁੱਚੇ ਹਿੰਦੁਸਤਾਨ ਵਿੱਚ ਔਰਤਾਂ ਉੱਤੇ ਅੱਤਿਆਚਾਰ ਹੋ ਰਹੇ ਹਨ।ਮਣੀਪੁਰ ਦੀਆਂ ਬੇਟੀਆਂ, ਪਹਿਲਵਾਨ ਬੇਟੀਆਂ, ਹਾਥਰਸ ਕਾਂਡ ਵਰਗੀਆਂ ਘਟਨਾਵਾਂ ਨੇ ਦੇਸ਼ ਦੀਆਂ ਔਰਤਾਂ ਦੇ ਮਨਾਂ ਨੂੰ ਝਿੰਜੋੜ ਕੇ ਰੱਖ ਦਿੱਤਾ ਹੈ, ਪਰ ਮੋਦੀ ਸਰਕਾਰ ਨੂੰ ਕੋਈ ਚਿੰਤਾ ਨਹੀਂ।ਇਸ ਰੋਸ ਪ੍ਰਦਰਸ਼ਨ ਵਿੱਚ ਲਤਾ ਵਰਮਾ, ਚਰਨਜੀਤ ਕੌਰ ਪ੍ਰਧਾਨ ਭੁਨਰਹੇੜੀ, ਸੁਖਵਿੰਦਰ ਦਿਓਲ ਪ੍ਰਧਾਨ ਬਹਾਦੁਰਗੜ੍ਹ, ਜਸਬੀਰ ਕੌਰ ਜੱਸੀ, ਪੱਲਵੀ ਜੈਨ, ਪੁਸ਼ਪਿੰਦਰ ਗਿੱਲ, ਰੇਨੂੰ ਯਾਦਵ, ਤੇਜਿੰਦਰ ਕੌਰ ਕੋਹਲੀ ਨੇ ਸ਼ਿਰਕਤ ਕੀਤੀ ਤੇ ਪੰਜਾਬ ਦੀ ਆਪ ਸਰਕਾਰ ਵੱਲੋਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਦੀ ਆਵਾਜ਼ ਦਬਾਉਣ ਲਈ ਉਨ੍ਹਾਂ ਤੇ ਦਰਜ਼ ਕੀਤੀ ਝੂਠੀ ਐੱਫ.ਆਈ.ਆਰ ਦੀ ਨਿਖੇਧੀ ਕਰਦਿਆਂ ਕਿਹਾ ਕਿ ਮਹਿਲਾ ਕਾਂਗਰਸ ਆਪ ਸਰਕਾਰ ਦੇ ਡੰਡਾਤੰਤਰ ਦਾ ਮੂੰਹਤੋੜ ਜਵਾਬ ਦੇਵੇਗੀ।ਇਸ ਮੌਕੇ ਬੀਬੀ ਰੰਧਾਵਾ ਦੇ ਪੀਏ ਗੁਰਪ੍ਰੀਤ ਬੈਦਵਾਨ, ਪ੍ਰਦੀਪ ਸਿੰਘ ਪੈਰੀ ਮਾਨ, ਕੌਂਸਲਰ ਦਲਜੀਤ ਚਾਹਲ, ਪ੍ਰਭਜੋਤ ਕੁੱਤਬਨਪੁਰ, ਮੇਜਰ ਖਾਨ ਧਬਲਾਨ ਮੌਜੂਦ ਸਨ।

## ਕਾਤਰਾਂ

### ਸਿਰਾਜ ਖਾਨ ਨੂੰ ਵਕਫ ਬੋਰਡ ਹਲਕਾ ਪਾਇਲ ਦਾ ਚੇਅਰਮੈਨ ਲਗਾਇਆ



**ਦੋਰਾਹਾ (ਹਰਮਿੰਦਰ ਸੇਠ)**-ਆਮ ਆਦਮੀ ਪਾਰਟੀ ਵਿੱਚ 2013 ਤੋਂ ਸੰਘਰਸ਼ ਕਰਕੇ ਸਖਤ ਮਿਹਨਤੀ ਤੇ ਲਗਨ ਨਾਲ ਜੁੜੇ ਵਰਕਰ ਹਲਕਾ ਪਾਇਲ ਦੇ ਵਿਧਇਕ ਸ੍ਰੀ ਮਨਵਿੰਦਰ ਸਿੰਘ ਗਿਆਸਪੁਰਾ ਦੇ ਆਗਿਆਕਾਰ ਸ੍ਰੀ ਸਿਰਾਜ ਖਾਨ ਬਿਜ਼ਨਪੁਰਾ ਨੂੰ ਵਕਫ ਬੋਰਡ ਦਾ ਚੇਅਰਮੈਨ ਲਗਾਇਆ ਗਿਆ। ਸਿਰਾਜ ਖਾਨ ਨੂੰ ਹਲਕਾ ਪਾਇਲ ਦਾ ਚੇਅਰਮੈਨ ਲੱਗਣ 'ਤੇ ਇਲਾਕਾ ਵਾਸੀਆਂ ਨੇ ਉਨ੍ਹਾਂ ਨੂੰ ਮੁਬਾਰਕਾਂ ਦਿੱਤੀਆਂ। ਇਸ ਮੌਕੇ ਉਨ੍ਹਾਂ ਨੂੰ ਵਧਾਈਆਂ ਦੇਣ ਵਾਲੇ ਪੀ ਏ ਮਨਜੀਤ ਸਿੰਘ, ਦਫਤਰ ਇੰਚਾਰਜ ਬਲਕਾਰ ਸਿੰਘ, ਜੁਗਰਾਜ ਸਿੰਘ ਗਿੱਲ, ਹਰਜੀਤ ਗਿੱਲ, ਗੁਰਪ੍ਰੀਤ ਗੋਪੀ, ਸੁਖਜੀਤ ਸਿੰਘ ਸਰਪੰਚ ਗੋਵਿੰਦਪੁਰਾ, ਬਲਜਿੰਦਰ ਸਿੰਘ ਕਾਲਾ ਸਰਪੰਚ ਜੈਪੁਰਾ, ਜੱਸੀ ਸਰਪੰਚ ਮਾਲੀਪੁਰ, ਬਾਬਾ ਸਿੰਘ ਪੰਚ ਆਦਿ ਨੇ ਮੁਬਾਰਕਾਂ ਦਿੱਤੀਆਂ।

### ਨੌਜਵਾਨ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ ਠੱਗੇ 1 ਲੱਖ ਰੁਪਏ, ਮਾਮਲਾ ਦਰਜ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਫਿਰੋਜ਼ਪੁਰ ਵਿਖੇ ਇਕ ਨੌਜਵਾਨ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 1 ਲੱਖ ਰੁਪਏ ਦੀ ਠੱਗੀ ਮਾਰਨ ਦੇ ਦੋਸ਼ ਵਿੱਚ ਥਾਣਾ ਸਿਟੀ ਫਿਰੋਜ਼ਪੁਰ ਪੁਲਸ ਨੇ ਇਕ ਵਿਅਕਤੀ ਖਿਲਾਫ 420 ਆਈਪੀਸੀ ਤਹਿਤ ਮਾਮਲਾ ਦਰਜ ਕੀਤਾ ਹੈ। ਜਾਣਕਾਰੀ ਦਿੰਦੇ ਹੋਏ ਸਹਾਇਕ ਥਾਣੇਦਾਰ ਅਯੂਬ ਮਸੀਹ ਨੇ ਦੱਸਿਆ ਕਿ ਦਰਖਾਸਤ ਨੰਬਰ 364431 ਯੂਆਈਡੀ ਰਾਹੀਂ ਠਾਕੁਰ ਸਿੰਘ ਪੁੱਤਰ ਟਹਿਲ ਸਿੰਘ ਵਾਸੀ ਪਿੰਡ ਸ਼ਾਹਦੀਨ ਵਾਲਾ ਨੇ ਦੱਸਿਆ ਕਿ ਦੋਸ਼ੀ ਉਕਾਰ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਗੁਰੂ ਰਾਮ ਦਾਸ ਨਗਰ, ਕੱਚਾ ਜ਼ੀਰਾ ਰੋਡ ਫਿਰੋਜ਼ਪੁਰ ਨੇ ਉਸ ਦੇ ਲੜਕੇ ਨੂੰ ਵਿਦੇਸ਼ ਭੇਜਣ ਦਾ ਝਾਂਸਾ ਦੇ ਕੇ 1 ਲੱਖ ਰੁਪਏ ਦੀ ਠੱਗੀ ਮਾਰੀ ਹੈ। ਜਾਂਚਕਰਤਾ ਅਯੂਬ ਮਸੀਹ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਦੇ ਬਿਆਨਾਂ 'ਤੇ ਬਾਅਦ ਪੜਤਾਲ ਉਕਤ ਦੋਸ਼ੀ ਖਿਲਾਫ ਮੁਕੱਦਮਾ ਦਰਜ ਕੀਤਾ ਗਿਆ ਹੈ।

### ਟਰਾਲੀ ਚੋਰੀ ਹੋਏ ਕਿਸਾਨ ਦੀ ਸੁਧ ਲਵੇ ਸਰਕਾਰ

**ਲੌਂਗੋਵਾਲ (ਪ੍ਰਦੀਪ ਸਿੰਘ ਸੱਪਲ)**-ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਇਕਾਈ ਲੌਂਗੋਵਾਲ ਵੱਲੋਂ ਚੋਰੀ ਪੀੜਤ ਕਿਸਾਨ ਦੀ ਵਢਾਈ ਕਣਕ ਪਿਛਲੀ 19 ਮਾਰਚ ਨੂੰ ਸ਼ੰਭੂ ਤੋਂ ਗਮਦੂਰ ਸਿੰਘ ਗੁਰੀ ਪਿੰਡ ਲੌਂਗੋਵਾਲ ਦੀ ਟਰਾਲੀ ਚੋਰੀ ਭਗਵੰਤ ਮਾਨ ਦੀ ਸਰਕਾਰ ਨੇ ਪੁਲਸ ਰਾਹੀਂ ਜੋ ਨੁਕਸਾਨ ਕਰਵਾਇਆ, ਉਸ ਵਿੱਚ ਇਸ ਕਿਸਾਨ ਦੀ ਟਰਾਲੀ ਚੋਰੀ ਕੀਤੀ ਗਈ, ਪਰ ਸਰਕਾਰ ਨੇ ਅੱਜ ਤੱਕ ਕੋਈ ਪੱਲਾ ਨਹੀਂ ਫੜਾਇਆ, ਸਗੋਂ ਲੌਂਗੋਵਾਲ ਵਿੱਚ ਉਦਘਾਟਨ ਕਰਨ ਆਏ ਅਮਨ ਅਰੋੜਾ ਨੇ ਆਉਣ 'ਤੇ ਸਵਾਲਾਂ ਤੋਂ ਡਰ ਕੇ ਕਿਸਾਨਾਂ ਨੂੰ ਗ੍ਰਿਫ਼ਤਾਰ ਕਰਵਾਇਆ।ਇਸ ਮੌਕੇ ਇਕਾਈ ਪ੍ਰਧਾਨ ਬਲਜਿੰਦਰ ਸਿੰਘ ਨੇ ਆਪਣਾ ਟਰੈਕਟਰ ਟਰਾਲੀ ਲਿਜਾ ਕੇ ਕਿਸਾਨ ਸਾਥੀ ਦੀ ਮਦਦ ਕੀਤੀ, ਕਿਉਂਕਿ ਅੱਜ ਦੇ ਰੇਟਾਂ ਅਨੁਸਾਰ 3 ਤੋਂ 4 ਲੱਖ ਤੱਕ ਟਰਾਲੀ ਬਣਦੀ ਹੈ ਅਤੇ ਕਰਜ਼ੇ ਦੀ ਮਾਰ ਹੇਠ ਹੈ ਤੇ ਸਾਡੇ ਹੋਏ ਨੁਕਸਾਨ ਦੀ ਭਰਪਾਈ ਜਲਦੀ ਤੋਂ ਜਲਦੀ ਕਰੇ, ਨਹੀਂ ਤਾਂ ਆਪ ਆਗੂ ਦਾ ਅੱਗੇ ਤੋਂ ਪਿੰਡ ਵਿੱਚ ਦਾਖਲ ਹੋਣ ਤੋਂ ਪਹਿਲਾਂ ਆਪਣੇ ਵਿਰੋਧ ਲਈ ਤਿਆਰ ਰਹੇ।

# ਟਰਾਂਸਫਾਰਮਰ ਚੋਰੀ ਕਰਨ ਵਾਲੇ ਗਰੋਹ ਦਾ ਇੱਕ ਮੈਂਬਰ ਕਾਬੂ, ਭਾਰੀ ਮਾਤਰਾ 'ਚ ਤਾਂਬਾ ਬਰਾਮਦ



**ਮੋਗਾ (ਇਕਬਾਲ ਸਿੰਘ ਖਹਿਰਾ)**-ਮੋਗਾ ਪੁਲਸ ਨੂੰ ਉਸ ਸਮੇਂ ਵੱਡੀ ਸਫਲਤਾ ਮਿਲੀ, ਜਦੋਂ ਥਾਣਾ ਸਮਾਲਸਰ ਵਿਖੇ ਸ:ਥ: ਸੁਖਵਿੰਦਰ ਸਿੰਘ 421/ਮੋਗਾ ਵੱਲੋ ਸਮੇਤ ਸਾਥੀ ਕਰਮਚਾਰੀਆਂ ਦੇ ਇੰਟਰਡਿਸਟ੍ਰਿਕ ਤਾਂਬਾ ਚੋਰੀ ਕਰਨ ਵਾਲੇ ਗਰੋਹ ਦਾ ਪਰਦਾਫਾਸ਼ ਕਰਦੇ ਹੋਏ ਇੱਕ ਮੈਂਬਰ ਗੁਰਦੀਪ ਸਿੰਘ ਉਰਫ ਰਾਜੂ ਪੁਤਰ ਗੁਰਚਰਨ ਸਿੰਘ ਵਾਸੀ ਮਾੜੀ ਗੁਰੂਸਰ ਨੂੰ ਗ੍ਰਿਫਤਾਰ ਕਰਕੇ ਉਸ ਪਾਸੋਂ ਭਾਰੀ ਮਾਤਰਾ ਵਿੱਚ ਚੋਰੀ ਕੀਤਾ ਤਾਂਬਾ ਤੇ ਚੋਰੀ ਵਿੱਚ ਵਰਤੀਆਂ ਜਾ ਰਹੀਆਂ ਕਾਰਾਂ ਤੇ ਮੋਟਰਸਾਈਕਲ ਬਰਾਮਦ ਕੀਤੇ ਹਨ।ਤਫਤੀਸ਼ ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਗੁਰਦੀਪ ਸਿੰਘ ਉਕਤ ਆਪਣੇ ਚਾਰ ਹੋਰ ਸਾਥੀਆਂ ਨਾਲ ਮਿਲ ਕੇ ਰਾਤ ਸਮੇ ਆਲੇ ਦੁਆਰੇ ਦੇ ਜ਼ਿਲ੍ਹਿਆਂ ਵਿੱਚ ਟਰਾਂਸਫਾਰਮਰਾਂ ਵਿੱਚੋਂ ਤਾਂਬੇ ਦੀ ਚੋਰੀ ਦੀਆਂ ਵਾਰਦਾਤਾਂ ਨੂੰ ਅੰਜਾਮ ਦਿੰਦੇ ਸਨ, ਜਿਸ ਸਬੰਧੀ ਮੁਕੱਦਮਾ ਥਾਣਾ ਸਮਾਲਸਰ ਦਰਜ ਕਰਕੇ ਗ੍ਰਿਫਤਾਰ ਦੋਸ਼ੀ ਦੀ ਨਿਸ਼ਾਨਦੇਹੀ 'ਤੇ ਚੋਰੀ ਕੀਤਾ ਤਾਂਬਾ, ਮੋਟਰਸਾਈਕਲ, ਗੱਡੀਆਂ ਤੇ ਹੋਰ ਸਾਮਾਨ ਬਰਾਮਦ ਕੀਤਾ ਗਿਆ।

ਇਸ ਸਬੰਧੀ ਥਾਣਾ ਸਮਾਲਸਰ ਵਿਖੇ ਜਾਣਕਾਰੀ ਦਿੰਦਿਆਂ ਡੀ.ਐੱਸ.ਪੀ. ਬਾਘਾ ਪੁਰਾਣਾ ਦਲਬੀਰ ਸਿੰਘ ਸਿੱਧੂ ਨੇ ਦੱਸਿਆ ਕਿ ਅਜੇ ਗਾਂਧੀ ਸੀਨੀਅਰ ਪੁਲਸ ਕਪਤਾਨ ਮੋਗਾ ਵੱਲੋਂ ਚਲਾਈ ਗਈ ਵਿਸ਼ੇਸ਼ ਮੁਹਿੰਮ ਤਹਿਤ ਥਾਣਾ ਸਮਾਲਸਰ ਦੇ ਮੁੱਖ ਅਫਸਰ ਐੱਸ ਆਈ ਜਨਕ ਰਾਜ ਦੀ ਅਗਵਾਈ ਤਹਿਤ ਏ ਐੱਸ ਆਈ ਸੁਖਵਿੰਦਰ ਸਿੰਘ ਤੇ ਉਨ੍ਹਾਂ ਦੀ ਟੀਮ ਨੇ ਇੰਟਰਡਿਸਟ੍ਰਿਕ ਟਰਾਂਸਫਾਰਮਰ ਚੋਰਾਂ ਦੇ ਗਰੋਹ ਦੇ ਇੱਕ ਮੈਂਬਰ ਨੂੰ ਗ੍ਰਿਫ਼ਤਾਰ ਕਰਕੇ ਉਸ ਪਾਸੋਂ ਭਾਰੀ ਮਾਤਰਾ ਵਿੱਚ ਟਰਾਂਸਫਾਰਮਰਾਂ ਵਿੱਚੋਂ ਚੋਰੀ ਕੀਤਾ ਤਾਂਬਾ, ਚੋਰੀ ਲਈ ਵਰਤੇ ਗਏ ਪਾਨੇ ਆਦਿ, 2 ਅਲਟੋ ਕਾਰਾਂ ਤੇ 5 ਮੋਟਰਸਾਈਕਲ ਬਰਾਮਦ ਕੀਤੇ ਹਨ। ਇਸ ਗਰੋਹ ਦੇ ਹੋਰ ਵੀ ਮੈਂਬਰ ਕਾਬੂ ਕੀਤੇ ਜਾਣੇ ਬਾਕੀ ਹਨ।

ਮੁਢਲੀ ਪੁੱਛਗਿੱਛ ਦੌਰਾਨ ਕਥਿਤ ਦੋਸ਼ੀ ਗੁਰਦੀਪ ਸਿੰਘ ਨੇ ਦੱਸਿਆ ਕਿ ਉਹ ਪਿਛਲੇ 3 ਕੁ ਮਹੀਨਿਆਂ ਦੇ ਅਰਸੇ ਵਿੱਚ ਟਰਾਂਸਫਾਰਮਰਾਂ ਵਿੱਚੋਂ ਤਾਂਬਾ ਚੋਰੀ ਦੀਆਂ 25 ਤੋਂ ਵੀ ਵੱਧ ਵਾਰਦਾਤਾਂ ਕਰ ਚੁੱਕੇ ਹਨ ਤੇ ਇੱਕ ਰਾਤ ਦੌਰਾਨ ਉਹ ਕਰੀਬ 4-5 ਟਰਾਂਸਫਾਰਮਰਾਂ ਦਾ ਤਾਂਬਾ ਚੋਰੀ ਕਰ ਲੈਂਦੇ ਸਨ।ਇਸ ਗਰੋਹ ਦੇ ਫੜੇ ਜਾਣ ਨਾਲ ਜਿੱਥੇ ਆਮ ਕਿਸਾਨਾਂ ਨੇ ਸੁੱਖ ਦਾ ਸਾਹ ਲਿਆ ਹੈ, ਉਥੇ ਹੀ ਪੁਲਸ ਦੇ ਕੰਮ ਦੀ ਵੀ ਆਮ ਲੋਕਾਂ ਵੱਲੋਂ ਸ਼ਲਾਘਾ ਕੀਤੀ ਜਾ ਰਹੀ ਹੈ।

# ਗਲਤ ਸ਼ਬਦਾਵਲੀ ਵਰਤਣ ਤੇ ਛੇੜਖਾਨੀ ਦੇ ਕੇਸ 'ਚੋਂ ਮੁਲਜ਼ਮ ਬਰੀ

**ਬਰਨਾਲਾ (ਰਾਜਿੰਦਰ ਬਰਾੜ)**-ਮਾਨਯੋਗ ਅਦਾਲਤ ਸ੍ਰੀ ਅਨੁਪਮ ਗੁਪਤਾ, ਜੁਡੀਸ਼ੀਅਲ ਮੈਜਿਸਟਰੇਟ ਫਸਟ ਕਲਾਸ ਸਾਹਿਬ, ਬਰਨਾਲਾ ਵੱਲੋਂ ਹਰਮੀਤ ਸਿੰਘ ਪੁੱਤਰ ਮਲਕੀਤ ਸਿੰਘ ਵਾਸੀ ਪੱਤੀ ਰੋਡ, ਬਰਨਾਲਾ ਨੂੰ ਸਕੂਲ ਦੇ ਬੱਚਿਆਂ ਨੂੰ ਪੜ੍ਹਾਉਂਦੇ ਸਮੇਂ ਗਲਤ ਸ਼ਬਦਾਵਲੀ ਵਰਤਣ ਤੇ ਲੜਕੀਆਂ ਨਾਲ ਗਲਤ ਹਰਕਤਾਂ ਕਰਨ ਦੇ ਕੇਸ ਵਿੱਚੋਂ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ ਹੈ।ਜ਼ਿਕਰਯੋਗ ਹੈ ਕਿ ਸਰਬਜੀਤ ਸਿੰਘ ਤੂਰ, ਜ਼ਿਲ੍ਹਾ ਸਿੱਖਿਆ ਅਫਸਰ ਬਰਨਾਲਾ ਵੱਲੋਂ ਪੁਲਸ ਥਾਣਾ ਟੱਲੇਵਾਲ ਪਾਸ ਦਰਖਾਸਤ ਦੇ ਕੇ ਕਿ ਹਰਮੀਤ ਸਿੰਘ ਪੁੱਤਰ ਮਲਕੀਤ ਸਿੰਘ ਜੋ ਬਤੌਰ ਸਾਇੰਸ ਮਾਸਟਰ ਪੜ੍ਹਾਉਂਦਾ ਹੈ, ਵੱਲੋਂ ਪੜ੍ਹਾਉਂਦੇ ਸਮੇਂ ਬੱਚਿਆਂ ਨਾਲ ਗਲਤ ਸ਼ਬਦਾਵਲੀ ਦੀ ਵਰਤੋਂ ਕੀਤੀ ਜਾਂਦੀ ਹੈ ਤੇ ਲੜਕੀਆਂ ਨਾਲ ਗਲਤ ਹਰਕਤਾਂ ਕੀਤੀਆਂ ਜਾਂਦੀਆਂ ਹਨ, ਜੋ ਇਸ ਸਬੰਧੀ ਸਕੂਲ ਦੇ ਅਧਿਆਪਕਾਂ ਤੇ ਪਿੰਡ ਦੇ ਲੋਕਾਂ ਵੱਲੋਂ ਕਾਰਵਾਈ ਕਰਨ ਲਈ ਕਿਹਾ ਗਿਆ ਹੈ, ਦਾ ਜ਼ਿਕਰ ਕਰਕੇ ਇੱਕ ਐੱਫ.ਆਈ.ਆਰ. ਨੰਬਰ 4 ਮਿਤੀ 24-01-2020, ਜੇਰ ਧਾਰਾ 354-ਏ/509 ਆਈ.ਪੀ.ਸੀ. ਤਹਿਤ ਥਾਣਾ ਟੱਲੇਵਾਲ ਵਿਖੇ ਹਰਮੀਤ ਸਿੰਘ ਦੇ ਖਿਲਾਫ ਦਰਜ਼ ਕੀਤੀ ਗਈ, ਜੋ ਹੁਣ ਮਾਨਯੋਗ ਅਦਾਲਤ ਵੱਲੋਂ ਮੁਲਜ਼ਮ ਦੇ ਵਕੀਲ ਧੀਰਜ ਕੁਮਾਰ ਐਡਵੋਕੇਟ ਬਰਨਾਲਾ ਦੀਆਂ ਦਲੀਲਾਂ ਨਾਲ ਸਹਿਮਤ ਹੁੰਦਿਆਂ ਕਿ ਗਵਾਹਨ ਦੇ ਬਿਆਨ ਆਪਸ ਵਿੱਚ ਮੇਲ ਨਹੀਂ ਖਾਂਦੇ, ਕਿਸੇ ਵੀ ਬੱਚੇ ਨੇ ਅਦਾਲਤ ਵਿੱਚ ਆ ਕੇ ਇਸ ਤਰ੍ਹਾਂ ਦਾ ਬਿਆਨ ਨਹੀਂ ਦਿੱਤਾ ਅਤੇ ਨਾ ਹੀ ਕਿਸੇ ਵੀ ਅਧਿਆਪਕ ਜਾਂ ਬੱਚੇ ਨੇ ਇਹ ਦੱਸਿਆ ਹੈ ਕਿ ਕਿਸ ਤਰ੍ਹਾਂ ਦੀ ਸ਼ਬਦਾਵਲੀ ਦੀ ਵਰਤੋਂ ਕੀਤੀ ਗਈ ਸੀ ਅਤੇ ਕਦੋਂ ਕੀਤੀ ਗਈ ਸੀ, ਉਕਤ ਕੇਸ ਵਿੱਚੋਂ ਮੁਲਜ਼ਮ ਨੂੰ ਬਾਇੱਜ਼ਤ ਬਰੀ ਕਰਨ ਦਾ ਹੁਕਮ ਸੁਣਾਇਆ ਗਿਆ।

# ਸਿੱਖਿਆ ਕ੍ਰਾਂਤੀ ਨਾਲ ਪੰਜਾਬ ਪੁੱਟ ਰਿਹੈ ਨਵੀਂਆਂ ਪੁਲਾਂਘਾਂ : ਕਾਕਾ ਬਰਾੜ

## ਵਿਧਾਇਕ ਵੱਲੋਂ ਸਕੂਲਾਂ 'ਚ ਵੱਖ-ਵੱਖ ਕੰਮਾਂ ਦਾ ਉਦਘਾਟਨ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਦੀ ਅਗਵਾਈ ਹੇਠ ਪੰਜਾਬ ਸਿੱਖਿਆ ਦੇ ਖੇਤਰ ਵਿੱਚ ਨਵੀਆਂ ਪੁਲਾਂਘਾਂ ਪੁੱਟ ਰਿਹਾ ਹੈ, ਨਾ ਕੇਵਲ ਵਿਦਿਆਰਥੀਆਂ ਨੂੰ ਵਧੀਆ ਮਾਹੌਲ ਬਲਕਿ ਮਿਆਰੀ ਸਿੱਖਿਆ ਦਿੱਤੀ ਜਾ ਰਹੀ ਹੈ।

ਸ੍ਰੀ ਮੁਕਤਸਰ ਸਾਹਿਬ ਦੇ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਇਸ ਗੱਲ ਦਾ ਪ੍ਰਗਟਾਵਾ ਅੱਜ ਹਲਕੇ ਦੇ ਵੱਖ ਵੱਖ ਸਕੂਲਾਂ 'ਚ ਵਿਕਾਸ ਕਾਰਜਾਂ ਦਾ ਉਦਘਾਟਨ ਕਰਨ ਮੌਕੇ ਕੀਤਾ।ਸ੍ਰ. ਕਾਕਾ ਬਰਾੜ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਥਾਂਦੇਵਾਲਾ ਵਿਖੇ 11.95 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ ਦਾ ਕੰਮ ਤੇ ਨਵੀਆਂ ਕਲਾਸਾਂ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਦੱਸਿਆ ਕਿ ਸਕੂਲ ਵਿਖੇ 22.50 ਲੱਖ ਰੁਪਏ ਦੀ ਲਾਗਤ ਨਾਲ ਤਿੰਨ ਕਲਾਸ ਰੂਮਾਂ ਦਾ ਕੰਮ ਚੱਲ ਰਿਹਾ ਹੈ।ਇਸੇ ਤਰ੍ਹਾਂ ਉਨ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਝਬੇਲਵਾਲੀ ਵਿਖੇ 18.51 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਨਵੇਂ ਕਲਾਸ ਰੂਮ ਤੇ ਲੈਬ ਦਾ ਉਦਘਾਟਨ ਕੀਤਾ।ਉਨ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਝਬੇਲਵਾਲੀ ਵਿਖੇ 9.26 ਲੱਖ ਰੁਪਏ ਦੀ ਲਾਗਤ ਨਾਲ ਕਲਾਸ ਰੂਮ ਦੀ ਮੁਰੰਮਤ ਤੇ ਨਵੇਂ ਉਸਾਰੇ ਗਏ ਕਲਾਸਰੂਮ ਦਾ ਉਦਘਾਟਨ ਕੀਤਾ।ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਉਦੇਕਰਨ ਵਿਖੇ 23.38 ਲੱਖ ਰੁਪਏ ਦੀ ਲਾਗਤ ਨਾਲ ਬਣਾਈ ਗਈ ਚਾਰਦੀਵਾਰੀ, ਨਵੇਂ ਪਖਾਨਿਆਂ ਤੇ ਲੈਬ ਦਾ ਉਦਘਾਟਨ ਕੀਤਾ।ਉਨ੍ਹਾਂ ਜਾਣਕਰੀ ਦਿੱਤੀ ਕਿ 22.50 ਰੁਪਏ ਦੀ ਲਾਗਤ ਨਾਲ ਦੋ ਕਲਾਸ ਰੂਮ ਤੇ ਇਕ ਕੰਪਿਊਟਰ ਲੈਬ ਦੀ ਉਸਾਰੀ ਦਾ ਕੰਮ ਚਾਲ ਰਿਹਾ ਹੈ।ਇਸੇ ਤਰ੍ਹਾਂ ਸਰਕਾਰੀ ਪ੍ਰਾਇਮਰੀ ਸਕੂਲ ਉਦੇਕਰਨ ਵਿਖੇ ਉਨ੍ਹਾਂ 28.35 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ, ਕਲਾਸਰੂਮ ਦੀ ਮੁਰੰਮਤ, ਉਸਾਰੇ ਗਏ ਨਵੇਂ ਕਲਾਸ ਰੂਮ ਤੇ ਪਖਾਨੇ ਦਾ ਉਦਘਾਟਨ ਕੀਤਾ।ਉਨ੍ਹਾਂ ਜਾਣਕਾਰੀ ਦਿੱਤੀ ਕਿ ਸਕੂਲ 'ਚ 40 ਲੱਖ ਰੁਪਏ ਦੀ ਲਾਗਤ ਨਾਲ ਨਾਬਾਰਡ ਤਹਿਤ ਕੰਮ ਕਰਵਾਏ ਜਾ ਰਹੇ ਹਨ।

# ਬ੍ਰਾਹਮਣਵਾਦ ਕੋਈ ਵਿਅਕਤੀ ਨਹੀਂ, ਸਗੋਂ ਇੱਕ ਵਿਚਾਰਧਾਰਾ ਹੈ : ਡਾ. ਰੌਣਕੀ ਰਾਮ

## ਧੂਮਧਾਮ ਨਾਲ ਮਨਾਇਆ ਡਾ. ਅੰਬੇਡਕਰ ਦਾ ਆਗਮਨ ਪੁਰਬ



**ਮਾਨਸਾ (ਆਤਮਾ ਸਿੰਘ ਪਮਾਰ)**

ਡਾ. ਅੰਬੇਡਕਰ ਯੂਥ ਕਲੱਬ ਮਾਨਸਾ ਦੀ ਅਗਵਾਈ ਹੇਠ ਸਮੁੱਚੇ ਸ਼ਹਿਰ ਨਿਵਾਸੀਆਂ ਦੇ ਸਹਿਯੋਗ ਨਾਲ਼ ਸਥਾਨਕ ਸ਼ਾਂਤੀ ਭਵਨ ਵਿਖੇ ਭਾਰਤੀ ਸੰਵਿਧਾਨ ਦੇ ਨਿਰਮਾਤਾ, ਭਾਰਤੀਆਂ ਦੇ ਚਾਨਣ ਮੁਨਾਰਾ, ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਆਗਮਨ ਪੁਰਬ ਧੂਮਧਾਮ ਨਾਲ ਮਨਾਇਆ ਗਿਆ।ਬਲਵੰਤ ਸਿੰਘ ਬੰਟੀ ਨੇ ਆਏ ਹੋਏ ਮਹਿਮਾਨਾਂ ਤੇ ਹਾਜ਼ਰੀਨ ਨੂੰ ਜੀ ਆਇਆਂ ਕਹਿੰਦਿਆਂ ਧੰਨਵਾਦ ਵੀ ਕੀਤਾ।

ਇਸ ਮੌਕੇ ਅਜ਼ਾਦ ਰੰਗਮੰਚ ਫਗਵਾੜਾ ਦੀ ਟੀਮ ਵੱਲੋਂ ਬੀਬਾ ਕੁਲਵੰਤ ਦੀ ਅਗਵਾਈ ਵਿੱਚ ਅੰਬੇਡਕਰ ਮਿਸ਼ਨ ਨਾਲ਼ ਸੰਬੰਧਤ ਕੋਰੀਓਗ੍ਰਾਫੀ ਤੇ 'ਅਸਲੀ ਬਾਬਾ ਕੌਣ' ਨਾਟਕ ਵੀ ਪੇਸ਼ ਕੀਤਾ, ਜੋ ਸਮਾਜ 'ਚ ਪੜ੍ਹ-ਲਿਖ ਕੇ ਤੇ ਤਰੱਕੀ ਕਰਨ ਦੇ ਬਾਵਜੂਦ ਵੀ ਵਹਿਮਾਂ-ਭਰਮਾਂ 'ਚ ਲੋਕਾਂ ਲਈ ਇੱਕ ਵਿਸ਼ੇਸ਼ ਕਿਸਮ ਦਾ ਸੁਨੇਹਾ ਦੇਣ 'ਚ ਸਫਲ ਰਿਹਾ। ਇਸ ਮੌਕੇ ਪਹੁੰਚੇ ਮੁੱਖ ਵਕਤਾ ਵਜੋਂ ਡਾ. ਰੌਣਕੀ ਰਾਮ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਨੇ ਸੰਬੋਧਨ ਕਰਦਿਆਂ ਕਿਹਾ ਕਿ ਬ੍ਰਾਹਮਣਵਾਦ ਕੋਈ ਵਿਸ਼ੇਸ਼ ਵਿਅਕਤੀ ਨਹੀਂ, ਸਗੋਂ ਇੱਕ ਵਿਚਾਰਧਾਰਾ ਦਾ ਨਾਂ ਹੈ।ਜੋ ਕਿਸੇ ਵੀ ਜਾਤੀ ਦੇ ਵਿਅਕਤੀ ਵਿੱਚ ਹੋ ਸਕਦੀ ਹੈ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਸਮਾਜਿਕ ਸਮਾਨਤਾ ਦੀ ਲੜਾਈ ਲੜੀ, ਇਸ ਲੜਾਈ ਦੌਰਾਨ ਉਨ੍ਹਾਂ ਨੇ ਸਮਾਜ ਵਿੱਚ ਪੜ੍ਹੋ, ਜੁੜੋ ਤੇ ਸੰਘਰਸ਼ ਕਰੋ ਦੇ ਮੂਲ ਸਿਧਾਂਤ 'ਤੇ ਅਮਲੀ ਰੂਪ 'ਚ ਪਹਿਰਾ ਦੇਣ ਦੀ ਗੱਲ ਕਹੀ।ਇਸ ਕਾਰਜ ਲਈ ਉਨ੍ਹਾਂ ਨੂੰ ਅਨੇਕਾਂ ਸੱਤਿਆਗ੍ਰਹਿ ਕਰਨ ਤੋਂ ਇਲਾਵਾ ਆਪਣੇ ਪਿੰਡੇ 'ਤੇ ਅਕਹਿ ਅਸਹਿ ਤਸੀਹੇ ਵੀ ਝੱਲਣੇ ਪਏ।

ਡਾ. ਰੌਣਕੀ ਨੇ ਕਿਹਾ ਕਿ ਬਾਬਾ ਸਾਹਿਬ ਦੀ ਪੂਜਾ ਕਰਨ ਦੀ ਬਜਾਏ ਉਨ੍ਹਾਂ ਦੀ ਵਿਚਾਰਧਾਰਾ ਤੇ ਫ਼ਲਸਫ਼ੇ ਦਾ ਅਧਿਐਨ ਕਰਕੇ ਅਮਲ ਕਰਨ ਦਾ ਸੁਨੇਹਾ ਵੀ ਦਿੱਤਾ।ਇਸ ਮੌਕੇ ਬੇਟੀ ਪਿੰਕੀ ਨੇ ਆਪਣੇ ਗੀਤ ਰਾਹੀਂ ਬਾਬਾ ਸਾਹਿਬ ਦੁਆਰਾ ਕੀਤੇ ਲੋਕ ਭਲਾਈ ਦੇ ਕਾਰਜਾਂ ਤੇ ਉਨ੍ਹਾਂ ਅਤੇ ਪਰਵਾਰ ਵੱਲੋਂ ਕੀਤੀਆਂ ਅਥਾਹ ਕੁਰਬਾਨੀਆਂ ਦਾ ਜ਼ਿਕਰ ਵੀ ਕੀਤਾ। ਪ੍ਰੋਗਰਾਮ ਦੇ ਅਖੀਰ ਵਿਚ ਕਲੱਬ ਦੇ ਪ੍ਰਧਾਨ ਪਵਨ ਕੁਮਾਰ ਨੇ ਸਮੁੱਚੇ ਹਾਜ਼ਰੀਨ ਦਾ ਸਮਾਗਮ ਦੀ ਸ਼ੋਭਾ ਵਧਾਉਣ ਲਈ ਧੰਨਵਾਦ ਕਰਦਿਆਂ ਨਾਲ ਹੀ ਆਪਣੀ ਟੀਮ ਦੇ ਮੈਂਬਰਾਂ ਦੀ ਹੌਂਸਲਾ ਅਫਜ਼ਾਈ ਵੀ ਕੀਤੀ।ਇਸ ਸਮੇਂ ਡਾ. ਸੁਰਿੰਦਰ ਸਿੰਘ ਨੇ ਮਾਨਸਾ ਸ਼ਹਿਰ ਵਿੱਚ ਸਾਰਿਆਂ ਦੇ ਸਹਿਯੋਗ ਨਾਲ਼ ਡਾ. ਭਵਨ ਦੀ ਉਸਾਰੀ ਦੀ ਤਜਵੀਜ਼ ਵੀ ਰੱਖੀ, ਜਿਸ 'ਤੇ ਹਾਜ਼ਰੀਨ ਨੇ ਸਹਿਮਤੀ ਦਾ ਪ੍ਰਗਟਾਵਾ ਵੀ ਕੀਤਾ ਗਿਆ। ਸਟੇਜ ਸੰਚਾਲਨ ਦੀ ਜ਼ਿੰਮੇਵਾਰੀ ਡਾ. ਕੁਲਦੀਪ ਚੌਹਾਨ ਵੱਲੋਂ ਬਾਖੂਬੀ ਨਿਭਾਈ ਗਈ।

ਇਸ ਮੌਕੇ ਓਮ ਪ੍ਰਕਾਸ਼ ਸੇਵਾ ਮੁਕਤ ਪੀ.ਸੀ.ਐੱਸ. ਬੀਰਬਲ ਸਿੰਘ ਨਾਇਬ ਤਹਿਸੀਲਦਾਰ, ਸੋਹਣ ਲਾਲ, ਪਵਨ ਕੁਮਾਰ ਨਿਭੋਰੀਆ, ਰਾਜ ਕੁਮਾਰ, ਸੰਜੀਵ ਕੁਮਾਰ, ਬਲਵੀਰ ਸਿੰਘ ਚਕੇਰੀਆਂ, ਚਰਨਜੀਤ ਚੰਨੀ, ਮੈਨੇਜਰ ਦਰਸ਼ਨ ਕੁਮਾਰ, ਪਵਨ ਕੁਮਾਰ ਗੋਠਵਾਲ, ਗਾਂਧੀ, ਹੰਸਾ ਡੇਲੂਆਣਾ, ਕਾਲਾ ਸਹਾਰਨਾ, ਮੋਹਨ ਲਾਲ, ਸ਼ਾਮ ਲਾਲ, ਰਮੇਸ਼ ਕੁਮਾਰ, ਉਦਮੀ ਚੰਦ, ਸਿਕੰਦਰ ਕੁਮਾਰ, ਕ੍ਰਿਸ਼ਨ ਕੁਮਾਰ, ਰਵੀ, ਪਾਲਾ ਰਾਮ ਪਰੋਚਾ, ਐਡਵੋਕੇਟ ਬਲਵੰਤ ਭਾਟੀਆ, ਸਮੂਹ ਕਲੱਬ ਮੈਂਬਰ, ਅਹੁਦੇਦਾਰ ਤੇ ਵੱਡੀ ਗਿਣਤੀ ਸ਼ਹਿਰੀ ਅਤੇ ਬਾਬਾ ਸਾਹਿਬ ਦੇ ਅਨੁਯਾਈ ਹਾਜ਼ਰ ਸਨ।

# ਡੀ ਟੀ ਐੱਫ ਨੇ ਮੁੱਖ ਮੰਤਰੀ ਦੇ ਨਾਂਅ ਡੀ ਸੀ ਨੂੰ ਸੌਂਪਿਆ ਮੰਗ ਪੱਤਰ

- ਆਦਰਸ਼ ਸਕੂਲ ਚਾਉਕੇ ਦੀ ਭ੍ਰਿਸ਼ਟ ਮੈਨੇਜਮੈਂਟ ਨੂੰ ਬਰਖ਼ਾਸਤ ਕਰਨ ਦੀ ਮੰਗ
- ਆਦਰਸ਼ ਸਕੂਲ ਚਾਉਕੇ ਦੇ ਨੌਕਰੀ 'ਚੋਂ ਕੱਢੇ ਅਧਿਆਪਕ ਬਹਾਲ ਕੀਤੇ ਜਾਣ : ਡੀ ਟੀ ਐੱਫ



**ਲੌਂਗੋਵਾਲ/ਸੰਗਰੂਰ (ਪ੍ਰਦੀਪ ਸਿੰਘ ਸੱਪਲ)**- ਆਦਰਸ਼ ਸੀ. ਸੈ. ਸਕੂਲ ਚਾਉਕੇ ਦੀ ਭ੍ਰਿਸ਼ਟ ਪ੍ਰਾਈਵੇਟ ਮੈਨੇਜਮੈਂਟ ਨੂੰ ਹਟਾਉਣ ਤੇ ਇਸ ਸਕੂਲ ਦਾ ਪ੍ਰਬੰਧ ਜ਼ਿਲ੍ਹਾ ਸਿੱਖਿਆ ਅਫ਼ਸਰ ਬਠਿੰਡਾ ਨੂੰ ਸੌਂਪਣ ਆਦਿ ਦੀਆਂ ਮੰਗਾਂ ਨੂੰ ਲੈ ਕੇ ਡੈਮੋਕ੍ਰੇਟਿਕ ਟੀਚਰਜ਼ ਫਰੰਟ ਸੰਗਰੂਰ ਦਾ ਵਫ਼ਦ ਜਥੇਬੰਦੀ ਦੇ ਸੂਬਾ ਮੀਤ ਪ੍ਰਧਾਨ ਰਘਵੀਰ ਸਿੰਘ ਭਵਾਨੀਗੜ੍ਹ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਸੰਗਰੂਰ ਸ੍ਰੀ ਸੰਦੀਪ ਰਿਸ਼ੀ ਸੰਗਰੂਰ ਨੂੰ ਮਿਲਿਆ ਅਤੇ ਮੰਗ ਪੱਤਰ ਸੌਂਪਿਆ।ਇਸ ਮੰਗ ਪੱਤਰ ਰਾਹੀਂ ਵਫ਼ਦ ਨੇ ਗੈਰ-ਕਾਨੂੰਨੀ ਢੰਗ ਨਾਲ ਨੌਕਰੀ ਤੋਂ ਸਿੱਧੇ ਬਰਖ਼ਾਸਤ ਕੀਤੇ ਅਧਿਆਪਕਾਂ ਅਤੇ ਨਾਨ ਟੀਚਿੰਗ ਸਟਾਫ਼ ਦੀ ਨੌਕਰੀ ਤੁਰੰਤ ਬਹਾਲ ਕਰਦੇ ਹੋਏ ਭਵਿੱਖ ਪੂਰਨ ਸੁਰੱਖਿਅਤ ਕਰਨ ਦੀ ਮੰਗ ਕੀਤੀ।ਉਨ੍ਹਾਂ 31 ਮਾਰਚ 2024 ਤੋਂ ਬਾਅਦ ਗਲਤ ਢੰਗ ਨਾਲ ਭਰਤੀ ਕੀਤੇ ਅਯੋਗ ਪ੍ਰਿੰਸੀਪਲ, ਮੈਨੇਜਮੈਂਟ ਵੱਲੋਂ ਸਟਾਫ਼ ਤੋਂ ਜਬਰੀ ਕੈਸ਼ਬੈਕ ਕਰਵਾਉਣ ਲਈ ਨਿਯੁਕਤ ਕੀਤੇ ਗੁਰਦਿੱਤ ਸਿੰਘ ਝੱਬਰ (ਯੂ ਐੱਨ ਓ ਤੱਕ ਗਏ ਬੰਤ ਸਿੰਘ ਝੱਬਰ ਕੇਸ ਵਿੱਚ ਦੋਸ਼ੀ) ਅਤੇ ਬਿਨਾਂ ਖਾਲੀ ਪੋਸਟਾਂ ਦੇ ਸਰਪਲੱਸ ਸਟਾਫ਼ ਭਰਤੀ ਕਰਨ ਦੀ ਜਾਂਚ ਪੜਤਾਲ ਕਾਰਵਾਏ ਜਾਣ ਅਤੇ 31 ਮਾਰਚ 2024 ਤੋਂ ਪਹਿਲਾਂ ਦੇ ਭਰਤੀ ਸਟਾਫ਼ ਦੇ ਮੈਨੇਜਮੈਂਟ ਵੱਲੋਂ ਜਬਰੀ ਵਾਰ-ਵਾਰ ਬਦਲੇ ਅਹੁਦੇ ਉਨ੍ਹਾਂ ਦੀ ਵਿੱਦਿਅਕ ਯੋਗਤਾ ਅਨੁਸਾਰ ਬਹਾਲ ਕਰਵਾਏ ਜਾਣ ਦੀ ਮੰਗ ਕੀਤੀ।ਇਸ ਤੋਂ ਇਲਾਵਾ ਪਿਛਲੇ ਤਿੰਨ ਸਾਲਾਂ ਤੋਂ ਬੱਚਿਆਂ ਦੀਆਂ ਵਰਦੀਆਂ, ਕਿਤਾਬਾਂ ਦੀ ਬਣਦੀ ਪੈਂਡਿੰਗ ਰਾਸ਼ੀ ਮੈਨੇਜਮੈਂਟ ਤੋਂ ਬੱਚਿਆਂ ਦੇ ਖਾਤਿਆਂ ਵਿੱਚ ਵਾਪਸ ਕੀਤੇ ਜਾਣ ਤੇ ਮੈਨੇਜਮੈਂਟ ਦੁਆਰਾ ਸਕੂਲ ਸਟਾਫ਼ ਤੋਂ ਅਨੇਕ ਗਲਤ ਤਰੀਕਿਆਂ ਨਾਲ ਕਰਵਾਏ ਕੈਸ਼ਬੈਕ ਦੀ ਰਕਮ ਤੇ ਸਕੂਲ ਸਟਾਫ਼ ਦੀ ਅਕਤੂਬਰ 2024 ਤੋਂ ਕੱਟੀ ਤਨਖਾਹ ਵਾਪਸ ਸਟਾਫ਼ ਦੇ ਖਾਤਿਆਂ ਵਿੱਚ ਜਾਰੀ ਕਰਵਾਈ ਜਾਣ ਦੀ ਮੰਗ ਕੀਤੀ।ਆਗੂਆਂ ਨੇ ਇਸ ਮੰਗ ਪੱਤਰ ਰਾਹੀਂ ਭ੍ਰਿਸ਼ਟ ਮੈਨੇਜਮੈਂਟ ਦੁਆਰਾ ਐਜੂਕੇਸ਼ਨਲ ਟ੍ਰਿਬਿਊਨਲ ਕੋਰਟ ਦੁਆਰਾ ਸਟੇਅ ਪ੍ਰਾਪਤ ਅਧਿਆਪਕਾਂ ਦੀਆਂ ਸੇਵਾਵਾਂ ਬਹਾਲ ਨਾ ਕਰਕੇ ਨਵੀਂ ਭਰਤੀ ਜਾਰੀ ਰੱਖਣ 'ਤੇ ਬਣਦੀ ਕਾਨੂੰਨੀ ਕਾਰਵਾਈ ਕੀਤੇ ਜਾਣ ਅਤੇ ਨਵੀਂ ਭਰਤੀ ਰੋਕੇ ਜਾਣ ਦੀ ਮੰਗ ਕੀਤੀ।ਇਸ ਤੋਂ ਇਲਾਵਾ ਮੈਨੇਜਮੈਂਟ ਦੀ ਸ਼ਹਿ 'ਤੇ 26 ਮਾਰਚ 2025 ਨੂੰ ਸ਼ਾਂਤਮਈ ਬੈਠੇ ਮਹਿਲਾ ਕਰਮਚਾਰੀਆਂ ਸਮੇਤ ਸਕੂਲ ਸਟਾਫ਼ ਦੇ ਹੱਥਾਂ 'ਤੇ ਕਟਰ ਚਲਾਉਣ ਤੇ ਕੁੱਟਮਾਰ ਕਰਨ ਵਾਲੇ ਪ੍ਰਾਈਵੇਟ ਬੰਦਿਆਂ 'ਤੇ ਬਣਦੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ।ਉਨ੍ਹਾਂ ਮੰਗ ਕੀਤੀ ਕਿ ਭਵਿੱਖ ਵਿੱਚ ਪੰਜਾਬ ਭਰ ਦੇ ਸਾਰੇ ਆਦਰਸ਼ ਸਕੂਲਾਂ (ਪੀਪੀਪੀ ਮੋਡ) ਦੇ ਸਟਾਫ਼ ਤੇ ਬੱਚਿਆਂ ਦੇ ਹੱਕਾਂ ਦੀ ਰਾਖੀ ਕਰਨ ਲਈ ਇਨ੍ਹਾਂ ਸਕੂਲਾਂ ਨੂੰ ਮੈਨੇਜਮੈਂਟਾਂ ਤੋਂ ਵਾਪਸ ਲੈ ਕੇ 100% ਹਿੱਸਾ ਪੰਜਾਬ ਸਿੱਖਿਆ ਵਿਕਾਸ ਬੋਰਡ (ਪੀ.ਈ.ਡੀ.ਬੀ.) ਅਧੀਨ ਹੀ ਰੱਖਦੇ ਹੋਏ ਤੇ ਭਰਤੀ ਵੀ ਇਸੇ ਬੋਰਡ ਰਾਹੀਂ ਕਰਨ ਦਾ ਫੈਸਲਾ ਪੰਜਾਬ ਸਰਕਾਰ ਮੁੜ ਬਹਾਲ ਕਰੇ।ਇਸ ਮੌਕੇ ਮੇਘ ਰਾਜ ਲਹਿਰਾ, ਕਰਮਜੀਤ ਨਦਾਮਪੁਰ, ਕੁਲਵੰਤ ਖਨੌਰੀ, ਰਾਜ ਸੈਣੀ, ਦੀਪ ਬਨਾਰਸੀ, ਬਲਵਿੰਦਰ ਚੀਮਾ, ਕੰਵਲਜੀਤ ਸਿੰਘ, ਸੁਖਬੀਰ ਖਨੌਰੀ, ਮਨਜੀਤ ਲਹਿਰਾ, ਅਸ਼ਵਨੀ ਲਹਿਰਾ, ਸੰਦੀਪ ਗਿੱਲ, ਗਗਨਦੀਪ ਕੁਮਾਰ ਆਦਿ ਹਾਜ਼ਰ ਸਨ।

# ਦਰਗਾਹ ਸੱਯਦ ਦਰਬਾਰ ਕਮਾਸਪੁਰ ਵਿਖੇ ਕਰਵਾਇਆ ਵਿਸ਼ਾਲ ਭੰਡਾਰਾ

## ਗਾਇਕ ਸ਼ਮਸ਼ੇਰ ਲਹਿਰੀ ਨੇ ਆਪਣੀ ਗਾਇਕੀ ਨਾਲ ਸਰੋਤੇ ਕੀਲੇ



**ਸਮਾਣਾ (ਗੁਰਪਿਆਰ ਸਿੰਘ ਬੱਲ)**-ਦਰਗਾਹ ਸੱਯਦ ਦਰਬਾਰ ਪਿੰਡ ਕਮਾਸਪੁਰ ਵਿਖੇ 7ਵਾਂ ਸਾਲਾਨਾ ਵਿਸ਼ਾਲ ਭੰਡਾਰਾ ਬਾਬਾ ਦੀਦਾਰ ਸਿੰਘ ਸੰਧੂ ਦੀ ਦੇਖ-ਰੇਖ ਹੇਠ ਸਮੂਹ ਨਗਰ ਪੰਚਾਇਤ ਵੱਲੋਂ ਨਗਰ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ ਬਹੁਤ ਹੀ ਧੂਮਧਾਮ ਤੇ ਸ਼ਰਧਾਪੂਰਵਕ ਕਰਵਾਇਆ ਗਿਆ।ਇਸ ਮੌਕੇ ਐਕਸੀਅਨ ਕੰਵਰਦੀਪ ਸਿੰਘ, ਐੱਸ ਡੀ ਓ ਸਤਿੰਦਰ ਸਿੰਘ, ਜੇ ਈ ਗੁਰਮੀਤ ਸਿੰਘ ਢਿੱਲੋਂ ਤੇ ਜੇ ਈ ਲਲਿਤ ਕੁਮਾਰ ਆਦਿ ਤੋਂ ਇਲਾਵਾ ਇਲਾਕੇ ਭਰ ਤੋਂ ਵੱਡੀ ਗਿਣਤੀ ਵਿੱਚ ਪਤਵੰਤਿਆਂ ਤੇ ਸੰਗਤਾਂ ਨੇ ਹਾਜ਼ਰੀ ਭਰੀ ਅਤੇ ਆਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਮਸ਼ਹੂਰ ਸੂਫ਼ੀ ਗਾਇਕ ਸ਼ਮਸ਼ੇਰ ਲਹਿਰੀ ਨੇ ਆਪਣੀ ਸੱਭਿਅਕ, ਸੂਫ਼ੀਆਨਾ ਤੇ ਰੂਹਾਨੀਅਤ ਭਰੀ ਗਾਇਕੀ ਨਾਲ ਚੰਗਾ ਰੰਗ ਬੰਨ੍ਹਿਆ ਅਤੇ ਸੰਗਤਾਂ ਨੂੰ ਪ੍ਰਮਾਤਮਾ ਨਾਲ ਜੁੜ ਕੇ ਭਜਨ ਬੰਦਗੀ ਕਰਨ ਲਈ ਪ੍ਰੇਰਿਤ ਕੀਤਾ।ਇਸ ਮੌਕੇ ਕੰਵਰਦੀਪ ਸਿੰਘ, ਗੁਰਮੀਤ ਸਿੰਘ ਢਿੱਲੋਂ ਨੇ ਕਿਹਾ ਕਿ ਧਾਰਮਿਕ ਤੇ ਸੱਭਿਆਚਾਰਕ ਮੇਲੇ ਸਾਡੀ ਜ਼ਿੰਦਗੀ ਦਾ ਇਕ ਅਨਿੱਖੜਵਾਂ ਅੰਗ ਹਨ, ਜੋ ਸਾਡੇ ਅਤੀਤ ਦੀ ਸ਼ਾਨ ਨੂੰ ਵਰਤਮਾਨ ਦੀ ਤਰੱਕੀ ਨਾਲ ਵੀ ਜੋੜਦੇ ਹਨ ਅਤੇ ਲੋਕਾਂ ਦੇ ਆਪਸੀ ਮੇਲ ਜੋਲ ਦਾ ਇੱਕ ਵਧੀਆ ਸੋਮਾ ਹਨ।ਇਸ ਮੌਕੇ ਸੇਵਾਦਾਰ ਦੀਦਾਰ ਸਿੰਘ ਸੰਧੂ ਤੇ ਗੁਰਮੁੱਖ ਸਿੰਘ ਵੱਲੋਂ ਆਏ ਹੋਏ ਮਹਿਮਾਨਾਂ ਨੂੰ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਬੱਬੂ ਮਾਨ ਖੇਮਕਰਨ, ਜਿੰਦਰ ਸਿੰਘ ਗਿੱਲ ਖੇਮਕਰਨ, ਵਿਕਰਮਜੀਤ ਸਿੰਘ ਖਨੌਰੀ, ਗੁਰਪ੍ਰੀਤ ਸਿੰਘ ਨੰਬਰਦਾਰ ਕਮਾਸਪੁਰ ਤੇ ਇੰਦਰਜੀਤ ਸਿੰਘ ਚਾਹਲ ਆਦਿ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਹਾਜ਼ਰ ਸਨ।

# ਸਕੂਲ ਮੁਖੀਆਂ ਤੇ ਅਧਿਆਪਕਾਂ ਬਗੈਰ ਹੀ ਸਿੱਖਿਆ ਕ੍ਰਾਂਤੀ ਨੇ ਮਾਰੀਆਂ ਅੰਬਰੀਂ ਉਡਾਰੀਆਂ : ਡੀ ਟੀ ਐੱਫ਼

## ਜ਼ਿਲ੍ਹੇ 'ਚ 73 'ਚੋਂ 60 ਸਕੂਲ ਪ੍ਰਿੰਸੀਪਲਾਂ ਤੋਂ ਸੱਖਣੇ, 14 ਸਕੂਲ ਲੈਕਚਰਾਰ ਵਿਹੂਣੇ ਤੇ 17 ਸਕੂਲਾਂ 'ਚ ਸਿਰਫ ਇੱਕ-ਇੱਕ ਲੈਕਚਰਾਰ ਹੀ ਵੰਡ ਰਿਹੈ ਵਿੱਦਿਆ ਦਾ ਚਾਨਣ



**ਮਾਨਸਾ (ਆਤਮਾ ਸਿੰਘ ਪਮਾਰ)**

ਮਾਨਸਾ ਜ਼ਿਲ੍ਹੇ ਦੇ ਸੈਕੰਡਰੀ ਸਕੂਲਾਂ ਵਿੱਚ ਲੈਕਚਰਾਰਾਂ ਦੀਆਂ ਖਾਲੀ ਅਸਾਮੀਆਂ ਨੇ ਪਿਛਲੇ ਕਈ ਦਿਨਾਂ ਤੋਂ ਚੱਲ ਰਹੀ ਨੀਂਹ ਪੱਥਰਾਂ ਦੀ ਅਖੌਤੀ ਸਿੱਖਿਆ ਕ੍ਰਾਂਤੀ ਦੀ ਫੂਕ ਕੱਢ ਕੇ ਰੱਖ ਦਿੱਤੀ ਹੈ। ਸੂਬਾ ਪ੍ਰਧਾਨ ਦਿਗਵਿਜੇ ਪਾਲ ਸ਼ਰਮਾ ਤੇ ਸੂਬਾ ਜਨਰਲ ਸਕੱਤਰ ਰੇਸ਼ਮ ਸਿੰਘ ਬਠਿੰਡਾ ਦੀ ਅਗਵਾਈ ਵਿੱਚ ਡੀ ਟੀ ਐੱਫ਼ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਕਰਮਜੀਤ ਸਿੰਘ ਤਾਮਕੋਟ ਤੇ ਹਰਜਿੰਦਰ ਅਨੂਪਗੜ੍ਹ ਨੇ ਜ਼ਿਲ੍ਹੇ ਦੇ ਸਰਕਾਰੀ ਸਕੂਲਾਂ ਦੇ ਅੰਕੜੇ ਪ੍ਰੈੱਸ ਨਾਲ ਸਾਂਝੇ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਬਿਨਾਂ ਅਧਿਆਪਕਾਂ ਤੋਂ ਕਿਹੜੀ ਸਿੱਖਿਆ ਕ੍ਰਾਂਤੀ ਦੇ ਦਮਗਜ਼ੇ ਮਾਰ ਕੇ ਢੋਲ ਵਜਾ ਰਹੀ ਹੈ?

ਉਨ੍ਹਾਂ ਦੱਸਿਆ ਕਿ ਮਾਨਸਾ ਜ਼ਿਲ੍ਹੇ ਦੇ 73 ਸੈਕੰਡਰੀ ਸਕੂਲਾਂ 'ਚੋਂ 14 ਸਕੂਲ ਬਿਨਾਂ ਲੈਕਚਰਾਰਾਂ ਤੋਂ ਹੀ ਚੱਲ ਰਹੇ ਹਨ ਅਤੇ 17 ਸਕੂਲਾਂ 'ਚ ਸਿਰਫ ਇੱਕ-ਇੱਕ ਲੈਕਚਰਾਰ ਹੀ ਵਿੱਦਿਆ ਦਾ ਚਾਨਣ ਵੰਡ ਰਿਹਾ ਹੈ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਦੇ 73 ਸਕੂਲਾਂ ਵਿੱਚੋਂ ਸਿਰਫ 13 ਸਕੂਲਾਂ ਵਿੱਚ ਹੀ ਪ੍ਰਿੰਸੀਪਲ ਹਨ, ਜੇ ਬਲਾਕ ਵਾਇਜ਼ ਗੱਲ਼ ਕਰੀਏ ਤਾਂ ਮਾਨਸਾ ਬਲਾਕ ਦੇ 20 ਸਕੂਲਾਂ 'ਚੋਂ ਸਿਰਫ 4 ਸਕੂਲਾਂ ਵਿੱਚ ਹੀ ਪ੍ਰਿੰਸੀਪਲ ਹਨ। ਝੁਨੀਰ ਬਲਾਕ ਦੇ 7 ਸਕੂਲਾਂ ਵਿੱਚੋਂ ਸਿਰਫ 2 ਸਕੂਲਾਂ 'ਚ ਹੀ ਪ੍ਰਿੰਸੀਪਲ ਹਨ।ਮੂਸਾ ਵਰਗੇ ਵਿਸ਼ਵ ਪੱਧਰ ਦੇ ਚਮਕਦੇ ਪਿੰਡ ਦਾ ਸਕੂਲ ਪਿਛਲੇ ਕਈ ਸਾਲਾਂ ਤੋਂ ਪ੍ਰਿੰਸੀਪਲ ਦੇ ਦਰਸ਼ਨਾਂ ਦੀ ਉਡੀਕ ਕਰ ਰਿਹਾ ਹੈ।ਇੱਥੇ ਸਿਰਫ ਇਕੋ ਲੈਕਚਰਾਰ ਦੇ ਸਹਾਰੇ ਸਕੂਲ ਚੱਲ ਰਿਹਾ ਹੈ, ਪਰ ਹੈਰਾਨੀ ਦੀ ਗੱਲ਼ ਹੈ ਇਹ ਕਿ ਮਾਨਸਾ ਜ਼ਿਲ੍ਹੇ 'ਚੋਂ ਪ੍ਰਮੋਟ ਹੋਏ ਲੈਕਚਰਾਰਾਂ ਨੂੰ ਫਾਜ਼ਿਲਕਾ ਤੇ ਤਰਨ ਤਾਰਨ ਜ਼ਿਲ੍ਹਿਆਂ 'ਚ ਭੇਜ ਦਿੱਤਾ ਗਿਆ ਹੈ।

ਡੀ ਟੀ ਐੱਫ਼ ਦੇ ਸੀਨੀਅਰ ਆਗੂਆਂ ਰਾਜਵਿੰਦਰ ਸਿੰਘ ਬੈਹਣੀਵਾਲ, ਗੁਰਬਚਨ ਹੀਰੇਵਾਲਾ, ਗੁਰਪ੍ਰੀਤ ਭੀਖੀ ਨੇ ਕਿਹਾ ਕਿ ਸਰਦੂਲਗੜ੍ਹ ਦੇ 14 ਸਕੂਲਾਂ ਵਿੱਚੋਂ 2 ਦੇ, ਬੁਢਲਾਡਾ ਦੇ 15 'ਚੋਂ 2 ਅਤੇ ਬਰੇਟਾ ਦੇ 17 'ਚੋਂ ਤਿੰਨ ਸਕੂਲਾਂ ਵਿੱਚ ਹੀ ਪ੍ਰਿੰਸੀਪਲ ਹਨ। ਉਨ੍ਹਾਂ ਕਿਹਾ ਕਿ ਸਿਰਫ ਐਮੀਨੈਂਸ ਸਕੂਲਾਂ ਵਿੱਚ ਹੀ ਲੈਕਚਰਾਰਾਂ ਦੀ ਗਿਣਤੀ ਠੀਕ ਹੈ। ਜਥੇਬੰਦੀ ਦੇ ਆਗੂਆਂ ਨਿਧਾਨ ਸਿੰਘ, ਸ਼ਿੰਗਾਰਾ ਸਿੰਘ, ਤਰਸੇਮ ਬੋੜਾਵਾਲ, ਹਰਫੂਲ ਸਿੰਘ, ਰਾਜਿੰਦਰ ਪਾਲ ਸਿੰਘ ਨੇ ਕਿਹਾ ਕਿ ਸਿਤਮਜ਼ਰੀਫੀ ਤਾਂ ਇਹ ਹੈ ਕਿ ਮਾਨਸਾ ਜ਼ਿਲ੍ਹੇ ਦੇ ਤਿੰਨੇ ਵਿਧਾਇਕ, ਜਿਨ੍ਹਾਂ ਸਕੂਲਾਂ ਵਿੱਚ ਬਾਥਰੂਮ, ਕੰਧਾਂ ਤੇ ਕਮਰਿਆਂ ਦੇ ਉਦਘਾਟਨ ਕਰ ਰਹੇ ਹਨ, ਉੱਥੇ ਲੈਕਚਰਾਰਾਂ ਤੇ ਪ੍ਰਿੰਸੀਪਲਾਂ ਦੀ ਘਾਟ ਹੈ। ਉਨ੍ਹਾਂ ਕਿਹਾ ਕਿ ਮਾਨਸਾ ਸ਼ਹਿਰ ਦਾ ਸਭ ਤੋਂ ਵੱਡਾ ਕੁੜੀਆਂ ਵਾਲਾ ਸਕੂਲ ਵੀ ਬਿਨਾਂ ਪ੍ਰਿੰਸੀਪਲ ਤੋਂ ਹੀ ਚੱਲ ਰਿਹਾ ਹੈ। ਜਥੇਬੰਦੀ ਦੇ ਆਗੂਆਂ ਨੇ ਵਿਭਾਗ ਤੋਂ ਮੰਗ ਕੀਤੀ ਕਿ ਪ੍ਰਿੰਸੀਪਲ ਤੇ ਲੈਕਚਰਾਰਾਂ ਦੀਆਂ ਖਾਲੀ ਪੋਸਟਾਂ ਤੁਰੰਤ ਭਰੀਆਂ ਜਾਣ ਤਾਂ ਜੋ ਬੱਚਿਆਂ ਦੀ ਪੜ੍ਹਾਈ ਦਾ ਨੁਕਸਾਨ ਹੋਣ ਤੋਂ ਬਚਾਇਆ ਜਾ ਸਕੇ। ਉਧਰ ਦੂਜੇ ਪਾਸੇ ਇਹ ਵੀ ਪਤਾ ਲੱਗਾ ਹੈ ਕਿ ਜ਼ਿਲ੍ਹੇ ਦੇ ਪੰਜ ਪ੍ਰਾਇਮਰੀ ਬਲਾਕਾਂ 'ਚ ਚਾਰ 'ਚ ਅਧਿਕਾਰੀਆਂ ਦੀਆਂ ਅਸਾਮੀਆਂ ਵੀ ਖਾਲੀ ਹਨ, ਅਤੇ ਪੰਜੇ ਬਲਾਕਾਂ ਦਾ ਬਾਲੀਵਾਰਸ ਸਿਰਫ ਇੱਕੋ ਅਧਿਕਾਰੀ ਹੀ ਹੈ।ਇਸ ਮੌਕੇ ਨਵੀਨ ਬੋਹਾ, ਦਮਨਜੀਤ ਸਿੰਘ, ਅਮਰੀਕ ਬੋਹਾ, ਰਾਜ ਸਿੰਘ, ਨਵਜੋਸ਼ ਸਪੋਲੀਆ, ਸੰਦੀਪ ਧਰਮਪੁਰਾ, ਗੁਰਦੀਪ ਬਰਨਾਲਾ, ਚਰਨਪਾਲ ਸਿੰਘ, ਜਸਵਿੰਦਰ ਹਾਕਮਵਾਲਾ, ਬਲਕਾਰ ਸਿੰਘ, ਗੁਰਦੀਪ ਝੰਡੂਕੇ, ਸੁਖਚੈਨ ਸੇਖੋਂ, ਜਗਦੇਵ ਸਿੰਘ, ਮੱਘਰ ਸਿੰਘ, ਮਨਦੀਪ ਸਿੰਘ, ਸਿਕੰਦਰ ਸਿੰਘ, ਜਗਪਾਲ ਸਿੰਘ, ਅਰਵਿੰਦਰ ਸਿੰਘ, ਕੁਲਵਿੰਦਰ ਜੋਗਾ, ਅਮਨਦੀਪ ਕੌਰ, ਬੇਅੰਤ ਕੌਰ, ਖੁਸ਼ਵਿੰਦਰ ਕੌਰ, ਅਮਰਪ੍ਰੀਤ ਕੌਰ, ਨਿਰਲੇਪ ਕੌਰ, ਮਨਵੀਰ ਕੌਰ, ਗਗਨਦੀਪ ਕੌਰ, ਗੁਰਜੀਤ ਮਾਨਸਾ, ਅਮਰਜੀਤ ਸਿੰਘ, ਸੁਖਵਿੰਦਰ ਗਾਮੀਵਾਲਾ, ਜਸਵਿੰਦਰ ਕਾਮਰੇਡ, ਰੋਹਿਤ ਬੁਰਜ ਹਰੀ, ਹਰਵਿੰਦਰ ਸਮਾਓਂ, ਮਨਦੀਪ ਕੁਮਾਰ ਆਦਿ ਅਧਿਆਪਕ ਆਗੂ ਹਾਜ਼ਰ ਸਨ।

# ਜੌਹਲ ਪਰਵਾਰ ਵੱਲੋਂ ਬੱਚੇ ਦੇ ਜਨਮ ਦਿਨ 'ਤੇ ਬੂਟਿਆਂ ਦਾ ਲੰਗਰ



**ਕੋਟ ਈਸੇ ਖਾਂ (ਅਰੋੜਾ)**-ਪਿੰਡ ਲੋਹਾਰਾ ਦੇ ਵਸਨੀਕ ਬਲਕਾਰ ਸਿੰਘ ਜੌਹਲ ਵੱਲੋਂ ਆਪਣੇ ਪੁੱਤਰ ਦੇ ਜਨਮ ਦਿਨ ਦੀ ਖੁਸ਼ੀ ਵਿੱਚ ਵੱਖਰਾ ਉਪਰਾਲਾ ਕੀਤਾ ਗਿਆ ਹੈ। ਇਸ ਪਰਵਾਰ ਵੱਲੋਂ ਪਹਿਲਾਂ ਅੰਮ੍ਰਿਤ ਵੇਲੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਓਟ ਆਸਰਾ ਲੈਂਦੇ ਹੋਏ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ। ਭੋਗ ਪੈਣ ਉਪਰੰਤ ਪਰਵਾਰ ਵੱਲੋਂ ਫਲਦਾਰ ਤੇ ਛਾਂ ਵਾਲੇ ਬੂਟਿਆਂ ਦਾ ਲੰਗਰ ਲਗਾਇਆ ਗਿਆ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪਹੁੰਚੇ ਸਾਬਕਾ ਐੱਮ ਐੱਲ ਏ ਸੁਖਜੀਤ ਸਿੰਘ ਲੋਹਗੜ੍ਹ ਨੇ ਕਿਹਾ ਕਿ ਜੌਹਲ ਪਰਵਾਰ ਵੱਲੋਂ ਬਹੁਤ ਵਧੀਆ ਉਪਰਾਲਾ ਕੀਤਾ ਗਿਆ ਹੈ। ਉਨ੍ਹਾ ਕਿਹਾ ਕਿ ਅੱਜ ਸਾਨੂੰ ਲੋੜ ਹੈ, ਅਜਿਹੇ ਪੌਦਿਆਂ ਦੇ ਲੰਗਰ ਲਗਾਉਣ ਦੀ ਤਾਂ ਜੋ ਵਾਤਾਵਰਣ ਨੂੰ ਹਰਿਆ ਭਰਿਆ ਰੱਖਿਆ ਜਾ ਸਕੇ। ਉਨ੍ਹਾਂ ਪਰਵਾਰ ਨੂੰ ਵਧਾਈ ਦਿੱਤੀ। ਇਸ ਮੌਕੇ ਬਾਬਾ ਜਸਵੀਰ ਸਿੰਘ ਲੋਹਾਰਾ ਵੱਲੋਂ ਬੂਟਿਆਂ ਦੇ ਲਗਾਏ ਲੰਗਰ ਦੀ ਸ਼ਲਾਘਾ ਕਰਦੇ ਹੋਏ ਕਿਹਾ ਕਿ ਸਵ: ਸ੍ਰ. ਬਲਦੇਵ ਸਿੰਘ ਜੌਹਲ ਦੇ ਦੋਵੇਂ ਪੁੱਤਰ ਦਿਲਬਾਗ ਸਿੰਘ ਜੌਹਲ, ਬਲਕਾਰ ਸਿੰਘ ਜੌਹਲ ਬਹੁਤ ਲਾਈਕ ਹਨ, ਭਾਵੇਂ ਅੱਜ ਬਲਦੇਵ ਸਿੰਘ ਸਾਡੇ ਵਿਚਕਾਰ ਨਹੀਂ ਹਨ, ਪਰ ਉਨ੍ਹਾਂ ਦੇ ਪੁੱਤਰ ਨੇ ਚੰਗੇ ਕਾਰਜਾਂ ਵਿੱਚ ਨਾਮ ਕਮਾਇਆ ਹੈ। ਬਾਬਾ ਜਸਵੀਰ ਸਿੰਘ ਲੋਹਾਰਾ ਨੇ ਸਾਰੇ ਪਰਵਾਰ ਨੂੰ ਵਧਾਈ ਦਿੱਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਧੰਨ ਧੰਨ ਬਾਬਾ ਨੰਦ ਸਿੰਘ ਜੀ ਸੇਵਾ ਸੋਸਾਇਟੀ ਦੇ ਸੇਵਾਦਾਰ, ਸਾਬਕਾ ਮੈਂਬਰ ਮੱਲ ਸਿੰਘ ਮਿਸਤਰੀ, ਪੱਤਰਕਾਰ ਜਗਰਾਜ ਸਿੰਘ ਗਿੱਲ, ਪਲਵਿੰਦਰ ਸਿੰਘ ਗਿੱਲ, ਸੁਰਜੀਤ ਸਿੰਘ ਗਿੱਲ, ਸੁਖਦੇਵ ਸਿੰਘ ਜੌਹਲ, ਬੇਅੰਤ ਸਿੰਘ, ਸਤਨਾਮ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

## ਭਲਕ ਦੀ ਵਾਹਗਾ ਸਰਹੱਦ ਰੈਲੀ 'ਚ ਸਮੁੱਚੇ ਪੰਜਾਬੀ ਤੇ ਸਿੱਖ ਕੌਮ ਸ਼ਮੂਲੀਅਤ ਕਰੇ-ਸਿਰਸੀਵਾਲਾ



ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)— ਭਾਵੇਂ ਸਰਕਾਰ ਸੈਂਟਰ ਦੀ ਹੋਵੇ ਜਾਂ ਪੰਜਾਬ ਸੂਬੇ ਦੀ, ਦੋਵੇਂ ਸਰਕਾਰਾਂ ਵੱਲੋਂ ਜਿੰਮੀਦਾਰਾਂ, ਮਜ਼ਦੂਰਾਂ, ਟਰਾਂਸਪੋਰਟਰਾਂ ਦੀ ਮਾਲੀ ਹਾਲਤ ਨੂੰ ਬਿਹਤਰ ਬਣਾਉਣ ਵਿਚ ਆਉਣ ਵਾਲੀਆਂ ਮੁਸ਼ਕਿਲਾਂ ਅਤੇ ਤਕਲੀਫ਼ਾਂ ਨੂੰ ਦੂਰ ਕਰਨ ਦੀ ਨਾ ਤਾਂ ਸੰਜੀਦਗੀ ਹੁੰਦੀ ਹੈ ਅਤੇ ਨਾ ਹੀ ਸਮਰੱਥਾ ਕਿਉਂਕਿ ਦੋਵੇਂ ਸਰਕਾਰਾਂ ਕੇਵਲ ਤੇ ਕੇਵਲ ਆਪਣੇ ਸਿਆਸੀ ਮਕਸਦਾਂ ਨੂੰ ਮੁੱਖ ਰੱਖ ਕੇ ਲੋਕਾਂ ਦੇ ਨਿਵਾਸੀਆਂ ਨੂੰ ਗੁੰਮਰਾਹ ਕਰਨ ਵਿਚ ਹੀ ਮਸਰੂਫ਼ ਰਹਿੰਦੀਆਂ ਹਨ। ਇਹੀ ਵਜਹ ਹੈ ਕਿ ਪੰਜਾਬ ਸੂਬੇ, ਇਥੋਂ ਦੇ ਨਿਵਾਸੀਆਂ, ਜਿੰਮੀਦਾਰਾਂ, ਮਜ਼ਦੂਰਾਂ ਨੂੰ ਦਰਪੇਸ਼ ਮੁਸ਼ਕਿਲਾਂ ਦਾ ਅੱਜ ਤੱਕ ਹੱਲ ਨਹੀਂ ਹੋ ਸਕਿਆ। ਅਸੀਂ ਇਨ੍ਹਾਂ ਵੱਡੀਆਂ ਮੁਸ਼ਕਲਾਂ ਨੂੰ ਮੁੱਖ ਰੱਖਕੇ 17 ਅਪ੍ਰੈਲ ਨੂੰ ਵਾਹਗਾ ਸਰਹੱਦ ਉਤੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵੱਲੋਂ ਕਾਨਫਰੰਸ ਕਰਨ ਜਾ ਰਹੇ ਹਾਂ ਤਾਂ ਕਿ ਕਿਸਾਨ-ਖੇਤ ਮਜ਼ਦੂਰ, ਆੜ੍ਹਤੀ, ਟਰਾਂਸਪੋਰਟਰ ਅਤੇ ਪੰਜਾਬ ਦੀ ਆਰਥਿਕਤਾ ਤੇ ਬੇਰੁਜ਼ਗਾਰੀ ਨੂੰ ਪ੍ਰਭਾਵਿਤ ਕਰਨ ਵਾਲੇ ਮੁੱਦਿਆਂ ਦੀ ਸਹੀ ਪਹੁੰਚ ਅਪਣਾ ਕੇ ਇਨ੍ਹਾਂ ਨੂੰ ਹੱਲ ਕਰਵਾਉਣ ਵੱਲ ਵੱਧਣ ਤੇ ਨਾਲ-ਨਾਲ ਪੰਜਾਬ ਦੀ ਆਰਥਿਕਤਾ ਨੂੰ ਵੀ ਮਜ਼ਬੂਤ ਕਰਨ ਵਿਚ ਯੋਗਦਾਨ ਪਾ ਸਕੀਏ ਅਤੇ ਸਰਹੱਦਾਂ ਖੁੱਲ੍ਹਵਾ ਕੇ ਪੰਜਾਬ ਦੇ ਜਿੰਮੀਦਾਰ ਅਤੇ ਵਪਾਰੀ ਦੇਵਾਂ ਦੀਆਂ ਉਤਪਾਦ ਵਸਤਾਂ ਨੂੰ ਅਰਬ ਮੁਲਕਾਂ, ਮੱਧ ਏਸ਼ੀਆ, ਰੂਸ ਤੱਕ ਭੇਜ ਕੇ ਉਨ੍ਹਾਂ ਦੀ ਸਹੀ ਕੀਮਤ ਪ੍ਰਾਪਤ ਕਰਨ ਦੇ ਸਮਰੱਥ ਹੋ ਸਕੀਏ।ਇਸ ਸਮੇਂ ਹਰਵਿੰਦਰ ਸਿੰਘ ਹੀਰਾ, ਕਰਨੈਲ ਸਿੰਘ ਲਵਲੀ, ਮੱਲ੍ਹੀ ਖਲੀਲ ਅਹਿਮਦ, ਜਗਜੀਤ ਸਿੰਘ ਭੰਤਰਾ, ਅਮਰਜੀਤ ਸਿੰਘ ਰੰਗਲ ਨਰੂੜ, ਜਸਵਿੰਦਰ ਪਾਲ ਸਾਬਕਾ ਸਰਪੰਚ, ਅਮਰਦਾਸ ਲਾੜੀ, ਗੌਰਵ ਮੱਲ,ਮਲਕੀਅਤ ਸਿੰਘ ਆਦਿ ਹਾਜ਼ਰ ਸਨ।

## ਪਸ਼ੂਆਂ ਦੇ ਮੂੰਹਖੁਰ ਬਿਮਾਰੀ ਤੋਂ ਬਚਾਅ ਲਈ 6ਵੇਂ ਗੇੜ ਦੀ ਟੀਕਾਕਰਨ ਮੁਹਿੰਮ ਦਾ ਅਗਾਜ਼



ਗੁਰਦਾਸਪੁਰ, (ਜਤਕ ਮਹਾਜਨ)-ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਦੀ ਕੁਸ਼ਲ ਅਗਵਾਈ ਅਤੇ ਡਾਇਰੈਕਟਰ ਜੀ.ਐਸ. ਬੇਦੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਮੂੰਹਖੁਰ ਬਿਮਾਰੀ ਤੋਂ ਬਚਾਅ ਲਈ 6ਵੇਂ ਗੇੜ ਦੀ ਟੀਕਾਕਰਨ ਮੁਹਿੰਮ ਦਾ ਅਗਾਜ਼ ਡਾ. ਜਸਪ੍ਰੀਤ ਸਿੰਘ ਨਾਗਪਾਲ ਡਿਪਟੀ ਡਾਇਰੈਕਟਰ ਪਸ਼ੂ ਪਾਲਣ ਵਿਭਾਗ ਗੁਰਦਾਸਪੁਰ ਵੱਲੋਂ ਦਲੇਰ ਡੇਅਰੀ ਫਾਰਮ, ਬਾਬੋਵਾਲ ਗੁਰਦਾਸਪੁਰ ਤੋਂ ਕੀਤਾ ਗਿਆ। ਇਸ ਮੌਕੇ ਡਿਪਟੀ ਡਾਇਰੈਕਟਰ ਡਾ. ਜਸਪ੍ਰੀਤ ਸਿੰਘ ਨਾਗਪਾਲ ਨੇ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਜ਼ਿਲ੍ਹੇ ਅੰਦਰ ਇਸ ਬਿਮਾਰੀ ਤੋਂ ਬਚਾਅ ਲਈ 390,900 ਡੋਜ਼ਾਂ ਪ੍ਰਾਪਤ ਹੋਈਆਂ ਹਨ। ਇਹ ਟੀਕੇ ਵਿਭਾਗ ਵੱਲੋਂ ਗਠਿਤ 64 ਟੀਮਾਂ ਵੱਲੋਂ ਘਰ-ਘਰ ਜਾ ਕੇ ਬਿਲਕੁਲ ਮੁਫ਼ਤ ਲਗਾਏ ਜਾਣਗੇ ਅਤੇ ਇਹ ਮੁਹਿੰਮ 15 ਅਪ੍ਰੈਲ ਤੋਂ 30 ਮਈ ਤੱਕ ਚੱਲੇਗੀ। ਉਨ੍ਹਾਂ ਨੇ ਸਮੂਹ ਪਸ਼ੂ ਪਾਲਕਾਂ ਨੂੰ ਅਪੀਲ ਕੀਤੀ ਕਿ ਵਿਭਾਗ ਨਾਲ ਸਹਿਯੋਗ ਕਰਦੇ ਹੋਏ ਮੂੰਹਖੁਰ ਦੀ ਖ਼ਤਰਨਾਕ ਬਿਮਾਰੀ ਤੋਂ ਬਚਾਅ ਲਈ ਟੀਕੇ ਆਪਣੇ ਪਸ਼ੂਆਂ ਨੂੰ ਜ਼ਰੂਰ ਲਗਵਾਉਣ। ਇਸ ਤੋਂ ਪਹਿਲਾਂ ਟੀਕਾਕਰਨ ਦੀ ਸਫਲਤਾ ਲਈ ਜ਼ਿਲ੍ਹੇ ਦੇ ਸਾਰੇ ਪਸ਼ੂਆਂ ਨੂੰ ਮਲ੍ਹੱਪ ਰਹਿਤ ਕਰਨ ਦੀ ਮੁਹਿੰਮ ਚਲਾਈ ਗਈ ਸੀ।ਇਸ ਮੌਕੇ ਡਾ. ਜਸਵਿੰਦਰ ਸਿੰਘ ਸੀਨੀਅਰ ਵੈਟਰਨਰੀ ਅਫ਼ਸਰ ਗੁਰਦਾਸਪੁਰ, ਡਾ. ਦਵਿੰਦਰ ਸਿੰਘ ਸਹਾਇਕ ਡਾਇਰੈਕਟਰ ਗੁਰਦਾਸਪੁਰ, ਡਾ. ਗੁਰਦੇਵ ਸਿੰਘ ਸੀਨੀਅਰ ਵੈਟਰਨਰੀ ਅਫ਼ਸਰ ਡੇਰਾ ਬਾਬਾ ਨਾਨਕ, ਨਵਜੋਤ ਸਿੰਘ ਵੈਟਰਨਰੀ ਇੰਸਪੈਕਟਰ ਅਤੇ ਦਲੇਰ ਸਿੰਘ, ਜਗਰੂਪ ਸਿੰਘ ਤੇ ਹੋਰ ਪਸ਼ੂ ਪਾਲਕ ਵੀ ਹਾਜ਼ਰ ਸਨ।

ਬਾ-ਅਦਾਲਤ ਸ੍ਰੀ [illegible] ਸਬ-ਰਜਿਸਟਰਾਰ ਭਿੱਖੀਵਿੰਡ, ਜ਼ਿਲ੍ਹਾ ਤਰਨ ਤਾਰਨ।
ਅਦਾਲਤੀ ਇਸ਼ਤਿਹਾਰ
[illegible]
ਸਬ ਰਜਿਸਟਰਾਰ, ਭਿੱਖੀਵਿੰਡ।

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ ਦਰਜਾ ਪਹਿਲਾ ਤਹਿਸੀਲਦਾਰ, ਮਾਨਸਾ

ਵਿਸ਼ਾ:- ਦਰਖਾਸਤ ਵੱਲੋਂ ਜਸਪ੍ਰੀਤ ਸਿੰਘ ਪੁੱਤਰ ਬਲਕਰਨ ਸਿੰਘ ਪੁੱਤਰ ਜੰਗੀਰ ਸਿੰਘ ਪਿੰਡ ਗੇਹਲੇ, ਤਹਿਸੀਲ ਵਾ ਜ਼ਿਲ੍ਹਾ ਮਾਨਸਾ ਬਾਬਤ ਮਾਲ ਰਿਕਾਰਡ ਵਿੱਚ ਉਸ ਦਾ ਨਾਂਅ ਦਰੁਸਤ ਕਰਨ ਬਾਰੇ।

ਨੋਟਿਸ ਬਨਾਮ ਆਮ ਜਨਤਾ

[illegible]

ਅੱਜ ਮਿਤੀ 15.4.25 ਨੂੰ ਇਹ ਮੇਰੇ ਅਦਾਲਤ ਅਤੇ ਦਸਤਖਤਾਂ ਹੇਠ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ ਦਰਜਾ ਪਹਿਲਾ, ਤਹਿਸੀਲਦਾਰ, ਮਾਨਸਾ।

## ਪੁਲਸ ਸਾਂਝ ਕੇਂਦਰ ਡੇਰਾ ਬਾਬਾ ਨਾਨਕ ਵੱਲੋਂ ਸੈਮੀਨਾਰ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)- ਸਪੈਸ਼ਲ ਡੀ.ਜੀ ਪੀ ਕਮਿਊਨਿਟੀ ਅਫੇਅਰ ਡਵੀਜ਼ਨ ਪੰਜਾਬ ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਐਸ.ਐਸ.ਪੀ ਬਟਾਲਾ ਅਤੇ ਡੀ. ਸੀ. ਪੀ.ਓ-ਕਮ-ਐਸ.ਪੀ ਬਟਾਲਾ ਇੰਚਾਰਜ ਜ਼ਿਲ੍ਹਾ ਸਾਂਝ ਕੇਂਦਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਇੰਚਾਰਜ ਸਾਂਝ ਕੇਂਦਰ ਸਬ ਡਵੀਜ਼ਨ ਡੇਰਾ ਬਾਬਾ ਨਾਨਕ ਉਂਕਾਰ ਸਿੰਘ ਵੱਲੋਂ ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੇ ਡੇਰਾ ਬਾਬਾ ਨਾਨਕ ਵਿਖੇ ਸੈਮੀਨਾਰ ਕੀਤਾ ਗਿਆ। ਇਸ ਦੌਰਾਨ ਸਾਂਝ ਸਟਾਫ ਏ ਐਸ ਆਈ ਕੁਲਦੀਪ ਸਿੰਘ ਅਤੇ ਏ ਐਸ ਆਈ ਬਲਜੀਤ ਸਿੰਘ ਨੇ ਸਕੂਲ ਦੇ ਵਿਦਿਆਰਥੀਆਂ ਨੂੰ ਪੁਲਸ ਹੈਲਪ ਲਾਈਨ ਨੰਬਰ 112 , ਹੈਲਪ ਲਾਈਨ ਨੰਬਰ 977910-0200 ਅਤੇ 1930 ਨੰਬਰਾਂ ਬਾਰੇ ਆਨਲਾਈਨ ਫਰਾਡ ਸਬੰਧੀ ਜਾਗਰੂਕ ਕੀਤਾ । ਇਸ ਮੌਕੇ ਵਿਦਿਆਰਥੀਆਂ ਨੂੰ ਚੰਗੀ ਜੀਵਨ ਸ਼ੈਲੀ ਅਪਨਾਉਣ, ਨਸ਼ਿਆਂ ਦੇ ਮਾੜੇ ਪ੍ਰਭਾਵ ਸਬੰਧੀ, ਟਰੈਫਿਕ ਨਿਯਮਾਂ ਸਬੰਧੀ ਜਾਗਰੂਕ ਕੀਤਾ ਗਿਆ ਅਤੇ ਉਨਾਂ ਨੂੰ ਪੁਲਸ ਵਿਭਾਗ ਦੇ ਕੰਮਾਂ ਬਾਰੇ ਜਾਣਕਾਰੀ ਦਿੱਤੀ ਗਈ ।ਇਸ ਮੌਕੇ ਸਕੂਲ ਦੇ ਬੱਚਿਆਂ ਤੋਂ ਇਲਾਵਾ ਸਕੂਲ ਦਾ ਸਮੁੱਚਾ ਸਟਾਫ਼ ਵੀ ਹਾਜ਼ਰ ਸੀ ।

## ਡਾ. ਅੰਬੇਡਕਰ ਇਕ ਯੁੱਗ ਪੁਰਸ਼ ਤੇ ਦੱਬੇ ਕੁਚਲੇ ਲੋਕਾਂ ਦੇ ਮਸੀਹਾ-ਐਡਵੋਕੇਟ ਵਿਸ਼ਾਲ



ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਭਾਰਤੀ ਜਨਤਾ ਪਾਰਟੀ ਦੇ ਸਹਿ ਹਲਕਾ ਇੰਚਾਰਜ ਐਡਵੋਕੇਟ ਵਿਸ਼ਾਲ ਨਵਾਂਸ਼ਹਿਰ ਨੇ ਕਿਹਾ ਕਿ ਬਾਬਾ ਸਾਹਿਬ ਡਾ. ਅੰਬੇਡਕਰ ਨੂੰ ਇਕ ਯੁੱਗ ਪੁਰਸ਼ ਅਤੇ ਦੱਬੇ ਕੁਚਲੇ ਲੋਕਾਂ ਦਾ ਮਸੀਹਾ ਦੱਸਦਿਆਂ ਬਾਬਾ ਸਾਹਿਬ ਦੀਆਂ ਸਿੱਖਿਆਵਾਂ ਨੂੰ ਜੀਵਨ ਦਾ ਹਿੱਸਾ ਬਣਾਉਣ ਕਿਹਾ ਕਿ ਬਾਬਾ ਸਾਹਿਬ ਨੇ ਆਪਣਾ ਪੂਰਾ ਜੀਵਨ ਲੋੜਵੰਦ ਲੋਕਾਂ ਦੇ ਅਧਿਕਾਰਾਂ ਨੂੰ ਸੁਰੱਖਿਅਤ ਅਤੇ ਯਕੀਨੀ ਕਰਨ ਲਈ ਸਮਰਪਿਤ ਕਰ ਦਿੱਤਾ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਜੀ ਦਾ ਜੀਵਨ ਖਾਸ ਤੌਰ ਉੱਤੇ ਸਾਡੇ ਵਿਦਿਆਰਥੀਆਂ ਲਈ ਪ੍ਰੇਰਣਾ ਦਾ ਸਰੋਤ ਹੈ ਕਿ ਕਿਵੇਂ ਆਰਥਿਕ ਤੇ ਸਮਾਜਿਕ ਤਕਲੀਫ਼ਾਂ ਦੇ ਬਾਵਜੂਦ ਉਨ੍ਹਾਂ ਸਿੱਖਿਆ ਦੇ ਖੇਤਰ ਵਿਚ ਮੀਲ ਪੱਥਰ ਸਥਾਪਿਤ ਕੀਤੇ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਵੱਲੋਂ ਲੋੜਵੰਦ ਲੋਕਾਂ ਅਤੇ ਔਰਤਾਂ ਦੇ ਅਧਿਕਾਰਾਂ ਲਈ ਵਿਆਪਕ ਪੱਧਰ ਉਤੇ ਅੰਦੋਲਨ ਚਲਾਏ ਗਏ, ਜਿਸ ਲਈ ਉਨ੍ਹਾਂ ਨੂੰ ਅੰਤਰਰਾਸ਼ਟਰੀ ਮਾਨਤਾ ਮਿਲੀ। ਐਡਵੋਕੇਟ ਵਿਸ਼ਾਲ ਨਵਾਂਸ਼ਹਿਰ ਕਿਹਾ ਕਿ ਗੁਰੂ ਸਾਹਿਬਾਨ ਨੇ ਵੀ ਆਪਸੀ ਏਕਤਾ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ ਹੈ ਤੇ ਉਨ੍ਹਾਂ ਦੇ ਨਕਸ਼ੇ ਕਦਮ 'ਤੇ ਚਲਦਿਆਂ ਡਾ. ਭੀਮ ਰਾਓ ਅੰਬੇਦਕਰ ਜੀ ਨੇ ਵੀ ਸਮੁੱਚੀ ਮਾਨਵਤਾ ਨੂੰ ਆਪਸੀ ਇਤਫਾਕ ਪਿਆਰ ਦਾ ਸੁਨੇਹਾ ਦਿੱਤਾ ਹੈ।

### ਛੱਪੜਾਂ ਦੀ ਬੋਲੀ

ਪਿੰਡ ਦਰੀਆਪੁਰ ਕਲਾਂ ਵਿਖੇ ਦੋਨੇ ਛੱਪੜਾਂ ਦੀ ਬੋਲੀ ਮਿਤੀ 23 ਅਪ੍ਰੈਲ 2025 ਦਿਨ ਬੁੱਧਵਾਰ ਨੂੰ ਸਵੇਰੇ 10 ਵਜੇ ਜਰਨਲ ਧਰਮਸ਼ਾਲਾ ਵਿਖੇ ਰੱਖੀ ਗਈ ਹੈ। ਬੋਲੀਕਾਰ ਨੂੰ (10,000 ਰੁਪਏ) ਬਤੌਰ ਸਕਿਉਰਿਟੀ ਰਕਮ ਮੌਕੇ 'ਤੇ ਜਮ੍ਹਾਂ ਕਰਵਾਉਣੀ ਪਵੇਗੀ। ਬਾਕੀ ਸ਼ਰਤਾਂ ਮੌਕੇ 'ਤੇ ਦੱਸੀਆਂ ਜਾਣਗੀਆਂ। ਚਾਹਵਾਨ ਸੱਜਣ ਨੋਟ ਕਰਨ।

ਸਰਪੰਚ ਜਸਪਾਲ ਸਿੰਘ
ਗ੍ਰਾਮ ਪੰਚਾਇਤ ਦਰੀਆਪੁਰ ਕਲਾਂ (ਮਾਨਸਾ)
ਮੋ. 98723-50158

### ਪਬਲਿਕ ਨੋਟਿਸ

ਬਾ-ਅਦਾਲਤ ਸ੍ਰੀ ਪ੍ਰਵੀਨ ਕੁਮਾਰ, ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ

ਤਕਸੀਮ ਕੇਸ ਨੰਬਰ 105

ਵਾਕਿਆ ਰਕਬਾ ਪਿੰਡ ਲੋਧੀ ਚੱਕ/57, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ।

1) ਸੰਜੀਵ ਕੁਮਾਰ ਪੁੱਤਰ ਜਗਦੀਸ਼ ਰਾਮ ਪੁੱਤਰ ਆਤਮਾ ਰਾਮ ਵਾਸੀ ਪਿੰਡ ਲੋਧੀ ਚੱਕ, ਤਹਿਸੀਲ ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ।

ਬਨਾਮ

1) ਰਾਜਵਿੰਦਰ ਕੌਰ ਵਿਧਵਾ, 2) ਪਰਵੇਸ਼ ਕੁਮਾਰ ਪੁੱਤਰ, 3) ਮੁਸਕਾਨ ਸੈਣੀ ਪੁੱਤਰੀ ਗੁਰਸ਼ਰਨ ਸਿੰਘ ਪੁੱਤਰ ਜਗਦੀਸ਼ ਰਾਮ, 4) ਸ਼ਕੁੰਤਲਾ ਦੇਵੀ ਵਿਧਵਾ, 5) ਗੁਲਸ਼ਨ ਬਾਲਾ ਪੁੱਤਰੀ, 6) ਵਿਕਾਸਦੀਪ ਪੁੱਤਰ ਜਗਦੀਸ਼ ਰਾਮ ਪੁੱਤਰ ਆਤਮਾ ਰਾਮ, 7) ਗੁਰਕਮਲ ਨੈਨ ਸਿੰਘ ਪੁੱਤਰ ਰੇਸ਼ਮ ਸਿੰਘ ਪੁੱਤਰ ਸ਼ਿੰਗਾਰਾ ਸਿੰਘ, 8) ਜਸਪਾਲ ਕੌਰ ਪਤਨੀ ਵਿਰੇਂਦਰ ਸਿੰਘ ਸੈਣੀ, 9) ਹਰਪ੍ਰੀਤ ਕੌਰ ਪਤਨੀ ਅਰਵਿੰਦ ਕੁਮਾਰ ਯਾਦਵ, 10) ਮੰਗਤ ਰਾਮ ਪੁੱਤਰ ਫਕੀਰ ਚੰਦ ਪੁੱਤਰ ਗਾਹੀਆ, 11) ਮਹਿੰਦਰ ਕੌਰ ਪਤਨੀ ਤਰਸੇਮ ਸਿੰਘ, 12) ਬਲਵੀਰ ਕੌਰ ਪਤਨੀ ਬਸੰਬਰ ਦਾਸ, 13) ਸੰਦੀਪ ਸਿੰਘ ਪੁੱਤਰ ਮਹਿੰਗਾ ਸਿੰਘ, 14) ਸਤਵਿੰਦਰ ਕੌਰ ਵਿਧਵਾ ਗੁਰਦੀਪ ਸਿੰਘ, 15) ਰੁਪਿੰਦਰ ਕੌਰ ਪੁੱਤਰੀ ਗੁਰਦੀਪ ਸਿੰਘ, 16) ਹਰਜੀਤ ਸਿੰਘ ਪੁੱਤਰ ਗੁਰਦੀਪ ਸਿੰਘ, 17) ਮੈਨੇਜਰ, ਕੈਨਰਾ ਬੈਂਕ ਬਰਾਂਚ ਟਾਂਡਾ, ਹੁਸ਼ਿਆਰਪੁਰ, 18) ਮੈਨੇਜਰ ਪੰਜਾਬ ਗ੍ਰਾਮੀਣ ਬੈਂਕ, ਬਰਾਂਚ ਟਾਂਡਾ, ਹੁਸ਼ਿਆਰਪੁਰ, 19) ਮੈਨੇਜਰ ਇੰਡੀਅਨ ਓਵਰਸੀਜ਼ ਬੈਂਕ ਬਰਾਂਚ ਟਾਂਡਾ, ਹੁਸ਼ਿਆਰਪੁਰ, 20) ਮੈਨੇਜਰ ਓਰੀਐਂਟਲ ਬੈਂਕ ਆਫ ਕਾਮਰਸ, ਬਰਾਂਚ ਦਸੂਹਾ ਹੁਸ਼ਿਆਰਪੁਰ।

ਪਬਲਿਕ ਨੋਟਿਸ

ਉਪਰੋਕਤ ਮੁਕੱਦਮੇ ਵਿੱਚ ਅਦਾਲਤ ਨੂੰ ਇਹ ਪੂਰਾ ਯਕੀਨ ਹੋ ਚੁੱਕਾ ਹੈ ਕਿ ਉਕਤ ਉੱਤਰਵਾਦੀਆਂ ਦੀ ਇਤਲਾਹ ਮਾਮੂਲੀ/ਸਧਾਰਨ ਤਰੀਕੇ ਨਾਲ ਅਤੇ ਸੰਮਨ ਨਾਲ ਤਾਮੀਲ ਹੋਣੀ ਮੁਸ਼ਕਿਲ ਹੈ। ਇਸ ਕੇਸ ਦੀ ਪੈਰਵਾਈ ਲਈ ਮਿਤੀ 28.04.2025 ਨੂੰ ਬਾਅਦ ਦੁਪਹਿਰ 3:00 ਵਜੇ ਦੀ ਤਰੀਕ ਪੇਸ਼ੀ ਨਿਸ਼ਚਿਤ ਹੋਈ ਹੈ। ਇਸ ਲਈ ਇਸ ਇਸ਼ਤਿਹਾਰ ਰਾਹੀਂ ਉਪਰੋਕਤ ਫਰੀਕੈਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ ਉਕਤ ਤਾਰੀਖ 'ਤੇ ਅਸਾਲਤਨ ਜਾਂ ਵਕਾਲਤਨ ਮੇਰੇ ਦਫਤਰ/ਅਦਾਲਤ ਵਿੱਚ ਹਾਜ਼ਰ ਹੋਣ ਅਤੇ ਉਕਤ ਕੇਸ ਵਿੱਚ ਆਪਣਾ ਪੱਖ ਰੱਖਣ। ਨਹੀਂ ਤਾਂ ਉਨ੍ਹਾਂ ਦੇ ਖਿਲਾਫ ਇਕਤਰਫਾ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਬਾਅਦ ਮਿਆਦ ਕੋਈ ਉਜ਼ਰ ਕਾਬਲੇ ਗੌਰ ਨਹੀਂ ਹੋਵੇਗਾ।

ਅੱਜ ਮਿਤੀ 11.04.2025 ਨੂੰ ਇਹ ਨੋਟਿਸ ਮੇਰੇ ਦਸਤਖਤਾਂ ਅਤੇ ਮੋਹਰ ਦੇ ਨਾਲ ਜਾਰੀ ਕੀਤਾ ਗਿਆ ਹੈ।

ਸਹੀ/- ਸਹਾਇਕ ਕੁਲੈਕਟਰ ਦਰਜਾ ਅੱਵਲ, ਟਾਂਡਾ
ਨੰਬਰ 1188/ਰੀਡਰ ਮਿਤੀ 11.04.2025

### ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ

ਨੋਟਿਸ ਬਨਾਮ ਆਮ ਜਨਤਾ

ਇਸ ਨੋਟਿਸ ਰਾਹੀਂ ਹਰ ਆਮ ਅਤੇ ਖਾਸ ਵਿਅਕਤੀ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਮੀਨੂੰ ਗੋਇਲ ਪਤਨੀ ਸੁਰਿੰਦਰ ਕੁਮਾਰ ਵਾਰਡ ਨੰ: 3 ਬੁਢਲਾਡਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਨੇ ਇਕ ਦਰਖਾਸਤ ਪੇਸ਼ ਕਰਕੇ ਬੇਨਤੀ ਕੀਤੀ ਹੈ ਕਿ ਜਮ੍ਹਾਂਬੰਦੀ ਮਾਲ 2022-23, ਖੇਵਟ/ਖਾਤਾ 311/546, ਵਾਕਾ ਰਕਬਾ ਪਿੰਡ ਫੁੱਲੂਵਾਲਾ ਡੋਗਰਾਂ ਵਿਚ ਮੇਰਾ ਨਾਂਅ ਮੀਨਾ ਰਾਣੀ ਦਰਜ ਹੈ, ਜਦੋਂ ਕਿ ਆਧਾਰ ਕਾਰਡ, ਵੋਟਰ ਕਾਰਡ ਆਦਿ ਵਿਚ ਮੇਰਾ ਨਾਂਅ ਮੀਨੂੰ ਗੋਇਲ ਹੈ। ਉਸ ਵੱਲੋਂ ਬੇਨਤੀ ਕੀਤੀ ਗਈ ਹੈ ਕਿ ਜਮ੍ਹਾਂਬੰਦੀ ਮਾਲ 2022-23 ਪਿੰਡ ਫੁੱਲੂਵਾਲਾ ਡੋਗਰਾਂ ਵਿਚ ਉਸ ਦਾ ਨਾਂਅ ਮੀਨਾ ਰਾਣੀ ਉਰਫ ਮੀਨੂੰ ਗੋਇਲ ਪਤਨੀ ਸੁਰਿੰਦਰ ਕੁਮਾਰ ਪੁੱਤਰ ਕਪੂਰ ਚੰਦ ਕੀਤਾ ਜਾਵੇ।

ਜੇਕਰ ਕਿਸੇ ਵੀ ਵਿਅਕਤੀ ਨੂੰ ਦਰਖਾਸਤ ਕਰਤਾ ਦੇ ਨਾਂਅ ਮਾਲ ਰਿਕਾਰਡ ਪਿੰਡ ਫੁੱਲੂਵਾਲਾ ਡੋਗਰਾਂ ਵਿਖੇ ਤਬਦੀਲੀ ਸੰਬੰਧੀ ਕੋਈ ਇਤਰਾਜ਼ ਹੈ ਤਾਂ ਉਹ ਇਸ ਇਸ਼ਤਿਹਾਰ ਦੇ ਪ੍ਰਕਾਸ਼ਤ ਹੋਣ ਤੋਂ ਇਕ ਮਹੀਨੇ ਦੇ ਅੰਦਰ-ਅੰਦਰ ਨਿਮਨ ਹਸਤਾਖਰ ਪਾਸ ਅਸਾਲਤਨ ਜਾਂ ਵਕਾਲਤਨ ਪੇਸ਼ ਹੋ ਕਰ ਆਪਣਾ ਇਤਰਾਜ਼ ਪੇਸ਼ ਕਰ ਸਕਦਾ ਹੈ। ਬਾਅਦ ਗੁਜ਼ਰਨੇ ਮਿਆਦ ਕਿਸੇ ਵੀ ਕਿਸਮ ਦੇ ਇਤਰਾਜ਼ ਪਰ ਕੋਈ ਗੌਰ ਨਹੀਂ ਕੀਤੀ ਜਾਵੇਗੀ ਅਤੇ ਦਰਖਾਸਤ ਕਰਤਾ ਦਾ ਨਾਂਅ ਮਾਲ ਰਿਕਾਰਡ ਜਮ੍ਹਾਂਬੰਦੀ ਸਾਲ 2022-23 ਪਿੰਡ ਫੁੱਲੂਵਾਲਾ ਡੋਗਰਾਂ ਵਿਚ ਮੀਨਾ ਰਾਣੀ ਉਰਫ ਮੀਨੂੰ ਗੋਇਲ ਪਤਨੀ ਸੁਰਿੰਦਰ ਕੁਮਾਰ ਪੁੱਤਰ ਕਪੂਰ ਚੰਦ ਕਰ ਦਿੱਤਾ ਜਾਵੇਗਾ।

ਇਹ ਇਸ਼ਤਿਹਾਰ ਅੱਜ ਮਿਤੀ 15.04.2025 ਨੂੰ ਮੇਰੇ ਹਸਤਾਖਰ ਅਤੇ ਮੋਹਰ ਅਦਾਲਤ ਰਾਹੀਂ ਜਾਰੀ ਕੀਤਾ ਗਿਆ।

ਸਹੀ/- ਸਹਾਇਕ ਕੁਲੈਕਟਰ, ਦਰਜਾ ਦੋਇਮ-ਕਮ-ਤਹਿਸੀਲਦਾਰ, ਬੁਢਲਾਡਾ।
ਨੰਬਰ 4/ਰੀਡਰ-1 ਮਿਤੀ : 15/4/2025

### COURT NOTICE

U/o 5 Rule 20 CPC)
In The Court of Ms. Anubha Jindal
Civil Judge Junior Division - 3, Rajpura
CNR No. PBPTA0-001151-2024
Next Date:-07-05-2025
Arshdeep Singh
Vs.
Sanjiv Goyal
Suit For Permanent Injunction
Publication Issued To:
Sanjiv Goyal
Guru Nanak Nagar, Nalas Road Rajpura, Tehsil Rajpura, District Patiala Now at Village Naneola, Tehsil and District Ambala.

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 07-05-2025 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division - 3, Rajpura
Dated, this day of 09-04-2025

### COURT NOTICE

(U/o 5 Rule 20 CPC)
In The Court of
Ms. Mamta Kakkar
Additional Civil Judge (Senior Division), Phul
CNR No. PBBTB0-000099-2025
Next Date:- 03-05-2025
Jaspal Singh
Vs.
General Public
Publication Issued To:
General Public
: Na

In above titled case, the defendant(s)/ respondent(s) could not be served. It is ordered that defendant(s)/ respondent(s) should appear in person or through counsel on 03-05-2025 at 10:00 a.m.

For details logon to https://highcourtchd.gov.in/?mod=district_notice&district=Bathinda

Additional Civil Judge (Senior Division) Phul
Dated, this day of 15-04-2025

## ਨਿਲਾਮੀ ਨੋਟਿਸ

ਸਰਕਾਰੀ ਐਲੀਮੈਂਟਰੀ ਸਕੂਲ ਟਾਂਗਰਾ, ਬਲਾਕ ਰਈਆ-2 ਵਿਖੇ 2 ਕਮਰਿਆਂ ਦੇ ਅਨਸੇਫ ਬਲਾਕ ਨੂੰ ਢਾਉਣ ਲਈ ਅਤੇ 10 ਦਿਨਾਂ ਦੇ ਅੰਦਰ ਸਾਈਟ ਕਲੀਅਰ ਕਰਨ ਲਈ ਇੱਛੁਕ ਠੇਕੇਦਾਰਾਂ ਨੂੰ ਨਿਲਾਮੀ ਵਿੱਚ ਸ਼ਾਮਿਲ ਹੋਣ ਲਈ ਸੱਦਾ ਦਿੱਤਾ ਜਾਂਦਾ ਹੈ। ਬਲਾਕ ਦਾ ਕੁੱਲ ਰਕਬਾ (605 ਵਰਗ ਫੁੱਟ ) ਜਿਸ ਵਿੱਚ ਕੁੱਲ 2 ਕਮਰੇ, ਦਰਵਾਜ਼ੇ, ਬਾਰੀਆਂ ਹਨ। ਨਿਲਾਮੀ ਮਿਤੀ 21 ਅਪ੍ਰੈਲ 2025 ਨੂੰ ਸਵੇਰੇ 10:00 ਵਜੇ ਸਕੂਲ ਦਫਤਰ ਵਿਖੇ ਹੋਵੇਗੀ। ਇਸ ਬਲਾਕ ਦੀਆਂ ਸਾਰੀਆਂ ਕੰਧਾਂ ਢਾਹੀਆਂ ਜਾਣਗੀਆਂ।

### ਨਿਲਾਮੀ ਦੀਆਂ ਸ਼ਰਤਾਂ :-

1. ਨਿਲਾਮੀ ਵਿੱਚ ਸ਼ਾਮਿਲ ਹੋਣ ਲਈ ਇੱਛੁਕ ਠੇਕੇਦਾਰ 10,000/- ਰੁਪਏ ਦਾ ਡਰਾਫਟ/ਕੈਸ਼ ( Security ਦੇ ਰੂਪ) ਵਿੱਚ ਨਿਲਾਮੀ ਦੇ 2 ਘੰਟੇ ਪਹਿਲਾਂ ਦਫਤਰ ਵਿਖੇ ਜਮ੍ਹਾਂ ਕਰਵਾਉਣਗੇ। ਡਰਾਫਟ/ਕੈਸ਼ ਕਰਵਾਉਣ ਦਾ **ਸਮਾਂ ਮਿਤੀ 21-4-2025 ਨੂੰ** ਸਵੇਰੇ 8:00 ਵਜੇ ਤੋਂ 9:00 ਵਜੇ ਦਾ ਸਮਾਂ ਹੋਵੇਗਾ।
2. ਨਿਲਾਮੀ ਵਿੱਚ ਜਿਸ ਦੀ ਬੋਲੀ ਸਭ ਤੋਂ ਵੱਧ ਜਾਵੇਗੀ, ਉਸ ਨੂੰ ਹੀ ਠੇਕਾ ਦਿੱਤਾ ਜਾਵੇਗਾ।
3. ਨਿਲਾਮੀ ਦੀ ਬੋਲੀ ਦੇਣ ਤੋਂ ਪਹਿਲਾਂ ਇੱਛੁਕ ਠੇਕੇਦਾਰ ਵੱਲੋਂ ਅਨਸੇਫ 2 ਕਮਰਿਆਂ ਦੇ ਬਲਾਕ ਨੂੰ ਨਿੱਜੀ ਰੂਪ ਵਿੱਚ ਵੇਖ ਲਿਆ ਜਾਵੇ ਅਤੇ ਵੇਖਣ ਉਪਰੰਤ ਬੋਲੀ ਦਿੱਤੀ ਜਾਵੇ।
4. ਬੋਲੀ ਉਪਰੰਤ ਜਿਸ ਵੀ ਠੇਕੇਦਾਰ ਨੂੰ ਇਸ ਕੰਮ ਦੀ ਬੋਲੀ ਦਿੱਤੀ ਜਾਵੇਗੀ, ਉਹ ਬੋਲੀ ਦੀ ਰਕਮ ਦਾ ਡਰਾਫਟ/ਕੈਸ਼ ਸਕੂਲ ਦਫਤਰ ਵਿਖੇ ਮਿਤੀ 21/4/2025 ਨੂੰ ਦੁਪਹਿਰ 2:00 ਵਜੇ ਤੱਕ ਜਮ੍ਹਾਂ ਕਰਵਾਏਗਾ। ਬੋਲੀ ਦੀ ਸਾਰੀ ਰਕਮ ਜਮ੍ਹਾਂ ਕਰਵਾਉਣ ਉਪਰੰਤ ਹੀ ਠੇਕੇਦਾਰ ਨੂੰ ਕਮਰਿਆਂ ਦੇ ਬਲਾਕ ਨੂੰ ਢਾਉਣ ਦੀ ਇਜਾਜ਼ਤ ਦਿੱਤੀ ਜਾਵੇਗੀ।
5. ਜਿਸ ਨੂੰ ਵੀ ਠੇਕਾ ਦਿੱਤਾ ਜਾਵੇਗਾ, ਉਸ ਤੋਂ ਇਲਾਵਾ ਬਾਕੀ ਰਹਿੰਦੇ ਠੇਕੇਦਾਰਾਂ ਨੂੰ Security ਦਾ ਡਰਾਫਟ/ਕੈਸ਼ ਵਾਪਸ ਕਰ ਦਿੱਤਾ ਜਾਵੇਗਾ।
6. ਨਿਲਾਮੀ ਉਪਰੰਤ ਯੋਗ ਠੇਕੇਦਾਰ ਉਪਰੋਕਤ ਮਿੱਥੇ ਸਮੇਂ ਵਿੱਚ ਜੇ ਸਾਈਟ ਕਲੀਅਰ ਨਹੀਂ ਕਰੇਗਾ ਤਾਂ 10,000/- ਪ੍ਰਤੀ ਦਿਨ ਦੇ ਹਿਸਾਬ ਨਾਲ ਜੁਰਮਾਨਾ ਦੇਣ ਦਾ ਪਾਬੰਦ ਹੋਵੇਗਾ, ਅਨਸੇਫ ਬਲਾਕ ਢਾਹੁਣ ਦੇ ਸਮੇਂ ਦੌਰਾਨ ਜੇ ਕੋਈ ਵੀ ਜਾਨੀ/ਮਾਲੀ ਨੁਕਸਾਨ ਹੁੰਦਾ ਤਾਂ ਉਸਦੀ ਨਿਰੋਲ ਜਿੰਮੇਵਾਰੀ ਠੇਕੇਦਾਰ ਦੀ ਹੋਵੇਗੀ ਅਤੇ ਉਸ ਦੀ ਭਰਪਾਈ ਠੇਕੇਦਾਰ ਵੱਲੋਂ ਕੀਤੀ ਜਾਵੇਗੀ।

ਵੱਲੋਂ :

ਸ੍ਰੀ ਕਵਲਜੀਤ ਸਿੰਘ ਜ਼ਿ: ਸਿੱ: ਅਫਸਰ (ਐਲੀ:) 8427004070 ਅਤੇ ਸ੍ਰੀ ਰਗਵਿੰਦਰ ਸਿੰਘ (C.H.T) ਸ: ਐਲੀ: ਸਕੂਲ ਟਾਂਗਰਾ, ਅੰਮ੍ਰਿਤਸਰ।
ਮੋ: ਨੰ: 9501047478, 9501005704

# ਕਲਾਸੀਫਾਈਡ ਇਸ਼ਤਿਹਾਰ

### Change of Name

I, hitherto known as Kamaljit Wife of Sansar Chand R/o VPO Kingra Chowala Tehsil Adampur District Jalandhar, Punjab 144201, have changed my name as Kamaljit Kaur.

I, VEETA daughter of Dujinder Singh Chawla and wife of Mandhir Singh resident of 344-A, Shastri Nagar Lawrence Road, Amritsar, Amritsar-II, Amritsar-143001 Punjab India have changed my name and shall hereafter be known as VEETA SACHDEV.

I, Mandhir Singh Sachdev Son of Bhupinder Singh Resident of H. No. 344-A Shastri Vihar Lawrence Road, Amritsar Pin: 143001, Punjab, India have changed my name and shall hereafter be known as Mandhir Singh.

I, Punan S/o Surinder Singh R/o Vill. Mundi Chohalian,Tehsil Shahkot, Distt. Jalandhar, Have Changed My Name Punan to Punan Singh Concerned May Note.

I Dinesh Kapoor S/o Mohan Lal Kapoor R/o Ward No. 3 Sham Chaurasi Hoshiarpur have changed my name from Dinesh Kumar to Dinesh Kapoor.

I, Manjit Kaur W/o Sh. Sukhlinder Singh R/o House No. 7, Aman Nagar, Vishkarma Colony, Jalandhar Punjab that after marriage I have changed my name from Mohinder Kaur to Manjit Kaur. Please note. (11843)

I Sangeeta W/o Dheeraj Kumar R/o B-27/115, Bohar wali Gali Inside Achli Gate, Batala, Distt. Gurdaspur. Have Changed my name Sangeeta to Sangeeta Mahajan. Please Concerned Note.

I, Sukhwinder Bhatia alias Sonia W/o Davinder Singh R/o H.No. 56, Baba Deep Singh Enclave, Dana Mandi, Bhagtan Wala, Amritsar, Punjab-143001 have changed my name from Sukhwinder Bhatia alias Sonia to Sukhwinder Kaur.

I, Pawan Kumar S/o Chuni Lal R/o H.No. 9, New Mohini Park, Opposite Khalsa College For Women, Amritsar, Punjab-143002 have changed my minor son's name from Panav to Panav Kumar.

I Vikasdeep S/o Dharam Pal R/o # 297/ 1, Saingarh Road, Kamal Beuty Parlour, Behind Ram Nagar, Pathankot 145001 Have changed my name from Vikasdeep to Vikas Deep. All concerned may please note.

I, Salinder Pal Kaur alias Surinder Kaur D/o Rattan Singh W/o Avtar Singh R/o Village Lalewali, P.O. Ladhewali, Jalandhar, Punjab, 144007 changed my name to Surinder Kaur.

I, Hira Singh S/o Harnam Singh R/o H.No.97, BSF Colony, Jalandhar, Punjab-144008 changed my name to Hira Singh Amar.

I,Gurwinder Kaur D/o Parmjit Singh W/o Parmjit Singh R/o Village Hussainpur, P.O. Hussainpur Lalowal, Hoshiarpur,144210, Punjab changed my name Gurwinder as Given name and Kaur as Surname.

I, Navneet Kaur W/o Sukhraj Singh Saini R/o B-8/320 Swaran Niwas Bassi Khwaju Roshan Road Hoshiarpur have changed my name to Navneet Saini. Concerned Note.

I, Sukhraj Singh S/o Amrik Singh R/o House Number B-8/320, Swaran Niwas Roshan Road Bassi Khawaju Hoshiarpur have changed my name to Sukhraj Singh Saini. Concerned Note.

I Jasbir Kaur Wife of Harpreet Singh R/o Vill. Alfu Ke P.O. Hamad Distt. Ferozepur Punjab have declare that Kaur is my Surname and Jasbir is my Given name.

I, Gurpreet Singh S/o Gurcharan Singh R/o Hospital Road, Adda Chabahal, Jhabal Kalan PO Chabhal District Tarn Taran have changed my name from Gurpreet Singh to Gurpeet Singh Dhillon

I, Parmjit Kaur W/o Gurcharan Singh R/o PHC Road, Adda Chabhal, Jhabal Kalan PO Chabhal District Tarn Taran have changed my name from Parmjit Kaur to Paramjeet Kaur Dhillon

I, Gurpreet Singh S/o Inderpal Singh R/o Chhichhrewal, Chhichhrewal, Teja Kalan Gurdaspur have changed my name from Gurpreet Singh to Gurpreet Singh Teja.

I, Sandeep Kaur W/o Gurpreet Singh Teja R/o Chhichhrewal, Chhichhrewal, Teja Kalan Gurdaspur have changed my name from Sandeep Kaur to Sandeep Kaur Teja.

I, Gurpreet Singh S/o Inderpal Singh R/o Chhichhrewal, Chhichhrewal, Teja Kalan Gurdaspur have changed my minor son's name from Manraj Singh to Manraj Singh Teja.

I Sonia Arora W/o Dhiraj Kumar R/o 193, Baba Hundal Road, Evergreen Colony, Jandiala Guru Distt Amritsar have declare that Arora is my surname Sonia is my given name.

I Dhiraj Kumar S/o Surinder Singh R/o 193, Baba Hundal Road, Evergreen Colony, Jandiala Guru Distt Amritsar have declare that Kumar is my surname Dhiraj is my given name.

I, Iqbal Singh Aulakh son of Nagwant Singh resident of Village Tareen, Amritsar, Punjab, declared that I have changed my name from Iqbal Singh Aulakh to Iqbal Singh.

I, Tunisha Gupta W/o Karan Aggarwal R/o H.NO. 319-R, Model Town, Jalandhar have changed my name from Tunisha Gupta to Tunisha Aggarwal. All concerned please note.

I, Ashwani Malhotra S/o Sh. Hari Kishan R/o H.No. N.C. 137, Kot Kishan Chand, Jalandhar, Punjab, India have changed my name from Ashwani Malhotra to Ashwani Kumar Malhotra. All concerned please note.

I, Amandeep Kaur Jassar W/O Sh. Chandanpreet Singh Bains, resident of Village Acharwal, P.O. Pherurian, Tehsil Raikot, Jagraon (Ludhiana) Pin Code 142032, Punjab, India declare that I have changed my name from Amandeep Kaur Jassar to Amandeep Kaur Bains. All concerned note.

I, Bhavica W/O Ishaan Sharma , , R/o # 52, Joginder Nagar Badungar, Patiala, Punjab- 147001. have changed my name and shall hereafter be Known as Bhavica Sharma.

I, Ragini Solanki , W/O Govind Anoop Raj R/o V 33/16, DLF Phase-III, Gurgaon, Haryana-122010 . have changed my name and shall hereafter be Known as Ragini Ganesh.

### Change of Name

I, Baljit Kaur W/O Om Parkash , D/O Manjit Singh , R/o Village Sarhali, Jalandhar, Punjab- 144633. have changed my name and shall hereafter be Known as Baljit Kaur Khamb.

I, Om Parkash S/O Makhan Ram, R/o Sarhali, Phillaur, Jalandhar Punjab- 144633, have changed my name and shall hereafter be Known as Om Parkash Khamb.

I, Pankaj Paswan S/O Chanchal Paswan , R/o H.NO-130, Part-1, Vill.Kang Sahbu, Nakodar, Kang Punjab-144630, have changed my name and shall hereafter be Known as Pankaj Kumar.

I, Jaspreet Kaur Sidhu D/O Davinder Singh , R/o Bhinder Kalan, Moga, Punjab-142041 . have changed my name and shall hereafter be Known as Jaspreet Kaur.

I, Mandeep Singh s/o Darshan Singh r/o VPO. Jabbowal, Distt. SBS Nagar- 144512 have changed my name as Singh Mandeep (Surname as Singh) All please note.

I, Manjuran L Masih d/o Mazid Masih w/o Lakhwinder Masih r/o 60, Mohalla Nawan Katra, VPO. Kalanpur, Distt.Gurdaspur-143512, Punjab have changed my name as Manjura. All please note.

I, Patwant Kaur Dhaliwal w/o Zora Singh Dhaliwal r/o 32-D, Sarabha Nagar, Ludhiana declare that Patwant Kaur Dhaliwal and Patwant Kaur both names are one and the same person.

I, Raj Kumar S/o Nanak Chand R/o H.No.EP-181, Khodian Mohalla, Jalandhar, Punjab have changed my name from Raj Kumar to Raj Kumar Sethi. All please note.

I, hitherto known as Mandeep S/o Jai Pal R/o H.No.47, Vill. Kabulpur, Po. Jandu Singha, Jalandhar, Punjab-144025 have changed my name and shall hereafter be known as Mandeep Jassi.

I, Jasbir Kaur W/o Balwinder Singh R/o VPO.Rurkee Patti Khera, Tehsil Phillaur, Distt. Jalandhar, Punjab have changed my name from Jasbir Kaur to Jasvir Kaur. All please note.

I, Lawrance S/o Samual Masih R/o H.No.160, Pholriwal, Pholriwala, Po. Garha, Distt.Jalandhar, Punjab have changed my name from Lawrance to Lawrance Soni. All please note.

I, Monika W/o Hardeep Mehta R/o H.No. 1075 G, Sant Nagar, Near Gurdwara Ladowali Road, Jalandhar, Punjab have changed my name from Monika to Monika Mehta. All please note.

I, hitherto known as Trilok Singh S/O Bhag Singh residing at Village Halluwal, PO Rampur Jhanjowal, Tehsil Garhshankar, Distt. Hoshiarpur - 146105, Punjab, India have changed my name and shall hereafter be known as Tarlok Singh.

I, Prabhjeet S/o Roop Lal, V. Karari, P.O. Kishangarh, Distt. Jalandhar, have changed my name from Prabhjeet to PRABHJEET CHOPRA. All concerned please note.

I, Jyoti W/O Narvinder Kumar R/O Village Pawadra, PO. Bilga, Distt. Jalandhar - 144036, Punjab have changed my name from Jyoti to Rani Jyoti.(Rani as surname). All Note.

I Pooja W/O Pawan Kumar R/O House No 01, Bhel, Po Najka, Distt Jalandhar Punjab. Have change my name Pooja to Pooja Rani.

I, Hardev Singh S/o Jaimal Singh R/o H.No. 212, Bains Villa, Dashmesh Nagar, P.O Dakoha, Jalandhar - 144023 (Punjab) have changed my name from Hardev Singh to Hardev Singh Bains.

I hitherto Known as Kaushalya Kumari Wife of Mangat Rai residing at VPO. Bhojowal, Distt. Jalandhar-144101, Punjab, India have changed my name and shall hereafter be known as Krishna Kumari.

I hitherto known as Manpreet Kaur W/o Preet Harinder Singh Lehal R/o H.No. 229 St. No. 3, Near Over Bridge, Maqsudan, New Moti Nagar, PO Grain Market, Jalandhar-144008, Punjab, have changed my name and shall hereafter be known as Manpreet Kaur Lehal.

### PUBLIC NOTICE

I Maan Singh S/o Chandar Bhan, R/o H.no.445,Gali no .8, New Shahid Babu Labh Singh Nagar, Jalandhar declare that original Sale deed no. 4414, dated 18-09-2012 (Khasra No 15//2) has actually been losted. All concerned may note.

I, Sarabjit Singh S/o Bau Ram R/o H.No. L6/2736, Gali No 2, New Shaheed Udham Singh Nagar, Amritsar, Punjab-143001 declare that my father was known by two names Bau Ram and Babu Ram. Bau Ram and Babu Ram is one and the same person.

I, Simranjeet Singh S/o Jaswant Singh R/o Shaheed Baba Deep Singh Nagar, Kapurthala, Punjab, India declare that I am holder of Indian Passport No. W6773570 issued on 23.11.2022 issued at Jalandhar. In my Passport my name is mentioned given name as Simranjeet Singh. I want to add/record my name Singh as Surname and Simranjeet as given name in my Passport. So i request the Passport authority to reissue me Passport with my name Singh as Surname and Simranjeet as given name.

I, Jiwan Singh S/o Harjinder Singh R/o 120, 23, Liberty Avenue, Richmond Hill, New York-11419, 06463775558, USA at present R/o Village Harsha Chhina, Tehsil Ajnala, Distt. Amritsar declare that my wife namely Kashmir Kaur and my son namely Jasdeep Singh are not under my control and they fell in bad company and is not obeying to me and they both always used to quarrel with me , as such, I have no any faith upon my wife and my son mentioned above.I disinherited my wife Kashmir Kaur and my son Jasdeep Singh from my all moveable and immovable property or all the assets.

### ਆਮ ਸੂਚਨਾ

ਮੈਂ, ਸੀਮਾ ਰਾਣੀ ਪਤਨੀ ਜਸਵੰਤ ਰਾਏ ਜੰਜੂਆ ਵਾਸੀ ਪਿੰਡ ਚੱਕ ਰਾਜੂ ਸਿੰਘ, ਤਹਿਸੀਲ ਵਾ ਜ਼ਿਲ੍ਹਾ ਹੁਸ਼ਿਆਰਪੁਰ ਹਾਲ ਵਾਸੀ 302, Lythalls Lane, Coventry CV6 6GD, England, Bearing OICC No. A4966905 ਸੂਚਿਤ ਕਰਦੀ ਹਾਂ ਕਿ ਮੇਰੇ ਕੋਲੋਂ 24-03-2025 ਨੂੰ ਅਸਲ ਰਜਿਸਟਰੀ ਜੋ ਕਿ ਮਿਤੀ 23-12-2014 ਵਸੀਕਾ ਨੰ: 5958 ਬਾਹੱਕ ਰਵਿੰਦਰ ਸਿੰਘ ਅਤੇ ਅਸਲ ਰਜਿਸਟਰੀ ਮਿਤੀ 23-12-2014 ਵਸੀਕਾ ਨੰ: 5959 ਬਾਹੱਕ ਗੁਰਜੀਤ ਕੌਰ ਦੋਨੋ ਵਾਕਿਆ ਪਿੰਡ ਸ਼ੇਰਗੜ੍ਹ/250, ਹੁਸ਼ਿਆਰਪੁਰ ਕਿੱਧਰੇ ਗੁੰਮ ਹੋ ਗਏ ਹਨ। ਜੇਕਰ ਕਿਸੇ ਨੂੰ ਇਹ ਦਸਤਾਵੇਜ਼ ਮਿਲਣ ਤਾਂ ਉਪਰੋਕਤ ਪਤੇ ਤੇ ਸੰਪਰਕ ਕਰੇ। ਸਬੰਧਿਤ ਨੋਟ ਕਰਨ।

ਮੈਂ, ਤਰਸੇਮ ਸਿੰਘ ਪੁੱਤਰ ਸੰਤਾ ਸਿੰਘ ਵਾਸੀ ਪਿੰਡ ਬਾਠ ਕਲਾਂ, ਤਹਿਸੀਲ ਨਕੋਦਰ (ਜਲੰਧਰ) ਸੂਚਿਤ ਕਰਦਾ ਹਾਂ ਕਿ ਸੁਖਪ੍ਰੀਤ ਕੌਰ ਮੇਰੀ ਲੜਕੀ ਮੇਰੇ ਕਹਿਣੇਕਾਰ ਵਿਚ ਹੈ ਅਤੇ ਮੇਰੀ ਲੜਕੀ ਮੇਰੀ ਚੱਲ-ਅਚੱਲ ਜਾਇਦਾਦ ਦੀ ਹੱਕਦਾਰ ਹੋਵੇਗੀ। ਮੈਂ ਬੇਦਖਲੀ ਨੋਟਿਸ ਵਾਪਸ ਲੈਂਦਾ ਹਾਂ। ਸੰਬੰਧਤ ਨੋਟ ਕਰਨ।

ਮੈਂ ਮਹੇਸ਼ ਸ਼ਾਹ ਪੁੱਤਰ ਰਾਮ ਆਸ਼ੀਸ਼ ਸ਼ਾਹ ਵਾਸੀ ਪਿੰਡ ਧੰਨੋਵਾਲੀ ,ਥਾਣਾ ਫਲੌਰ, ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੈਂ ਆਪਣੇ ਲੜਕੇ ਪ੍ਰਕਾਸ਼ ਸ਼ਾਹ ਨੂੰ ਹੁਣ ਆਪਣੇ ਕਹਿਣੇਕਾਰ ਹੋਣ ਕਰਕੇ ਉਸ ਸੰਬੰਧੀ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲੀ ਸੰਬੰਧੀ ਦਿੱਤਾ ਪਬਲਿਕ ਨੋਟਿਸ ਵਾਪਸ ਲੈਂਦਾ ਹਾਂ। ਹੁਣ ਮੇਰਾ ਲੜਕਾ ਮੇਰੀ ਚੱਲ-ਅਚੱਲ ਜਾਇਦਾਦ ਵਿਚ ਪੂਰਾ ਹੱਕਦਾਰ ਹੈ । ਸੰਬੰਧਤ ਨੋਟ ਕਰਨ।

ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ ਦੇ ਦਫਤਰ ਧਨੌਲਾ 2 ਅਧੀਨ ਕੁਲਵਿੰਦਰ ਸਿੰਘ ਪੁੱਤਰ ਜੀਤ ਸਿੰਘ ਵਾਸੀ ਬਡਬਰ ਜ਼ਿਲ੍ਹਾ ਬਰਨਾਲਾ ਨੇ ਮੋਟਰ ਕੁਨੈਕਸ਼ਨ ਨੰ ਖਾਤਾ ਨੰ: ਏ.ਪੀ.051020 ਜੋ ਕਿ ਚਰਨ ਸਿੰਘ ਪੁੱਤਰ ਲੱਧਾ ਸਿੰਘ ਵਾਸੀ ਬਡਬਰ ਦੇ ਨਾਮ ਤੇ ਚਲਦਾ ਹੈ ਨੂੰ ਵਿਰਾਸਤ ਅਨੁਸਾਰ ਆਪਣੇ ਨਾਮ ਪਰ ਬਦਲੀ ਕਰਾਉਣ ਲਈ ਇਸ ਦਫਤਰ ਵਿਖੇ ਅਰਜੀ ਦਿੱਤੀ ਹੈ ਜੇਕਰ ਇਸ ਸਬੰਧੀ ਕਿਸੇ ਨੂੰ ਵੀ ਕਿਸੇ ਵੀ ਕਿਸਮ ਦਾ ਕੋਈ ਇਤਰਾਜ਼ ਹੋ ਤਾਂ ਉਹ ਆਪਣਾ ਇਤਰਾਜ਼ ਹੈ ਸੱਤ ਦਿਨਾਂ ਦੇ ਅੰਦਰ ਅੰਦਰ ਇਸ ਦਫਤਰ ਅਧੀਨ ਪੇਸ਼ ਕਰ ਸਕਦਾ ਹੈ। ਉਸ ਤੋਂ ਬਾਅਦ ਕੁਨੈਕਸ਼ਨ ਨੂੰ ਕੁਲਵਿੰਦਰ ਸਿੰਘ ਦੇ ਨਾਮ ਤੇ ਬਦਲੀ ਕਰ ਦਿੱਤਾ ਜਾਵੇਗਾ।

ਇਕ ਟਿਊਬਵੈੱਲ ਕੁਨੈਕਸ਼ਨ ਖਾਤਾ ਨੰ. 2008050808, 8 ਹਾਰਸ ਪਾਵਰ, ਜੋ ਵੱਸਣ ਸਿੰਘ ਪੁੱਤਰ ਧੀਰ ਸਿੰਘ ਵਾਸੀ ਪਿੰਡ ਚਾਟੀਵਿੰਡ ਜ਼ਿਲ੍ਹਾ ਅੰਮ੍ਰਿਤਸਰ ਦੇ ਨਾਮ ਤੇ ਚਲ ਰਿਹਾ ਹੈ। ਹੁਣ ਇਹ ਕੁਨੈਕਸ਼ਨ ਹਰਜੀਤ ਕੌਰ ਪਤਨੀ ਬਾਜ ਸਿੰਘ ਵਾਸੀ ਪਿੰਡ ਚਾਟੀਵਿੰਡ ਦੇ ਨਾਮ ਤੇ ਤਬਦੀਲ ਹੋਣ ਜਾ ਰਿਹਾ ਹੈ। ਜੇ ਕਿਸੇ ਨੂੰ ਇਸ ਨਾਮ ਦੇ ਤਬਦੀਲ ਹੋਣ ਸਬੰਧੀ ਕੋਈ ਇਤਰਾਜ਼ ਹੋਵੇ ਤਾਂ ਉਹ 7 ਦਿਨਾਂ ਦੇ ਅੰਦਰ -ਅੰਦਰ ਪੀ.ਐਸ.ਪੀ.ਸੀ.ਐਲ ਦਫਤਰ ਗੁਰੂਵਾਲੀ ਨਾਲ ਸੰਪਰਕ ਕਰ ਸਕਦਾ ਹੈ। ਇਸ ਤੋਂ ਬਾਅਦ ਕੋਈ ਵੀ ਇਤਰਾਜ਼ ਸਵੀਕਾਰ ਨਹੀਂ ਹੋਵੇਗਾ।

ਪਿਆਰਾ ਸਿੰਘ ਪੁੱਤਰ ਸਰਵਣ ਸਿੰਘ ਵਾਸੀ ਪਿੰਡ ਕੁਲਾਰ ਜ਼ਿਲ੍ਹਾ ਜਲੰਧਰ ਦੇ ਨਾਂਅ 'ਤੇ ਰਕਬਾ ਗੋਬਿੰਦਗੜ੍ਹ ਵਿਖੇ ਚਲਦਾ 20 ਹਾਰਸ ਪਾਵਰ ਦਾ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ.ਪੀ. 19/ 0477 ਕੇ., ਜੋ ਹੁਣ ਪਵਿੱਤਰ ਸਿੰਘ ਕੁਲਾਰੀਆ ਪੁੱਤਰ ਸਰਵਣ ਸਿੰਘ ਵਾਸੀ ਪਿੰਡ ਕੁਲਾਰ ਤਹਿਸੀਲ ਸ਼ਾਹਕੋਟ, ਜ਼ਿਲਾ ਜਲੰਧਰ ਨੇ ਆਪਣੇ ਨਾਂਅ ਕਰਵਾਉਣ ਲਈ ਸਹਾਇਕ ਕਾਰਜਕਾਰੀ ਇੰਜੀਨੀਅਰ ਪੰਜਾਬ ਰਾਜ ਪਾਵਰਕਾਮ ਖੇੜਾ ਦੋਨਾਂ ਪਾਸ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਇਸ ਦਫਤਰ ਨਾਲ ਸੰਪਰਕ ਕਰ ਸਕਦਾ ਹੈ।

ਸਰਵਣ ਸਿੰਘ ਪੁੱਤਰ ਭਗਵਾਨ ਸਿੰਘ ਵਾਸੀ ਪਿੰਡ ਕੁਲਾਰ ਜ਼ਿਲ੍ਹਾ ਜਲੰਧਰ , ਦੇ ਨਾਂਅ 'ਤੇ ਰਕਬਾ ਗੋਬਿੰਦਗੜ੍ਹ ਵਿਖੇ ਚਲਦਾ 15 ਹਾਰਸ ਪਾਵਰ ਦਾ ਮੋਟਰ ਕੁਨੈਕਸ਼ਨ ਖਾਤਾ ਨੰਬਰ ਏ. ਪੀ. 01/ 0557 ਐਫ਼, ਜੋ ਹੁਣ ਪਵਿੱਤਰ ਸਿੰਘ ਕੁਲਾਰੀਆ ਪੁੱਤਰ ਸਰਵਣ ਸਿੰਘ ਵਾਸੀ ਪਿੰਡ ਕੁਲਾਰ ਤਹਿਸੀਲ ਸ਼ਾਹਕੋਟ, ਜ਼ਿਲਾ ਜਲੰਧਰ ਨੇ ਆਪਣੇ ਨਾਂਅ ਕਰਵਾਉਣ ਲਈ ਸਹਾਇਕ ਕਾਰਜਕਾਰੀ ਇੰਜੀਨੀਅਰ ਪੰਜਾਬ ਰਾਜ ਪਾਵਰਕਾਮ ਖੇੜਾ ਦੋਨਾਂ ਪਾਸ ਅਰਜ਼ੀ ਦਿੱਤੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ ਇਸ ਦਫਤਰ ਨਾਲ ਸੰਪਰਕ ਕਰ ਸਕਦਾ ਹੈ।

ਸ੍ਰੀ ਪ੍ਰੀਤਮ ਸਿੰਘ ਪੁੱਤਰ ਸ੍ਰੀ ਸਰਵਨ ਸਿੰਘ ਵਾਸੀ ਤਲਵੰਡੀ ਭੰਗੇਰੀਆ ਜ਼ਿਲਾ ਮੋਗਾ ਦੇ ਨਾਮ ਤੇ ਇੱਕ ਟਿਊਬਵੈਲ ਕੁਨੈਕਸਨ ਖਾਤਾ ਨੰ -619ਬੀ ਐਚ ਪੀ 15ਵਾਕਿਆ ਤਲਵੰਡੀ ਭੰਗੇਰੀਆ ਪਿੰਡ ਵਿੱਚ ਚੱਲ ਰਿਹਾ ਹੈ। ਹੁਣ ਇਸ ਕੁਨੈਕਸ਼ਨ ਦੀ ਨਾਮ ਦੀ ਬਦਲੀ ਨਾਇਬ ਸਿੰਘ ਪੁੱਤਰ ਪ੍ਰੀਤਮ ਸਿੰਘ ਵਾਸੀ ਤਲਵੰਡੀ ਭੰਗੇਰੀਆ ਮੋਗਾ ਵੱਲੋਂ ਆਪਣੇ ਨਾਮ ਤੇ ਕਰਵਾਉਣ ਲਈ ਦਰਖਾਸਤ ਦਿੱਤੀ ਹੈ । ਜੇਕਰ ਇਸ ਸਬੰਧੀ ਕਿਸੇ ਨੂੰ ਕੋਈ ਵੀ ਇਤਰਾਜ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਪੀ ਐਸ ਪੀ ਸੀ ਐਲ ਉਪ ਮੰਡਲ ਅਫਸਰ ਨੱਥੂਵਾਲਾ ਜਦੀਦ ਨੂੰ ਪੇਸ ਕਰ ਸਕਦਾ ਹੈ ਨਾ ਇਤਰਾਜ ਹੋਣ ਤੇ ਪੰਦਰਾਂ ਦਿਨਾਂ ਬਾਅਦ ਕੁਨੈਕਸਨ ਉਸ ਨਾਮ ਉਪਰ ਤਬਦੀਲ ਕਰ ਦਿੱਤਾ ਜਾਵੇਗਾ ਅਤੇ ਬਾਅਦ ਵਿੱਚ ਕੋਈ ਇਤਰਾਜ ਨਹੀਂ ਸੁਣਿਆ ਜਾਵੇਗਾ।

ਪਰਮਿੰਦਰ ਕੌਰ ਪਤਨੀ ਅਮਰੀਕ ਸਿੰਘ ਮੂਨਕ ਐਮ ਏ-988 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਅਮਰਜੀਤ ਕੌਰ ਪਤਨੀ ਗੁਰਮੀਤ ਸਿੰਘ ਮੂਨਕ ਦੇ ਨਾਮ ਬਦਲੀ ਕਰਨ ਦੀ ਅਰਜੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ ਹੈ ਤਾਂ 7 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਮੂਨਕ

ਇਸ ਦਫਤਰ ਅਧੀਨ ਕੌਰ ਸਿੰਘ ਪੁੱਤਰ ਸੁੱਚਾ ਸਿੰਘ ਵਾਸੀ ਪਿੰਡ ਗੱਢੂ ਕਲਾਂ, ਤਹਿ ਬੁਢਲਾਡਾ, ਜਿਲਾ ਮਾਨਸਾ ਦੇ ਨਾਮ ਤੇ ਰਕਬਾ ਪਿੰਡ ਗੱਢੂ ਕਲਾਂ ਵਿਖੇ ਟਿਊਬਵੈਲ ਕੁਨੈਕਸ਼ਨ ਖਾਤਾ ਨੰਬਰ ਏ.ਪੀ. 11/64 ਅਤੇ ਰਕਬਾ ਲੱਖੀਵਾਲਾ ਵਿਖੇ ਇੱਕ ਟਿਊਬਵੈਲ ਕੁਨੈਕਸ਼ਨ ਖਾਤਾ ਨੰਬਰ ਏ.ਪੀ 11/49 ਚਲ ਰਿਹਾ ਹੈ। ਜਿੰਨਾ ਦਾ ਲੋਡ 20 ਬੀ ਐਚ ਪੀ ਹੈ। ਜਿਸ ਨੂੰ ਜਸਪਾਲ ਸਿੰਘ ਪੱਤਰ ਸ੍ਰੀ ਕੌਰ ਸਿੰਘ ਵਾਸੀ ਪਿੰਡ ਗੱਢੂ ਕਲਾਂ, ਤਹਿ ਬੁਢਲਾਡਾ, ਜਿਲਾ ਮਾਨਸਾ ਆਪਣੇ ਨਾਮ ਤੇ ਤਬਦੀਲ ਕਰਵਾਉਣਾ ਚਾਹੁੰਦਾ ਹੈ। ਇਸ ਸਬੰਧੀ ਜੇਕਰ ਕਿਸੇ ਨੂੰ ਇਤਰਾਜ ਹੈ ਤਾਂ ਉਹ 15 ਦਿਨਾ ਦੇ ਅੰਦਰ ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਬੋਹਾ ਦਫਤਰ ਵਿਖੇ ਇਤਰਾਜ ਕਰ ਸਕਦਾ ਹੈ।

ਇਸ ਦਫਤਰ ਅਧੀਨ ਬੇਅੰਤ ਕੌਰ ਪਤਨੀ ਸ੍ਰੀ ਰਣਜੀਤ ਸਿੰਘ ਵਾਸੀ ਪਿੰਡ ਘੱਗਾ, ਜਿਲਾ ਪਟਿਆਲਾ ਦੇ ਨਾਮ ਤੇ ਰਕਬਾ ਪਿੰਡ ਸਤੀਕੇ ਵਿਖੇ ਇੱਕ ਟਿਊਬਵੈਲ ਕੁਨੈਕਸ਼ਨ ਚਲ ਰਿਹਾ ਹੈ। ਜਿਸ ਦਾ ਖਾਤਾ ਨੰਬਰ ਏ ਪੀ 29/99 ਹੈ। ਜਿਸ ਨੂੰ ਕ੍ਰਿਸ਼ਨ ਸਿੰਘ ਪੱਤਰ ਸ੍ਰੀ ਸਾਧੂ ਸਿੰਘ ਵਾਸੀ ਪਿੰਡ ਕੁਲਰੀਆਂ, ਜਿਲਾ ਮਾਨਸਾ ਆਪਣੇ ਨਾਮ ਤੇ ਤਬਦੀਲ ਕਰਵਾਉਣਾ ਚਾਹੁੰਦਾ ਹੈ। ਇਸ ਸਬੰਧੀ ਜੇਕਰ ਕਿਸੇ ਨੂੰ ਇਤਰਾਜ ਹੈ ਤਾਂ ਉਹ 30 ਦਿਨਾ ਦੇ ਅੰਦਰ ਅੰਦਰ ਸਹਾਇਕ ਇੰਜੀਨੀਅਰ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮ. ਬੋਹਾ ਦਫਤਰ ਵਿਖੇ ਇਤਰਾਜ ਕਰ ਸਕਦਾ ਹੈ।

### ਬੇਦਖਲੀ ਨੋਟਿਸ

ਮੈਂ, ਸੁਖਦੇਵ ਸਿੰਘ ਪੁੱਤਰ ਲੱਖਾ ਰਾਮ ਵਾਸੀ ਪਿੰਡ ਬਸੀ ਉਮਰ ਖਾਂ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਮਨਦੀਪ ਸਿੰਘ ਅਤੇ ਮੇਰੀ ਨੂੰਹ ਮੰਜੂ ਪਤਨੀ ਮਨਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ ਸੁਨੀਲ ਗੁਪਤਾ ਪੁੱਤਰ ਭਗਵਾਨ ਦਾਸ ਗੁਪਤਾ ਵਾ ਰਮਾ ਦੇਵੀ ਪਤਨੀ ਸੁਨੀਲ ਗੁਪਤਾ ਵਾਸੀਆਨ ਮਕਾਨ ਨੰ: ਐਨ ਡੀ 14, ਫਤਿਹਪੁਰੀ ਮੁੱਹਲਾ, ਜਲੰਧਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਡੋਪਲ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦੀ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਤਮਾਮ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਵਾ ਸਾਡੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਿਤ ਨੋਟ ਕਰਨ।

ਅਸੀਂ, ਬਲਜੀਤ ਕੌਰ ਪਤਨੀ ਰਛਪਾਲ ਸਿੰਘ ਅਤੇ ਰਛਪਾਲ ਸਿੰਘ ਪੁੱਤਰ ਲੱਖਪਤ ਰਾਏ ਵਾਸੀਆਨ ਪਿੰਡ ਅਲੀਪੁਰ, ਡਾਕਖਾਨਾ ਮਿੱਠਾਪੁਰ, ਜ਼ਿਲ੍ਹਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਨੀਲ ਮਨੀ ਅਤੇ ਉਸਦੀ ਪਤਨੀ ਤਾਨੀਆ, ਜੋ ਕਿ ਸਾਡੇ ਕਹਿਣੇ ਤੋਂ ਬਾਹਰ ਹਨ। ਅਸੀਂ ਇਹਨਾਂ ਦੋਨਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਸਾਡਾ ਅਤੇ ਸਾਡੇ ਪਰਿਵਾਰ ਦਾ ਇਹਨਾਂ ਦੋਨਾਂ ਨਾਲ ਕੋਈ ਵੀ ਲੈਣ ਦੇਣ ਨਹੀਂ ਹੈ। ਜੋ ਕੋਈ ਵੀ ਇਹਨਾਂ ਦੋਨਾਂ ਨਾਲ ਲੈਣ ਦੇਣ ਕਰੇਗਾ ਉਹ ਆਪਣੇ ਨਫ਼ੇ ਨੁਕਸਾਨ ਦਾ ਆਪ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਲੇਖ ਰਾਜ ਪੁੱਤਰ ਰਾਮ ਰਤਨ ਵਾਸੀ ਵਾਰਡ ਨੰ. 4, ਨੇੜੇ ਦੁੱਖ ਨਿਵਾਰਨ ਹਸਪਤਾਲ ਦਾਰਾਪੁਰ, ਤਹਿਸੀਲ ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਕਪਿਲ ਦੇਵ ਅਤੇ ਨੂੰਹ ਮਾਲਾ ਸ਼ਰਮਾ, ਪੋਤਰਾ ਅਦਿੱਤਿਆ ਸ਼ਰਮਾ, ਪੋਤਰੀ ਰੌਸ਼ਨੀ ਸ਼ਰਮਾ ਇਹ ਸਾਰੇ ਮੇਰੇ ਕਹਿਣੇ ਤੋਂ ਬਾਹਰ ਹਨ, ਜਿਸ ਕਰਕੇ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਨ੍ਹਾਂ ਨਾਲ ਮੇਰਾ ਕੋਈ ਸੰਬੰਧ ਨਹੀਂ ਹੋਵੇਗਾ।

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

## ਨਿਪਸ ਸਕੂਲ ਬੁਤਾਲਾ ਵਿਖੇ ਖਾਲਸਾ ਸਾਜਨਾ ਦਿਵਸ ਮਨਾਇਆ



ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ) ਦਸ਼ਮੇਸ਼ ਵਿਦਿਅਕ ਸੰਸਥਾਵਾਂ ਮਹਿਤਾ ਅਤੇ ਬਾਬਾ ਬਕਾਲਾ ਸਾਹਿਬ ਦੇ ਪ੍ਰਮੁੱਖ ਅਦਾਰੇ ਨਿਊ ਇੰਡੀਅਨ ਪਬਲਿਕ ਸਕੂਲ (ਨਿਪਸ) ਬੁਤਾਲਾ ਵਿੱਚ ਖਾਲਸਾ ਸਾਜਨਾ ਦਿਵਸ 'ਤੇ ਵਿਸਾਖੀ ਦਾ ਦਿਹਾੜਾ ਮਨਾਇਆ ਗਿਆ। ਜਿਸ ਵਿੱਚ ਸਕੂਲ ਦੇ ਪ੍ਰੀ-ਨਰਸਰੀ ਤੋਂ ਤੀਜੀ ਸ਼੍ਰੇਣੀ ਤੱਕ ਦੀਆਂ ਜਮਾਤਾਂ ਦੇ ਵਿਦਿਆਰਥੀਆਂ ਲਈ ਇੱਕ ਜੀਵੰਤ ਅਤੇ ਰੌਚਕ 'ਵਿਸਾਖੀ' ਮੇਲਾ ਲਗਾਇਆ ਗਿਆ। ਸਕੂਲ ਦੇ ਵਿਹੜੇ ਨੂੰ 'ਵਿਸਾਖੀ ਮੇਲੇ ਦੇ ਦ੍ਰਿਸ਼' ਨੂੰ ਦਰਸਾਉਣ ਲਈ ਢੁਕਵੇਂ ਢੰਗ ਨਾਲ ਸਜਾਇਆ ਗਿਆ ਸੀ, ਬੱਚਿਆਂ ਨੇ ਚਮਕਦਾਰ ਰਵਾਇਤੀ ਪਹਿਰਾਵੇ ਵਿੱਚ ਸਜਾ ਕੇ ਝੂਲਿਆਂ ਦਾ ਆਨੰਦ ਮਾਣਿਆ, ਵੱਡਿਆਂ ਬੱਚਿਆਂ ਦੁਆਰਾ ਵੱਖ -ਵੱਖ ਗਤੀਵਿਧੀਆਂ ਕੀਤੀਆਂ ਗਈਆਂ ਜਿਸ ਦੀ ਪ੍ਰਿੰ: ਮੈਡਮ ਮਨਜੀਤ ਕੌਰ ਵਾਲੀਆ ਅਤੇ ਮੈਨੇਜਮੈਂਟ ਨੇ ਸ਼ਲਾਘਾ ਕੀਤੀ।

## ਭੀਲੋਵਾਲ ਦੀ ਫਿਰਨੀ 'ਤੇ ਕੰਕਰੀਟ ਪਾਉਣ ਦਾ ਕੰਮ ਪੰਚਾਇਤ ਨੇ ਕਰਵਾਇਆ ਸ਼ੁਰੂ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)- ਵਿਧਾਨ ਸਭਾ ਹਲਕਾ ਮਜੀਠਾ ਅਧੀਨ ਅਤੇ ਤਰਸਿੱਕਾ ਬਲਾਕ ਦੇ ਪਿੰਡ ਭੀਲੋਵਾਲ ਵਿਖੇ ਪਿੰਡ ਦੀ ਫਿਰਨੀ ਦੇ ਆਲੇ ਦੁਆਲੇ ਕੰਕਰੀਟ ਪਾਉਣ ਦੀ ਆਰੰਭਤਾ ਪਿੰਡ ਦੀ ਪੰਚਾਇਤ ਅਤੇ ਹੋਰ ਮੋਹਤਬਰਾਂ ਵੱਲੋਂ ਕੀਤੀ ਗਈ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪਿੰਡ ਦੇ ਮੋਹਤਬਰਾਂ ਨੇ ਦੱਸਿਆ ਕਿ ਪਿੰਡ ਦੀ ਆਲੇ ਦੁਆਲੇ ਦੀ ਫਿਰਨੀ ਜੋ ਕਿ ਇੱਕ ਨਰਕ ਦਾ ਰੂਪ ਧਾਰਨ ਕਰ ਚੁੱਕੀ ਸੀ ਅਤੇ ਵੱਖ-ਵੱਖ ਬਿਮਾਰੀਆਂ ਨੂੰ ਸੱਦਾ ਦੇ ਰਹੀ ਸੀ, ਨੂੰ ਚੋਣਾਂ ਤੋਂ ਪਹਿਲਾਂ ਫਿਰਨੀ ਨੂੰ ਬਹੁਤ ਸੋਹਣਾ ਬਣਾਉਣ ਲਈ ਜੋ ਸਰਪੰਚ ਜਗਦੀਸ਼ ਸਿੰਘ ਵੱਲੋਂ ਸੰਗਤ ਨਾਲ ਵਾਅਦਾ ਕੀਤਾ ਗਿਆ ਸੀ ਅੱਜ ਪੂਰਾ ਹੋਣ ਜਾ ਰਿਹਾ ਹੈ। ਇਸ ਮੌਕੇ ਸਮੂਹ ਪੰਚਾਇਤ ਵੱਲੋਂ ਮੈਂਬਰ ਪੰਚਾਇਤ ਸੁਖਪਾਲ ਸਿੰਘ, ਮੈਂਬਰ ਪੰਚਾਇਤ ਰਵਿੰਦਰ ਸਿੰਘ ਰਵੀ, ਮੈਂਬਰ ਪੰਚਾਇਤ ਨਰਿੰਦਰ ਸਿੰਘ, ਮੈਂਬਰ ਪੰਚਾਇਤ ਵਿਜੇ ਕੁਮਾਰ, ਮੈਂਬਰ ਪੰਚਾਇਤ ਸੁਰਜੀਤ ਸਿੰਘ, ਸਰਦਾਰ ਗੁਰਦਿਆਲ ਸਿੰਘ, ਮਾਸਟਰ ਮਹਿੰਦਰ ਸਿੰਘ,ਧਰਮਬੀਰ ਸਿੰਘ, ਸੁਖਦੇਵ ਸਿੰਘ ਪ੍ਰਧਾਨ ਸਪੋਰਟਸ ਕਲੱਬ ਹਰਮਨ ਸਿੰਘ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

### ਬੇਦਖਲੀ ਨੋਟਿਸ

ਮੈਂ ਰਾਮ ਪ੍ਰਕਾਸ਼ ਪੁੱਤਰ ਹਵੇਲੀ ਰਾਮ ਵਾਸੀ ਰਾਧਾ ਕ੍ਰਿਸ਼ਨਾ ਕਲੋਨੀ ਬਟਾਲਾ,ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ। ਮੇਰਾ ਲੜਕਾ ਰਾਜੇਸ਼ ਕੁਮਾਰ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚਲ ਅੱਚਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ, ਲੈਣ ਦੇਣ ਕਰਨ ਵਾਲ਼ੇ ਖ਼ੁਦ ਜ਼ਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਇਸ ਨਾਲ਼ ਕੋਈ ਤਲਕ ਵਾਸਤਾ ਨਹੀਂ ਰਿਹਾ । ਸੰਬੰਧਤ ਨੋਟ ਕਰਨ।

ਅਸੀ ਬਿੱਲਾ ਮਸੀਹ ਪੁੱਤਰ ਖਰੈਤੀ ਮਸੀਹ ਅਤੇ ਬਬਲੀ ਪਤਨੀ ਬਿੱਲਾ ਮਸੀਹ ਵਾਸੀ ਸੈਂਟਰਲ ਜੇਲ, ਮਕਾਨ ਨੰ.80, ਫਤਾਹਪੁਰ ਝਬਾਲ ਰੋਡ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡੀ ਲੜਕੀ ਰਜਨੀ ਅਤੇ ਉਸਦਾ ਪਤੀ ਵਿਸ਼ਾਲ ਬੰਸਲ ਜੋ ਕਿ ਸਾਡੇ ਕਹਿਣੇ ਸੁਣਨੇ ਤੋਂ ਬਾਹਰ ਹਨ,ਆਪਣੀ ਮਨ ਮਰਜੀ ਕਰਦੇ ਹਨ ਅਤੇ ਸਾਨੂੰ ਬਹੁਤ ਤੰਗ ਪਰੇਸ਼ਾਨ ਕਰਦੇ ਹਨ। ਅਸੀ ਉਨ੍ਹਾਂ ਦੋਵਾਂ ਨੂੰ ਆਪਣੀ ਹਰ ਕਿਸਮ ਦੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਅਸੀ ਤੇ ਸਾਡਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਸਾਡਾ ਅਤੇ ਸਾਡੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ ਗੁਰਦੇਵ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਰਾਓ ਕੇ ਹਿਠਾੜ (ਫਿਰੋਜ਼ਪੁਰ) ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਹਰਮੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਬੁਰੀ ਸੰਗਤ ਦਾ ਸ਼ਿਕਾਰ ਹੈ। ਲਿਹਾਜ਼ਾ ਮੈਂ ਉਸਨੂੰ ਆਪਣੀ ਤਮਾਮ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਕਿਸੇ ਵੀ ਤਰਾਂ ਦੇ ਲੈਣ ਦੇਣ ਜਾਂ ਚੰਗੇ ਮਾੜੇ ਕੰਮ ਦੇ ਮੈਂ ਤੇ ਮੇਰਾ ਪਰਿਵਾਰ ਜ਼ੁੰਮੇਵਾਰ ਨਹੀਂ ਹੋਵਾਂਗੇ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ ਗੁਰਦੇਵ ਸਿੰਘ ਪੁੱਤਰ ਤੇਜਾ ਸਿੰਘ ਵਾਸੀ ਰਾਓ ਕੇ ਹਿਠਾੜ (ਫਿਰੋਜ਼ਪੁਰ) ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਹਰਮੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ ਤੇ ਬੁਰੀ ਸੰਗਤ ਦਾ ਸ਼ਿਕਾਰ ਹੈ। ਲਿਹਾਜ਼ਾ ਮੈਂ ਉਸਨੂੰ ਆਪਣੀ ਤਮਾਮ ਚੱਲ ਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਕਿਸੇ ਵੀ ਤਰਾਂ ਦੇ ਲੈਣ ਦੇਣ ਜਾਂ ਚੰਗੇ ਮਾੜੇ ਕੰਮ ਦੇ ਮੈਂ ਤੇ ਮੇਰਾ ਪਰਿਵਾਰ ਜ਼ੁੰਮੇਵਾਰ ਨਹੀਂ ਹੋਵਾਂਗੇ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਊਸ਼ਾ ਰਾਣੀ ਪਤਨੀ ਸ੍ਰੀ ਸੁਰਿੰਦਰ ਪਾਲ ਵਾਸੀ ਮਕਾਨ ਨੰ: 1103, ਸੰਤ ਨਗਰ, ਲਾਡੋਵਾਲੀ ਰੋਡ, ਜਲੰਧਰ ਸ਼ਹਿਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਰਾਹੁਲ ਅਤੇ ਉਸ ਦੀ ਪਤਨੀ ਸਿਮਰਨ ਪੁੱਤਰੀ ਚਮਨ ਲਾਲ ਜੋ ਆਪਣੀ ਮਨਮਰਜ਼ੀ ਕਰਦੇ ਹਨ ਅਤੇ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਖਸ਼ੀਸ਼ ਸਿੰਘ ਪੁੱਤਰ ਹਰਦਿਆਲ ਸਿੰਘ, ਪਿੰਡ ਹਰਦੇਦਪੁਰ (ਸੰਗਰੂਰ) ਆਪਣੀ ਲੜਕੀ ਰਣਜੀਤ ਕੌਰ ਪਤਨੀ ਸ਼ੇਰ ਸਿੰਘ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣਦੇਣ ਕਰਨ ਅਤੇ ਸੰਬੰਧ ਰੱਖਣ ਵਾਲੇ ਖੁੱਦ ਜਿੰਮੇਵਾਰ ਹੋਣਗੇ।

ਮੈਂ, ਗੁਰਨਾਮ ਸਿੰਘ ਪੁੱਤਰ ਪ੍ਰਤਾਪ ਸਿੰਘ (ਆਧਾਰ ਕਾਰਡ ਨੰਬਰ 938163272256) ਵਾਸੀ ਦਸ਼ਮੇਸ਼ ਨਗਰ ਟਾਂਡਾ, ਵਾਰਡ ਨੰਬਰ 10 ,ਥਾਣਾ ਟਾਂਡਾ ,ਤਹਿਸੀਲ ਟਾਂਡਾ , ਜ਼ਿਲ੍ਹਾ ਹੁਸ਼ਿਆਰਪੁਰ ਦਾ ਰਹਿਣ ਵਾਲਾ ਹਾਂ। ਮੇਰਾ ਪੁੱਤਰ ਗੁਰਜੀਤ ਸਿੰਘ ਜਿਸ ਦੀ ਉਮਰ ਕਰੀਬ 37 ਸਾਲ ਦੀ ਹੈ ਜੋ ਕਿ ਸ਼ਾਦੀ ਸ਼ੁਦਾ ਹੈ ਤੇ ਇਹ ਮੇਰੇ ਕਹਿਣੇ ਤੋਂ ਬਾਹਰ ਹੈ ਆਪਣੀ ਮਨ ਮਰਜ਼ੀ ਕਰਦਾ ਹੈ, ਮੈਂ ਇਸ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਇਸ ਨਾਲ ਕੋਈ ਵੀ ਲੈਣ ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਸੋਨੂੰ ਪੁੱਤਰ ਪਰਮੇਲ ਸਿੰਘ ਵਾਸੀ ਮਕਾਨ ਨੰਬਰ 1746 ਗਲੀ ਨੰਬਰ 1 ਦੌਲਤ ਕਲੋਨੀ ਪੀਰਾਂ ਵਾਲੀ ਗਲੀ ਜਿਲਾ ਲੁਧਿਆਣਾ ਦਾ ਸੂਚਿਤ ਕਰਦਾ ਹਾਂ ਮੇਰੇ ਲੜਕੇ ਯੋਗੇਸ਼ ਚੋਪੜਾ ਤੇ ਮੋਹਿਤ ਚੋਪੜਾ ਮੇਰੇ ਨਾਲ ਲੜਾਈ ਝਗੜਾ ਕਰਦੇ ਹਨ। ਮੇਰੇ ਕਹਿਣੇ ਵਿੱਚ ਨਹੀਂ ਹਨ। ਮੈਂ ਇਹਨਾਂ ਨੂੰ ਆਪਣੀ ਚੱਲ ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰ ਦਿੱਤਾ ਹੈ। ਇਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਮਨਜੀਤ ਕੌਰ ਪਤਨੀ ਕੇਵਲ ਸਿੰਘ ਵਾਸੀ ਪਿੰਡ ਉਮਰਾ ਨੰਗਲ,ਤਹਿਸੀਲ ਬਾਬਾ ਬਕਾਲਾ,ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਕੇਵਲ ਸਿੰਘ ਜੋ ਇਸ ਸਮੇ ਕੈਨੇਡਾ ਵਿਖੇ ਰਹਿ ਰਿਹਾ ਹੈ। ਮੇਰਾ ਲੜਕਾ ਤੇਜਿੰਦਰ ਸਿੰਘ ਅਤੇ ਇਸਦੀ ਪਤਨੀ ਸ਼ਰਨਜੀਤ ਕੌਰ ਜੋ ਕਿ ਮੇਰੇ ਕਹਿਣੇ ਸੁਣਨੇ ਤੋਂ ਬਾਹਰ ਹੈ, ਆਪਣੀ ਮਨ ਮਰਜੀ ਕਰਦੇ ਹਨ ਅਤੇ ਬਹੁਤ ਤੰਗ ਪ੍ਰੇਸ਼ਾਨ ਕਰਦੇ ਹਨ। ਮੈਂ ਉਨ੍ਹਾਂ ਦੋਵਾਂ ਨੂੰ ਆਪਣੀ ਤਮਾਮ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ ਦੇਣ ਅਤੇ ਚੰਗੇ ਮਾੜੇ ਕੰਮਾਂ ਦੇ ਮੈਂ ਤੇ ਮੇਰਾ ਪਰਿਵਾਰ ਜਿੰਮੇਵਾਰ ਨਹੀਂ ਹੋਵਾਂਗੇ ਉਹ ਖੁਦ ਜਿੰਮੇਵਾਰ ਹੋਣਗੇ। ਮੇਰਾ ਅਤੇ ਮੇਰੇ ਪਰਿਵਾਰ ਦਾ ਉਨ੍ਹਾਂ ਨਾਲ ਕੋਈ ਤਲਕਵਾਸਤਾ ਨਹੀਂ।

ਮੈਂ, ਨਿਰਮਲ ਸਿੰਘ ਪੁੱਤਰ ਨੇਕ ਸਿੰਘ ਵਾਸੀ ਪਿੰਡ ਡਗਰੂ, ਤਹਿਸੀਲ ਵਾ ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਕੁਲਵੰਤ ਕੌਰ ਅਤੇ ਲੜਕਾ ਅਰਸ਼ਦੀਪ ਸਿੰਘ ਅਤੇ ਸ਼ਾਦੀਸ਼ੁਦਾ ਲੜਕੀ ਨੀਸ਼ੂ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੈਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰਾ ਇਨ੍ਹਾਂ ਨਾਲ ਕੋਈ ਤਅੱਲਕ-ਵਾਸਤਾ ਨਹੀਂ ਹੈ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਅਮਰਜੀਤ ਸਿੰਘ ਪੁੱਤਰ ਮੰਗਲ ਸਿੰਘ ਵਾਸੀ ਪਿੰਡ ਬੂਹ, ਤਹਿਸੀਲ ਪੱਟੀ, ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਸਤਨਾਮ ਸਿੰਘ (ਕੁਮਾਰਾ) ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ । ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਮੇਲ ਸਿੰਘ ਪੁੱਤਰ ਅਮਰਜੀਤ ਸਿੰਘ ਨੇੜੇ ਹਵੇਲੀ ਸਾਹਿਬ ਗੁਰਦੁਆਰਾ ਕਿਲਾ ਪੱਤੀ ਪਿੰਡ ਸੈਦੋਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਗਗਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ ਦਿਨੇਸ਼ ਚੰਦਰ ਮਿਸ਼ਰਾ ਪੁੱਤਰ ਸ੍ਰੀ ਮਾਨ ਪ੍ਰਸਾਦ ਮਿਸ਼ਰਾ ਵਾਸੀ ਮਕਾਨ ਨੰਬਰ 72 ਗਲੀ ਨੰਬਰ 02 ਭਾਰਤ ਨਗਰ ਤਹਿਸੀਲ ਅਤੇ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅਮਿਤ ਮਿਸ਼ਰਾ ਜੋ ਕਿ ਮੇਰੇ ਕਹਿਣੇ ਤੋਂ ਬਾਹਰ ਹੈ । ਜਿਸ ਕਰਕੇ ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਜੋ ਕੋਈ ਵੀ ਇਸ ਦੇ ਨਾਲ ਕਿਸੇ ਤਰਾਂ ਦਾ ਲੈਣ ਦੇਣ ਕਰਦਾ ਹੈ , ਉਹ ਆਪਣੇ ਨਫ਼ੇ ਨੁਕਸਾਨ ਦਾ ਖੁਦ ਜਿੰਮੇਵਾਰ ਹੋਵੇਗਾ ।

### ਬੇਦਖਲੀ ਨੋਟਿਸ

ਮੈਂ, ਸੋਮ ਨਾਥ ਪੁੱਤਰ ਮੋਹਨ ਲਾਲ ਵਾਸੀ ਪਿੰਡ ਨਸੀਰਾਬਾਦ, ਤਹਿਸੀਲ ਫਗਵਾੜਾ, ਜ਼ਿਲ੍ਹਾ ਕਪੂਰਥਲਾ, ਪੰਜਾਬ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਗੁਰਪ੍ਰੀਤ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਤੇ ਮੇਰੇ ਪਰਿਵਾਰ ਦਾ ਇਸ ਨਾਲ ਕੋਈ ਤਲਕ ਵਾਸਤਾ ਨਹੀਂ ਰਿਹਾ। ਸੰਬੰਧਿਤ ਨੋਟ ਕਰਨ।

ਮੈਂ ਕਿਸ਼ਨਾ ਦੇਵੀ ਪਤਨੀ ਲੇਟ ਸੁਰਿੰਦਰ ਪਾਲ, ਵਾਸੀ ਮਕਾਨ ਨੰਬਰ 22 ਏ ,ਨਿਊ ਸ਼ਾਸਤਰੀ ਨਗਰ, ਜਿਲਾ ਜਲੰਧਰ ਇਹ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਹਰੀਸ਼ ਕੁਮਾਰ ਉਰਫ ਹੀਰਾ ਅਤੇ ਉਸ ਦੀ ਪਤਨੀ ਪੂਜਾ ਮੇਰੇ ਕਹਿਣੇ ਤੋਂ ਬਾਹਰ ਹਨ ।ਇਸ ਲਈ ਮੈਂ ਉਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ । ਸੰਬੰਧਿਤ ਨੋਟ ਕਰਨ।

ਮੈ ਮਨਜੀਤ ਸਿੰਘ ਪੁੱਤਰ ਜਗਜੀਤ ਸਿੰਘ ਵਾਸੀ ਪਿੰਡ ਜੈਤੇਵਾਲੀ ਤਹਿਸੀਲ ਵਾ ਜਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਮਨਦੀਪ ਸਿੰਘ ਅਤੇ ਉਸਦੀ ਪਤਨੀ ਸੰਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਉਹਨਾਂ ਨੂੰ ਆਪਣੀ ਚਲ ਅਚਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਹਨਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ, ਬਲਵਿੰਦਰ ਕੌਰ ਪਤਨੀ ਸਵਰਨ ਸਿੰਘ ਵਾਸੀ ਪਿੰਡ ਨਵਾਂ ਪਿੰਡ ਸਰਦਾਰਾਂ, ਟਿੱਬੜ, ਤਿੱਬੜ, ਗੁਰਦਾਸਪੁਰ ਪੰਜਾਬ-143521, ਮੇਰਾ ਪੁੱਤਰ ਮਨਦੀਪ ਸਿੰਘ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਦੀਪ ਸਿੰਘ ਪੁੱਤਰ ਓਮ ਪ੍ਰਕਾਸ਼ ਵਾਸੀ ਮਕਾਨ ਨੰ: 587, ਵਾਰਡ ਨੰ: 14, ਸੰਤ ਨਗਰ, ਗੁਰਦਾਸਪੁਰ, ਤਹਿਸੀਲ/ਜ਼ਿਲ੍ਹਾ ਗੁਰਦਾਸਪੁਰ-143521, ਮੇਰੀ ਲੜਕੀ ਸੁਪਿੰਦਰ ਕੌਰ, ਜੋ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੋਣ ਕਰਕੇ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਜੋ ਇਸ ਨਾਲ ਲੈਣ-ਦੇਣ ਕਰੇਗਾ, ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਗੁਰਬਚਨ ਕੌਰ ਪਤਨੀ ਸੋਹਣ ਸਿੰਘ ਵਾਸੀ ਲੋਹਾਰਕਾ ਕਲਾਂ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਕੁਲਦੀਪ ਸਿੰਘ ਅਤੇ ਨਿਰਮਲ ਸਿੰਘ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਸੰਤੋਖ ਸਿੰਘ ਪੁੱਤਰ ਧਰਮ ਸਿੰਘ ਵਾਸੀ ਪਿੰਡ ਚੁਚਕਵਾਲ, ਮੁਧ ਖੋਖਰ, ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸਰੂਪ ਸਿੰਘ ਅਤੇ ਉਸ ਦੀ ਪਤਨੀ ਸ਼ਰਨਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਮੇਰੇ ਨਾਲ ਲੜਾਈ-ਝਗੜਾ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਭਗਵਾਨ ਸਿੰਘ ਪੁੱਤਰ ਸ੍ਰੀ ਨਿਹਾਲ ਸਿੰਘ ਵਾਸੀ ਪਿੰਡ ਵੱਲੇ ਸ਼ਾਹ ਹਿਠਾੜ (ਗੁਲਾਬਾ ਭੈਣੀ) ਤਹਿਸੀਲ ਵਾ ਜ਼ਿਲਾ ਫਾਜ਼ਿਲਕਾ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਰਵੀ ਸਿੰਘ(23) ਜੋ ਮੇਰੇ ਕਹਿਣੇ ਕੱਥਨੇ ਤੋਂ ਬਾਹਰ ਹੈ ਅਤੇ ਆਪਣੀ ਮਨ ਮਰਜੀ ਕਰਦਾ ਹੈ। ਮੈਂ ਉਸਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਮੇਰੀ ਸਾਰੀ ਜਾਇਦਾਦ, ਬੈਂਕ ਖਾਤਿਆਂ, ਬੀਮਿਆਂ ਦੀਆ ਪਾਲਿਸੀਆ ਅਤੇ ਹੋਰ ਵੀ ਮੇਰੀ ਜਾਇਦਾਦ ਦੇ ਲਾਭ ਨਾਲ ਰਵੀ ਸਿੰਘ ਦਾ ਕੋਈ ਹੱਕ ਹਕੂਕ ਅਤੇ ਤਾਲੂਕ ਵਾਸਤਾ ਨਾ ਹੋਵੇਗਾ। ਉਹ ਆਪਣਾ ਜਾਂ ਕਿਸੇ ਹੋਰ ਦਾ ਬੁਰਾ ਭਲਾ ਕਰਦਾ ਹੈ ਤਾਂ ਖੁਦ ਜ਼ਿੰਮੇਵਾਰ ਹੋਵੇਗਾ। ਅੱਜ ਤੋਂ ਬਾਅਦ ਉਸ ਨਾਲ ਕਿਸੇ ਵੀ ਤਰਾਂ ਦੀ ਕੋਈ ਲੈਣਦਾਰੀ ਜਾਂ ਦੇਣਦਾਰੀ ਕਰਨ ਵਾਲੇ ਖੁੱਦ ਜ਼ਿੰਮੇਵਾਰ ਹੋਣਗੇ।

ਮੈਂ ਦਰਸ਼ਨ ਕੌਰ ਪਤਨੀ ਅਜੀਤ ਸਿੰਘ ਵਾਸੀ ਪਿੰਡ ਬਨਵਾਲੀਪੁਰ, ਡਾਕ. ਕਾਲਾ ਸੰਘਿਆਂ, ਤਹਿ. ਵਾ ਜ਼ਿਲ੍ਹਾ ਕਪੂਰਥਲਾ ਆਪਣੀ ਨੂੰਹ ਮਨਜੀਤ ਕੌਰ ਪਤਨੀ ਲੇਟ ਅਮਰੀਕ ਸਿੰਘ, ਪੋਤਾ ਗੁਰਜੋਤ ਸਿੰਘ ਅਤੇ ਪੋਤੀ ਅਰਮਨਜੋਤ ਕੌਰ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ, ਰਮਨ ਕੁਮਾਰ ਪੁੱਤਰ ਸੁੰਦਰ ਦਾਸ ਵਾਸੀ ਮਕਾਨ ਨੰ: 1716, ਗਲੀ ਕ੍ਰਿਸ਼ਨਾ, ਚੌਕ ਜੈ ਸਿੰਘ, ਅੰਮ੍ਰਿਤਸਰ ਹਾਲ ਵਾਸੀ ਫਕੀਰ ਸਿੰਘ ਕਾਲੋਨੀ, ਅੰਨਗੜ੍ਹ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਵਿਕਰਮ ਕਨੋਜੀਆ ਮੇਰੇ ਕਹਿਣੇ ਤੋਂ ਬਾਹਰ ਹੈ । ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਸਤਵੰਤ ਕੌਰ ਪਤਨੀ ਗੁਰਦੀਪ ਸਿੰਘ ਵਾਸੀ ਮਕਾਨ ਨੰ: 1146, ਗਲੀ ਗੰਡਾ ਵਾਲੀ, ਨਮਕ ਮੰਡੀ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਪਤੀ ਗੁਰਦੀਪ ਸਿੰਘ, ਜੋ ਮੇਰੇ ਅਤੇ ਮੇਰੀਆਂ ਲੜਕੀਆਂ ਪ੍ਰਿੰਸ ਅਤੇ ਅਰਸ਼ਦੀਪ ਸਿੰਘ ਨਾਲ ਲੜਾਈ-ਝਗੜਾ ਅਤੇ ਗਾਲੀ-ਗਲੋਚ ਕਰਦਾ ਹੈ। ਇਸ ਲਈ ਮੈਂ ਤੰਗ ਆ ਕੇ ਗੁਰਦੀਪ ਸਿੰਘ ਨੂੰ ਆਪਣੇ ਰਿਸ਼ਤੇ ਤੋਂ ਬੇਦਖਲ ਕਰਦੀ ਹਾਂ। ਹੁਣ ਮੇਰੇ ਅਤੇ ਮੇਰੇ ਲੜਕਿਆਂ ਦਾ ਗੁਰਦੀਪ ਸਿੰਘ ਨਾਲ ਕੋਈ ਲੈਣ-ਦੇਣ ਨਹੀਂ ਹੋਵੇਗਾ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਅਸੀਂ, ਕੇਵਲ ਸਿੰਘ ਪੁੱਤਰ ਦਰਬਾਰਾ ਸਿੰਘ ਅਤੇ ਪਰਮਜੀਤ ਕੌਰ ਪਤਨੀ ਕੇਵਲ ਸਿੰਘ ਵਾਸੀ ਪਿੰਡ ਵਰਪਾਲ ਕਲਾਂ, ਤਹਿਸੀਲ ਅਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਹਰਪ੍ਰੀਤ ਸਿੰਘ ਉਰਫ ਹੈਪੀ ਸਾਡੇ ਕਹਿਣੇ ਤੋਂ ਬਾਹਰ ਹੈ ਤੇ ਸਾਡੀ ਕੋਈ ਗੱਲ ਨਹੀਂ ਮੰਨਦਾ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ, ਕੇਵਲ ਸਿੰਘ ਪੁੱਤਰ ਦਲਵਾਰਾ ਸਿੰਘ ਵਾਸੀ ਪਿੰਡ ਮਾਛੀਕੇ, ਤਹਿਸੀਲ ਨਿਹਾਲ ਸਿੰਘ ਵਾਲਾ, ਜ਼ਿਲ੍ਹਾ ਮੋਗਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਬਲਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿੱਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

### Certificate Lost

I, Harkaran Singh S/O Surjit Singh R/O Village Algon Kalan District Tarn Taran, Punjab hereby declare that my Educational Qualification 10th class certificate has lost somewhere since 10.11.2023.

# 'ਆਪ' ਸਰਕਾਰ ਕਰ ਰਹੀ ਬਾਬਾ ਸਾਹਿਬ ਦੇ ਸੁਪਨੇ ਸਾਕਾਰ : ਹਰਜੋਤ ਸਿੰਘ ਬੈਂਸ



ਮੋਹਾਲੀ, (ਗੁਰਜੀਤ ਬਿੱਲਾ)

ਪੰਜਾਬ ਦੇ ਸਿੱਖਿਆ ਅਤੇ ਸੂਚਨਾ ਤੇ ਲੋਕ ਸੰਪਰਕ ਮੰਤਰੀ, ਹਰਜੋਤ ਸਿੰਘ ਬੈਂਸ ਨੇ ਅੱਜ ਇੱਥੇ ਕਿਹਾ ਕਿ ਕੈਬਨਿਟ ਵਿੱਚ ਪਹਿਲੀ ਵਾਰ 6 ਐਸ.ਸੀ. ਮੰਤਰੀਆਂ ਦੀ ਸ਼ਮੂਲੀਅਤ, ਏ.ਜੀ. (ਐਡਵੋਕੇਟ ਜਨਰਲ) ਦਫ਼ਤਰ ਵਿੱਚ ਪਹਿਲੀ ਵਾਰ ਰਾਖਵਾਂਕਰਨ ਲਾਗੂ ਕਰਕੇ ਅਤੇ ਐਸ.ਸੀ. ਸਕਾਲਰਸ਼ਿਪ ਦੀ ਮੁਕੰਮਲ ਰਹਿਤ ਵੰਡ ਦੇ ਨਾਲ, ਆਪ ਸਰਕਾਰ ਪੰਜਾਬ ਵਿੱਚ ਬਾਬਾ ਸਾਹਿਬ, ਡਾ. ਬੀ. ਆਰ. ਅੰਬੇਡਕਰ ਦੇ ਸੁਪਨੇ ਨੂੰ ਸਾਕਾਰ ਕਰ ਰਹੀ ਹੈ।ਜ਼ਿਲ੍ਹਾ ਪ੍ਰਸ਼ਾਸਨ ਮੋਹਾਲੀ ਵੱਲੋਂ ਰਿਆਤ ਬਾਹਰਾ ਯੂਨੀਵਰਸਿਟੀ (ਆਰ.ਬੀ.ਯੂ.) ਖਰੜ ਵਿਖੇ ਆਯੋਜਿਤ ਡਾ. ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਵਸ ਤੇ ਆਯੋਜਿਤ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਸੰਸਦ ਮੈਂਬਰ ਮਾਲਵਿੰਦਰ ਸਿੰਘ ਕੰਗ ਦੇ ਨਾਲ, ਸ਼ਰਧਾ ਦੇ ਫੁੱਲ ਭੇਟ ਕਰਦੇ ਹੋਏ, ਉਨ੍ਹਾਂ ਨੇ ਡਾ. ਭੀਮ ਰਾਓ ਰਾਮਜੀ ਅੰਬੇਡਕਰ ਦੁਆਰਾ ਕੀਤੀਆਂ ਗਈਆਂ ਨਿਰਸਵਾਰਥ ਸੇਵਾਵਾਂ ਨੂੰ ਯਾਦ ਕੀਤਾ।

ਸਿੱਖਿਆ ਮੰਤਰੀ ਬੈਂਸ ਨੇ ਸੰਵਿਧਾਨ ਦੀ ਪਵਿੱਤਰ ਕਿਤਾਬ ਵਿੱਚ ਦੱਬੇ-ਕੁਚਲੇ ਵਰਗਾਂ ਦੇ ਹਿੱਤਾਂ ਦੀ ਰਾਖੀ ਦਾ ਕਾਨੂੰਨੀ ਉਪਬੰਧ ਕਰਨ ਕਰਕੇ ਡਾਕਟਰ ਅੰਬੇਡਕਰ ਨੂੰ ਮਸੀਹਾ ਦੱਸਿਆ। ਉਨ੍ਹਾਂ ਕਿਹਾ ਕਿ ਸਿੱਖਿਆ ਸਾਰੇ ਭੇਦਭਾਵ ਅਤੇ ਅਸਮਾਨਤਾਵਾਂ ਨੂੰ ਖ਼ਤਮ ਕਰਨ ਦੀ ਕੁੰਜੀ ਹੈ ਅਤੇ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਪੜ੍ਹ ਰਹੇ ਗਰੀਬ ਪਰਿਵਾਰਾਂ ਦੇ ਬੱਚਿਆਂ ਨੂੰ ਬੁਨਿਆਦੀ ਢਾਂਚੇ ਅਤੇ ਸਿੱਖਿਆ ਦੇ ਪੱਧਰ ਨੂੰ ਨਿੱਜੀ ਸਕੂਲਾਂ ਦੇ ਬਰਾਬਰ ਅਪਗ੍ਰੇਡ ਕਰਕੇ ਮਿਆਰੀ ਸਿੱਖਿਆ ਪ੍ਰਦਾਨ ਕਰਨ ਦੀ ਦਿਸ਼ਾ ਵਿੱਚ ਤੁਰ ਰਹੀ ਹੈ।ਉਨ੍ਹਾਂ ਕਿਹਾ ਕਿ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੇਸ਼ ਭਰ ਵਿੱਚ ਪਹਿਲੀ ਸਰਕਾਰ ਹੈ ਜਿਸਨੇ ਸਾਰੇ ਸਰਕਾਰੀ ਦਫ਼ਤਰਾਂ ਵਿੱਚ ਡਾ. ਭੀਮ ਰਾਓ ਅੰਬੇਡਕਰ ਅਤੇ ਸ਼ਹੀਦ ਏ ਆਜ਼ਮ ਭਗਤ ਸਿੰਘ ਦੀਆਂ ਤਸਵੀਰਾਂ ਨੂੰ ਪ੍ਰੇਰਕਾਂ ਅਤੇ ਆਦਰਸ਼ ਵਜੋਂ ਲਗਾਇਆ ਹੈ।ਸ੍ਰੀ ਆਨੰਦਪੁਰ ਸਾਹਿਬ ਤੋਂ ਸੰਸਦ ਮੈਂਬਰ, ਮਾਲਵਿੰਦਰ ਸਿੰਘ ਕੰਗ ਨੇ ਕਿਹਾ ਕਿ ਸਾਨੂੰ ਅਜਿਹੀ ਮਹਾਨ ਅਤੇ ਦੂਰਦਰਸ਼ੀ ਸ਼ਖਸੀਅਤ ਨੂੰ ਇੱਕ ਵਿਸ਼ੇਸ਼ ਵਰਗ ਤੱਕ ਸੀਮਤ ਨਹੀਂ ਰੱਖਣਾ ਚਾਹੀਦਾ। ਆਪਣੇ ਰਾਸ਼ਟਰ ਲਈ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਨੂੰ ਯਾਦ ਕਰਦੇ ਹੋਏ, ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਦੁਆਰਾ ਬਣਾਇਆ ਗਿਆ ਸੰਵਿਧਾਨ ਸਾਰੇ ਵਰਗਾਂ ਨੂੰ ਬਰਾਬਰ ਸੁਰੱਖਿਆ ਪ੍ਰਦਾਨ ਕਰਦਾ ਹੈ। ਉਨ੍ਹਾਂ ਨੌਜਵਾਨਾਂ ਨੂੰ ਇੱਕ ਸਿਹਤਮੰਦ ਸਮਾਜ ਅਤੇ ਰਾਸ਼ਟਰ ਦੇ ਨਿਰਮਾਣ ਲਈ ਉਨ੍ਹਾਂ ਦੀਆਂ ਸਿੱਖਿਆਵਾਂ ਨੂੰ ਗ੍ਰਹਿਣ ਕਰਨ ਲਈ ਉਨ੍ਹਾਂ (ਡਾ. ਬੀ. ਆਰ. ਅੰਬੇਡਕਰ) ਦੇ ਸਾਹਿਤ ਨੂੰ ਪੜ੍ਹਨ ਲਈ ਪ੍ਰੇਰਿਤ ਕੀਤਾ।

# ਐੱਨ ਸੀ ਪੀ ਦੇ ਸੂਬਾ ਮੀਤ ਪ੍ਰਧਾਨ ਰਾਜ ਕੁਮਾਰ ਸਾਥੀਆਂ ਸਮੇਤ ਆਪ 'ਚ ਸ਼ਾਮਲ



ਫਗਵਾੜਾ (ਡਾ. ਰਮਨ, ਢੰਡਾ)

ਆਮ ਆਦਮੀ ਪਾਰਟੀ ਨੂੰ ਫਗਵਾੜਾ ਹਲਕੇ 'ਚ ਉਸ ਸਮੇਂ ਭਾਰੀ ਮਜ਼ਬੂਤੀ ਮਿਲੀ ਜਦੋਂ ਰਾਸ਼ਟਰਵਾਦੀ ਕਾਂਗਰਸ ਪਾਰਟੀ (ਐਨ.ਸੀ.ਪੀ.) ਦੇ ਸੂਬਾ ਮੀਤ ਪ੍ਰਧਾਨ ਰਾਜਕੁਮਾਰ ਨੇ ਮੁੱਖ ਮੰਤਰੀ ਭਗਵੰਤ ਮਾਨ ਅਤੇ ਪੰਜਾਬ ਸਰਕਾਰ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਸਾਥੀਆਂ ਸਮੇਤ ਆਪ ਪਾਰਟੀ ਵਿਚ ਸ਼ਾਮਲ ਹੋਣ ਦਾ ਐਲਾਨ ਕਰ ਦਿੱਤਾ। ਉਹਨਾਂ ਦਾ ਸਵਾਗਤ ਆਪ ਪਾਰਟੀ ਦੇ ਮੈਂਬਰ ਪਾਰਲੀਮੈਂਟ ਡਾ. ਰਾਜਕੁਮਾਰ ਚੱਬੇਵਾਲ, ਸੂਬਾ ਸਪੋਕਸਪਰਸਨ ਹਰਨੂਰ ਸਿੰਘ ਹਰਜੀ ਮਾਨ, ਜਿਲ੍ਹਾ ਯੋਜਨਾ ਬੋਰਡ ਦੀ ਚੇਅਰਪਰਸਨ ਲਲਿਤ ਸਕਲਾਨੀ ਅਤੇ ਸੀਨੀਅਰ ਆਗੂ ਦਲਜੀਤ ਸਿੰਘ ਰਾਜੂ ਦਰਵੇਸ਼ ਪਿੰਡ ਵਲੋਂ ਫਗਵਾੜਾ ਮੇਹਲੀ ਗੇਟ ਵਰਿੰਦਰ ਪਾਰਕ ਸਥਿਤ ਪਾਰਟੀ ਦਫਤਰ ਵਿਖੇ ਕੀਤਾ ਗਿਆ। ਡਾ. ਚੱਬੇਵਾਲ ਨੇ ਆਪ ਵਿਚ ਸ਼ਾਮਲ ਹੋਏ ਸਮੂਹ ਨਵੇਂ ਮੈਂਬਰਾਂ ਨੂੰ ਭਰੋਸਾ ਦਿੱਤਾ ਕਿ ਆਪ ਪਾਰਟੀ ਵਿਚ ਉਹਨਾਂ ਨੂੰ ਪੂਰਾ ਮਾਣ ਸਤਿਕਾਰ ਮਿਲੇਗਾ। ਆਪ ਵਿਚ ਸ਼ਾਮਲ ਹੋਣ ਸਮੇਂ ਰਾਜਕੁਮਾਰ ਅਤੇ ਉਹਨਾਂ ਦੇ ਸਮੂਹ ਸਾਥੀਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਦੀ ਕਾਰਗੁਜਾਰੀ ਬਹੁਤ ਵਧੀਆ ਰਹੀ ਹੈ। ਤਿੰਨ ਸਾਲ ਵਿਚ ਸੂਬੇ ਦੇ ਜੋ ਵਿਕਾਸ ਕਾਰਜ ਹੋਏ ਹਨ, ਉਹ ਆਪਣੇ ਆਪ ਵਿਚ ਇਕ ਮਿਸਾਲ ਹਨ। ਉਹਨਾਂ ਖਾਸ ਤੌਰ 'ਤੇ ਫ੍ਰੀ ਬਿਜਲੀ ਦੀ ਸਹੂਲਤ ਦਾ ਜਿਕਰ ਕੀਤਾ ਅਤੇ ਕਿਹਾ ਕਿ ਆਪ ਪਾਰਟੀ ਵਲੋਂ ਸੂਬੇ ਦੇ ਲੋਕਾਂ ਨੂੰ ਇਹ ਬਹੁਤ ਵੱਡੀ ਰਾਹਤ ਦਿੱਤੀ ਗਈ ਹੈ। ਸੂਬਾ ਸਰਕਾਰ ਦੀਆਂ ਇਹਨਾਂ ਲੋਕ ਭਲਾਈ ਨੀਤੀਆਂ ਨੇ ਉਹਨਾਂ ਨੂੰ ਬਹੁਤ ਪ੍ਰਭਾਵਿਤ ਕੀਤਾ ਹੈ ਅਤੇ ਹੁਣ ਉਹ ਹਮੇਸ਼ਾ ਆਪ ਪਾਰਟੀ ਦੇ ਵਫਾਦਾਰ ਵਰਕਰਾਂ ਵਜੋਂ ਪਾਰਟੀ ਦੀ ਮਜ਼ਬੂਤੀ ਲਈ ਕੰਮ ਕਰਨਗੇ। ਇਸ ਤੋਂ ਪਹਿਲਾਂ ਆਪ ਪਾਰਟੀ ਦੇ ਦਫਤਰ ਇੰਚਾਰਜ ਅਤੇ ਸਟੂਡੈਂਟ ਵਿੰਗ ਦੇ ਪ੍ਰਧਾਨ ਦੀਪਕ ਕਪਤਾਨ ਦੀ ਅਗਵਾਈ ਹੇਠ ਸਮੂਹ ਪਾਰਟੀ ਵਰਕਰਾਂ ਵਲੋਂ ਸੀਨੀਅਰ ਆਗੂਆਂ ਦਾ ਦਫਤਰ ਵਿਖੇ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਮੇਅਰ ਰਾਮ ਪਾਲ ਉੱਪਲ, ਸਰਬਜੀਤ ਕੌਰ, ਬਲਜਿੰਦਰ ਕੁਮਾਰ ਤੋਂ ਇਲਾਵਾ ਆਪ ਪਾਰਟੀ ਦੇ ਵਰਕਰ ਅਤੇ ਸਮਰਥਕ ਹਾਜਰ ਸਨ।

## ਐੱਸ ਡੀ ਕਾਲਜ ਵੱਲੋਂ ਮੈਂਟਲ ਹੈਲਥ ਅਵੇਅਰਨੈੱਸ ਸੰਬੰਧੀ ਜਾਗਰੂਕਤਾ ਰੈਲੀ



ਸੁਲਤਾਨਪੁਰ ਲੋਧੀ, (ਹਲੀ)- ਐਸ ਡੀ ਕਾਲਜ ਫਾਰ ਵੂਮੈਨ ਸੁਲਤਾਨਪੁਰ ਲੋਧੀ ਵਿਖੇ ਡਾਇਰੈਕਟਰ ਆਫ ਹੈਲਥ ਐਂਡ ਵੈਲਫੇਅਰ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਕਾਮਰਸ ਵਿਭਾਗ ਅਤੇ ਐਨ ਐਸ ਐਸ ਵਿਭਾਗ ਵੱਲੋਂ ਪ੍ਰਿੰਸੀਪਲ ਡਾ. ਵੰਦਨਾ ਸ਼ੁਕਲਾ ਦੀ ਅਗਵਾਈ ਵਿੱਚ ਮੈਂਟਲ ਹੈਲਥ ਅਵੇਅਰਨੈਸ 'ਤੇ ਰੈਲੀ ਕੱਢੀ ਗਈ, ਜਿਸ ਵਿੱਚ ਵਿਦਿਆਰਥਣਾਂ ਦੁਆਰਾ ਬਣਾਏ ਗਏ ਸਲੋਗਨਾਂ ਰਾਹੀਂ ਇਹ ਦਰਸਾਇਆ ਗਿਆ ਕਿ ਇੱਕ ਚੰਗੀ ਸਿਹਤ ਖੁਸ਼ ਅਤੇ ਕਾਮਯਾਬ ਜ਼ਿੰਦਗੀ ਦੀ ਕੁੰਜੀ ਹੈ।ਕਾਮਰਸ ਵਿਭਾਗ ਦੇ ਮੈਡਮ ਖ਼ੁਸ਼ਬੂ ਕੁਮਾਰੀ ਨੇ ਦੱਸਿਆ ਕਿ ਸਕਾਰਾਤਮਕ ਸੋਚ ਹੀ ਜ਼ਿੰਦਗੀ ਨੂੰ ਖ਼ੁਸ਼ਹਾਲ ਬਣਾਉਂਦੀ ਹੈ ਤੇ ਇਸ ਨਾਲ ਵੱਡੀ ਤੋਂ ਵੱਡੀ ਮੁਸ਼ਕਲ ਵਿੱਚੋਂ ਬਾਹਰ ਨਿਕਲਿਆ ਜਾ ਸਕਦਾ ਹੈ। ਚੰਗੀ ਸਿਹਤ ਖ਼ੁਸ਼ਹਾਲ ਜੀਵਨ ਦਾ ਆਧਾਰ ਹੈ।ਇਸ ਰੈਲੀ ਵਿਚ ਸਟਾਫ ਮੈਂਬਰ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥਣਾਂ ਹਾਜ਼ਰ ਸਨ।

## ਡੀ ਏ ਵੀ ਸਕੂਲ ਫਿਲੌਰ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਫਿਲੌਰ (ਬੀ ਐਸ ਕੈਂਥ)- ਸਥਾਨਕ ਡੀ ਆਰ ਵੀ ਡੀ ਏ ਵੀ ਸੈਂਟਨਰੀ ਪਬਲਿਕ ਸਕੂਲ ਫਿਲੌਰ ਵਿਖੇ ਵਿਸਾਖੀ ਦਾ ਤਿਉਹਾਰ ਬੜੇ ਉਤਸ਼ਾਹ ਅਤੇ ਧਾਰਮਿਕ ਸਨਮਾਨ ਨਾਲ ਮਨਾਇਆ ਗਿਆ।ਇਹ ਤਿਉਹਾਰ ਧਾਰਮਿਕ, ਇਤਿਹਾਸਕ ਅਤੇ ਸੱਭਿਆਚਾਰਕ ਸਾਂਝੀਵਾਲਤਾ ਅਤੇ ਸਾਡੇ ਰੀਤੀ-ਰਿਵਾਜਾਂ ਅਤੇ ਵਿਰਸੇ ਨੂੰ ਸੰਜੋਣ ਵਾਲਾ ਤਿਉਹਾਰ ਹੈ ਜੋ ਸਭਿਆਚਾਰਕ ਸਾਂਝੀਵਾਲਤਾ, ਖਾਲਸਾ ਪੰਥ ਦੀ ਸਥਾਪਨਾ, ਜਲ੍ਹਿਆਂਵਾਲੇ ਬਾਗ ਦੇ ਸ਼ਹੀਦੀ ਸਾਕੇ ਦੀ ਯਾਦ ਨੂੰ ਸਮਰਪਿਤ ਹੈ। ਇਸ ਮੌਕੇ ਸਕੂਲ ਵਿੱਚ ਵੱਖ-ਵੱਖ ਗਤੀਵਿਧੀਆਂ ਕਰਵਾਈਆਂ ਗਈਆਂ।ਵਿਦਿਆਰਥੀਆਂ ਨੇ ਭੰਗੜਾ, ਗਿੱਧਾ, ਲੋਕ ਗੀਤ, ਸੰਮੀ, ਜਾਗੋ ਅਤੇ ਝੂੰਮਰ ਆਦਿ ਪਰੰਪਰਾਗਤ ਲੋਕ ਨਾਚਾਂ ਰਾਹੀਂ ਪੰਜਾਬੀ ਸਭਿਆਚਾਰ ਦੀ ਝਲਕ ਪੇਸ਼ ਕੀਤੀ। ਇਹਨਾਂ ਤੋਂ ਇਲਾਵਾ ਨੰਨੇ -ਮੁੰਨੇ ਬੱਚਿਆਂ ਨੇ ਜਮਾਤਾਂ ਵਿੱਚ ਵਿਸਾਖੀ ਸੰਬੰਧੀ ਤਿਆਰ ਸ਼ੀਟਾਂ 'ਤੇ ਰੰਗ ਭਰ ਕੇ ਕੁਦਰਤ ਦੀ ਕਲਾ ਨੂੰ ਚਾਰ ਚੰਨ ਲਾ ਦਿੱਤੇ।ਸਕੂਲ ਦੇ ਪ੍ਰਿੰਸੀਪਲ ਸਾਹਿਬ ਡਾ. ਯੋਗੇਸ਼ ਗੰਭੀਰ ਨੇ ਇਸ ਮੌਕੇ ਆਪਣੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਨੇ ਸਾਰੇ ਬੱਚਿਆਂ ਅਤੇ ਅਧਿਆਪਕਾਂ ਦੀ ਉਤਸਾਹਪੂਰਕ ਭੂਮਿਕਾ ਦੀ ਸਾਰਥਕ ਤਰੀਕੇ ਨਾਲ ਪ੍ਰਸ਼ੰਸਾ ਕੀਤੀ ਤੇ ਵਿਦਿਆਰਥੀਆਂ ਨੂੰ ਆਪਣੇ ਅਮੀਰ ਵਿਰਸੇ 'ਤੇ ਮਾਣ ਕਰਨ ਦੀ ਪ੍ਰੇਰਣਾ ਦਿੱਤੀ।

# ਮਿਸਤਰੀਆਂ, ਮਜ਼ਦੂਰਾਂ ਨੇ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਵਸ ਮਨਾਇਆ



ਸ੍ਰੀ ਚਮਕੌਰ ਸਾਹਿਬ, (ਗੁਰਵਿੰਦਰਪਾਲ ਸਿੰਘ ਬੌਬੀ)

ਮਿਸਤਰੀਆਂ, ਮਜ਼ਦੂਰਾਂ ਦੀ ਜਥੇਬੰਦੀ ਸ੍ਰੀ ਵਿਸ਼ਵਕਰਮਾ ਬਿਲਡਿੰਗ ਉਸਾਰੀ ਕਿਰਤੀ ਕਾਮਾ ਯੂਨੀਅਨ ਵੱਲੋਂ ਲੇਬਰ ਚੌਂਕ ਵਿਖੇ ਪ੍ਰਧਾਨ ਬਲਵਿੰਦਰ ਸਿੰਘ ਭੈਰੋਮਾਜਰਾ, ਕਿਰਤੀ ਕਿਸਾਨ ਮੋਰਚੇ ਦੇ ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਦੀ ਪ੍ਰਧਾਨਗੀ ਹੇਠ ਸੰਵਿਧਾਨ ਦੇ ਨਿਰਮਾਤਾ ਡਾ ਭੀਮ ਰਾਓ ਅੰਬੇਦਕਰ ਦਾ ਜਨਮ ਦਿਹਾੜਾ ਮਨਾਇਆ।ਜਨਰਲ ਸਕੱਤਰ ਮਿਸਤਰੀ ਮਨਮੋਹਨ ਸਿੰਘ ਨੇ ਦੱਸਿਆ ਕਿ ਮਜ਼ਦੂਰਾਂ, ਮਿਸਤਰੀਆਂ ਦੇ ਇਕੱਠ ਨੂੰ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਸੀਮੂਰ, ਸਲਾਹਕਾਰ ਮਲਾਗਰ ਸਿੰਘ ਅਤੇ ਸਤਵਿੰਦਰ ਸਿੰਘ ਨੀਟਾ ਨੇ ਕਿਹਾ ਕਿ ਜਦੋਂ ਡਾ ਅੰਬੇਡਕਰ ਦਾ ਜਨਮ ਹੋਇਆ ਉਸ ਸਮੇਂ ਭਾਰਤ ਜਗੀਰੂ ਵਿਚਾਰਧਾਰਾ ਵਿੱਚ ਜਕੜਿਆ ਛੂਤ ਛਾਤ ਜਾਤੀਵਾਦ ਪ੍ਰਥਾ ਅਧਾਰਤ ਜਮਾਤੀ ਸਮਾਜ ਵਿੱਚ ਵੰਡਿਆ ਹੋਇਆ ਸੀ। ਡਾ ਸਾਹਿਬ ਨੇ ਛੂਤ ਛਾਤ ਜਾਤੀਵਾਦ ਦਾ ਜਬਰ ਆਪਣੇ ਪਿੰਡੇ 'ਤੇ ਹੰਢਾਉਂਦੇ ਆਪਣੀ ਪੜ੍ਹਾਈ ਮੁਕੰਮਲ ਕੀਤੀ ਅਤੇ ਸੰਨ 1927 ਵਿੱਚ ਉਨ੍ਹਾਂ ਛੂਤ ਛਾਤ, ਜਾਤੀਵਾਦ ਦੇ ਖਿਲਾਫ ਆਪਣਾ ਸੰਘਰਸ਼ ਤੇਜ਼ ਕਰ ਦਿੱਤਾ ਅਤੇ ਮਹਾਰਾਸ਼ਟਰ ਵਿੱਚ ਰਾਏਗੜ੍ਹ ਦੇ ਮਹਾਡ ਵਿੱਚ ਉਨ੍ਹਾਂ ਨੇ ਮਨੂ ਸਿਮਰਤੀ ਦੀ ਪੁਰਾਣੀ ਕਾਪੀ ਫੂਕ ਕੇ ਇਸ ਵਿਰੁੱਧ ਸੰਘਰਸ਼ ਜਾਰੀ ਰੱਖਣ ਦਾ ਸੱਦਾ ਦਿੱਤਾ। ਉਹ ਦੇਸ਼ ਦੇ ਪਹਿਲੇ ਲੇਬਰ ਮੰਤਰੀ ਬਣੇ, ਉਨ੍ਹਾਂ ਦਲਿਤਾਂ ਲਈ ਨੌਕਰੀਆਂ, ਜਮੀਨਾਂ ਦੇ ਅਧਿਕਾਰ ਸਮੇਤ ਬਹੁਤ ਸਾਰੇ ਕਾਨੂੰਨੀ ਉਪਰਾਲੇ ਕੀਤੇ ਪ੍ਰੰਤੂ ਇਨ੍ਹਾਂ ਅਧਿਕਾਰਾਂ ਨੂੰ ਜਥੇਬੰਦ ਹੋਣ ਉਪਰੰਤ ਹੀ ਲਾਗੂ ਕਰਾਇਆ ਜਾ ਸਕਦਾ ਹੈ। ਇਸ ਉਪਰੰਤ ਜਥੇਬੰਦੀ ਵੱਲੋਂ ਸਮੁੱਚੇ ਮਜ਼ਦੂਰਾਂ ਨੂੰ ਲੱਡੂ ਵੰਡੇ ਗਏ। ਇਸ ਮੌਕੇ ਪੀਐਸਯੂ ਦੇ ਆਗੂ ਰਾਣਾ ਪ੍ਰਤਾਪ ਸਿੰਘ, ਸੁਰਿੰਦਰ ਸਿੰਘ, ਰਮੇਸ਼ ਕੁਮਾਰ, ਮੋਹਣ ਸਿੰਘ, ਕਮਲਜੀਤ ਸਿੰਘ, ਬਹਾਦਰ ਸਿੰਘ, ਜਗਮੀਤ ਸਿੰਘ , ਗੁਲਾਬ ਚੰਦ, ਗੁਰਮੇਲ ਸਿੰਘ, ਰਵਿੰਦਰ ਸਿੰਘ ਰਾਜੂ ਅਤੇ ਦਲਵੀਰ ਸਿੰਘ ਜਟਾਣਾ ਆਦਿ ਹਾਜ਼ਰ ਸਨ।

# ਲੁਟੇਰੇ ਤੇ ਨਸ਼ਾ ਤਸਕਰ ਕਾਬੂ

ਗੁਰਾਇਆ (ਬਿੰਦਰ ਸੁਮਨ)- ਯੁੱਧ ਨਸ਼ਿਆ ਵਿਰੁੱਧ ਮੁਹਿਮ ਤਹਿਤ ਸਥਾਨਕ ਪੁਲਸ ਨੇ ਇੱਕ ਔਰਤ ਨੂੰ ਹੈਰੋਇਨ ਸਣੇ ਕਾਬੂ ਕੀਤਾ ਹੈ। ਐਸ ਐਚ ਉ ਸਿੰਕਦਰ ਸਿੰਘ ਨੇ ਦੱਸਿਆ ਕਿ ਚੌਕੀ ਧੁਲੇਤਾ ਦੇ ਇੰਚਾਰਜ ਏ ਐਸ ਆਈ ਸ਼ੁਭਾਸ ਕੁਮਾਰ ਨੇ ਗਸ਼ਤ ਦੌਰਾਨ ਇੱਕ ਔਰਤ ਨੂੰ 6 ਗ੍ਰਾਮ ਤੋਂ ਉਪਰ ਹੈਰੋਇਨ ਸਣੇ ਕਾਬੂ ਕੀਤਾ ਹੈ, ਜਿਸ ਦੀ ਪਹਿਚਾਣ ਨਿਰਮਲ ਕੌਰ ਉਰਫ ਨਿੰਮੋ ਪਤਨੀ ਭਿੰਦਾ ਵਾਸੀ ਪਿੰਡ ਧੁਲੇਤਾ ਵਜੋਂ ਹੋਈ ਹੈ, ਜਿਸ 'ਤੇ ਪਹਿਲਾਂ ਐਨ ਡੀ ਪੀ ਐਸ ਐਕਟ ਦੇ 8 ਮਾਮਲੇ ਦਰਜ ਹਨ। ਇਸ ਤਰ੍ਹਾਂ ਚੌਕੀ ਰੁੜਕਾ ਕਲਾਂ ਦੇ ਇੰਚਾਰਜ ਅਮਨਦੀਪ ਸਿੰਘ ਨੇ ਨਾਕਾਬੰਦੀ ਦੌਰਾਨ ਬੀਤਾ ਮਹੇ ਪੁੱਤਰ ਹਰਮੇਸ਼ ਲਾਲ ਅਤੇ ਰਵਿੰਦਰ ਸਿੰਘ ਉਰਫ ਬਿੱਲਾ ਪੁੱਤਰ ਕੇਵਲ ਸਿੰਘ ਵਾਸੀ ਕਾਹਨਾ ਢੇਸੀਆਂ ਨੂੰ ਕਾਬੂ ਕਰਕੇ ਇਹਨਾਂ ਪਾਸੋ ਇੱਕ ਮੋਟਰਸਾਈਕਲ ਅਤੇ ਇਕ ਦਾਤਰ ਅਤੇ ਪੰਜ ਮੋਬਾਇਲ ਫੋਨ ਬ੍ਰਾਮਦ ਕੀਤੇ। ਐਸ ਐਚ ਉ ਸਿੰਕਦਰ ਸਿੰਘ ਨੇ ਦੱਸਿਆ ਕਿ ਇਹ ਲੁਟੇਰੇ ਰਾਤ ਅਤੇ ਦਿਨ ਸਮੇਂ ਹਥਿਆਰ ਦਿਖਾ ਕੇ ਲੁੱਟਾਂ ਖੋਹਾਂ ਕਰਦੇ ਸਨ।



# ਦ੍ਰਾਵਿੜ ਤੇ ਆਦਿਵਾਸੀ ਨਾਇਕਾਂ ਦੀਆਂ ਫੋਟੋਆਂ ਸੰਵਿਧਾਨ 'ਚ ਲਗਾਉਣ ਲਈ ਸੌਂਪਿਆ ਮੰਗ ਪੱਤਰ



ਮਾਹਿਲਪੁਰ (ਸ਼ਫਰੀ)

ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਅੰਬੇਡਕਰ ਜੀ ਦੇ ਸ਼ਰਧਾਲੂ ਰਣਜੀਤ ਸਿੰਘ ਨਵੀਂ ਆਬਾਦੀ ਨਵਾਂ ਸ਼ਹਿਰ ਨੇ ਸੰਵਿਧਾਨ ਵਿੱਚ ਦ੍ਰਾਵਿੜ ਅਤੇ ਆਦਿਵਾਸੀ ਨਾਇਕਾਂ ਦੀਆਂ ਫੋਟੋਆਂ ਸ਼ਾਮਿਲ ਕਰਨ ਲਈ ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਅਵਤਾਰ ਸਿੰਘ ਕਰੀਮਪੁਰੀ ਨੂੰ ਮੰਗ ਪੱਤਰ ਸੌਂਪਿਆ । ਉਹਨਾਂ ਕਿਹਾ ਕਿ ਭਾਰਤ ਦੇ ਸੰਵਿਧਾਨ ਵਿੱਚ ਸਾਰੀਆਂ ਫੋਟੋਆਂ ਹੀ ਨਾਇਕਾਂ ਦੀਆਂ ਹਨ , ਜਿਨਾਂ ਨੂੰ ਹਿੰਦੂਆਂ ਦੇਵਤਿਆਂ ਅਤੇ ਦੇਵਤਿਆਂ ਦੇ ਮਹਾਂਪੁਰਖ ਹਾਂ ਜਾਂ ਮਹਾਂਪੁਰਖਾਂ ਦਾ ਦਰਜਾ ਦਿੱਤਾ ਗਿਆ ਨਾਇਕਾ ਅਤੇ ਮਹਾਂਪੁਰਖਾਂ ਦੀਆਂ ਫੋਟੋਆਂ ਨਹੀਂ ਹਨ ਇਸ ਬਾਰੇ ਖੋਜ ਹੋਣੀ ਚਾਹੀਦੀ ਹੈ । ਉਹਨਾਂ ਹੈਰਾਨੀ ਪ੍ਰਗਟ ਕੀਤੀ ਕਿ ਕਿਤੇ ਨਾ ਕਿਤੇ ਇਹ ਡਾਕਟਰ ਅੰਬੇਦਕਰ ਵੀ ਠੱਗਿਆ ਗਿਆ ਹੈ ,ਕਿਉਂਕਿ ਸੰਵਿਧਾਨ ਵਿੱਚ ਆਦੇਵਾਸੀ ਨਾਇਕਾਂ ਅਤੇ ਦ੍ਰਾਵਿੜਾਂ ਦੀ ਇੱਕ ਵੀ ਫੋਟੋ ਨਹੀਂ ਹੈ । ਮੈਂ ਕਿਸੇ ਧਰਮ ਜਾਂ ਫਿਰਕੇ ਦੇ ਖਿਲਾਫ ਨਹੀਂ ਹਾਂ ਪਰ ਸੰਵਿਧਾਨ ਵਿੱਚ ਬਰਾਬਰਤਾ ਹੋਣੀ ਚਾਹੀਦੀ ਹੈ । ਜੇਕਰ ਅਸੀਂ ਸੰਵਿਧਾਨ 'ਤੇ ਨਜ਼ਰ ਮਾਰੀਏ ਤਾਂ ਸੰਵਿਧਾਨ ਦੀ ਅਸਲ ਕਾਪੀ ਮੁਸਲਮਾਨਾਂ ਨਾਲ ਸੰਬੰਧਿਤ ਮਹਾਂਪੁਰਖਾਂ ਦੀਆਂ ਦੋ ਫੋਟੋਆਂ ਹਨ। ਕਰੀਮਪੁਰੀ ਸਾਹਿਬ ਨੂੰ ਮੰਗ ਪੱਤਰ ਦੇ ਕੇ ਕੇਂਦਰ ਸਰਕਾਰ ਕੋਲੋਂ ਭਾਰਤ ਦੇ ਸੰਵਿਧਾਨ ਵਿੱਚ ਬਰਾਬਰਤਾ ਲਈ ਆਵਾਜ਼ ਬੁਲੰਦ ਕਰਨ ਦੀ ਅਪੀਲ ਕੀਤੀ। ਰਣਜੀਤ ਸਿੰਘ ਨੇ ਕਿਹਾ ਕਿ ਕਬਾਇਲੀ ਦ੍ਰਾਵਿੜ ਅਤੇ ਸ਼ੂਦਰ ਲੋਕਾਂ ਲਈ ਕੋਟਾ ਰਾਖਵਾਂਕਰਨ ਜਬਰੀ ਰੱਖਿਆ ਗਿਆ ਹੈ।ਪਰ ਭਾਰਤ ਦੇ ਸੰਵਿਧਾਨ ਵਿੱਚ ਆਦਿਵਾਸੀ ਅਤੇ ਦ੍ਰਾਵਿੜਾਂ ਦੀ ਇੱਕ ਵੀ ਫੋਟੋ ਸ਼ਾਮਿਲ ਨਾ ਕਰਕੇ ਕੋਟਾ ਰਾਖਵਾਂਕਰਨ ਕਿਉਂ ਖਤਮ ਕਰ ਦਿੱਤਾ ਗਿਆ ਹੈ ।ਉਹਨਾਂ ਮੰਗ ਉਠਾਈ ਹੈ ਕਿ ਸੰਵਿਧਾਨ ਵਿੱਚ ਸੋਧ ਕਰਕੇ ਦ੍ਰਾਵਿੜ ਸੱਭਿਆਚਾਰ ਅਤੇ ਆਦਿਵਾਸੀ ਮਹਾਂਪੁਰਖਾਂ ਨਾਲ ਸਬੰਧਿਤ ਤਸਵੀਰਾਂ ਵੀ ਸ਼ਾਮਿਲ ਕੀਤੀਆਂ ਜਾਣ।

## ਭਾਜਪਾ ਨੇ ਲੱਡੂ ਵੰਡ ਕੇ ਮਨਾਇਆ ਡਾ. ਅੰਬੇਡਕਰ ਦਾ ਜਨਮ ਦਿਨ



ਫਗਵਾੜਾ (ਜਸਵਿੰਦਰ ਢੱਡਾ)- ਮੈਡਮ ਅਨੀਤਾ ਸੋਮ ਪ੍ਰਕਾਸ਼ ਸਾਬਕਾ ਕੈਬਨਿਟ ਮੰਤਰੀ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਫਗਵਾੜਾ ਵਲੋਂ ਸੰਵਿਧਾਨ ਨਿਰਮਾਤਾ ਡਾ. ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਦੇ ਮੌਕੇ ਹਰਗੋਬਿੰਦ ਨਗਰ ਫਗਵਾੜਾ ਵਿਖੇ ਉਹਨਾਂ ਦੀ ਪ੍ਰਤਿਮਾ ਨੂੰ ਫੁੱਲਾਂ ਦੇ ਹਾਰ ਪਾ ਕੇ ਅਤੇ ਲੱਡੂ ਵੰਡ ਕੇ ਜਨਮ ਦਿਨ ਮਨਾਇਆ ਗਿਆ। ਮੈਡਮ ਅਨੀਤਾ ਸੋਮ ਪ੍ਰਕਾਸ਼ ਨੇ ਸੁਨੇਹਾ ਦਿੱਤਾ ਕਿ ਬਾਬਾ ਸਾਹਿਬ ਦੇ ਦੁਆਰਾ ਬਰਾਬਰ ਹੱਕਾਂ, ਔਰਤਾਂ ਦੇ ਅਧਿਕਾਰਾਂ ਦੀ ਰਾਖੀ ਵਾਲੀ ਪੈੜ ਤੇ ਆਪਾਂ ਸਭ ਨੂੰ ਵੀ ਚਲਣਾ ਚਾਹੀਦਾ ਹੈ। ਇਸ ਮੌਕੇ ਉਨਾਂ ਦੇ ਨਾਲ ਅਵਤਾਰ ਮੰਡ, ਸਾਬਕਾ ਮੇਅਰ ਅਰੁਣ ਖੋਸਲਾ, ਰਾਜੀਵ ਪਾਹਵਾ, ਚੰਦਰ ਰੇਖਾ ਨਿੱਕੀ, ਗਗਨ ਸੋਨੀ, ਸੋਨੂੰ ਰਾਵਲਪਿੰਡੀ, ਕੌਂਸਲਰ ਬੀਰਾ ਰਾਮ ਵਲਜੋਤ, ਇੰਦਰਜੀਤ ਸੋਨਕਰ, ਰਜਿੰਦਰ ਡਾਬਰੀ, ਭੋਲੀ ਪੀਪਾ ਰੰਗੀ, ਰੀਨਾ ਖੋਸਲਾ, ਨਿਤਿਨ ਚੱਢਾ, ਰਮੇਸ਼ ਕੁਮਾਰ ਨਵੀਂ ਅਬਾਦੀ, ਰਣਜੀਤ ਪਾਬਲਾ, ਵਿਕਰਮ ਕੌਲ, ਅਸੋਕ ਭਾਟੀਆ, ਸਿੰਮੀ ਨਾਰੰਗ, ਵਿਸ਼ਾਲ ਵਾਲੀਆ, ਦਿਨੇਸ਼ ਦੁੱਗਲ, ਰਾਮ ਪਾਲ ਸ਼ਿਵਪੁਰੀ, ਬਲਜੀਤ ਕੋਟਰਾਣੀ, ਹੰਸ ਰਾਜ ਮੌਲ਼ੀ, ਬਸੰਤ ਕੁਮਾਰ, ਵਰਿੰਦਰ ਕੌਲ, ਵੀਬਾ, ਪਰਮਜੀਤ ਕੌਂਸਰ ਮੁਹੱਲਾ, ਬੱਲੂ ਸ਼ਿਵਪੁਰੀ, ਜਸਪਾਲ, ਅਤੇ ਹੋਰ ਭਾਜਪਾ ਆਗੂ ਵੀ ਹਾਜ਼ਰ ਸਨ।

## ਪੰਜਵੀਂ ਤੇ ਅੱਠਵੀਂ ਜਮਾਤ ਦਾ ਨਤੀਜਾ ਸ਼ਾਨਦਾਰ ਰਿਹਾ

ਕਾਲਾ ਸੰਘਿਆਂ (ਮਨਜੀਤ ਮਾਨ)-ਨੂਰਪੁਰ ਚੱਠਾ ਲਾਈਨਜ ਪਬਲਿਕ ਸਕੂਲ ਨੂਰਪੁਰ ਚੱਠਾ ਦਾ ਪੰਜਵੀਂ ਅਤੇ ਅੱਠਵੀਂ ਜਮਾਤ ਦਾ ਨਤੀਜਾ ਸੌ ਫੀਸਦੀ ਰਿਹਾ। ਸਕੂਲ ਪ੍ਰਿੰਸੀਪਲ ਲਵਪ੍ਰੀਤ ਸਿੰਘ ਗਿੱਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਪੰਜਵੀਂ ਅਤੇ



ਅੱਠਵੀਂ ਜਮਾਤ ਦੀ ਪ੍ਰੀਖਿਆ 'ਚ ਸਕੂਲ ਦੇ ਸਾਰੇ ਵਿਦਿਆਰਥੀ ਪਹਿਲੇ ਦਰਜੇ ਵਿੱਚ ਪਾਸ ਹੋਏ ਹਨ।ਪੰਜਵੀਂ ਜਮਾਤ ਵਿੱਚੋਂ ਗੁਰਲੀਨ ਕੌਰ ਨੇ 97.4 ਫੀਸਦੀ, ਦਿਲਪ੍ਰੀਤ ਸਿੰਘ ਨੇ 94 ਫੀਸਦੀ, ਸਮਰ ਖੁਤਨ ਨੇ 92 ਫੀਸਦੀ ਅਤੇ ਨਵਦੀਪ ਨਾਹਰ ਨੇ 89.2 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ, ਤੀਜਾ ਅਤੇ ਚੌਥਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਹੀ ਅੱਠਵੀਂ ਜਮਾਤ ਵਿੱਚੋਂ ਕੋਮਲ ਨੇ 87.5 ਫੀਸਦੀ, ਕੁਲਰਾਜ ਨੇ 86.33 ਫੀਸਦੀ ਗੁਰਕੀਰਤ ਸਿੰਘ ਨੇ 86. 16 ਫੀਸਦੀ ਅਤੇ ਜਸਪ੍ਰੀਤ ਕੌਰ ਨੇ 83 ਫੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾ, ਦੂਜਾ ਅਤੇ ਤੀਜਾ ਤੇ ਚੌਥਾ ਸਥਾਨ ਪ੍ਰਾਪਤ ਕੀਤਾ।ਵਾਈਸ ਪ੍ਰਿੰਸੀਪਲ ਰੇਨੂਕਾ ਗਿੱਲ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਉਪਰੋਕਤ ਵਿਦਿਆਰਥੀਆਂ ਨੂੰ ਟਰੋਫੀਆਂ ਅਤੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਕੂਲ ਮੈਨੇਜਿੰਗ ਡਾਇਰੈਕਟਰ ਲਾਲੀ ਸੋਖੀ, ਰਵੀ ਸੋਖੀ ਵੱਲੋਂ ਬੱਚਿਆ ਤੇ ਉਹਨਾਂ ਦੇ ਮਾਪਿਆਂ ਨੂੰ ਵਧਾਈਆਂ ਦਿੱਤੀਆਂ ਗਈਆਂ ਇਸ ਮੌਕੇ ਪ੍ਰਿੰਸੀਪਲ, ਵਾਈਸ ਪ੍ਰਿੰਸੀਪਲ ਅਤੇ ਸਮੂਹ ਸਕੂਲ ਸਟਾਫ਼ ਮੌਜੂਦ ਸਨ।

# ਵਿਸ਼ਾਲ ਰੈਲੀ ਦਾ ਅਸਲ ਮਕਸਦ ਦਲਿਤ ਵਰਗ ਨੂੰ ਹੱਕਾਂ ਪ੍ਰਤੀ ਜਾਗ੍ਰਿਤ ਕਰਨਾ : ਸੁਰਿੰਦਰ ਜਾਜਾ

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)

ਦੱਬੇ ਕੁੱਚਲੇ ਲੋਕਾਂ ਨੂੰ ਉਨ੍ਹਾਂ ਦੇ ਬਣਦੇ ਹੱਕ ਦਵਾਉਣ ਵਾਲੇ ਅਤੇ ਭਾਰਤ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਪਵਿੱਤਰ ਜਨਮ ਦਿਹਾੜੇ ਨੂੰ ਸਮਰਪਿਤ ਭਾਰਤੀਯ ਵਾਲਮੀਕਿ ਧਰਮ ਸਮਾਜ ਦੇ ਪੰਜਾਬ ਕਨਵੀਨਰ ਸੁਰਿੰਦਰ ਜਾਜਾ ਦੀ ਅਗਵਾਈ ਵਿੱਚ ਸ਼ਿਮਲਾ ਪਹਾੜੀ ਉੜਮੁੜ ਤੋਂ ਇੱਕ ਵਿਸ਼ਾਲ ਦਲਿਤ ਚੇਤਨਾ ਮੋਟਰਸਾਈਕਲ ਰੈਲੀ ਕੱਢੀ ਗਈ।ਜਿਸ ਵਿੱਚ ਭਾਜਪਾ ਲੋਕ ਸਭਾ ਹਲਕਾ ਇੰਚਾਰਜ ਅਨੀਤਾ ਸੋਮ ਪ੍ਰਕਾਸ਼, ਸਨਾਤਨ ਧਰਮ ਸਭਾ ਉੜਮੁੜ ਪ੍ਰਧਾਨ ਦੀਪਕ ਬਹਿਲ, ਸ਼ਿਵ ਸੇਨਾ ਪੰਜਾਬ ਕਾਰਜਕਾਰੀ ਪ੍ਰਧਾਨ ਰਾਹੁਲ ਖੰਨਾ, ਸਨਾਤਨ ਧਰਮ ਸਭਾ ਅਹਿਆਪੁਰ ਪ੍ਰਧਾਨ ਨਿਖਲੇਸ਼ ਜਸਰਾ, ਭਾਵਾਧਸ ਕੇਂਦਰੀ ਕਾਰਯ ਕਾਰਿਨੀ ਮੈਂਬਰ ਸੁਨੀਲ ਜਾਜਾ, ਸਹਾਇਕ ਪੰਜਾਬ ਕਨਵੀਨਰ ਵਿਜੇ ਮੱਟੂ, ਜ਼ਿਲ੍ਹਾ ਪ੍ਰਧਾਨ ਬੋਬੀ ਰਾਜਪੁਰ, ਬਲਾਕ ਪ੍ਰਧਾਨ ਸੁਰਜੀਤ ਰਾਜਾ ਤੋਂ ਇਲਾਵਾ ਵੱਖ-ਵੱਖ ਸੰਸਥਾਵਾਂ ਦੇ ਆਗੂਆਂ ਨੇ ਵਿਸ਼ੇਸ਼ ਤੌਰ 'ਤੇ ਭਾਗ ਲਿਆ।ਇਸ ਮੌਕੇ 'ਤੇ ਹਾਜ਼ਰ ਵਿਸ਼ਾਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਸੁਰਿੰਦਰ ਜਾਜਾ ਨੇ ਕਿਹਾ ਕਿ ਭਾਰਤ ਦੇ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਉਪਰਾਲਿਆਂ ਸਦਕਾ ਹੀ ਪਿਛੜੀਆਂ ਜਾਤੀਆਂ ਨੂੰ ਉਨ੍ਹਾਂ ਦੇ ਬਣਦੇ ਹੱਕ ਮਿਲੇ ਸਨ ਜਿਸਦੇ ਸਦਕਾ ਅੱਜ ਉਹ ਭਾਰਤ ਦੀ ਪ੍ਰਗਤੀ ਲਈ ਹਰ ਧਰਮ ਦੇ ਲੋਕਾਂ ਨਾਲ ਮੋਢੇ ਜੋੜੀ ਖੜੇ ਹਨ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੀਆਂ ਮੂਰਤੀਆਂ ਨਾਲ ਛੇੜਛਾੜ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਜੇਕਰ ਸਰਕਾਰ ਨੇ ਜਲਦ ਨਕੇਲ ਨਾ ਪਾਈ ਤਾਂ ਮਜਬੂਰ ਹੋ ਕੇ ਭਾਵਾਧਸ ਨੂੰ ਸਖ਼ਤ ਕਦਮ ਚੁੱਕਣੇ ਪੈਣਗੇ। ਉਨ੍ਹਾਂ ਕਿਹਾ ਕਿ ਅੱਜ ਦੀ ਇਸ ਦਲਿਤ ਚੇਤਨਾ ਰੈਲੀ ਦਾ ਅਸਲ ਮਕਸਦ ਦਲਿਤ ਵਰਗ ਨੂੰ ਉਨ੍ਹਾਂ ਦੇ ਬਣਦੇ ਹੱਕਾਂ ਪ੍ਰਤੀ ਜਾਗ੍ਰਿਤ ਕਰਨਾ ਹੈ ਅਤੇ ਬਾਬਾ ਸਾਹਿਬ ਜੀ ਵੱਲੋਂ ਕੀਤੀਆਂ ਗਈਆਂ ਪ੍ਰਾਪਤੀਆਂ ਤੇ ਕਾਰਗੁਜ਼ਾਰੀਆਂ ਤੇ ਪਹਿਰਾ ਦੇਣਾ ਹੈ। ਇਹ ਵਿਸ਼ਾਲ ਦਲਿਤ ਚੇਤਨਾ ਮੋਟਰਸਾਈਕਲ ਰੈਲੀ ਸ਼ਿਮਲਾ ਪਹਾੜੀ ਤੋਂ ਚੱਲ ਕੇ ਸ਼ਹਿਰ ਦੇ ਵੱਖ-ਵੱਖ ਚੌਕਾਂ ਤੋਂ ਹੁੰਦੀ ਹੋਈ ਸ਼ਿਮਲਾ ਪਹਾੜੀ ਪਹੁੰਚ ਕੇ ਸੰਪੰਨ ਹੋਈ। ਇਸ ਮੌਕੇ ਤੇ ਭਾਵਾਧਸ ਦੇ ਮੈਂਬਰਾਂ ਨੇ ਹਾਜ਼ਰ ਸਮੂਹ ਇਕੱਠ ਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।ਇਸ ਮੌਕੇ 'ਤੇ ਉਨ੍ਹਾਂ ਨਾਲ ਵਪਾਰ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਮੋਹਿਤ ਧੀਰ ਟਾਂਡਾ, ਸਰ ਮਾਰਸ਼ਲ ਐਜੂਕੇਸ਼ਨਲ ਸੋਸਾਇਟੀ ਦੇ ਚੇਅਰਮੈਨ ਰਾਜਿੰਦਰ ਮਾਰਸ਼ਲ, ਸੁਖਵਿੰਦਰ ਅਰੋੜਾ, ਜਗਜੀਵਨ ਜੱਗੀ, ਆਪ ਨੇਤਾ ਦੀਪਕ ਭੀਲ, ਆਪ ਨੇਤਾ ਪ੍ਰੇਮ ਪਡਵਾਲ, ਦੀਪਾ ਹੁਸੈਨਪੁਰ, ਬੰਟੀ ਹੰਬੜਾ, ਗੋਪੀ ਮਿਰਜਾਪੁਰ, ਰਾਜਕੁਮਾਰ ਰਾਜੂ, ਹੈਪੀ ਆਦੀਆ, ਜੀਤਪਾਲ ਖੋਸਲਾ, ਹਰਪ੍ਰੀਤ ਬੱਸੀ ਜਲਾਲ, ਮਨਸਾ ਰਾਵਾਂ, ਅਮਨਦੀਪ ਰੂਬਲ, ਜਸ਼ਨ ਭੋਗਪੁਰ, ਕੁਲਦੀਪ ਨੰਗਲ, ਕਰਨ ਹਰਸੀ ਪਿੰਡ, ਪਰਮੇਸ਼ਵਰ ਬੱਸੀ ਜਲਾਲ, ਨਿਰੰਜਨ ਢਿੱਲੋਂ, ਨਿਰਮਲ ਮੂਨਕ, ਸੋਢੀ ਨੰਗਲ ਖੁੰਗਾ, ਜਸਵੀਰ ਬਘਿਆੜੀ, ਗੁਰਮੀਤ ਪਰੋਜ ਤੋਂ ਇਲਾਵਾ ਹਜ਼ਾਰਾਂ ਭਾਵਾਦਸ ਵਰਕਰ ਸ਼ਾਮਿਲ ਹੋਏ।



# 68ਵੀਆਂ ਸਕੂਲ ਨੈਸ਼ਨਲ ਖੇਡਾਂ ਲਈ ਵਾਈ ਐੱਫ ਸੀ ਰੁੜਕਾ ਕਲਾਂ ਦੀਆਂ 3 ਲੜਕੀਆਂ ਦੀ ਚੋਣ

ਗੁਰਾਇਆ (ਬਿੰਦਰ ਸੁਮਨ)

ਯੂਥ ਫੁੱਟਬਾਲ ਕਲੱਬ ਰੁੜਕਾ ਕਲਾਂ ਪਿਛਲੇ ਕਰੀਬ ਢਾਈ ਦਹਾਕਿਆਂ ਤੋਂ ਯੋਜਨਾਬੱਧ ਤਰੀਕੇ ਨਾਲ ਬੱਚਿਆਂ ਤੇ ਨੌਜਵਾਨਾਂ ਲੜਕੇ ਅਤੇ ਲੜਕੀਆਂ ਦੇ ਸਰਪੱਖੀ ਵਿਕਾਸ ਲਈ ਕੰਮ ਕਰਦੀ ਆ ਰਹੀ ਹੈ।ਜ਼ਿਕਰਯੋਗ ਹੈ ਕਿ ਕਲੱਬ ਦੇ ਹੁਣ ਤੱਕ 100 ਤੋਂ ਵੱਧ ਖਿਡਾਰੀ ਰਾਸ਼ਟਰੀ ਅਤੇ 25 ਤੋਂ ਵੱਧ ਅੰਤਰਰਾਸ਼ਟਰੀ ਪੱਧਰ 'ਤੇ ਖੇਡ ਕੇ ਕਲੱਬ ਦਾ ਨਾਂਅ ਰੌਸ਼ਨ ਕਰ ਚੁੱਕੇ ਹਨ। ਕਲੱਬ ਵੱਲੋਂ ਇਲਾਕੇ ਵਿੱਚ 40 ਵੱਖ-ਵੱਖ ਸੈਂਟਰਾਂ ਦੇ 5000 ਦੇ ਕਰੀਬ ਲੜਕੇ ਅਤੇ ਲੜਕੀਆਂ ਨੂੰ ਖਾਸ ਤੌਰ 'ਤੇ ਫੁੱਟਬਾਲ, ਕਬੱਡੀ, ਰੈਸਲਿੰਗ, ਕ੍ਰਿਕਟ, ਬੈਡਮਿੰਟਨ, ਐਥਲੈਟਿਕ ਆਦਿ ਖੇਡਾਂ ਚ ਉੱਚੇ ਦਰਜੇ ਦੀ ਮੁਫਤ ਟ੍ਰੇਨਿੰਗ ਦਿੱਤੀ ਜਾਂਦੀ ਹੈ।ਯੂਥ ਫੁਟਬਾਲ ਕਲੱਬ ਰੁੜਕਾ ਕਲਾਂ ਪਿੱਛਲੇ ਕਈ ਸਾਲਾਂ ਤੋਂ ਲੜਕੀਆਂ ਅਤੇ ਔਰਤਾਂ ਦੇ ਸਰਵਪੱਖੀ ਵਿਕਾਸ ਲਈ ਕਈ ਤਰ੍ਹਾਂ ਦੇ ਪ੍ਰੋਜੈਕਟ ਚਲਾ ਰਹੀ ਹੈ ਜਿਵੇਂ ਕਿ ਫੀਫਾ ਫਾਊਂਡੇਸ਼ਨ ਦਾ ਪ੍ਰੋਜੈਕਟ ਗਰਲਜ ਪਲੇਅ ਗਰਲਜ਼ ਲੀਡ , ਜਿਲ੍ਹਾਂ ਸਮਾਜਿਕ ਸੁਰੱਖਿਆ ਅਤੇ ਔਰਤਾਂ ਅਤੇ ਬੱਚਿਆਂ ਦੇ ਵਿਕਾਸ ਵਿਭਾਗ ਵੱਲੋਂ ਵੀ ਕਈ ਪ੍ਰੋਗਰਾਮ ਕਲੱਬ ਵੱਲੋ ਕਰਵਾਏ ਜਾਂਦੇ ਹਨ ਜਿਨ੍ਹਾਂ ਅਧੀਨ ਕਈ ਗਤੀਵਿਧੀਆਂ ਕਰਵਾਈਆਂ ਜਾਂਦੀਆਂ ਹਨ। ਇਸ ਸਾਲ 68ਵੀਆਂ ਸਕੂਲ ਨੈਸ਼ਨਲ ਖੇਡਾਂ ਅੰਡਰ-19 ਮਨੀਪੁਰ ਵਿਖੇ ਮਿਤੀ 15 ਅਪ੍ਰੈਲ 2025 ਤੋਂ 21 ਅਪ੍ਰੈਲ 2025 ਤੱਕ ਕਰਵਾਈਆਂ ਜਾ ਰਹੀਆਂ ਹਨ।ਜਿਸ ਵਿਚ ਵਾਈ.ਐੱਫ.ਸੀ.ਰੁੜਕਾ ਕਲਾਂ ਦੀਆਂ 3 ਖਿਡਾਰਣਾਂ ਜਸਲੀਨ, ਪਰਨੀਤ ਅਤੇ ਜਾਨਵੀ ਪੰਜਾਬ ਲੜਕੀਆਂ ਦੀ ਟੀਮ ਵੱਲੋਂ ਪ੍ਰਤੀਨਿਧਤਾ ਕਰਨਗੀਆਂ।ਇਸ ਮੌਕੇ ਕਲੱਬ ਦੇ ਪ੍ਰਧਾਨ ਗੁਰਮੰਗਲ ਦਾਸ ਦੁਆਰਾ ਇਹਨਾਂ ਲੜਕੀਆਂ ਨੂੰ ਸ਼ੁੱਭ ਕਾਮਨਾਵਾਂ ਦਿੱਤੀਆਂ ਕਿ ਉਹ ਵਧੀਆਂ ਖੇਡ ਕੇ ਆਪਣੇ ਮਾਪਿਆਂ, ਕਲੱਬ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰਨ।



## ਬੰਗੜ ਜਠੇਰੇ ਸਰਹਾਲਾ ਰਾਣੂਆਂ ਵਿਖੇ ਵਿਸਾਖੀ ਮੇਲਾ ਮਨਾਇਆ

ਬੰਗਾ (ਅਵਤਾਰ ਕਲੇਰ)- ਦਰਬਾਰ ਬਾਬਾ ਜਸਦੇਵ ਜੀ, ਬੰਗੜ ਜਠੇਰੇ ਸਰਹਾਲਾ ਰਾਣੂਆਂ ਵਿਖੇ ਸਲਾਨਾ ਵਿਸਾਖੀ ਜੋੜ ਮੇਲਾ ਪ੍ਰਬੰਧਕ ਕਮੇਟੀ ਅਤੇ ਸਮੂਹ ਬੰਗੜ ਪਰਵਾਰ ਵਲੋਂ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਵੱਡੇ ਵਡੇਰਿਆਂ ਦੀ ਪੂਜਾ ਕੀਤੀ ਗਈ। ਸਰਬੱਤ ਦੇ ਭਲੇ ਲਈ ਅਰਦਾਸ ਕੀਤੀ ਗਈ। ਦੇਸ਼ ਵਿਦੇਸ਼ ਤੋਂ ਹਜ਼ਾਰਾਂ ਦੀ ਗਿਣਤੀ 'ਚ ਸੰਗਤਾਂ ਦਰਬਾਰ 'ਤੇ ਨਤਮਸਤਕ ਹੋਈਆਂ। ਦਰਬਾਰ ਦੀਆਂ ਧਾਰਮਿਕ ਰਸਮਾਂ ਤੋਂ ਬਾਅਦ ਸਟੇਜ ਸਜਾਈ ਗਈ ਜਿਸ ਵਿੱਚ ਪੰਜਾਬ ਦੇ ਮਸ਼ਹੂਰ ਕਲਾਕਾਰਾਂ ਨੇ ਹਾਜ਼ਰੀਆਂ ਭਰੀਆਂ। ਪ੍ਰਬੰਧਕ ਕਮੇਟੀ ਵਲੋਂ ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਪ੍ਰਧਾਨ ਸੰਤੋਖ ਕੁਮਾਰ, ਸੈਕਟਰੀ ਨਰਿੰਦਰ ਰਾਮ, ਕੈਸ਼ੀਅਰ ਹਰਭਜਨ ਸਿੰਘ, ਹੁਸਨ ਲਾਲ, ਨਿਰਮਲ ਰਾਮ, ਕੁਲਵੰਤ ਰਾਮ, ਰਾਜਵੰਤ, ਨਿਰਮਲ ਪਾਲੀ, ਤਰਲੋਕ ਚੰਦ, ਸੇਵਾਦਾਰ ਬੂਟਾ ਰਾਮ,ਹੈਪੀ ਬੰਗੜ,ਅਜੇ ਕੁਮਾਰ, ਜਗਤਾਰ ਰਾਮ,ਮਨਦੀਪ ਬੰਗੜ,ਜਸਕਰਨ ਬੰਗੜ,ਪਰਮਜੀਤ,ਅਮਰੀਕ ਬੰਗੜ,ਸਰਬਜੀਤ, ਮਨਪ੍ਰੀਤ ਬੰਗੜ, ਗੁਰਮੁੱਖ ਸਿੰਘ ਲੇਹਲ ਕਲਾਂ, ਕੁਲਵਿੰਦਰ ਸਿੰਘ ਲੇਹਲ ਕਲਾਂ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ।



# ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਵਿਖੇ ਵਿਸਾਖੀ ਦਾ ਜਸ਼ਨ ਮਨਾਇਆ



ਭੋਗਪੁਰ (ਕੁਲਵੀਰ ਸਿੰਘ ਕਾਹਲੋਂ)

ਹਰ ਤਿਉਹਾਰ ਹਰ ਕਿਸੇ ਲਈ ਖ਼ੁਸ਼ੀ ਲੈ ਕੇ ਆਉਂਦਾ ਹੈ। ਸਾਰੇ ਤਿਉਹਾਰਾਂ ਨੂੰ ਬਹੁਤ ਧੂਮਧਾਮ ਨਾਲ ਮਨਾਉਣ ਦੀ ਪਰੰਪਰਾ ਨੂੰ ਕਾਇਮ ਰੱਖਣ ਅਤੇ ਵਿਦਿਆਰਥੀਆਂ ਨੂੰ ਭਾਰਤ ਦੇ ਅਮੀਰ ਸੱਭਿਆਚਾਰ ਅਤੇ ਵਿਰਸੇ ਤੋਂ ਜਾਣੂ ਕਰਵਾਉਣ ਦੇ ਉਦੇਸ਼ ਨੂੰ ਮੁੱਖ ਰੱਖਦੇ ਹੋਏ ਸ੍ਰੀ ਗੁਰੂ ਤੇਗ ਬਹਾਦਰ ਪਬਲਿਕ ਸਕੂਲ ਸਨੌਰਾ ਵਿਖੇ ਵਿਸਾਖੀ ਦਾ ਤਿਉਹਾਰ ਬੜੇ ਹੀ ਜੋਸ਼ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਬੱਚੇ ਰਵਾਇਤੀ ਪਹਿਰਾਵੇ ਵਿੱਚ ਆਏ।ਗਹਿਣਿਆਂ ਦੇ ਨਾਲ ਪੰਜਾਬੀ ਰੰਗੀਨ ਪਹਿਰਾਵੇ ਅਤੇ ਖੁਲ੍ਹੀ ਚਰਚਾ ਦੁਆਰਾ ਉਹਨਾਂ ਨੂੰ ਇਸ ਤਿਉਹਾਰ ਦੇ ਵੱਖ-ਵੱਖ ਪਹਿਲੂਆਂ ਬਾਰੇ ਜਾਣੂ ਕਰਵਾਇਆ ਗਿਆ, ਵਾਢੀ ਦੇ ਇਸ ਤਿਉਹਾਰ ਵਿੱਚ ਬੱਚਿਆਂ ਨੂੰ ਇਸ ਵਿਸ਼ੇਸ਼ ਦਿਨ ਦੀ ਮਹੱਤਤਾ ਨੂੰ ਸਿੱਖਣ ਵਿੱਚ ਮਦਦ ਕਰਨ ਦੇ ਉਦੇਸ਼ ਨਾਲ ਵਿਦਿਆਰਥੀਆਂ ਲਈ ਬਹੁਤ ਸਾਰੀਆਂ ਥੀਮ ਅਧਾਰਿਤ ਗਤੀਵਿਧੀਆਂ ਦੀ ਯੋਜਨਾ ਬਣਾਈ ਗਈ ਸੀ।ਸੀਨੀਅਰ ਸੈਕੰਡਰੀ ਜਮਾਤਾਂ ਵਿੱਚ ਦਸਤਾਰ ਬੰਨ੍ਹਣ ਮੁਕਾਬਲੇ, ਸ਼ਬਦ ਗਾਇਨ ਮੁਕਾਬਲੇ, ਕਵਿਤਾ ਉਚਾਰਨ ਮੁਕਾਬਲੇ, ਕਿਸਾਨ ਦੀ ਜ਼ਿੰਦਗੀ ਤੇ ਇਕ ਸਕਿਟ ਵੀ ਵਿਦਿਆਰਥੀਆਂ ਵੱਲੋ ਪੇਸ਼ ਕੀਤੀ ਗਈ।ਨਿੱਕੇ ਬੱਚਿਆਂ ਨੇ ਆਪਣੇ ਅਧਿਆਪਕਾਂ ਅਤੇ ਦੋਸਤਾਂ ਨਾਲ ਨੱਚ ਕੇ ਖੂਬ ਮਸਤੀ ਕੀਤੀ।ਪ੍ਰਿੰਸੀਪਲ ਸ਼੍ਰੀਮਤੀ ਨਵਦੀਪ ਕੌਰ ਨੇ ਬੱਚਿਆਂ ਨੂੰ ਸਾਰੇ ਤਿਉਹਾਰਾਂ ਦਾ ਆਨੰਦ ਅਤੇ ਸਤਿਕਾਰ ਕਰਨ ਲਈ ਪ੍ਰੇਰਿਤ ਕੀਤਾ।

# ਹੈਰੋਇਨ ਸਮੇਤ ਕਾਬੂ

ਬਲਾਚੌਰ (ਜਸਵਿੰਦਰ ਬੈਂਸ)-ਸ਼ਹੀਦ ਭਗਤ ਸਿੰਘ ਨਗਰ ਦੀ ਸਬ ਡਿਵੀਜ਼ਨ ਬਲਾਚੌਰ ਵਿੱਚ ਪੰਜਾਬ ਸਰਕਾਰ ਅਤੇ ਪੁਲਸ ਪ੍ਰਸ਼ਾਸਨ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ 'ਯੁੱਧ ਨਸ਼ਿਆਂ ਵਿਰੁੱਧ' ਸਬ ਇੰਸਪੈਕਟਰ ਸਤਨਾਮ ਸਿੰਘ ਮੁੱਖ ਅਫਸਰ ਥਾਣਾ ਸਿਟੀ ਬਲਾਚੌਰ, ਏ ਐਸ ਆਈ ਲਖਵੀਰ ਚੰਦ ਦੀ ਟੀਮ ਵੱਲੋਂ ਪ੍ਰਗਟ ਸਿੰਘ ਪੁੱਤਰ ਮਾਨ ਸਿੰਘ ਵਾਸੀ ਕੰਗਣਾ ਬੇਟ ਥਾਣਾ ਸਿਟੀ ਬਲਾਚੌਰ ਨੂੰ 6 ਗ੍ਰਾਮ ਹੈਰੋਇਨ ਸਮੇਤ ਕਾਬੂ ਕਰਨ ਵਿੱਚ ਸਫਲਤਾ ਪ੍ਰਾਪਤ ਕੀਤੀ ਗਈ ਹੈ। ਕਥਿਤ ਦੋਸ਼ੀ ਦੇ ਖਿਲਾਫ ਥਾਣਾ ਸਿਟੀ ਬਲਾਚੌਰ ਵਿਖੇ ਮੁਕੱਦਮਾ ਨੰਬਰ 52 ਮਿਤੀ 13 - 4 - 25 ਅ/ਧ 21 ਐਨ ਡੀ ਪੀ ਐਸ ਐਕਟ ਦੇ ਤਹਿਤ ਦਰਜ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਕਥਿਤ ਦੋਸ਼ੀ ਖਿਲਾਫ ਪਹਿਲਾਂ ਹੀ ਇੱਕ ਕੰਪਲੇਂਟ 'ਸੇਫ ਪੰਜਾਬ ਪੋਰਟਲ' 'ਤੇ ਚੱਲ ਰਹੀ ਹੈ। ਐਸ ਐਚ ਓ ਸਤਨਾਮ ਸਿੰਘ ਨੇ ਦੱਸਿਆ ਕਿ ਕਥਿਤ ਦੋਸ਼ੀ ਨੂੰ ਅਦਾਲਤ ਵਿੱਚ ਪੇਸ਼ ਕਰਨ ਉਪਰੰਤ ਗੋਇੰਦਵਾਲ ਸਾਹਿਬ ਜੇਲ੍ਹ ਵਿਖੇ ਭੇਜਿਆ ਜਾ ਰਿਹਾ ਹੈ।



# ਹਰਸੀ ਪਿੰਡ ਦੀ ਸੰਗਤ ਵੱਲੋਂ ਇਕ ਲੱਖ ਰੁਪਏ ਦੀ ਵਿੱਤੀ ਸੇਵਾ ਭੇਟ



ਟਾਂਡਾ ਉੜਮੁੜ, (ਜਸਵਿੰਦਰ ਸੰਧੂ, ਓਂਕਾਰ ਸਿੰਘ)

ਸ੍ਰੀ ਆਨੰਦਪੁਰ ਸਾਹਿਬ-ਗੜ੍ਹਸ਼ੰਕਰ ਸੜਕ ਨੂੰ ਚੌੜਾ ਕੇ ਚਹੁ ਮਾਰਗੀ ਕੀਤੇ ਜਾਣ ਦੇ ਪ੍ਰੋਜੈਕਟ ਵਿੱਚ ਟਾਂਡਾ ਨਾਲ ਸੰਬੰਧਿਤ ਹਰਸੀ ਪਿੰਡ ਦੀਆਂ ਸੰਗਤਾਂ ਵੱਲੋਂ 1 ਲੱਖ ਰੁਪਏ ਦੀ ਵਿੱਤੀ ਸੇਵਾ ਦਾ ਯੋਗਦਾਨ ਪਾਇਆ ਗਿਆ। ਗੁਰਦੁਆਰਾ ਪ੍ਰਬੰਧਕ ਕਮੇਟੀ ਪੱਤੀ ਅਮੀਪੁਰ ਅਤੇ ਨਗਰ ਦੀਆਂ ਸਮੂਹ ਸੰਗਤਾਂ ਵੱਲੋਂ ਆਪਣੀ ਨੇਕ ਕਮਾਈ ਨੂੰ ਸਫਲਾ ਕਰਦੇ ਹੋਏ ਇਕੱਤਰ ਕੀਤੀ ਹੋਈ 1 ਲੱਖ ਰੁਪਏ ਦੀ ਮਾਇਆ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੇਵਾਦਾਰ ਦਰਸ਼ਨ ਸਿੰਘ, ਮਾਸਟਰ ਮਦਨ ਸਿੰਘ, ਮਨਜੀਤ ਸਿੰਘ ਬਾਊ ,ਗੁਰਜੀਤ ਸਿੰਘ, ਚਰਨਜੀਤ ਸਿੰਘ, ਵਰਿੰਦਰ ਸਿੰਘ, ਸੇਵਕ ਸਿੰਘ ਨੇ ਇਹ ਵਿੱਤੀ ਸੇਵਾ ਇਸ ਪ੍ਰੋਜੈਕਟ ਦੇ ਪ੍ਰਬੰਧਕ ਸੇਵਾਦਾਰ ਬਾਬਾ ਸਤਨਾਮ ਸਿੰਘ ਸ੍ਰੀ ਅਨੰਦਪੁਰ ਸਾਹਿਬ ਵਾਲਿਆਂ ਨੂੰ ਭੇਂਟ ਕੀਤੀ। ਇਸ ਮੌਕੇ ਬਾਬਾ ਸਤਨਾਮ ਸਿੰਘ ਨੇ ਉਕਤ ਸਾਰੇ ਸੇਵਾਦਾਰਾਂ ਗੁਰਦੁਆਰਾ ਪ੍ਰਬੰਧਕ ਕਮੇਟੀ ਹਰਸੀ ਪਿੰਡ ਅਤੇ ਨਗਰ ਦੀਆਂ ਸਮੂਹ ਸੰਗਤਾਂ ਦਾ ਧੰਨਵਾਦ ਕਰਦੇ ਹੋਏ ਦੱਸਿਆ ਕਿ ਇਸ ਸਮੁੱਚੇ ਪ੍ਰੋਜੈਕਟ ਤੇ 77 ਕਰੋੜ ਰੁਪਏ ਦਾ ਖਰਚ ਆਉਣ ਦਾ ਅਨੁਮਾਨ ਹੈ ਉਹਨਾਂ ਕਿਹਾ ਕਿ ਇਹ ਸਾਰੀ ਸੇਵਾ ਸ੍ਰੀ ਅਨੰਦਪੁਰ ਸਾਹਿਬ ਨੂੰ ਆਉਣ ਜਾਣ ਵਾਲੀ ਸੰਗਤ ਤੇ ਹੋਰਨਾ ਰਾਹਗੀਰਾਂ ਦੀ ਸਹੂਲਤ ਤੇ ਮੱਦੇਨਜ਼ਰ ਕੀਤੀ ਜਾ ਰਹੀ ਹੈ ਜਿਸ ਵਿੱਚ ਦੇਸ਼ ਵਿਦੇਸ਼ਾਂ ਤੋਂ ਸੰਗਤਾਂ ਨੇ ਬੜੇ ਹੀ ਖੁੱਲ੍ਹੇ ਦਿਲ ਨਾਲ ਮਾਇਆ ਦਾ ਸਹਿਯੋਗ ਕਰਕੇ ਯੋਗਦਾਨ ਪਾਇਆ ਹੈ। ਇਸ ਮੌਕੇ ਹਰਸੀ ਪਿੰਡ ਦੇ ਪ੍ਰਬੰਧਕ ਸੇਵਾਦਾਰਾਂ ਨੇ ਬਾਬਾ ਜੀ ਵੱਲੋਂ ਕੀਤੇ ਜਾ ਰਹੇ ਇਸ ਕਾਰਜ ਦੀ ਸ਼ਲਾਘਾ ਕੀਤੀ ਅਤੇ ਹੋਰਨਾ ਸੰਗਤਾਂ ਨੂੰ ਵੀ ਚੱਲ ਰਹੇ ਇਸ ਪ੍ਰੋਜੈਕਟ ਵਿੱਚ ਆਪਣਾ ਯੋਗਦਾਨ ਪਾ ਕੇ ਇਸ ਨੂੰ ਨੇਪਰੇ ਚਾੜਨ ਲਈ ਕਿਹਾ ਗਿਆ।

## ਏ ਜੀ ਆਈ ਇਨਫਰਾ ਲਿਮਟਿਡ ਨੇ ਵਿਸਾਖੀ ਦਾ ਤਿਉਹਾਰ ਮਨਾਇਆ

ਜਲੰਧਰ (ਰਾਜੇਸ਼ ਥਾਪਾ)-ਏਜੀਆਈ ਇੰਫਰਾ ਲਿਮਟਿਡ, ਖੇਤਰ ਦੀ ਮੋਹਰੀ ਰੀਅਲ ਅਸਟੇਟ ਅਤੇ ਨਿਰਮਾਣ ਕੰਪਨੀ, ਨੇ ਆਪਣੇ ਪ੍ਰਮੁੱਖ ਰਿਹਾਇਸ਼ੀ ਪ੍ਰੋਜੈਕਟ ਅਰਬਾਨਾ ਵਿਖੇ



ਵਿਸਾਖੀ ਦਾ ਸ਼ੁੱਭ ਤਿਉਹਾਰ ਡੂੰਘੇ ਧਾਰਮਿਕ ਉਤਸ਼ਾਹ ਅਤੇ ਖੁਸ਼ੀ ਨਾਲ ਮਨਾਇਆ।ਜਸ਼ਨ ਦੀ ਸ਼ੁਰੂਆਤ ਰਹਿਰਾਸ ਸਾਹਿਬ ਨਾਲ ਹੋਈ, ਜਿਸ ਤੋਂ ਬਾਅਦ ਰੂਹਾਨੀ ਕੀਰਤਨ ਅਤੇ ਅਰਦਾਸ ਕੀਤੀ ਗਈ, ਜਿਸ ਵਿੱਚ ਏਜੀਆਈ ਇੰਫਰਾ ਨਾਲ ਜੁੜੇ ਸਾਰੇ ਨਿਵਾਸੀਆਂ ਅਤੇ ਭਾਈਚਾਰਿਆਂ ਲਈ ਖੁਸ਼ਹਾਲੀ, ਤੰਦਰੁਸਤੀ ਅਤੇ ਸਦਭਾਵਨਾ ਲਈ ਬ੍ਰਹਮ ਅਸੀਸਾਂ ਦੀ ਮੰਗ ਕੀਤੀ ਗਈ। ਗੁਰੂ ਜੀ ਕਾ ਲੰਗਰ ਦੀ ਸੇਵਾ ਦੁਆਰਾ ਅਧਿਆਤਮਿਕ ਤੌਰ 'ਤੇ ਭਰਪੂਰ ਮਾਹੌਲ ਨੂੰ ਹੋਰ ਉੱਚਾ ਕੀਤਾ ਗਿਆ, ਜਿੱਥੇ ਲਗਭਗ 10,000 ਸ਼ਰਧਾਲੂਆਂ ਅਤੇ ਮਹਿਮਾਨਾਂ ਨੇ ਏਕਤਾ ਅਤੇ ਨਿਰਸਵਾਰਥ ਸੇਵਾ ਦੀ ਭਾਵਨਾ ਨੂੰ ਅਪਣਾਉਂਦੇ ਹੋਏ ਭਾਈਚਾਰਕ ਭੋਜਨ ਵਿੱਚ ਹਿੱਸਾ ਲਿਆ।ਇਜੀਆਈ ਇੰਫਰਾ ਲਿਮਟਿਡ ਦੇ ਮੈਨੇਜਿੰਗ ਡਾਇਰੈਕਟਰ ਸੁਖਦੇਵ ਸਿੰਘ ਨੇ ਕਿਹਾ ਕਿ ਵਿਸਾਖੀ ਸਿਰਫ਼ ਇੱਕ ਫ਼ਸਲ ਦਾ ਤਿਉਹਾਰ ਨਹੀਂ ਹੈ, ਸਗੋਂ ਸਾਡੀ ਵਿਰਾਸਤ, ਭਾਈਚਾਰਕ ਬੰਧਨਾਂ ਅਤੇ ਲਚਕੀਲੇਪਣ ਦਾ ਇੱਕ ਪਵਿੱਤਰ ਜਸ਼ਨ ਹੈ।

# ਵਿਸਾਖੀ ਦਾ ਦਿਹਾੜਾ ਮਨਾਇਆ

ਕੁਰਾਲੀ (ਮੋਹਨ ਅੱਗਰਵਾਲ)

ਪਿੰਡ ਗੁੰਨੋ ਮਾਜਰਾ ਵੱਲੋ ਸਮੂਹ ਨਗਰ ਨਿਵਾਸੀਆਂ, ਗੁਰੂਦੁਆਰਾ ਪ੍ਰਬੰਧਕ ਕਮੇਟੀ ਅਤੇ ਨੌਜਵਾਨ ਸਭਾ ਦੇ ਸਹਿਯੋਗ ਨਾਲ ਵਿਸਾਖੀ ਦਿਹਾੜਾ ਮਨਾਇਆ ਗਿਆ ਜਿਸ ਦੌਰਾਨ ਪਿੰਡ ਦੀ ਸੰਗਤ ਵਲੋਂ ਗੁਰਬਾਣੀ ਦਾ ਅਨੰਦ ਮਾਣਿਆ ਗਿਆ।ਜਥੇਦਾਰ ਬਾਬਾ ਮਸਤਾਨ ਸਿੰਘ, ਮਿਸਲ ਭਾਈ ਸਦਾਨੰਦ ਵੱਲੋਂ ਗੁਰ ਪ੍ਰਚਾਰ ਕਥਾ ਕੀਰਤਨ ਨਾਲ ਨਿਹਾਲ ਕੀਤਾ ਗਿਆ।ਯੁਵਕ ਸੇਵਾਵਾਂ ਕਲੱਬ, ਗੁੰਨੋ ਮਾਜਰਾ ਵੱਲੋਂ ਵਿਸਾਖੀ ਦੇ ਪਵਿੱਤਰ ਦਿਹਾੜੇ 'ਤੇ ਦਸਤਾਰ ਮੁਕਾਬਲਾ ਕਰਵਾਇਆ ਗਿਆ ਜਿਸ ਵਿਚ 18 ਸਾਲ ਤੱਕ ਦੇ ਯੁਵਕ ਯੁਵਤੀਆਂ ਨੇ ਭਾਗ ਲਿਆ।ਮੁਕਾਬਲੇ ਦੌਰਾਨ ਯੁਵਕ ਸੇਵਾਵਾਂ ਕਲੱਬ ਵਲੋਂ ਜੇਤੂ ਨੌਜਵਾਨਾਂ ਨੂੰ ਪੱਗ, ਮੈਡਲ, ਮੋਮੈਂਟੋ ਅਤੇ ਇਨਾਮ ਰਾਸ਼ੀ ਨਾਲ ਸਨਮਨਿਤ ਕੀਤਾ ਗਿਆ। ਇਸ ਮੌਕੇ ਸੀਨੀਅਰ ਕਾਂਗਰਸੀ ਆਗੂ ਗੁਰਪ੍ਰਤਾਪ ਸਿੰਘ ਪਡਿਆਲਾ ਵੱਲੋਂ ਪਿੰਡ ਦੇ ਨੌਜਵਾਨਾਂ ਦੀ ਹੌਸਲਾ ਅਫ਼ਜਾਈ ਕੀਤੀ ਗਈ, ਜਿਸ ਦੌਰਾਨ ਉਹਨਾਂ ਵਲੋਂ ਨੌਜਵਾਨਾਂ ਨੂੰ ਆਪਣੇ ਵਿਰਸੇ ਅਤੇ ਸੱਭਿਆਚਾਰ ਨਾਲ ਜੁੜੇ ਰਹਿਣ ਲਈ ਪ੍ਰੇਰਿਆ ਕੀਤੀ ਤੇ ਭਵਿੱਖ ਵਿਚ ਅਜਿਹੇ ਕਾਰਜ ਕਰਨ ਲਈ ਹੱਲਾ ਸ਼ੇਰੀ ਦਿੱਤੀ ਗਈ।ਕਲੱਬ ਦੇ ਪ੍ਰਧਾਨ ਹਰਸ਼ਪ੍ਰੀਤ ਸਿੰਘ, ਸਤਨਾਮ ਸਿੰਘ ਅਤੇ ਗੁਰਪ੍ਰੀਤ ਸਿੰਘ ਵੱਲੋਂ ਸਮੂਹ ਨੌਜਵਾਨਾਂ ਦਾ ਧੰਨਵਾਦ ਕੀਤਾ ਗਿਆ । ਕਲੱਬ ਦੇ ਮੈਂਬਰ ਐਡਵਕੇਟ ਸੁਖਵਿੰਦਰ ਸਿੰਘ, ਗੁਰਵਿੰਦਰ ਸਿੰਘ ਰੈਂਪੀ, ਕੁਲਜੀਤ ਸਿੰਘ, ਗੁਰਦੀਪ ਸਿੰਘ, ਗੁਰਪ੍ਰੀਤ ਸਿੰਘ, ਹਰਪਿੰਦਰ ਸਿੰਘ, ਪਲਵਿੰਦਰ ਸਿੰਘ ਬੰਟੀ, ਦਲਬਾਗ ਸਿੰਘ, ਗੁਰਵਿੰਦਰ ਸਿੰਘ, ਜੁਝਾਰ ਸਿੰਘ, ਪਲਵਿੰਦਰ ਸਿੰਘ, ਪਰਦੀਪ ਸਿੰਘ, ਪਰਮਿੰਦਰ ਸਿੰਘ ਬੜੌਦੀ, ਹਰਮਨ ਸਿੰਘ ਅਤੇ ਸਮੂਹ ਕਲੱਬ ਮੈਂਬਰਾਂ ਵੱਲੋਂ ਸਮਾਜਿਕ ਕਾਰਜਾਂ ਨੂੰ ਹੋਰ ਵੀ ਉਤਸ਼ਾਹਪੂਰਵਕ ਕਰਨ ਲਈ ਨਿਰਣਾ ਕੀਤਾ।



# ਦਿਵਿਆ ਯੋਗ ਆਸ਼ਰਮ 'ਚ ਵਿਸਾਖੀ ਦਾ ਦਿਹਾੜਾ ਮਨਾਇਆ

ਸ਼ਾਹਕੋਟ (ਗਿਆਨ ਸੈਦਪੁਰੀ)

ਨਿਰੋਗ ਯੋਗ ਅਤੇ ਮਹਿਲਾ ਸ਼ਕਤੀ ਸੰਸਥਾ ਸ਼ਾਹਕੋਟ ਵੱਲੋਂ ਠਾਕੁਰ ਦੁਆਰਾ ਦਿਵਿਆ ਯੋਗ ਆਸ਼ਰਮ ਨਵਾਂ ਕਿਲਾ ਰੋਡ ਸ਼ਾਹਕੋਟ ਵਿਖੇ ਸਰਪ੍ਰਸਤ ਰਤਨ ਸਿੰਘ ਰੱਖਰਾ ਦੀ ਅਗਵਾਈ ਹੇਠ ਵਿਸਾਖੀ ਦਾ ਦਿਹਾੜਾ ਸ਼ਰਧਾ ਤੇ ਧੂਮ ਧਾਮ ਨਾਲ ਮਨਾਇਆ ਗਿਆ।ਇਸ ਮੌਕੇ ਸ਼੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਭਾਈ ਗੁਰਪ੍ਰੀਤ ਸਿੰਘ ਸੁਲਤਾਨਪੁਰ ਲੋਧੀ ਦੇ ਕੀਰਤਨੀ ਜਥੇ ਵੱਲੋਂ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ ਗਿਆ।ਸਮਾਗਮ ਵਿਚ ਹਲਕਾ ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੋਵਾਲੀਆ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਜਦਕਿ ਆਪ ਦੇ ਹਲਕਾ ਇੰਚਾਰਜ ਪਰਮਿੰਦਰ ਸਿੰਘ ਪੰਡੋਰੀ, ਨਗਰ ਪੰਚਾਇਤ ਸ਼ਾਹਕੋਟ ਦੇ ਪ੍ਰਧਾਨ ਗੁਲਜ਼ਾਰ ਸਿੰਘ ਥਿੰਦ, ਸ਼੍ਰੋਮਣੀ ਅਕਾਲੀ ਦਲ ਦੇ ਹਲਕਾ ਇੰਚਾਰਜ ਐਡਵੋਕੇਟ ਬਚਿੱਤਰ ਸਿੰਘ ਕੋਹਾੜ, ਮਾਰਕੀਟ ਕਮੇਟੀ ਮਹਿਤਪੁਰ ਦੇ ਚੇਅਰਮੈਨ ਬਲਕਾਰ ਸਿੰਘ ਚੱਠਾ ਵਿਸ਼ੇਸ਼ ਮਹਿਮਾਨਾਂ ਵਜੋਂ ਸਮਾਗਮ ਵਿਚ ਹਾਜ਼ਰ ਹੋਏ।ਇਸ ਮੌਕੇ ਡਾਂਸ ਗਰੁੱਪ ਕਲੱਬ ਦੇ ਮੈਡਮ ਸ਼ਾਖਸੀ ਗੁਪਤਾ ਦੀ ਟੀਮ ਵੱਲੋਂ ਵੱਖ ਵੱਖ ਪੇਸ਼ਕਾਰੀਆਂ ਅਤੇ ਬੱਚਿਆਂ ਵਲੋਂ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕੀਤਾ ਗਿਆ। ਮੀਤ ਭੰਗੜਾ ਗਰੁੱਪ ਦੇ ਸੰਚਾਲਕ ਧਰਮਿੰਦਰ ਸਿੰਘ ਰੂਪਰਾ ਵੱਲੋਂ ਆਪਣੇ ਵਿਦਿਆਰਥੀਆਂ ਨਾਲ ਗਿੱਧਾ ਤੇ ਭੰਗੜਾ ਪੇਸ਼ ਕੀਤਾ ਗਿਆ। ਸਮਾਗਮ ਦੌਰਾਨ ਮੰਚ ਸੰਚਾਲਨ ਮਾਸਟਰ ਜਤਿੰਦਰਪਾਲ ਸਿੰਘ ਬੱਲਾ ਨੇ ਕੀਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਮੁੱਖ ਮਹਿਮਾਨ ਲਾਡੀ ਸ਼ੇਰੋਵਾਲੀਆ ਨੇ ਕਿਹਾ ਕਿ ਯੋਗ ਆਸ਼ਰਮ ਵਿਚ ਅਜਿਹੇ ਸਮਾਗਮ ਕਰਵਾਏ ਜਾਣਾ ਸ਼ਲਾਘਾਯੋਗ ਉੱਦਮ ਹੈ। ਉਨ੍ਹਾਂ ਸਾਰੇ ਹਾਜ਼ਰੀਨ ਨੂੰ ਵਿਸਾਖੀ ਅਤੇ ਖ਼ਾਲਸਾ ਸਾਜਨਾ ਦਿਵਸ ਦੀ ਵਧਾਈ ਦਿੱਤੀ। ਇਸ ਮੌਕੇ ਨਿਰੋਗ ਯੋਗ ਸੰਸਥਾ ਦੇ ਸਰਪ੍ਰਸਤ ਰਤਨ ਸਿੰਘ ਰੱਖਰਾ, ਸਰਪ੍ਰਸਤ ਹਰਪਾਲ ਸਿੰਘ ਮੈਸਨ, ਮਾਰਕੀਟ ਕਮੇਟੀ ਸ਼ਾਹਕੋਟ ਦੇ ਸਾਬਕਾ ਚੇਅਰਮੈਨ ਜਥੇਦਾਰ ਚਰਨ ਸਿੰਘ ਸਿੰਧੜ ਤੇ ਸੁਰਿੰਦਰਜੀਤ ਸਿੰਘ ਚੱਠਾ, ਨਗਰ ਪੰਚਾਇਤ ਦੇ ਸਾਬਕਾ ਪ੍ਰਧਾਨ ਪਵਨ ਪੁਰੀ, ਸੁਖਦੀਪ ਸਿੰਘ ਸੋਨੂੰ ਕੰਗ ਪੀ.ਏ., ਵਾਈਸ ਪ੍ਰਧਾਨ ਸੁਰਿੰਦਰਪਾਲ ਸਿੰਘ, ਸੈਕਟਰੀ ਸੀਤਾ ਰਾਮ ਠਾਕੁਰ, ਖ਼ਜ਼ਾਨਚੀ ਬਿਕਰਮਜੀਤ ਸਿੰਘ ਸੁਖੀਜਾ, ਯੋਗ ਗੁਰੂ ਡਾ. ਜਗਦੀਸ਼ ਗੋਇਲ, ਬਖਸੀਸ਼ ਸਿੰਘ ਮਠਾੜ, ਮੁਹੇਸ਼ ਮਾਥੁਰ, ਸੀਨਅਰ ਮੀਤ ਪ੍ਰਧਾਨ ਚਰਨਜੀਤ ਅਰੋੜਾ, ਸੰਜੀਵ ਕੁਮਾਰ, ਪਰਮਜੀਤ ਕੌਰ ਬਾਜਾਜ ਸਾਬਕਾ ਵਾਈਸ ਪ੍ਰਧਾਨ ਨਗਰ ਪੰਚਾਇਤ, ਮਹਿਲਾ ਸ਼ਕਤੀ ਸੰਸਥਾ ਦੇ ਪ੍ਰਧਾਨ ਗੁਰਮੀਤ ਕੌਰ ਧਾਲੀਵਾਲ, ਸਕੱਤਰ ਸ਼ਮਿੰਦਰ ਕੌਰ ਆਦਿ ਹਾਜ਼ਰ ਸਨ।




## ਡਾ. ਅੰਬੇਡਕਰ ਦਾ ਜਨਮ ਦਿਨ 19 ਨੂੰ ਮਨਾਇਆ ਜਾਵੇਗਾ : ਮਨਜੀਤ ਕੌਰ

ਕਾਲਾ ਸੰਘਿਆਂ (ਮਨਜੀਤ ਮਾਨ)- ਪਿੰਡ ਕੁਲਾਰ ਜ਼ਿਲ੍ਹਾ ਜਲੰਧਰ ਵਿਖੇ ਸਰਪੰਚ ਸ੍ਰੀਮਤੀ ਲਖਵੀਰ ਕੌਰ ਤੇ ਸਮੂਹ ਗ੍ਰਾਮ ਪੰਚਾਇਤ ਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਡਾਕਟਰ ਬੀ ਆਰ ਅੰਬੇਡਕਰ ਦਾ ਜਨਮ ਦਿਨ 19 ਅਪ੍ਰੈਲ ਦਿਨ ਸ਼ਨੀਵਾਰ ਨੂੰ ਬਹੁਤ ਹੀ ਉਤਸ਼ਾਹ ਤੇ ਸ਼ਾਨੋਸ਼ੌਕਤ ਨਾਲ ਮਨਾਇਆ ਜਾ ਰਿਹਾ ਹੈ । ਸਤਵਿੰਦਰ ਸਿੰਘ ਪ੍ਰਧਾਨ ਅੰਬੇਡਕਰ ਸਭਾ ਤੇ ਸਰਪੰਚ ਸ੍ਰੀਮਤੀ ਲਖਵੀਰ ਕੌਰ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਇਸ ਸਮਾਗਮ ਵਿੱਚ ਪਿੰਦਰ ਪੰਡੋਰੀ ਹਲਕਾ ਇੰਚਾਰਜ ਆਮ ਆਦਮੀ ਪਾਰਟੀ ਮੁਖ ਮਹਿਮਾਨ ਵਜੋਂ ਸ਼ਿਰਕਤ ਕਰਨਗੇ । ਪੜ੍ਹਾਈ ਦੇ ਖੇਤਰ ਵਿੱਚ ਮੱਲਾਂ ਮਾਰਨ ਵਾਲੇ ਵਿਦਿਆਰਥੀਆਂ ਦਾ ਸਨਮਾਨ ਕੀਤਾ ਜਾਵੇਗਾ । ਇਸ ਮੌਕੇ ਮੈਂਬਰ ਬਲਵੀਰ ਸਿੰਘ , ਪ੍ਰਧਾਨ ਰਾਜਨ, ਪੰਕਜ਼ ਸੂਦ, ਸਤਵਿੰਦਰ ਸਿੰਘ ਪ੍ਰਧਾਨ ਡਾਕਟਰ ਬੀ ਆਰ ਅੰਬੇਡਕਰ, ਗੁਰਤੇਜ ਸਿੰਘ,ਦੇਬਾ ਮਨੀਲਾ ਤੋਂ ਇਲਾਵਾ ਪਿੰਡ ਦੀ ਸਮੂਹ ਗ੍ਰਾਮ ਪੰਚਾਇਤ ਤੇ ਪਿੰਡ ਤੇ ਨਗਰ ਨਿਵਾਸੀ ਹਾਜਰ ਸਨ।

## ਸਿੱਧੂ ਜਠੇਰਿਆਂ ਤੇ ਵਿਸਾਖੀ ਦਾ ਮੇਲਾ ਮਨਾਇਆ

ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ) ਨਜਦੀਕੀ ਪਿੰਡ ਭੀਣ ਵਿਖੇ ਸਿੱਧੂ ਜਠੇਰਿਆਂ ਤੇ ਵਿਸਾਖੀ ਦਾ ਮੇਲਾ ਬੜੀ ਸ਼ਰਧਾ ਪੂਰਵਕ ਬੜੀ ਧੂਮਧਾਮ ਨਾਲ ਮਨਾਇਆ ਗਿਆ। ਸਵੇਰੇ



ਮੂਰਤੀਆਂ ਦੇ ਇਸ਼ਨਾਨ ਕਰਵਾਏ ਗਏ, ਵਸਤਰ ਬਦਲੇ ਗਏ, ਨਿਸ਼ਾਨ ਸਾਹਿਬ ਚੜ੍ਹਾਉਣ ਦੀ ਰਸਮ ਅਦਾ ਕੀਤੀ ਗਈ। ਸਵੇਰੇ ਤੋਂ ਹੀ ਲੰਗਰ ਚਲਾਇਆ ਗਿਆ ਅਤੇ ਸਤਨਾਮ ਸਿੰਘ ਕਮਲ ਸਿੱਧੂ ਨੇ ਕਿਹਾ ਹੈ ਕਿ ਸਾਨੂੰ ਆਪਣੇ ਵੱਡੇ ਵਡੇਰਿਆਂ ਦੀ ਤੰਨ ਮੰਨ ਤੇ ਸ਼ਰਧਾ ਨਾਲ ਸੇਵਾ ਕਰਨ ਨਾਲ ਕਦੇ ਵੀ ਦੁੱਖ ਨਹੀਂ ਆਉਂਦੇ ਤੇ ਵੱਡੇ ਬਜੁਰਗਾਂ ਦਾ ਹਮੇਸ਼ਾ ਪਰਵਾਰ 'ਤੇ ਅਸ਼ੀਰਵਾਦ ਬਣਿਆ ਰਹਿੰਦਾ ਹੈ। ਇਸ ਮੌਕੇ 'ਤੇ ਸਮੂਹ ਮੈਂਬਰ ਹਾਜਰ ਰਹੇ, ਜਿਸ ਵਿਚ ਅਵਤਾਰ ਸਿੰਘ ਸਿੱਧੂ, ਜਗਤਾਰ ਸਿੰਘ ਸਿੱਧੂ,ਪਰਗਣ ਸਿੰਘ,ਮਦਨ ਲਾਲ,ਦਰਸ਼ਨ ਕੁਮਾਰ ਸਰਵਿਸ, ਨਰਿੰਦਰ ਕੁਮਾਰ ਸਿੱਧੂ ,ਰਣਜੀਤ ਸਿੱਧੂ,ਬਾਬਾ ਮਦਨ ਸ਼ਾਹਬਾਬਾ ਸੈਣੀ ਤੇ ਸਮੂਹ ਮੈਂਬਰ ਹਾਜਰ ਸਨ।

# ਵਿਦਿਆਰਥੀਆਂ ਦੀ ਭਲਾਈ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ : ਡਾ. ਰਵਜੋਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)—ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੇ 134ਵੇਂ ਜਨਮ ਦਿਨ ਮੌਕੇ ਸਥਾਨਕ ਸਰਕਾਰੀ ਕਾਲਜ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਸਮਾਗਮ ਦੌਰਾਨ ਵੱਖ-ਵੱਖ ਵਿਦਿਅਕ ਅਦਾਰਿਆਂ ਦੇ ਵਿਦਿਆਰਥੀਆਂ ਨੇ ਕਿਹਾ ਕਿ ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਸਦਕਾ ਉਨ੍ਹਾਂ ਨੂੰ ਉਚੇਰੀ ਸਿੱਖਿਆ ਹਾਸਲ ਕਰਨ ਦਾ ਮੌਕਾ ਮਿਲਿਆ ਹੈ ਜਿਸ ਲਈ ਉਹ ਪੰਜਾਬ ਸਰਕਾਰ ਦੇ ਧੰਨਵਾਦੀ ਹਨ।ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਵਿਦਿਆਰਥੀਆਂ ਦੀ ਭਲਾਈ ਲਈ ਹਰ ਲੋੜੀਂਦਾ ਕਦਮ ਚੁੱਕਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲਾਂ ਦੌਰਾਨ ਸੂਬੇ ਵਿਚ ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਲਾਭਪਾਤਰੀ ਵਿਦਿਆਰਥੀਆਂ ਦੀ ਗਿਣਤੀ ਵਿਚ ਵਾਧਾ ਹੋਇਆ ਹੈ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵਲੋਂ ਸਕੀਮ ਤਹਿਤ ਸਮੇਂ-ਸਮੇਂ 'ਤੇ ਨਿਰਧਾਰਤ ਫੰਡ ਜਾਰੀ ਕੀਤੇ ਜਾ ਰਹੇ ਹਨ।ਪੰਡਿਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ ਦੀ ਵਿਦਿਆਰਥਣ ਮੰਗਲਾ ਕੌਰ, ਜੋ ਡੀ ਫਾਰਮੈਸੀ ਕਰ ਰਹੀ ਹੈ, ਨੇ ਸਟੇਜ ਰਾਹੀਂ ਆਪਣਾ ਤਜ਼ਰਬਾ ਸਾਂਝਾ ਕਰਦਿਆਂ ਦੱਸਿਆ ਕਿ ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਉਨ੍ਹਾਂ ਲਈ ਬੇਹੱਦ ਲਾਹੇਬੰਦ ਸਾਬਤ ਹੋਈ ਹੈ। ਉਨ੍ਹਾਂ ਦੱਸਿਆ ਕਿ ਉਸਦੇ ਪਿਤਾ ਜੀ ਦੇ ਦੇਹਾਂਤ ਉਪਰੰਤ ਆਪਣੀ ਉਚੇਰੀ ਸਿੱਖਿਆ ਬਰਕਰਾਰ ਰੱਖਣਾ ਉਸ ਲਈ ਵੱਡੀ ਚੁਣੌਤੀ ਸੀ ਜਿਸ ਦਾ ਹੱਲ ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਰਾਹੀਂ ਹੋਇਆ ਅਤੇ ਉਹ ਆਪਣੀ ਪੜ੍ਹਾਈ ਮੁਕੰਮਲ ਕਰਨ ਦੇ ਨਜ਼ਦੀਕ ਪਹੁੰਚ ਗਈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਲਾਭ ਲੈਣਾ ਬਹੁਤ ਸੁਖਾਲਾ ਹੈ ਜਿਸ ਨਾਲ ਵਿਦਿਆਰਥੀ ਆਪਣੀ ਉਚੇਰੀ ਸਿੱਖਿਆ ਅਸਾਨੀ ਨਾਲ ਹਾਸਲ ਕਰ ਸਕਦੇ ਹਨ।ਸਰਕਾਰੀ ਕਾਲਜ ਵਿਖੇ ਐਮ.ਏ. ਮਿਊਜ਼ਿਕ ਦੀ ਵਿਦਿਆਰਥਣ ਸੰਦੀਪ ਕੌਰ ਨੇ ਆਪਣੇ ਵਿਚਾਰ ਰੱਖਦਿਆਂ ਕਿਹਾ ਕਿ ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਨੇ ਉਸ ਦਾ ਸੰਗੀਤ ਦੀ ਸਿੱਖਿਆ ਦਾ ਸੁਪਨਾ ਸਾਕਾਰ ਕਰ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਆਰਥਿਕ ਪੱਖੋਂ ਘਰੇਲੂ ਹਾਲਾਤ ਬਹੁਤੇ ਸਾਜ਼ਗਾਰ ਨਾ ਹੋਣ ਦੀ ਸੂਰਤ ਵਿਚ ਉਸ ਨੂੰ ਉਚੇਰੀ ਸਿੱਖਿਆ ਹਾਸਲ ਕਰਨਾ ਮੁਸ਼ਕਿਲ ਜਾਪ ਰਿਹਾ ਸੀ ਪਰ ਅਧਿਆਪਕਾਂ ਦੀ ਅਗਵਾਈ ਅਤੇ ਸਕਾਲਰਸ਼ਿਪ ਸਕੀਮ ਨੇ ਉਸ ਦੀ ਮੁਸ਼ਕਿਲ ਨੂੰ ਆਸਾਨ ਕਰ ਦਿੱਤਾ।

ਸਰਕਾਰੀ ਆਈ.ਟੀ.ਆਈ. ਦੇ ਵਿਦਿਆਰਥੀ ਰਿਤਿਕ ਤੱਥੀ ਨੇ ਦੱਸਿਆ ਕਿ ਉਸ ਦੇ ਪਿਤਾ ਜੀ ਸਾਧਾਰਨ ਕੰਮਕਾਜ ਕਰਦੇ ਹਨ ਅਤੇ ਉਚੇਰੀ ਸਿੱਖਿਆ ਹਾਸਲ ਕਰਨਾ ਉਸ ਨੂੰ ਵੱਸੋਂ ਬਾਹਰ ਵਾਲੀ ਗੱਲ ਲਗਦੀ ਸੀ। ਉਨ੍ਹਾਂ ਦੱਸਿਆ ਕਿ ਜਦੋਂ ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਬਾਰੇ ਉਨ੍ਹਾਂ ਨੂੰ ਪਤਾ ਲੱਗਾ ਤਾਂ ਉਨ੍ਹਾਂ ਨੇ ਇਸ ਦਾ ਲਾਭ ਲੈਂਦਿਆਂ ਆਪਣੀ ਆਈ.ਟੀ.ਆਈ. ਦੀ ਸਿਖਲਾਈ ਹਾਸਲ ਕਰਨੀ ਸ਼ੁਰੂ ਕੀਤੀ ਅਤੇ ਉਹ ਹੁਣ ਆਪਣਾ ਕੋਰਸ ਮੁਕੰਮਲ ਕਰਨ ਵਾਲੇ ਹਨ। ਤਿੰਨਾਂ ਵਿਦਿਆਰਥੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਸਮੇਂ-ਸਮੇਂ ਸਿਰ ਫੀਸਾਂ ਜਾਰੀ ਕਰਕੇ ਉਨ੍ਹਾਂ ਦੀ ਪੜ੍ਹਾਈ ਦਾ ਸੁਪਨਾ ਸਾਕਾਰ ਕੀਤਾ ਹੈ ਜਿਸ ਲਈ ਸਰਕਾਰ ਵਧਾਈ ਦੀ ਪਾਤਰ ਹੈ। ਡਾ. ਬੀ.ਆਰ. ਅੰਬੇਡਕਰ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦੇ ਨੋਡਲ ਅਧਿਕਾਰੀ ਪ੍ਰੋ: ਹਰਜਿੰਦਰ ਪਾਲ ਨੇ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਕੀਮ ਲੋੜਵੰਦ ਵਿਦਿਆਰਥੀਆਂ ਲਈ ਬਹੁਤ ਲਾਹੇਵੰਦ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਸਕੀਮ ਨੂੰ ਜ਼ਮੀਨੀ ਪੱਧਰ ਤੱਕ ਪ੍ਰਚਾਰਨ ਲਈ ਸਮੇਂ-ਸਮੇਂ 'ਤੇ ਵਿਦਿਅਕ ਅਦਾਰਿਆਂ ਵਿਚ ਕੈਂਪ, ਸੈਮੀਨਾਰ ਆਦਿ ਤੋਂ ਇਲਾਵਾ ਨੋਟਿਸ ਬੋਰਡਾਂ ਰਾਹੀਂ ਜਾਣਕਾਰੀ ਦਿੱਤੀ ਜਾਂਦੀ ਹੈ ਜਿਸ ਦਾ ਯੋਗ ਵਿਦਿਆਰਥੀਆਂ ਨੂੰ ਲਾਭ ਲੈਣਾ ਚਾਹੀਦਾ ਹੈ।

# ਬੈਂਸ ਨੇ ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ



ਚੰਡੀਗੜ੍ਹ, ਕੁਰਾਲੀ (ਗੁਰਜੀਤ ਬਿੱਲਾ, ਮੋਹਨ ਅਗਰਵਾਲ)- ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਇੱਥੇ ਦਲਿਤ ਆਗੂ ਭੀਮ ਰਾਓ ਰਾਮਜੀ ਅੰਬੇਡਕਰ ਵੱਲੋਂ ਨਿਭਾਈਆਂ ਸੇਵਾਵਾਂ ਨੂੰ ਯਾਦ ਕੀਤਾ, ਜਿਨ੍ਹਾਂ ਨੂੰ ਭਾਰਤ ਦੇ ਸੰਵਿਧਾਨ ਦੇ ਪਿਤਾ ਅਤੇ ਪੀੜਤਾਂ ਲਈ ਲੜਨ ਵਾਲੇ ਵਿਅਕਤੀ ਵਜੋਂ ਯਾਦ ਕੀਤਾ ਜਾਂਦਾ ਹੈ।ਰਿਆਤ ਬਾਹਰਾ ਯੂਨੀਵਰਸਿਟੀ ਵਿਖੇ ਡਾ. ਅੰਬੇਡਕਰ ਨੂੰ ਸ਼ਰਧਾਂਜਲੀ ਦੇਣ ਲਈ ਜ਼ਿਲ੍ਹਾ ਪੱਧਰੀ ਸਮਾਗਮ ਵਿੱਚ ਬੋਲਦਿਆਂ, ਬੈਂਸ ਨੇ ਕਿਹਾ ਕਿ ਭਾਰਤੀ ਸੰਵਿਧਾਨ ਦੇ ਨਿਰਮਾਤਾ ਕਈ ਪੀੜ੍ਹੀਆਂ ਲਈ ਹਮੇਸ਼ਾ ਪ੍ਰੇਰਨਾ ਸਰੋਤ ਬਣੇ ਰਹਿਣਗੇ। ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਨੇ ਭਾਰਤੀ ਸਮਾਜ ਨੂੰ ਪੂਰੀ ਤਰ੍ਹਾਂ ਸਮਝਿਆ ਅਤੇ ਭਵਿੱਖ ਲਈ ਰਾਹ ਪੱਧਰਾ ਕੀਤਾ।ਇਸ ਮੌਕੇ 'ਤੇ ਬੋਲਦਿਆਂ ਰਿਆਤ ਬਾਹਰਾ ਯੂਨੀਵਰਸਿਟੀ ਦੇ ਚਾਂਸਲਰ ਅਤੇ ਰਿਆਤ ਬਾਹਰਾ ਗਰੁੱਪ ਆਫ਼ ਇੰਸਟੀਚਿਊਸ਼ਨਜ਼ ਦੇ ਚੇਅਰਮੈਨ ਗੁਰਵਿੰਦਰ ਸਿੰਘ ਬਾਹਰਾ ਨੇ ਕਿਹਾ ਕਿ ਬਾਬਾ ਸਾਹਿਬ ਦੇ ਨਾਮ ਨਾਲ ਮਸ਼ਹੂਰ, ਅੰਬੇਡਕਰ ਇੱਕ ਭਾਰਤੀ ਕਾਨੂੰਨਸਾਜ਼, ਅਰਥਸ਼ਾਸਤਰੀ, ਸਿਆਸਤਦਾਨ ਅਤੇ ਸਮਾਜ ਸੁਧਾਰਕ ਸਨ ਜਿਨ੍ਹਾਂ ਨੇ ਦਲਿਤ ਬੋਧੀ ਅੰਦੋਲਨ ਨੂੰ ਪ੍ਰੇਰਿਤ ਕੀਤਾ।ਉਸਨੇ ਅਛੂਤਾਂ ਖਿਲਾਫ ਸਮਾਜਿਕ ਵਿਤਕਰੇ ਵਿਰੁੱਧ ਮੁਹਿੰਮ ਚਲਾਈ ਅਤੇ ਔਰਤਾਂ ਅਤੇ ਮਜ਼ਦੂਰਾਂ ਦੇ ਅਧਿਕਾਰਾਂ ਦਾ ਵੀ ਸਮਰਥਨ ਕੀਤਾ।ਸਮਾਗਮ ਵਿੱਚ ਮਾਲਵਿੰਦਰ ਸਿੰਘ ਕੰਗ ਐਮ.ਪੀ ਸ੍ਰੀ ਅਨੰਦਪੁਰ ਸਾਹਿਬ, ਪ੍ਰਭਜੋਤ ਕੌਰ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ ਮੁਹਾਲੀ, ਚੇਅਰਮੈਨ ਪੰਜਾਬ ਯੂਥ ਵਿਕਾਸ ਬੋਰਡ ਪਰਮਿੰਦਰ ਸਿੰਘ ਗੋਲਡੀ,ਆਦਿ ਹਾਜ਼ਰ ਸਨ।ਮੋਹਾਲੀ ਦੇ ਡਿਪਟੀ ਕਮਿਸ਼ਨਰ ਕੋਮਲ ਮਿੱਤਲ ਨੇ ਕੈਬਨਿਟ ਮੰਤਰੀ ਦਾ ਉਨ੍ਹਾਂ ਦੇ ਆਉਣ ਤੇ ਸਵਾਗਤ ਕੀਤਾ।ਬਾਅਦ ਵਿੱਚ ਮੰਤਰੀ ਨੇ ਅਨੁਸੂਚਿਤ ਜਾਤੀ ਦੇ ਵਿਦਿਆਰਥੀਆਂ ਲਈ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮਾਂ, ਅਸ਼ੀਰਵਾਦ ਸਕੀਮ ਅਤੇ ਪੀਐਮਏਜੀਵਾਈ ਸਕੀਮ ਦੇ ਪੰਜ-ਪੰਜ ਲਾਭਪਾਤਰੀਆਂ ਨੂੰ ਪੱਤਰ ਵੰਡੇ।ਚਾਂਸਲਰ ਗੁਰਵਿੰਦਰ ਸਿੰਘ ਬਾਹਰਾ ਨੇ ਧੰਨਵਾਦ ਦਾ ਮਤਾ ਪੇਸ਼ ਕੀਤਾ।

# ਬਾਜਵਾ 'ਤੇ ਐੱਫ ਆਈ ਆਰ ਵਿਰੋਧੀ ਧਿਰ ਦੀਆਂ ਆਵਾਜ਼ਾਂ ਨੂੰ ਦਬਾਉਣ ਦੀ ਸ਼ਰਮਨਾਕ ਕੋਸ਼ਿਸ਼ : ਬਲਬੀਰ ਸਿੰਘ ਸਿੱਧੂ

ਚੰਡੀਗੜ੍ਹ (ਗੁਰਜੀਤ ਬਿੱਲਾ)-ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਦੇ ਸਾਬਕਾ ਸਿਹਤ ਮੰਤਰੀ ਬਲਬੀਰ ਸਿੰਘ ਸਿੱਧੂ ਨੇ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ ਵਿਰੁੱਧ ਦਰਜ ਕੀਤੀ ਗਈ ਐਫਆਈਆਰ ਦਾ ਸਖ਼ਤ ਵਿਰੋਧ ਕੀਤਾ ਹੈ। ਉਨ੍ਹਾਂ ਇਸ ਕਦਮ ਨੂੰ 'ਸੱਚ ਦੀਆਂ ਆਵਾਜ਼ਾਂ ਨੂੰ ਚੁੱਪ ਕਰਾਉਣ ਦੀ ਸ਼ਰਮਨਾਕ ਅਤੇ ਬੇਚੈਨ ਕੋਸ਼ਿਸ਼' ਕਰਾਰ ਦਿੱਤਾ ਹੈ।ਜਾਰੀ ਕੀਤੇ ਇੱਕ ਤਿੱਖੇ ਬਿਆਨ ਵਿੱਚ, ਸਿੱਧੂ ਨੇ ਕਿਹਾ, 'ਪੰਜਾਬ ਵਿੱਚ ਵਿਗੜਦੀ ਕਾਨੂੰਨ ਵਿਵਸਥਾ ਬਾਰੇ ਜਾਇਜ਼ ਚਿੰਤਾਵਾਂ ਉਠਾਉਣ ਲਈ ਪ੍ਰਤਾਪ ਸਿੰਘ ਬਾਜਵਾ 'ਤੇ ਐਫਆਈਆਰ ਦਰਜ ਕਰਨ ਦੀ ਕਾਰਵਾਈ ਨਾ ਸਿਰਫ਼ ਨਿੰਦਣਯੋਗ ਹੈ, ਸਗੋਂ ਰਾਜਨੀਤਿਕ ਬਦਲਾਖੋਰੀ ਦੀ ਵੀ ਬਦਬੂ ਆਉਂਦੀ ਹੈ। ਇਹ ਸਪੱਸ਼ਟ ਹੈ ਕਿ ਵਧਦੀ ਜਨਤਕ ਆਲੋਚਨਾ ਅਤੇ ਸ਼ਾਂਤੀ ਅਤੇ ਸੁਰੱਖਿਆ ਬਣਾਈ ਰੱਖਣ ਵਿੱਚ ਅਸਫਲਤਾ ਤੋਂ ਘਬਰਾ ਕੇ ਮਾਨ ਸਰਕਾਰ ਹੁਣ ਵਿਰੋਧੀ ਧਿਰ ਨੂੰ ਨਿਸ਼ਾਨਾ ਬਣਾਉਣ ਲਈ ਸ਼ਕਤੀ ਦੀ ਦੁਰਵਰਤੋਂ ਕਰ ਰਹੀ ਹੈ।ਸਿੱਧੂ ਨੇ ਜ਼ੋਰ ਦੇ ਕੇ ਕਿਹਾ ਕਿ ਜਨਤਕ ਸੁਰੱਖਿਆ ਅਤੇ ਸ਼ਾਸਨ ਦੇ ਮੁੱਦੇ ਉਠਾਉਣਾ ਵਿਰੋਧੀ ਧਿਰ ਦੇ ਨੇਤਾ ਦਾ ਸੰਵਿਧਾਨਕ ਫਰਜ਼ ਹੈ। ਸਹੀ ਭਾਵਨਾ ਨਾਲ ਰਚਨਾਤਮਕ ਆਲੋਚਨਾ ਲੈਣ ਅਤੇ ਉਸ 'ਤੇ ਕਾਰਵਾਈ ਕਰਨ ਦੀ ਬਜਾਏ, ਭਗਵੰਤ ਮਾਨ ਸਰਕਾਰ ਇੱਕ ਅਸੁਰੱਖਿਅਤ ਸ਼ਾਸਨ ਵਾਂਗ ਪ੍ਰਤੀਕਿਰਿਆ ਕਰ ਰਹੀ ਹੈ ਜੋ ਅਸਹਿਮਤੀ ਨੂੰ ਬਰਦਾਸ਼ਤ ਨਹੀਂ ਕਰ ਸਕਦੀ। ਐਫਆਈਆਰ ਲੋਕਤੰਤਰੀ ਕਦਰਾਂ-ਕੀਮਤਾਂ 'ਤੇ ਹਮਲਾ ਹੈ, ਅਤੇ ਅਜਿਹੇ ਤਾਨਾਸ਼ਾਹੀ ਆਚਰਣ ਦੀ ਲੋਕਤੰਤਰੀ ਵਿਵਸਥਾ ਵਿੱਚ ਕੋਈ ਥਾਂ ਨਹੀਂ ਹੈ।ਉਨ੍ਹਾਂ ਅੱਗੇ ਕਿਹਾ ਕਿ ਆਪ ਦੇ ਸ਼ਾਸਨ ਦੌਰਾਨ ਪੰਜਾਬ ਵਿੱਚ ਕਾਨੂੰਨ ਵਿਵਸਥਾ ਦੀ ਸਥਿਤੀ ਲਗਾਤਾਰ ਡਿੱਗ ਰਹੀ ਹੈ, ਜਿਸ ਵਿੱਚ ਗੈਂਗ ਵਾਰ, ਨਸ਼ੀਲੇ ਪਦਾਰਥਾਂ ਦੀ ਤਸਕਰੀ ਅਤੇ ਸਰਕਾਰੀ ਕਰਮਚਾਰੀਆਂ ਅਤੇ ਨਿਆਂਪਾਲਿਕਾ ਦੇ ਮੈਂਬਰਾਂ 'ਤੇ ਹਮਲੇ ਵਧ ਰਹੇ ਹਨ।ਬਾਜਵਾ ਨੇ ਉਹੀ ਕਿਹਾ ਜੋ ਪੰਜਾਬ ਦੇ ਲੋਕ ਹਰ ਰੋਜ਼ ਦੇਖ ਰਹੇ ਹਨ। ਜੇਕਰ ਸੱਚਾਈ ਨੂੰ ਉਭਾਰਨਾ ਹੁਣ ਇੱਕ ਅਪਰਾਧ ਹੈ, ਤਾਂ ਇਹ ਦਰਸਾਉਂਦਾ ਹੈ ਕਿ ਇਹ ਸਰਕਾਰ ਲੋਕਤੰਤਰੀ ਸਿਧਾਂਤਾਂ ਤੋਂ ਕਿੰਨੀ ਦੂਰ ਭਟਕ ਗਈ ਹੈ। ਸਿੱਧੂ ਨੇ ਮੁੱਖ ਮੰਤਰੀ ਭਗਵੰਤ ਮਾਨ 'ਤੇ ਵੀ ਨਿਸ਼ਾਨਾ ਸਾਧਿਆ, ਉਨ੍ਹਾਂ 'ਤੇ ਸ਼ਾਸਨ ਨਾਲੋਂ ਪ੍ਰਚਾਰ ਅਤੇ ਡਰਾਮੇ 'ਤੇ ਜ਼ਿਆਦਾ ਕੇਂਦ੍ਰਿਤ ਹੋਣ ਦਾ ਦੋਸ਼ ਲਗਾਇਆ।ਮੁੱਖ ਮੰਤਰੀ ਟਵਿੱਟਰ ਰਾਜਨੀਤੀ ਵਿੱਚ ਰੁੱਝੇ ਹੋਏ ਹਨ ਜਦੋਂ ਕਿ ਪੰਜਾਬ ਦੁੱਖ ਝੱਲ ਰਿਹਾ ਹੈ। ਉਨ੍ਹਾਂ ਦੀ ਸਰਕਾਰ ਅਸਲ ਕੰਮ ਦੀ ਬਜਾਏ ਸੁਰਖੀਆਂ 'ਤੇ ਚੱਲ ਰਹੀ ਹੈ। ਝੂਠੀਆਂ ਐਫਆਈਆਰ ਦਰਜ ਕਰਨ ਨਾਲ ਉਨ੍ਹਾਂ ਦੀ ਅਯੋਗਤਾ ਨਹੀਂ ਲੁਕੇਗੀ।

# ਸਿਲਵਰ ਓਕ ਇੰਟਰਨੈਸ਼ਨਲ ਸਕੂਲ 'ਚ ਵਿਸਾਖੀ ਦਾ ਤਿਉਹਾਰ ਮਨਾਇਆ



ਟਾਂਡਾ ਉੜਮੁੜ (ਜਸਵਿੰਦਰ ਸੰਧੂ)-ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ, ਸ਼ਾਹਬਾਜ਼ਪੁਰ ਵਿਖੇ ਵਿਸਾਖੀ ਦਾ ਤਿਉਹਾਰ ਬਹੁਤ ਹੀ ਧੂਮ ਧਾਮ ਨਾਲ ਮਨਾਇਆ ਗਿਆ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਵਿੱਚ ਬੱਚਿਆਂ ਦੇ ਅਲੱਗ ਅਲੱਗ ਮੁਕਾਬਲੇ ਕਰਵਾਏ ਗਏ। ਵਿਸਾਖੀ ਦੇ ਮੌਕੇ ਤੇ ਬੱਚਿਆਂ ਨੂੰ ਇਸ ਤਿਉਹਾਰ ਦੇ ਇਤਿਹਾਸ ਬਾਰੇ ਸਾਰੇ ਅਧਿਆਪਕਾਂ ਵੱਲੋਂ ਜਾਣਕਾਰੀ ਦਿੱਤੀ ਗਈ। ਇਸ ਸ਼ੁਭ ਦਿਹਾੜੇ ਦੇ ਉੱਤੇ ਬੱਚਿਆਂ ਦੇ ਅਲੱਗ ਅਲੱਗ ਗਤੀਵਿਧੀਆਂ ਦੇ ਮੁਕਾਬਲੇ ਕਰਵਾਏ ਗਏ। ਇਹਨਾਂ ਗਤਿਵਿਧੀਆਂ ਦੇ ਦੌਰਾਨ ਨੌਵੀਂ ਕਲਾਸ ਦੇ ਲੜਕਿਆਂ ਦੇ ਦਸਤਾਰ ਸਜਾਉਣ ਦੇ ਮੁਕਾਬਲੇ, ਅੱਠਵੀਂ ਕਲਾਸ ਦੇ ਬੱਚਿਆਂ ਦੀ ਭਾਸ਼ਣ ਪ੍ਰਤੀਯੋਗਿਤਾ ਅਤੇ ਹਾਊਸ ਵਾਈਜ਼ ਬੋਰਡ ਡੈਕੋਰੇਸ਼ਨ ਮੁਕਾਬਲਿਆਂ ਵਿੱਚ ਹਿੱਸਾ ਲਿਆ। ਦਸਤਾਰ ਸਜਾਉਣ ਦੇ ਮੁਕਾਬਲਿਆਂ ਵਿੱਚ ਪਹਿਲਾ ਸਥਾਨ ਗੁਰ ਜਸ਼ਨ ਸਿੰਘ ਨੇ ਦੂਸਰਾ ਕਰਨਜੋਤ ਸਿੰਘ ਨੇ ਅਤੇ ਤੀਸਰਾ ਸਥਾਨ ਰਾਜਵੀਰ ਸਿੰਘ ਨੇ ਹਾਸਿਲ ਕੀਤਾ। ਇਸੇ ਤਰ੍ਹਾਂ ਭਾਸ਼ਣ ਪ੍ਰਗਤੀਯੋਗਤਾ ਵਿੱਚ ਪਹਿਲੇ ਸਥਾਨ 'ਤੇ ਅਨਮੋਲ ਅਤੇ ਭੂਮਿਕਾ ਨੇ ਜਗ੍ਹਾ ਬਣਾਈ ਦੂਸਰੇ ਸਥਾਨ 'ਤੇ ਸੀਰਤ ਅਤੇ ਮਨਰੀਤ ਕਾਬਜ਼ ਹੋਈਆਂ ਅਤੇ ਤੀਸਰਾ ਸਥਾਨ ਸਹਿਜ ਅਤੇ ਕਰਮ ਜੋਧੇ ਹਿੱਸੇ ਆਇਆ। ਹਾਂਜੀ ਹਾਊਸ ਵਾਈਜ਼ ਬੋਰਡ ਡੈਕੋਰੇਸ਼ਨ ਮੁਕਾਬਲਾ ਦੇ ਵਿੱਚ ਅਰਥ ਹਾਊਸ ਪਹਿਲੇ ਸਥਾਨ 'ਤੇ ਮਰਕਰੀ ਹਾਊਸ ਦੂਸਰੇ ਸਥਾਨ 'ਤੇ ਅਤੇ ਮਾਰਚ ਹਾਊਸ ਤੀਸਰੇ ਸਥਾਨ 'ਤੇ ਕਾਬਜ਼ ਹੋਇਆ ਵੱਖ-ਵੱਖ ਮੁਕਾਬਲਿਆਂ ਅਤੇ ਗਤੀਵਿਧੀਆਂ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਸਰਟੀਫਿਕੇਟ ਦੇ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਬੱਚਿਆਂ ਨੂੰ ਵਿਸਾਖੀ ਦੇ ਮਹੱਤਵ ਬਾਰੇ ਜਾਣੂ ਕਰਵਾਇਆ ਅਤੇ ਬੱਚਿਆਂ ਨੂੰ ਸਮਝਾਇਆ ਕਿ ਸਾਨੂੰ ਆਪਣੇ ਇਤਿਹਾਸ ਤੇ ਆਪਣੇ ਪਿਛੋਕੜ ਨਾਲੋਂ ਕਦੇ ਵੀ ਟੁੱਟਣਾ ਨਹੀਂ ਚਾਹੀਦਾ। ਉਹਨਾਂ ਦੱਸਿਆ ਕਿ ਸਾਡਾ ਸੱਭਿਆਚਾਰ ਅਤੇ ਵਿਰਸਾ ਬਹੁਤ ਅਮੀਰ ਹੈ ਅਤੇ ਸਾਡੀ ਜਿੰਮੇਵਾਰੀ ਹੈ ਕਿ ਅਸੀਂ ਇਸ ਨੂੰ ਸੰਭਾਲੀਏ। ਇਸ ਮੌਕੇ 'ਤੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ ਨੇ ਸਮੂਹ ਸਟਾਫ ਨੂੰ ਵਿਸਾਖੀ ਦੀ ਮੁਬਾਰਕਬਾਦ ਦਿੱਤੀ। ਇਸ ਮੌਕੇ ਰਿਸੋਰਸ ਕੋਆਡੀਨੇਟਰ ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਸੰਜੀਵ ਕੁਮਾਰ, ਰਾਜਵੀਰ ਕੌਰ, ਬਲਜੀਤ ਕੌਰ, ਸੁਮੀਤ, ਪਰਮਜੀਤ, ਅਰਚਨਾ ਸੈਣੀ, ਪ੍ਰੀਆ, ਰਾਜਵਿੰਦਰ, ਗੁਰਮੀਤ, ਮਮਤਾ, ਦਮਨ, ਰਜਿੰਦਰ ਕੌਰ, ਹਰਵਿੰਦਰਜੀਤ, ਸੁਸ਼ੀਲ, ਮਨੋਜ, ਜਸਵੀਰ, ਹਰਜੀਤ ਸਿੰਘ, ਇਕਬਾਲ ਸਿੰਘ, ਗੁਰਦੇਵ ਸਿੰਘ ਅਤੇ ਬਾਕੀ ਸਟਾਫ ਵੀ ਮੌਜੂਦ ਸੀ।

# ਮੌਲਵੀ ਖਲੀਲ ਅਹਿਮਦ ਹੋਏ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) 'ਚ ਸ਼ਾਮਲ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ )—ਮੁਸਲਿਮ ਸਮਾਜ ਦੇ ਨੌਜਵਾਨ ਸਮਾਜ ਸੇਵੀ ਆਗੂ ਮੌਲਵੀ ਖਲੀਲ ਅਹਿਮਦ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਪ੍ਰਧਾਨ ਸਿਮਰਨਜੀਤ ਸਿੰਘ ਮਾਨ ਦੀਆਂ ਮਨੁੱਖਤਾ ਪੱਖੀ ਅਤੇ ਘੱਟ ਗਿਣਤੀਆਂ ਦੇ ਹੱਕਾਂ ਲਈ ਦ੍ਰਿੜਤਾ ਨਾਲ ਆਵਾਜ਼ ਉਠਾਉਣ ਦੀਆਂ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਪਾਰਟੀ ਵੱਲੋਂ ਮਨਾਏ ਗਏ ਖਾਲਸਾ ਪੰਥ ਦੇ ਸਾਜਨਾ ਦਿਵਸ ਤੇ ਮੀਰੀ ਪੀਰੀ ਕਾਨਫਰੰਸ 'ਚ ਆਪਣੇ ਸਾਥੀਆਂ ਸਮੇਤ ਸ਼ਾਮਿਲ ਹੋ ਗਏ ਤੇ ਇਸ ਸਮੇਂ ਸਿਮਰਨਜੀਤ ਸਿੰਘ ਮਾਨ ਨੇ ਮੌਲਵੀ ਖਲੀਲ ਅਹਿਮਦ ਨੂੰ ਸਰੋਪਾ ਪਾ ਕੇ ਸਨਮਾਨਤ ਕਰਕੇ ਪਾਰਟੀ 'ਚ ਸ਼ਾਮਿਲ ਕੀਤਾ। ਇਸ ਸਮੇਂ ਉੱਘੇ ਸਮਾਜ ਸੇਵੀ ਅਤੇ ਮੁਸਲਿਮ ਆਗੂ ਮੌਲਵੀ ਖਲੀਲ ਅਹਿਮਦ ਦੇ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਵਿੱਚ ਸ਼ਾਮਿਲ ਹੋਣ 'ਤੇ ਗੁਰਦੀਪ ਸਿੰਘ ਖੁਣ ਖੁਣ ਸੀਨੀਅਰ ਮੀਤ ਪ੍ਰਧਾਨ ਕਿਸਾਨ ਵਿੰਗ, ਗੁਰਨਾਮ ਸਿੰਘ ਸਿੰਗੜੀਵਾਲਾ ਜਿਲਾ ਪ੍ਰਧਾਨ, ਮਾਸਟਰ ਕੁਲਦੀਪ ਸਿੰਘ, ਸੰਦੀਪ ਸਿੰਘ ਖਾਲਸਾ ਟਾਂਡਾ, ਹਰਵਿੰਦਰ ਸਿੰਘ ਹੀਰਾ, ਮਹਿਤਾਬ ਸਿੰਘ ਹੁੰਦਲ, ਪਰਮਿੰਦਰ ਸਿੰਘ ਮਕੇਰੀਆਂ, ਕਰਨੈਲ ਸਿੰਘ ਲਵਲੀ, ਬੀਬੀ ਰਾਜਵਿੰਦਰ ਕੌਰ ਜ਼ਿਲ੍ਹਾ ਪ੍ਰਧਾਨ ਇਸਤਰੀ ਵਿੰਗ, ਜਸਵੰਤ ਸਿੰਘ ਫੌਜੀ, ਸਤਨਾਮ ਸਿੰਘ ਧਾਮੀਆਂ, ਜਗਦੀਸ਼ ਸਿੰਘ ਚੱਬੇਵਾਲ, ਸੁਰਿੰਦਰ ਸਿੰਘ ਨਸਰਾਲਾ, ਕੁਲਦੀਪ ਸਿੰਘ ਗੜ੍ਹਸ਼ੰਕਰ, ਜਗਦੀਪ ਸਿੰਘ ਬੈਂਚਾਂ ਜ਼ਿਲ੍ਹਾ ਪ੍ਰਧਾਨ ਯੂਥ ਵਿੰਗ, ਸੁਖਵਿੰਦਰ ਸਿੰਘ ਸਾਬੀ, ਇੰਦਰਜੀਤ ਸਿੰਘ ਮੋਨਾ ਕਲਾਂ, ਜਗਜੀਤ ਸਿੰਘ ਬੱਤਰਾ, ਪਰਮਜੀਤ ਸਿੰਘ ਮੇਗੋਵਾਲ, ਸੁਖਦੇਵ ਸਿੰਘ ਕਾਹਰੀ, ਮਨਜਿੰਦਰ ਸਿੰਘ ਜੌਹਲਾ, ਅਮਨਦੀਪ ਸਿੰਘ ਜੌਹਲਾ, ਲਾਭ ਸਿੰਘ ਨਸਰਾਲਾ ,ਅਮਨਦੀਪ ਸਿੰਘ ਮੋਨਾ ਕਲਾਂ, ਇੰਦਰਜੀਤ ਸਿੰਘ ਬਸੀ ਮਰੂਫ, ਪਰਮਜੀਤ ਸਿੰਘ ਮਿੰਟੂ, ਅਮਨਦੀਪ ਸਿੰਘ ਸਨੀ, ਅੰਮ੍ਰਿਤਪਾਲ ਸਿੰਘ ਅਰੋੜਾ, ਕੁਲਵੰਤ ਸਿੰਘ ਅਲਾਵਲਪੁਰ ਆਦਿ ਆਗੂਆਂ ਨੇ ਸਵਾਗਤ ਕੀਤਾ ਅਤੇ ਪਾਰਟੀ ਪ੍ਰਧਾਨ ਸਰਦਾਰ ਸਿਮਰਨਜੀਤ ਸਿੰਘ ਮਾਨ, ਈਮਾਨ ਸਿੰਘ ਮਾਨ ਕਾਰਜਕਾਰੀ ਪ੍ਰਧਾਨ, ਡਾਕਟਰ ਹਰਜਿੰਦਰ ਸਿੰਘ ਜੱਖੂ ਮੁੱਖ ਬੁਲਾਰਾ ਤੇ ਦੁਆਬਾ ਇੰਚਾਰਜ ਦਾ ਮੌਲਵੀ ਖਲੀਲ ਅਹਿਮਦ ਨੂੰ ਪਾਰਟੀ ਵਿੱਚ ਸ਼ਾਮਿਲ ਕਰਨ ਤੇ ਧੰਨਵਾਦ ਕੀਤਾ। ਇਸ ਸਮੇਂ ਮੌਲਵੀ ਖਲੀਲ ਅਹਿਮਦ ਨੇ ਪਾਰਟੀ ਆਗੂਆਂ ਨੂੰ ਵਿਸ਼ਵਾਸ ਦਵਾਇਆ ਕਿ ਉਹ ਪਾਰਟੀ ਨੂੰ ਬੁਲੰਦੀਆਂ 'ਤੇ ਪਹੁੰਚਾਉਣ ਲਈ ਦਿਨ ਰਾਤ ਸਖਤ ਮਿਹਨਤ ਕਰਨਗੇ।

# ਸੀ ਟੀ ਸਨਸ਼ਾਈਨ ਕਿੰਡਰ ਗਾਰਟਨ ਵਿਖੇ ਵਿਸਾਖੀ ਦਾ ਤਿਉਹਾਰ ਮਨਾਇਆ



ਜਲੰਧਰ (ਸ਼ੈਲੀ ਐਲਬਰਟ)
ਸੀ.ਟੀ. ਸਨਸ਼ਾਈਨ ਕਿੰਡਰਗਾਰਟਨ, ਸੀ.ਟੀ. ਪਬਲਿਕ ਸਕੂਲ, ਅਤੇ ਸੀ.ਟੀ. ਵਰਲਡ ਸਕੂਲ ਦੇ ਵਿਦਿਆਰਥੀਆਂ ਨੇ ਵਿਸਾਖੀ ਦਾ ਤਿਉਹਾਰ ਸੱਭਿਆਚਾਰਕ ਗੌਰਵ ਅਤੇ ਜੋਸ਼ ਨਾਲ ਮਨਾਇਆ। ਇਸ ਮੌਕੇ ਪੰਜਾਬੀ ਵਿਰਸੇ ਨੂੰ ਰੰਗੀਨ ਪ੍ਰਦਰਸ਼ਨੀਆਂ, ਪਰੰਪਰਾਗਤ ਪਹਿਰਾਵੇ, ਅਤੇ ਖੁਸ਼ੀ ਭਰੀ ਭਾਗੀਦਾਰੀ ਨਾਲ ਸਜੀਵ ਬਣਾਇਆ ਗਿਆ। ਦਿਨ ਦੀ ਸ਼ੁਰੂਆਤ ਸ਼ਾਂਤਮਈ ਸ਼ਬਦ ਕੀਰਤਨ ਨਾਲ ਹੋਈ, ਜਿਸ ਨੇ ਤਿਉਹਾਰੀ ਮਾਹੌਲ ਬਣਾ ਦਿੱਤਾ।ਵਿਦਿਆਰਥੀਆਂ ਨੇ ਉਤਸ਼ਾਹ ਭਰੇ ਨਾਚ, ਕਵਿਤਾ ਪਾਠ, ਅਤੇ ਇੱਕ ਪਰੰਪਰਾਗਤ ਮਾਡਲਿੰਗ ਸ਼ੋਅ ਪੇਸ਼ ਕਰਕੇ ਫਸਲ ਦੇ ਤਿਉਹਾਰ ਦੀ ਰੂਹ ਨੂੰ ਜੀਵੰਤ ਕੀਤਾ। ਪ੍ਰਾਉਡ ਟੂ ਬੀ ਪੰਜਾਬੀ, ਸੋਲੋ ਡਾਂਸ ਅਤੇ ਪੱਗ ਬੰਨ੍ਹਣ ਜਿਹੀਆਂ ਰਚਨਾਤਮਕ ਪ੍ਰਤਿਯੋਗਤਾਵਾਂ ਵਿੱਚ ਵਿਦਿਆਰਥੀਆਂ ਨੇ ਪੰਜਾਬੀ ਸੱਭਿਆਚਾਰ ਦੀ ਸ਼ਾਨ ਅਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਇਹ ਸੋਚ-ਸਮਝੀ ਗਈਆਂ ਗਤੀਵਿਧੀਆਂ ਨੇ ਨਾ ਸਿਰਫ਼ ਮਨੋਰੰਜਨ ਕੀਤਾ, ਸਗੋਂ ਵਿਦਿਆਰਥੀਆਂ ਨੂੰ ਵਿਸਾਖੀ ਦੇ ਇਤਿਹਾਸਕ ਅਤੇ ਸੱਭਿਆਚਾਰਕ ਮਹੱਤਵ ਨਾਲ ਵੀ ਜੋੜਿਆ। ਰੰਗੀਨ ਸਜਾਵਟ, ਜੋਸ਼ੀਲੇ ਪ੍ਰਦਰਸ਼ਨ, ਅਤੇ ਸਾਂਝੀ ਭਾਗੀਦਾਰੀ ਨੇ ਇਸ ਤਿਉਹਾਰ ਨੂੰ ਸਾਰੇ ਸੀ.ਟੀ. ਕੈਂਪਸਾਂ ਲਈ ਯਾਦਗਾਰ ਬਣਾ ਦਿੱਤਾ। ਇਸ ਸਮਾਗਮ ਵਿੱਚ ਸੀ.ਟੀ. ਪਬਲਿਕ ਸਕੂਲ ਦੀ ਪ੍ਰਿੰਸੀਪਲ ਡਾ. ਸਰੋਜ ਚੌਹਾਨ, ਵਾਈਸ ਪ੍ਰਿੰਸੀਪਲ ਸੁਖਦੀਪ ਕੌਰ, ਸੀ.ਟੀ. ਵਰਲਡ ਸਕੂਲ ਦੀ ਪ੍ਰਿੰਸੀਪਲ ਸ਼੍ਰੀਮਤੀ ਆਰਤੀ ਜਸਵਾਲ, ਅਤੇ ਸੀ.ਟੀ. ਸਨਸ਼ਾਈਨ ਕਿੰਡਰਗਾਰਟਨ ਦੀ ਹੈੱਡਮਿਸਟ੍ਰੈਸ ਸ਼੍ਰੀਮਤੀ ਅਰਸ਼ਦੀਪ ਕੌਰ ਨੇ ਵਿਦਿਆਰਥੀਆਂ ਅਤੇ ਸਟਾਫ ਦੇ ਯਤਨਾਂ ਦੀ ਸ਼ਲਾਘਾ ਕੀਤੀ ਅਤੇ ਸੱਭਿਆਚਾਰਕ ਮੁੱਲਾਂ ਨਾਲ ਜੁੜੇ ਰਹਿੰਦੇ ਹੋਏ ਉੱਤਮਤਾ ਦੀ ਪ੍ਰਾਪਤੀ ਲਈ ਪ੍ਰੇਰਿਤ ਕੀਤਾ।

# ਵੱਖ-ਵੱਖ ਥਾਈਂ ਵਿਸਾਖੀ ਦਾ ਤਿਉਹਾਰ ਤੇ ਡਾ. ਬੀ ਆਰ ਅੰਬੇਡਕਰ ਦਾ ਜਨਮ ਦਿਵਸ ਧੂਮ-ਧਾਮ ਨਾਲ ਮਨਾਇਆ



ਫ਼ਗਵਾੜਾ

ਫ਼ਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)-ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫ਼ਗਵਾੜਾ ਵਲੋਂ ਪ੍ਰਧਾਨ ਮੋਹਣ ਸਿੰਘ ਭੱਟੀ, ਜਨਰਲ ਸਕੱਤਰ ਕੁਲਦੀਪ ਸਿੰਘ ਕੌੜਾ, ਪ੍ਰੈਸ ਸਕੱਤਰ ਸੀਤਲ ਰਾਮ ਬੰਗਾ, ਜਸਵਿੰਦਰ ਸਿੰਘ, ਹਰਭਜਨ ਲਾਲ, ਸਾਧੂ ਰਾਮ ਜੱਖੂ, ਹਰਭਜਨ ਲਾਲ ਕੌਲ,ਕੇ ਕੇ ਪਾਂਡੇ,ਹਰਚਰਨ ਭਾਰਤੀ, ਸੁਖਦੇਵ ਸਿੰਘ, ਸੁਰਜੀਤ ਸਿੰਘ ਮਾਹੀ ਆਦਿ ਪੈਨਸ਼ਨਰਾਂ ਨੇ ਹਰਿਗੋਬਿੰਦ ਨਗਰ ਫ਼ਗਵਾੜਾ ਦੇ ਪਾਰਕ ਵਿੱਚ ਪੁੱਜ ਕੇ। ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਡਾ.ਬੀ.ਆਰ.ਅੰਬੇਡਕਰ ਜੀ ਦੇ 135ਵੇਂ ਜਨਮ ਦਿਹਾੜੇ ਤੇ ਉਹਨਾਂ ਦੇ ਬੁੱਤ ਤੇ ਫੁੱਲ ਮਾਲਾਵਾਂ ਪਾ ਕੇ ਸਤਿਕਾਰ ਸਹਿਤ ਸ਼ਰਧਾ ਸੁਮਨ ਭੇਟ ਕੀਤੀ।ਇਸ ਸਮੇਂ ਇਕੱਠੇ ਹੋਏ ਪੈਨਸ਼ਨਰ ਸਾਥੀਆਂ ਨੇ ਕਿਹਾ ਕਿ ਉਹਨਾਂ ਦੇ ਨੀਤੀ ਵਾਕ ਪੜ੍ਹੋ, ਜੁੜੋ ਅਤੇ ਸੰਗਠਿਤ ਹੋਵੋ 'ਤੇ ਪਹਿਰਾ ਦਿੰਦੇ ਹੋਏ ਸਮਾਜ ਦੇ ਸਮੂਹ ਵਰਗਾਂ ਦੇ ਦੱਬੇ ਕੁੱਚਲੇ ਲੋਕਾਂ ਨੂੰ ਜਾਗਰੂਕ ਕਰਨ ਲਈ


ਫਿਲੌਰ

ਲਗਾਤਾਰ ਯਤਨ ਜਾਰੀ ਰੱਖੇ ਜਾਣਗੇ।ਇਹੋ ਹੀ ਉਹਨਾਂ ਨੂੰ ਸੱਚੀ ਸੁੱਚੀ ਸ਼ਰਧਾ ਸੁਮਨ ਹੋ ਸਕਦੀ ਹੈ। ਉਹਨਾਂ ਦੱਸਿਆ ਕਿ ਡਾ.ਅੰਬੇਦਕਰ ਜੀ ਇੱਕ ਵਕੀਲ, ਅਰਥਸ਼ਾਸਤਰੀ, ਸਿਆਸਤਦਾਨ ਅਤੇ ਸਮਾਜ ਸੁਧਾਰਕ ਸਨ। ਉਹਨਾਂ ਦੀ ਸਫਲਤਾ ਦਾ ਰਾਜ ਉਹਨਾਂ ਦਾ ਹਰ ਪੱਖ ਤੋਂ ਗਿਆਨਵਾਨ ਹੋਣਾ ਸੀ, ਜਿਸਨੂੰ ਉਹਨਾਂ ਨੇ ਪੜ੍ਹ ਲਿਖ ਕੇ ਅਤੇ ਆਪਣੀ ਜ਼ਿੰਦਗੀ ਦੇ ਤਜਰਬਿਆਂ ਰਾਹੀਂ ਹਾਸਲ ਕੀਤਾ ਅਤੇ ਦੁਨੀਆ ਦੇ ਪ੍ਰਮੁੱਖ ਬੁੱਧੀਜੀਵੀਆਂ ਦੀ ਸ਼੍ਰੇਣੀ ਵਿੱਚ ਸਥਾਨ ਪ੍ਰਾਪਤ ਕੀਤਾ। ਆਗੂਆਂ ਨੇ ਕਿਹਾ ਕਿ ਕੇਂਦਰ ਵਿੱਚ ਰਾਜ ਕਰਦੀ ਪਾਰਟੀ ਵਲੋਂ ਫਿਰਕੂ ਅਤੇ ਫਾਸ਼ੀਵਾਦੀ ਨੀਤੀਆਂ ਤੇ ਚੱਲਦੇ ਹੋਏ ਡਾ.ਅੰਬੇਡਕਰ ਜੀ ਦੁਆਰਾ ਲਿਖੇ ਗਏ ਸੰਵਿਧਾਨ ਨੂੰ ਤਹਿਸ ਨਹਿਸ ਕਰਨ ਦੀਆਂ ਕੋਝੀਆਂ ਚਾਲਾਂ ਚੱਲਦੇ ਹੋਏ ਫਿਰ ਮਨੂ ਸਿਮਰਤੀ ਲਾਗੂ ਕਰਨ ਵੱਲ ਨੂੰ ਵਧਿਆ ਜਾ ਰਿਹਾ।ਸੋ ਡਾ.ਅੰਬੇਡਕਰ ਜੀ ਦੁਆਰਾ ਲਿਖੇ ਗਏ ਸੰਵਿਧਾਨ ਨੂੰ ਬਚਾਉਣ ਲਈ ਅਤੇ ਉਸ ਅਨੁਸਾਰ ਦੇਸ਼ ਨੂੰ ਚੱਲਦਾ ਰੱਖਣ ਲਈ ਸਮੂਹ ਇਨਸਾਫ਼ ਪਸੰਦ ਲੋਕਾਂ,ਧਰਮ ਨਿਰਪੱਖ ਪਾਰਟੀਆਂ ਅਤੇ ਡਾ.ਅੰਬੇਡਕਰ ਜੀ ਦੇ ਪੈਰੋਕਾਰਾਂ ਨੂੰ ਗੰਭੀਰਤਾ ਨਾਲ ਇੱਕ ਜੁੱਟ ਹੋ ਕੇ ਸੰਵਿਧਾਨ ਦੀ ਰਾਖੀ ਲਈ ਤੁਰਨਾ ਮੌਜੂਦਾ ਸਮੇਂ ਦੀ ਅਹਿਮ ਲੋੜ ਬਣ ਗਈ ਹੈ।

ਫਗਵਾੜਾ (ਡਾ. ਰਮਨ)- ਯੁਵਕ ਸੇਵਾਵਾਂ ਕਲੱਬ ਭੁੱਲਾਰਾਈ ਵਲੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ: ਬੀ.ਆਰ. ਅੰਬੇਡਕਰ ਦੀ 135ਵੀਂ ਜਨਮ ਜਯੰਤੀ ਯੁਵਕ ਸੇਵਾਵਾਂ ਵਿਭਾਗ ਕਪੂਰਥਲਾ ਦੇ ਸਹਾਇਕ ਡਾਇਰੈਕਟਰ ਰਵੀ ਦਾਰਾ ਦੇ ਨਿਰਦੇਸ਼ਾਂ ਅਨੁਸਾਰ ਸਥਾਨਕ ਸਕੀਮ ਨੰਬਰ 3, ਹੁਸ਼ਿਆਰਪੁਰ ਰੋਡ ਵਿਖੇ, ਸੋਸਵਾ ਪੰਜਾਬ ਦੇ ਸਹਿਯੋਗ ਨਾਲ ਚਲਾਏ ਜਾ ਰਹੇ ਸਰਬ ਨੌਜਵਾਨ ਸਭਾ ਦੇ ਵੋਕੇਸ਼ਨਲ ਸੈਂਟਰ 'ਚ ਇੱਕ ਸਮਾਗਮ ਦਾ ਆਯੋਜਨ ਕੀਤਾ ਗਿਆ। ਕਲੱਬ ਦੇ ਪ੍ਰਧਾਨ ਜਸ਼ਨਪ੍ਰੀਤ ਅਤੇ ਜਨਰਲ ਸਕੱਤਰ ਮਨਦੀਪ ਬਾਸੀ ਦੀ ਦੇਖ-ਰੇਖ ਹੇਠ ਕਰਵਾਏ ਗਏ ਇਸ ਸਮਾਗਮ ਦੌਰਾਨ ਦਵਿੰਦਰ ਕੁਲਥਮ, ਪ੍ਰਧਾਨ ਸ਼੍ਰੋਮਣੀ ਸ੍ਰੀ ਗੁਰੂ ਰਵਿਦਾਸ ਮੰਦਰ ਪ੍ਰਬੰਧਕ ਕਮੇਟੀ ਚੱਕ ਹਕੀਮ ਫਗਵਾੜਾ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ। ਜਦਕਿ ਵਿਸ਼ੇਸ਼ ਮਹਿਮਾਨਾਂ ਵਜੋਂ ਆਮ ਆਦਮੀ ਪਾਰਟੀ ਐਸ.ਸੀ. ਵਿੰਗ ਜ਼ਿਲ੍ਹਾ ਕਪੂਰਥਲਾ ਦੇ ਪ੍ਰਧਾਨ ਸੰਤੋਸ਼ ਕੁਮਾਰ ਗੋਗੀ ਅਤੇ ਕਿਸ਼ਨ ਚੰਦ ਛਿੰਦੀ ਨੇ ਹਾਜ਼ਰੀ ਲਗਵਾਈ। ਸਮਾਗਮ ਦੀ ਪ੍ਰਧਾਨਗੀ ਸਰਬ ਨੌਜਵਾਨ ਸਭਾ ਦੇ ਪ੍ਰਧਾਨ ਸੁਖਵਿੰਦਰ ਸਿੰਘ ਨੇ ਕੀਤੀ। ਸਮਾਗਮ ਦੌਰਾਨ ਸਭ ਤੋਂ ਪਹਿਲਾਂ ਪਤਵੰਤਿਆਂ ਨੇ ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦੀ ਤਸਵੀਰ ਨੂੰ ਫੁੱਲ ਮਾਲਾਵਾਂ ਭੇਂਟ ਕੀਤੀਆਂ। ਉਪਰੰਤ ਮੁੱਖ ਮਹਿਮਾਨ ਦਵਿੰਦਰ ਕੁਲਥਮ ਨੇ ਆਪਣੇ ਸੰਬੋਧਨ ਵਿੱਚ ਡਾ. ਅੰਬੇਡਕਰ ਦੀ ਸੰਖੇਪ ਜੀਵਨੀ 'ਤੇ ਚਾਨਣਾ ਪਾਇਆ ਅਤੇ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਇੱਕ ਮਹਾਨ ਸਮਾਜ ਸੁਧਾਰਕ, ਵਕੀਲ, ਅਰਥਸ਼ਾਸਤਰੀ ਅਤੇ ਸਿਆਸਤਦਾਨ ਸਨ। ਉਨ੍ਹਾਂ ਨੇ ਸਮਾਜ ਦੇ ਹੇਠਲੇ ਵਰਗਾਂ, ਖਾਸ ਕਰਕੇ ਦਲਿਤਾਂ ਦੇ ਹੱਕਾਂ ਲਈ ਲੜਾਈ ਲੜੀ ਅਤੇ ਭਾਰਤੀ ਸੰਵਿਧਾਨ ਦੇ ਖਰੜੇ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਇਕੱਠ ਨੂੰ ਸੰਬੋਧਨ ਕਰਦਿਆਂ ਸੰਤੋਸ਼ ਕੁਮਾਰ ਗੋਗੀ ਨੇ ਦੱਸਿਆ ਕਿ ਡਾ. ਅੰਬੇਡਕਰ ਨੇ ਐਲਫਿਨਸਟੋਨ ਕਾਲਜ, ਬੰਬਈ ਤੋਂ ਅਰਥ ਸ਼ਾਸਤਰ ਅਤੇ ਰਾਜਨੀਤੀ ਸ਼ਾਸਤਰ ਵਿੱਚ ਬੈਚਲਰ ਦੀ ਡਿਗਰੀ ਪ੍ਰਾਪਤ ਕੀਤੀ। ਅਖੀਰ ਵਿਚ ਕਲੱਬ ਦੇ ਪ੍ਰਧਾਨ ਜਸ਼ਨਪ੍ਰੀਤ ਨੇ ਸਮੂਹ ਪਤਵੰਤਿਆਂ ਦਾ ਪਹੁੰਚਣ ਲਈ ਤਹਿ ਦਿਲੋਂ ਧੰਨਵਾਦ ਕੀਤਾ।


ਸੁਲਤਾਨਪੁਰ ਲੋਧੀ

ਸੁਲਤਾਨਪੁਰ ਲੋਧੀ, (ਹਨੀ)-ਫਾਲਕਨ ਫਾਊਂਡੇਸ਼ਨ ਸਕੂਲ ਵਿਖੇ ਵਿਸਾਖੀ ਦੇ ਦਿਹਾੜੇ ਨੂੰ ਸਮਰਪਤ ਸੱਭਿਆਚਾਰਕ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਵਿਦਿਆਰਥੀ ਪੰਜਾਬੀ ਪਹਿਰਾਵੇ 'ਚ ਸਮਾਗਮ ਵਿਚ ਸ਼ਾਮਲ ਹੋਏ ਅਤੇ ਆਪਣੇ ਹੁਨਰ ਦਾ ਪ੍ਰਦਰਸ਼ਨ ਕੀਤਾ । ਬੱਚਿਆਂ ਵੱਖ ਵੱਖ ਪੰਜਾਬੀ ਗਾਣਿਆਂ ਤੇ ਸੋਲੋ ਡਾਂਸ, ਗਿੱਧਾ, ਭੰਗੜਾ ਆਦਿ ਆਈਟਮਾਂ ਪੇਸ਼ ਕੀਤੀਆਂ ।ਸਭ ਤੋਂ ਵਧੀਆ ਪੰਜਾਬੀ ਪਹਿਰਾਵਾ ਅਤੇ ਸਭ ਤੋਂ ਵਧੀਆ ਡਾਂਸ ਦਾ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਸਨਮਾਨਤ ਕੀਤਾ ਗਿਆ। ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋ ਅਤੇ ਡਾਇਰੈਕਟਰ ਮੈਡਮ ਨਵਦੀਪ ਕੌਰ ਨੇ ਬੱਚਿਆਂ ਦਾ ਪੱਖ ਪ੍ਰਦਰਸ਼ਨ ਕਰਦੇ ਹੋਏ, ਉਨ੍ਹਾਂ ਨੂੰ ਵਿਸਾਖੀ ਦੇ ਤਿਉਹਾਰ ਬਾਰੇ ਜਾਣਕਾਰੀ ਦਿੱਤੀ ਅਤੇ ਇਸ ਨੂੰ ਮਨਾਉਣ ਦੇ ਵੱਖ-ਵੱਖ ਕਾਰਨਾਂ ਬਾਰੇ ਵੀ ਜਾਣੂ ਕਰਵਾਇਆ । ਉਨ੍ਹਾਂ ਦੱਸਿਆ ਕਿ ਇਸ ਦਿਨ ਸ਼੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਪੰਥ ਦੀ ਸਥਾਪਨਾ ਕੀਤੀ ਗਈ। ਉਨ੍ਹਾਂ ਇਹ ਵੀ ਦੱਸਿਆ ਕਿ ਅਪ੍ਰੈਲ ਦੇ ਮਹੀਨੇ ਵਿੱਚ ਫਸਲਾਂ ਦੇ ਪੱਕ ਜਾਣ 'ਤੇ ਕਿਸਾਨ ਆਪਣੀ ਖੁਸ਼ੀ ਦਾ ਇਜ਼ਹਾਰ ਵਿਸਾਖੀ ਦਾ ਤਿਉਹਾਰ ਮਨਾ ਕੇ ਕਰਦੇ ਹਨ। ਇਸ ਮੌਕੇ ਸਕੂਲ ਦੇ ਕੋਆਰਡੀਨੇਟਰ ਮੈਡਮ ਮਮਤਾ, ਲਵਪ੍ਰੀਤ ਕੌਰ, ਨੇਹਾ, ਚੰਚਲ, ਮਨਜੀਤ ਕੌਰ, ਪਰਮਜੀਤ ਕੌਰ ਆਦਿ ਸਟਾਫ਼ ਮੈਂਬਰ ਹਾਜਰ ਸਨ।

ਰਾਹੋਂ (ਕੁਲਵਿੰਦਰ ਸਿੰਘ ਰਾਹੋਂ)- ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ: ਭੀਮ ਰਾਓ ਅੰਬੇਡਕਰ ਦੇ ਜਨਮ ਦਿਵਸ ਦੇ ਮੌਕੇ 'ਤ, ਸਥਾਨਕ ਗੁਰਦੁਆਰਾ ਸਿੰਘ ਸਾਹਿਬ ਵਿਖੇ ਸ਼੍ਰੀ ਗੁਰੂ ਰਵਿਦਾਸ ਨਾਮ ਲੇਵਾ ਪ੍ਰਬੰਧਕ ਕਮੇਟੀਆਂ ਦੇ ਸਹਿਯੋਗ ਨਾਲ ਇੱਕ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮਿਸ਼ਨਰੀ ਗਾਇਕ ਬਲਵਿੰਦਰ ਬਿੱਟੂ ਵੱਲੋਂ ਲੋਕਾਂ ਨੂੰ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦੀ ਜੀਵਨੀ ਬਾਰੇ ਦੱਸਿਆ ਗਿਆ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਨੇ ਹਮੇਸ਼ਾ ਦੱਬੇ-ਕੁਚਲੇ ਲੋਕਾਂ ਦੀ ਆਵਾਜ਼ ਬੁਲੰਦ ਕੀਤੀ। ਉਨ੍ਹਾਂ ਕਿਹਾ ਕਿ ਅੱਜ ਅਸੀਂ ਉਨ੍ਹਾਂ ਦੀ ਬਦੌਲਤ ਹੀ ਉੱਚ ਅਹੁਦਿਆਂ 'ਤੇ ਬੈਠ ਕੇ ਰਾਜ ਦਾ ਆਨੰਦ ਮਾਣ ਰਹੇ ਹਾਂ। ਇਸ ਮੌਕੇ 'ਤੇ ਸ਼੍ਰੀ ਗੁਰੂ ਰਵਿਦਾਸ ਜੀ ਮਹਾਰਾਜ ਨਾਮ ਲੇਵਾ ਪ੍ਰਬੰਧਕ ਕਮੇਟੀਆਂ ਵੱਲੋਂ ਉੱਚ ਅਹੁਦਿਆਂ ਅਤੇ ਪੜ੍ਹਾਈ 'ਤੇ ਤਾਇਨਾਤ ਅਧਿਕਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਉਨ੍ਹਾਂ ਕਿਹਾ ਕਿ ਜੋ ਬੱਚਾ ਪੜ੍ਹਾਈ ਕਰਨਾ ਚਾਹੁੰਦਾ ਹੈ, ਉੱਚ ਦਰਜੇ ਦੀ ਨੌਕਰੀ ਪ੍ਰਾਪਤ ਕਰਨ ਲਈ ਸਿੱਖਿਆ ਪ੍ਰਾਪਤ ਕਰਨਾ ਚਾਹੁੰਦਾ ਹੈ, ਉਸਨੂੰ ਸੰਸਥਾ ਨਾਲ ਸੰਪਰਕ ਕਰਨਾ ਚਾਹੀਦਾ ਹੈ ਤਾਂ ਜੋ ਬੱਚੇ ਦਾ ਭਵਿੱਖ ਚੰਗੇ ਤਰੀਕੇ ਨਾਲ ਉੱਜਵਲ ਹੋ ਸਕੇ। ਇਸ ਮੌਕੇ ਤੇ ਆਏ ਸਾਰੇ ਰਾਜਨੀਤਿਕ, ਧਾਰਮਿਕ, ਸਮਾਜਿਕ ਵਰਕਰਾਂ ਅਤੇ ਪਰਿਵਾਰਾਂ ਦੇ ਨੁਮਾਇੰਦਿਆਂ ਨੂੰ ਵੀ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਇਲਾਕੇ ਦੇ ਵਿਧਾਇਕ ਡਾ. ਨਕਸ਼ਤਰਪਾਲ ਦੀ ਪਤਨੀ ਨੂੰ ਵੀ ਸਨਮਾਨਿਤ ਕੀਤਾ ਗਿਆ। ਸਵਿਤਾ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਸ਼ਹਿਰੀ ਮੁਖੀ ਅਤੇ ਕੌਂਸਲਰ ਹੇਮੰਤ ਬੌਬੀ, ਕੌਂਸਲਰ ਵਿਮਲ ਕੁਮਾਰ, ਬਹੁਜਨ ਸਮਾਜ ਪਾਰਟੀ ਦੇ ਸ਼ਹਿਰੀ ਮੁਖੀ ਮੁਖਤਿਆਰ ਸਿੰਘ, ਬਹੁਜਨ ਸਮਾਜ ਪਾਰਟੀ ਦੇ ਆਗੂ ਸ਼ਿੰਗਾਰਾ ਰਾਮ, ਸੇਵਾਮੁਕਤ ਡਿਪਟੀ ਡੀਈਓ ਛੋਟੂ ਰਾਮ, ਸਾਬਕਾ ਨਗਰ ਕੌਂਸਲ ਉਪ ਮੁਖੀ ਮੋਹਨ ਲਾਲ, ਸਮਾਜ ਸੇਵਕ ਬਲਦੇਵ ਸਿੰਘ ਭਾਗੀ, ਸਾਬਕਾ ਕੌਂਸਲਰ ਗੁਰਮੇਲ ਰਾਮ ਅਤੇ ਹੋਰ ਰਾਜਨੀਤਿਕ ਪਾਰਟੀਆਂ ਦੇ ਨੁਮਾਇੰਦੇ ਮੌਜੂਦ ਸਨ।

ਜਲੰਧਰ -(ਇਕਬਾਲ ਸਿੰਘ ਉਭੀ)-ਮੇਅਰ ਨਗਰ ਨਿਗਮ ਵਿਨੀਤ ਧੀਰ ਵਲੋਂ ਡਾ.ਬੀ.ਆਰ.ਅੰਬੇਦਕਰ ਚੌਂਕ (ਨਕੋਦਰ ਚੌਂਕ) ਵਿਖੇ ਬਾਬਾ ਸਾਹਿਬ ਦੀ ਜਯੰਤੀ ਮੌਕੇ ਉਨ੍ਹਾਂ ਦੀ ਮੂਰਤੀ ਨੂੰ ਫੁੱਲ ਮਲਾਵਾਂ ਭੇਟ ਕੀਤੀਆਂ ਗਈਆਂ । ਇਸ ਮੌਕੇ ਮੇਅਰ ਧੀਰ ਨੇ ਕਿਹਾ ਕਿ ਅੰਬੇਡਕਰ ਸਾਹਿਬ ਦੀ ਬਦੌਲਤ ਹੀ ਅੱਜ ਦਲਿਤ ਇੰਨੇ ਸਿੱਖਿਅਤ ਹਨ। ਸਾਡੀ ਸਰਕਾਰ ਬਾਬਾ ਸਾਹਿਬ ਦੇ ਪੜ੍ਹੋ ਅਤੇ ਅੱਗੇ ਵਧੋ ਦੇ ਨਾਅਰੇ ਨਾਲ ਅੱਗੇ ਵਧ ਰਹੀ ਹੈ। ਬਾਬਾ ਸਾਹਿਬ ਦਾ ਮਿਸ਼ਨ ਸੀ ਕਿ ਜੇਕਰ ਸਾਡੇ ਸਮਾਜ ਦੇ ਲੋਕ ਪੜ੍ਹਾਈ ਕਰਨਗੇ ਤਾਂ ਹੀ ਸਾਡਾ ਸਮਾਜ ਤਰੱਕੀ ਕਰੇਗਾ। ਇਸੇ ਲਈ ਸਾਡੀ ਸਰਕਾਰ ਸਿੱਖਿਆ ਨੂੰ ਅੱਗੇ ਵਧਾਉਣ ਲਈ ਹਰ ਸੰਭਵ ਯਤਨ ਕਰ ਰਹੀ ਹੈ।ਇਸ ਮੌਕੇ ਕੈਬਿਨੇਟ ਮੰਤਰੀ ਮਹਿੰਦਰ ਭਗਤੀ, ਰਾਜਵਿੰਦਰ ਕੌਰ ਥਿਆੜਾ (ਚੇਅਰਪਰਸਨ ਇੰਪਰੂਵਮੈਂਟ ਟਰੱਸਟ ਜਲੰਧਰ), ਸੀਨੀਅਰ ਡਿਪਟੀ ਮੇਅਰ ਬਲਬੀਰ ਸਿੰਘ ਬਿੱਟੂ, ਡਿਪਟੀ ਮੇਅਰ ਮਲਕੀਤ ਸਿੰਘ, ਸੁਭਾਸ਼ ਸ਼ਰਮਾ (ਚੇਅਰਪਰਸਨ ਇੰਪਰੂਵਮੈਂਟ ਟਰੱਸਟ ਕਰਤਾਰਪੁਰ), ਇੰਪਰੂਵਮੈਂਟ ਟਰਸਟ ਦੇ ਟਰਸਟੀ ਆਤਮ ਪ੍ਰਕਾਸ਼ ਬੱਬਲੂ, ਪਰਵਿੰਦਰ ਬਹਲ, ਮੰਗਲ ਸਿੰਘ ਬੱਸੀ, (ਚੇਅਰਮੈਨ ਪੰਜਾਬ ਐਗਰੋ), ਦਿਨੇਸ਼ ਢੱਲ (ਹਲਕਾ ਇੰਚਾਰਜ ਨੌਰਥ), ਚੰਦਨ ਗਰੇਵਾਲ , ਕੌਂਸਲਰ ਰਾਜੇਸ਼ ਠਾਕੁਰ, ਕੌਂਸਲਰ ਅਜੇ ਚੋਪੜਾ, ਕੌਂਸਲਰ ਦੀਪਕ ਸ਼ਾਰਦਾ, ਕੌਂਸਲਰ ਪਤੀ ਸੌਰਵ ਸੇਠ, ਕੌਂਸਲਰ ਰਾਜ ਕੁਮਾਰ ਰਾਜੂ, ਅਯੂਬ ਦੁੱਗਲ, ਅਮਿਤ ਲੂਥਰਾ, ਕੌਂਸਲਰ ਮਨਮੋਹਨ ਸਿੰਘ ਰਾਜੂ, ਕੌਂਸਲਰ ਅਨੂਪ ਕੌਰ, ਹਰਿੰਦਰ ਪਾਲ ਸਿੰਘ, ਲੱਕੀ ਉਬਰਾਏ, ਪਰਨੀਤ, ਨਿਖਿਲ ਅਰੋੜਾ, ਗੁਰਪ੍ਰੀਤ ਕੌਰ ਮੌਜੂਦ ਰਹੇ।

ਇਸੇ ਤਰ੍ਹਾਂ ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ ਦੀਆਂ ਵੱਖ-ਵੱਖ ਸ਼ਾਖਾਵਾਂ ਨੇ ਡਾ. ਭੀਮ ਰਾਓ ਰਾਮਜੀ ਅੰਬੇਡਕਰ ਦਾ ਜਨਮ



ਫ਼ਗਵਾੜਾ

ਦਿਹਾੜਾ ਬੜੇ ਮਾਣ ਨਾਲ ਮਨਾਇਆ, ਜਿਨ੍ਹਾਂ ਨੂੰ ਭਾਰਤੀ ਸੰਵਿਧਾਨ ਦੇ ਪਿਤਾ ਵਜੋਂ ਪਿਆਰ ਨਾਲ ਜਾਣਿਆ ਜਾਂਦਾ ਹੈ। ਦਿਨ ਦੀ ਸ਼ੁਰੂਆਤ ਇਸ ਮਹਾਨ ਨੇਤਾ, ਸਮਾਜ ਸੁਧਾਰਕ ਅਤੇ ਦੂਰਦਰਸ਼ੀ ਦੇ ਜੀਵਨ ਅਤੇ ਵਿਰਾਸਤ ਦਾ ਸਨਮਾਨ ਕਰਨ ਲਈ ਸਮਰਪਿਤ ਇੱਕ ਅਸੈਂਬਲੀ ਨਾਲ ਹੋਈ। ਵੱਖ-ਵੱਖ ਸ਼ਾਖਾਵਾਂ ਦੇ ਵਿਦਿਆਰਥੀਆਂ ਨੇ ਰਚਨਾਤਮਕ ਅਤੇ ਅਰਥਪੂਰਨ ਪੋਸਟਰ ਬਣਾ ਕੇ ਉਤਸਾਹ ਨਾਲ ਹਿੱਸਾ ਲਿਆ ਜੋ ਡਾ. ਅੰਬੇਡਕਰ ਦੇ ਨਿਆਂ, ਸਮਾਨਤਾ ਅਤੇ ਸਿੱਖਿਆ ਪ੍ਰਤੀ ਯੋਗਦਾਨ ਨੂੰ ਦਰਸਾਉਂਦੇ ਸਨ। ਸਕੂਲ ਦੇ ਗਲਿਆਰੇ ਜੀਵੰਤ ਰੰਗਾਂ ਅਤੇ ਸਕਤੀਸਾਲੀ ਸੰਦੇਸ਼ਾਂ ਨਾਲ ਜੀਵੰਤ ਹੋ ਗਏ ਜੋ ਡਾ. ਅੰਬੇਡਕਰ ਦੇ ਇੱਕ ਸਮਾਵੇਸ਼ੀ ਅਤੇ ਨਿਆਂਪੂਰਨ ਸਮਾਜ ਦੇ ਦ੍ਰਿਸ਼ਟੀਕੋਣ ਨੂੰ ਦਰਸਾਉਂਦੇ ਸਨ। ਜਸ਼ਨ ਦੇ ਹਿੱਸੇ ਵਜੋਂ, ਵਿਦਿਆਰਥੀਆਂ ਨੇ ਸਮਾਜਿਕ ਵਿਤਕਰੇ ਨਾਲ ਲੜਨ ਅਤੇ ਪਛੜੇ ਲੋਕਾਂ ਨੂੰ ਸਸਕਤ ਬਣਾਉਣ ਵਿੱਚ ਡਾ. ਅੰਬੇਡਕਰ ਦੇ ਅਣਥੱਕ ਯਤਨਾਂ ਨੂੰ ਸਰਧਾਂਜਲੀ ਦਿੰਦੇ ਹੋਏ, ਸੁਝਵਾਨ ਭਾਸ਼ਣ ਵੀ ਦਿੱਤੇ। ਗਰੁੱਪ ਦੀ ਵਾਈਸ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੀਆਂ ਸ਼ਾਖਾਵਾਂ ਦੀ ਸ਼ਲਾਘਾ ਕੀਤੀ ਅਤੇ ਵਿਦਿਆਰਥੀਆਂ ਨੂੰ ਦੰਤਕਥਾ ਤੋਂ ਪ੍ਰੇਰਨਾ ਲੈਣ ਲਈ ਉਤਸ਼ਾਹਿਤ ਕੀਤਾ, ਜਿਨ੍ਹਾਂ ਨੇ ਸਾਡੇ ਦੇਸ਼ ਲਈ ਬਹੁਤ ਸਾਰਾ ਯੋਗਦਾਨ ਪਾਇਆ ਹੈ।

ਇਸੇ ਤਰ੍ਹਾਂ ਸਥਾਨਕ ਲਾਇਲਪੁਰ ਖਾਲਸਾ ਕਾਲਜ ਲੜਕੀਆਂ ਵਿਖੇ ਡਾ ਬੀ. ਆਰ. ਅੰਬੇਡਕਰ ਦਾ ਜਨਮ ਦਿਹਾੜਾ ਆਰ.ਆਰ.ਸੀ. ਅਤੇ ਐਨ.ਐਸ.ਐਸ. ਵਿਭਾਗ ਦੁਆਰਾ ਪੀ.ਜੀ. ਇਤਿਹਾਸ ਵਿਭਾਗ ਦੇ ਸਹਿਯੋਗ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲਿਆ, ਕਾਵਿ-ਪਾਠ, ਭਾਰਤੀ ਸੰਵਿਧਾਨ ਦੀ ਠੋਸ ਬਣਤਰ ਨੂੰ ਦਰਸਾਉਂਦੇ ਸਥਾਪਨਾ ਨਿਰਮਾਣ, ਪੋਸਟਰ ਪ੍ਰਦਰਸਨੀ ਅਤੇ ਸਹੁੰ ਚੁੱਕ ਸਮਾਰੋਹ ਸਮੇਤ ਡਾ. ਬੀ. ਆਰ. ਅੰਬੇਡਕਰ ਦੇ ਜੀਵਨ ਦੀਆਂ ਘਟਨਾਵਾਂ ਅਤੇ ਸਿੱਖਿਆਵਾਂ ਨੂੰ ਉਜਾਗਰ ਕਰਨ ਲਈ ਇੱਕ ਛੋਟੀ ਫਿਲਮ ਦਿਖਾਈ ਗਈ। ਕਾਲਜ ਪ੍ਰਿੰਸੀਪਲ ਡਾ. ਨਵਜੋਤ ਨੇ ਬਾਬਾ ਸਾਹਿਬ ਦੀ ਸੋਚ ਪੜ੍ਹੇ ਲਿਖੇ ਸਮਾਜ ਦੀ ਸਿਰਜਣਾ ਬਾਰੇ ਆਪਣੇ ਕੀਮਤੀ ਵਿਚਾਰ ਸਾਝੇਂ ਕੀਤੇ ਅਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੀਆਂ ਸਿੱਖਿਆਵਾਂ ਅਤੇ ਜੀਵਨ ਸੰਘਰਸ਼ ਤੋਂ ਸਬਕ ਲੈਣ ਲਈ ਪ੍ਰੇਰਿਤ ਕੀਤਾ।

ਟਾਂਡਾ ਉੜਮੁੜ (ਜਸਵਿੰਦਰ ਸੰਧੂ, ਓਂਕਾਰ ਸਿੰਘ)- ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਮਨਾਉਣ ਸਬੰਧੀ ਭਾਜਪਾ ਮੰਡਲ ਕੰਧਾਲਾ ਜੱਟਾਂ ਦੇ ਪ੍ਰਧਾਨ ਚਰਨਜੀਤ ਸਿੰਘ ਦੀ ਅਗਵਾਈ ਵਿੱਚ ਭਾਜਪਾ ਦਫ਼ਤਰ ਵਿਖੇ ਇੱਕ ਸਮਾਰੋਹ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵੱਖ ਧਾਰਮਿਕ ਤੇ ਸਮਾਜਿਕ ਸੰਸਥਾਵਾਂ ਦੇ ਆਗੂਆਂ ਤੋਂ ਇਲਾਵਾ ਇਲਾਕਾ ਨਿਵਾਸੀ ਸ਼ਾਮਿਲ ਹੋਏ।ਸਮਾਰੋਹ 'ਚ ਸ਼ਾਮਿਲ ਇਕੱਠ ਨੂੰ ਸੰਬੋਧਨ ਕਰਦੇ ਹੋਏ ਚਰਨਜੀਤ ਸਿੰਘ ਨੇ ਕਿਹਾ ਕਿ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਨੂੰ ਸਿਰਫ ਦਲਿਤ ਵਰਗ ਦੇ ਮਸੀਹਾ ਵਜੋਂ ਹੀ ਨਹੀਂ ਜਾਣਿਆ ਜਾਂਦਾ ਸਗੋਂ ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਇੱਕ ਮਹਾਨ ਚਿੰਤਕ ਵਜੋਂ ਵੀ ਸਤਿਕਾਰਿਆ ਜਾਂਦਾ ਹੈ। ਬਾਬਾ ਸਾਹਿਬ ਜੀ ਸਾਰੀ ਉਮਰ ਦਲਿਤਾਂ ਦੇ ਹੱਕਾਂ ਲਈ ਜੂਝਦੇ ਰਹੇ ਅਤੇ ਬੇਸਹਾਰਿਆਂ ਦੇ ਸਹਾਰਾ ਬਣੇ। ਉਨ੍ਹਾਂ ਕਿਹਾ ਕਿ ਉਹ ਖੁੱਲ੍ਹੇ ਵਿਚਾਰਾਂ ਵਾਲੇ ਅਤੇ ਲੋਕਤੰਤਰ ਪੱਖੀ ਸੋਚ ਰੱਖਣ ਵਾਲੇ ਸਨ।ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਜੀ ਨੇ ਭਾਰਤ ਦਾ ਸੰਵਿਧਾਨ ਲਿਖ ਕੇ ਹਰ ਜਾਤੀ ਨੂੰ ਇੱਕ ਸਮਾਨਤਾ ਦਾ ਹੱਕ ਦਿਲਵਾਇਆ ਸੀ। ਉਨ੍ਹਾਂ ਕਿਹਾ ਕਿ ਬਾਬਾ ਸਾਹਿਬ ਜੀ ਨੇ ਲੋਕਾਂ ਦੇ ਦਿਲਾਂ ਵਿੱਚ ਇਹ ਭਾਵਨਾ ਜਾਗ੍ਰਿਤ ਕੀਤੀ ਸੀ ਕਿ ਹਰ ਜ਼ੁਲਮ ਦਾ ਨਿਡਰ ਹੋ ਕੇ ਵਿਰੋਧ ਕਰਨਾ ਚਾਹੀਦਾ ਹੈ।ਇਸ ਮੌਕੇ 'ਤੇ ਚਰਨਜੀਤ ਸਿੰਘ, ਅਜੇਪਾਲ ਸਿੰਘ, ਭਰਤ ਸੈਣੀ, ਤਨਬੀਰ ਸਿੰਘ, ਬਲਵਿੰਦਰ ਸਿੰਘ, ਲਖਿੰਦਰ ਸਿੰਘ ਨੇ ਬਾਬਾ ਸਾਹਿਬ ਅੰਬੇਡਕਰ ਜੀ ਦੀ ਮੂਰਤੀ ਤੇ ਫੁੱਲਾਂ ਦੀ ਵਰਖਾ ਕਰਦੇ ਹੋਏ ਸਾਰੇ ਲੋਕਾਂ ਨੂੰ ਬਾਬਾ ਸਾਹਿਬ ਜੀ ਦੇ ਜਨਮ ਦਿਨ ਦੀਆਂ ਵਧਾਈਆਂ ਦਿੱਤੀਆਂ।

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)—ਲਾਇਨਜ਼ ਕਲੱਬ ਇੰਟਰਨੈਸ਼ਨਲ ਹੁਸ਼ਿਆਰਪੁਰ ਸਮਰਪਣ ਐਕਟਿਵ ਦੇ ਪ੍ਰਧਾਨ ਲਾਇਨ ਐਮ ਪੀ ਸਿੱਧੂ ,ਲਾਇਨਜ਼ ਕਲੱਬ ਇੰਟਰਨੈਸ਼ਨਲ ਰਿਹਾਣਾ ਜੱਟਾਂ ਕੋਹਿਨੂਰ ਦੇ ਪ੍ਰਧਾਨ ਲਾਇਨ ਡਾਕਟਰ ਮੁਖਤਿਆਰ ਸਿੰਘ ਧਾਲੀਵਾਲ ਦੀ ਪ੍ਰਧਾਨਗੀ ਹੇਠ ਅੱਜ ਦੋਵਾਂ ਕਲੱਬਾਂ ਨੇ ਭਾਰਤੀ ਸੰਵਿਧਾਨ ਦੇ ਨਿਰਮਾਤਾ, ਉੱਘੇ ਸਿਆਸਤਦਾਨ, ਮਹਾਨ ਸਮਾਜ ਸੁਧਾਰਕ, ਭਾਰਤ ਰਤਨ ਡਾ. ਬੀ.ਆਰ. ਅੰਬੇਡਕਰ ਦਾ ਦਿਵਸ ਬਹੁਤ ਹੀ ਸ਼ਰਧਾਪੂਰਵਕ ਪੂਰਵਕ ਮਨਾਇਆ ਗਿਆ, ਉਨ੍ਹਾਂ ਦੇ ਬੁੱਤ ਉਪਰ ਫੁੱਲਾਂ ਦੇ ਹਾਰ ਪਹਿਨਾਏ ਗਏ। ਇਸ ਸਮੇਂ ਹੁਸ਼ਿਆਰਪੁਰ ਸਮਰਪਣ ਐਕਟਿਵ ਦੇ ਸਕੱਤਰ ਲਾਇਨ ਇੰਜੀਨੀਅਰ ਐਸ ਪੀ ਜੱਖੂ ਰਿਟਾਇਰਡ ਐਕਸੀਅਨ, ਖਜ਼ਾਨਚੀ ਮੋਹਨ ਲਾਲ, ਡਿਪਟੀ ਡਿਸਟ੍ਰਿਕਟ ਗਵਰਨਰ ਜਤਿੰਦਰਪਾਲ ਐਮ ਜੇ ਐਫ, ਅੰਬੈਸਡਰ ਆਫ ਗੁੱਡਵਿਲ ਐਮ ਜੇ ਐਫ ਸੂਰਜ ਕਾਂਤ, ਲਾਇਨ ਹਰੀ ਕਿਸ਼ਨ, ਰਿਹਾਣਾ ਜੱਟਾ ਕੋਹਿਨੂਰ ਦੇ ਸਕੱਤਰ ਲਾਇਨ ਡਾ: ਤੇਜਬੀਰ ਸਿੰਘ ਧਾਲੀਵਾਲ ਨੇ ਵਿਸ਼ੇਸ਼ ਸ਼ਿਰਕਤ ਕਰਕੇ ਮਹਾਨ ਸਖਸ਼ੀਅਤ ਨੂੰ


ਹੁਸ਼ਿਆਰਪੁਰ

ਸਤਿਕਾਰ ਭੇਟ ਕੀਤਾ ।

ਫਿਲੌਰ (ਨਿਰਮਲ)- ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਦੇ ਸੱਦੇ 'ਤੇ ਅੰਬੇਡਕਰੀ ਸਭਾਵਾਂ ਦੇ ਸਹਿਯੋਗ ਨਾਲ ਡਾਕਟਰ ਬੀ ਆਰ ਅੰਬੇਡਕਰ ਜੀ ਦੇ 134ਵੇਂ ਜਨਮ ਦਿਹਾੜੇ ਮੌਕੇ ਤਹਿਸੀਲ ਪੱਧਰੀ ਵਿਸ਼ਾਲ 'ਸੰਵਿਧਾਨ ਬਚਾਓ ਚੇਤਨਾ ਮਾਰਚ' ਸ਼ਹਿਰ ਫਿਲੌਰ ਤੋਂ ਕੱਢਿਆ ਗਿਆ ਜਿਹੜਾ ਸ਼ਹਿਰ ਫਿਲੌਰ ਦੇ ਲਾਗਲੇ ਪਿੰਡਾਂ ਦੀ ਪ੍ਰਕਰਮਾ ਕਰਦਾ ਹੋਇਆ ਗੁਰੂ ਰਵਿਦਾਸ ਮੰਦਿਰ ਨੂਰ ਮਹਿਲ ਰੋਡ ਫਿਲੌਰ ਵਿਖੇ ਸਮਾਪਤ ਹੋਇਆ। ਸੰਵਿਧਾਨ ਬਚਾਓ ਚੇਤਨਾ ਮਾਰਚ ਲਈ ਲੋਕ ਡਾਕਟਰ ਅੰਬੇਡਕਰ ਚੌਂਕ ਫਿਲੌਰ ਵਿਖੇ ਇਕੱਠੇ ਹੋਏ ਅਤੇ ਬਾਬਾ ਸਾਹਿਬ ਦੀ ਪ੍ਰਤਿਮਾ ਤੇ ਫੁੱਲਮਲਾਵਾਂ ਭੇਂਟ ਕਰਨ ਤੇ ਲੱਡੂ ਵੰਡਣ ਤੋਂ ਬਾਅਦ ਸੰਵਿਧਾਨ ਬਚਾਓ ਚੇਤਨਾ ਮਾਰਚ ਰਵਾਨਾ ਹੋਇਆ ਜਿਸ ਵਿਚ ਵੱਡੀ ਗਿਣਤੀ ਵਿੱਚ ਮੋਟਰ ਸਾਇਕਲ, ਤੇ ਕਾਰਾ ਵਿੱਚ ਸਵਾਰ ਲੋਕ ਕਾਫ਼ਲੇ ਬੰਨ੍ਹ ਕੇ ਸ਼ਾਮਲ ਹੋਏ। ਇਸ ਮੌਕੇ ਲੋਕ ਇਨਸਾਫ਼ ਮੰਚ ਤਹਿਸੀਲ ਫਿਲੌਰ ਦੇ ਆਗੂਆਂ ਪ੍ਰਧਾਨ ਜਰਨੈਲ ਫਿਲੌਰ, ਮੁੱਖ ਬੁਲਾਰੇ ਐਡਵੋਕੇਟ ਸੰਜੀਵ ਭੌਰਾ, ਸਕੱਤਰ ਪਰਸ਼ੋਤਮ ਫਿਲੌਰ, ਸੀਨੀਅਰ ਮੀਤ ਪ੍ਰਧਾਨ ਮਾਸਟਰ ਹੰਸ ਰਾਜ, ਵਿੱਤ ਸਕੱਤਰ ਡਾਕਟਰ ਸੰਦੀਪ ਕੁਮਾਰ, ਪ੍ਰੈੱਸ ਸਕੱਤਰ ਜਸਵੰਤ ਬੋਧ, ਕੋਰ ਕਮੇਟੀ ਮੈਂਬਰ ਡਾਕਟਰ ਅਸ਼ੋਕ ਕੁਮਾਰ, ਅਮਰਜੀਤ ਲਾਡੀ ਮਹਿਸਮਪੁਰ, ਰਾਮਜੀ ਦਾਸ ਗੰਨਾ ਪਿੰਡ, ਕੁਲਦੀਪ ਲੰਬਰਦਾਰ, ਹਨੀ ਸੰਤੋਖਪੁਰਾ, ਹਰਮੇਸ਼ ਰਾਹੀ, ਸੁਨੀਲ ਗੰਨਾ ਪਿੰਡ ਆਦਿ ਆਗੂਆਂ ਨੇ ਕਿਹਾ ਕਿ ਮੌਜੂਦਾ ਸਮੇਂ ਵਿੱਚ ਦੇਸ਼ ਵਿਰੋਧੀ ਤਾਕਤਾਂ ਆਪਸੀ ਭਾਈਚਾਰੇ ਨੂੰ ਤੋੜਨ ਲਈ ਯਤਨਸ਼ੀਲ ਹਨ ਜਿਸ ਦਾ ਮੂੰਹ ਤੋੜਵਾਂ ਜਵਾਬ ਦਿੱਤਾ ਜਾਵੇਗਾ ਅਤੇ ਭਾਈਚਾਰਕ ਸਾਂਝ ਕਾਇਮ ਰੱਖਣ ਲਈ ਪਿੰਡ ਪਿੰਡ ਹੋਕਾ ਦਿੱਤਾ ਜਾਵੇਗਾ। ਆਗੂਆਂ ਨੇ ਕਿਹਾ ਕੇਂਦਰ ਅਤੇ ਪੰਜਾਬ ਦੀਆਂ ਸਰਕਾਰਾਂ ਭਾਰਤੀ ਸੰਵਿਧਾਨ ਨੂੰ ਖਤਮ ਕਰਨ ਵੱਲ ਵੱਧ ਰਹੀਆਂ ਹਨ ਅਤੇ ਭਾਰਤੀ ਸੰਵਿਧਾਨ ਦੇ ਨਿਯਮਾਂ ਦੀ ਲਗਾਤਾਰ ਅਵੱਗਿਆ ਕਰਕੇ ਲੋਕਤੰਤਰ ਨੂੰ ਪੁਲਿਸ ਤੰਤਰ ਵਿੱਚ ਬਦਲਿਆ ਜਾ ਰਿਹਾ ਹੈ ਅਤੇ ਸ਼ਾਂਤਮਈ ਅੰਦੋਲਨ ਕਰਨ ਵਾਲਿਆਂ ਦੀ ਜ਼ੁਬਾਨ ਬੰਦ ਕਰਨ ਲਈ ਉਨ੍ਹਾਂ 'ਤੇ ਕਾਲੇ ਕਾਨੂੰਨ ਲਾਗੂ ਕਰਕੇ ਜੇਲ੍ਹਾਂ ਵਿੱਚ ਡੱਕਿਆ ਜਾ ਰਿਹਾ ਹੈ। ਇਸ ਕਰਕੇ ਮੁੱਖ ਮਸਲਾ ਸੰਵਿਧਾਨ ਨੂੰ ਬਚਾਉਣ ਦਾ ਹੈ, ਅਗਰ ਸੰਵਿਧਾਨ ਹੀ ਨਾ ਬਚਿਆ ਤਾਂ ਦੇਸ਼ ਟੁੱਟ ਜਾਵੇਗਾ।ਇਸ ਮੌਕੇ ਬਿਹਾਰੀ ਲਾਲ, ਅਜਮੇਰ ਲਾਡੀ, ਸੋਮ ਨਾਥ, ਬਲਵਿੰਦਰਵੀਰ ਕੁਮਾਰ, ਤਰਸੇਮ ਲਾਲ, ਸੰਦੀਪ ਕੁਮਾਰ, ਖੀਰਾ ਲਾਲ, ਰਵੀ ਭੌਰਾ, ਜਸਵੀਰ ਚੁੰਬਰ, ਗਰੀਬ ਦਾਸ ਨੀਂਹਰ, ਸਤਨਾਮ ਕਟਪਲੋਂ, ਰਮਨ ਭੁਲੇਵਾਲ, ਗਗਨ ਕੁਮਾਰ, ਲੁਭਾਇਆ ਭੈਣੀ, ਜਸਵਿੰਦਰ ਬਿੱਲੂ, ਮਾਸਟਰ ਕੁਲਵੰਤ ਰੁੜਕਾ, ਜੋਗਿੰਦਰ ਪਾਲ ਕਾਲ੍ਹਾ, ਕੁਲਦੀਪ ਦਾਰਾਪੁਰ , ਸੰਦੀਪ ਕਲਾਥ ਹਾਊਸ, ਸਰੂਪ ਕਲੇਰ, ਜਸਵੀਰ ਸੰਧੂ, ਵਿਜੈ ਬੰਗੜ, ਅਨਮੋਲ ਦੀਪ, ਸੁਨੀਲ ਕੁਮਾਰ ਬੰਗੜ, ਦੀਪਕੀ, ਜੱਸਾ, ਰਿੰਪੀ, ਨਿਤਿਨ, ਸ਼ਿੰਦਰਪਾਲ, ਸੰਨੀ, ਸੌਰਵ, ਹਰਮੇਸ਼ ਲਾਲ, ਗੁਰਬਚਨ ਰਾਮ, ਕਰਨੈਲ,ਧਰਮਿੰਦਰ, ਸ਼ਮੀ ਕਪੂਰ, ਸੁਨੀਤਾ ਫਿਲੌਰ, ਅੰਜੂ ਵਿਰਦੀ, ਕਮਲ਼ਾ ਦੇਵੀ, ਰੇਖਾ ਰਾਣੀ ਪੰਚ, ਸਰੋਜ ਰਾਣੀ, ਸਮਰੀਤ, ਗੇਜੋਂ, ਸੁਰਜੀਤ ਕੌਰ, ਨੀਨਾ, ਮਮਤਾ ਆਦਿ ਹਾਜ਼ਰ ਸਨ।

ਫਿਲੌਰ (ਹਰਜਿੰਦਰ ਕੌਰ ਚਾਹਲ )-ਡਾਕਟਰ ਬੀ ਆਰ ਅੰਬੇਡਕਰ ਜੀ ਦੇ 134ਵੇਂ ਜਨਮ ਦਿਹਾੜੇ ਮੌਕੇ ਮਹਾਨ ਖੂਨ ਦਾਨ ਕੈਂਪ ਲਗਾਇਆ ਗਿਆ, ਜਿਸ ਵਿੱਚ ਨੌਜਵਾਨਾਂ ਵੱਲੋਂ ਵੱਧ ਚੜ ਕੇ ਸਹਿਯੋਗ ਕੀਤਾ ਗਿਆ। ਇਸ ਮੌਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੇ ਜ਼ਿਲ੍ਹਾ ਸਕੱਤਰ ਨੇ ਦੱਸਿਆ ਕਿ ਬਾਬਾ ਸਾਹਿਬ ਡਾਕਟਰ ਅੰਬੇਡਕਰ ਜੀ ਦਾ ਜਨਮ ਦਿਹਾੜਾ ਜਿੱਥੇ ਪੂਰੇ ਭਾਰਤ ਅੰਦਰ ਮਨਾਇਆ ਜਾ ਰਿਹਾ ਹੈ ਉੱਥੇ ਫਿਲੌਰ ਅੰਦਰ ਖੂਨ ਦਾਨ ਕਰਕੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਵੱਲੋਂ ਮਨਾਇਆ ਜਾ ਰਿਹਾ ਹੈ। ਉਹਨਾਂ ਅੱਗੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਅੰਬੇਡਕਰ ਵੱਲੋਂ ਦਿੱਤੇ ਗਏ ਸੰਵਿਧਾਨ ਨੂੰ ਅੱਜ ਖਤਮ ਕਰਨ ਦੀਆਂ ਕੋਸ਼ਿਸ਼ਾਂ ਕੀਤੀਆਂ ਜਾ ਰਹੀਆਂ ਹਨ ਜੋ ਕਿ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀਆਂ ਜਾ ਸਕਦੀਆਂ। ਉਹਨਾਂ ਬਾਬਾ ਸਾਹਿਬ ਦੇ ਬੁੱਤਾਂ ਨਾਲ ਛੇੜ ਛਾੜ ਕਰਨ ਅਤੇ ਛੇੜ ਛਾੜ ਕਰਨ ਦੀਆਂ ਧਮਕੀਆਂ ਦੇਣ ਘਟਨਾਵਾਂ ਦੀ ਸਖਤ ਸ਼ਬਦਾਂ ਵਿੱਚ ਨਿਖੇਦੀ ਵੀ ਕੀਤੀ ਅਤੇ ਘਟੀਆ ਮਾਨਸਿਕਤਾ ਦੇ ਲੋਕ ਦੇਸ਼ ਅੰਦਰ ਫਿਰਕਾਪ੍ਰਸਤੀ ਨੂੰ ਵਧਾਉਣਾ ਚਾਹੁੰਦੇ ਹਨ ਜਿਸ ਖਿਲਾਫ ਸਮਾਜ ਦੇ ਹਰ ਇਕ ਇਨਸਾਨ ਨੂੰ ਅੱਗੇ ਕੇ ਸੰਘਰਸ਼ ਕਰਨ ਦੀ ਲੋੜ ਹੈ। ਇਸ ਮੌਕੇ ਮੰਦਿਰ ਕਮੇਟੀ ਦੇ ਚੇਅਰਮੈਨ ਵਿਸ਼ਾਲ ਕੁਮਾਰ ਨੇ ਕਿਹਾ ਕਿ ਮਨੁੱਖਤਾ ਦੀ ਸੇਵਾ ਕਰਨੀ ਚਾਹੀਦਾ ਹੈ ਤਾਂ ਜੋ ਦੁਰਘਟਨਾਵਾਂ ਵਿੱਚ ਮਰਨ ਵਾਲੇ ਲੋਕਾਂ ਨੂੰ ਸਮੇਂ ਸਿਰ ਖੂਨ ਮਿਲ ਸਕੇ, ਜਿਸ ਨਾਲ ਕੀਮਤੀ ਜਾਨਾਂ ਬਚ ਸਕਦੀਆਂ ਹਨ। ਇਸ ਮੌਕੇ ਮੰਦਿਰ ਕਮੇਟੀ ਦੇ ਪ੍ਰਧਾਨ ਰਾਮ ਮੂਰਤੀ ਕੁਲਵਿੰਦਰ ਬੱਬਾ, ਸੰਨੀ ਜੱਸਲ, ਮਨਦੀਪ, ਬਲਜੀਤ ਕੁਮਾਰ, ਅਮਨਦੀਪ ਸਿੰਘ , ਮਨਪ੍ਰੀਤ ਸਿੰਘ, ਕੁਲਦੀਪ ਕੁਮਾਰ, ਐਮ ਸੀ ਰਾਏ ਵਰਿੰਦਰ ਕਾਕਾ, ਮੱਖਣ ਸੰਗਰਾਮੀ, ਸੁਨੀਲ ਕੁਮਾਰ ਭੈਣੀ, ਜਸਵੰਤ ਰਾਏ ਹਾਜ਼ਰ ਸਨ।

ਚੰਡੀਗੜ੍ਹ, (ਗੁਰਜੀਤ ਬਿੱਲਾ) ਆਮ ਆਦਮੀ ਪਾਰਟੀ (ਆਪ) ਨੇ ਪੂਰੇ


ਟਾਂਡਾ ਉੜਮੁੜ


ਰਾਹੋਂ


ਜਲੰਧਰ

ਪੰਜਾਬ ਵਿੱਚ ਡਾ. ਭੀਮ ਰਾਓ ਅੰਬੇਡਕਰ ਦੀ ਜਨਮ ਜਯੰਤੀ ਬਹੁਤ ਧੂਮਧਾਮ ਨਾਲ ਮਨਾਈ। ਪਾਰਟੀ ਦੇ ਵਿਧਾਇਕਾਂ ਅਤੇ ਮੰਤਰੀਆਂ ਸਮੇਤ ਆਪ ਆਗੂ, ਵਰਕਰਾਂ ਅਤੇ ਸਮਰਥਕਾਂ ਨੇ ਬਾਬਾ ਸਾਹਿਬ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਸਮਾਨਤਾ ਅਤੇ ਨਿਆਂ ਦੇ ਉਨ੍ਹਾਂ ਦੇ ਦ੍ਰਿਸ਼ਟੀਕੋਣ ਪ੍ਰਤੀ ਆਪਣੀ ਵਚਨਬੱਧਤਾ ਦੁਹਰਾਈ।ਇਸ ਮੌਕੇ ਸੂਬੇ ਭਰ ਵਿੱਚ ਕਈ ਸਮਾਗਮ ਆਯੋਜਿਤ ਕੀਤੇ ਗਏ, ਜਿਨ੍ਹਾਂ ਵਿੱਚ ਬਾਬਾ ਸਾਹਿਬ ਦੇ ਬੁੱਤਾਂ 'ਤੇ ਹਾਰ ਚੜ੍ਹਾਉਣਾ ਅਤੇ ਭਾਰਤ ਦੇ ਸੰਵਿਧਾਨ ਅਤੇ ਹਾਸ਼ੀਏ 'ਤੇ ਧੱਕੇ ਭਾਈਚਾਰਿਆਂ ਦੇ ਵਿਕਾਸ ਵਿੱਚ ਉਨ੍ਹਾਂ ਦੇ ਅਨਮੋਲ ਯੋਗਦਾਨ ਨੂੰ ਉਜਾਗਰ ਕਰਨ ਵਾਲੇ ਭਾਸ਼ਣ ਸ਼ਾਮਲ ਸਨ। ਹਾਲਾਂਕਿ, ਇਸ ਮੌਕੇ ਖਾਲਿਸਤਾਨੀ ਸਮਰਥਕ ਗੁਰਪਤਵੰਤ ਸਿੰਘ ਪੰਨੂ ਦੁਆਰਾ ਡਾ. ਅੰਬੇਡਕਰ ਬਾਰੇ ਕੀਤੀਆਂ ਗਈਆਂ ਅਪਮਾਨਜਨਕ ਟਿੱਪਣੀਆਂ ਵਿਰੁੱਧ ਵੀ ਰੋਸ


ਫਿਲੌਰ

ਦੇਖਿਆ ਗਿਆ। ਏਕਤਾ ਅਤੇ ਸੁਰੱਖਿਆ ਦੇ ਪ੍ਰਤੀਕਾਤਮਿਕ ਸੰਕੇਤ ਵਜੋਂ, ਆਪ ਵਰਕਰਾਂ ਅਤੇ ਨੇਤਾਵਾਂ ਨੇ ਡੰਡੇ ਅਤੇ ਝੰਡੇ ਨਾਲ ਬਾਬਾ ਸਾਹਿਬ ਦੀਆਂ ਮੂਰਤੀਆਂ ਦੀ ਰੱਖਿਆ ਕੀਤੀ ਤਾਂ ਜੋ ਉਨ੍ਹਾਂ ਨੂੰ ਕੋਈ ਨੁਕਸਾਨ ਨਾ ਪਹੁੰਚੇ।'ਆਪ' ਆਗੂਆਂ ਨੇ ਕਿਹਾ, 'ਡਾ. ਅੰਬੇਡਕਰ ਦੇ ਆਦਰਸ਼ ਸਾਨੂੰ ਸਮਾਜਿਕ ਨਿਆਂ ਅਤੇ ਸਮਾਨਤਾ ਲਈ ਲੜਨ ਲਈ ਪ੍ਰੇਰਿਤ ਕਰਦੇ ਹਨ। ਕਿਸੇ ਨੂੰ ਵੀ ਉਨ੍ਹਾਂ ਨੂੰ ਬਦਨਾਮ ਕਰਨ ਜਾਂ ਪੰਜਾਬ ਦੀ ਸ਼ਾਂਤੀ ਭੰਗ ਕਰਨ ਦੀ ਇਜਾਜ਼ਤ ਨਹੀਂ ਦਿੱਤੀ ਜਾਵੇਗੀ। ਸਾਡੇ ਵਰਕਰ ਸਿਰਫ਼ ਰਾਜਨੀਤਿਕ ਕਾਰਕੁਨ ਨਹੀਂ ਹਨ, ਉਹ ਬਾਬਾ ਸਾਹਿਬ ਦੇ ਦ੍ਰਿਸ਼ਟੀਕੋਣ ਦੇ ਰੱਖਿਅਕ ਵੀ ਹਨ।'


ਚੰਡੀਗੜ੍ਹ

16-APR-PAGE-7.qxd 4/15/2025 9:32 PM Page 1



## ਚਿਤਕਾਰਾ 'ਵਰਸਿਟੀ ਦੇ ਅਧਿਆਪਕ ਸਿਡਨੀ ਯੂਨੀਵਰਸਿਟੀ ਪੁੱਜੇ



**ਰਾਜਪੁਰਾ (ਰਮੇਸ਼ ਕਟਾਰੀਆ)**-ਚਿਤਕਾਰਾ ਸਕੂਲ ਆਫ਼ ਮਾਸ ਕਮਿਊਨੀਕੇਸ਼ਨ, ਚਿਤਕਾਰਾ ਯੂਨੀਵਰਸਿਟੀ, ਪੰਜਾਬ ਦੇ ਤਿੰਨ ਅਧਿਆਪਕਾਂ ਨੂੰ ਆਸਟ੍ਰੇਲੀਆ ਸਰਕਾਰ ਦੇ ਵਿਦੇਸ਼ ਮਾਮਲਿਆਂ ਤੇ ਵਪਾਰ ਵਿਭਾਗ (ਡੀਐਫਏਟੀ) ਦੁਆਰਾ ਫੰਡ ਕੀਤੇ ਜਾਣ ਵਾਲੇ ਵੱਕਾਰੀ ਆਸਟ੍ਰੇਲੀਅਨ ਐਵਾਰਡ ਫੈਲੋਸ਼ਿਪ ਲਈ ਚੁਣਿਆ ਗਿਆ ਹੈ।ਇਸ ਅੰਤਰਰਾਸ਼ਟਰੀ ਫੈਲੋਸ਼ਿਪ ਦੇ ਹਿੱਸੇ ਵਜੋਂ ਟੀਮ ਦੀ ਮੇਜ਼ਬਾਨੀ ਇਸ ਸਮੇਂ ਪੱਛਮੀ ਸਿਡਨੀ ਯੂਨੀਵਰਸਿਟੀ, ਆਸਟ੍ਰੇਲੀਆ ਦੁਆਰਾ ਕੀਤੀ ਗਈ ਹੈ, ਜਿੱਥੇ ਉਹ 'ਪਾਣੀ, ਝੋਨਾ ਤੇ ਪੰਜਾਬ : ਵਾਤਾਵਰਣ ਸਥਿਰਤਾ ਦੇ ਚੌਰਾਹੇ 'ਤੇ ਇੱਕ ਰਾਜ' ਸਿਰਲੇਖ ਵਾਲੇ ਇੱਕ ਸਹਿਯੋਗੀ ਖੋਜ ਪ੍ਰੋਜੈਕਟ 'ਤੇ ਕੰਮ ਕਰ ਰਹੇ ਹਨ।ਵਰਣਨਯੋਗ ਹੈ ਕਿ ਇਸ ਪ੍ਰੋਜੈਕਟ ਦੇ ਹਿੱਸੇ ਵਜੋਂ ਫਿਜੀ ਤੇ ਇੰਡੋਨੇਸ਼ੀਆ ਦੇ ਵਿਦਵਾਨ ਤੇ ਅਕਾਦਮਿਕ ਵੀ ਭਾਰਤੀ ਦਲ ਨਾਲ ਸਹਿਯੋਗ ਕਰ ਰਹੇ ਹਨ।ਟੀਮ ਵਿੱਚ ਡਾ. ਆਸ਼ੂਤੋਸ਼ ਮਿਸ਼ਰਾ, ਡੀਨ, ਡਾ. ਗੀਤਾਂਜਲੀ ਕਾਲੀਆ, ਐਸੋਸੀਏਟ ਪ੍ਰੋਫੈਸਰ ਤੇ ਡਾ. ਰਿਪੁਦਮਨ ਸਿੰਘ, ਸਹਾਇਕ ਪ੍ਰੋਫੈਸਰ, ਚਿਤਕਾਰਾ ਸਕੂਲ ਆਫ਼ ਮਾਸ ਕਮਿਊਨੀਕੇਸ਼ਨ ਸ਼ਾਮਲ ਹਨ।

## ਹਨੂਮਾਨ ਦਾ ਜਨਮ ਉਤਸਵ ਧੂਮਧਾਮ ਨਾਲ ਮਨਾਇਆ



**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਸ੍ਰੀ ਬਾਲਾਜੀ ਖਾਟੂ ਸ਼ਿਆਮ ਮੰਦਿਰ ਸੁਨਾਮ ਵੱਲੋਂ ਰਾਮ ਭਗਤ ਹਨੂੰਮਾਨ ਜੀ ਦਾ ਜਨਮ ਉਤਸਵ ਬੜੀ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ ਗਿਆ।ਜਾਣਕਾਰੀ ਦਿੰਦੇ ਹੋਏ ਮੰਦਿਰ ਦੇ ਮੈਂਬਰ ਗੌਰਵ ਜਨਾਲੀਆ ਨੇ ਦੱਸਿਆ ਕਿ ਤਿੰਨ ਦਿਨਾਂ ਦੇ ਸੰਕਟ ਮੋਚਨ ਯੱਗ ਵਿੱਚ ਲੋਕਾਂ ਦਾ ਕਾਫੀ ਉਤਸ਼ਾਹ ਦੇਖਣ ਨੂੰ ਮਿਲਿਆ।ਸ੍ਰੀ ਬਾਲਾ ਜੀ ਮਹਾਰਾਜ ਦਾ ਆਸ਼ੀਰਵਾਦ ਲੈਣ ਲਈ ਸੁਨਾਮ ਦੀ ਸ਼ਾਨ ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਮੁੱਖ ਤੌਰ 'ਤੇ ਪਹੁੰਚੇ।ਵਿਸ਼ੇਸ਼ ਤੌਰ 'ਤੇ ਦਿੱਲੀ ਦੇ ਵਪਾਰੀ ਮਨੁਜ ਸਚਦੇਵਾ, ਘਨਸ਼ਿਆਮ ਕਾਂਸਲ, ਮੈਡਮ ਗੀਤਾ ਸ਼ਰਮਾ, ਜਤਿੰਦਰ ਜੈਨ ਪਹੁੰਚੇ।ਪੂਰਨਾਹੁਤੀ ਤੋਂ ਪਹਿਲਾਂ ਸ਼ਰਧਾਲੂਆਂ ਦੁਆਰਾ ਕਸ਼ਟ ਨਿਵਾਰਕ ਤੇ ਮਨੋਕਾਮਨਾ ਪੂਰਨ ਹੇਤੂ ਨਾਰੀਅਲ ਹਵਨ ਕੁੰਡ ਵਿੱਚ ਅਰਪਣ ਕੀਤੇ ਗਏ।ਰਾਤ ਨੂੰ ਵਿਸ਼ਾਲ ਜਾਗਰਣ ਕੀਤਾ ਗਿਆ, ਜਿਸ ਵਿੱਚ ਪੂਜਾ ਤੇ ਜੋਤੀ ਪ੍ਰਚੰਡ ਦੀ ਰਸਮ ਸ੍ਰੀ ਵਰਿੰਦਰ ਗੁਪਤਾ ਬਿੱਟੂ ਦੁਆਰਾ ਕਰਵਾਈ ਗਈ।ਸ਼੍ਰੀ ਮਹਿੰਦੀਪੁਰ ਬਾਲਾ ਜੀ ਮਹਾਰਾਜ ਦੇ ਦਰਬਾਰ ਵਿੱਚ ਝੰਡਾ ਲਹਿਰਾਉਣ ਦੀ ਰਸਮ ਸਮੂਹ ਸ਼ਰਧਾਲੂਆਂ ਦੁਆਰਾ ਕੀਤੀ ਗਈ।ਗਾਇਕ ਕਪਿਲ ਸ਼ਰਮਾ ਤੇ ਮੁਨੀਸ਼ ਅਰੋੜਾ ਨੇ ਭਜਨ ਸੁਣਾ ਕੇ ਭਗਤਾਂ ਨੂੰ ਨੱਚਣ ਲਈ ਮਜਬੂਰ ਕਰ ਦਿੱਤਾ।ਇਸ ਮੌਕੇ ਮੁਨੀਸ਼ ਮੋਨੂੰ, ਸਤੀਸ਼ ਬਾਂਗਰੂ, ਡਾਕਟਰ ਪੁਨੀਤ ਗੋਇਲ, ਡਾ. ਪੁਰਸ਼ੋਤਮ ਵਿਸ਼ਿਸ਼ਟ, ਮੋਂਟੂ ਮੋਦੀ, ਸੋਨੂੰ ਸਿੰਗਲਾ, ਰਾਮ ਕੁਮਾਰ, ਲਵ ਸ਼ਰਮਾ, ਕਰੁਨ ਬਾਂਸਲ, ਅਜੈ ਜਿੰਦਲ, ਸੰਜੀਵ ਨਾਗਰਾ, ਰਜਤ ਜੈਨ, ਰਾਜੀਵ ਜੈਨ, ਰਾਕੇਸ਼ ਭੋਲਾ, ਵਰੁਣ ਕਾਂਸਲ, ਕੇਸ਼ਵ ਗੁਪਤਾ, ਨਰਾਇਣ ਸ਼ਰਮਾ, ਬਲਵਾਨ ਸ਼ਰਮਾ, ਸ਼ੀਤਲ ਮਿੱਤਲ, ਪ੍ਰਵੇਸ਼ ਅਗਰਵਾਲ ਸਮੇਤ ਹਜ਼ਾਰਾਂ ਭਗਤਾਂ ਨੇ ਸ਼੍ਰੀ ਬਾਲਾ ਜੀ ਮਹਾਰਾਜ ਦਾ ਅਸ਼ੀਰਵਾਦ ਪ੍ਰਾਪਤ ਕੀਤਾ।

## ਨੈਸ਼ਨਲ ਮੂਟ ਕੋਰਟ ਮੁਕਾਬਲੇ ਦਾ ਪੋਸਟਰ ਜਾਰੀ



**ਫਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਯੂਨੀਵਰਸਿਟੀ ਸਕੂਲ ਆਫ ਲਾਅ ਨੇ ਆਗਾਮੀ ਨੈਸ਼ਨਲ ਮੂਟ ਕੋਰਟ ਮੁਕਾਬਲੇ ਲਈ ਪੋਸਟਰ ਜਾਰੀ ਕੀਤਾ।ਨੈਸ਼ਨਲ ਮੂਟ ਕੋਰਟ ਮੁਕਾਬਲੇ ਲਈ ਪੋਸਟਰ ਵਾਈਸ-ਚਾਂਸਲਰ ਪ੍ਰੋ. ਪਰਿਤ ਪਾਲ ਸਿੰਘ, ਪ੍ਰੋ. ਤੇਜਬੀਰ ਸਿੰਘ, ਰਜਿਸਟਰਾਰ ਤੇ ਲਾਅ ਵਿਭਾਗ ਦੇ ਮੁਖੀ ਅਤੇ ਡੀਨ ਪ੍ਰੋ. ਅਮਿਤਾ ਕੌਸ਼ਲ ਦੁਆਰਾ ਜਾਰੀ ਕੀਤਾ ਗਿਆ। ਇਸ ਮੌਕੇ ਡੀਨ ਵਿਦਿਆਰਥੀ ਭਲਾਈ ਡਾ. ਸਿਕੰਦਰ ਸਿੰਘ, ਡਾ. ਹਰਦੇਵ ਸਿੰਘ, ਮੁਖੀ, ਧਾਰਮਿਕ ਅਧਿਐਨ ਵਿਭਾਗ, ਡਾ. ਨਵਨੀਤ ਕੌਰ, ਇੰਚਾਰਜ ਤੇ ਕਾਨੂੰਨ ਵਿਭਾਗ ਦੇ ਫੈਕਲਟੀ ਮੈਂਬਰ ਹਾਜ਼ਰ ਸਨ।ਵਾਈਸ-ਚਾਂਸਲਰ ਪ੍ਰੋ: ਪਰਿਤ ਪਾਲ ਸਿੰਘ ਨੇ ਇਸ ਸਮਾਗਮ ਦੇ ਆਯੋਜਨ ਲਈ ਕਾਨੂੰਨ ਵਿਭਾਗ ਦੀ ਸ਼ਲਾਘਾ ਕੀਤੀ।ਉਨ੍ਹਾਂ ਭਵਿੱਖ ਦੇ ਕਾਨੂੰਨੀ ਪੇਸ਼ੇਵਰਾਂ ਨੂੰ ਰੂਪ ਦੇਣ ਲਈ ਮੂਟ ਕੋਰਟ ਮੁਕਾਬਲਿਆਂ ਦੀ ਮਹੱਤਤਾ 'ਤੇ ਜ਼ੋਰ ਦਿੱਤਾ ਤੇ ਇਸ ਈਵੈਂਟ ਨੂੰ ਹਕੀਕਤ ਬਣਾਉਣ ਲਈ ਫੈਕਲਟੀ ਤੇ ਵਿਦਿਆਰਥੀਆਂ ਦੇ ਯਤਨਾਂ ਦੀ ਸ਼ਲਾਘਾ ਕੀਤੀ।ਕਾਨੂੰਨ ਵਿਭਾਗ ਦੇ ਮੁਖੀ ਤੇ ਡੀਨ ਪ੍ਰੋ. ਅਮਿਤਾ ਕੌਸ਼ਲ ਨੇ ਕਿਹਾ ਕਿ ਇਹ ਨਾ ਸਿਰਫ਼ ਵਿਦਿਆਰਥੀਆਂ ਦੀ ਕਾਨੂੰਨੀ ਸੂਝ-ਬੂਝ ਨੂੰ ਵਧਾਏਗਾ, ਸਗੋਂ ਉਨ੍ਹਾਂ ਦੀ ਵਿਸ਼ਲੇਸ਼ਣਾਤਮਕ ਤੇ ਦਲੀਲ ਦੇਣ ਦੀ ਯੋਗਤਾ ਨੂੰ ਵੀ ਮਜ਼ਬੂਤ ਕਰੇਗਾ।ਡਾ. ਨਵਨੀਤ ਕੌਰ ਇੰਚਾਰਜ ਨੇ ਸਿਧਾਂਤਕ ਗਿਆਨ ਤੇ ਵਿਹਾਰਕ ਕਾਨੂੰਨੀ ਹੁਨਰਾਂ ਵਿਚਕਾਰ ਪਾੜੇ ਨੂੰ ਪੂਰਾ ਕਰਨ ਲਈ ਅਜਿਹੇ ਸਮਾਗਮਾਂ ਦੀ ਮਹੱਤਤਾ ਨੂੰ ਦੁਹਰਾਇਆ।ਉਮੀਦ ਹੈ ਕਿ ਨੈਸ਼ਨਲ ਮੂਟ ਕੋਰਟ ਮੁਕਾਬਲਾ ਵਿੱਚ ਦੇਸ਼ ਭਰ ਦੇ ਸਿਖਰਲੇ ਕਾਨੂੰਨ ਸਕੂਲਾਂ ਤੋਂ ਵਿਦਿਆਰਥੀ ਭਾਗ ਲੈਣਗੇ।

## ਮੁੱਖ ਮੰਤਰੀ ਦੀ ਛਾਜਲੀ ਫੇਰੀ ਮੌਕੇ ਕਿਸਾਨਾਂ 'ਤੇ ਲਾਠੀਚਾਰਜ



**ਦਿੜ੍ਹਬਾ (ਜਸਵੀਰ ਲਾਡੀ)**-ਇੱਥੋਂ ਨਾਲ ਦੇ ਪਿੰਡ ਛਾਜਲੀ ਦੇ ਸਕੂਲ ਆਫ ਐਮੀਨੈਂਸ ਵਿਖੇ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਪਹੁੰਚ ਹੋਏ ਸਨ।ਦੂਸਰੇ ਪਾਸੇ ਭਾਰਤੀ ਕਿਸਾਨ ਯੂਨੀਅਨ ਸਿੱਧੂਪੁਰ ਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਅਜ਼ਾਦ ਵੱਲੋਂ ਪੰਜਾਬ ਸਰਕਾਰ ਦੇ ਮੰਤਰੀਆਂ ਨੂੰ ਮਿਲਕੇ ਸਵਾਲ ਕਰਨ ਲਈ ਪਿੰਡ ਛਾਜਲੀ ਵਿਖੇ ਪਹੁੰਚ ਰਹੇ ਸਨ, ਜਿਨ੍ਹਾਂ ਨੂੰ ਵਾਟਰ ਵਰਕਸ ਵਾਲੇ ਬੱਸ ਸਟੈਂਡ 'ਤੇ ਰੋਕ ਲਿਆ ਗਿਆ, ਪਰ ਪਿੰਡ ਪਹਿਲਾਂ ਹੀ ਪੁਲਸ ਛਾਉਣੀ ਵਿੱਚ ਤਬਦੀਲ ਕੀਤਾ ਗਿਆ ਸੀ।ਜਦੋਂ ਕਿਸਾਨ ਸਕੂਲ ਵੱਲ ਵੱਧਣ ਲੱਗੇ ਤਾਂ ਪੁਲਸ ਨੇ ਕਿਸਾਨਾਂ 'ਤੇ ਹਲਕਾ-ਫੁਲਕਾ ਲਾਠੀਚਾਰਜ ਕੀਤਾ ਗਿਆ, ਜਿਸ ਨਾਲ ਕਈ ਕਿਸਾਨ ਦੇ ਸੱਟਾਂ ਲੱਗੀਆਂ।ਕਿਸਾਨ ਆਗੂ ਸੰਤ ਰਾਮ ਸਿੰਘ ਛਾਜਲੀ ਤੇ ਕੇਵਲ ਸਿੰਘ ਜਵੰਦਾ ਨੇ ਕਿਹਾ ਕਿ ਅਸੀਂ ਮੁੱਖ ਮੰਤਰੀ ਨੂੰ ਮਿਲਕੇ ਆਪਣੇ ਸਵਾਲ ਕਰਨੇ ਸਨ, ਪਰ ਪੁਲਸ ਨੇ ਸਾਨੂੰ ਮਿਲਣ ਨਹੀਂ ਦਿੱਤਾ, ਸਗੋਂ ਕਿਸਾਨ ਭਰਾਵਾਂ ਤੇ ਕਿਸਾਨ ਬੀਬੀਆਂ 'ਤੇ ਪੁਲਸ ਨੇ ਲਾਠੀਚਾਰਜ ਕਰਕੇ ਕਈ ਕਿਸਾਨਾਂ ਦੇ ਸੱਟਾਂ ਮਾਰੀਆਂ ਗਈਆਂ, ਜਿਸ ਦੀ ਕਿਸਾਨ ਆਗੂਆਂ ਨੇ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਧਰ ਮਜ਼ਦੂਰ ਮੁਕਤੀ ਮੋਰਚਾ ਪੰਜਾਬ ਦੇ ਆਗੂ ਕਾਮਰੇਡ ਗੋਬਿੰਦ ਸਿੰਘ ਛਾਜਲੀ ਨੇ ਕਿਹਾ ਕਿ ਸਕੂਲ ਵਿੱਚ ਪੜ੍ਹਦੇ ਬੱਚਿਆਂ ਦੇ ਮਾਪਿਆਂ ਨੂੰ ਪਾਸ ਦਿੱਤੇ ਗਏ ਸਨ, ਪਰ ਮੇਰੇ ਬੱਚੇ ਸਕੂਲ ਵਿੱਚ ਪੜ੍ਹਨ ਦੇ ਬਾਵਜੂਦ ਮੈਨੂੰ ਪਾਸ ਦੇਣ ਦੀ ਵਜਾਏ ਥਾਣਾ ਛਾਜਲੀ ਵਾਲਿਆਂ ਗ੍ਰਿਫ਼ਤਾਰ ਕਰਕੇ ਥਾਣੇ ਅੰਦਰ ਬੰਦ ਕਰ ਦਿੱਤਾ ਹੈ।ਮੇਰੇ ਤੋ ਬਿਨਾਂ ਹੋਰ ਮਾਪਿਆਂ ਨੂੰ ਇਸ ਪ੍ਰੋਗਰਾਮਾਂ ਵਿੱਚ ਸ਼ਾਮਲ ਹੋਣ ਤੋਂ ਰੋਕਿਆ ਗਿਆ, ਇਸ ਸਾਰੀ ਕਾਰਵਾਈ ਦੀ ਕਾਮਰੇਡ ਗੋਬਿੰਦ ਸਿੰਘ ਛਾਜਲੀ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।

## ਪੰਜਾਬ ਪਬਲਿਕ ਸਕੂਲ 'ਚ ਲੱਗੀਆਂ ਵਿਸਾਖੀ ਦੀਆਂ ਰੌਣਕਾਂ



**ਨਾਭਾ (ਵਰਿੰਦਰ ਵਰਮਾ)**-ਪੰਜਾਬ ਪਬਲਿਕ ਸਕੂਲ ਨਾਭਾ ਵਿਖੇ ਵਿਸਾਖੀ ਸਮਾਰੋਹ ਦਾ ਉਦਘਾਟਨ ਸਕੂਲ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਦੁਆਰਾ ਹੈੱਡਮਾਸਟਰ ਗ੍ਰੀਨ ਵਿੱਚ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸਕੂਲ ਦੇ ਪੁਰਾਣੇ ਵਿਦਿਆਰਥੀ ਤੇ ਬੱਚਿਆਂ ਦੇ ਮਾਪੇ ਪਹੁੰਚੇ।ਮੇਲੇ ਦੌਰਾਨ ਵਿਦਿਆਰਥੀਆਂ ਤੇ ਮਾਪਿਆਂ ਦੇ ਮਨੋਰੰਜਨ ਲਈ ਵੱਖ-ਵੱਖ ਤਰ੍ਹਾਂ ਦੀਆਂ ਖੇਡਾਂ ਤੇ ਖਾਣ-ਪੀਣ ਦੀਆਂ ਸਟਾਲਾਂ ਲਗਾਈਆਂ ਗਈਆਂ।ਬੱਚਿਆਂ ਨੇ ਸਾਫਟ ਡਰਿੰਕ ਦੀਆਂ ਬੋਤਲਾਂ ਫੜਨ, ਗੋਲਫ ਪੁਟਿੰਗ, ਗੋਲ ਸਕੋਰਿੰਗ (ਫੁੱਟਬਾਲ), ਹਿੱਟ ਦਾ ਸਟੰਪ, ਹਾਕੀ ਸਕੂਪ, ਜੈਬਰਵੌਕੀ, ਫ੍ਰਿਸਬੀ, ਕੌਇਨ ਇਨ ਦਾ ਬਕਿਟ, ਹੂਪਲਾ (ਰਿੰਗ ਤੇ ਕੈਰੀ), ਕਾਰ ਰੇਸ/ਡਾਈਸ ਗੇਮ, ਬਾਸਕਟਬਾਲ ਥਰੂ ਏ ਟਾਇਰ, ਡਾਰਟ ਸ਼ੂਟਿੰਗ, ਘੋੜ ਸਵਾਰੀ ਤੇ ਜੂਕ ਬਾਕਸ ਦਾ ਆਨੰਦ ਮਾਣਿਆ।ਗਰਮੀ ਵਿੱਚ ਵਿਦਿਆਰਥੀਆਂ ਵੱਲੋਂ ਲਗਾਇਆ ਗਿਆ ਨਿੰਬੂ ਪਾਣੀ ਸਟਾਲ ਵੀ ਆਕਰਸ਼ਣ ਦਾ ਕੇਂਦਰ ਰਿਹਾ।ਦਾਖਲਾ ਸੈੱਲ/ਪੀਪੀਐਸ ਸੋਵੀਨੀਅਰ ਦੇ ਸਟਾਲ ਨੂੰ ਵੀ ਵਿਦਿਆਰਥਈਆਂ ਤੇ ਮਾਪਿਆਂ ਵੱਲੋਂ ਭਾਰੀ ਹੁੰਗਾਰਾ ਮਿਲਿਆ।ਤੰਬੋਲਾ ਖੇਡ ਨੇ ਸਮਾਰੋਹ ਨੂੰ ਚਾਰ ਚੰਨ ਲਗਾ ਦਿੱਤੇ।ਕਲਾ, ਸ਼ਿਲਪਕਾਰੀ, ਫੋਟੋਗ੍ਰਾਫੀ, ਭੂਗੋਲ, ਆਈ ਟੀ ਤੇ ਰੋਬੋਟਿਕਸ, ਗਣਿਤ, ਰਸਾਇਣ ਵਿਗਿਆਨ, ਭੌਤਿਕ ਵਿਗਿਆਨ, ਜੀਵ ਵਿਗਿਆਨ, ਇਤਿਹਾਸ, ਇਤਿਹਾਸਕ ਭਾਗ, ਸੰਗੀਤ ਤੇ ਬੈਂਡ ਵਿਭਾਗਾਂ ਨੇ ਵੀ ਆਪਣੀ ਪ੍ਰਤਿਭਾ ਦਿਖਾਉਣ ਲਈ ਪ੍ਰਦਰਸ਼ਨੀਆਂ ਲਗਾਈਆਂ।ਇਸ ਮੌਕੇ ਹੈੱਡਮਾਸਟਰ ਡਾ. ਡੀ. ਸੀ. ਸ਼ਰਮਾ ਨੇ ਮਾਪਿਆਂ ਨੂੰ ਵਿਸਾਖੀ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਮਾਰੋਹ ਤੋਂ ਪਹਿਲਾਂ ਇੱਕ ਵਿਸ਼ੇਸ਼ ਅਸੈਂਬਲੀ ਵਿੱਚ ਦੀਪਇੰਦਰ ਕੌਰ, ਜਪਨੀਤ ਕੌਰ ਤੇ ਇਸ਼ਮੀਤ ਕੌਰ ਨੇ ਕ੍ਰਮਵਾਰ ਅੰਗਰੇਜ਼ੀ, ਹਿੰਦੀ ਤੇ ਪੰਜਾਬੀ ਵਿੱਚ ਇਸ ਦਿਨ ਦੀ ਸਾਰਥਕਤਾ 'ਤੇ ਚਾਨਣਾ ਪਾਇਆ।ਇਸ ਮੌਕੇ ਸਕੂਲ ਬਰਸਰ ਡਾ. ਅੰਕੁਰ ਸੈਮੂਅਲ ਬਿਰਕੇਟ, ਓ.ਡੀ.ਐੱਚ.ਐੱਮ. ਸ਼੍ਰੀਮਤੀ ਰਵਿੰਦਰ ਕੌਰ ਤੇ ਸਕੂਲ ਸਟਾਫ ਮੈਂਬਰ ਮੌਜੂਦ ਸਨ।

# ਮੁੱਖ ਮਾਰਗ ਤੋਂ ਦੁਕਾਨਦਾਰਾਂ ਦੇ ਨਜਾਇਜ਼ ਕਬਜ਼ੇ ਛੁਡਵਾਏ

### ਜਗ੍ਹਾ ਖਾਲੀ ਨਾ ਕਰਨ ਵਾਲਿਆਂ ਵਿਰੁੱਧ ਦੋ ਦਿਨ ਬਾਅਦ ਹੋਵੇਗੀ ਕਾਨੂੰਨੀ ਕਾਰਵਾਈ : ਐੱਸ ਐੱਚ ਓ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗ੍ਰਾਮ ਪੰਚਾਇਤ ਮਹਿਲ ਕਲਾਂ ਵਲੋਂ ਸਥਾਨਕ ਪੁਲਸ ਪ੍ਰਸ਼ਾਸਨ ਦੇ ਸਹਿਯੋਗ ਨਾਲ ਸਥਾਨਕ ਕਸਬੇ ਅੰਦਰ ਲੁਧਿਆਣਾ-ਬਠਿੰਡਾ ਮੁੱਖ ਮਾਰਗ ਦੇ ਦੋਵੇਂ ਪਾਸੀਂ ਕੀਤੇ ਨਜਾਇਜ਼ ਕਬਜ਼ੇ ਛੁਡਵਾਉਣ ਲਈ ਵਿੱਢੀ ਮੁਹਿੰਮ ਤਹਿਤ ਦੋ ਦਿਨਾਂ ਦਾ ਸਮਾਂ ਸਮਾਪਤ ਹੋਣ ਉਪਰੰਤ ਅੱਜ ਸੜਕ ਨਾਲ ਲਗਦੀ 9 ਫੁੱਟ ਜਗ੍ਹਾ ਛੁਡਵਾਈ ਗਈ।ਇਸ ਮੌਕੇ ਗੱਲਬਾਤ ਕਰਦਿਆਂ ਐੱਸ.ਐੱਚ.ਓ. ਮਹਿਲ ਕਲਾਂ ਜਗਜੀਤ ਸਿੰਘ ਨੇ ਦੱਸਿਆ ਕਿ ਬਾਜ਼ਾਰ 'ਚ ਦੁਕਾਨਦਾਰਾਂ ਵੱਲੋਂ ਆਪੋ-ਆਪਣਾ ਸਾਮਾਨ/ਬੋਰਡ ਸੜਕ ਤੱਕ ਰੱਖ ਕੇ ਸਾਰੀ ਜਗ੍ਹਾ ਰੋਕੀ ਹੋਈ ਸੀ, ਜਿਸ ਕਾਰਨ ਖਰੀਦਦਾਰੀ ਲਈ ਆਉਣ ਵਾਲੇ ਗਾਹਕਾਂ ਨੂੰ ਆਪਣੀਆਂ ਗੱਡੀਆਂ ਮੁੱਖ ਮਾਰਗ 'ਤੇ ਹੀ ਖੜ੍ਹੀਆਂ ਕਰਨੀਆਂ ਪੈਂਦੀਆਂ ਸਨ, ਅਕਸਰ ਆਵਾਜਾਈ ਵਿੱਚ ਵਿਘਨ ਪੈਣ ਨਾਲ ਹਾਦਸੇ ਵਾਪਰਨ ਦਾ ਖਤਰਾ ਬਣਿਆ ਰਹਿੰਦਾ ਸੀ।ਆਵਾਜਾਈ ਨੂੰ ਸੁਚੱਜੇ ਢੰਗ ਨਾਲ ਚਲਾਉਣ ਲਈ ਇਹ ਮੁਹਿੰਮ ਵਿੱਢੀ ਹੈ, ਜਿਸ ਤਹਿ ਤਿੰਨ ਪਹਿਲਾਂ ਮੁਨਿਆਦੀ ਕਰਵਾ ਕੇ ਦੁਕਾਨਦਾਰਾਂ ਨੂੰ ਆਪੋ ਆਪਣਾ ਸਾਮਾਨ ਸਮੇਟਣ ਤੇ ਦੁਕਾਨਾਂ ਦੇ ਅੰਦਰ ਰੱਖਣ ਲਈ ਕਿਹਾ ਗਿਆ।ਇਨ੍ਹਾਂ ਹਦਾਇਤਾਂ ਨੂੰ ਮੰਨਦੇ ਹੋਏ ਬਹੁ-ਗਿਣਤੀ 'ਚ ਦੁਕਾਨਦਾਰਾਂ ਨੇ ਸੜਕ ਨਾਲ ਲਗਦੀ 9 ਫੁੱਟ ਜਗ੍ਹਾ ਆਪਣੇ ਆਪ ਖਾਲੀ ਕਰ ਦਿੱਤੀ ਹੈ, ਜਿਨ੍ਹਾਂ ਨੇ ਅਜੇ ਤੱਕ ਜਗ੍ਹਾ ਖਾਲੀ ਨਹੀਂ ਕੀਤੀ ਜਾਂ 9 ਫੁੱਟ ਦੇ ਏਰੀਏ 'ਚ ਕੀਤੀਆਂ ਨਜਾਇਜ਼ ਉਸਾਰੀਆਂ ਨਹੀਂ ਢਾਹੀਆਂ, ਉਨ੍ਹਾਂ ਨੂੰ ਸਖ਼ਤ ਚੇਤਾਵਨੀ ਦਿੱਤੀ ਗਈ ਹੈ, 2 ਦਿਨਾਂ ਤੋਂ ਬਾਅਦ ਉਨ੍ਹਾਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।ਉਨ੍ਹਾਂ ਇਸ ਮੁਹਿੰਮ 'ਚ ਸਹਿਯੋਗ ਦੇਣ ਲਈ ਸਥਾਨਕ ਦੁਕਾਨਦਾਰਾਂ ਦਾ ਵਿਸ਼ੇਸ਼ ਧੰਨਵਾਦ ਕੀਤਾ।

ਸਰਪੰਚ ਬੀਬੀ ਕਿਰਨਾ ਰਾਣੀ ਨੇ ਦੱਸਿਆ ਕਿ ਕਸਬਾ ਮਹਿਲ ਕਲਾਂ ਦੀ ਦਿੱਖ ਨੂੰ ਸੁਧਾਰਨ, ਆਵਾਜਾਈ ਨੂੰ ਸੌਖਾ ਕਰਨ ਅਤੇ ਸਾਫ਼ ਸਫ਼ਾਈ ਨੂੰ ਯਕੀਨੀ ਬਣਾਉਣ ਲਈ ਅਜਿਹੇ ਉਪਰਾਲੇ ਕੀਤੇ ਜਾ ਰਹੇ ਹਨ।ਉਨ੍ਹਾਂ ਸਮੂਹ ਦੁਕਾਨਦਾਰਾਂ ਤੇ ਸਥਾਨਕ ਲੋਕਾਂ ਨੂੰ ਇਸ ਮੁਹਿੰਮ ਦੌਰਾਨ ਪੂਰਾ ਸਹਿਯੋਗ ਦੇਣ ਦੀ ਅਪੀਲ ਕੀਤੀ ਕੀਤੀ ਹੈ।ਇਸ ਸਮੇਂ ਯੂਥ ਆਗੂ ਅਰੁਣ ਕੁਮਾਰ ਬਾਂਸਲ, ਸਰਪੰਚ ਸਰਬਜੀਤ ਸਿੰਘ ਸ਼ੰਭੂ, ਲੋਕਲ ਗੁ: ਕਮੇਟੀ ਦੇ ਪ੍ਰਧਾਨ ਸ਼ੇਰ ਸਿੰਘ ਖ਼ਾਲਸਾ, ਹਰੀ ਸਿੰਘ, ਰਣਜੀਤ ਸਿੰਘ ਬਿੱਟੂ, ਕੁਲਦੀਪ ਸਿੰਘ ਮਾਣਕ, ਗੁਰਪ੍ਰੀਤ ਸਿੰਘ ਗਰੇਵਾਲ ਆਦਿ ਹਾਜ਼ਰ ਸਨ।

## ਨਸ਼ਾ ਤਸਕਰੀ ਦੇ ਦੋਸ਼ 'ਚ ਦੋ ਵਿਅਕਤੀਆਂ ਨੂੰ 10-10 ਸਾਲ ਦੀ ਕੈਦ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-45000 ਲੋਮੋਟਿਲ ਗੋਲੀਆਂ ਦੀ ਬਰਾਮਦਗੀ ਦੇ ਇੱਕ ਕਰੀਬ ਦੋ ਸਾਲ ਪੁਰਾਣੇ ਮਾਮਲੇ 'ਚ ਨਾਮਜ਼ਦ ਦੋ ਵਿਅਕਤੀਆਂ ਨੂੰ ਇੱਥੋਂ ਦੀ ਇੱਕ ਅਦਾਲਤ ਵੱਲੋਂ ਕੈਦ ਤੇ ਜੁਰਮਾਨੇ ਦੀ ਸਜ਼ਾ ਸੁਣਾਏ ਜਾਣ ਦਾ ਸਮਾਚਾਰ ਹੈ।ਪ੍ਰਾਪਤ ਹੋਈ ਜਾਣਕਾਰੀ ਅਨੁਸਾਰ ਮਿਤੀ 2/5/2023 ਨੂੰ ਥਾਣਾ ਸਰਹਿੰਦ ਵਿਖੇ ਅ/ਧ 22 (ਸੀ) ਐੱਨ.ਡੀ.ਪੀ.ਐੱਸ. ਤਹਿਤ ਦਰਜ ਕੀਤੇ ਗਏ ਇੱਕ ਮੁਕੱਦਮੇ 'ਚ ਤਰਲੋਕ ਚੰਦ ਗਾਬਾ (51) ਤੇ ਮੋਹਨ ਸਿੰਘ (45) ਵਾਸੀਆਨ ਸਰਹਿੰਦ ਨੂੰ ਗ੍ਰਿਫਤਾਰ ਕਰਦੇ ਹੋਏ ਪੁਲਸ ਵੱਲੋਂ ਦਾਅਵਾ ਕੀਤਾ ਗਿਆ ਸੀ ਕਿ ਰਾਤ ਨੂੰ ਮਾਧੋਪੁਰ ਤੋਂ ਫ਼ਤਹਿਗੜ੍ਹ ਸਾਹਿਬ ਵੱਲ ਨੂੰ ਗਸ਼ਤ ਕਰਦੀ ਜਾ ਰਹੀ ਥਾਣਾ ਸਰਹਿੰਦ ਦੀ ਇੱਕ ਪੁਲਸ ਪਾਰਟੀ ਵੱਲੋਂ ਸਕੂਟੀ 'ਤੇ ਆ ਰਹੇ ਤਰਲੋਕ ਚੰਦ ਤੇ ਮੋਹਨ ਸਿੰਘ ਨੂੰ ਸ਼ੱਕ ਦੇ ਅਧਾਰ 'ਤੇ ਕਾਬੂ ਕੀਤਾ ਗਿਆ।ਡੀ.ਐੱਸ.ਪੀ. ਸੁਖਬੀਰ ਸਿੰਘ ਦੀ ਹਾਜ਼ਰੀ 'ਚ ਲਈ ਗਈ ਤਲਾਸ਼ੀ ਦੌਰਾਨ ਉਕਤ ਸਕੂਟੀ ਸਵਾਰਾਂ ਦੇ ਕਬਜ਼ੇ 'ਚੋਂ 45000 ਲੋਮੋਟਿਲ ਗੋਲੀਆਂ ਬਰਾਮਦ ਹੋਈਆਂ।ਮੁਕੱਦਮੇ ਦੀ ਸੁਣਵਾਈ ਪੂਰੀ ਹੋਣ 'ਤੇ ਫ਼ਤਹਿਗੜ੍ਹ ਸਾਹਿਬ ਦੀ ਸਪੈਸ਼ਲ ਅਦਾਲਤ ਨੇ ਤਰਲੋਕ ਚੰਦ ਗਾਬਾ ਤੇ ਮੋਹਨ ਸਿੰਘ ਨੂੰ ਮਾਮਲੇ 'ਚ ਦੋਸ਼ੀ ਮੰਨਦੇ ਹੋਏ 10-10 ਸਾਲ ਕੈਦ ਬਾਮੁਸ਼ੱਕਤ ਤੇ 1-1 ਲੱਖ ਰੁਪਏ ਜੁਰਮਾਨੇ ਦੀ ਸਜ਼ਾ ਸੁਣਾਈ ਹੈ।

## ਢਿੱਲੋਂ ਤੇ ਸ਼ੰਮੀ ਠੁੱਲੀਵਾਲ ਵੱਲੋਂ ਬਲਾਕ ਮਹਿਲ ਕਲਾਂ ਦੇ ਜਥੇਬੰਦਕ ਢਾਂਚੇ ਦਾ ਵਿਸਥਾਰ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਪ੍ਰਦੇਸ਼ ਕਾਂਗਰਸ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਰਹਿਨੁਮਾਈ ਹੇਠ ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦੀ ਸਿਫਾਰਸ਼ 'ਤੇ ਕਾਂਗਰਸ ਪਾਰਟੀ ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਬਲਾਕ ਮਹਿਲ ਕਲਾਂ ਦੇ ਜਥੇਬੰਦਕ ਢਾਂਚੇ ਦਾ ਵਿਸਥਾਰ ਕਰਦਿਆਂ ਮਿਹਨਤੀ ਵਰਕਰਾਂ ਨੂੰ ਨਿਯੁਕਤੀ ਪੱਤਰ ਸੌਂਪੇ।ਨਵੇਂ ਐਲਾਨ ਕੀਤੇ ਅਹੁਦੇਦਾਰਾਂ 'ਚ ਸੀਨੀਅਰ ਮੀਤ ਪ੍ਰਧਾਨ ਸਾਉਣ ਸਿੰਘ ਗਹਿਲ, ਮੀਤ ਪ੍ਰਧਾਨ ਕੁਲਦੀਪ ਸਿੰਘ ਪੰਡੋਰੀ, ਤੇਜਿੰਦਰ ਸਿੰਘ ਨਰੈਣਗੜ੍ਹ ਸੋਹੀਆਂ, ਗਗਨਦੀਪ ਸਿੰਘ ਕੁਰੜ, ਜਰਨੈਲ ਸਿੰਘ ਠੁੱਲੀਵਾਲ, ਜਨਰਲ ਸਕੱਤਰ ਮਨਜਿੰਦਰ ਸਿੰਘ ਮਨਾਲ, ਅਮਰਜੀਤ ਸਿੰਘ ਵਜੀਦਕੇ ਕਲਾਂ, ਅਮਰਜੀਤ ਸਿੰਘ ਭੋਤਨਾ, ਗੁਰਪ੍ਰੀਤ ਸਿੰਘ ਕਲਾਲ ਮਾਜਰਾ, ਰਘਬੀਰ ਸਿੰਘ ਮਾਂਗੇਵਾਲ, ਪ੍ਰਕਾਸ਼ ਸਿੰਘ ਸਹਿਜੜਾ, ਸਤਨਾਮ ਸਿੰਘ ਸੱਦੋਵਾਲ, ਮਨਦੀਪ ਸਿੰਘ ਲੋਹਗੜ੍ਹ, ਸੁਖਵਿੰਦਰ ਸਿੰਘ ਵਜੀਦਕੇ ਕਲਾਂ, ਜਗਦੀਪ ਸਿੰਘ ਮੱਲੀਆਂ, ਗੋਪਾਲ ਸਿੰਘ ਚੰਨਣਵਾਲ, ਸੁਖਜੀਤ ਸਿੰਘ ਛਾਪਾ, ਪ੍ਰੈੱਸ ਸਕੱਤਰ ਬੱਗਾ ਸਿੰਘ ਮਹਿਲ ਕਲਾਂ ਸੋਢੇ ਤੇ ਕੋਮਲਜੀਤ ਸਿੰਘ ਚੁਹਾਣਕੇ ਖੁਰਦ, ਜੁਆਇੰਟ ਸਕੱਤਰ ਜਸਵੀਰ ਸਿੰਘ ਵਜੀਦਕੇ ਖੁਰਦ, ਰੇਸ਼ਮ ਸਿੰਘ ਠੀਕਰੀਵਾਲਾ, ਹਰਵਿੰਦਰ ਸਿੰਘ ਠੀਕਰੀਵਾਲਾ, ਸਕੱਤਰ ਡਾ. ਗੁਰਪ੍ਰੀਤ ਸਿੰਘ ਬਾਹਮਣੀਆਂ, ਰਾਜਵੀਰ ਸਿੰਘ ਰਾਣੂ ਹਮੀਦੀ, ਬਲਜਿੰਦਰ ਸਿੰਘ ਸਹਿਜੜਾ, ਜਗਤਾਰ ਸਿੰਘ ਧਨੇਰ, ਦਾਰਾ ਸਿੰਘ ਮਹਿਲ ਖੁਰਦ, ਬਲਜਿੰਦਰ ਸਿੰਘ ਪੱਖੋ, ਕੇਵਲ ਸਿੰਘ ਮਾਂਗੇਵਾਲ, ਗੁਲਾਬ ਸਿੰਘ ਠੁੱਲੀਵਾਲ, ਸਵਰਨਜੀਤ ਸ਼ਰਮਾ ਨਿਹਾਲੂਵਾਲ, ਸਮਜੀਤ ਸਿੰਘ ਬਖਤਗੜ੍ਹ ਚੁਣੇ ਗਏ।ਇਸ ਮੌਕੇ ਜ਼ਿਲਾ ਪ੍ਰਧਾਨ ਕਿਸਾਨ ਸੈੱਲ ਸਰਬਜੀਤ ਸਿੰਘ ਸਰਬੀ, ਡਾ. ਬਲਵੰਤ ਰਾਏ ਸ਼ਰਮਾ, ਮਨਜੀਤ ਸਿੰਘ ਮਹਿਲ ਖੁਰਦ, ਕੋਆਰਡੀਨੇਟਰ ਗੁਰਮੇਲ ਸਿੰਘ ਮੌੜ, ਐਡਵੋਕੇਟ ਜਸਵੀਰ ਸਿੰਘ ਖੇੜੀ, ਡਾ. ਅਮਰਜੀਤ ਸਿੰਘ, ਪਿਆਰਾ ਸਿੰਘ ਮਾਹਮਦਪੁਰ, ਜਰਨੈਲ ਸਿੰਘ ਠੁੱਲੀਵਾਲ ਆਦਿ ਆਗੂਆਂ ਨੇ ਨਵੇਂ ਐਲਾਨੇ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਪਾਰਟੀ ਹਾਈ ਕਮਾਂਡ, ਜ਼ਿਲ੍ਹਾ ਪ੍ਰਧਾਨ ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋਂ ਦਾ ਧੰਨਵਾਦ ਕਰਦਿਆ ਕਿਹਾ ਕਿ ਮਿਹਨਤੀ ਵਰਕਰਾਂ ਨੂੰ ਮਾਣ-ਸਤਿਕਾਰ ਮਿਲਣ ਨਾਲ ਕਾਂਗਰਸ ਪਾਰਟੀ ਬਲਾਕ ਪੱਧਰ 'ਤੇ ਹੋਰ ਮਜ਼ਬੂਤ ਹੋਵੇਗੀ।

ਬਲਾਕ ਪ੍ਰਧਾਨ ਪਰਮਿੰਦਰ ਸਿੰਘ ਸ਼ੰਮੀ ਠੁੱਲੀਵਾਲ ਨੇ ਦੱਸਿਆ ਕਿ ਐਲਾਨ ਕੀਤੇ ਜਥੇਬੰਦਕ ਢਾਂਚੇ ਵਿੱਚ ਮਿਹਨਤੀ, ਬੇਦਾਗ, ਇਮਾਨਦਾਰ ਵਰਕਰਾਂ ਨੂੰ ਢੁੱਕਵਾਂ ਮਾਣ ਦਿੱਤਾ ਗਿਆ ਹੈ। ਅਹੁਦੇਦਾਰਾਂ ਦੀ ਦੂਜੀ ਸੂਚੀ ਪਾਰਟੀ ਆਗੂਆਂ ਦੀ ਰਾਏ ਤੇ ਸਲਾਹ ਅਨੁਸਾਰ ਅਗਲੇ ਦਿਨਾਂ ਵਿੱਚ ਛੇਤੀ ਹੀ ਐਲਾਨੀ ਜਾਵੇਗੀ।

# ਸਿੱਖਿਆ ਕ੍ਰਾਂਤੀ ਤਹਿਤ ਪੰਜਾਬ ਦੇ ਸਰਕਾਰੀ ਸਕੂਲਾਂ ਦੀ ਬਦਲੀ ਨੁਹਾਰ

- ਗੁਣਾਤਮਕ ਸਿੱਖਿਆ ਲਈ ਪੰਜਾਬ ਸਰਕਾਰ ਵਚਨਬੱਧ
- ਪੰਜਾਬ ਦੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਕਰੋੜਾਂ ਦੇ ਫ਼ੰਡ ਜਾਰੀ ਕੀਤੇ ਗਏ



**ਲੰਬੀ/ਗਿੱਦੜਬਾਹਾ (ਜਸਵੰਤ ਗਿੱਲ ਛੱਤਆਣਾ)**-ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਸਿੱਖਿਆ ਮੰਤਰੀ ਪੰਜਾਬ ਸ. ਹਰਜੋਤ ਸਿੰਘ ਬੈਂਸ ਦੇ ਸਹਿਯੋਗ ਨਾਲ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਕ੍ਰਾਂਤੀ ਲਿਆਉਣ ਲਈ ਕਰੋੜਾਂ ਫੰਡ ਜਾਰੀ ਹੋਏ ਹਨ, ਜਿਸ ਨਾਲ ਜਿੱਥੇ ਸਰਕਾਰੀ ਸਕੂਲਾਂ ਦੀ ਨੁਹਾਰ ਬਦਲੀ ਹੈ, ਉੱਥੇ ਬਣੇ ਸਮਾਰਟ ਕਮਰੇ ਸਕੂਲਾਂ ਨੂੰ ਚਾਰ ਚੰਨ ਲਗਾਉਂਦੇ ਹਨ।ਪੰਜਾਬ ਸਰਕਾਰ ਵੱਲੋਂ ਜਾਰੀ ਕੀਤੇ ਫੰਡਾਂ ਨਾਲ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮੰਡੀ ਕਿੱਲਿਆਂਵਾਲੀ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਪਿੰਡ ਕਿੱਲਿਆਂਵਾਲੀ, ਸਰਕਾਰੀ ਪ੍ਰਾਇਮਰੀ ਸਕੂਲ ਸਿੱਖਵਾਲਾ ਤੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਸਿੱਖਵਾਲਾ ਵਿਖੇ ਬਣੇ ਸਮਾਰਟ ਕਮਰਿਆਂ ਦਾ ਉਦਘਾਟਨ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਮੰਤਰੀ ਪੰਜਾਬ ਗੁਰਮੀਤ ਸਿੰਘ ਖੁੱਡੀਆਂ ਵੱਲੋਂ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਸਰਕਾਰੀ ਸਕੂਲਾਂ ਵਿੱਚ ਗੁਣਤਾਮਕ ਸਿੱਖਿਆ ਲਈ ਵਚਨਬੱਧ ਹੈ।ਇਸ ਦੇ ਨਾਲ ਨਾਲ ਸਰਕਾਰ ਵੱਲੋਂ ਵਿਦਿਆਰਥੀਆਂ ਦੀ ਪੜ੍ਹਾਈ ਲਈ ਕਰੋੜਾਂ ਦੀ ਰਾਸ਼ੀ ਜਾਰੀ ਕੀਤੀ ਗਈ ਹੈ, ਜਿਸ ਨਾਲ ਸਮਾਰਟ ਕਮਰਿਆਂ ਦੀ ਉਸਾਰੀ ਹੋਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸਿੱਖਿਆ ਤੇ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ ਤੇ ਇਸ ਤੋਂ ਸੁਹਿਰਦਤਾ ਨਾਲ ਕੰਮ ਕਰ ਰਹੀ ਹੈ।ਇਸੇ ਲੜੀ ਤਹਿਤ ਸਰਕਾਰੀ ਸਕੂਲਾਂ ਵਿੱਚ ਨਵੇਂ ਬਣੇ ਕਮਰਿਆਂ ਦਾ ਉਦਘਾਟਨ ਕੀਤਾ ਗਿਆ ਹੈ, ਜੋ ਕਿ ਪ੍ਰੋਜੈਕਟਰ, ਉੱਚ ਕੋਟੀ ਦੇ ਮਜ਼ਬੂਤ ਡੈਸਕ ਤੇ ਹੋਰ ਆਧੁਨਿਕ ਸਹੂਲਤਾਂ ਨਾਲ ਲੈਸ ਹਨ, ਜਿਸ ਨਾਲ ਵਿਦਿਆਰਥੀਆਂ ਵਧੀਆ ਢੰਗ ਨਾਲ ਸਿੱਖਿਆ ਹਾਸਲ ਕਰ ਸਕਣਗੇ।ਉਨ੍ਹਾਂ ਸਮੂਹ ਮਾਤਾ-ਪਿਤਾ ਤੇ ਸਮਾਜਿਕ ਭਾਈਚਾਰੇ ਨੂੰ ਅਪੀਲ ਕੀਤੀ ਕਿ ਸਰਕਾਰੀ ਸਹੂਲਤਾਂ ਦਾ ਲਾਭ ਪ੍ਰਾਪਤ ਕਰਨ ਲਈ ਆਪਣੇ ਬੱਚੇ ਸਰਕਾਰੀ ਸਕੂਲਾਂ ਵਿੱਚ ਦਾਖਲ ਕਰਵਾਓ।ਇਸ ਮੌਕੇ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀ ਜਸਪਾਲ ਮੋਂਗਾ, ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਸਿੱਖਿਆ ਸ੍ਰੀ ਰਾਜਿੰਦਰ ਕੁਮਾਰ ਸੋਨੀ ਤੇ ਉੱਪ ਜ਼ਿਲ੍ਹਾ ਸਿੱਖਿਆ ਅਫ਼ਸਰ ਐਲੀ. ਸਿੱਖਿਆ ਸ੍ਰੀ ਅਜੇ ਕੁਮਾਰ ਸ਼ਰਮਾ, ਸ੍ਰੀ ਜਸਵਿੰਦਰ ਪਾਲ ਸ਼ਰਮਾ, ਬੀ ਐੱਨ ਓ ਲੰਬੀ ਓਮਨਦੀਪ ਸਿੰਘ ਹਾਜ਼ਰ ਸਨ।

## ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਵਿਸ਼ਵਕਰਮਾ ਸੁਸਾਇਟੀ ਵੱਲੋਂ ਸਨਮਾਨ



**ਨਾਭਾ (ਵਰਿੰਦਰ ਵਰਮਾ)**-ਨਾਭਾ ਦੇ ਭਾਦਸੋਂ ਰੋਡ ਉੱਪਰ ਸ੍ਰੀ ਵਿਸ਼ਵਕਰਮਾ ਸੁਸਾਇਟੀ ਵੱਲੋਂ ਰਾਮਗੜ੍ਹੀਆ ਭਾਈਚਾਰੇ ਦੇ ਸਹਿਯੋਗ ਨਾਲ ਕਰੋੜਾਂ ਰੁਪਏ ਦੀ ਲਾਗਤ ਨਾਲ ਬਣਾਏ ਗਏ ਵਿਸ਼ਵਕਰਮਾ ਭਵਨ ਦੇ ਉਦਘਾਟਨ ਮੌਕੇ ਕਰਵਾਏ ਗਏ ਸਮਾਗਮ ਵਿੱਚ ਭਵਨ ਦੀ ਉਸਾਰੀ ਲਈ 10 ਲੱਖ ਰੁਪਏ ਦੀ ਗਰਾਂਟ ਦੇਣ ਤੇ ਜ਼ਿਲ੍ਹਾ ਪਲੈਨਿੰਗ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦਾ ਸੁਸਾਇਟੀ ਤੇ ਰਾਮਗੜ੍ਹੀਆ ਭਾਈਚਾਰੇ ਵੱਲੋਂ ਸੰਸਥਾ ਦੇ ਪ੍ਰਧਾਨ ਸ੍ਰ. ਚਰਨ ਸਿੰਘ ਐੱਮ ਡੀ ਮਲਕੀਤ ਕੰਬਾਈਨ ਐਗਰੋਟੈਕ ਗਰੁੱਪ ਦੀ ਅਗਵਾਈ ਹੇਠ ਉਨ੍ਹਾਂ ਨੂੰ ਸ਼ੇਰੇ ਪੰਜਾਬ ਮਹਾਰਾਜਾ ਰਣਜੀਤ ਸਿੰਘ ਦੀ ਤਸਵੀਰ, ਲੋਈ ਤੇ ਸ੍ਰੀ ਸਾਹਿਬ ਭੇਟ ਕਰਕੇ ਉਨ੍ਹਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।ਸੰਸਥਾ ਦੇ ਪ੍ਰਧਾਨ ਚਰਨ ਸਿੰਘ, ਜੋਰਾ ਸਿੰਘ ਕੌਲ, ਪਾਖਰ ਸਿੰਘ ਸਹੌਲੀ, ਧਨੰਜੇ ਵਾਲੀਆਂ ਨੇ ਕਿਹਾ ਕਿ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਵਧੀਆ ਢੰਗ ਨਾਲ ਬਣ ਕੇ ਤਿਆਰ ਹੋਏ ਵਿਸ਼ਵਕਰਮਾ ਭਵਨ ਵਿੱਚ ਆਪਣੇ ਅਖਤਿਆਰੀ ਕੋਟੇ ਵਿੱਚੋਂ 10 ਲੱਖ ਰੁਪਏ ਦੀ ਗਰਾਂਟ ਭੇਜ ਕੇ ਵੱਡਾ ਯੋਗਦਾਨ ਪਾਇਆ ਹੈ, ਜੋ ਅਤੀ ਸ਼ਲਾਘਾਯੋਗ ਹੈ।ਇਸ ਮੌਕੇ ਗੱਲਬਾਤ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਆਮ ਲੋਕਾਂ ਦੀ ਸਹੂਲਤ ਲਈ ਬਣਿਆ ਇਸ ਭਵਨ ਨਾਲ ਇਲਾਕੇ ਦੇ ਲੋਕਾਂ ਨੂੰ ਵੱਡਾ ਫਾਇਦਾ ਹੋਵੇਗਾ।ਉਨ੍ਹਾਂ ਨੇ ਸਮੁੱਚੇ ਰਾਮਗੜ੍ਹੀਆ ਭਾਈਚਾਰੇ ਨੂੰ ਇਸ ਦੀ ਵਧਾਈ ਦਿੱਤੀ।

## ਵਿਧਾਇਕ ਡਾ. ਅਰੋੜਾ ਨੇ ਸ਼ੁਰੂ ਕਰਵਾਈ ਕਣਕ ਦੀ ਸਰਕਾਰੀ ਖਰੀਦ

### ਕਿਸਾਨਾਂ ਨੂੰ ਮੰਡੀਆਂ 'ਚ ਕੋਈ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ



**ਮੋਗਾ (ਇਕਬਾਲ ਸਿੰਘ ਖਹਿਰਾ)**-ਪੰਜਾਬ ਵਿੱਚ ਕਣਕ ਦੀ ਸਰਕਾਰੀ ਖਰੀਦ 1 ਅਪ੍ਰੈਲ ਤੋਂ ਸ਼ੁਰੂ ਹੋ ਗਈ ਹੈ, ਜਿਸ ਲਈ ਜ਼ਿਲ੍ਹਾ ਮੋਗਾ ਵਿੱਚ ਵੀ ਖਰੀਦ ਪ੍ਰਬੰਧ ਨੇਪਰੇ ਚਾੜ੍ਹੇ ਜਾ ਚੁੱਕੇ ਹਨ।ਮੰਡੀਆਂ ਵਿੱਚ ਕਣਕ ਦੀ ਆਮਦ ਹੋਣੀ ਸ਼ੁਰੂ ਹੋ ਗਈ ਹੈ, ਜਿਸ ਦੇ ਚੱਲਦਿਆਂ ਪੰਜਾਬ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਿਧਾਇਕ ਮੋਗਾ ਡਾ. ਅਮਨਦੀਪ ਕੌਰ ਅਰੋੜਾ ਨੇ ਮੋਗਾ ਮੰਡੀ ਵਿੱਚ ਕਣਕ ਦੀ ਖਰੀਦ ਸ਼ੁਰੂ ਕਰਵਾਈ।ਡਾ. ਅਮਨਦੀਪ ਕੌਰ ਅਰੋੜਾ ਨੇ ਦੱਸਿਆ ਕਿ ਜ਼ਿਲ੍ਹਾ ਮੋਗਾ ਵਿੱਚ ਇਸ ਸਾਲ ਪਿਛਲੇ ਸਾਲ ਦੇ ਮੁਕਾਬਲੇ ਪ੍ਰਤੀ ਹੈਕਟੇਅਰ 56 ਕੁਇੰਟਲ ਤੋਂ ਵੱਧ ਕਣਕ ਦੀ ਪੈਦਾਵਾਰ ਹੋਣ ਦੀ ਸੰਭਾਵਨਾ ਹੈ।ਕਿਸਾਨਾਂ ਨੂੰ ਕਿਸੇ ਵੀ ਮੰਡੀ ਵਿੱਚ ਕਿਸੇ ਵੀ ਤਰ੍ਹਾਂ ਦੀ ਮੁਸ਼ਕਲ ਨਹੀਂ ਆਉਣ ਦਿੱਤੀ ਜਾਵੇਗੀ।ਪਿਛਲੇ ਸਾਲ ਇਹ ਪੈਦਾਵਾਰ ਪ੍ਰਤੀ ਹੈਕਟੇਅਰ 56 ਕੁਇੰਟਲ ਦਰਜ ਕੀਤੀ ਗਈ ਸੀ।ਜ਼ਿਲ੍ਹੇ ਦੀਆਂ ਕੁੱਲ 109 ਮੰਡੀਆਂ ਵਿੱਚ ਅੰਦਾਜ਼ਨ 735000 ਮੀਟ੍ਰਕ ਟਨ ਕਣਕ ਆਮਦ ਆਉਣ ਦੀ ਸੰਭਾਵਨਾ ਹੈ, ਜਿਸ ਲਈ ਸਮੂਹ ਖਰੀਦ ਏਜੰਸੀਆਂ ਵਿਚਕਾਰ ਇਹਨਾਂ ਮੰਡੀਆਂ ਦੀ ਅਲਾਟਮੈਂਟ ਕਰ ਦਿੱਤੀ ਗਈ ਹੈ।ਸਮੂਹ ਖਰੀਦ ਏਜੰਸੀਆਂ ਕੋਲ ਲੋੜੀਂਦੀ ਮਾਤਰਾ ਵਿੱਚ ਬਾਰਦਾਨਾ/ਗੱਠਾਂ ਉਪਲੱਬਧ ਹਨ। ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ ਸ਼੍ਰੀਮਤੀ ਗੀਤਾ ਬਿਸ਼ੰਭੂ ਨੇ ਦੱਸਿਆ ਕਿ ਕਣਕ ਦੀ ਸਰਕਾਰੀ ਖਰੀਦ ਲਈ ਜ਼ਿਲ੍ਹਾ ਮੋਗਾ ਵਿੱਚ 109 ਸਰਕਾਰੀ ਖਰੀਦ ਕੇਂਦਰ ਨਿਰਧਾਰਤ ਕੀਤੇ ਗਏ ਹਨ, ਜਿਨ੍ਹਾਂ ਵਿੱਚ ਖਰੀਦ ਪ੍ਰਬੰਧ ਮੁਕੰਮਲ ਕੀਤੇ ਜਾ ਚੁੱਕੇ ਹਨ।

## ਸੇਵਾ-ਮੁਕਤ ਪ੍ਰਿੰ. ਅਸ਼ਵਨੀ ਅਹੂਜਾ ਦੀਆਂ ਦੋ ਕਿਤਾਬਾਂ ਲੋਕ ਅਰਪਣ

**ਫਾਜ਼ਿਲਕਾ (ਨਿਸ਼ਾ ਸ਼ਰਮਾ)**

ਜ਼ਿਲ੍ਹਾ ਭਾਸ਼ਾ ਦਫ਼ਤਰ ਫ਼ਾਜ਼ਿਲਕਾ ਦੇ ਸਹਿਯੋਗ ਨਾਲ ਇਲਾਕੇ ਦੇ ਪ੍ਰਸਿੱਧ ਸਾਹਿਤਕਾਰ ਸੇਵਾ ਮੁਕਤ ਪ੍ਰਿੰਸੀਪਲ ਅਸ਼ਵਨੀ ਆਹੂਜਾ ਦੀਆਂ ਦੋ ਪੰਜਾਬੀ ਕਿਤਾਬਾਂ 'ਕਿਸਮਤ ਮੁੱਠੀ 'ਚ' ਤੇ 'ਸਫਲਤਾ ਦਾ ਸੰਵਿਧਾਨ' ਦਾ ਲੋਕ ਅਰਪਣ ਤੇ ਵਿਚਾਰ ਚਰਚਾ ਸਮਾਰੋਹ ਅਰੋੜਵੰਸ਼ ਭਵਨ, ਫ਼ਾਜ਼ਿਲਕਾ ਵਿਖੇ ਕੀਤਾ ਗਿਆ।

ਜ਼ਿਲ੍ਹਾ ਭਾਸ਼ਾ ਅਫ਼ਸਰ ਭੁਪਿੰਦਰ ਉਤਰੇਜਾ ਨੇ ਦੱਸਿਆ ਕਿ ਇਸ ਮੌਕੇ ਨਰਿੰਦਰ ਪਾਲ ਸਵਨਾ ਐੱਮ ਐੱਲ ਏ ਤੇ ਸ਼੍ਰੀਮਤੀ ਖੁਸ਼ਬੂ ਸਾਵਨਸੁਖਾ, ਪ੍ਰਧਾਨ ਖੁਸ਼ੀ ਫਾਉਂਡੇਸ਼ਨ ਮੁੱਖ ਮਹਿਮਾਨ ਤੌਰ 'ਤੇ ਸ਼ਿਰਕਤ ਕੀਤੀ।ਐੱਮ. ਐੱਲ. ਏ. ਨਰਿੰਦਰਪਾਲ ਸਵਨਾ ਨੇ ਕਿਹਾ ਕਿ ਅਸ਼ਵਨੀ ਆਹੂਜਾ ਦੀਆਂ ਕਿਤਾਬਾਂ ਨਵੀਂ ਪੀੜ੍ਹੀ ਦਾ ਮਾਰਗ ਦਰਸ਼ਨ ਕਰਨ ਤੇ ਪ੍ਰੇਰਣਾ ਦੇਣ ਵਾਲੀਆਂ ਹਨ।ਸ਼੍ਰੀਮਤੀ ਖੁਸਬੁ ਸਾਵਨਸੁੱਖਾ ਨੇ ਕਿਹਾ ਕਿ ਸਾਹਿਤਕ ਤੇ ਕਲਾ ਨਾਲ ਜੁੜੀਆਂ ਗਤੀਵਿਧੀਆਂ ਨਾਲ ਨੌਜਵਾਨਾਂ ਦਾ ਸਰਵਪੱਖੀ ਵਿਕਾਸ ਹੁੰਦਾ ਹੈ।ਉਨ੍ਹਾਂ ਨੇ ਅਸ਼ਵਨੀ ਆਹੂਜਾ ਤੇ ਉਨ੍ਹਾਂ ਦੇ ਪਰਿਵਾਰ ਨੂੰ ਕਿਤਾਬਾਂ ਦੇ ਲੋਕ ਅਰਪਣ ਕੀਤੇ ਜਾਣ 'ਤੇ ਮੁਬਾਰਕਬਾਦ ਦਿੱਤੀ। ਜ਼ਿਲ੍ਹਾ ਭਾਸ਼ਾ ਅਫ਼ਸਰ, ਫ਼ਾਜ਼ਿਲਕਾ ਭੁਪਿੰਦਰ ਉਤਰੇਜਾ ਨੇ ਮਹਿਮਾਨਾਂ ਦਾ ਸੁਆਗਤ ਕੀਤਾ। ਪ੍ਰਸਿੱਧ ਲੇਖਕ ਪ੍ਰਿੰਸੀਪਲ ਗੁਰਮੀਤ ਸਿੰਘ ਤੇ ਡਾ. ਗੁਰਰਾਜ ਸਿੰਘ ਚਹਿਲ, ਸਾਬਕਾ ਮੁੱਖੀ ਪੰਜਾਬੀ ਵਿਭਾਗ, ਡੀ.ਏ.ਵੀ. ਕਾਲਜ ਅਬੋਹਰ ਨੇ ਪੁਸਤਕਾਂ 'ਤੇ ਚਰਚਾ ਕੀਤੀ। ਸਮਾਰੋਹ 'ਚ ਉੱਪ ਜ਼ਿਲ੍ਹਾ ਅਫਸਰ ਪਰਵਿੰਦਰ ਸਿੰਘ, ਡਾ. ਨਵਦੀਪ ਜਸੂਜਾ ਪ੍ਰਧਾਨ ਆਰੀਆ ਸਮਾਜ, ਪ੍ਰਿੰਸੀਪਲ ਸੰਗੀਤਾ ਤਿੰਨਾ ਤੇ ਚੇਅਰਮੈਨ ਰਮਨ ਵਾਟਸ, ਸ਼੍ਰੀਮਤੀ ਮਧੂ ਸ਼ਰਮਾ ਤੇ ਪ੍ਰਿੰਸੀਪਲ ਰਾਜਨ ਗਰੋਵਰ, ਜਲੇਸ਼ ਠਠਈ ਕਾਰਜਕਾਰੀ ਪ੍ਰਧਾਨ ਪ੍ਰੈੱਸ ਕਲੱਬ, ਅੰਮਿਤ ਸਚਦੇਵਾ ਸੰਪਾਦਕ ਦੈਨਿਕ ਅੰਮਿਤ ਬੇਲਾ ਆਦਿ ਨੇ ਵਿਸ਼ੇਸ਼ ਸ਼ਿਰਕਤ ਕੀਤੀ।ਮੰਚ ਸੰਚਾਲਨ ਅਧਿਆਪਕ ਸੁਰਿੰਦਰ ਕੰਬੋਜ ਤੇ ਨੀਤੂ ਅਰੋੜਾ ਨੇ ਕੀਤਾ।ਪੁਸਤਕ ਚਰਚਾ ਦੇ ਉਪਰੰਤ ਬਾਅਦ ਸਥਾਨਕ ਕਵੀਆਂ ਤੇ ਗਾਇਕਾਂ ਨੇ ਸਾਹਿਤਕ ਤੇ ਸੰਗੀਤਕ ਪੇਸ਼ਕਾਰੀਆਂ ਕੀਤੀਆਂ।

ਇਸ ਮੌਕੇ ਸ਼੍ਰੀਮਤੀ ਪੂਜਾ ਲੂਥਰਾ, ਪਰਮਿੰਦਰ ਸਿੰਘ ਖੋਜ ਅਫ਼ਸਰ, ਮਨਜਿੰਦਰ ਤਨੇਜਾ ਸੰਗੀਤਕਾਰ, ਡਾ. ਵਿਜੈ ਪਰਵੀਨ, ਨਵਦੀਪ ਅਸੀਜਾ, ਅਡਵਾਈਜ਼ਰ ਟ੍ਰੈਫਿਕ ਪੰਜਾਬ ਸਰਕਾਰ, ਨਿਸ਼ਾ ਸ਼ਰਮਾ, ਰਿਤਿਸ਼ ਕੁੱਕੜ, ਪ੍ਰੋ. ਮਨਜੀਤ ਸਿੰਘ, ਪ੍ਰੋ. ਅਮਿਤ ਪੋਪਲੀ, ਗੁਰਮੀਤ ਸਿੰਘ, ਕੰਵਲ ਕਿਸ਼ੋਰ ਗਰੋਵਰ, ਸੁਭਾਸ਼ ਅਰੋੜਾ, ਆਰ. ਐੱਲ. ਸੇਤਿਆ, ਇੰਜੀਨੀਅਰ ਬਾਬੂ ਲਾਲ ਅਰੋੜਾ ਤੇ ਹੋਰ ਵੀ ਸ਼ਹਿਰ ਦੇ ਪ੍ਰਤਿਸ਼ਠ ਵਿਅਕਤੀਆਂ ਨੇ ਪ੍ਰੋਗਰਾਮ ਵਿੱਚ ਸ਼ਿਰਕਤ ਕੀਤੀ।ਪ੍ਰੋਗਰਾਮ ਦੇ ਅੰਤ ਵਿੱਚ ਮਹਿਮਾਨਾਂ ਤੇ ਭਾਗ ਲੈਣ ਵਾਲਿਆਂ ਨੂੰ ਸਨਮਾਨਤ ਕੀਤਾ ਗਿਆ।

## ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਦਸਤਾਰ ਚੇਤਨਾ ਮਾਰਚ ਸਜਾਇਆ



**ਮੋਗਾ (ਇਕਬਾਲ ਸਿੰਘ ਖਹਿਰਾ)**

ਦਸਤਾਰ ਸਿਰ ਦਾ ਤਾਜ ਸਿਰਲੇਖ ਅਧੀਨ ਖਾਲਸਾ ਸਾਜਨਾ ਦਿਵਸ ਨੂੰ ਸਮਰਪਤ ਵਿਸਾਖੀ 'ਤੇ ਪਿੰਡ ਧੱਲੇਕੇ ਵਿਖੇ ਕਰਵਾਏ ਗਏ ਪ੍ਰੋਗਰਾਮਾਂ ਦੀ ਲੜੀ ਤਹਿਤ ਦਸਤਾਰ ਚੇਤਨਾ ਮਾਰਚ ਸਜਾਇਆ ਗਿਆ, ਜਿਸ ਵਿੱਚ ਹਰ ਉਮਰ ਦੇ ਬੱਚੇ ਤੋਂ ਲੈ ਕੇ ਬਜ਼ੁਰਗਾਂ ਤੇ ਮਰਦਾਂ ਔਰਤਾਂ ਸਭ ਨੇ ਹਿੱਸਾ ਲਿਆ। ਇਸ ਵਿੱਚ ਪਿੰਡ ਦੇ ਲੋਕਾਂ ਤੋਂ ਇਲਾਵਾ ਇਲਾਕੇ ਦੀਆਂ ਵੱਖ ਵੱਖ ਜਥੇਬੰਦੀਆਂ ਨੇ ਹਿੱਸਾ ਲਿਆ।ਇਸ ਵਿੱਚ ਸਤਿਕਾਰ ਕਮੇਟੀ ਧੱਲੇਕੇ ਤੇ ਗੁਰਦੁਆਰਾ ਕੁੰਢਾ ਸਿੰਘ ਸਾਹਿਬ ਕਮੇਟੀ ਨੇ ਵਿਸ਼ੇਸ਼ ਸਹਿਯੋਗ ਦਿੱਤਾ, ਜਿਸ ਕਰਕੇ ਇਹ ਕਾਰਜ ਨੇਪਰੇ ਚੜ੍ਹਿਆ।ਇਸ ਮੌਕੇ ਗੁਰਸੇਵਕ ਸਿੰਘ ਸੋਨਾ ਨੇ ਬੋਲਦਿਆਂ ਕਿਹਾ ਕਿ ਸਾਨੂੰ ਦਸਤਾਰ ਗੁਰੂ ਸਾਹਿਬ ਦੀ ਬਖਸ਼ਿਸ਼ ਕੀਤੀ ਹੋਈ ਇਕ ਅਣਮੁੱਲੀ ਦਾਤ ਹੈ।ਇਸ ਨਾਲ ਸਾਨੂੰ ਵੱਖਰੀ ਪਹਿਚਾਣ ਮਿਲਦੀ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਜੌਹਲ ਨੇ ਬੋਲਦਿਆਂ ਕਿਹਾ ਕਿ ਇਹ ਅਨਮੋਲ ਦਾਤ ਸਾਨੂੰ ਸਾਡੇ ਗੁਰੂਆਂ ਤੇ ਪੁਰਖਿਆਂ ਤੋਂ ਮਿਲੀ ਹੈ, ਜਿਵੇਂ ਕਿ ਢਾਡੀ ਨੱਥਾ ਅਬਦੁੱਲਾ ਨੇ ਗੁਰੂ ਹਰਗੋਬਿੰਦ ਜੀ ਨੂੰ ਸੰਬੋਧਨ ਹੁੰਦਿਆਂ ਕਿਹਾ ਸੀ ਕਿ 'ਪੱਗ ਤੇਰੀ ਕੇ ਜਹਾਂਗੀਰ ਦੀ' ਇਹ ਬੋਲਾਂ ਤੋਂ ਸਾਨੂੰ ਪਤਾ ਲੱਗਦਾ ਹੈ ਕਿ ਗੁਰੂ ਸਾਹਿਬ ਨੇ ਸਾਨੂੰ ਇਹ ਦਸਤਾਰ ਦੀ ਅਣਮੁੱਲੀ ਦਾਤ ਦੇ ਕੇ ਰਾਜੇ ਮਹਾਰਾਜਿਆਂ ਦੇ ਬਰਾਬਰ ਦਾ ਰੁਤਬਾ ਦਿੱਤਾ ਹੈ, ਅੱਜ ਵੀ ਰਾਜਸਥਾਨ ਦੇ ਕਈ ਇਲਾਕੇ ਹਨ, ਜਿੱਥੇ ਛੋਟੇ ਲੋਕਾਂ/ਜਾਤੀ ਨੂੰ ਦਸਤਾਰ ਸਜਾਉਣ ਤੋਂ ਵਰਜਿਆ ਜਾਂਦਾ ਹੈ, ਪਰ ਸਾਡੇ ਗੁਰੂ ਸਾਹਿਬ ਨੇ ਇਹ ਦਾਤ ਸਾਨੂੰ ਬਿਨਾਂ ਕਿਸੇ ਭੇਦ ਭਾਵ/ਜਾਤ ਪਾਤ ਤੋਂ ਹਰ-ਛੋਟੇ ਵੱਡੇ ਸਿੱਖ ਲਈ ਬਰਾਬਰਤਾ ਦੇ ਪ੍ਰਤੀਕ ਦੀ ਬਖਸ਼ਿਸ਼ ਕੀਤੀ ਹੈ।ਇਸ ਮੌਕੇ ਖਾਲਸਾ ਸੇਵਾ ਸੋਸਾਇਟੀ ਮੋਗਾ ਤੋਂ ਪ੍ਰਧਾਨ ਸਰਦਾਰ ਪਰਮਜੋਤ ਸਿੰਘ ਸਿੰਘ ਖਾਲਸਾ ਨੇ ਪਿੰਡ ਵਾਲਿਆਂ ਨੂੰ ਇਸ ਉਪਰਾਲੇ ਲਈ ਵਧਾਈ ਦੇ ਪਾਤਰ ਦੱਸਦਿਆਂ ਕਿਹਾ ਕਿ ਇਹੋ ਜਿਹੇ ਉਪਰਾਲੇ ਹਰ ਪਿੰਡ ਵਿੱਚ ਚਾਹੀਦੇ ਹਨ।ਇਸ ਮੌਕੇ ਜਥੇਦਾਰ ਕਰਮਜੀਤ ਸਿੰਘ ਖਾਲਸਾ ਨੇ ਨਿਹੰਗ ਸਿੰਘ ਫੌਜਾਂ ਨੂੰ ਨਾਲ ਲੈ ਕੇ ਦਸਤਾਰ ਮਾਰਚ ਵਿੱਚ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ।ਇਸ ਮੌਕੇ ਸਰਪੰਚ ਮਹਿੰਦਰ ਸਿੰਘ ਜੌਹਲ, ਕਮੇਟੀ ਪ੍ਰਧਾਨ ਬਖਤੌਰ ਸਿੰਘ, ਦਲੀਪ ਸਿੰਘ, ਅਮਰੀਕ ਸਿੰਘ ਅਹਲੂਵਾਲੀਆ, ਪਰਮਜੋਤ ਸਿੰਘ, ਕੁਲਦੀਪ ਸਿੰਘ ਕਲਸੀ, ਹਰਬੰਸ ਸਿੰਘ ਸਾਬਕਾ ਸਰਪੰਚ ਤੇ ਪ੍ਰਧਾਨ ਯੁਵਕ ਸੇਵਾਵਾਂ ਕਲੱਬ, ਹਾਕਮ ਸਿੰਘ ਜੌਹਲ, ਕੁਲਵੰਤ ਸਿੰਘ, ਨਰਿਦਰ ਕੌਰ ਖੀਵਾ, ਗੁਰਪ੍ਰੀਤ ਸਿੰਘ ਮੈਂਬਰ, ਗੁਰਪ੍ਰੀਤ ਸਿੰਘ ਦੇਵਗੁਣ, ਲਖਵੀਰ ਸਿੰਘ, ਪ੍ਰਨੀਤ ਸਿੰਘ, ਮਨਜਿੰਦਰ ਸਿੰਘ ਆਦਿ ਨੇ ਸ਼ਮੂਲੀਅਤ ਕੀਤੀ।

## ਦੇਵ ਸਮਾਜ ਕਾਲਜ ਫ਼ਾਰ ਵੂਮੈਨ ਨੇ '30 ਡੇਅ ਫਿਟਨੈੱਸ ਚੈਲੇਂਜ' ਪ੍ਰੋਗਰਾਮ ਕਰਵਾਇਆ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**

ਦੇਵ ਸਮਾਜ ਕਾਲਜ ਫ਼ਾਰ ਵੂਮੈਨ ਫ਼ਿਰੋਜ਼ਪੁਰ ਨੇ 'ਨੈਸ਼ਨਲ ਐਜੂਟਰੱਸਟ ਆਫ਼ ਇੰਡੀਆ' ਦੇ ਸੀਈਓ ਸਮਰਥ ਸ਼ਰਮਾ ਦੇ ਅਣਥੱਕ ਯਤਨਾਂ ਸਦਕਾ ਕਾਲਜ ਵਿਚ '30 ਡੇ ਫਿਟਨੈੱਸ ਚੈਲੇਂਜ' ਪ੍ਰੋਗਰਾਮ ਕਰਵਾਇਆ ਗਿਆ।ਇਸ ਪ੍ਰੋਗਰਾਮ ਵਿੱਚ ਵਰਕਆਉਟ, ਯੋਗਾ, ਧਿਆਨ ਲਗਾਉਣਾ ਆਦਿ ਚਰਚਾ ਦਾ ਕੇਂਦਰ ਰਿਹਾ।ਇਸ ਪ੍ਰੋਗਰਾਮ ਤਹਿਤ ਦੇਵ ਸਮਾਜ ਕਾਲਜ ਦੇ 44 ਵਿਦਿਆਰਥੀਆਂ ਨੇ ਭਾਗ ਲਿਆ, ਜਿਸ ਵਿੱਚ ਰੋਜ਼ਾਨਾ ਦੇ ਵਰਕਆਉਟ ਨੂੰ ਸੋਸ਼ਲ ਮੀਡੀਆ ਇੰਸਟਾਗ੍ਰਾਮ 'ਤੇ ਰੀਲ ਦੇ ਰੂਪ ਵਿੱਚ ਪ੍ਰਦਰਸ਼ਿਤ ਕੀਤਾ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਸੰਗੀਤਾ ਸ਼ਰਮਾ ਨੇ '30 ਡੇ ਫਿਟਨੈੱਸ ਚੈਲੇਂਜ' ਪ੍ਰੋਗਰਾਮ ਵਿੱਚ ਵਿਦਿਆਰਥਣਾਂ ਦੀ ਭਾਗੀਦਾਰੀ ਤੇ ਖੁਦ ਪ੍ਰੋਗਰਾਮ ਦੇ ਹਿੱਸਾ ਬਣਨ ਵਿੱਚ ਵਿਸ਼ੇਸ਼ ਰੁਚੀ ਦਿਖਾਈ।ਇਸ ਪ੍ਰੋਗਰਾਮ ਦੇ ਨੋਡਲ ਅਫ਼ਸਰ ਕਨਿਕਾ ਸਚਦੇਵਾ, ਮੁਖੀ, ਪੋਸਟ ਗ੍ਰੈਜੂਏਟ ਕੌਸਮਟੋਲੋਜੀ ਵਿਭਾਗ ਨੇ ਦੱਸਿਆ ਕਿ ਇਸ ਪ੍ਰਤੀਯੋਗਤਾ ਵਿੱਚ ਭਾਗ ਲੈਣ ਵਾਲੀਆਂ ਵਿਦਿਆਰਥਣਾਂ ਤੇ ਅਧਿਆਪਕ ਸਾਹਿਬਾਨ ਨੇ ਬੜੀ ਸ਼ਿੱਦਤ ਨਾਲ ਕਾਲਜ ਦੇ ਖੇਡ ਮੈਦਾਨ, ਜਿੰਮ ਤੇ ਕਾਮਨ ਰੂਮ ਦੀ ਵਰਤੋਂ ਕਰਦਿਆਂ ਆਪਣੇ ਟਾਸਕ ਪੂਰੇ ਕੀਤੇ।ਇਸ ਪ੍ਰੋਗਰਾਮ ਤਹਿਤ ਪ੍ਰਤੀਯੋਗੀਆਂ ਨੂੰ ਰੋਜ਼ਾਨਾ ਟਰੈਕਿੰਗ, ਯੋਗਾ, ਕਾਰਡੀਓ, ਜ਼ੁੰਬਾ ਤੇ ਖਾਣ-ਪੀਣ ਨਾਲ ਸਬੰਧਤ ਟਾਸਕ ਦਿੱਤੇ ਜਾਂਦੇ ਸਨ। ਇਸ ਪ੍ਰੋਗਰਾਮ ਦੇ ਸ਼ੁਰੂ ਤੇ ਅਖ਼ੀਰ ਵਿੱਚ ਪ੍ਰਤੀਯੋਗੀਆਂ ਦਾ ਬੀਐੱਮਆਈ ਮਾਪਦੰਡਾਂ ਅਨੁਸਾਰ ਨਿਰੀਖਣ ਕਰਦਿਆਂ ਉਨ੍ਹਾਂ ਦੁਆਰਾ ਹਰ ਰੋਜ਼ ਕੀਤੀਆਂ ਜਾਂਦੀਆਂ ਸਰੀਰਕ ਕਸਰਤਾਂ ਦਾ ਧਿਆਨ ਵੀ ਰੱਖਿਆ ਗਿਆ।

ਇਸ ਪ੍ਰੋਗਰਾਮ ਵਿੱਚ '30 ਡੇਅ ਪ੍ਰੀਜ਼ਰਵੇਂਸ ਹਾਰਡਵਰਕ ਕਮਿਟਮੈਂਟ' ਲਈ ਕਾਲਜ ਪ੍ਰਿੰਸੀਪਲ ਡਾ. ਸੰਗੀਤਾ ਸ਼ਰਮਾ ਤੇ ਪ੍ਰੋਗਰਾਮ ਦੇ ਨੋਡਲ ਅਫ਼ਸਰ ਮੈਡਮ ਕਨਿਕਾ ਸਚਦੇਵਾ ਨੂੰ 'ਐਕਸੀਲੈਂਟ' ਸ਼੍ਰੇਣੀਬੱਧ ਕੀਤਾ ਗਿਆ।ਕਾਲਜ ਦੀ ਵਿਦਿਆਰਥਣ ਸੰਜਨਾ ਨੇ ਆਪਣੀ ਸਿਰਜਣਾਤਮਿਕਤਾ ਤੇ ਨਿਰੰਤਰਤਾ ਸਦਕਾ ਇੰਸਟਾਗ੍ਰਾਮ 'ਤੇ 'ਰੀਲਜ਼' ਪਾਉਣ ਵਿੱਚ ਦੂਜਾ ਸਥਾਨ ਹਾਸਲ ਕੀਤਾ।'ਨੈਸ਼ਨਲ ਐਜੂਟਰੱਸਟ ਆਫ਼ ਇੰਡੀਆਂ' ਵੱਲੋਂ ਕਾਲਜ ਨੂੰ 'ਚੈਂਪੀਅਨ ਆਫ਼ ਵੈਲਨੈੱਸ' ਸਨਮਾਨ ਨਾਲ ਨਿਵਾਜ਼ਿਆ ਗਿਆ। ਇਸ ਪ੍ਰੋਗਰਾਮ ਰਾਹੀਂ ਪ੍ਰਤੀਯੋਗੀਆਂ ਨੂੰ ਜੀਵਨ ਨਾਲ ਸੰਬੰਧਤ ਸਿੱਖਣ ਲਈ ਮਿਲਿਆ।ਇਸ ਗੱਲ ਦੀ ਗਵਾਹੀ ਪ੍ਰਤੀਯੋਗੀਆਂ ਦਾ ਜੋਸ਼ ਤੇ ਬੌਧਿਕ ਬਲ ਦੇ ਰਿਹਾ ਸੀ। ਇਸ ਪ੍ਰੋਗਰਾਮ ਦੇ ਨੋਡਲ ਅਫ਼ਸਰ ਦੀ ਭੂਮਿਕਾ ਵਿਚ ਕਨਿਕਾ ਸਚਦੇਵਾ, ਮੁਖੀ, ਪੋਸਟ ਗ੍ਰੈਜੂਏਟ ਕੌਸਮਟੋਲੋਜੀ ਵਿਭਾਗ, ਕੋਆਰਡੀਨੇਟਰ ਲੈਫਟੀਨੈਂਟ ਡਾ. ਪਰਮਵੀਰ ਕੌਰ, ਮੁਖੀ, ਪੋਸਟ ਗ੍ਰੈਜੂਏਟ ਪੰਜਾਬੀ ਵਿਭਾਗ ਅਤੇ ਪਲਵਿੰਦਰ ਸਿੰਘ , ਮੁਖੀ, ਸਰੀਰਕ ਸਿੱਖਿਆ ਵਿਭਾਗ, ਵੇਦ ਪ੍ਰਕਾਸ਼, ਸਹਾਇਕ ਪ੍ਰੋਫ਼ੈਸਰ, ਸਰੀਰਕ ਸਿੱਖਿਆ ਵਿਭਾਗ ਆਦਿ ਸਨ। ਕਾਲਜ ਦੇ ਚੇਅਰਮੈਨ ਨਿਰਮਲ ਸਿੰਘ ਢਿੱਲੋਂ ਨੇ '30 ਡੇਅ ਫਿਟਨੈੱਸ ਚੈਲੇਂਜ' ਪ੍ਰੋਗਰਾਮ ਵਿੱਚ ਸ਼ਾਨਦਾਰ ਪ੍ਰਾਪਤੀਆਂ ਲਈ ਮੁਬਾਰਕਾਂ ਦਿੱਤੀਆਂ।

## ਸਿੱਖਿਆ ਕ੍ਰਾਂਤੀ ਨੇ ਬਦਲੀ ਪੰਜਾਬ ਦੀ ਨੁਹਾਰ : ਡਾ. ਬਲਜੀਤ ਕੌਰ

- ਅਬੁਲ ਖੁਰਾਣਾ ਦੇ ਵੱਖ ਵੱਖ ਸਰਕਾਰੀ ਸਕੂਲਾਂ 'ਚ ਕੀਤਾ ਪ੍ਰੋਜੈਕਟਾਂ ਦਾ ਉਦਘਾਟਨ



**ਮੁਕਤਸਰ/ਮਲੋਟ (ਸ਼ਮਿੰਦਰਪਾਲ, ਪੂਜਾ/ਓਮ ਪ੍ਰਕਾਸ਼ ਸੇਖੂ, ਗੁਰਮੀਤ ਸਿੰਘ ਮੱਕੜ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸੂਬੇ 'ਚ ਚਲਾਈ ਜਾ ਰਹੀ ਸਿੱਖਿਆ ਕ੍ਰਾਂਤੀ ਤਹਿਤ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਪੰਜਾਬ ਡਾ. ਬਲਜੀਤ ਕੌਰ ਵੱਲੋਂ ਮਲੋਟ ਹਲਕੇ ਦੇ ਵੱਖ-ਵੱਖ ਸਕੂਲਾਂ 'ਚ ਵਿਕਾਸ ਕੰਮਾਂ ਦਾ ਉਦਘਾਟਨ ਕੀਤਾ ਗਿਆ।ਸਕੂਲਾਂ ਦੇ ਨਵੀਨੀਕਰਨ ਵੱਲ ਇਕ ਮਹੱਤਵਪੂਰਨ ਕਦਮ ਚੁੱਕਦਿਆਂ ਪੰਜਾਬ ਸਰਕਾਰ ਵੱਲੋਂ ਪੰਜਾਬ ਸਿੱਖਿਆ ਕ੍ਰਾਂਤੀ ਤਹਿਤ ਇਹ ਸਾਰੇ ਕੰਮ ਕਰਵਾਏ ਜਾ ਰਹੇ ਹਨ।

ਸਰਕਾਰੀ ਪ੍ਰਾਇਮਰੀ ਸਕੂਲ (ਲੜਕੀਆਂ) ਅਬੁਲ ਖੁਰਾਣਾ ਵਿਖੇ 1 ਕਰੋੜ 40 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਸਕੂਲੀ ਬੱਚਿਆਂ ਨਾਲ ਗੱਲਬਾਤ ਕੀਤੀ ਤੇ ਉਨ੍ਹਾਂ ਨੂੰ ਪ੍ਰੇਰਿਆ ਕਿ ਉਹ ਚੰਗੀ ਸਿੱਖਿਆ ਹਾਸਲ ਕਰਕੇ ਨਵਾਂ ਮੁਕਾਮ ਪੈਦਾ ਕਰਨ।ਉਨ੍ਹਾਂ ਕਿਹਾ ਕਿ ਲੜਕੀਆਂ ਕਿਸੇ ਤੋਂ ਵੀ ਘੱਟ ਨਹੀਂ ਤੇ ਮਿਆਰੀ ਸਿੱਖਿਆ ਦੀ ਸਹਾਇਤਾ ਨਾਲ ਉਹ ਡਾਕਟਰ, ਟੀਚਰ, ਇੰਜੀਨੀਅਰ, ਪਾਇਲਟ ਆਦਿ ਬਣ ਸਕਦੀਆਂ ਹਨ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਵਧੀਆ ਸਿੱਖਿਆ ਮੁਹੱਈਆ ਕਰਵਾਉਣ ਲਈ ਨਿਰੰਤਰ ਯਤਨ ਕੀਤੇ ਜਾ ਰਹੇ ਹਨ ਅਤੇ ਬੱਚੇ ਆਪਣੇ ਅਧਿਆਪਕ ਤੇ ਮਾਤਾ-ਪਿਤਾ ਦੀ ਸੇਧ ਦੀ ਇੰਨ ਬਿੰਨ ਪਾਲਣਾ ਕਰਨ ਤਾਂ ਉਹ ਚੰਗੇ ਇਨਸਾਨ ਬਣ ਸਕਦੇ ਹਨ।

ਮੰਤਰੀ ਡਾ. ਬਲਜੀਤ ਕੌਰ ਵੱਲੋਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਅਬੁਲ ਖੁਰਾਣਾ ਵਿਖੇ 15 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ 2 ਕਮਰਿਆਂ ਦਾ ਉਦਘਾਟਨ ਕੀਤਾ ਗਿਆ।ਇਸੇ ਤਰ੍ਹਾਂ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ (ਲੜਕੀਆਂ) ਅਬੁਲ ਖੁਰਾਣਾ ਵਿਖੇ 30 ਲੱਖ ਰੁਪਏ ਦੀ ਲਾਗਤ ਨਾਲ ਚਾਰਦੀਵਾਰੀ ਦੇ ਕੰਮ ਤੇ 15 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਕਮਰਿਆਂ ਦਾ ਉਦਘਾਟਨ ਕੀਤਾ।

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਅਬੁਲ ਖੁਰਾਣਾ ਵਿਖੇ ਡਾ. ਬਲਜੀਤ ਕੌਰ ਵੱਲੋਂ ਤਿੰਨ ਨਵੇਂ ਕਮਰਿਆਂ ਦਾ ਉਦਘਾਟਨ ਕੀਤਾ ਗਿਆ, ਜਿਹੜੇ ਕਿ 22.53 ਲੱਖ ਰੁਪਏ ਦੀ ਲਾਗਤ ਨਾਲ ਬਣਾਏ ਗਏ ਹਨ, ਨਾਲ ਹੀ ਉਨ੍ਹਾਂ ਵੱਲੋਂ 7 ਕਮਰਿਆਂ ਦੇ ਸੁੰਦਰੀਕਰਨ ਦਾ ਕੰਮ ਪੂਰਾ ਹੋਣ ਤਾਂ ਬਾਅਦ ਉਦਘਾਟਨ ਕੀਤਾ ਗਿਆ।ਸਕੂਲ ਨੂੰ ਪ੍ਰਤੀ ਕਮਰਾ 1 ਲੱਖ ਰੁਪਏ ਦੀ ਗ੍ਰਾਂਟ ਮਿਲੀ ਸੀ, ਜਿਸ ਨਾਲ ਇਨ੍ਹਾਂ ਕਮਰਿਆਂ ਦੇ ਦਰਵਾਜ਼ੇ, ਫ਼ਰਸ਼ ਤੇ ਪੀ ਓ ਪੀ ਦਾ ਕੰਮ ਕਰਵਾਇਆ ਗਿਆ।

ਸਕੂਲ ਆਫ ਐਮੀਨੈਂਸ (ਲੜਕੀਆਂ) ਅਬੁਲ ਖੁਰਾਣਾ ਵਿਖੇ ਮੰਤਰੀ ਡਾ. ਬਲਜੀਤ ਕੌਰ ਵੱਲੋਂ 30 ਲੱਖ ਰੁਪਏ ਦੀ ਲਾਗਤ ਨਾਲ ਕਰਵਾਏ ਗਏ ਚਾਰਦੀਵਾਰੀ ਦੇ ਕੰਮ ਤੇ 15 ਲੱਖ ਰੁਪਏ ਦੀ ਲਾਗਤ ਨਾਲ ਉਸਾਰੇ ਗਏ ਦੋ ਨਵੇਂ ਕਲਾਸ ਰੂਮਾਂ ਦਾ ਉਦਘਾਟਨ ਕੀਤਾ ਗਿਆ।

ਇਸ ਮੌਕੇ ਜਸ਼ਨ ਬਰਾੜ ਚੇਅਰਮੈਨ ਮਾਰਕੀਟ ਕਮੇਟੀ ਮਲੋਟ, ਅਰਸ਼ਦੀਪ ਸਿੰਘ, ਸ਼ਿੰਦਰਪਾਲ ਸਿੰਘ ਨਿੱਜੀ ਸਹਾਇਕ, ਪ੍ਰਿੰਸੀਪਲ ਬਿਮਲਾ ਰਾਣੀ, ਪ੍ਰਿੰਸੀਪਲ ਅਜੈ ਕੁਮਾਰ, ਹੈੱਡਮਾਸਟਰ ਰਾਜਪਾਲ ਸਿੰਘ, ਹਰਮੇਸ਼ ਕੁਮਾਰ ਅਰਨੀਵਾਲਾ, ਨਾਨਕ ਸਿੰਘ ਵਿੱਕੀ ਸਰਪੰਚ ਅਬੁਲ ਖੁਰਾਣਾ, ਮੋਹਿਤ ਕੁਮਾਰ ਸੋਨੀ ਸੋਸ਼ਲ ਮੀਡੀਆ ਇੰਚਾਰਜ, ਸਕੂਲੀ ਬੱਚੇ ਤੇ ਪਤਵੰਤੇ ਵਿਅਕਤੀ ਮੌਜੂਦ ਸਨ।



ਡਾ. ਚਰਨ ਕਮਲ ਸਿੰਘ ਚੇਅਰਮੈਨ ਹਿਊਮਨ ਰਾਈਟਸ ਪ੍ਰੋਟੈਕਸ਼ਨ ਫੋਰਮ ਤੇ ਸੀਨੀਅਰ ਲੀਡਰ ਆਮ ਆਦਮੀ ਪਾਰਟੀ ਪੰਜਾਬ ਦੀ ਅਗਵਾਈ ਵਿੱਚ ਵੈਲਫੇਅਰ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਦੀ 135ਵੀਂ ਜੈਅੰਤੀ 'ਤੇ ਉਨ੍ਹਾਂ ਨੂੰ ਫੁੱਲ ਮਾਲਾ ਭੇਟ ਕਰਦੇ ਹੋਏ ਪ੍ਰਧਾਨ ਕੇਵਲ ਸਿੰਘ, ਨਰਿੰਦਰ ਪਾਲ, ਭਾਵਰੀ, ਕਾਮਰੇਡ ਰਾਮਲੋਕ, ਮੰਗਤ ਰਾਮ, ਡਾਕਟਰ ਅੰਮ੍ਰਿਤ ਪਾਲ ਸਿੰਘ ਤੇ ਹੋਰ ਮੌਜੂਦ ਸਨ। (ਫੋਟੋ ਤੇ ਵੇਰਵਾ : ਰਮੇਸ਼ ਕਟਾਰੀਆ, ਰਾਜਪੁਰਾ)

## ਬਾਬਾ ਸਾਹਿਬ ਦੇਸ਼ ਦੀ ਏਕਤਾ ਤੇ ਅਖੰਡਤਾ ਦੇ ਸਭ ਤੋਂ ਵੱਡੇ ਪ੍ਰਤੀਕ : ਡਾ: ਜਗਜੀਵਨ



**ਸ਼ੇਰਪੁਰ (ਰਵੀ ਟਿੱਬਾ)**-ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਹਾੜੇ 'ਤੇ ਬਸਪਾ ਆਗੂ ਸਾਬਕਾ ਡੀ ਐੱਚ ਓ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਵੱਲੋਂ ਸ਼ੇਰਪੁਰ ਵਿਖੇ ਉਨ੍ਹਾਂ ਦੇ ਬੁੱਤ ਅੱਗੇ ਨਤਮਸਤਕ ਹੋ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਉਪਰੰਤ ਡਾ. ਜਗਜੀਵਨ ਨੇ ਮੀਡੀਆ ਨਾਲ ਖਾਸ ਗੱਲਬਾਤ ਕਰਦਿਆਂ ਦੱਸਿਆ ਕਿ ਬਾਬਾ ਸਾਹਿਬ ਦੇਸ਼ ਦੀ ਏਕਤਾ ਤੇ ਅਖੰਡਤਾ ਦੇ ਸਭ ਤੋਂ ਵੱਡੇ ਪ੍ਰਤੀਕ ਹਨ।ਜੋ ਯੋਗਦਾਨ ਦੇਸ਼ ਲਈ ਬਾਬਾ ਸਾਹਿਬ ਨੇ ਦਿੱਤਾ ਹੈ, ਉਸ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ ਅਤੇ ਹਰ ਦੇਸ਼ ਵਾਸੀ ਉਨ੍ਹਾਂ ਦਾ ਰਿਣੀ ਰਹੇਗਾ।ਉਨ੍ਹਾਂ ਨੇ ਸਭ ਨੂੰ ਸਮਾਨਤਾ ਦਾ ਅਧਿਕਾਰ ਦਿੱਤਾ। ਦਬੇ ਕੁਚਲੇ ਤੇ ਔਰਤਾਂ ਦੇ ਹਕੂਕਾਂ ਦੀ ਰਾਖੀ ਕੀਤੀ।ਬਾਬਾ ਸਾਹਿਬ ਦੇ ਸੰਵਿਧਾਨ ਕਰਕੇ ਹੀ ਦੇਸ਼ ਦੇ ਹਰ ਤਬਕੇ, ਜਾਤ ਤੇ ਮਜ਼ਹਬ ਨੂੰ ਉਨ੍ਹਾਂ ਦੇ ਅਧਿਕਾਰ ਮਿਲੇ।ਬਸਪਾ ਹਮੇਸ਼ਾ ਤੋਂ ਹੀ ਬਾਬਾ ਸਾਹਿਬ ਨੂੰ ਆਦਰਸ਼ ਮੰਨਦੀ ਆਈ ਹੈ ਤੇ ਉਨ੍ਹਾਂ ਦੇ ਮਾਨ ਸਨਮਾਨ ਲਈ ਹਰ ਸੰਭਵ ਯਤਨ ਕੀਤਾ ਹੈ, ਚਾਹੇ ਉਨ੍ਹਾਂ ਨੂੰ ਭਾਰਤ ਰਤਨ ਦੇਣਾ ਹੋਵੇ, ਚਾਹੇ ਉਨ੍ਹਾਂ ਨਾਲ ਜੁੜੇ ਸਥਾਨਾਂ ਨੂੰ ਇਤਿਹਾਸਕ ਕਰਾਰ ਦੇਣਾ ਹੋਵੇ।ਇਸ ਮੌਕੇ ਡਾਕਟਰ ਜਗਜੀਵਨ ਸਿੰਘ, ਥਾਣਾ ਮੁਖੀ ਗੁਰਪਾਲ ਸਿੰਘ, ਸਰਪੰਚ ਰਾਜਵਿੰਦਰ ਸਿੰਘ ਰਾਜ, ਮਾਸਟਰ ਹਰਬੰਸ ਸਿੰਘ ਤੋਂ ਇਲਾਵਾ ਬਸਪਾ ਦੇ ਯੂਥ ਵਿੰਗ ਦੇ ਆਗੂ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।

## ਅਮਨ ਅਰੋੜਾ ਗੁਰਦੁਆਰਾ ਅਕਾਲਗੜ੍ਹ ਤੇ ਗੁਰਦੁਆਰਾ ਨਾਮਦੇਵ ਵਿਖੇ ਹੋਏ ਨਤਮਸਤਕ



**ਸੁਨਾਮ ਉਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵਿਸਾਖੀ ਦੇ ਪਵਿੱਤਰ ਦਿਹਾੜੇ ਮੌਕੇ ਸੁਨਾਮ ਵਿਖੇ ਸਥਿਤ ਗੁਰਦੁਆਰਾ ਅਕਾਲਗੜ੍ਹ ਸਾਹਿਬ ਤੇ ਗੁਰਦੁਆਰਾ ਨਾਮਦੇਵ ਜੀ ਵਿਖੇ ਨਤਮਸਤਕ ਹੋਏ ਅਤੇ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦੇ ਪਵਿੱਤਰ ਦਿਹਾੜੇ ਦੀਆਂ ਮੁਬਾਰਕਾਂ ਦਿੱਤੀਆਂ।ਕੈਬਨਿਟ ਮੰਤਰੀ ਅਮਨ ਅਰੋੜਾ ਨੇ ਸਰਬੱਤ ਦੇ ਭਲੇ ਦੀ ਅਰਦਾਸ ਕਰਦਿਆਂ ਕਿਹਾ ਕਿ ਪ੍ਰਮਾਤਮਾ ਲੋਕਾਂ ਵਿੱਚ ਭਾਈਚਾਰਕ ਸਾਂਝ ਨੂੰ ਹਮੇਸ਼ਾ ਕਾਇਮ ਰੱਖਣ ਤੇ ਸੂਬਾ ਹਰ ਪੱਖੋਂ ਖੁਸ਼ਹਾਲ ਹੋਵੇ।ਉਨ੍ਹਾਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਗੁਰੂ ਸਾਹਿਬ ਵੱਲੋਂ ਦਿਖਾਏ ਗਏ ਹੱਕ ਸੱਚ ਦੇ ਮਾਰਗ ਉੱਤੇ ਚੱਲਣਾ ਚਾਹੀਦਾ ਹੈ ਤੇ ਸਮਾਜਿਕ ਕੁਰੀਤੀਆਂ ਦੇ ਖਾਤਮੇ ਲਈ ਇੱਕਜੁੱਟ ਹੋ ਕੇ ਉਪਰਾਲੇ ਕਰਨੇ ਚਾਹੀਦੇ ਹਨ।ਇਸ ਮੌਕੇ ਦੋਵਾਂ ਹੀ ਗੁਰਦੁਆਰਾ ਸਾਹਿਬਾਨ ਦੇ ਪ੍ਰਬੰਧਕਾਂ ਵੱਲੋਂ ਕੈਬਨਿਟ ਮੰਤਰੀ ਅਮਨ ਅਰੋੜਾ ਸਮੇਤ ਹੋਰਨਾਂ ਸ਼ਖਸੀਅਤਾਂ ਨੂੰ ਸਨਮਾਨਤ ਵੀ ਕੀਤਾ ਗਿਆ।ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਮੁਕੇਸ਼ ਜੁਨੇਜਾ, ਸਾਹਿਬ ਸਿੰਘ ਬਲਾਕ ਪ੍ਰਧਾਨ, ਦੀਪ ਸਰਪੰਚ, ਰਾਜਨ ਸਿੰਗਲਾ, ਲੱਕੀ, ਕੁਲਵਿੰਦਰ ਨਾਮਧਾਰੀ ਤੇ ਹਰਵਿੰਦਰ ਨਾਮਧਾਰੀ ਸਮੇਤ ਹੋਰ ਸ਼ਖ਼ਸੀਅਤਾਂ ਹਾਜ਼ਰ ਸਨ।

## ਪ੍ਰਬੰਧਕੀ ਕੰਪਲੈਕਸ ਵਿਖੇ ਡਾ. ਅੰਬੇਡਕਰ ਜਯੰਤੀ ਮਨਾਈ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਨੂੰ ਉਨ੍ਹਾਂ ਦੇ 134ਵੇਂ ਜਨਮ ਦਿਨ ਮੌਕੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਸ੍ਰੀ ਮੁਕਤਸਰ ਸਾਹਿਬ ਵਿਖੇ ਨਿੱਘੀ ਸ਼ਰਧਾਂਜਲੀ ਭੇਟ ਕੀਤੀ ਗਈ।ਡਿਪਟੀ ਕਮਿਸ਼ਨਰ ਸ੍ਰੀ ਅਭਿਜੀਤ ਕਪਲਿਸ਼ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਵਧੀਕ ਡਿਪਟੀ ਕਮਿਸ਼ਨਰ (ਜ) ਗੁਰਪ੍ਰੀਤ ਸਿੰਘ ਥਿੰਦ, ਉੱਪ ਮੰਡਲ ਮਜਿਸਟ੍ਰੇਟ ਸ੍ਰੀ ਮੁਕਤਸਰ ਸਾਹਿਬ ਸ਼੍ਰੀਮਤੀ ਬਲਜੀਤ ਕੌਰ ਤੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਤੇ ਕਰਮਚਾਰੀਆਂ ਨੇ ਸ਼ਰਧਾਂਜਲੀ ਭੇਟ ਕੀਤੀ।ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਸਥਿਤ ਮਾਨਯੋਗ ਡਾ. ਅੰਬੇਡਕਰ ਜੀ ਦੇ ਬੁੱਤ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਸ੍ਰੀ ਥਿੰਦ ਨੇ ਕਿਹਾ ਕਿ ਡਾ. ਅੰਬੇਡਕਰ ਨਾ ਕੇਵਲ ਆਪਣੀ ਸਮੇਂ ਦੇ ਦੁਨੀਆ ਦੇ ਸਭ ਤੋਂ ਵਿਦਵਾਨ ਵਿਅਕਤੀ ਰਹੇ, ਬਲਕਿ ਦਲਿਤਾਂ ਦੇ ਨਾਲ-ਨਾਲ ਦੇਸ਼ ਵਿੱਚ ਨਾਰੀਵਾਦ ਦੇ ਮੋਢੀ ਵੀ ਸਨ।ਉਨ੍ਹਾਂ ਕਿਹਾ ਕਿ ਸਮਾਜ ਦੇ ਹਰ ਇੱਕ ਵਰਗ ਨੂੰ ਡਾ. ਅੰਬੇਡਕਰ ਦੇ ਜੀਵਨ ਤੋਂ ਸੇਧ ਲੈਣੀ ਚਾਹੀਦੀ ਹੈ।

## ਯੂਥ ਬੀ ਜੇ ਪੀ ਵੱਲੋਂ ਬੀਬਾ ਜੈ ਇੰਦਰ ਕੌਰ ਤੇ ਵਿਜੇ ਕੂਕਾ ਸਨਮਾਨਤ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਖਾਲਸਾ ਸਾਜਨਾ ਦਿਵਸ ਮੌਕੇ ਪਟਿਆਲਾ ਸ਼ਹਿਰ ਵਿੱਚ ਕੱਢੇ ਗਏ ਵਿਸ਼ਾਲ ਨਗਰ ਕੀਰਤਨ ਦਾ ਮੌਕੇ ਯੁਵਾ ਭਾਜਪਾ ਪਟਿਆਲਾ ਸ਼ਹਿਰੀ ਤੇ ਪ੍ਰਧਾਨ ਨਿਖਲ ਕੁਮਾਰ ਕਾਕਾ ਤੇ ਉਹਨਾਂ ਦੀ ਟੀਮ ਵੱਲੋਂ ਭਾਜਪਾ ਮਹਿਲਾ ਮੋਰਚਾ ਪੰਜਾਬ ਦੀ ਪ੍ਰਧਾਨ ਬੀਬਾ ਜੈ ਇੰਦਰ ਕੌਰ ਪਟਿਆਲਾ ਸ਼ਹਿਰੀ ਭਾਜਪਾ ਦੇ ਪ੍ਰਧਾਨ ਵਿਜੇ ਕੂਕਾ ਨੂੰ ਵਿਸ਼ੇਸ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਜੈ ਇੰਦਰ ਕੌਰ ਤੇ ਕੂਕਾ ਨੇ ਸਾਂਝੇ ਤੌਰ 'ਤੇ ਕਿਹਾ ਕਿ ਬੀਜੇਪੀ ਯੁਵਾ ਮੋਰਚਾ ਵੱਲੋਂ ਵਿਸ਼ੇਸ਼ ਉਪਰਾਲਾ ਕਰਕੇ ਨਗਰ ਕੀਰਤਨ ਦਾ ਸਵਾਗਤ ਕੀਤਾ ਗਿਆ ਹੈ, ਜਿਸ ਲਈ ਇਨ੍ਹਾਂ ਦੀ ਸਮੁੱਚੀ ਟੀਮ ਤੇ ਮੈਂਬਰ ਵਧਾਈ ਦੀ ਪਾਤਰ ਹਨ।

## ਗੋਇਲ ਨੇ ਮੂਨਕ 'ਚ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ



**ਮੂਣਕ (ਰਾਜਪਾਲ ਸਿੰਗਲਾ)**-ਪੰਜਾਬ ਦੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਅਨਾਜ ਮੰਡੀ ਦਾ ਦੌਰਾ ਕਰ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ।ਇਸ ਮੌਕੇ ਕੈਬਨਿਟ ਮੰਤਰੀ ਬਰਿੰਦਰ ਗੋਇਲ ਨੇ ਕਿਹਾ ਕਿ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਮੰਡੀ ਅੰਦਰ ਸਾਰੇ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਕਿਸੇ ਪਾਸੇ ਵੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਇਸ ਦੇ ਨਾਲ ਹੀ ਉਨ੍ਹਾਂ ਕਿਸਾਨਾਂ ਨੂੰ ਅਪੀਲ ਕਰਦੇ ਕਿਹਾ ਕਿ ਕਿਸਾਨ ਆਪਣੀ ਫਸਲ ਨੂੰ ਮੰਡੀਆਂ ਅੰਦਰ ਸੁੱਕਾ ਕੇ ਲਿਆਉਣ ਤਾਂ ਕਿ ਖਰੀਦ ਕਰਦੇ ਸਮੇਂ ਕੋਈ ਵੀ ਦਿੱਕਤ ਨਾ ਆਵੇ, ਸਰਕਾਰ ਵੱਲੋਂ ਬਾਰਦਾਨਾ ਤੇ ਪੈਸੇ ਆਉਣ ਵਿੱਚ ਕੋਈ ਦੇਰੀ ਨਹੀਂ ਹੋਵੇਗੀ।ਇਸ ਦੇ ਨਾਲ ਹੀ ਫਸਲ ਦੀ ਖਰੀਦ ਤੇ ਲਿਫਟਿੰਗ ਸਮੇਂ 'ਤੇ ਕੀਤੀ ਜਾਵੇਗੀ।ਕਿਸਾਨਾਂ ਨੂੰ ਮੰਡੀਆਂ ਅੰਦਰ ਫਸਲ ਦੀ ਖਰੀਦ ਨਾ ਹੋਣ ਕਾਰਨ, ਰੁਲਣ ਨਹੀਂ ਦਿੱਤਾ ਜਾਵੇਗਾ।ਉਨ੍ਹਾਂ ਮਾਰਕੀਟ ਕਮੇਟੀ ਤੇ ਖਰੀਦ ਏਜੰਸੀਆਂ ਦੇ ਅਫਸਰਾਂ ਨੂੰ ਆਦੇਸ਼ ਜਾਰੀ ਕਰਦੇ ਹੋਏ ਕਿਹਾ ਕਿ ਉਹ ਕਿਸੇ ਵੀ ਤਰ੍ਹਾਂ ਦੀ ਕੋਈ ਲਾਪ੍ਰਵਾਹੀ ਨਾ ਵਰਤਣ, ਰਹਿੰਦੀਆਂ ਕਮੀਆਂ ਨੂੰ ਜਲਦੀ ਪੂਰਾ ਕਰ ਲੈਣ।

# ਕਾਂਗਰਸ ਨੇ ਸੰਵਿਧਾਨ ਦਾ ਸਤਿਕਾਰ ਤੇ ਰਾਖੀ ਕੀਤੀ : ਡਾ. ਅਮਰ ਸਿੰਘ

**ਭਾਜਪਾ ਵੱਲੋਂ ਸੰਵਿਧਾਨ ਨੂੰ ਬਦਲਣ ਤੇ 'ਆਪ' ਵੱਲੋਂ ਕਾਂਗਰਸ ਆਗੂਆਂ ਨੂੰ ਦਬਾਉਣ ਦਾ ਯਤਨ**



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਇੱਥੇ ਡਾ. ਭੀਮ ਰਾਓ ਅੰਬੇਡਕਰ ਚੌਕ ਵਿਖੇ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਜੀ ਦੀ 134ਵੀਂ ਬਰਸੀ ਮੌਕੇ ਕਾਂਗਰਸ ਪਾਰਟੀ ਵੱਲੋਂ ਜ਼ਿਲ੍ਹਾ ਪੱਧਰੀ ਸਮਾਗਮ ਕਰਵਾਇਆ ਗਿਆ, ਜਿਸ ਵਿੱਚ ਫ਼ਤਹਿਗੜ੍ਹ ਸਾਹਿਬ ਲੋਕ ਸਭਾ ਤੋਂ ਐੱਮ.ਪੀ. ਡਾ. ਅਮਰ ਸਿੰਘ, ਸਾਬਕਾ ਕੈਬਨਿਟ ਮੰਤਰੀ ਗੁਰਕੀਰਤ ਸਿੰਘ ਕੋਟਲੀ, ਪੁਲਸ ਜ਼ਿਲ੍ਹਾ ਖੰਨਾ ਦੇ ਪ੍ਰਧਾਨ ਲਖਵੀਰ ਸਿੰਘ ਲੱਖਾ ਤੇ ਹਲਕਾ ਸਮਰਾਲਾ ਤੋਂ ਕਾਂਗਰਸ ਪਾਰਟੀ ਇੰਚਾਰਜ ਰੁਪਿੰਦਰ ਸਿੰਘ ਰਾਜਾ ਗਿੱਲ ਨੇ ਵਿਸ਼ੇਸ਼ ਤੌਰ 'ਤੇ ਸ਼ਮੂਲੀਅਤ ਕੀਤੀ। ਉਕਤ ਆਗੂਆਂ ਤੇ ਭਾਰੀ ਗਿਣਤੀ 'ਚ ਇਕੱਤਰ ਹੋਏ ਕਾਂਗਰਸੀ ਵਰਕਰਾਂ ਨੇ ਡਾ. ਭੀਮ ਰਾਓ ਅੰਬੇਡਕਰ ਜੀ ਦੇ ਬੁੱਤ 'ਤੇ ਫੁੱਲ ਮਾਲਾਵਾਂ ਭੇਟ ਕੀਤੀਆਂ। ਸਮਾਗਮ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਐੱਮ. ਪੀ. ਅਮਰ ਸਿੰਘ ਨੇ ਕਿਹਾ ਕਿ ਕੇਂਦਰ ਦੀ ਭਾਜਪਾ ਸਰਕਾਰ ਦੇਸ਼ ਦੇ ਲੋਕ ਹਿੱਤਾਂ ਲਈ ਬਾਬਾ ਸਾਹਿਬ ਵੱਲੋਂ ਬਣਾਇਆ ਗਿਆ ਸੰਵਿਧਾਨ ਤੋੜਨ ਦੀਆਂ ਕੋਸ਼ਿਸ਼ਾਂ ਵਿੱਚ ਲੱਗੀ ਹੋਈ ਹੈ, ਜਦਕਿ ਕਾਂਗਰਸ ਨੇ ਹਮੇਸ਼ਾ ਸੰਵਿਧਾਨ ਦੀ ਰਾਖੀ ਲਈ ਅਵਾਜ਼ ਬੁਲੰਦ ਕੀਤੀ, ਜਿਸ ਕਾਰਨ ਭਾਜਪਾ ਇਸ 'ਚ ਨਾਕਾਮ ਰਹੀ। ਐੱਮ. ਪੀ. ਅਮਰ ਸਿੰਘ ਨੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਜੀ ਨੇ ਸੰਵਿਧਾਨ ਦੀ ਰਚਨਾ ਕਰ ਜਿੱਥੇ ਦਲਿਤ ਤੇ ਗਰੀਬ ਲੋਕਾਂ ਨੂੰ ਬਣਦੇ ਹੱਕ ਦਿਵਾਏ, ਉੱਥੇ ਹਰੇਕ ਵਰਗ ਲਈ ਕਾਨੂੰਨ ਬਣਾਇਆ ਤਾਂ ਜੋ ਕਿਸੇ ਨਾਲ ਧੱਕਾ ਨਾ ਹੋਵੇ। ਉਨ੍ਹਾਂ ਕਿਹਾ ਕਿ ਅੱਜ ਹਾਲਾਤ ਇਹ ਹੋ ਗਏ ਹਨ ਕਿ ਕੇਂਦਰ ਤੇ ਪੰਜਾਬ ਸਰਕਾਰ ਦੋਵੇਂ ਮਿਲ ਕੇ ਸੰਵਿਧਾਨ ਦੀਆਂ ਧੱਜੀਆਂ ਉਡਾ ਰਹੇ ਹਨ ਅਤੇ ਲੋਕਾਂ ਤੋਂ ਬੋਲਣ ਦਾ ਅਧਿਕਾਰ ਖੋਹਿਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਧਾਨ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਤੇ ਕਾਂਗਰਸ ਦੇ ਸੀਨੀਅਰ ਆਗੂ ਪ੍ਰਤਾਪ ਸਿੰਘ ਬਾਜਵਾ ਨੇ ਪੰਜਾਬ ਦੇ ਮੌਜੂਦਾ ਹਾਲਾਤਾਂ ਬਾਰੇ ਬਿਆਨ ਦਿੱਤਾ ਕਿ ਅੱਜ ਇੱਥੇ ਅਮਨ, ਕਾਨੂੰਨ ਦੀ ਸਥਿਤੀ ਵਿਗੜ ਚੁੱਕੀ ਹੈ, ਜਿਸ 'ਤੇ ਕਾਬੂ ਪਾਇਆ ਜਾਵੇ, ਪਰ ਪੰਜਾਬ ਸਰਕਾਰ ਨੇ ਉਨ੍ਹਾਂ 'ਤੇ ਜੋ ਪਰਚਾ ਦਰਜ ਕੀਤਾ, ਉਸ ਦੀ ਨਿੰਦਾ ਕਰਦਿਆਂ ਸਖ਼ਤ ਸ਼ਬਦਾਂ 'ਚ ਕਿਹਾ ਕਿ ਅਜਿਹੇ ਝੂਠੇ ਪਰਚੇ ਦਰਜ ਕਰ ਉਹ ਕਾਂਗਰਸ ਦੀ ਅਵਾਜ਼ ਨੂੰ ਦਬਾ ਨਹੀਂ ਸਕਦੇ। ਇਸ ਮੌਕੇ ਜ਼ਿਲ੍ਹਾ ਉਪ ਪ੍ਰਧਾਨ ਕਸੂਤਰੀ ਲਾਲ ਮਿੰਟੂ, ਸਾਬਕਾ ਚੇਅਰਮੈਨ ਸ਼ਕਤੀ ਆਨੰਦ, ਸਾਬਕਾ ਪ੍ਰਧਾਨ ਸੁਰਿੰਦਰ ਕੁੰਦਰਾ, ਜੇ.ਪੀ. ਸਿੰਘ ਮੱਕੜ, ਮੁੱਖ ਬੁਲਾਰਾ ਜਸਪ੍ਰੀਤ ਸਿੰਘ ਕਲਾਲ ਮਾਜਰਾ, ਸ਼ਹਿਰੀ ਪ੍ਰਧਾਨ ਕਪਿਲ ਆਨੰਦ, ਬਲਾਕ ਪ੍ਰਧਾਨ ਪਰਮਿੰਦਰ ਤਿਵਾੜੀ, ਨਰਿੰਦਰਪਾਲ ਲੱਕੀ, ਹਰਮਿੰਦਰ ਸਿੰਘ ਗਿੱਲ, ਜਤਿੰਦਰ ਸਿੰਘ ਜੋਗਾ ਬਲਾਲਾ, ਹੁਸਨ ਲਾਲ ਮੜਕਨ, ਅਜਮੇਰ ਸਿੰਘ ਪੂਰਬਾ, ਪ੍ਰਕਾਸ਼ ਮਹਿਤਾ ਖੰਨਾ, ਜਗਜੀਤ ਸਿੰਘ ਪ੍ਰਿਥੀਪੁਰ, ਜਸਪ੍ਰੀਤ ਸਿੰਘ ਸਹਿਜੋ ਮਾਜਰਾ, ਦਿਹਾਤੀ ਯੂਥ ਪ੍ਰਧਾਨ ਅੰਮ੍ਰਿਤਪਾਲ ਸਿੰਘ ਚੀਮਾ, ਕੌਂਸਲਰ ਸੁਰਿੰਦਰ ਕੁਮਾਰ ਛਿੰਦੀ, ਰਾਣਾ ਸੁਰਜੀਤ ਸਿੰਘ, ਹਰਚੰਦ ਸਿੰਘ ਆਦਿ ਮੌਜੂਦ ਸਨ। ਅੰਤ ਵਿੱਚ ਜ਼ਿਲ੍ਹਾ ਕਾਂਗਰਸ ਨੇ ਝੂਠਾ ਪਰਚਾ ਦਰਜ ਕਰਨ 'ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਤੇ ਮੁੱਖ ਮੰਤਰੀ ਮਾਨ ਖਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਵੀ ਕੀਤੀ।

## ਕੂੜਾ ਸੁੱਟਣ ਵਾਸਤੇ ਖਰੀਦੀਆਂ ਗੱਡੀਆਂ ਬਿਨਾਂ ਚਾਲੂ ਕੀਤੇ ਲੱਗੀਆਂ ਖੁੱਡੇ ਲਾਈਨ

**ਸਾਢੇ ਤਿੰਨ ਮਹੀਨੇ ਪਹਿਲਾਂ ਵਿਧਾਇਕ ਨੇ ਝੰਡੀ ਦਿਖਾ ਕੇ ਕੀਤਾ ਸੀ ਰਵਾਨਾ**



**ਮਮਦੋਟ (ਜਸਬੀਰ ਸਿੰਘ ਕੰਬੋਜ)**

ਸਵੱਛ ਭਾਰਤ ਮਿਸ਼ਨ ਅਧੀਨ ਨਗਰ ਪੰਚਾਇਤ ਮਮਦੋਟ ਵੱਲੋਂ ਕਸਬਾ ਮਮਦੋਟ 'ਚੋਂ ਕੂੜਾ ਇਕੱਠਾ ਕਰਨ ਵਾਸਤੇ ਖਰੀਦੀਆਂ ਗਈਆਂ ਟਾਟਾ ਕੰਪਨੀ ਦੀਆਂ ਗੱਡੀਆਂ ਸਾਢੇ ਤਿੰਨ ਮਹੀਨੇ ਦੇ ਕਰੀਬ ਸਮਾਂ ਬੀਤ ਜਾਣ 'ਤੇ ਵੀ ਕੂੜਾ ਸੁੱਟਣ ਦੇ ਕੰਮ ਤੇ ਨਹੀਂ ਲਾਈਆਂ ਜਾਂ ਸਕੀਆਂ, ਜਿਹਨਾਂ ਨੂੰ ਨਗਰ ਪੰਚਾਇਤ ਦਫਤਰ ਦੇ ਅਹਾਤੇ ਵਿੱਚ ਇੱਕ ਪਾਸੇ ਖੁੱਡੇ ਲਾਈਨ ਲਾਇਆਂ ਹੋਇਆ ਹੈ। ਜ਼ਿਕਰਯੋਗ ਹੈ ਕਿ ਐਡਵੋਕੇਟ ਰਜਨੀਸ਼ ਦਹੀਆ ਐੱਮ ਐੱਲ ਏ ਹਲਕਾ ਫਿਰੋਜ਼ਪੁਰ ਦਿਹਾਤੀ ਦੇ ਯਤਨਾਂ ਸਦਕਾ ਨਗਰ ਪੰਚਾਇਤ ਮਮਦੋਟ ਵੱਲੋਂ ਨਵੇਂ ਸਾਲ ਦੇ ਸ਼ੁਭ ਆਗਮਨ ਮੌਕੇ ਟਾਟਾ ਇਸ ਕੰਪਨੀ ਦੀਆਂ ਕਸਬੇ ਨੂੰ ਸਾਫ ਤੇ ਸਵੱਛ ਰੱਖਣ ਲਈ ਗਿੱਲਾ ਅਤੇ ਸੁੱਕਾ ਕੂੜਾ ਇਕੱਠਾ ਕਰਨ ਵਾਸਤੇ ਤਿੰਨ ਗੱਡੀਆਂ ਖਰੀਦੀਆਂ ਗਈਆਂ ਸਨ, ਜਿਹਨਾਂ ਨੂੰ ਕਸਬੇ ਵਿੱਚੋਂ ਕੂੜਾ ਇਕੱਠਾ ਕਰਨ ਵਾਸਤੇ ਲੰਘੀ 3 ਜਨਵਰੀ ਨੂੰ ਮਾਣਯੋਗ ਐਡਵੋਕੇਟ ਰਜਨੀਸ਼ ਦਹੀਆ ਵੱਲੋਂ ਬਕਾਇਦਾ ਤੋਰ 'ਤੇ ਇੱਕ ਛੋਟੇ ਤੇ ਪ੍ਰਭਾਵਸ਼ਾਲੀ ਸਮਾਗਮ ਉਪਰੰਤ ਰਸਮੀ ਤੌਰ 'ਤੇ ਹਰੀ ਝੰਡੀ ਵਿਖਾ ਕੇ ਰਵਾਨਾ ਵੀ ਕੀਤਾ ਗਿਆ ਸੀ। ਫਿਰ ਵੀ 3 ਜਨਵਰੀ ਤੋਂ ਬਾਅਦ ਸਾਢੇ ਤਿੰਨ ਮਹੀਨੇ ਦੇ ਕਰੀਬ ਸਮਾਂ ਬੀਤ ਜਾਣ 'ਤੇ ਅੱਜ ਤੱਕ ਇਹਨਾਂ ਗੱਡੀਆਂ ਨੂੰ ਕਦੇ ਵੀ ਕਸਬੇ 'ਚੋਂ ਕੂੜਾ ਇਕੱਠਾ ਕਰਦੇ ਨਹੀਂ ਦੇਖਿਆ ਗਿਆ ਤੇ ਇਹ ਨਵੀਆਂ ਗੱਡੀਆਂ ਨਗਰ ਪੰਚਾਇਤ ਮਮਦੋਟ ਦੇ ਅਹਾਤੇ ਵਿੱਚ ਹੀ ਇੱਕ ਪਾਸੇ ਖੁੱਡੇ ਲਾਈਨ ਲੱਗੀਆਂ ਧੂੜ ਫਕਦੀਆਂ ਨਜ਼ਰ ਆ ਰਹੀਆਂ ਹਨ, ਜਿਸ ਤੋਂ ਸਾਫ ਜ਼ਾਹਿਰ ਹੁੰਦਾ ਹੈ ਕਿ ਕੇਂਦਰ ਸਰਕਾਰ ਵੱਲੋਂ ਭਾਰਤ ਨੂੰ ਸਵੱਛ ਕਰਨ ਦੇ ਲਏ ਸੁਪਨੇ ਨੂੰ ਆਧਿਕਾਰੀ ਤੇ ਕਰਮਚਾਰੀ ਕਿੰਨਾ ਕੁ ਡੂੰਘਾਈ ਨਾਲ ਲੈਂਦੇ ਹਨ। ਇਸ ਸਬੰਧੀ ਜਦ ਨਗਰ ਪੰਚਾਇਤ ਮਮਦੋਟ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ ਨਾਲ ਗੱਲਬਾਤ ਕੀਤੀ ਗਈ ਤੇ ਉਹਨਾਂ ਦੱਸਿਆ ਕਿ ਇਹਨਾਂ ਕੂੜਾ ਢੋਣ ਵਾਲੀਆਂ ਗੱਡੀਆਂ ਵਾਸਤੇ ਡਰਾਇਵਰ ਅਜੇ ਰੱਖੇ ਜਾਣੇ ਹਨ, ਜਿਸ ਸਬੰਧੀ ਮਤਾ ਪਾਇਆ ਗਿਆ ਹੈ ਤੇ ਡਰਾਈਵਰ ਭਰਤੀ ਕਰਨ ਦੀ ਪ੍ਰਕਿਰੀਆ ਪੂਰੀ ਹੋਣ ਉਪਰੰਤ ਹੀ ਇਹਨਾਂ ਗੱਡੀਆਂ ਤੋਂ ਕੰਮ ਲਿਆ ਜਾ ਸਕੇਗਾ। ਜਿਸ ਤੋਂ ਸਾਫ ਜ਼ਾਹਿਰ ਹੁੰਦਾ ਹੈ ਕਿ ਅਜੇ ਕੁੱਝ ਦੇਰ ਹੋਰ ਇਹ ਗੱਡੀਆਂ ਇਸੇ ਤਰ੍ਹਾਂ ਖੁੱਡੇ ਲਾਈਨ ਲੱਗੇ ਰਹਿਣ ਤੋਂ ਇਨਕਾਰ ਨਹੀਂ ਕੀਤਾ ਜਾ ਸਕਦਾ। ਇਨ੍ਹਾਂ ਗੱਡੀਆਂ ਵਾਸਤੇ ਡਰਾਈਵਰਾਂ ਦੀ ਭਰਤੀ ਦੀ ਪ੍ਰਕਿਰੀਆ ਕਦੋਂ ਤੱਕ ਪੂਰੀ ਹੋਵੇਗੀ ਤੇ ਕਦੋਂ ਤੱਕ ਇਹ ਗੱਡੀਆਂ ਕੂੜਾ ਆਦਿਕ ਚੁੱਕਣ ਦੇ ਕੰਮ 'ਤੇ ਲਾਈਆਂ ਜਾ ਸਕਣਗੀਆਂ ਸਬੰਧੀ ਵੀ ਉਹ ਕੋਈ ਠੋਸ ਜਵਾਬ ਨਹੀਂ ਦੇ ਸਕੇ।

## ਖੇਤਾਂ 'ਚ ਕੰਮ ਕਰਦੇ ਸਮੇਂ ਕਿਸਾਨ ਦੀ ਮੌਤ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਨੇੜਲੇ ਪਿੰਡ ਰਾਮਗੜ੍ਹ-ਗੌਂਸਗੜ੍ਹ ਦੇ ਵਾਸੀ ਕਿਸਾਨ ਮਨਪ੍ਰੀਤ ਸਿੰਘ (34) ਦੀ ਖੇਤਾਂ ਵਿੱਚ ਕੰਮ ਕਰਦੇ ਸਮੇਂ ਅਚਨਚੇਤ ਮੌਤ ਹੋ ਗਈ। ਇਕੱਤਰ ਕੀਤੀ ਜਾਣਕਾਰੀ ਮੁਤਾਬਿਕ ਮਨਪ੍ਰੀਤ ਸਿੰਘ ਆਪਣੇ ਭਰਾ ਨਾਲ ਖੇਤਾਂ 'ਚ ਮੱਕੀ ਦੀ ਫਸਲ 'ਤੇ ਖਾਦ ਪਾ ਰਿਹਾ ਸੀ ਕਿ ਅਚਾਨਕ ਉਸ ਨੂੰ ਚੱਕਰ ਆ ਗਿਆ। ਮਨਪ੍ਰੀਤ ਸਿੰਘ ਨੂੰ ਉਸ ਦੇ ਭਰਾ ਨੇ ਮੰਜੇ 'ਤੇ ਪਾਇਆ ਤੇ ਉੱਥੇ ਅਚਾਨਕ ਉਸ ਨੂੰ ਦਿਲ ਦਾ ਦੌਰਾ ਪਿਆ। ਪਰਿਵਾਰ ਉਸ ਨੂੰ ਤੁਰੰਤ ਹਸਪਤਾਲ ਲੈ ਕੇ ਆਇਆ, ਜਿੱਥੇ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਕਰ ਦਿੱਤਾ। ਕਿਸਾਨ ਮਨਪ੍ਰੀਤ ਸਿੰਘ ਆਪਣੇ ਤਿੰਨ ਭਰਾਵਾਂ 'ਚੋਂ ਵੱਡਾ ਸੀ ਤੇ ਖੇਤੀਬਾੜੀ ਦਾ ਕੰਮ ਕਰਦਾ ਸੀ। ਉਸ ਦੀ ਮੌਤ ਨਾਲ ਜਿੱਥੇ ਪਰਿਵਾਰ ਨੂੰ ਵੱਡਾ ਘਾਟਾ ਪਿਆ, ਉੱਥੇ ਪਿੰਡ ਵਿੱਚ ਵੀ ਸੋਗ ਦੀ ਲਹਿਰ ਛਾ ਗਈ। ਮੌਤ ਤੋਂ ਪਹਿਲਾਂ ਉਹ ਕੱਲ੍ਹ ਵਿਸਾਖੀ ਵਾਲੇ ਦਿਨ ਆਪਣੇ ਤਿੰਨ ਬੱਚਿਆਂ ਨੂੰ ਲੈ ਕੇ ਪਤਨੀ ਸਮੇਤ ਗੁਰਦੁਆਰਾ ਚਰਨ ਕੰਵਲ ਸਾਹਿਬ ਮੱਥਾ ਟੇਕਣ ਆਇਆ ਅਤੇ ਬਾਅਦ ਦੁਪਹਿਰ ਜਾ ਕੇ ਖੇਤਾਂ ਵਿੱਚ ਕੰਮ ਕਰਨ ਲੱਗਾ। ਤਿੰਨ ਮਹੀਨੇ ਪਹਿਲਾਂ ਹੀ ਉਸ ਦੇ ਘਰ ਪੁੱਤਰ ਪੈਦਾ ਹੋਇਆ ਸੀ ਅਤੇ 2 ਛੋਟੀਆਂ ਛੋਟੀਆਂ ਧੀਆਂ ਵੀ ਹਨ। ਕਿਸਾਨ ਦੀ ਅਚਨਚੇਤ ਮੌਤ ਨਾਲ ਪਰਿਵਾਰ 'ਤੇ ਦੁੱਖਾਂ ਦਾ ਕਹਿਰ ਟੁੱਟ ਗਿਆ ਤੇ ਅੱਜ ਨਮ ਅੱਖਾਂ ਨਾਲ ਉਸ ਦਾ ਪਿੰਡ ਵਿੱਚ ਅੰਤਿਮ ਸੰਸਕਾਰ ਕਰ ਦਿੱਤਾ ਗਿਆ।

## ਨਸ਼ੀਲੀਆਂ ਗੋਲੀਆਂ ਸਮੇਤ ਦੋ ਕਾਬੂ

**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਪੰਜਾਬ ਸਰਕਾਰ ਦੀਆਂ ਹਦਾਇਤਾਂ 'ਤੇ ਨਸ਼ਿਆਂ ਵਿਰੁੱਧ ਚਲਾਈ ਗਈ ਮੁਹਿੰਮ ਤਹਿਤ ਪੂਰਨ ਸਿੰਘ ਧਾਲੀਵਾਲ ਮੁੱਖ ਅਫਸਰ ਥਾਣਾ ਨਿਹਾਲ ਸਿੰਘ ਵਾਲਾ ਦੀ ਨਿਗਰਾਨੀ ਹੇਠ ਏ ਐੱਸ ਆਈ ਰਘਵਿੰਦਰ ਪ੍ਰਸਾਦ ਨੇ ਪੁਲਸ ਪਾਰਟੀ ਸਮੇਤ ਗਸ਼ਤ ਦੌਰਾਨ ਕੁਲਦੀਪ ਸਿੰਘ ਉਰਫ਼ ਸੋਨੀ ਪੁੱਤਰ ਦਰਸ਼ਨ ਸਿੰਘ ਵਾਸੀ ਕਿਸ਼ਨਗੜ੍ਹ ਤੇ ਰਾਮਪ੍ਰੀਤ ਸਿੰਘ ਪੁੱਤਰ ਬੇਅੰਤ ਸਿੰਘ ਵਾਸੀ ਬੀੜ ਰਾਊਕੇ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 70 ਨਸ਼ੀਲੀਆਂ ਗੋਲੀਆਂ ਬ੍ਰਾਮਦ ਕੀਤੀਆਂ ਗਈਆਂ ਹਨ, ਜਿਸ 'ਤੇ ਥਾਣਾ ਨਿਹਾਲ ਸਿੰਘ ਵਾਲਾ ਵਿਖੇ ਕੇਸ ਦਰਜ ਕੀਤਾ ਗਿਆ ਹੈ। ਉਕਤਾਨ ਮੁਲਜ਼ਮਾਂ ਪਾਸੋਂ ਪੁੱਛ ਗਿੱਛ ਕੀਤੀ ਜਾ ਰਹੀ ਹੈ।

## ਰਤਨ ਟਾਟਾ ਨੂੰ ਭਾਰਤ ਰਤਨ ਨਾਲ ਸਨਮਾਨਤ ਕੀਤਾ ਜਾਵੇ : ਸੰਧਵਾਂ

**ਬੰਦੇ ਦੇ ਰੂਪ ਵਿੱਚ ਸੰਤ ਸਨ ਰਤਨ ਟਾਟਾ : ਅਸ਼ਵਨੀ ਗਰਗ**



**ਜੈਤੋ (ਸਤੀਸ਼ ਕੁਮਾਰ ਭੀਗੀ)**

ਰਾਜਨੀਤਿਕ ਲੋਕਾਂ, ਅਖੌਤੀ ਬੁੱਧੀਜੀਵੀਆਂ ਅਤੇ ਬਨਾਉਟੀ ਸਮਾਜ ਸੇਵਕਾਂ ਦੀ ਕਹਿਣੀ ਤੇ ਕਰਨੀ ਵਿੱਚ ਫਰਕ ਆਮ ਹੀ ਨਹੀਂ ਸ਼ਰੇਆਮ ਨਜ਼ਰ ਆਉਂਦਾ ਹੈ, ਪਰ ਦੀਨ ਦੁਖੀਆਂ, ਬੇਬਸ, ਲਾਚਾਰ ਅਤੇ ਅਭਾਵਗ੍ਰਸਤ ਜ਼ਿੰਦਗੀ ਜਿਉਣ ਵਾਲੇ ਜੀਵਾਂ ਵਿੱਚ ਸੱਚੇ ਪਾਤਸ਼ਾਹ ਦੀ ਜੋਤ ਦੇਖਣ ਵਾਲੇ ਉੱਘੇ ਉਦਯੋਗਪਤੀ ਜੋ ਕਿ ਮਹਾਂਪੁਰਸ਼ਾਂ ਦੀ ਸ਼੍ਰੇਣੀ ਤੋਂ ਉੱਤੇ ਹੋ ਕੇ ਨਿਤਰੇ, ਰਤਨ ਟਾਟਾ ਦਾ ਸਮਾਜ ਅਤੇ ਦੇਸ਼ ਨੂੰ ਦੇਣ ਨਹੀਂ ਭੁਲਾਇਆ ਜਾ ਸਕਦਾ। ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਅਸ਼ਵਨੀ ਕੁਮਾਰ ਗਰਗ (ਚੇਅਰਮੈਨ ਸਵਾਮੀ ਵਿਵੇਕਾਨੰਦ ਗਰੁੱਪ ਆਫ ਇੰਸਟੀਚਿਊਸ਼ਨਜ਼) ਨੇ ਸਵਾਇਟ ਦੀ ਸਟੇਜ ਤੋਂ ਕੀਤਾ।ਇਸ ਮੌਕੇ ਰਤਨ ਟਾਟਾ ਦੀ ਜੀਵਨੀ ਨੂੰ ਸਮਰਪਿਤ ਕਿਤਾਬ ਦਾ ਵਿਮੋਚਨ ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾ ਤੇ ਅਸ਼ੋਕ ਕੁਮਾਰ ਗਰਗ ਨੇ ਕੀਤਾ ਅਤੇ ਸੰਧਵਾਂ ਨੇ ਕੇਂਦਰ ਸਰਕਾਰ ਨੂੰ ਅਪੀਲ ਕਰਦੇ ਹੋਏ ਕਿਹਾ ਕਿ ਰਤਨ ਟਾਟਾ ਵਰਗੀ ਉੱਚੀ ਸ਼ਖ਼ਸੀਅਤ ਨੂੰ ਜਲਦੀ ਹੀ ਭਾਰਤ ਰਤਨ ਨਾਲ ਸਨਮਾਨਿਤ ਕੀਤਾ ਜਾਵੇ। ਪ੍ਰੋਗਰਾਮ ਦੇ ਅਖੀਰ ਵਿੱਚ ਚੇਅਰਮੈਨ ਅਸ਼ਵਨੀ ਕੁਮਾਰ ਗਰਗ ਨੇ ਭਾਵੁਕ ਹੋ ਕੇ ਕਿਹਾ ਕਿ ਰਤਨ ਟਾਟਾ ਤੋਂ ਪ੍ਰੇਰਨਾ ਲੈਣੀ ਚਾਹੀਦਾ ਹੈ ਤੇ ਆਪਣੇ ਜੀਵਨ ਵਿੱਚ ਅਪਨਾਉਣਾ ਚਾਹੀਦਾ ਹੈ, ਜਿਵੇਂ ਕਿ ਉਨ੍ਹਾਂ ਦੇ ਵਚਨਾਂ ਅਨੁਸਾਰ ਜ਼ਿੰਦਗੀ ਕੀ ਹੈ ? ਜ਼ਿੰਦਗੀ ਨੂੰ ਚੰਗੀ ਤਰ੍ਹਾਂ ਸਮਝਣ ਲਈ ਤਿੰਨ ਥਾਵਾਂ ਹਨ - ਹਸਪਤਾਲ, ਜੇਲ੍ਹ ਅਤੇ ਸ਼ਮਸ਼ਾਨਘਾਟ। ਹਸਪਤਾਲ ਵਿੱਚ ਤੁਸੀਂ ਸਮਝੋਗੇ ਕਿ ਸਿਹਤ ਤੋਂ ਵਧੀਆ ਕੋਈ ਚੀਜ਼ ਨਹੀਂ ਹੈ।ਜੇਲ੍ਹ ਵਿੱਚ ਤੁਸੀਂ ਸਮਝੋਗੇ ਕਿ ਆਜ਼ਾਦੀ ਕਿੰਨੀ ਕੀਮਤੀ ਚੀਜ਼ ਹੈ ਤੇ ਸ਼ਮਸ਼ਾਨਘਾਟ ਵਿਖੇ ਤੁਹਾਨੂੰ ਅਹਿਸਾਸ ਹੋਵੇਗਾ ਕਿ ਜ਼ਿੰਦਗੀ ਕੁੱਝ ਵੀ ਨਹੀਂ ਹੈ।ਉਨ੍ਹਾਂ ਕਿਹਾ ਕਿ ਜਿਸ ਧਰਤੀ 'ਤੇ ਅਸੀਂ ਅੱਜ ਚੱਲ ਰਹੇ ਹਾਂ ਉਹ ਕੱਲ੍ਹ ਸਾਡੀ ਨਹੀਂ ਰਹੇਗੀ।ਆਓ ਅਸੀਂ ਹੁਣ ਤੋਂ ਹੀ ਨਿਮਰ ਬਣੀਏ ਅਤੇ ਸਾਨੂੰ ਜੋ ਕੁਝ ਮਿਲਿਆ ਹੈ ਉਸ ਲਈ ਰੱਬ ਦਾ ਧੰਨਵਾਦ ਕਰੀਏ।

## 'ਧੂੰਮਾਂ ਵਿਸਾਖੀ ਦੀਆਂ' ਪ੍ਰੋਗਰਾਮ ਨੇ ਝੂਮਣ ਲਾ'ਤੇ ਪਟਿਆਲਵੀ



**ਪਟਿਆਲ਼ਾ (ਰਾਜਿੰਦਰ ਸਿੰਘ ਥਿੰਦ)**-ਇਲੈਕਟ੍ਰੋਨਿਕ ਮੀਡੀਆ ਵੈੱਲਫੇਅਰ ਕਲੱਬ (ਰਜਿ:) ਦੇ ਪ੍ਰਧਾਨ ਅਨੁਰਾਗ ਸ਼ਰਮਾ ਤੇ ਪੀ.ਟੀ.ਏ. ਮਿਊਜ਼ਿਕ ਸੁਰਾਂ ਦਾ ਸੰਗਮ ਦੇ ਪ੍ਰਧਾਨ ਪੰਮੀ ਬੇਦੀ ਵੱਲੋਂ ਵਿਸਾਖੀ ਦੇ ਤਿਉਹਾਰ ਨੂੰ ਸਮਰਪਤ 'ਧੂੰਮਾਂ ਵਿਸਾਖੀ ਦੀਆਂ' ਪ੍ਰੋਗਰਾਮ ਨੌਰਥ ਜ਼ੋਨ ਕਲਚਰ ਸੈਂਟਰ ਵਿਖੇ ਕਰਵਾਇਆ ਗਿਆ।ਸ਼ੁੱਧ ਸੱਭਿਆਚਾਰਕ ਪ੍ਰੋਗਰਾਮ ਵਿੱਚ ਗਿੱਧੇ, ਭੰਗੜੇ ਦੀਆਂ ਟੀਮਾਂ ਨੇ ਰੰਗ ਬੰਨ੍ਹਿਆ। ਉੱਥੇ ਹੀ ਪੰਜਾਬੀ ਨਾਮੀ ਗਾਇਕਾਂ ਨੇ ਆਪਣੀ ਗਾਇਕੀ ਦੇ ਨਾਲ ਇਸ ਪ੍ਰੋਗਰਾਮ ਨੂੰ ਚਾਰ ਚੰਨ ਲਾ ਦਿੱਤੇ।ਪੀ.ਟੀ.ਏ. ਮਿਊਜ਼ਿਕ ਵੱਲੋਂ ਆਏ ਗਾਇਕਾਂ ਜਿਵੇਂ ਕਿ ਸੁਨੀਲ ਗਰਗ, ਹਰਮੀਤ ਸਿੰਘ, ਸੁਨੀਲ ਕੁਮਾਰ, ਅਰਵਿੰਦਰ ਕੌਰ, ਜਯੋਤੀ ਰਾਣਾ, ਰਮਨਦੀਪ ਕੌਰ ਤੇ ਹੋਰ ਕਲਾਕਾਰਾਂ ਨੇ 80/90 ਦਸ਼ਕ ਦੇ ਮੈਲੋਡੀ ਗੀਤਾਂ ਨਾਲ ਅਜਿਹਾ ਸਮਾਂ ਬੰਨ੍ਹਿਆ ਕਿ ਸਮੁੱਚੇ ਪਰਵਾਰਾਂ ਨੂੰ ਝੂਮਣ ਲਾ ਦਿੱਤਾ।ਇਸ ਪ੍ਰੋਗਰਾਮ ਵਿੱਚ ਸ਼ਹਿਰ ਦੀਆਂ ਸਮਾਜਿਕ, ਧਾਰਮਿਕ ਤੇ ਸਿਆਸੀ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ, ਉੱਥੇ ਹੀ ਪੁਲਸ ਪ੍ਰਸ਼ਾਸਨ ਦੇ ਉੱਚ ਅਧਿਕਾਰੀਆਂ ਨੇ ਵੀ ਇਸ ਪ੍ਰੋਗਰਾਮ ਦਾ ਆਨੰਦ ਮਾਣਿਆ।ਆਏ ਹੋਏ ਮਹਿਮਾਨਾਂ ਤੇ ਸ਼ਖ਼ਸੀਅਤਾਂ ਨੇ ਇਲੈਕਟ੍ਰੋਨਿਕ ਮੀਡੀਆ ਵੈੱਲਫੇਅਰ ਕਲੱਬ ਦੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਮੌਕੇ ਕਲੱਬ ਦੇ ਪ੍ਰਧਾਨ ਅਨੁਰਾਗ ਸ਼ਰਮਾ ਨੇ ਦੱਸਿਆ ਕਿ ਇਲੈਕਟ੍ਰੋਨਿਕ ਮੀਡੀਆ ਕਲੱਬ ਜਿੱਥੇ ਪੱਤਰਕਾਰਾਂ ਦੇ ਹੱਕ ਦੀ ਆਵਾਜ਼ ਉਠਾਉਂਦਾ ਆਇਆ ਹੈ, ਉੱਥੇ ਹੀ ਸਮੇਂ ਸਮੇਂ 'ਤੇ ਧਾਰਮਿਕ ਤੇ ਸਮਾਜਿਕ ਕੰਮਾਂ ਵਿੱਚ ਵੱਧ ਚੜ੍ਹ ਕੇ ਆਪਣਾ ਯੋਗਦਾਨ ਵੀ ਪਾਉਂਦਾ ਹੈ।ਉਨ੍ਹਾਂ ਕਿਹਾ ਕਿ ਅੱਜ ਦੀ ਨੌਜਵਾਨ ਪੀੜ੍ਹੀ ਆਪਣਾ ਸੱਭਿਆਚਾਰ ਭੁਲਦੀ ਜਾ ਰਹੀ ਹੈ।ਇਸ ਪ੍ਰੋਗਰਾਮ ਰਾਹੀਂ ਯੂਥ ਨੂੰ ਸੱਭਿਆਚਾਰ ਨਾਲ ਜੋੜਨ ਦਾ ਵਧੀਆ ਉਪਰਾਲਾ ਕੀਤਾ ਹੈ।ਇਸ ਮੌਕੇ ਕਲੱਬ ਦੇ ਚੇਅਰਮੈਨ ਜਸਵੀਰ ਸਿੰਘ, ਜਨਰਲ ਸੈਕਟਰੀ ਚਰਨਜੀਤ ਸਿੰਘ ਕੋਹਲੀ, ਸੀਨੀਅਰ ਮੀਤ ਪ੍ਰਧਾਨ ਪਰਮਜੀਤ ਬੇਦੀ, ਮੀਤ ਪ੍ਰਧਾਨ ਦਮਨਪ੍ਰੀਤ ਸਿੰਘ, ਕੈਸ਼ੀਅਰ ਜਸਬੀਰ ਸਿੰਘ ਸੁਖੀਜਾ, ਪੀਆਰਓ ਸੁਖਮੀਤ ਸਿੰਘ, ਤਾਲਮੇਲ ਸੈਕਟਰੀ ਬਿੰਦਰ ਬਾਤਿਸ਼ ਹਾਜ਼ਰ ਸਨ।ਇਸ ਪ੍ਰੋਗਰਾਮ ਦਾ ਮੰਚ ਸੰਚਾਲਨ ਕਲੱਬ ਸੈਕਟਰੀ ਜਗਜੀਤ ਸਿੰਘ ਸੱਗੂ ਤੇ ਚੰਚਲ ਠਾਕੁਰ ਨੇ ਕੀਤਾ।ਕਲੱਬ ਵੱਲੋਂ ਮਹਿਮਾਨਾਂ ਲਈ ਰਿਫਰੈਸ਼ਮੈਂਟ ਦੀ ਵੀ ਵਿਵਸਥਾ ਕੀਤੀ ਗਈ ਸੀ।ਕੁੱਲ ਮਿਲਾ ਕੇ 'ਧੂੰਮਾਂ ਵਿਸਾਖੀ ਦੀਆਂ' ਇੱਕ ਯਾਦਗਾਰੀ ਪ੍ਰੋਗਰਾਮ ਹੋ ਨਿੱਬੜਿਆ, ਜੋ ਪਟਿਆਲਵੀਆਂ ਨੂੰ ਇੱਕ ਅਰਸਾ ਚੇਤੇ ਰਹੇਗਾ।

## ਸਰਕਾਰ ਬਾਬਾ ਸਾਹਿਬ ਦੀ ਸੋਚ ਅਨੁਸਾਰ ਗਰੀਬ ਵਰਗ ਦੀ ਭਲਾਈ ਲਈ ਵਚਨਬੱਧ : ਸੰਧਵਾਂ

**ਅੰਬੇਡਕਰ ਜੈਯੰਤੀ ਮੌਕੇ ਭਗਤ ਚੇਤਨ ਦੇਵ ਕਾਲਜ 'ਚ ਜ਼ਿਲ੍ਹਾ ਪੱਧਰੀ ਸਮਾਗਮ**

**ਫ਼ਰੀਦਕੋਟ (ਐਲਿਗਜੈਂਡਰ ਡਿਸੂਜਾ)**

ਅੱਜ ਮਹਾਨ ਯੁਗ ਪੁਰਸ਼ ਤੇ ਭਾਰਤੀ ਸੰਵਿਧਾਨ ਦੇ ਨਿਰਮਾਤਾ, ਪ੍ਰਸਿੱਧ ਸਮਾਜ ਸੁਧਾਰਕ ਡਾਕਟਰ ਭੀਮ ਰਾਓ ਅੰਬੇਡਕਰ ਦੀ 134ਵੀਂ ਜਨਮ ਸ਼ਤਾਬਦੀ ਦੇ ਸਬੰਧ ਵਿੱਚ ਭਗਤ ਚੇਤਨ ਦੇਵ ਸਰਕਾਰੀ ਬੀ ਐੱਡ ਕਾਲਜ ਫਰੀਦਕੋਟ ਵਿਖੇ ਜ਼ਿਲ੍ਹਾ ਪੱਧਰੀ ਸਮਾਗਮ ਕੀਤਾ ਗਿਆ।ਇਸ ਸਮਾਗਮ ਵਿੱਚ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ, ਜਦਕਿ ਵਿਧਾਇਕ ਫਰੀਦਕੋਟ ਸ੍ਰ. ਗੁਰਦਿੱਤ ਸਿੰਘ ਸੇਖੋਂ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ।ਇਸ ਮੌਕੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਤੇ ਐੱਸ ਐੱਸ ਪੀ ਡਾ. ਪ੍ਰਗਿਆ ਜੈਨ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਪੰਜਾਬ ਵਿਧਾਨ ਸਭਾ ਦੇ ਸਪੀਕਰ ਸ੍ਰ. ਕੁਲਤਾਰ ਸਿੰਘ ਸੰਧਵਾਂ ਨੇ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਡਕਰ ਜੀ ਨੇ ਹਮੇਸ਼ਾ ਸਮਾਜ ਸੁਧਾਰ ਤੇ ਸਮਾਜ ਦੇ ਦੱਬੇ ਕੁਚਲੇ ਲੋਕਾਂ ਦੇ ਉਥਾਨ ਲਈ ਕੰਮ ਕੀਤਾ ਅਤੇ ਉਨ੍ਹਾਂ ਨੂੰ ਭਾਰਤ ਦਾ ਸੰਵਿਧਾਨ ਨਿਰਮਾਤਾ ਵੀ ਕਿਹਾ ਜਾਂਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਆਪਣੀ ਸਥਾਪਤੀ ਮੌਕੇ ਹੀ ਜਿੱਥੇ ਸ਼ਹੀਦਾਂ ਨੂੰ ਮਾਣ ਸਤਿਕਾਰ ਦਿੱਤਾ, ਉੱਥੇ ਸੰਵਿਧਾਨ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਤੇ ਸ਼ਹੀਦ ਭਗਤ ਸਿੰਘ ਦੀਆਂ ਫੋਟੋਆਂ ਹਰੇਕ ਸਰਕਾਰੀ ਦਫਤਰ ਵਿੱਚ ਲਗਾਈਆਂ ਤਾਂ ਜੋ ਲੋਕ ਉਨ੍ਹਾਂ ਤੋਂ ਪ੍ਰੇਰਨਾ ਲੈਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਪਿਛਲੇ ਸਮੇਂ ਤੋਂ ਗਰੀਬ, ਪੱਛੜੇ ਵਰਗਾਂ ਦੀ ਬੰਦ ਪਈ ਸਕਾਲਰਸ਼ਿਪ ਤੇ ਹੋਰ ਸਕੀਮਾਂ ਨੂੰ ਵੀ ਮੁੜ ਤੋਂ ਸ਼ੁਰੂ ਕੀਤਾ ਗਿਆ ਹੈ ਤਾਂ ਜੋ ਇਸ ਵਰਗ ਦੇ ਬੱਚਿਆਂ ਨੂੰ ਇਸ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਪਣੇ ਮੰਤਰੀ ਮੰਡਲ ਵਿੱਚ ਛੇ ਅਨੁਸੂਚਿਤ ਜਾਤੀ ਭਾਈਚਾਰੇ ਦੇ ਮੰਤਰੀਆਂ ਨੂੰ ਸ਼ਾਮਲ ਕਰਕੇ ਇਤਿਹਾਸ ਕਾਇਮ ਕੀਤਾ ਹੈ ਤੇ ਇਸ ਵਰਗ ਨੂੰ ਬਣਦੀ ਨੁਮਾਇੰਦਗੀ ਦਿੱਤੀ ਹੈ।ਉਨ੍ਹਾਂ ਕਿਹਾ ਕਿ ਏਜੀ ਦਫਤਰ ਵਿੱਚ ਵੀ ਰਾਖਵੇਂਕਰਨ ਨੂੰ ਲਾਗੂ ਕੀਤਾ ਗਿਆ ਹੈ ਤੇ ਗਰੀਬ ਵਰਗ ਦੀ ਭਲਾਈ ਲਈ ਹੋਰ ਸਹੂਲਤਾਂ ਵੀ ਸ਼ੁਰੂ ਕੀਤੀਆਂ ਗਈਆਂ ਹਨ।ਸ੍ਰ. ਸੰਧਵਾਂ ਨੇ ਕਿਹਾ ਕਿ 'ਆਪ' ਦੀ ਪੰਜਾਬ ਸਰਕਾਰ ਬਾਬਾ ਸਾਹਿਬ ਦੀ ਸੋਚ ਅਨੁਸਾਰ ਗਰੀਬ ਵਰਗ ਦੀ ਭਲਾਈ ਲਈ ਬਚਨਬੱਧ ਹੈ। ਇਸ ਮੌਕੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਡਿਪਟੀ ਕਮਿਸ਼ਨਰ ਮੈਡਮ ਪੂਨਮਦੀਪ ਕੌਰ ਨੇ ਸੰਵਿਧਾਨ ਨਿਰਮਾਤਾ ਡਾਕਟਰ ਅੰਬੇਡਕਰ ਜੀ ਨੂੰ ਸ਼ਰਧਾ ਦੇ ਫੁੱਲ ਭੇਟ ਕਰਦਿਆਂ ਉਨ੍ਹਾਂ ਦੇ ਜੀਵਨ, ਸੰਘਰਸ਼ ਤੇ ਸੰਵਿਧਾਨ ਨੂੰ ਦੇਣ ਸਬੰਧੀ ਸੰਖੇਪ ਵਿੱਚ ਵਿਚਾਰ ਸਾਂਝੇ ਕੀਤੇ।

ਇਸ ਮੌਕੇ ਪ੍ਰਿੰਸੀਪਲ ਸ੍ਰੀ ਰਜੇਸ਼ ਮੋਹਨ, ਸੁਖਜੀਤ ਸਿੰਘ ਢਿੱਲਵਾਂ ਚੇਅਰਮੈਨ ਜਿਲਾ ਯੋਜਨਾ ਬੋਰਡ, ਗਗਨਦੀਪ ਸਿੰਘ ਧਾਲੀਵਾਲ ਚੇਅਰਮੈਨ ਇੰਪਰੂਵਮੈਂਟ ਟਰਸਟ, ਧਰਮਜੀਤ ਸਿੰਘ ਰਾਮੇਆਣਾ ਉਪ ਚੇਅਰਮੈਨ ਵਾਟਰ ਸਪਲਾਈ ਤੇ ਸੀਵਰੇਜ ਪੰਜਾਬ, ਗੁਰਤੇਜ ਸਿੰਘ ਖੋਸਾ ਜ਼ਿਲ੍ਹਾ ਪ੍ਰਧਾਨ ਆਮ ਆਦਮੀ ਪਾਰਟੀ, ਰਮਨਦੀਪ ਸਿੰਘ ਮੁਮਾਰਾ ਚੇਅਰਮੈਨ ਸਾਦਿਕ ਤੋਂ ਇਲਾਵਾ ਸ੍ਰੀ ਵਰਿੰਦਰ ਸਿੰਘ ਐੱਸ ਡੀ ਐੱਮ ਕੋਟਕਪੂਰਾ, ਮੇਜਰ ਵਰਨ ਕੁਮਾਰ ਐੱਸ ਡੀ ਐੱਮ ਫਰੀਦਕੋਟ, ਤੁਸ਼ਿਤਾ ਗੁਲਾਟੀ ਜੀਏ ਤੋਂ ਇਲਾਵਾ ਕਾਲਜ ਦੇ ਅਧਿਆਪਕ, ਵੱਖ-ਵੱਖ ਸੰਸਥਾਵਾਂ ਤੋਂ ਵਿਦਿਆਰਥੀ ਤੇ ਜ਼ਿਲ੍ਹਾ ਪ੍ਰਸ਼ਾਸਨ ਦੇ ਅਧਿਕਾਰੀ ਹਾਜ਼ਰ ਸਨ।

## ਚੋਰੀ ਦੇ ਦੋਸ਼ 'ਚ ਚਾਰ ਗ੍ਰਿਫਤਾਰ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੰਡੀ ਗੋਬਿੰਦਗੜ੍ਹ ਪੁਲਸ ਵੱਲੋਂ ਚੋਰੀ ਦੇ ਦੋਸ਼ ਹੇਠ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤੇ ਜਾਣ ਦਾ ਸਮਾਚਾਰ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਮੰਡੀ ਗੋਬਿੰਦਗੜ੍ਹ ਪੁਲਸ ਨੂੰ ਮੁਖਬਰੀ ਮਿਲੀ ਸੀ ਕਿ ਕਰਨਪ੍ਰੀਤ ਸਿੰਘ ਵਾਸੀ ਪਿੰਡ ਦਾਲੋਮਾਜਰਾ, ਅਜ਼ਾਦ ਸਿੰਘ ਵਾਸੀ ਪਿੰਡ ਮੁਗ਼ਲਸਰਾਏ, ਵਿਕਾਸ ਵਾਸੀ ਖ਼ਾਨਾਬਦੋਸ਼ ਤੇ ਹਰਵਿੰਦਰ ਸਿੰਘ ਵਾਸੀ ਪਿੰਡ ਕੁੰਭ ਮੋਟਰਸਾਈਕਲ ਤੇ ਮੋਬਾਈਲ ਚੋਰੀ ਕਰਕੇ ਅੱਗੇ ਵੇਚਣ ਦਾ ਧੰਦਾ ਕਰਦੇ ਹਨ, ਜੋ ਕਿ ਇਸ ਸਮੇਂ ਚੋਰੀਸ਼ੁਦਾ ਮੋਟਰਸਾਈਕਲ ਵੇਚਣ ਦੀ ਤਾਕ ਵਿੱਚ ਮੰਡੀ ਗੋਬਿੰਦਗੜ੍ਹ ਦੀ ਭਾਂਬਰੀ ਕਲੋਨੀ ਵਿਖੇ ਖੜੇ ਹਨ।ਮੁਖਬਰੀ ਮਿਲਣ 'ਤੇ ਪੁਲਸ ਪਾਰਟੀ ਵੱਲੋਂ ਮੌਕੇ 'ਤੇ ਛਾਪੇਮਾਰੀ ਕਰਦੇ ਹੋਏ ਚਾਰਾਂ ਨੂੰ ਕਾਬੂ ਕਰ ਲਿਆ ਗਿਆ, ਜਿਨਾਂ ਦੇ ਕਬਜ਼ੇ 'ਚੋਂ ਇੱਕ ਮੋਟਰਸਾਈਕਲ ਹੀਰੋ ਡੀਲਕਸ ਤੇ ਦੋ ਮੋਬਾਇਲ ਫੋਨ ਬਰਾਮਦ ਕੀਤੇ ਗਏ। ਇਸ ਸਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਦਰਜ ਕੀਤੇ ਗਏ ਮੁਕਦਮੇ ਵਿੱਚ ਕਰਨਪ੍ਰੀਤ ਸਿੰਘ, ਅਜ਼ਾਦ ਸਿੰਘ, ਵਿਕਾਸ ਤੇ ਹਰਵਿੰਦਰ ਸਿੰਘ ਨੂੰ ਗ੍ਰਿਫਤਾਰ ਕਰਕੇ ਸਹਾਇਕ ਥਾਣੇਦਾਰ ਜਸਪਾਲ ਸਿੰਘ ਵੱਲੋਂ ਮਾਮਲੇ ਦੀ ਤਫਤੀਸ਼ ਕੀਤੀ ਜਾ ਰਹੀ ਹੈ।

## ਡੀ ਏ ਵੀ ਸਕੂਲ 'ਚ ਅੰਬੇਡਕਰ ਜੈਅੰਤੀ ਤੇ ਵਿਸਾਖੀ ਮਨਾਈ



**ਰਾਜਪੁਰਾ (ਰਮੇਸ਼ ਕਟਾਰੀਆ)**-ਡੀ. ਏ. ਵੀ. ਸਕੂਲ ਰਾਜਪੁਰਾ ਵਿਖੇ ਵਿਸਾਖੀ ਦਾ ਤਿਉਹਾਰ ਤੇ ਅੰਬੇਡਕਰ ਜਯੰਤੀ ਧੂਮਧਾਮ ਨਾਲ ਮਨਾਈ ਗਈ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਅਲਪਨਾ ਪਾਠਕ ਤੇ ਅਧਿਆਪਕਾਂ ਨੇ ਡਾ. ਭੀਮ ਰਾਓ ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ ਅਤੇ ਉਨ੍ਹਾਂ ਦੇ ਨਕਸ਼ੇ-ਕਦਮਾਂ 'ਤੇ ਚੱਲਣ ਦਾ ਪ੍ਰਣ ਲਿਆ।ਨੌਵੀਂ ਜਮਾਤ ਦੇ ਵਿਦਿਆਰਥੀਆਂ ਨੇ ਵਿਸਾਖੀ ਤਿਉਹਾਰ ਤੇ ਅੰਬੇਡਕਰ ਜਯੰਤੀ ਦੇ ਇਤਿਹਾਸਕ ਮਹੱਤਵ ਨੂੰ ਦਰਸਾਉਂਦਿਆਂ ਹੋਇਆ ਭਾਸ਼ਣ ਦਿੱਤੇ।ਵਿਸਾਖੀ ਦੇ ਤਿਉਹਾਰ ਮੌਕੇ ਵਿਦਿਆਰਥੀਆਂ ਵੱਲੋਂ ਪੰਜਾਬੀ ਲੋਕ ਨਾਚ ਭੰਗੜਾ ਪੇਸ਼ ਕੀਤਾ ਗਿਆ।ਅਧਿਆਪਕਾਂ ਨੇ ਬੱਚਿਆਂ ਨੂੰ ਮਿੱਟੀ ਦੀ ਖੁਸ਼ਬੂ, ਫਸਲਾਂ ਦੀ ਸੁੰਦਰਤਾ ਤੇ ਹਰ ਚੀਜ਼ ਦੀ ਮਹੱਤਤਾ ਬਾਰੇ ਸਮਝਾਇਆ।ਪਹਿਲੀ ਤੋਂ ਪੰਜਵੀਂ ਜਮਾਤ ਦੇ ਬੱਚਿਆਂ ਨੇ ਫੈਂਸੀ ਡਰੈੱਸ ਮੁਕਾਬਲੇ, ਸਮੂਹ ਗਾਇਨ, ਡਾਂਸ ਤੇ ਕਵਿਤਾ ਪਾਠ 'ਤੇ ਪੇਸ਼ਕਾਰੀਆਂ ਦਿੱਤੀਆਂ।ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਅਲਪਨਾ ਪਾਠਕ ਨੇ ਸਾਰਿਆਂ ਨੂੰ ਵਿਸਾਖੀ ਦੇ ਤਿਉਹਾਰ ਦੀਆਂ ਵਧਾਈਆਂ ਦਿੱਤੀਆਂ।

## ਦੇਸ਼ ਭਗਤ ਗਲੋਬਲ ਸਕੂਲ 'ਚ ਮਨਾਇਆ ਵਿਸਾਖੀ ਦਾ ਤਿਉਹਾਰ



**ਮੰਡੀ ਗੋਬਿੰਦਗੜ੍ਹ (ਪ੍ਰਮੋਦ ਭਾਰਦਵਾਜ)**-ਦੇਸ਼ ਭਗਤ ਗਲੋਬਲ ਸਕੂਲ ਵੱਲੋਂ ਵਿਸਾਖੀ ਦਾ ਤਿਉਹਾਰ ਬੜੇ ਜੋਸ਼ ਤੇ ਉਤਸ਼ਾਹ ਨਾਲ ਮਨਾਇਆ ਗਿਆ।ਇਸ ਮੌਕੇ ਪੰਜਾਬ ਦੇ ਅਮੀਰ ਵਿਰਸੇ ਨੂੰ ਦਰਸਾਉਂਦੀਆਂ ਸੱਭਿਆਚਾਰਕ ਗਤੀਵਿਧੀਆਂ ਦੀ ਇੱਕ ਲੜੀ ਦਾ ਆਯੋਜਨ ਕੀਤਾ ਗਿਆ।ਇਹ ਜਸ਼ਨ ਇੱਕ ਵਿਸ਼ੇਸ਼ ਸਵੇਰ ਦੀ ਸਭਾ ਨਾਲ ਸ਼ੁਰੂ ਹੋਇਆ, ਜਿੱਥੇ ਵਿਦਿਆਰਥੀਆਂ ਨੇ ਵਿਸਾਖੀ ਦੇ ਇਤਿਹਾਸ ਤੇ ਧਾਰਮਿਕ ਮਹੱਤਵ ਨੂੰ ਉਜਾਗਰ ਕਰਦੇ ਹੋਏ ਭਾਸ਼ਣ ਦਿੱਤੇ।ਨਰਸਰੀ ਤੋਂ ਲੈ ਕੇ ਪੰਜਵੀਂ ਜਮਾਤ ਤੱਕ ਦੇ ਵਿਦਿਆਰਥੀਆਂ ਦਾ ਨੇੜਲੇ ਗੁਰਦੁਆਰਾ ਸਾਹਿਬ ਵਿਖੇ ਆਸ਼ੀਰਵਾਦ ਲੈਣ 'ਤੇ ਦਿਨ ਦੇ ਅਧਿਆਤਮਿਕ ਸਾਰ ਨੂੰ ਸਮਝਣ ਲਈ ਦੌਰਾ ਕਰਵਾਇਆ ਗਿਆ।ਇਸ ਦੌਰਾਨ ਇੰਟਰ-ਹਾਊਸ ਭੰਗੜਾ ਤੇ ਗਿੱਧਾ ਮੁਕਾਬਲੇ ਵੀ ਸ਼ਾਮਲ ਸਨ, ਜਿੱਥੇ ਵਿਦਿਆਰਥੀਆਂ ਨੇ ਆਮ ਪੰਜਾਬੀ ਲੋਕ ਨਾਚ ਰੂਪਾਂ ਵਿੱਚ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।7ਵੀਂ ਤੋਂ 9ਵੀਂ ਜਮਾਤ ਦੇ ਵਿਦਿਆਰਥੀਆਂ ਲਈ, ਦਿਲਚਸਪ ਪਰਾਂਦਾ ਤੇ ਦਸਤਾਰ ਬੰਨ੍ਹਣ ਦੇ ਮੁਕਾਬਲੇ ਵੀ ਕਰਵਾਏ ਗਏ, ਜੋ ਸੱਭਿਆਚਾਰਕ ਕਦਰ ਤੇ ਰਚਨਾਤਮਕਤਾ ਨੂੰ ਉਤਸ਼ਾਹਤ ਕਰਦੇ ਸਨ।ਇਸ ਦੌਰਾਨ ਪ੍ਰਿੰਸੀਪਲ ਇੰਦੂ ਸ਼ਰਮਾ ਨੇ ਵਿਦਿਆਰਥੀਆਂ ਨੂੰ ਇਸ ਖੁਸ਼ੀ ਭਰੇ ਮੌਕੇ 'ਤੇ ਵਧਾਈ ਦਿੱਤੀ।ਸਕੂਲ ਦੇ ਚੇਅਰਮੈਨ ਡਾ. ਜ਼ੋਰਾ ਸਿੰਘ ਤੇ ਜਨਰਲ ਸਕੱਤਰ ਡਾ. ਤਜਿੰਦਰ ਕੌਰ ਨੇ ਵੀ ਸ਼ਾਂਤੀ, ਏਕਤਾ ਤੇ ਸਦਭਾਵਨਾ ਦੇ ਸੁਨੇਹੇ ਸਾਂਝੇ ਕੀਤੇ, ਜਿਸ ਨਾਲ ਇਹ ਜਸ਼ਨ ਸਾਰਿਆਂ ਲਈ ਯਾਦਗਾਰੀ ਬਣ ਗਿਆ।

## ਰਹਿਮਤ ਵੈੱਲਫੇਅਰ ਫਾਊਂਡੇਸ਼ਨ ਵੱਲੋਂ ਖ਼ੂਨਦਾਨ ਕੈਂਪ



**ਬੁਢਲਾਡਾ (ਅਸ਼ੋਕ ਲਾਕੜਾ)**-ਇਲਾਕੇ ਦੀ ਸਮਾਜ ਸੇਵੀ ਸੰਸਥਾ ਨੇਕੀ ਫਾਉਂਡੇਸ਼ਨ ਬੁਢਲਾਡਾ ਦੇ ਸਹਿਯੋਗ ਨਾਲ ਪਿੰਡ ਦਰੀਆਪੁਰ ਕਲਾਂ ਦੀ ਰਹਿਮਤ ਵੈੱਲਫੇਅਰ ਫਾਉਂਡੇਸ਼ਨ ਵੱਲੋਂ ਡਾ. ਭੀਮ ਰਾਓ ਅੰਬੇਡਕਰ ਜਯੰਤੀ ਤੇ ਵਿਸਾਖੀ ਦੇ ਤਿਉਹਾਰ ਨੂੰ ਸਮਰਪਤ ਸਰਕਾਰੀ ਬਲੱਡ ਬੈਂਕ ਮਾਨਸਾ ਦਾ ਖੂਨਦਾਨ ਕੈਂਪ ਲਗਾਇਆ ਗਿਆ, ਜਿੱਥੇ ਮੈਡਮ ਸੁਨੈਨਾ ਮੰਗਲਾ ਤੇ ਕੌਂਸਲਰ ਅਮਨਦੀਪ ਸਿੰਘ ਦੀ ਦੇਖ-ਰੇਖ ਹੇਠ 40 ਨੌਜਵਾਨਾਂ ਤੇ ਔਰਤਾਂ ਨੇ ਖੂਨ ਦਾਨ ਕੀਤਾ।ਕੈਂਪ ਦੌਰਾਨ ਸਾਰੇ ਖੂਨਦਾਨੀਆਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਕਲੱਬ ਪ੍ਰਧਾਨ ਸੁਖਦਰਸ਼ਨ ਸਿੰਘ, ਸੈਕਟਰੀ ਮੰਗਾ ਸਿੰਘ, ਕੈਸ਼ੀਅਰ ਗੁਰਦੀਪ ਸਿੰਘ, ਸਾਬਕਾ ਪ੍ਰਧਾਨ ਤਰਸੇਮ ਸਿੰਘ, ਰਾਮਪਾਲ ਸਿੰਘ ਫ਼ੌਜੀ, ਜਗਤਾਰ ਸਿੰਘ ਪੰਜਾਬ ਪੁਲਿਸ, ਜਗਸੀਰ ਸਿੰਘ, ਰਾਜੂ ਕੁਲਾਣਾ, ਗੁਰਪਿਆਰ ਸਿੰਘ, ਮਹਿੰਦਰ ਸਿੰਘ ਪਾਸਟਰ, ਸ਼ੇਰ ਸਿੰਘ ਪੰਚ, ਜਗਜੀਤ ਸਿੰਘ ਪੰਚ, ਗੁਰਵਿੰਦਰ ਸਿੰਘ, ਅਰਸ਼ਦੀਪ ਸਿੰਘ, ਬੱਗੀ ਸਿੰਘ, ਜਥੇਦਾਰ ਅਮਰਜੀਤ ਸਿੰਘ ਕੁਲਾਣਾ, ਮੰਗਤ ਰਾਏ ਬਾਂਸਲ, ਟਿੰਕੂ ਪੰਜਾਬ, ਰਜਿੰਦਰ ਗੋਇਲ, ਸੁਰਿੰਦਰ ਪ੍ਰੇਮੀ, ਸਰਪੰਚ ਜਸਪਾਲ ਸਿੰਘ ਦਰੀਆਪੁਰ, ਸਮੂਹ ਪੰਚਾਇਤ, ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ, ਨੇਕੀ ਟੀਮ, ਨਗਰ ਨਿਵਾਸੀ ਆਦਿ ਹਾਜ਼ਰ ਸਨ।

## ਵਿਧਾਇਕ ਦਿਆਲਪੁਰਾ ਨੇ ਕਣਕ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ




**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਅਨਾਜ ਮੰਡੀ ਵਿੱਚ ਕਣਕ ਦੀ ਸਰਕਾਰੀ ਖਰੀਦ ਦਾ ਕੰਮ ਸ਼ੁਰੂ ਹੋ ਗਿਆ ਹੈ, ਜਿਸ ਦਾ ਉਦਘਾਟਨ ਹਲਕਾ ਸਮਰਾਲਾ ਦੇ ਵਿਧਾਇਕ ਜਗਤਾਰ ਸਿੰਘ ਦਿਆਲਪੁਰਾ ਨੇ ਕੀਤਾ। ਖਰੀਦ ਦੇ ਉਦਘਾਟਨ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਦਿਆਲਪੁਰਾ ਨੇ ਕਿਹਾ ਕਿ ਮੰਡੀ ਵਿੱਚ ਖਰੀਦ ਦੇ ਪ੍ਰਬੰਧ ਮੁਕੰਮਲ ਹਨ ਅਤੇ ਏਜੰਸੀਆਂ ਕੋਲ ਸਾਰਾ ਬਾਰਦਾਨਾ ਪਹੁੰਚ ਚੁੱਕਾ ਹੈ। ਉਨ੍ਹਾਂ ਕਿਹਾ ਕਿ ਮੰਡੀ ਬੋਰਡ ਤੇ ਖਰੀਦ ਏਜੰਸੀਆਂ ਦੇ ਅਧਿਕਾਰੀਆਂ ਨੂੰ ਹਦਾਇਤਾਂ ਕੀਤੀਆਂ ਗਈਆਂ ਹਨ ਕਿ ਕਿਸਾਨਾਂ ਦੀ ਫਸਲ ਅਦਾਇਗੀ ਤੁਰੰਤ ਕੀਤੀ ਜਾਵੇ ਤਾਂ ਜੋ ਉਨ੍ਹਾਂ ਨੂੰ ਕੋਈ ਮੁਸ਼ਕਲ ਨਾ ਆਵੇ। ਉਨ੍ਹਾਂ ਕਿਹਾ ਕਿ ਮਾਛੀਵਾੜਾ ਮੰਡੀ ਤੋਂ ਇਲਾਵਾ ਉਪ ਖਰੀਦ ਕੇਂਦਰ ਲੱਖੋਵਾਲ ਕਲਾਂ, ਬੁਰਜ ਪਵਾਤ, ਸ਼ੇਰਪੁਰ ਬੇਟ ਤੇ ਹੇਡੋਂ ਬੇਟ ਵਿਖੇ ਖਰੀਦ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ ਅਤੇ ਕਿਸਾਨਾਂ ਲਈ ਸ਼ੁੱਧ ਪਾਣੀ ਤੇ ਫੜ੍ਹਾਂ ਦੀ ਸਫ਼ਾਈ ਵੀ ਕਰਵਾ ਦਿੱਤੀ ਹੈ। ਵਿਧਾਇਕ ਦਿਆਲਪੁਰਾ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਮੰਡੀ ਵਿੱਚ ਵੇਚਣ ਲਈ ਸੁੱਕੀ ਫਸਲ ਲੈ ਕੇ ਆਉਣ ਤਾਂ ਜੋ ਉਨ੍ਹਾਂ ਨੂੰ ਕੋਈ ਪ੍ਰੇਸ਼ਾਨੀ ਨਾ ਆਵੇ। ਇਸ ਮੌਕੇ ਮਾਰਕੀਟ ਕਮੇਟੀ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਸਾਬਕਾ ਚੇਅਰਮੈਨ ਦਰਸ਼ਨ ਕੁਮਾਰ ਕੁੰਦਰਾ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਗੁਰਨਾਮ ਸਿੰਘ ਨਾਗਰਾ, ਰਾਜੀਵ ਕੌਸ਼ਲ, ਲਖਵੀਰ ਸਿੰਘ ਲੱਖੀ, ਪ੍ਰਿੰਸ ਮਿੱਠੇਵਾਲ, ਨਿਤਿਨ ਜੈਨ, ਬਿੰਦਰ ਸਿੰਘ, ਪੁਨੀਤ ਜੈਨ, ਹਰਵਿੰਦਰ ਸਿੰਘ ਸ਼ੇਰੀਆਂ, ਹੈਪੀ ਬਾਂਸਲ, ਪੀਏ ਨਵਜੀਤ ਸਿੰਘ ਉਟਾਲਾਂ, ਸਰਪੰਚ ਬਲਪ੍ਰੀਤ ਸਿੰਘ ਸਮਸ਼ਪੁਰ, ਪ੍ਰਵੀਨ ਮੱਕੜ, ਜਸਵੀਰ ਸਿੰਘ ਗਿੱਲ, ਇੰਸਪੈਕਟਰ ਅਮਰਿੰਦਰ ਸਿੰਘ ਹੈਪੀ, ਇੰਸਪੈਕਟਰ ਯਾਦਵਿੰਦਰ ਸਿੰਘ ਆਦਿ ਮੌਜੂਦ ਸਨ।

## ਚੇਅਰਮੈਨ ਸੁਖਵਿੰਦਰ ਨੇ ਜੱਦੀ ਪਿੰਡ 'ਚ ਕਣਕ ਦੀ ਖਰੀਦ ਸ਼ੁਰੂ ਕਰਵਾਈ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਮਾਰਕੀਟ ਕਮੇਟੀ ਮਹਿਲ ਕਲਾਂ ਦੇ ਚੇਅਰਮੈਨ ਸੁਖਵਿੰਦਰ ਦਾਸ ਬਾਵਾ ਨੇ ਆਪਣੇ ਜੱਦੀ ਪਿੰਡ ਕੁਰੜ ਦੀ ਅਨਾਜ ਮੰਡੀ ਵਿਖੇ ਕਣਕ ਦੀ ਸਰਕਾਰੀ ਖਰੀਦ ਦੀ ਰਸਮੀ ਸ਼ੁਰੂਆਤ ਕੀਤੀ।ਚੇਅਰਮੈਨ ਬਾਵਾ ਨੇ ਕਿਹਾ ਕਿ ਪੰਜਾਬ ਸਰਕਾਰ, ਮੰਡੀਕਰਨ ਬੋਰਡ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਮਾਰਕੀਟ ਕਮੇਟੀ ਮਹਿਲ ਕਲਾਂ ਦੇ 24 ਖਰੀਦ ਕੇਂਦਰਾਂ 'ਚ ਢੁੱਕਵੇਂ ਪ੍ਰਬੰਧ ਕੀਤੇ ਗਏ ਹਨ।ਉਨ੍ਹਾਂ ਕਿਸਾਨਾਂ ਨੂੰ ਅਪੀਲ ਕੀਤੀ ਕਿ ਅਨਾਜ ਮੰਡੀ ਵਿੱਚ ਸਿਰਫ਼ ਸੁੱਕੀ, ਸਾਫ ਫਸਲ ਹੀ ਲਿਆਉਣ ਤਾਂ ਜੋ ਕੋਈ ਰੁਕਾਵਟ ਨਾ ਆਵੇ।ਚੇਅਰਮੈਨ ਬਾਵਾ ਨੇ ਦੱਸਿਆ ਕਿ ਅੱਗ ਲੱਗਣ ਦੀਆਂ ਘਟਨਾਵਾਂ ਉਪਰ ਤੁਰੰਤ ਕਾਬੂ ਪਾਉਣ ਦੇ ਲਈ ਫਾਇਰ ਬ੍ਰਿਗੇਡ ਗੱਡੀ ਦੀ ਸਹੂਲਤ ਮਹਿਲ ਕਲਾਂ ਵਿਖੇ ਦਿਤੀ ਜਾਵੇਗੀ।ਮੰਡੀ ਸੁਪਰਵਾਈਜ਼ਰ ਰਾਜਦੀਪ ਸਿੰਘ ਨੇ ਦੱਸਿਆ ਕਿ ਸਕੱਤਰ ਡੀਨਪਾਲ ਸਿੰਘ ਦੀ ਅਗਵਾਈ ਹੇਠ ਸਾਰੇ ਖਰੀਦ ਕੇਂਦਰਾਂ 'ਤੇ ਫਸਲ ਵੇਚਣ ਆਏ ਕਿਸਾਨਾਂ ਲਈ ਸਹੂਲਤਾਂ ਦਾ ਪ੍ਰਬੰਧ ਕੀਤਾ ਗਿਆ ਹੈ।ਕਿਸੇ ਵੀ ਕਿਸਾਨ, ਆੜ੍ਹਤੀਆ ਜਾਂ ਮਜ਼ਦੂਰ ਨੂੰ ਕਿਸੇ ਤਰ੍ਹਾਂ ਦੀ ਸਮੱਸਿਆ ਨਹੀਂ ਆਉਣ ਦਿੱਤੀ ਜਾਵੇਗੀ।ਇਸ ਮੌਕੇ ਖਰੀਦ ਇੰਸਪੈਕਟਰ, ਆੜ੍ਹਤੀਏ, ਕਿਸਾਨ ਹਾਜ਼ਰ ਸਨ।



ਬਹੁਜਨ ਸਮਾਜ ਪਾਰਟੀ ਇਕਾਈ ਪਿੰਡ ਲਹਿਰਾ ਮੁਹੱਬਤ ਵੱਲੋਂ ਖਾਲਸਾ ਸਾਜਨਾ ਦਿਵਸ ਤੇ ਡਾ. ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਨ ਉਤਸ਼ਾਹ ਤੇ ਜੋਸ਼ੋ-ਖਰੋਸ਼ ਨਾਲ ਮਨਾਇਆ ਗਿਆ। ਇਸ ਮੌਕੇ ਇਕੱਤਰ ਹੋਏ ਬਸਪਾ ਵਰਕਰਾਂ ਕੁਲਵੰਤ ਸਿੰਘ, ਸੱਤਪਾਲ ਸਿੰਘ (ਰਿਟਾ. ਪੰਜਾਬ ਹੋਮ ਗਾਰਡ), ਹਰਤੇਜ ਸਿੰਘ ਗੋਰਾ ਖਾਲਸਾ, ਬਲਵਿੰਦਰ ਸਿੰਘ ਖਾਲਸਾ, ਕੁਲਦੀਪ ਸਿੰਘ ਤੇ ਤੋਤਾ ਸਿੰਘ ਖਾਲਸਾ ਲਹਿਰਾ ਸੌਂਧਾ ਸਮੇਤ ਹੋਰ ਵਰਕਰਾਂ ਨੇ 'ਬੋਲੇ ਸੋ ਨਿਹਾਲ' ਦੇ ਜੈਕਾਰੇ ਲਗਾਏ ਅਤੇ 'ਜੈ ਭੀਮ ਜੈ ਭਾਰਤ' ਦਾ ਨਾਅਰਾ ਬੁਲੰਦ ਕਰਦੇ ਹੋਏ ਡਾ. ਅੰਬੇਡਕਰ ਦੀ ਸੋਚ ਉੱਤੇ ਪਹਿਰਾ ਦੇਣ ਦਾ ਅਹਿਦ ਕੀਤਾ ਗਿਆ। (ਫੋਟੋ ਤੇ ਵੇਰਵਾ : ਭੀਮ ਸੈਨ ਹਦਵਾਰੀਆ)

# ਦਲਿਤ ਵਰਗ ਨੂੰ ਹੋਰ ਚੇਤਨ ਹੋਣ ਦੀ ਲੋੜ : ਦੇਵੀ ਕੁਮਾਰੀ



**ਸਰਹਾਲੀ ਕਲਾਂ (ਪੱਤਰ ਪ੍ਰੇਰਕ)**- ਦੇਸ਼ ਦੇ ਸੰਵਿਧਾਨ ਦੇ ਨਿਰਮਾਤਾ ਦਲਿਤ ਅਤੇ ਮਿਹਨਤੀ ਲੋਕਾਂ ਦੇ ਮਸੀਹਾ ਡਾ. ਬੀ ਆਰ ਅੰਬੇਡਕਰ ਦਾ 134ਵਾਂ ਜਨਮ ਦਿਹਾੜੇ ਹੈ ਦੀ ਮਹੱਤਤਾ ਲਗਾਤਾਰ ਵਧ ਰਹੀ ਹੈ। ਜਦੋਂ ਦੇਸ਼ ਦੇ ਕਿਰਤੀ ਲੋਕ ਸਮਾਜਿਕ ਸਮਾਨਤਾ ਲਈ, ਜਾਤ ਪਾਤ ਦੇ ਕੋਹੜ ਦੇ ਖ਼ਿਲਾਫ਼ ਅਤੇ ਦਲਿਤਾਂ ਉਤੇ ਹੁੰਦੇ ਅੱਤਿਆਚਾਰ ਵਿਰੁੱਧ ਜੱਦੋ ਜਹਿਦ ਤੇਜ਼ ਕਰ ਰਹੇ ਹਨ। ਇਸ ਦੇ ਨਾਲ ਹੀ ਆਰਥਿਕ ਤੌਰ 'ਤੇ ਬਿਹਤਰ ਜ਼ਿੰਦਗੀ ਲਈ ਵੀ ਸੰਘਰਸ਼ਸ਼ੀਲ ਹਨ। ਉਕਤ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਖੇਤ ਮਜ਼ਦੂਰ ਸਭਾ ਦੀ ਸੂਬਾ ਜਨਰਲ ਸਕੱਤਰ ਕਾਮਰੇਡ ਦੇਵੀ ਕੁਮਾਰੀ ਸਰਹਾਲੀ ਕਲਾਂ ਨੇ ਕੀਤਾ। ਉਹ ਬਾਬਾ ਤਾਰਾ ਸਿੰਘ ਮਾਰਕੀਟ ਸਰਹਾਲੀ ਕਲਾਂ ਵਿਖੇ ਇਕੱਠ ਨੂੰ ਸੰਬੋਧਨ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਦੇਸ਼ ਵਿੱਚ ਜੋ ਭੀਮ ਲਾਲ ਸਲਾਮ ਅਤੇ ਇਨਕਲਾਬ ਜ਼ਿੰਦਾਬਾਦ ਦਾ ਨਾਅਰਾ ਅੱਗੇ ਵਧ ਰਿਹਾ ਹੈ। ਅੱਜ ਕੋਈ ਰਾਜਨੀਤਕ ਧਿਰ ਦਲਿਤਾਂ ਨੂੰ ਅੱਖੋਂ ਪਰੋਖੇ ਨਹੀਂ ਕਰ ਸਕਦੀ। ਇਸ ਏਕੇ ਨੂੰ ਹੋਰ ਮਜ਼ਬੂਤ ਕਰਨ ਦੀ ਲੋੜ ਹੈ। ਜਿਹੜੇ ਸਵਾਲ ਪੰਜਾਬ ਖੇਤ ਮਜ਼ਦੂਰ ਸਭਾ ਨੇ ਲੰਮੇ ਸਮੇ ਤੋਂ ਉਠਾਏ, ਅੱਜ ਉਹ ਕੌਮੀ ਮੁੱਦੇ ਬਣ ਗਏ ਹਨ। ਅਨੁਸੂਚਿਤ ਜਾਤੀ ਛੋਟੀ ਯੋਜਨਾ ਬਹੁਤ ਜੱਦੋ ਜਹਿਦ ਤੋਂ ਬਾਅਦ ਲਿਆਂਦੀ ਗਈ ਇੱਕ ਚੰਗੀ ਪ੍ਰਾਪਤੀ ਹੈ ਪ੍ਰੰਤੂ ਇਸ ਨੂੰ ਸਹੀ ਲਾਗੂ ਨਹੀਂ ਕੀਤਾ ਜਾ ਰਿਹਾ। ਉਨ੍ਹਾਂ ਪਿੰਡਾਂ ਦੇ ਕਾਮਿਆਂ ਨੂੰ ਸੱਦਾ ਦਿੱਤਾ ਕਿ ਉਹ ਵਧੇਰੇ ਇਕਮੁੱਠ ਹੋ ਕੇ ਇਸ ਯੋਜਨਾ ਨੂੰ ਸਹੀ ਲਾਗੂ ਕਰਵਾਉਣ ਵਾਸਤੇ ਜੱਦੋ ਜਹਿਦ ਤੇਜ਼ ਕਰਨ। ਇਸ ਇਕੱਠ ਨੂੰ ਪੰਜਾਬ ਖੇਤ ਮਜ਼ਦੂਰ ਸਭਾ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਖਦੇਵ ਸਿੰਘ ਕੋਟ ਧਰਮ ਚੰਦ ਕਲਾਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਨੇ ਮਜਜ਼ਦੂਰਾਂ ਨਾਲ ਜੋ ਵਾਅਦੇ ਕੀਤੇ ਸਨ ਉਹ ਖੋਖਲੇ ਸਾਬਤ ਹੋ ਰਹੇ ਹਨ। ਨਸ਼ਾ ਅਤੇ ਗੁੰਡਾਗਰਦੀ ਦਿਨੋਂ ਦਿਨ ਵਧਦੀ ਜਾ ਰਹੀ ਹੈ। ਮਹਿੰਗਾਈ ਅਤੇ ਬੇਰੁਜ਼ਗਾਰੀ ਹੱਦਾਂ ਪਾਰ ਕਰ ਗਈ ਹੈ। ਉਨ੍ਹਾਂ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਸਰਕਾਰ ਆਪਣੀਆਂ ਕੀਤੀਆਂ ਹੋਈਆਂ ਗਰੰਟੀਆਂ ਫੌਰੀ ਲਾਗੂ ਕਰੇ ਮਜ਼ਦੂਰਾਂ ਸਿਰ ਚੜ੍ਹਿਆ ਕਰਜ਼ਾ ਮਾਈਕਰੋ ਫਾਇਨਾਂਸ ਕੰਪਨੀਆਂ ਸਮੇਤ ਮੁਆਫ਼ ਕੀਤਾ ਜਾਵੇ, ਵਿਧਵਾ ਬੁਢਾਪਾ ਪੈਨਸ਼ਨ ਪੰਜ ਹਜ਼ਾਰ ਰੁਪਏ ਤੁਰੰਤ ਲਾਗੂ ਕੀਤਾ ਜਾਵੇ, ਔਰਤਾਂ ਦੇ ਖਾਤਿਆਂ ਵਿੱਚ ਇੱਕ ਇੱਕ ਹਜ਼ਾਰ ਰੁਪਏ ਤੁਰੰਤ ਪਾਏ ਜਾਣ, ਪੰਚਾਇਤੀ ਜ਼ਮੀਨ ਦੀਆ ਡੰਮੀ ਬੋਲੀਆਂ ਬੰਦ ਕੀਤੀਆਂ ਜਾਣ। ਇਸ ਮੌਕੇ ਆਗੂ ਕਾਮਰੇਡ ਪ੍ਰੀਤਮ ਕੌਰ, ਕਾਮਰੇਡ ਦਲਬੀਰ ਸਿੰਘ ਫੌਜੀ, ਕਾਮਰੇਡ ਸੀਮਾ ਸਰਹਾਲੀ, ਕਾਮਰੇਡ ਭਪਿੰਦਰ ਸਿੰਘ, ਕਾਮਰੇਡ ਗੌਰਵਜੀਤ ਸਿੰਘ, ਕਾਮਰੇਡ ਬਲਜਿੰਦਰ ਕੌਰ, ਕਾਮਰੇਡ ਮਨਪ੍ਰੀਤ ਕੌਰ, ਨਿੰਦਰ ਕੌਰ, ਜੋਗਿੰਦਰ ਸਿੰਘ ਫੌਜੀ, ਅਮਰ ਸਿੰਘ ਫੌਜੀ, ਕਾਮਰੇਡ ਅਜੀਤ ਸਿੰਘ, ਕਾਮਰੇਡ ਸੁਖਵਿੰਦਰ ਕੌਰ, ਗੁਰਮੀਤ ਕੌਰ, ਆਦਿ ਹਾਜ਼ਰ ਸਨ।

## ਹੋਟਲਾਂ, ਰੈਸਟੋਰੈਂਟਾਂ, ਪੈਲੇਸਾਂ 'ਚ ਕੇਵਲ ਵਪਾਰਕ ਗੈਸ ਸਿਲੰਡਰਾਂ ਦੀ ਵਰਤੋਂ ਹੀ ਕੀਤੀ ਜਾਵੇ : ਡੀ ਐੱਫ ਐੱਸ ਸੀ



ਗੁਰਦਾਸਪੁਰ (ਜਨਕ ਮਹਾਜਨ)- ਸੁਖਜਿੰਦਰ ਸਿੰਘ ਜ਼ਿਲ੍ਹਾ ਕੰਟਰੋਲਰ ਖ਼ੁਰਾਕ ਸਿਵਲ ਸਪਲਾਈਜ਼ ਅਤੇ ਖਪਤਕਾਰ ਮਾਮਲੇ ਗੁਰਦਾਸਪੁਰ ਨੇ ਕਿਹਾ ਹੈ ਕਿ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅਧੀਨ ਆਉਂਦੇ ਬਜ਼ਾਰਾਂ ਵਿੱਚ ਆਮ ਵੇਖਣ ਵਿੱਚ ਆਉਂਦਾ ਹੈ ਕਿ ਹੋਟਲਾਂ, ਰੈਸਟੋਰੈਂਟਾਂ, ਢੋਬਿਆਂ, ਢਾਬਿਆਂ, ਪੈਲੇਸਾਂ ਆਦਿ ਵਿੱਚ ਵਪਾਰਕ ਗੈਸ ਸਿਲੰਡਰਾਂ ਦੀ ਜਗ੍ਹਾ 'ਤੇ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਕੀਤੀ ਜਾ ਰਹੀ ਹੈ ਜੋ ਕਿ ਲਿਕੁਫਾਈਡ ਪੈਟਰੋਲੀਅਮ ਗੈਸ ਆਰਡਰ, 2000 ਮਾਰਕੀਟਿੰਗ ਡਸਿਪਲਿਨ ਗਾਈਡਲਾਈਨਜ਼ ਦੇ ਨਿਯਮਾਂ ਦੀ ਉਲੰਘਣਾ ਹੈ। ਇਸ ਸਬੰਧੀ ਜ਼ਿਲ੍ਹਾ ਕੰਟਰੋਲਰ ਗੁਰਦਾਸਪੁਰ ਸੁਖਜਿੰਦਰ ਸਿੰਘ ਨੇ ਜ਼ਿਲ੍ਹਾ ਗੁਰਦਾਸਪੁਰ ਦੀ ਹਦੂਦ ਅਧੀਨ ਆਉਂਦੇ ਹੋਟਲਾਂ, ਰੈਸਟੋਰੈਂਟਾਂ, ਢੋਬਿਆਂ, ਢਾਬਿਆਂ, ਪੈਲੇਸ ਮਾਲਕਾਂ ਨੂੰ ਅਪੀਲ ਕੀਤੀ ਹੈ ਕਿ ਉਹ ਆਪਣੇ ਵਪਾਰਕ ਸਥਾਨਾਂ ਉੱਪਰ ਘਰੇਲੂ ਗੈਸ ਸਿਲੰਡਰਾਂ ਦੀ ਵਰਤੋਂ ਬਿਲਕੁਲ ਨਾ ਕਰਨ ਅਤੇ ਕੇਵਲ ਵਪਾਰਕ ਗੈਸ ਸਿਲੰਡਰਾਂ ਦੀ ਵਰਤੋਂ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਗੈਸ ਏਜੰਸੀ ਮਾਲਕਾਂ ਨੂੰ ਵੀ ਅਪੀਲ ਕੀਤੀ ਹੈ ਕਿ ਖਪਤਕਾਰਾਂ ਨੂੰ ਗੈਸ (ਭਰਿਆ ਸਿਲੰਡਰ) ਵਜ਼ਨ ਕਰਕੇ ਦਿੱਤਾ ਜਾਵੇ ਅਤੇ ਡਲਿਵਰੀ ਮੈਨ ਭਾਰ ਤੋਲਣ ਵਾਲੀ ਮਸ਼ੀਨ ਹਮੇਸ਼ਾ ਨਾਲ ਰੱਖਣਗੇ। ਉਨ੍ਹਾਂ ਕਿਹਾ ਕਿ ਡਲਿਵਰੀ ਮੈਨ ਯੂਨੀਫ਼ਾਰਮ ਪਹਿਨਣਗੇ ਅਤੇ ਉਨ੍ਹਾਂ ਕੋਲ ਆਈ.ਕਾਰਡ ਮੌਜੂਦ ਹੋਣੇ ਚਾਹੀਦੇ ਹਨ।

# ਟੈਕਨੀਕਲ ਸਰਵਿਸਿਜ਼ ਯੂਨੀਅਨ ਵੱਲੋਂ ਨਿੱਜੀਕਰਨ ਵਿਰੁੱਧ ਸਰਕਲ ਪੱਧਰ 'ਤੇ ਕਨਵੈਨਸ਼ਨਾਂ ਕਰਨ ਦਾ ਫ਼ੈਸਲਾ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਟੈਕਨੀਕਲ ਸਰਵਿਸਿਜ਼ ਯੂਨੀਅਨ ਸਬ ਅਰਬਨ ਸਰਕਲ ਅੰਮ੍ਰਿਤਸਰ ਦੀ ਮੀਟਿੰਗ ਸਰਕਲ ਪ੍ਰਧਾਨ ਮਲਕੀਅਤ ਸਿੰਘ ਸੈਂਸਰਾ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਕੇਂਦਰ ਸਰਕਾਰ ਵੱਲੋਂ ਚੰਡੀਗੜ੍ਹ ਯੂ.ਟੀ. ਬਿਜਲੀ ਵਿਭਾਗ ਦਾ ਮੁਕੰਮਲ ਨਿੱਜੀਕਰਨ ਕਰਨ 'ਤੇ ਵਿਚਾਰ ਚਰਚਾ ਕੀਤੀ ਗਈ। ਆਗੂਆਂ ਨੇ ਦੱਸਿਆ ਕਿ ਚੰਡੀਗੜ੍ਹ ਵਿੱਚ ਸਰਕਾਰੀ ਬਿਜਲੀ ਕਾਰਪੋਰੇਸ਼ਨ ਨੂੰ ਕਲਕੱਤੇ ਦੀ ਨਿੱਜੀ ਕੰਪਨੀ ਐਮੀਨੈਂਟ ਪਾਵਰ ਕਾਰਪੋਰੇਸ਼ਨ ਹਵਾਲੇ ਕਰ ਦਿੱਤਾ ਗਿਆ ਹੈ ਅਤੇ ਰੈਗੂਲਰ ਬਿਜਲੀ ਮੁਲਾਜ਼ਮਾਂ ਨੂੰ ਕੰਪਨੀ ਦੇ ਨਿਯਮਾਂ ਮੁਤਾਬਕ ਕੰਮ ਕਰਨ ਦੇ ਨਿਰਦੇਸ਼ ਦੇ ਦਿੱਤੇ ਗਏ ਹਨ। ਉਹਨਾਂ ਕਿਹਾ ਕਿ ਕਾਮਿਆਂ ਨੂੰ ਇੱਕ ਸਾਲ ਦੇ ਪਰਖਕਾਲ 'ਤੇ ਰੱਖਿਆ ਗਿਆ ਹੈ ਅਤੇ ਰਿਟਾਇਰ ਹੋਏ ਰੈਗੂਲਰ ਕਾਮਿਆਂ ਦੀ ਪੈਨਸ਼ਨ, ਗਰੈਚੂਟੀ, ਲੀਵ ਇਨਕੈਸ਼ਮੈਂਟ ਅਤੇ ਜੀ.ਪੀ.ਐਫ. ਦੀ ਨਾ ਤਾਂ ਸਰਕਾਰ ਅਤੇ ਨਾ ਹੀ ਕੰਪਨੀ ਵੱਲੋਂ ਕੋਈ ਗਰੰਟੀ ਕੀਤੀ ਗਈ ਹੈ, ਬਲਕਿ ਆਊਟਸੋਰਸ ਕਾਮਿਆਂ ਦੀ ਕੰਪਨੀ ਵੱਲੋਂ ਵੱਡੀ ਪੱਧਰ 'ਤੇ ਛਾਂਟੀ ਕਰ ਦਿੱਤੀ ਗਈ ਹੈ ਜਿਸ ਕਾਰਨ ਆਉਣ ਵਾਲੇ ਸਮੇਂ ਵਿੱਚ ਇਹ ਨਿੱਜੀਕਰਨ ਦਾ ਖਤਰਾ ਪੰਜਾਬ ਦੇ ਬਿਜਲੀ ਵਿਭਾਗ 'ਤੇ ਵੀ ਮੰਡਰਾ ਰਿਹਾ ਹੈ, ਜਿਸ ਦੀਆਂ ਤਿਆਰੀਆਂ ਪੰਜਾਬ ਸਰਕਾਰ ਕਰ ਰਹੀ ਹੈ। ਇਸ ਲਈ ਨਿੱਜੀਕਰਨ ਦੇ ਇਸ ਹੱਲੇ ਵਿਰੁੱਧ ਸੰਘਰਸ਼ ਨੂੰ ਤਿੱਖਾ ਅਤੇ ਵਿਸ਼ਾਲ ਕਰਨ ਲਈ ਸੂਬਾ ਕਮੇਟੀ ਦੇ ਸਰਕਲ ਪੱਧਰੀ ਕਨਵੈਨਸ਼ਨਾਂ ਕਰਨ ਦਾ ਫੈਸਲਾ ਕੀਤਾ ਹੈ। ਜਿਸ ਤਹਿਤ ਸਬ ਅਰਬਨ ਸਰਕਲ ਅੰਮ੍ਰਿਤਸਰ ਦੀ ਕਨਵੈਨਸ਼ਨ 8 ਮਈ ਨੂੰ ਕਰਨ ਦੀ ਤਿਆਰੀ ਕੀਤੀ ਗਈ। ਆਗੂਆਂ ਨੇ ਦੱਸਿਆ ਕਿ 16 ਅਪ੍ਰੈਲ 2010 ਨੂੰ ਪੰਜਾਬ ਸਰਕਾਰ ਵੱਲੋਂ ਬਿਜਲੀ ਬੋਰਡ ਨੂੰ ਤੋੜ ਕੇ ਦੋ ਕਾਰਪੋਰੇਸ਼ਨਾਂ ਵਿੱਚ ਵੰਡ ਦਿੱਤਾ ਗਿਆ ਸੀ, ਜਿਸ ਵਿਰੁੱਧ 16 ਅਪ੍ਰੈਲ ਨੂੰ ਕਾਲਾ ਦਿਵਸ ਮਨਾਇਆ ਜਾਵੇਗਾ, ਮਈ ਦਿਵਸ ਦੇ ਸ਼ਹੀਦਾਂ ਵੱਲੋਂ ਕੀਤੀਆਂ ਪ੍ਰਾਪਤੀਆਂ ਨੂੰ ਉਚਿਆਉਂਦਿਆਂ ਮਜ਼ਦੂਰ ਅਤੇ ਮੁਲਾਜ਼ਮ ਵਿਰੋਧੀ ਘੜੇ ਗਏ ਕਾਨੂੰਨਾਂ ਵਿਰੁੱਧ ਇੱਕ ਮਈ ਨੂੰ ਮਜ਼ਦੂਰ ਦਿਹਾੜਾ ਮਨਾਇਆ ਜਾਵੇਗਾ। ਆਗੂਆਂ ਮੰਗ ਕੀਤੀ ਕਿ ਸਾਮਰਾਜੀ ਦਿਸ਼ਾ ਨਿਰਦੇਸ਼ਿਤ ਨਿੱਜੀਕਰਨ ਦੀਆਂ ਨੀਤੀਆਂ ਨੂੰ ਰੱਦ ਕੀਤਾ ਜਾਵੇ, ਆਊਟਸੋਰਸਿੰਗ ਦੀ ਨੀਤੀ ਰੱਦ ਕੀਤੀ ਜਾਵੇ, ਬਿਜਲੀ ਐਕਟ 2003 ਅਤੇ 2022 ਰੱਦ ਕੀਤਾ ਜਾਵੇ, ਠੇਕੇਦਾਰੀ ਦੀ ਨੀਤੀ ਰੱਦ ਕਰਕੇ ਰੈਗੂਲਰ ਭਰਤੀ ਕੀਤੀ ਜਾਵੇ, ਸਮੂਹ ਆਊਟਸੋਰਸ ਮੁਲਾਜ਼ਮਾਂ ਨੂੰ ਵਿਭਾਗ ਵਿੱਚ ਲੈ ਕੇ ਰੈਗੂਲਰ ਕੀਤਾ ਜਾਵੇ, ਮੁਲਾਜ਼ਮ ਅਤੇ ਮਜ਼ਦੂਰ ਵਿਰੋਧੀ ਅਤੇ ਨਿੱਜੀ ਕੰਪਨੀਆਂ ਨੂੰ ਰਾਸ ਬੈਠਦੇ ਲੇਬਰ ਕੋਡ ਰੱਦ ਕਰਕੇ ਪਹਿਲੇ ਕਿਰਤ ਕਾਨੂੰਨ ਬਹਾਲ ਕੀਤੇ ਜਾਣ, 2004 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਲਾਗੂ ਕੀਤੀਆਂ ਨਵੀਆਂ ਪੈਨਸ਼ਨ ਸਕੀਮਾਂ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਲਾਗੂ ਕੀਤੀ ਜਾਵੇ। ਮੀਟਿੰਗ ਵਿੱਚ ਸੂਬਾ ਪ੍ਰਧਾਨ ਕ੍ਰਿਸ਼ਨ ਸਿੰਘ ਔਲਖ, ਸਰਕਲ ਸਕੱਤਰ ਸੁਖਪਾਲ ਸਿੰਘ ਮਜੀਠਾ, ਸਰਕਲ ਕੈਸ਼ੀਅਰ ਕੁੰਦਨ ਲਾਲ ਹਰੀਆਂ, ਦਿਹਾਤੀ ਮੰਡਲ ਪ੍ਰਧਾਨ ਰਘਬੀਰ ਸਿੰਘ ਮਜੀਠਾ, ਅਜਨਾਲਾ ਮੰਡਲ ਪ੍ਰਧਾਨ ਬਲਜੀਤ ਸਿੰਘ ਚਿਤੌੜਗੜ੍ਹ, ਬਲਜਿੰਦਰ ਸਿੰਘ ਥੋਬਾ ਆਦਿ ਆਗੂ ਹਾਜ਼ਰ ਸਨ।

## ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਕਾਮਰਸ ਵਿਭਾਗ ਨੇ ਵਰਕਸ਼ਾਪ ਲਗਾਈ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਅਤੇ ਕਾਲਜ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਦੀ ਦੇਖ-ਰੇਖ ਹੇਠ ਚੱਲ ਰਹੇ ਬਾਬਾ ਅਜੈ ਸਿੰਘ ਖਾਲਸਾ ਕਾਲਜ ਗੁਰਦਾਸਨੰਗਲ ਵਿਖੇ ਕਾਲਜ ਦੇ ਕਾਮਰਸ ਵਿਭਾਗ ਵੱਲੋਂ ਇਨਕਮ ਟੈਕਸ ਰਿਟਰਨ ਅਤੇ ਈ-ਫਾਈਲਿੰਗ ਵਿਸ਼ੇ ਨਾਲ ਸਬੰਧਤ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ। ਇਸ ਵਰਕਸ਼ਾਪ ਵਿੱਚ ਐੱਸ.ਐੱਸ.ਐੱਮ.ਕਾਲਜ ਦੀਨਾਨਗਰ ਤੋਂ ਕਮਰਸ ਵਿਭਾਗ ਦੇ ਸਹਾਇਕ ਪ੍ਰੋਫ਼ੈਸਰ ਗੁਰਪ੍ਰੀਤ ਕੌਰ ਨੇ ਸਰੋਤ ਵਿਅਕਤੀ ਵਜੋਂ ਸ਼ਿਰਕਤ ਕੀਤੀ। ਉਹਨਾਂ ਵਿਦਿਆਰਥੀਆਂ ਨੂੰ ਪੈਨ ਕਾਰਡ ਅਪਲਾਈ ਕਰਨ, ਭਰਨ ਸਬੰਧੀ, ਅਡਵਾਂਸ ਟੈਕਸ, ਰਿਟਰਨ ਫਾਰਮ 260, ਚਲਾਨ 281 ਦੀ ਈ-ਪੇਮੈਂਟ, ਫਾਰਮ ਨੰਬਰ 15-ਜੀ ਅਤੇ 15-ਐਚ ਆਦਿ ਬਾਰੇ ਜਾਣਕਾਰੀ ਦਿੱਤੀ। ਕਾਲਜ ਦੇ ਪ੍ਰਿੰਸੀਪਲ ਡਾ. ਗੁਰਜੀਤ ਸਿੰਘ ਨੇ ਦੱਸਿਆ ਕਿ ਅਜਿਹੀਆਂ ਵਰਕਸ਼ਾਪਾਂ ਵਿਦਿਆਰਥੀਆਂ ਦੇ ਗਿਆਨ ਵਿੱਚ ਵਾਧਾ ਕਰਨ ਲਈ ਜ਼ਰੂਰੀ ਹਨ। ਅਜੋਕੇ ਕੰਪਿਊਟਰ ਯੁੱਗ ਵਿੱਚ ਉਪਰੋਕਤ ਵਿਸ਼ਿਆਂ ਬਾਰੇ ਜਾਣਕਾਰੀ ਹੋਣਾ ਲਾਭਦਾਇਕ ਹੈ, ਤਾਂ ਕਿ ਵਿਦਿਆਰਥੀ ਆਪਣੇ ਰੋਜ਼ਾਨਾ ਜੀਵਨ ਵਿੱਚ ਇਸ ਦੀ ਵਰਤੋਂ ਕਰ ਸਕਣ। ਪ੍ਰਿੰਸੀਪਲ ਡਾ.ਗੁਰਜੀਤ ਸਿੰਘ ਨੇ ਗੁਰਪ੍ਰੀਤ ਕੌਰ ਦਾ ਕਾਲਜ ਪਹੁੰਚਣ ਅਤੇ ਵਿਦਿਆਰਥੀਆਂ ਨਾਲ ਬਹੁਮੁੱਲੀ ਜਾਣਕਾਰੀ ਸਾਂਝੀ ਕਰਨ ਲਈ ਉਹਨਾਂ ਦਾ ਧੰਨਵਾਦ ਕੀਤਾ ਅਤੇ ਯਾਦਗਾਰੀ ਚਿੰਨ੍ਹ ਦੇ ਕੇ ਸਨਮਾਨਤ ਕੀਤਾ।

## ਕੁੱਲ ਹਿੰਦ ਕਿਸਾਨ ਸਭਾ ਦਾ 30ਵਾਂ ਰਾਸ਼ਟਰੀ ਇਜਲਾਸ ਸ਼ੁਰੂ



ਝਬਾਲ ( ਹਰਜਿੰਦਰ ਸਿੰਘ ਸੋਨੀ)- ਕੁੱਲ ਹਿੰਦ ਕਿਸਾਨ ਸਭਾ ਦਾ 30ਵਾਂ ਕੌਮੀ ਇਜਲਾਸ ਮਰਹੂਮ ਸਾਥੀ ਅਤੁਲ ਕੁਮਾਰ ਅਣਜਾਨ ਹਾਲ, ਨਾਗਾਪਟਨਮ (ਤਾਮਿਲਨਾਡੂ) ਵਿਖੇ ਸ਼ੁਰੂ ਹੋਇਆ। ਪ੍ਰੈਸ ਨੂੰ ਇਹ ਜਾਣਕਾਰੀ ਤਰਨ ਤਾਰਨ ਤੋਂ ਦਿੰਦਿਆਂ ਸੂਬਾ ਪ੍ਰੈਸ ਸਕੱਤਰ ਬਲਕਾਰ ਸਿੰਘ ਵਲਟੋਹਾ ਨੇ ਦੱਸਿਆ ਕਿ ਇਜਲਾਸ ਦੀ ਸ਼ੁਰੂਆਤ ਕਿਸਾਨ ਸਭਾ ਦੇ ਸੀਨੀਅਰ ਰਾਸ਼ਟਰੀ ਆਗੂ ਤਾਰਾ ਸਿੰਘ ਸਿੱਧੂ ਹਰਿਆਣਾ ਨੇ ਕੁੱਲ ਹਿੰਦ ਕਿਸਾਨ ਸਭਾ ਦਾ ਝੰਡਾ ਲਹਿਰਾ ਕੇ ਕੀਤੀ।

ਸਟੇਜ ਦੀ ਕਾਰਵਾਈ ਦੀ ਸ਼ੁਰੂਆਤ ਕਰਦਿਆਂ ਸਾਥੀ ਕੇ ਡੀ ਸਿੰਘ ਝਾਰਖੰਡ ਨੇ ਸ਼ੋਕ ਮਤਾ ਪੇਸ਼ ਕੀਤਾ, ਜਿਸ ਵਿਚ ਪਿਛਲੇ ਸਮੇਂ ਵਿੱਚ ਕੁਲ ਹਿੰਦ ਕਿਸਾਨ ਸਭਾ ਦੇ ਵਿਛੜੇ ਹੋਏ ਆਗੂਆਂ ਸਾਥੀ ਅਤੁਲ ਕੁਮਾਰ ਅਣਜਾਨ, ਪ੍ਰਬੋਧ ਪੰਡਾ ਜੀ, ਸੀ ਕੇ ਚੰਦਰਪਣ ਤੋਂ ਇਲਾਵਾ ਦੂਜੇ ਆਗੂਆਂ, ਵਰਕਰਾਂ ਅਤੇ ਕਿਸਾਨ ਅੰਦੋਲਨ ਦੌਰਾਨ ਸ਼ਹੀਦ ਹੋਏ ਸਾਰੇ ਕਿਸਾਨਾਂ ਨੂੰ ਕਾਨਫਰੰਸ ਹਾਲ ਵਿੱਚ ਹਾਜ਼ਰ ਸਾਰੇ ਆਗੂਆਂ ਅਤੇ ਡੈਲੀਗੇਟ ਸਾਥੀਆਂ ਨੇ ਸ਼ਰਧਾਂਜਲੀ ਭੇਟ ਕੀਤੀ। ਸੰਮੇਲਨ ਦੇ ਉਦਘਾਟਨੀ ਸੈਸ਼ਨ ਦੌਰਾਨ ਕਿਸਾਨ ਸਭਾ ਦੇ ਰਾਸ਼ਟਰੀ ਪ੍ਰਧਾਨ ਰਾਜਨ ਕਿਸੀ ਸਾਗਰ, ਜਨਰਲ ਸੈਕਟਰੀ ਰਾਹੁਲ ਵੈਂਕਈਆ, ਮੈਂਬਰ ਪਾਰਲੀਮੈਂਟ ਪੀ ਸੰਤੋਸ਼ ਕੁਮਾਰ ਤੇ ਵੀ ਸੇਲਵਾਰਾਜ ਨਾਗਾਪਟਨਮ, ਤਾਮਿਲਨਾਡੂ ਸਰਕਾਰ ਦੇ ਖੇਤੀ ਮੰਤਰੀ ਐਮ ਆਰ ਕੇ ਪਾਨੀਸੇਲਵਮ,ਕੇਰਲ ਸਰਕਾਰ ਦੇ ਖੇਤੀ ਮੰਤਰੀ ਪੀ ਪਰਸ਼ਾਦ, ਕਿਸਾਨ ਆਗੂ ਰਕੇਸ਼ ਟਿਕੈਤ, ਬੀਜੂ ਕਿਰਿਸ਼ਨਨ, ਰਾਜਾ ਰਾਮ ਜੀ, ਮਹਿਲਾ ਆਗੂ ਨਿਸ਼ਾ ਸਿਧੂ ਅਤੇ ਨੌਜਵਾਨ ਆਗੂ ਤਿਰੂਮਲਾਈ ਅਦਿ ਨੇ ਸੰਬੋਧਨ ਕੀਤਾ। ਇਸ ਕਾਨਫਰੰਸ ਵਿੱਚ ਪੰਜਾਬ ਤੋਂ 36 ਮੈਂਬਰੀ ਡੈਲੀਗੇਸ਼ਨ ਨੇ ਸੂਬਾ ਪ੍ਰਧਾਨ ਬਲਦੇਵ ਸਿੰਘ ਨਿਹਾਲਗੜ੍ਹ ਅਤੇ ਸੂਬਾ ਜਨਰਲ ਸਕੱਤਰ ਬਲਕਰਨ ਸਿੰਘ ਬਰਾੜ ਦੀ ਅਗਵਾਈ ਵਿੱਚ ਸ਼ਿਰਕਤ ਕੀਤੀ। ਪੰਜਾਬ ਦੇ ਡੈਲੀਗੇਸ਼ਨ ਵਿੱਚ ਕੁਲਵੰਤ ਸਿੰਘ ਮੌਲਵੀਵਾਲਾ, ਮਹਾਵੀਰ ਸਿੰਘ ਗਿੱਲ, ਸੂਰਤ ਸਿੰਘ ਧਰਮਕੋਟ, ਸੁਰਿੰਦਰ ਸਿੰਘ ਦੰਡੀਆਂ ਅਤੇ ਜਸਵੀਰ ਸਿੰਘ ਆਕਲੀਆ ਨੇ ਵੀ ਹਾਜ਼ਰੀ ਭਰੀ। 15,16,17 ਅਪ੍ਰੈਲ ਤੱਕ ਚੱਲਣ ਵਾਲੇ ਇਸ ਇਜਲਾਸ ਵਿੱਚ ਅੱਜ ਸਮੁੱਚੇ ਭਾਰਤ ਵਿੱਚ ਕਿਸਾਨੀ ਮਸਲਿਆਂ 'ਤੇ ਖੁੱਲ੍ਹ ਕੇ ਵਿਚਾਰ ਚਰਚਾ ਹੋਵੇਗੀ।

# ਬਾਜਵਾ 'ਤੇ ਪਰਚਾ ਦਰਜ ਕਰਨਾ ਅਤੀ ਨਿੰਦਣਯੋਗ : ਰਾਜਾ ਵੜਿੰਗ



**ਚੇਤਨਪੁਰਾ (ਸੁਖਵੰਤ ਚੇਤਨਪੁਰੀ)**-ਵਿਧਾਨ ਸਭਾ ਹਲਕਾ ਅਜਨਾਲਾ ਦੇ ਸਾਬਕਾ ਵਿਧਾਇਕ ਅਤੇ ਜ਼ਿਲ੍ਹਾ ਕਾਂਗਰਸ ਦਿਹਾਤੀ ਦੇ ਪ੍ਰਧਾਨ ਪ੍ਰਧਾਨ ਹਰਪ੍ਰਤਾਪ ਸਿੰਘ ਅਜਨਾਲਾ ਦੀ ਅਗਵਾਈ ਹੇਠ ਕੁੱਕੜਾਂ ਵਾਲਾ ਵਿਖੇ 'ਜੁੜੇਗਾ ਬਲਾਕ ਜਿੱਤੇਗੀ ਕਾਂਗਰਸ' ਦੇ ਬੈਨਰ ਹੇਠ ਕਰਵਾਈ ਗਈ ਰੈਲੀ ਨਾਲ ਆਮ ਆਦਮੀ ਪਾਰਟੀ ਦੀ ਸਰਕਾਰ ਦੀਆਂ ਜੜ੍ਹਾਂ ਹਿੱਲ ਜਾਣਗੀਆਂ। ਲੋਕਾਂ ਦਾ ਠਾਠਾਂ ਮਾਰਦਾ ਇਕੱਠ ਇਸ ਗੱਲ ਦਾ ਪ੍ਰਤੀਕ ਹੈ ਜਦੋਂ ਕਿ ਪੰਜਾਬ ਦੇ ਹੰਕਾਰੀ ਮੁੱਖ ਮੰਤਰੀ ਬੁਖਲਾਹਟ ਵਿੱਚ ਆ ਕੇ ਕਾਂਗਰਸ ਦੇ ਆਗੂਆਂ 'ਤੇ ਪਰਚੇ ਦਰਜ ਕਰ ਰਹੇ ਹਨ। ਇਸ ਗੱਲ ਦਾ ਪ੍ਰਗਟਾਵਾ ਪੰਜਾਬ ਕਾਂਗਰਸ ਪਾਰਟੀ ਦੇ ਸੂਬਾ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਹਲਕਾ ਅਜਨਾਲਾ ਵਿੱਚ ਕੁੱਕੜਾਂ ਵਾਲਾ ਦੇ ਟੀ. ਆਰ. ਵਿਲਾ ਵਿਖੇ ਕਾਂਗਰਸੀ ਵਰਕਰਾਂ ਅਤੇ ਆਮ ਲੋਕਾਂ ਦੇ ਇੱਕ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਕੀਤਾ। ਉਹਨਾਂ ਭਗਵੰਤ ਸਿੰਘ ਮਾਨ ਦੀ ਸਰਕਾਰ ਵੱਲੋਂ ਵਿਰੋਧੀ ਧਿਰ ਦੇ ਨੇਤਾ ਪ੍ਰਤਾਪ ਸਿੰਘ ਬਾਜਵਾ 'ਤੇ ਪਰਚਾ ਦਰਜ ਕਰਨ ਦੀ ਸਖਤ ਨਿਖੇਧੀ ਕਰਦਿਆਂ ਕਿਹਾ ਕਿ ਲੋਕਤੰਤਰ ਅੰਦਰ ਹਰ ਇਨਸਾਨ ਨੂੰ ਆਪਣੀ ਗੱਲ ਕਰਨ ਦਾ ਹੱਕ ਹੈ। ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਵੱਲੋਂ ਤਿਆਰ ਕੀਤੇ ਗਏ ਸੰਵਿਧਾਨ ਅਨੁਸਾਰ ਸਾਨੂੰ ਬੋਲਣ ਦੀ ਆਜ਼ਾਦੀ ਹੈ। ਜੇਕਰ ਪ੍ਰਤਾਪ ਬਾਜਵਾ ਨੇ ਸਰਕਾਰ ਨੂੰ ਹੈਂਡ ਗਰਨੇਡਾਂ ਬਾਰੇ ਚੇਤਾਇਆ ਹੈ ਤਾਂ ਉਨ੍ਹਾਂ 'ਤੇ ਪਰਚਾ ਦਰਜ ਕਰਨਾ ਅਤੀ ਨਿੰਦਣ ਯੋਗ ਹੈ। ਉਨ੍ਹਾਂ ਅੱਗੇ ਕਿਹਾ ਕਿ ਅੱਜ ਪੰਜਾਬ ਆਰਥਿਕ ਤੌਰ 'ਤੇ ਕਾਫ਼ੀ ਪਛੜ ਗਿਆ ਹੈ। ਪੰਜਾਬ ਵਿੱਚ ਅੱਜ ਨਸ਼ੇ, ਗੁੰਡਾਗਰਦੀ ਤੇ ਗੈਂਗਸਟਰਵਾਦ ਪੂਰੀ ਤਰ੍ਹਾਂ ਨਾਲ ਆਪਣੀ ਚਰਮ ਸੀਮਾ 'ਤੇ ਹਨ ਤੇ ਆਏ ਦਿਨ ਕਤਲੋ ਗਾਰਤ, ਲੁੱਟਾਂ ਖੋਹਾਂ ਆਮ ਗੱਲ ਹੋ ਗਈ ਹੈ ਤੇ ਲੋਕਾਂ ਦਾ ਬਾਹਰ ਨਿਕਲਣਾ ਮਹਾਲ ਹੋਇਆ ਪਿਆ ਹੈ ,ਪਰ ਸਰਕਾਰ ਕੁੰਭਕਰਨੀ ਨੀਂਦ ਸੁੱਤੀ ਹੋਈ ਹੈ। ਉਹਨਾਂ ਕਾਂਗਰਸੀ ਵਰਕਰਾਂ ਨੂੰ ਕਿਹਾ ਕਿ ਜੇਕਰ 2027 ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣੀ ਹੈ ਤਾਂ ਹੁਣ ਤੋਂ ਹੀ ਬੂਥ ਪੱਧਰ ਤੇ ਵਰਕਰਾਂ ਨੂੰ ਡਟ ਕੇ ਕੰਮ ਕਰਨਾ ਹੋਵੇਗਾ ਅਤੇ ਘਰ ਘਰ ਜਾ ਕੇ ਕਾਂਗਰਸ ਪਾਰਟੀ ਲਈ ਵੋਟਾਂ ਮੰਗਣੀਆਂ ਪੈਣਗੀਆਂ ਤਾਂ ਹੀ ਪੰਜਾਬ ਵਿੱਚੋਂ ਆਮ ਆਦਮੀ ਪਾਰਟੀ, ਅਕਾਲੀ ਦਲ ਤੇ ਭਾਜਪਾ ਦਾ ਸਫਾਇਆ ਕੀਤਾ ਜਾ ਸਕਦਾ ਹੈ। ਲੋਕ ਸਭਾ ਹਲਕਾ ਅੰਮ੍ਰਿਤਸਰ ਤੋਂ ਮੈਂਬਰ ਪਾਰਲੀਮੈਂਟ ਗੁਰਜੀਤ ਸਿੰਘ ਔਜਲਾ ਨੇ ਵੀ ਹਲਕਾ ਅਜਨਾਲਾ ਦੇ ਕਾਂਗਰਸੀ ਵਰਕਰਾਂ ਨੂੰ ਹਰਪ੍ਰਤਾਪ ਸਿੰਘ ਅਜਨਾਲਾ ਦੇ ਹੱਕ ਵਿੱਚ ਦਿਨ ਰਾਤ ਇੱਕ ਕਰਨ ਦੀ ਅਪੀਲ ਕੀਤੀ। ਇੱਸ ਮੌਕੇ ਸਾਬਕਾ ਵਿਧਾਇਕ ਕੁਲਬੀਰ ਸਿੰਘ ਜੀਰਾ, ਸੰਤੋਖ ਸਿੰਘ ਭਲਾਈਪੁਰ, ਤਰਸੇਮ ਸਿੰਘ ਡੀ.ਸੀ., ਸ਼ਹਿਰੀ ਪ੍ਰਧਾਨ ਅਸ਼ਵਨੀ ਪੱਪੂ, ਭਗਵੰਤ ਪਾਲ ਸਿੰਘ ਸੱਚਰ, ਸਾਬਕਾ ਸਰਪੰਚ ਸੁਖਵੰਤ ਸਿੰਘ ਚੇਤਨਪੁਰਾ, ਦਿਲਰਾਜ ਸਿੰਘ ਸਰਕਾਰੀਆ, ਕੰਵਰ ਪ੍ਰਤਾਪ ਸਿੰਘ ਅਜਨਾਲਾ, ਡਾ: ਨਿਆਮਤ ਸੂਫੀ, ਦਿਲਬਾਗ ਸਿੰਘ ਫਿਰਵਰਿਆ, ਦਵਿੰਦਰ ਸਿੰਘ ਡੈਮ, ਰਾਣਾ ਭੱਖਾ, ਦਲਜੀਤ ਸਿੰਘ ਸੋਨੂੰ ਆਦਿ ਨੇ ਵੀ ਸੰਬੋਧਨ ਕੀਤਾ। ਇਸ ਮੌਕੇ ਗੁਰਪਾਲ ਸਿੰਘ ਸਿੰਧੀ, ਰਾਜਬੀਰ ਸਿੰਘ ਮੱਧੂਛਾਂਗਾ, ਅਮਨਦੀਪ ਸਿੰਘ ਝੰਡੇਰ, ਦਿਲਬਾਗ ਸਿੰਘ ਰਮਦਾਸ, ਗੁਰਿੰਦਰਬੀਰ ਸਿੰਘ ਗੱਗੋਮਾਹਲ, ਸੋਨੂੰ ਮਾਕੋਵਾਲ, ਬਲਵਿੰਦਰ ਜਗਦੇਵ ਖੁਰਦ, ਜੈਟੀ ਅਬੂਸੈਦ, ਬਲਜੀਤ ਸਿੰਘ ਸਲੇਮਪੁਰਾ, ਬਲਦੇਵ ਸਿੰਘ ਭੌਂਏਵਾਲੀ, ਗੁਰਜੀਤ ਸਿੰਘ ਬਿੱਟੂ ਚੇਤਨਪੁਰਾ, ਅਮਰਜੀਤ ਸਿੰਘ ਚੇਤਨਪੁਰਾ, ਪ੍ਰਭ ਡੱਲਾ ਰਾਜਪੂਤਾ, ਰਾਣਾ ਬਲ ਗੁਰਾਲਾ, ਅਜ਼ਾਦਵਿੰਦਰ ਸਿੰਘ ਬਿਕਰਾਓਰ, ਗੁਰਵਿੰਦਰ ਸਿੰਘ ਚਾਹੜਪੁਰ, ਪਰਮਿੰਦਰ ਸਿੰਘ ਸੰਗੋਆਣਾ, ਗਗਨਦੀਪ ਸਿੰਘ ਬੌਬੀ ਆਦਿ ਹਾਜ਼ਰ ਸਨ।

## ਗੁਰਚਰਨ ਸਿੰਘ ਕੰਡਾ ਦੀ ਯਾਦ ਨੂੰ ਸਮਰਪਤ ਸਮਾਗਮ ਭਲਕੇ



ਭਿੱਖੀਵਿੰਡ : ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਸਬੰਧਤ ਏਟਕ ਸਰਕਲ ਤਰਨ ਤਾਰਨ ਦੇ ਸਰਪ੍ਰਸਤ ਅਮਰਜੀਤ ਸਿੰਘ ਮਾੜੀਮੇਘਾ, ਪ੍ਰਧਾਨ ਪੂਰਨ ਸਿੰਘ ਮਾੜੀਮੇਘਾ, ਸਥਾਨਕ ਡਵੀਜ਼ਨ ਦੇ ਪ੍ਰਧਾਨ ਕਸ਼ਮੀਰ ਸਿੰਘ ਨਾਰਲਾ ਅਤੇ ਸਕੱਤਰ ਬਲਦੇਵ ਰਾਜ ਸ਼ਰਮਾ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਸਰਕਲ ਤਰਨ ਤਾਰਨ ਦੇ ਆਗੂ ਗੁਰਚਰਨ ਸਿੰਘ ਕੰਡਾ ਜੋ ਕਿ ਸੰਖੇਪ ਬਿਮਾਰੀ ਦੇ ਚਲਦਿਆਂ ਬੀਤੇ ਦਿਨੀਂ ਲੁਧਿਆਣਾ ਵਿਖੇ ਅਕਾਲ ਚਲਾਣਾ ਕਰ ਗਏ ਸਨ, ਜਥੇਬੰਦੀ ਵੱਲੋਂ ਉਹਨਾਂ ਦੀ ਯਾਦ ਨੂੰ ਸਮਰਪਤ ਸੋਗ ਸਭਾ ਦਾ ਆਯੋਜਨ ਸਥਾਨਕ ਪਾਵਰਕਾਮ ਦਫ਼ਤਰ ਵਿਖੇ ਕੀਤਾ ਜਾਵੇਗਾ। ਜਥੇਬੰਦੀ ਦੇ ਆਗੂ ਅਮਰਜੀਤ ਸਿੰਘ ਮਾੜੀਮੇਘਾ ਨੇ ਕਿਹਾ ਕਿ ਸੰਘਰਸ਼ੀ ਆਗੂ ਕੰਡਾ ਨੇ ਬਿਜਲੀ ਕਾਮਿਆਂ ਦੀ ਸਿਰਮੌਰ ਜਥੇਬੰਦੀ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਦਾ ਲੰਮਾ ਅਰਸਾ ਆਗੂ ਰਹਿ ਕੇ ਮੁਲਾਜ਼ਮ ਹਿੱਤਾਂ ਲਈ ਅਣਗਿਣਤ ਸੰਘਰਸ਼ ਲੜਦਿਆਂ ਕਈ ਵਾਰ ਵਿਕਟੇਮਾਈਜ਼ ਹੋ ਕੇ ਵੀ ਅਡੋਲ ਰਹਿ ਕੇ ਸੁਚੱਜੀ ਅਗਵਾਈ ਕੀਤੀ ਸੀ ਤੇ ਹੁਣ ਪਾਵਰਕਾਮ ਐਂਡ ਟ੍ਰਾਂਸਕੋ ਪੈਨਸ਼ਨਰ ਯੂਨੀਅਨ ਏਟਕ ਦੇ ਆਗੂ ਸਨ। ਉਨ੍ਹਾਂ ਕਿਹਾ ਕਿ ਕੰਡਾ ਦੀ ਯਾਦ ਵਿੱਚ 17 ਅਪਰੈਲ ਨੂੰ ਹੋ ਰਹੇ ਸਮਾਗਮ ਵਿੱਚ ਜਥੇਬੰਦੀ ਦੇ ਸਰਕਲ ਸਕੱਤਰ ਨਰਿੰਦਰ ਬੇਦੀ ਸਮੇਤ ਵੱਡੀ ਗਿਣਤੀ ਆਗੂਆਂ ਤੋਂ ਇਲਾਵਾ ਸੂਬਾ ਮੀਤ ਪ੍ਰਧਾਨ ਤਾਰਾ ਸਿੰਘ ਖਹਿਰਾ ਅਤੇ ਪੀ ਐਸ ਈ ਬੀ ਇੰਪਲਾਈਜ਼ ਫੈਡਰੇਸ਼ਨ ਏਟਕ ਜਥੇਬੰਦੀ ਦੇ ਸੂਬਾ ਪ੍ਰਧਾਨ ਗੁਰਪ੍ਰੀਤ ਸਿੰਘ ਗੰਡੀਵਿੰਡ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਪੂਰਾ ਜੀਵਨ ਦੱਬੇ ਕੁਚਲੇ ਲੋਕਾਂ ਸੰਗ ਖੜ੍ਹਨ ਵਾਲੇ ਜੁਝਾਰੂ ਆਗੂ ਕੰਡਾ ਜੀ ਨੂੰ ਸ਼ਰਧਾਂਜਲੀਆਂ ਭੇਟ ਕਰਨਗੇ।


## ਸੇਂਟ ਕਬੀਰ ਸਕੂਲ ਸੁਲਤਾਨਪੁਰ 'ਚ ਵਿਸਾਖੀ ਦਾ ਤਿਓਹਾਰ ਮਨਾਇਆ



ਧਾਰੀਵਾਲ (ਮਨਦੀਪ ਸਿੰਘ ਵਿੱਕੀ)- ਸੇਂਟ ਕਬੀਰ ਪਬਲਿਕ ਸਕੂਲ ਸੁਲਤਾਨਪੁਰ ਵਿੱਚ ਪ੍ਰਿੰਸੀਪਲ ਐਸ.ਬੀ.ਨਾਯਰ ਦੀ ਸਰਪ੍ਰਸਤੀ ਹੇਠ ਵਿਸਾਖੀ ਦਾ ਤਿਓਹਾਰ ਧੂਮ ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਵਿਦਿਆਰਥੀਆਂ ਵਲੋਂ ਸ਼ਾਨਦਾਰ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ। ਪ੍ਰੋਗਰਾਮ ਦੀ ਸ਼ੁਰੂਆਤ ਦਸਵੀਂ ਜਮਾਤ ਦੇ ਵਿਦਿਆਰਥੀਆਂ ਨੇ ਮਧੁਰ ਸ਼ਬਦ ਕੀਰਤਨ ਨਾਲ ਕੀਤੀ। ਉਪਰੰਤ ਸਕੂਲ ਦੀ ਵਿਦਿਆਰਥਣ ਜਸ਼ਨਪ੍ਰੀਤ ਕੌਰ ਨੇ ਵਿਸਾਖੀ ਦੇ ਮੇਲੇ ਦੀ ਮਹੱਤਤਾ ਨੂੰ ਦਰਸਾਉਂਦੇ ਹੋਏ ਵਿਚਾਰ ਪੇਸ਼ ਕੀਤੇ। ਖੁਸ਼ਪ੍ਰੀਤ ਕੌਰ ਅਤੇ ਐਸਮੀਤ ਕੌਰ ਦੁਆਰਾ ਸਟੇਜੀ ਕਾਰਵਾਈ ਨੂੰ ਅੱਗੇ ਤੋਰਦਿਆਂ ਹੋਇਆ ਤੀਸਰੀ ਤੋਂ ਸੱਤਵੀਂ ਜਮਾਤ ਦੇ ਮੁੰਡੇ- ਕੁੜੀਆਂ ਦਾ ਪੰਜਾਬੀ ਲੋਕ ਗੀਤ (ਫੋਕ ਸੌਂਗ) ਦਾ ਇੰਟਰ-ਹਾਊਸ ਮੁਕਾਬਲਾ ਕਰਵਾਇਆ ਗਿਆ। ਜਿਸ ਵਿੱਚ ਕਣਕਾਂ ਦੀ ਵਾਢੀ ਦੀ ਖੁਸ਼ੀ ਤੇ ਪੁਰਾਣੇ ਜਜ਼ਬਾਤਾਂ ਅਤੇ ਮਨਾਂ ਦੀਆਂ ਤਰੰਗਾਂ ਦੀ ਝਲਕ ਦਿਖਾਉਂਦੇ ਗੀਤਾਂ ਦੀ ਪੇਸ਼ਕਾਰੀ ਕੀਤੀ ਗਈ। ਜੂਨੀਅਰ ਬਲਾਕ ਦੇ ਛੋਟੇ-ਛੋਟੇ ਵਿਦਿਆਰਥੀਆਂ ਵੀ ਬੋਲੀਆਂ ਤੇ ਟੱਪਿਆਂ ਰਾਹੀਂ ਸਾਰਿਆਂ ਦਾ ਮਨੋਰੰਜਨ ਕੀਤਾ। ਸਕੂਲ ਦੇ ਚਾਰ ਹਾਊਸ ਸਫਾਇਰ, ਐਮਰਲਡ, ਐਂਬਰ ਤੇ ਰੂਬੀ ਨੇ ਪੰਜਾਬੀ ਵਿਰਸਾ ਸਟਾਲ ਲਗਾ ਕੇ ਪੁਰਾਤਨ ਖਾਣ- ਪੀਣ, ਖੇਤੀਬਾੜੀ ਸੰਦ, ਰੀਤੀ-ਰਿਵਾਜ ਤੇ ਸੱਭਿਆਚਾਰਕ ਪਹਿਨਣ- ਪਹਿਰਾਵੇ ਦੀ ਝਲਕ ਤੇ ਵੱਖ ਵੱਖ ਖੇਡਾਂ ਨੂੰ ਸਾਰਿਆਂ ਦੇ ਰੂਬਰੂ ਕੀਤਾ। ਸਕੂਲੀ ਵਿਦਿਆਰਥੀਆਂ ਦੁਆਰਾ ਸੁੰਦਰ ਕਲਾਕ੍ਰਿਤੀਆਂ ਦੁਆਰਾ ਹਾਊਸ ਬੋਰਡਾਂ ਨੂੰ ਸਜਾਇਆ ਗਿਆ।

ਜੇਤੂ ਵਿਦਿਆਰਥੀਆਂ ਨੂੰ ਇਨਾਮ ਤਕਸੀਮ ਕੀਤੇ ਗਏ। ਪ੍ਰੋਗਰਾਮ ਦੇ ਅੰਤ ਵਿੱਚ ਪ੍ਰਿੰਸੀਪਲ ਐਸ ਬੀ ਨਾਯਰ ਅਤੇ ਪ੍ਰਬੰਧਕ ਕਮੇਟੀ ਮੈਂਬਰਾਂ ਮੈਡਮ ਨਵਦੀਪ ਕੌਰ ਤੇ ਕੁਲਦੀਪ ਕੌਰ ਨੇ ਸਮੂਹ ਸਕੂਲ ਨੂੰ ਵਿਸਾਖੀ ਦੇ ਤਿਓਹਾਰ ਦੀ ਮੁਬਾਰਕਬਾਦ ਦਿੱਤੀ ਅਤੇ ਵਿਦਿਆਰਥੀਆਂ ਨੂੰ ਆਪਣੇ ਵਿਰਸੇ-ਵਿਰਾਸਤ ਨੂੰ ਸਾਂਭੀ ਰੱਖਣ ਤੇ ਆਪਣੇ ਧਰਮ ਵਿੱਚ ਹਮੇਸ਼ਾ ਪਰਿਪੱਕ ਰਹਿਣ ਦੀ ਪ੍ਰੇਰਨਾ ਵੀ ਦਿੱਤੀ ਗਈ। ਇਸ ਮੌਕੇ ਸਕੂਲ ਦੇ ਸਮੂਹ ਅਧਿਆਪਕ ਤੇ ਵਿਦਿਆਰਥੀ ਸ਼ਾਮਲ ਸਨ।

## ਡੀ ਸੀ ਵੱਲੋਂ ਓਲਿਵ ਗਰੀਨ ਰੰਗ ਦੀਆਂ ਵਰਦੀਆਂ, ਜੀਪਾਂ/ਮੋਟਰ ਵਹੀਕਲਾਂ ਦੀ ਵਰਤੋਂ ਕਰਨ 'ਤੇ ਰੋਕ



ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਭਾਰਤ ਵਿੱਚ ਮਿਲਟਰੀ ਅਧਿਕਾਰੀਆਂ ਵੱਲੋ ਓਲਿਵ ਗਰੀਨ (ਮਿਲਟਰੀ ਰੰਗ) ਦੀ ਮਿਲਟਰੀ ਵਰਦੀ ਅਤੇ ਓਲਿਵ ਗਰੀਨ ਰੰਗ ਦੀਆਂ ਜੀਪਾਂ / ਮੋਟਰ ਸਾਈਕਲਾਂ ਦੀ ਵਰਤੋਂ ਕੀਤੀ ਜਾਂਦੀ ਹੈ। ਪਰ ਕਿਸੇ ਵੀ ਸਮਾਜ ਵਿਰੋਧੀ ਤੱਤਾਂ ਵੱਲੋਂ ਅਜਿਹੇ ਰੰਗ ਦੀ ਵਰਦੀ ਜਾਂ ਜੀਪਾਂ/ਮੋਟਰ ਵਹੀਕਲਾਂ ਆਦਿ ਦੀ ਵਰਤੋਂ ਕਰਦੇ ਹੋਏ ਕੋਈ ਵੀ ਗੈਰ ਕਾਨੂੰਨੀ ਕਾਰਵਾਈ ਜਾਂ ਹਿੰਸਕ ਘਟਨਾ ਕੀਤੀ ਜਾ ਸਕਦੀ ਹੈ, ਜਿਸ ਨਾਲ ਅਮਨ ਤੇ ਕਾਨੂੰਨ ਦੀ ਸਥਿਤੀ ਨੂੰ ਖਤਰਾ ਪੈਦਾ ਹੋ ਸਕਦਾ ਹੈ। ਇਸ ਲਈ ਵੱਖਰੇਪਨ ਨੂੰ ਯਕੀਨੀ ਬਣਾਉਣ ਲਈ ਅਤੇ ਅਜਿਹੀਆਂ ਘਟਨਾਵਾਂ ਨੂੰ ਰੋਕਣ ਲਈ ਇਹ ਜ਼ਰੂਰੀ ਹੋ ਜਾਂਦਾ ਹੈ, ਕਿ ਓਲਿਵ ਗਰੀਨ ਰੰਗ ਦੀ ਵਰਤੋਂ ਆਮ ਜਨਤਾ ਵੱਲੋਂ ਤੁਰੰਤ ਬੰਦ ਕੀਤੀ ਜਾਵੇ। ਜਿਲ੍ਹਾ ਮੈਜਿਸਟਰੇਟ ਰਾਹੁਲ ਨੇ ਭਾਰਤੀ ਨਾਗਰਿਕ ਸੁਰਕਸਾ ਸੰਹਿਤਾ-2023 ਦੀ ਧਾਰਾ 163 ਤਹਿਤ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਾ ਹੋਏ ਇਸ ਹੁਕਮ ਦੁਆਰਾ ਆਮ ਜਨਤਾ ਨੂੰ ਓਲਿਵ ਗਰੀਨ ਰੰਗ ਦੀਆਂ ਵਰਦੀਆਂ, ਜੀਪਾਂ/ਮੋਟਰ ਵਹੀਕਲਾਂ ਦੀ ਵਰਤੋਂ ਕਰਨ 'ਤੇ ਰੋਕ ਲਗਾਈ ਹੈ। ਮਿਲਟਰੀ ਫੋਰਸਿਜ, ਪੈਰਾ ਮਿਲਟਰੀ ਫੋਰਸਿਜ ਅਤੇ ਬੀ.ਐਸ.ਐਫ. ਪ੍ਰਸੋਨਲ ਨੂੰ ਛੋਟ ਹੋਵੇਗੀ।

# ਇੱਕੋ ਰਾਤ ਖੁਜਾਲਾ 'ਚ 12 ਮੋਟਰਾਂ ਦੀਆਂ ਤਾਰਾਂ ਚੋਰੀ



ਕਾਦੀਆਂ (ਯਾਦਵਿੰਦਰ ਸਿੰਘ)-ਪੁਲਸ ਚੌਂਕੀ ਉਧਨਵਾਲ ਅਧੀਨ ਪੈਂਦੇ ਪਿੰਡ ਖੁਜਾਲਾ ਦੇ ਵਿੱਚ ਇੱਕੋ ਰਾਤ ਚੋਰ ਗਰੋਹ ਦੇ ਵੱਲੋਂ ਕਿਸਾਨਾਂ ਦੀਆਂ 12 ਮੋਟਰਾਂ ਦੀਆਂ ਕੀਮਤੀ ਤਾਰਾਂ ਚੋਰੀ ਕਰਕੇ ਫਰਾਰ ਹੋਣ ਦਾ ਸਮਾਚਾਰ ਮਿਲਿਆ ਹੈ। ਵੱਖ-ਵੱਖ ਮੋਟਰਾਂ ਦੀਆਂ ਤਾਰਾਂ ਚੋਰੀ ਹੋਣ ਸਬੰਧੀ ਜਾਣਕਾਰੀ ਦਿੰਦੇ ਹੋਏ ਮਲਵਿੰਦਰ ਸਿੰਘ, ਹਰਵਿੰਦਰ ਸਿੰਘ ਖੁਜਾਲਾ, ਅਮਨਦੀਪ ਸਿੰਘ ਢੰਡੇ ,ਗੁਰਵਿੰਦਰ ਸਿੰਘ, ਲਖਵਿੰਦਰ ਸਿੰਘ, ਬਲਵਿੰਦਰ ਸਿੰਘ ਬੱਬਾ, ਤਰਲੋਕ ਸਿੰਘ, ਦਵਿੰਦਰ ਸਿੰਘ ਤੇ ਅਜੀਤ ਸਿੰਘ ਨੇ ਸਾਂਝੇ ਤੌਰ 'ਤੇ ਦੱਸਿਆ ਕਿ ਪਿੰਡ ਖੁਜਾਲਾ ਦੇ ਆਸ ਪਾਸ ਮੋਟਰਾਂ ਵਿੱਚੋਂ ਬੀਤੀ ਰਾਤ ਇੱਕ ਚੋਰ ਗਰੋਹ ਦੇ ਵੱਲੋਂ ਮੋਟਰਾਂ ਦੀਆਂ ਕੀਮਤੀ ਤਾਰਾਂ ਚੋਰੀ ਕੀਤੀਆਂ ਗਈਆਂ। ਸਾਰੇ ਇਕੱਤਰ ਹੋਏ ਕਿਸਾਨਾਂ ਨੇ ਦੱਸਿਆ ਕਿ ਉਨ੍ਹਾਂ ਦੀਆਂ ਕੀਮਤੀ ਤਾਰਾਂ ਦੀ ਕੀਮਤ ਲਗਭਗ 30 ਹਜ਼ਾਰ ਰੁਪਏ ਬਣਦੀ ਹੈ। ਉਹਨਾਂ ਦੱਸਿਆ ਕਿ ਕਈਆਂ ਥਾਵਾਂ ਦੇ ਉੱਤੋਂ ਚੋਰਾਂ ਵੱਲੋਂ ਡੂੰਘੇ ਟੋਇਆਂ ਨੂੰ ਪੁੱਟ ਕੇ ਉਸ ਵਿੱਚੋਂ ਮੋਟਰਾਂ ਦੀਆਂ ਤਾਰਾਂ ਨੂੰ ਚੋਰੀ ਕੀਤਾ ਗਿਆ। ਉਹਨਾਂ ਦੱਸਿਆ ਕਿ ਦੁਬਾਰਾ ਕਿਸਾਨਾਂ ਦੇ ਵੱਲੋਂ ਇਹਨਾਂ ਤਾਰਾਂ ਨੂੰ ਨਵੀਆਂ ਪਵਾਉਣ ਦੇ ਲਈ ਕਾਫੀ ਦਿੱਕਤਾਂ ਦਾ ਸਾਹਮਣਾ ਕਰਨਾ ਪੈਂਦਾ ਹੈ ਅਤੇ ਨਾਲ ਹੀ ਤਾਰਾ ਪਵਾਉਣ ਦੀ ਲੇਬਰ ਵੀ ਦੇਣੀ ਪੈਂਦੀ ਹੈ। ਉਹਨਾਂ ਦੱਸਿਆ ਕਿ ਕੁਝ ਦਿਨ ਪਹਿਲਾਂ ਉਧਨਵਾਲ ਕਸਬੇ ਦੇ ਵਿੱਚ ਵੀ ਚੋਰ ਗਰੋਹ ਦੇ ਵੱਲੋਂ ਘੱਟੋ ਘੱਟ ਪੰਜ ਕਿਸਾਨਾਂ ਦੀਆਂ ਮੋਟਰਾਂ ਦੀਆਂ ਤਾਰਾਂ ਚੋਰੀ ਕੀਤੀਆਂ ਸਨ। ਪਰ ਚੋਰਾਂ ਦੇ ਹੌਸਲੇ ਇੰਨੇ ਬੁਲੰਦ ਹਨ ਕਿ ਬੀਤੀ ਇੱਕੋ ਰਾਤ ਹੀ ਚੋਰਾਂ ਨੇ ਕਿਸਾਨਾਂ ਦੀਆਂ 12 ਮੋਟਰਾਂ ਦੀਆਂ ਤਾਰਾਂ ਚੋਰੀ ਕਰ ਲਈਆਂ। ਸਮੂਹ ਕਿਸਾਨਾਂ ਨੇ ਪੁਲਸ ਪ੍ਰਸ਼ਾਸਨ ਤੇ ਐਸ ਐਸ ਪੀ ਬਟਾਲਾ ਕੋਲੋਂ ਮੰਗ ਕੀਤੀ ਕਿ ਇਲਾਕੇ 'ਚ ਘੁੰਮ ਰਹੇ ਤਾਰਾਂ ਚੋਰੀ ਕਰਨ ਵਾਲੇ ਚੋਰ ਗਰੋਹ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕੀਤਾ ਜਾਵੇ।

# ਵਿਧਾਇਕ ਰੰਧਾਵਾ ਵੱਲੋਂ ਮਹਿਤਾ ਤੇ ਸ਼ਾਮਪੁਰਾ ਦੇ ਸਰਕਾਰੀ ਸਕੂਲਾਂ ਦੇ ਵਿਕਾਸ ਕਾਰਜਾਂ ਦਾ ਉਦਘਾਟਨ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਦੇ ਸਿੱਖਿਆ ਖੇਤਰ ਨੂੰ ਬਿਹਤਰੀਨ ਬਣਾਉਣ ਵਾਸਤੇ ਵਿੱਢੀ ਗਈ ਮੁਹਿੰਮ 'ਪੰਜਾਬ ਸਿੱਖਿਆ ਕ੍ਰਾਂਤੀ' ਤਹਿਤ ਸਰਕਾਰੀ ਸਕੂਲਾਂ ਵਿੱਚ ਮਿਸਾਲੀ ਕਾਰਜ ਕੀਤੇ ਗਏ ਹਨ ਤੇ ਕਰਵਾਏ ਜਾ ਰਹੇ ਹਨ, ਜਿਸ ਨਾਲ ਸੂਬੇ ਦਾ ਸਿੱਖਿਆ ਢਾਂਚਾ ਦੇਸ਼ ਭਰ ਲਈ ਮਿਸਾਲ ਬਣਿਆ ਹੈ।

ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਡੇਰਾ ਬਾਬਾ ਨਾਨਕ ਦੇ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਸਰਕਾਰੀ ਪ੍ਰਾਇਮਰੀ ਸਕੂਲ ਮਹਿਤਾ ਅਤੇ ਸਰਕਾਰੀ ਪ੍ਰਾਇਮਰੀ ਸਕੂਲ ਸ਼ਾਮਪੁਰਾ ਵਿੱਚ ਹੋਏ ਵਿਕਾਸ ਕਾਰਜਾਂ ਨੂੰ ਲੋਕ ਅਰਪਿਤ ਕਰਨ ਮੌਕੇ ਕੀਤਾ। ਵਿਧਾਇਕ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਲਗਾਤਾਰ ਸੁਧਾਰ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਕੋਈ ਸਮਾਂ ਸੀ ਜਦੋਂ ਆਮ ਵਿਅਕਤੀ ਆਪਣੇ ਬੱਚਿਆਂ ਨੂੰ ਪ੍ਰਾਈਵੇਟ ਸਕੂਲਾਂ ਵਿੱਚ ਪੜ੍ਹਾਉਣ ਨੂੰ ਹੀ ਤਰਜੀਹ ਦਿੰਦੇ ਸਨ ਪ੍ਰੰਤੂ ਮੌਜੂਦਾ ਸਰਕਾਰ ਵੱਲੋਂ ਸਿੱਖਿਆ ਦੇ ਖੇਤਰ ਵਿੱਚ ਕੀਤੇ ਗਏ ਇਤਿਹਾਸਕ ਉਪਰਾਲਿਆਂ ਸਦਕਾ ਅੱਜ ਸਰਕਾਰੀ ਸਕੂਲਾਂ ਵਿੱਚ ਵਿਦਿਆਰਥੀਆਂ ਦੇ ਦਾਖ਼ਲੇ ਦੀ ਗਿਣਤੀ ਵਿੱਚ ਵੱਡਾ ਇਜ਼ਾਫਾ ਹੋਇਆ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ 20 ਹਜ਼ਾਰ ਸਰਕਾਰੀ ਸਕੂਲਾਂ ਵਿੱਚ ਲਗਭਗ 28 ਲੱਖ ਵਿਦਿਆਰਥੀ ਸਿੱਖਿਆ ਪ੍ਰਾਪਤ ਕਰ ਰਹੇ ਹਨ। ਇਹਨਾਂ ਵਿੱਚੋਂ ਕਰੀਬ 17 ਹਜ਼ਾਰ ਸਕੂਲਾਂ ਨੂੰ ਵਾਈ-ਫਾਈ ਦੀ ਸਹੂਲਤ ਨਾਲ ਲੈਸ ਕੀਤਾ ਗਿਆ ਹੈ। ਜਿੱਥੇ ਪੰਜਾਬ ਸਰਕਾਰ ਵੱਲੋਂ 20 ਹਜ਼ਾਰ ਅਧਿਆਪਕ ਭਰਤੀ ਕੀਤੇ ਗਏ ਹਨ, ਉੱਥੇ 12,700 ਅਧਿਆਪਕ ਪੱਕੇ ਵੀ ਕੀਤੇ ਗਏ ਹਨ। ਕਰੀਬ 9000 ਸਫ਼ਾਈ ਸੇਵਕ ਤੇ ਚੌਕੀਦਾਰ ਪੰਜਾਬ ਦੇ ਸਰਕਾਰੀ ਸਕੂਲਾਂ ਵਿੱਚ ਲਾਏ ਗਏ ਹਨ। ਇਸ ਦੇ ਨਾਲ-ਨਾਲ ਸਕੂਲ ਆਫ਼ ਐਮੀਨੈਂਸ ਦੇ ਰੂਪ ਵਿੱਚ ਪੰਜਾਬ ਦੇ ਵਿਦਿਆਰਥੀਆਂ ਨੂੰ ਇੱਕ ਵੱਡੀ ਸੌਗਾਤ ਦਿੱਤੀ ਗਈ ਹੈ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਸਰਕਾਰੀ ਸਕੂਲਾਂ ਵਿੱਚ ਪੜ੍ਹਾਉਣ ਨੂੰ ਤਰਜੀਹ ਦੇਣ। ਇਸ ਮੌਕੇ ਹਲਕਾ ਵਿਧਾਇਕ ਰੰਧਾਵਾ ਵੱਲੋਂ ਸਕੂਲਾਂ ਦੇ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ ਕੀਤਾ ਗਿਆ।

ਇਸ ਮੌਕੇ ਵੱਖ-ਵੱਖ ਸਕੂਲਾਂ ਦੇ ਸਟਾਫ਼ ਵੱਲੋਂ ਹਲਕਾ ਵਿਧਾਇਕ ਰੰਧਾਵਾ ਦਾ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਡਾਕਟਰ ਗੁਰਮੇਜ ਸਿੰਘ ਰੰਧਾਵਾ ਸਰਪੰਚ ਸ਼ਾਮਪੁਰਾ, ਕੁਲਵਿੰਦਰ ਸਿੰਘ ਗਿੱਲ ਮੁੱਖ ਅਧਿਆਪਕ ਮਨਸੂਰਕੇ, ਅੰਮ੍ਰਿਤਪਾਲ ਸਿੰਘ ਰੰਧਾਵਾ ਸੈਂਟਰ ਮੁੱਖ ਅਧਿਆਪਕ ਝੰਗੀ, ਮਾਸਟਰ ਖੁਸ਼ਬੀਰ ਸਿੰਘ ਸਮਰਾ, ਚੇਅਰਮੈਨ ਐਸ ਐਮ ਸੀ ਰੀਤੂ ਰਾਣੀ,ਮਾਸਟਰ ਖਜਾਨ ਸਿੰਘ ਅਮਰੀਕਾ, ਸੁਖਦੀਪ ਸਿੰਘ ਮੱਲੀ, ਜਸਵਿੰਦਰ ਸਿੰਘ ਰੰਧਾਵਾ ਪੈਲਸ ਵਾਲੇ, ਲੰਬੜਦਾਰ ਪ੍ਰਗਟ ਸਿੰਘ, ਹੈਪੀ ਬਹਿਲੋਲਪੁਰ, ਪ੍ਰਿਤਪਾਲ ਸਿੰਘ ਰੰਧਾਵਾ, ਮੈਡਮ ਪਵਨਦੀਪ ਕੌਰ, ਪਲਵਿੰਦਰ ਕੌਰ ਆਂਗਣਵਾੜੀ ਵਰਕਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਬੱਚਿਆਂ ਦੇ ਮਾਪੇ ਹਾਜ਼ਰ ਸਨ।

## ਆਪ ਸਰਕਾਰ ਡਾ. ਅੰਬੇਡਕਰ ਦੇ ਸੁਪਨਿਆਂ ਨੂੰ ਪੂਰਾ ਕਰਨ ਵਾਲੀ ਪਹਿਲੀ ਸਰਕਾਰ : ਧਾਲੀਵਾਲ



ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਸੰਵਿਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਦੀ ਜਨਮ ਵਰ੍ਹੇਗੰਢ ਮੌਕੇ ਕੈਬਨਿਟ ਮੰਤਰੀ ਕੁਲਦੀਪ ਸਿੰਘ ਧਾਲੀਵਾਲ ਨੇ ਪੰਜਾਬ ਦੇ ਪਛੜੇ ਹੋਏ ਲੋਕਾਂ ਨਾਲ ਖੁਸ਼ੀ ਸਾਂਝੀ ਕਰਦੇ ਦੱਸਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਡਾਕਟਰ ਅੰਬੇਡਕਰ ਵੱਲੋਂ ਲਏ ਗਏ ਸੁਪਨਿਆਂ ਨੂੰ ਪੂਰਾ ਕਰਨ ਵਾਲੀ ਪਹਿਲੀ ਸਰਕਾਰ ਹੈ। ਉਹਨਾਂ ਦੱਸਿਆ ਕਿ ਜਿੱਥੇ ਇਸ ਸਰਕਾਰ ਵਿੱਚ ਪਹਿਲਾਂ ਅਨੁਸੂਚਿਤ ਜਾਤੀ ਭਾਈਚਾਰੇ ਵਿੱਚੋਂ ਛੇ ਮੰਤਰੀ ਵੱਡੇ ਵਿਭਾਗਾਂ ਦੀਆਂ ਜ਼ਿੰਮੇਵਾਰੀਆਂ ਨਿਭਾ ਰਹੇ ਹਨ, ਉੱਥੇ ਹੁਣ ਪੰਜਾਬ ਸਰਕਾਰ ਨੇ ਰਾਜ ਦੇ ਕਾਨੂੰਨੀ ਮਾਮਲਿਆਂ ਦੀ ਪੈਰਵੀ ਕਰਨ ਵਾਲੇ ਐਡਵੋਕੇਟ ਜਨਰਲ ਦੇ ਦਫਤਰ ਵਿੱਚ ਰੱਖੇ ਜਾਣ ਵਾਲੇ ਵੱਖ ਵੱਖ ਖੇਤਰਾਂ ਦੇ ਮਾਹਿਰ ਵਕੀਲਾਂ ਵਿੱਚ ਵੀ ਰਾਖਵਾਂਕਰਨ ਦੀ ਸਹੂਲਤ ਦੇ ਦਿੱਤੀ ਹੈ। ਉਹਨਾਂ ਕਿਹਾ ਕਿ ਅਜਿਹਾ ਪੰਜਾਬ ਵਿੱਚ ਪਹਿਲੀ ਵਾਰ ਕੀਤਾ ਗਿਆ ਹੈ।ਧਾਲੀਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕੁਰਸੀ ਉੱਤੇ ਬੈਠਣ ਵਾਲੇ ਦਿਨ ਤੋਂ ਹੀ ਇਨਾਂ ਪਛੜੇ ਵਰਗਾਂ ਦੀ ਭਲਾਈ ਲਈ ਕੰਮ ਕਰਨਾ ਸ਼ੁਰੂ ਕਰ ਦਿੱਤਾ ਸੀ, ਜਿਸ ਦਾ ਸਿੱਟਾ ਇਹ ਹੋਇਆ ਕਿ ਅਨੁਸੂਚਿਤ ਜਾਤੀ ਵਰਗ ਦੇ ਬੱਚਿਆਂ ਨੂੰ ਮਿਲਣ ਵਾਲੀ ਵਜ਼ੀਫੇ ਦੀ ਰਾਸ਼ੀ ਬਿਨਾਂ ਕਿਸੇ ਰੋਕ ਟੋਕ ਤੋਂ ਮਿਲਣ ਲੱਗੀ। ਇਸ ਤੋਂ ਇਲਾਵਾ ਹਰੇਕ ਸਰਕਾਰੀ ਨੌਕਰੀ ਵਿੱਚ ਪਿਆ ਭਾਈਚਾਰੇ ਦਾ ਬੈਕਲਾਗ ਪਹਿਲ ਦੇ ਅਧਾਰ ਉੱਤੇ ਭਰਿਆ ਗਿਆ ਅਤੇ ਹੁਣ ਐਡਵੋਕੇਟ ਜਨਰਲ ਦੇ ਦਫਤਰ ਵਿੱਚ ਵੀ ਭਾਈਚਾਰੇ ਨੂੰ ਰਾਖਵਾਂ ਕਰਨ ਦੀ ਸਹੂਲਤ ਦੇ ਕੇ ਉਹਨਾਂ ਨੇ ਇੱਕ ਮਿਸਾਲ ਕਾਇਮ ਕਰ ਦਿੱਤੀ ਹੈ। ਉਹਨਾਂ ਕਿਹਾ ਕਿ ਅਸੀਂ ਬਾਬਾ ਸਾਹਿਬ ਦੇ ਸਮਾਨਤਾ ਦੇ ਅਧਿਕਾਰ ਉੱਤੇ ਪਹਿਰਾ ਦੇ ਰਹੇ ਹਾਂ ਦਿੰਦੇ ਰਹਾਂਗੇ। ਇਸ ਮੌਕੇ ਉਹਨਾਂ ਨੇ ਬਾਬਾ ਸਾਹਿਬ ਅੰਬੇਡਕਰ ਦਾ ਜਨਮ ਦਿਹਾੜਾ ਵੀ ਪਾਰਟੀ ਦਫਤਰ ਵਿੱਚ ਲੋਕਾਂ ਨਾਲ ਲੱਡੂ ਵੰਡ ਕੇ ਮਨਾਇਆ ਅਤੇ ਸਾਰਿਆਂ ਨੂੰ ਇਸ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ।

ਇਸ ਮੌਕੇ ਨਗਰ ਪੰਚਾਇਤ ਅਜਨਾਲਾ ਦੇ ਪ੍ਰਧਾਨ ਜਸਪਾਲ ਸਿੰਘ ਭੱਟੀ, ਸ਼ਹਿਰੀ ਆਮ ਆਦਮੀ ਪਾਰਟੀ ਦੇ ਪ੍ਰਧਾਨ ਅਮਿਤ ਔਲ, ਅੰਮ੍ਰਿਤ ਪੁਰੀ, ਸ਼ਮਸ਼ੇਰ ਸਿੰਘ ਸ਼ੇਰਾ, ਅਜੇ ਕੁਮਾਰ, ਸ਼ਿਵਦੀਪ ਸਿੰਘ ਚਾਹਲ, ਬਲਾਕ ਪ੍ਰਧਾਨ ਦਵਿੰਦਰ ਸਿੰਘ ਸੋਨੂ, ਵਪਾਰ ਮੰਡਲ ਦੇ ਚੇਅਰਮੈਨ ਰਮੇਸ਼ ਕੁਮਾਰ ਮਹਾਜਨ, ਦੀਪਕ ਭੱਟੀ ਆਦਿ ਹਾਜ਼ਰ ਸਨ।

## ਦਸ਼ਮੇਸ਼ ਪਬਲਿਕ ਸਕੂਲ 'ਚ ਮਨਾਇਆ ਵਿਸਾਖੀ ਦਾ ਤਿਉਹਾਰ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ)-ਇਲਾਕੇ ਦੀ ਨਾਮਵਰ ਸੰਸਥਾ ਦਸ਼ਮੇਸ਼ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਹਿਤਾ ਚੌਂਕ ਵਿਖੇ ਖਾਲਸੇ ਦੇ ਜਨਮ ਦਿਹਾੜੇ ਅਤੇ ਵਿਸਾਖੀ ਨੂੰ ਸਮਰਪਤ ਤਿਉਹਾਰ ਮਨਾਇਆ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਇਸ ਪਾਵਨ ਤਿਉਹਾਰ ਨੂੰ ਮਨਾਉਂਦਿਆਂ ਇਤਿਹਾਸਕ ਪਿਛੋਕੜ ਤੇ ਪਵਿੱਤਰ ਅਸਥਾਨ ਆਨੰਦਪੁਰ ਸਾਹਿਬ ਦੇ ਨਾਲ ਨਾਲ ਕਲਗੀਧਰ ਪਾਤਸ਼ਾਹ ਦੇ ਜੀਵਨ ਨਾਲ ਸਬੰਧਤ ਕਵਿਤਾਵਾਂ, ਸ਼ਬਦ, ਭਾਸ਼ਣ ਅਤੇ ਕਵੀਸ਼ਰੀ ਆਦਿ ਦੁਆਰਾ ਪੇਸ਼ਕਾਰੀ ਕੀਤੀ।ਇਸ ਮੌਕੇ ਸਕੂਲ ਦੇ ਡਾਇਰੈਕਟਰ ਮਨਪ੍ਰੀਤ ਸਿੰਘ ਟੱਕਰ ਨੇ ਵਿਦਿਆਰਥੀਆਂ ਨੂੰ ਸਿੱਖ ਇਤਿਹਾਸ ਦੀ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਅਨੰਦਪੁਰ ਸਾਹਿਬ ਦੀ ਧਰਤੀ 'ਤੇ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੁਆਰਾ ਖਾਲਸਾ ਪੰਥ ਦੀ ਸਥਾਪਨਾ ਕੀਤੀ ਗਈ ਅਤੇ ਪੰਜ ਪਿਆਰਿਆਂ ਨੂੰ ਅੰਮ੍ਰਿਤ ਛਕਾਇਆ ਗਿਆ। ਗੁਰੂ ਸਾਹਿਬ ਦੁਆਰਾ ਇੱਕ ਨਵਾਂ ਪੰਥ ਸਿਰਜਿਆ ਅਤੇ ਜਾਤ ਪਾਤ, ਰੰਗ ਭੇਦ ਆਦਿ ਦੇ ਵਿਤਕਰੇ ਨੂੰ ਖਤਮ ਕੀਤਾ ਗਿਆ। ਸੰਸਥਾ ਦੇ ਚੇਅਰਮੈਨ ਗੁਰਦੀਪ ਸਿੰਘ ਰੰਧਾਵਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਖਾਲਸਾ ਪੰਥ ਦੀ ਸਾਜਨਾ ਦੀ ਵਧਾਈ ਦਿੱਤੀ ਅਤੇ ਸਿੱਖੀ ਸਰੂਪ ਵਿੱਚ ਸਜੇ ਰਹਿਣ ਦੀ ਪ੍ਰੇਰਨਾ ਦਿੱਤੀ।ਇਸ ਮੌਕੇ ਪ੍ਰਿੰਸੀਪਲ ਮੈਡਮ ਗੁਰਬੀਰ ਕੌਰ, ਮੈਡਮ ਰਵਿੰਦਰ ਕੌਰ, ਮੈਡਮ ਸੁਧਾ ਸ਼ਰਮਾ, ਅੰਮ੍ਰਿਤ ਪਾਲ ਸਿੰਘ, ਸਮੂਹ ਸਟਾਫ ਅਤੇ ਵਿਦਿਆਰਥੀ ਹਾਜ਼ਰ ਸਨ।

# ਪੰਜਾਬ ਸਰਕਾਰ ਨੇ ਸਰਕਾਰੀ ਸਕੂਲਾਂ ਨੂੰ ਸਰਵੋਤਮ ਸਿੱਖਿਆ ਮਿਆਰਾਂ ਮੁਤਾਬਕ ਕੀਤਾ ਅੱਪਗ੍ਰੇਡ : ਸ਼ੈਰੀ ਕਲਸੀ




**ਬਟਾਲਾ (ਡਾਕਟਰ ਮਲਵਿੰਦਰ ਸਿੰਘ)**- ਬਟਾਲਾ ਦੇ ਸਰਕਾਰੀ ਸਕੂਲਾਂ ਵਿੱਚ ਸਿੱਖਿਆ ਨੂੰ ਸਰਵੋਤਮ ਵਿੱਦਿਅਕ ਮਿਆਰਾਂ ਦੇ ਹਾਣੀ ਬਣਾਉਣ ਲਈ ਕਲਾਸਰੂਮ, ਬੁਨਿਆਦੀ ਢਾਂਚਾ ਅਤੇ ਡਿਜੀਟਲ ਸਿਖਲਾਈ ਸਹੂਲਤਾਂ ਦਾ ਆਧੁਨਿਕੀਕਰਨ ਕੀਤਾ ਗਿਆ ਹੈ। ਇਹ ਪ੍ਰਗਟਾਵਾ ਬਟਾਲਾ ਦੇ ਵਿਧਾਇਕ ਅਤੇ ਕਾਰਜਕਾਰੀ ਪ੍ਰਧਾਨ ਆਮ ਆਦਮੀ ਪਾਰਟੀ ਪੰਜਾਬ, ਅਮਨ ਸ਼ੇਰ ਸਿੰਘ ਸ਼ੈਰੀ ਕਲਸੀ ਨੇ ਵੱਖ-ਵੱਖ ਸਰਕਾਰੀ ਪ੍ਰਾਇਮਰੀ ਸਕੂਲਾਂ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕਰਨ ਮੌਕੇ ਕੀਤਾ।ਵਿਧਾਇਕ ਸ਼ੈਰੀ ਕਲਸੀ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ ਲੋਹਚੱਪ ਵਿਖੇ 4 ਲੱਖ 16 ਹਜ਼ਾਰ ਰੁਪਏ, ਚੀਮਾ ਭਿੱਟੇਵਿੰਡ ਵਿਖੇ 7 ਲੱਖ 94 ਹਜ਼ਾਰ ਰੁਪਏ ਅਤੇ ਕੋਟਲਾ ਮੂਸਾ ਵਿਖੇ 1 ਲੱਖ 38 ਹਜ਼ਾਰ ਰੁਪਏ ਦੇ ਵਿਕਾਸ ਕਾਰਜਾਂ ਦੇ ਉਦਘਾਟਨ ਕੀਤੇ ਗਏ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਪੰਜਾਬ ਦੇ ਸਕੂਲ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਯੋਗ ਅਗਵਾਈ ਵਿੱਚ ਕਰੋੜਾਂ ਰੁਪਏ ਦੀ ਲਾਗਤ ਨਾਲ ਸਰਕਾਰੀ ਸਕੂਲਾਂ ਨੂੰ ਵਾਈ-ਫਾਈ ਇੰਟਰਨੈੱਟ ਕੁਨੈਕਸ਼ਨ, ਫਰਨੀਚਰ, ਪੀਣ ਵਾਲਾ ਸਾਫ਼ ਪਾਣੀ, ਲੜਕੀਆਂ ਅਤੇ ਲੜਕਿਆਂ ਲਈ ਵੱਖਰੇ ਪਖਾਨੇ ਸਮੇਤ ਸਾਰੀਆਂ ਜ਼ਰੂਰੀ ਸਹੂਲਤਾਂ ਨਾਲ ਲੈਸ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ 'ਸਿੱਖਿਆ ਕ੍ਰਾਂਤੀ ਪ੍ਰੋਗਰਾਮ' ਤਹਿਤ ਵਿਦਿਆਰਥੀਆਂ ਦੀ ਸੁਰੱਖਿਆ ਵਿੱਚ ਵਾਧਾ ਕਰਦਿਆਂ ਜ਼ਿਲ੍ਹੇ ਦੇ ਸਕੂਲਾਂ ਵਿੱਚ ਚਾਰਦੀਵਾਰੀ ਦੀ ਉਸਾਰੀ ਕੀਤੀ ਗਈ ਹੈ ਜਾਂ ਮੁਰੰਮਤ ਕੀਤੀ ਗਈ ਹੈ।ਉਨ੍ਹਾਂ ਦੱਸਿਆ ਕਿ ਇਸ ਤੋਂ ਇਲਾਵਾ ਵਿਦਿਆਰਥੀਆਂ ਲਈ ਨਵੇਂ ਕਲਾਸਰੂਮ ਬਣਾਏ ਗਏ ਹਨ, ਜਦਕਿ ਸਵੱਛਤਾ ਸਬੰਧੀ ਸੁਵਿਧਾਵਾਂ ਵਿੱਚ ਸੁਧਾਰ ਕਰਦਿਆਂ ਸਕੂਲਾਂ ਵਿੱਚ ਨਵੇਂ ਪਖਾਨੇ ਅਤੇ ਪੁਰਾਣਿਆਂ ਦੀ ਮੁਰੰਮਤ ਕੀਤੀ ਗਈ ਹੈ।ਇਸ ਮੌਕੇ ਹਾਜ਼ਰ ਵਿਦਿਆਰਥੀਆਂ ਦੇ ਮਾਪਿਆਂ, ਅਧਿਆਪਕਾਂ ਅਤੇ ਵਿਦਿਆਰਥੀਆਂ ਵੱਲੋਂ ਸਰਕਾਰੀ ਸਕੂਲਾਂ ਵਿੱਚ ਕੀਤੇ ਇਨ੍ਹਾਂ ਸੁਧਾਰਾਂ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦਾ ਧੰਨਵਾਦ ਕੀਤਾ ਗਿਆ।ਇਸ ਮੌਕੇ ਪਰਮਜੀਤ ਕੌਰ, ਜ਼ਿਲ੍ਹਾ ਸਿੱਖਿਆ ਅਫਸਰ (ਐ), ਅਨਿਲ ਸ਼ਰਮਾ ਡਿਪਟੀ ਡੀ ਈ ਓ (ਐ), ਨਵਦੀਪ ਸਿੰਘ ਪਨੇਸਰ, ਗਗਨਦੀਪ ਸਿੰਘ, ਗਗਨਜੀਤ ਸਿੰਘ, ਮਨਦੀਪ ਸਿੰਘ, ਅਵਤਾਰ ਸਿੰਘ ਕਲਸੀ ਤੇ ਮਨਜੀਤ ਸਿੰਘ ਬਮਰਾਹ ਆਦਿ ਹਾਜ਼ਰ ਸਨ।

# ਖਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਤ ਭਾਮੜੀ ਵਿਖੇ ਗੁਰਮਤਿ ਸਮਾਗਮ ਤੇ ਕਬੱਡੀ ਟੂਰਨਾਮੈਂਟ ਕਰਵਾਇਆ



**ਧਾਰੀਵਾਲ/ਹਰਚੋਵਾਲ (ਮਨਦੀਪ ਸਿੰਘ ਵਿੱਕੀ)**-ਖਾਲਸਾ ਪੰਥ ਸਾਜਨਾ ਦਿਵਸ ਕਮੇਟੀ ਨਹਿਰ ਪੁਲ ਭਾਮੜੀ ਵਲੋਂ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਖਾਲਸਾ ਪੰਥ ਸਾਜਨਾ ਦਿਵਸ ਨੂੰ ਸਮਰਪਤ ਸਲਾਨਾ ਨੌਵਾਂ ਗੁਰਮਤਿ ਸਮਾਗਮ ਅਤੇ ਕਬੱਡੀ ਟੂਰਨਾਮੈਂਟ ਕਰਵਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਭੋਗ ਉਪਰੰਤ ਗੁਰਮਤਿ ਸਮਾਗਮ ਦੌਰਾਨ ਬੱਚਿਆਂ ਦੇ ਕਵਿਤਾ, ਗੀਤ, ਦਸਤਾਰ ਅਤੇ ਭਾਸ਼ਣ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਕਰੀਬ 35 ਬੱਚਿਆਂ ਨੇ ਭਾਗ ਲਿਆ। ਮੰਚ ਸੰਚਾਲਨ ਦੀ ਭੂਮਿਕਾ ਦਿਲਬਾਗ ਸਿੰਘ ਬਸਰਾਵਾਂ ਨੇ ਨਿਭਾਈ। ਉਪਰੰਤ ਢਾਡੀ ਜਥਾ ਭਾਈ ਸ਼ਮਸ਼ੇਰ ਸਿੰਘ ਖੁੰਡਾ ਤੇ ਸਾਥੀਆਂ ਨੇ ਗੁਰਇਤਿਹਾਸ ਬਾਰੇ ਚਾਨਣਾ ਪਾਉਂਦੇ ਹੋਏ ਸੰਗਤਾਂ ਨੂੰ ਨਿਹਾਲ ਕੀਤਾ। ਇਸ ਦੇ ਬਾਅਦ ਨਿਹੰਗ ਸਿੰਘਾਂ ਨੇ ਜਥੇਦਾਰ ਬਘੇਲ ਸਿੰਘ ਦੀ ਅਗਵਾਈ 'ਚ ਗਤਕੇ ਦੇ ਜੌਹਰ ਵਿਖਾਏ। ਇਸ ਮੌਕੇ ਗਿਆਨੀ ਮਹਿਤਾਬ ਸਿੰਘ ਅਤੇ ਬਾਬਾ ਬਲਵਿੰਦਰ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਸਾਹਿਬ ਰਾਜਾ ਰਾਮ ਵਲੋਂ ਸੰਗਤਾਂ ਨੂੰ ਖਾਲਸਾ ਸਾਜਨਾ ਦਿਵਸ ਦਾ ਵਧਾਈ ਸੰਦੇਸ਼ ਦਿੱਤਾ ਅਤੇ ਗੁਰਮਤਿ ਮੁਕਾਬਲਿਆਂ ਵਿੱਚੋਂ ਜੇਤੂ ਬੱਚਿਆਂ ਨੂੰ ਸਨਮਾਨਤ ਕੀਤਾ ਗਿਆ। ਕਬੱਡੀ ਟੂਰਨਾਮੈਂਟ ਦੌਰਾਨ ਅੱਠ ਟੀਮਾਂ ਨੇ ਭਾਗ ਲਿਆ। ਜਿਨ੍ਹਾਂ ਵਿੱਚੋਂ ਫਾਈਨਲ ਮੁਕਾਬਲਾ ਬਾਬਾ ਰਾਜਾ ਰਾਮ ਕਬੱਡੀ ਕਲੱਬ ਹਰਚੋਵਾਲ ਅਤੇ ਬਾਬਾ ਲਾਲ ਸਿੰਘ ਜੀ ਕੁੱਲੀ ਵਾਲੇ ਕਬੱਡੀ ਕਲੱਬ ਦੀਆਂ ਟੀਮਾਂ ਦਰਮਿਆਨ ਹੋਇਆ। ਇਸ ਫਸਵੇਂ ਮੁਕਾਬਲੇ 'ਚ ਬਾਬਾ ਰਾਜਾ ਰਾਮ ਕਬੱਡੀ ਕਲੱਬ ਹਰਚੋਵਾਲ ਦੀ ਟੀਮ ਡੇਢ ਅੰਕ ਨਾਲ ਜੇਤੂ ਰਹੀ। ਰੱਸਾਕਸ਼ੀ ਮੁਕਾਬਲੇ ਵਿੱਚ ਭਾਈ ਮੰਝ ਟੀਮ ਨੇ ਭਾਈ ਘਨੱਈਆ ਟੀਮ ਹਰਾ ਕੇ ਜਿੱਤ ਹਾਸਲ ਕੀਤੀ। ਇਸ ਤੋਂ ਇਲਾਵਾ ਹੋਰ ਵੀ ਪੇਂਡੂ ਰਿਵਾਇਤੀ ਖੇਡਾਂ ਕਰਵਾਈਆਂ ਗਈਆਂ। ਪ੍ਰਬੰਧਕ ਕਮੇਟੀ ਵਲੋਂ ਜੇਤੂਆਂ ਨੂੰ ਨਗਦ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ। ਇਸ ਤੋਂ ਇਲਾਵਾ ਹਿਤੇਸ਼ਵਰ ਰਿਆੜ ਅਤੇ ਪੱਪੂ ਕੰਡੀਲੇ ਦਾ ਵੀ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ। ਇਸ ਮੌਕੇ ਅਗਲੇ ਸਾਲ ਸਾਲ ਕਰਵਾਏ ਜਾਣ ਵਾਲੇ ਇਨ੍ਹਾਂ ਸਮਾਗਮਾਂ ਤੇ ਕਬੱਡੀ ਕੱਪ ਲਈ ਦਿਲਪ੍ਰੀਤ ਸਿੰਘ ਯੂ ਐਸ ਏ ਨੇ 1 ਲੱਖ ਰੁਪਏ, ਅਜੀਤ ਸਿੰਘ ਮੋਹਣੀ ਨੇ 1 ਲੱਖ ਰੁਪਏ, ਗੁਰਿੰਦਰਪਾਲ ਸਿੰਘ ਭਾਂਬੜੀ ਯੂ ਐਸ ਏ ਨੇ 51000 ਰੁਪਏ, ਪ੍ਰਕਾਸ਼ ਗੇਟ ਹਾਊਸ ਨੇ 21 ਹਜ਼ਾਰ ਰੁਪਏ ਅਤੇ ਸਰਵਣ ਸਿੰਘ ਸ਼ਾਹੂਕਾਰ ਨੇ 51 ਹਜ਼ਾਰ ਰੁਪਏ ਕਮੇਟੀ ਨੂੰ ਸੇਵਾ ਦੇਣ ਦਾ ਐਲਾਨ ਕੀਤਾ। ਅਖੀਰ ਵਿੱਚ ਦਿਲਬਾਗ ਸਿੰਘ ਬਸਰਾਵਾਂ ਨੇ ਇਲਾਕਾ ਨਿਵਾਸੀਆਂ ਅਤੇ ਪ੍ਰਮੁੱਖ ਸ਼ਖਸੀਅਤਾਂ ਦੁਆਰਾ ਇਸ ਕਾਰਜ ਵਿੱਚ ਸਹਿਯੋਗ ਦੇਣ ਲਈ ਧੰਨਵਾਦ ਕੀਤਾ। ਇਸ ਮੌਕੇ ਪ੍ਰਬੰਧਕ ਕਮੇਟੀ ਮੈਂਬਰ ਬਾਬਾ ਨਰਿੰਦਰ ਸਿੰਘ, ਸਰਪੰਚ ਬਚਨ ਸਿੰਘ ਰਿਆੜ, ਦਿਲਬਾਗ ਸਿੰਘ ਬਸਰਾਵਾ, ਹਰਜੀਤ ਸਿੰਘ ਰਿਆੜ, ਦਿਲਬਾਗ ਸਿੰਘ ਠਾਣੇਦਾਰ, ਅਜੀਤ ਸਿੰਘ ਮੋਹਣੀ, ਜਗਤਾਰ ਸਿੰਘ ਖਾਲਸਾ, ਬਲਵਿੰਦਰ ਸਿੰਘ ਬਿੱਲੂ, ਡਾ. ਅਮਰਜੀਤ ਸਿੰਘ ਧਾਲੀਵਾਲ, ਗੁਰਮੁਖ ਲਾਲ, ਜਰਨੈਲ ਸਿੰਘ ਬਿੱਲੂ, ਬਲਜਿੰਦਰ ਸਿੰਘ ਬਿੱਲਾ, ਰਮੇਸ਼ ਸਿੰਘ, ਹਰਭਜਨ ਲਾਲ, ਡਾਕਟਰ ਗੁਰਵੰਤ ਸਿੰਘ, ਖਜਾਨਚੀ ਸੁੱਚਾ ਸਿੰਘ ਫੌਜੀ, ਪਰਮਜੀਤ ਸਿੰਘ ਏਜੰਸੀ, ਜਸਪਾਲ ਸਿੰਘ ਫੌਜੀ, ਰਣਜੀਤ ਸਿੰਘ ਰਾਣਾ, ਬੀਰ ਸਿੰਘ ਆਦਿ ਸਮੂਹ ਕਮੇਟੀ ਮੈਂਬਰਾਂ ਤੋਂ ਇਲਾਵਾ ਧਰਮਿੰਦਰ ਸਿੰਘ ਸਰਪੰਚ ਚੇਅਰਮੈਨ ਟੂਰਨਾਮੈਂਟ ਕਮੇਟੀ ਹਰਜੋਵਾਲ, ਦਿਲਬਾਗ ਸਿੰਘ ਬੱਗੋ, ਗੁਰਵਿੰਦਰਪਾਲ ਸਿੰਘ ਸਾਬੀ, ਰਣਜੋਤ ਸਿੰਘ ਪੱਡਾ, ਪ੍ਰਿੰਸੀਪਲ ਕੈਪਟਨ ਸਿੰਘ, ਪ੍ਰੋ. ਧਿਆਨ ਸਿੰਘ ਸੰਧੂ ਪ੍ਰਿੰਸੀਪਲ, ਸਰਪੰਚ ਸਤਨਾਮ ਸਿੰਘ, ਸਰਪੰਚ ਰੋਮੀ ਖੁਜਾਲਾ, ਹਰਜਿੰਦਰ ਸਿੰਘ ਕਾਹਲੋਂ ਮਾਝਾ ਸਪੋਰਟਸ ਕਲੱਬ,ਗੁਰਨਾਮ ਸਿੰਘ ਮੰਡ, ਕਾਲਾ ਸਿੰਘ, ਹਰਜਿੰਦਰ ਸਿੰਘ ਕਾਨੂੰਗੋ, ਬਲਜੀਤ ਸਿੰਘ ਪੰਡੋਰੀ ,ਡਾਕਟਰ ਸਰਦੂਲ ਸਿੰਘ ,ਰਣਜੀਤ ਸਿੰਘ ਪੱਪੀ, ਗੁਲਜਾਰ ਸਿੰਘ, ਸਾਬਕਾ ਸਰਪੰਚ ਸਿਕੰਦਰ ਸਿੰਘ, ਸਰਪੰਚ ਗੁਰਦੀਪ ਸਿੰਘ, ਪਾਸੀ, ਛਿੰਦਪਾਲ, ਭੁੱਟੋ, ਰਤਨ ਲਾਲ, ਬਾਬਾ ਦਲੀਪ ਸਿੰਘ, ਹੋਬੀ ਬਾਜਵਾ,ਲਾਡੀ ਵਪਾਰੀ,ਪੰਮਾ ਫੌਜੀ, ਜਥੇਦਾਰ ਬਖਸ਼ੀਸ਼ ਸਿੰਘ, ਬਾਪੂ ਕੁੰਨਣ ਸਿੰਘ, ਹਰਮਨ ਟਿੰਕੂ ਆਦਿ ਸਮੇਤ ਇਲਾਕੇ ਭਰ ਤੋਂ ਲੋਕ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

16 Apr Page-12.qxd 4/15/2025 10:49 PM Page 1



## ਡਾ. ਇਸ਼ਾਂਕ ਨੇ ਦਿੱਤੀ 49 ਲੋੜਵੰਦ ਪਰਵਾਰਾਂ ਨੂੰ 4.90 ਲੱਖ ਰੁਪਏ ਦੀ ਆਰਥਕ ਸਹਾਇਤਾ



**ਹੁਸ਼ਿਆਰਪੁਰ (ਓਮ ਪ੍ਰਕਾਸ਼ ਰਾਣਾ, ਬਲਵੀਰ ਸਿੰਘ ਸੈਣੀ)**— ਚੱਬੇਵਾਲ ਵਿਧਾਨ ਸਭਾ ਹਲਕੇ ਦੇ ਵਿਧਾਇਕ ਡਾ. ਇਸ਼ਾਂਕ ਨੇ ਪਿੰਡ ਮੰਨਣਹਾਣਾ ਤੇ ਰਾਵਲ ਬੱਸੀ ਦੇ 49 ਲੋੜਵੰਦ ਪਰਿਵਾਰਾਂ ਨੂੰ ਕੁੱਲ 4.90 ਲੱਖ ਰੁਪਏ ਦੀ ਆਰਥਿਕ ਸਹਾਇਤਾ ਦੇ ਕੇ ਉਨ੍ਹਾਂ ਦੀ ਕੱਚੀ ਛੱਤਾਂ ਦੀ ਮੁਰੰਮਤ ਲਈ ਚੈਕ ਪ੍ਰਦਾਨ ਕਰਕੇ ਰਾਹਤ ਦਿੱਤੀ। ਇਹ ਯਤਨਾਂ ਨਾਲ ਗਰੀਬ ਅਤੇ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੇ ਲੋਕਾਂ ਨੂੰ ਆਪਣੇ ਸਿਰ 'ਤੇ ਸੁਰੱਖਿਅਤ ਛੱਤ ਮਿਲ ਸਕੇਗੀ।ਇਸ ਮੌਕੇ ਡਾ.ਇਸ਼ਾਂਕ ਨੇ ਕਿਹਾ ਕਿ ਕਿਸੇ ਵੀ ਸਮਾਜ ਦੀ ਤਰੱਕੀ ਓਦੋਂ ਹੀ ਸੰਭਵ ਹੈ ਜਦੋਂ ਸਰਕਾਰਾਂ ਜ਼ਮੀਨੀ ਪੱਧਰ 'ਤੇ ਲੋਕਾਂ ਦੀ ਆਵਾਜ਼ ਸੁਣ ਕੇ ਤੁਰੰਤ ਕਾਰਵਾਈ ਕਰਦੀਆਂ ਹਨ। ਉਨ੍ਹਾਂ ਕਿਹਾ, 'ਲੋੜਵੰਦਾਂ ਨੂੰ ਰਾਹਤ ਦੇਣਾ ਸਿਰਫ਼ ਇੱਕ ਰਵਾਇਤੀ ਕੰਮ ਨਹੀਂ, ਸਗੋਂ ਸਾਡੀ ਸਰਕਾਰ ਦਾ ਨੈਤਿਕ ਤੇ ਸਮਾਜਿਕ ਫਰਜ਼ ਹੈ। ਮੈਂ ਆਪਣੇ ਹਲਕੇ ਦੇ ਹਰ ਨਾਗਰਿਕ ਨੂੰ ਇਹ ਭਰੋਸਾ ਦਿਵਾਉਂਦਾ ਹਾਂ ਕਿ ਅਸੀਂ ਉਨ੍ਹਾਂ ਦੇ ਸੁਖ-ਦੁੱਖ ਵਿੱਚ ਸਦਾ ਨਾਲ ਖੜੇ ਰਹਾਂਗੇ।' ਉਨ੍ਹਾਂ ਨੇ ਇਹ ਵੀ ਕਿਹਾ ਕਿ ਉਨ੍ਹਾਂ ਦੇ ਕਾਰਜਕਾਲ ਦੌਰਾਨ ਕਿਸੇ ਵੀ ਗਰੀਬ ਪਰਿਵਾਰ ਨੂੰ ਛੱਤ, ਸਿੱਖਿਆ, ਸਿਹਤ ਜਾਂ ਰੋਜ਼ਗਾਰ ਤੋਂ ਵੰਚਿਤ ਨਹੀਂ ਰਹਿਣ ਦਿੱਤਾ ਜਾਵੇਗਾ। ਪਿੰਡਾਂ ਵਿੱਚ ਹੋਰ ਲੋੜਵੰਦ ਪਰਵਾਰਾਂ ਨੂੰ ਵੀ ਇਨ੍ਹਾਂ ਸਕੀਮਾਂ ਰਾਹੀਂ ਸਹਾਇਤਾ ਦਿੱਤੀ ਜਾਵੇਗੀ। ਪਿੰਡ ਮੰਨਣਹਾਣਾ ਦੇ ਇੱਕ ਲਾਭਪਾਤਰੀ ਨੇ ਦੱਸਿਆ, 'ਸਾਡੀ ਛੱਤ ਵਰਖਾ ਵਿੱਚ ਟਪਕਦੀ ਸੀ, ਘਰ ਵਿੱਚ ਰਹਿਣਾ ਔਖਾ ਹੋ ਜਾਂਦਾ ਸੀ। ਹੁਣ ਇਹ ਮਦਦ ਸਾਡੇ ਲਈ ਵੱਡਾ ਸਹਾਰਾ ਬਣੀ ਹੈ।' ਡਾ.ਇਸ਼ਾਂਕ ਨੇ ਕਿਹਾ ਕਿ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਨਵੀਂ ਰਫ਼ਤਾਰ ਦਿੱਤੀ ਜਾ ਰਹੀ ਹੈ ਅਤੇ ਆਉਣ ਵਾਲੇ ਮਹੀਨਿਆਂ ਵਿੱਚ ਸੜਕਾਂ, ਪਾਣੀ ਸਪਲਾਈ ਤੇ ਸਿੱਖਿਆ ਨਾਲ ਜੁੜੇ ਪ੍ਰਾਜੈਕਟਾਂ 'ਤੇ ਖਾਸ ਧਿਆਨ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪਾਰਦਰਸ਼ਤਾ, ਸੇਵਾ ਅਤੇ ਸਮਰਪਣ ਦੀ ਭਾਵਨਾ ਨਾਲ ਹੀ ਉਹ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਦੀ ਕੋਸ਼ਿਸ਼ ਕਰ ਰਹੇ ਹਨ।ਇਸ ਮੌਕੇ 'ਤੇ ਪੰਚਾਇਤ ਮੈਂਬਰ ਸਰਪੰਚ ਰਵੀ ਰਾਮ (ਮੰਨਣਹਾਣਾ), ਲੰਬਰਦਾਰ ਹਰਭਜਨ ਸਿੰਘ, ਪੰਚ ਕਮਲਜੀਤ ਸਿੰਘ, ਪੰਚ ਓਂਕਾਰ ਸਿੰਘ (ਸ਼ੈਂਟੀ), ਪੰਚ ਕੁਲਬੀਰ ਕੌਰ, ਅਮਰਜੀਤ ਕੌਰ, ਪੰਚ ਸੋਹਣ, ਪੰਚ ਮਨਪ੍ਰੀਤ ਕਾਲੇਰ, ਸਰਪੰਚ ਮੰਜੂ ਬਾਲਾ ਰਾਵਲ ਬੱਸੀ), ਰਾਮ ਸਿੰਘ, ਜਗਰਾਜ ਸਿੰਘ, ਰਾਜਪਾਲ, ਪੰਚ ਬਲਵਿੰਦਰ ਸਿੰਘ, ਸਰਪੰਚ ਰਾਕੇਸ਼ ਕੁਮਾਰ, ਬਲਜੀਤ ਕੌਰ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਮੌਜੂਦ ਸਨ।

## ਜਮਸ਼ੇਰ ਖਾਸ 'ਚ ਮਨਾਇਆ ਡਾ. ਅੰਬੇਡਕਰ ਦਾ ਜਨਮ ਦਿਹਾੜਾ

**ਜਲੰਧਰ (ਰਾਜੇਸ਼ ਥਾਪਾ)** ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਕਸਬਾ ਜਮਸ਼ੇਰ ਖਾਸ ਮਨਾਇਆ ਗਿਆ। ਇਸ ਮੌਕੇ ਜਥੇਬੰਦੀ ਸੂਬਾ ਪ੍ਰਧਾਨ ਦਰਸ਼ਨ ਨਾਹਰ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜੀਵਨ ਤੇ ਵਿਸਥਾਰ ਸਹਿਤ ਜਾਣਕਾਰੀ ਦਿੰਦਿਆਂ ਕਿਹਾ ਕਿ ਉਨ੍ਹਾਂ ਦਾ ਮੁੱਖ ਸਲੋਗਨ ਪੜ੍ਹੋ ਜੁੜੋ ਤੇ ਸੰਘਰਸ਼ ਕਰੋ ਨੂੰ ਅੱਜ ਗੰਭੀਰਤਾ ਨਾਲ ਲਾਗੂ ਕਰਨ ਦੀ ਲੋੜ ਹੈ । ਮੋਦੀ ਸਰਕਾਰ ਸੰਵਿਧਾਨ ਨੂੰ ਖ਼ਤਮ ਕਰਕੇ ਮਨੂੰ ਸਮ੍ਰਿਤੀ ਲਾਗੂ ਕਰਨ ਲਈ ਕੋਝੇ ਹਥਕੰਡੇ ਵਰਤ ਰਹੀ ਹੈ ਜਿਸ ਵਿਰੁੱਧ ਲੋਕਾਂ ਜਾਗਰੂਕ ਕਰਕੇ ਤਿੱਖੇ ਸੰਘਰਸ਼ ਵਿੱਢਣ ਦੀ ਲੋੜ ਹੈ।ਸੂਬਾ ਪ੍ਰੈੱਸ ਸਕੱਤਰ ਬਲਦੇਵ ਸਿੰਘ ਨੂਰਪੁਰੀ ਨੇ ਕਿਹਾ ਕਿ ਜਦੋਂ ਛੂਤਛਾਤ ਪੂਰੇ ਜ਼ੋਰਾਂ 'ਤੇ ਸੀ ਤਾਂ ਉਸ ਸਮੇਂ 1927 ਵਿੱਚ ਬਾਬਾ ਸਾਹਿਬ ਨੇ ਆਪਣੇ ਅਧਿਕਾਰਾਂ ਲਈ ਸੱਤਿਆਗ੍ਰਹਿ ਸ਼ੁਰੂ ਕੀਤਾ, ਉਹ ਚਾਵਦਰ ਤਲਾਅ ਤੇ ਗਏ ਪਾਣੀ ਪੀਤਾ ਅਤੇ ਲੋਕਾਂ ਪਿਆਇਆ ਗਿਆ ਸੀ ਅਤੇ ਮਨੂੰ ਸਮ੍ਰਿਤੀ ਦੀਆਂ ਕਾਪੀਆਂ ਸਾੜੀਆਂ ਸਨ। ਅੱਜ ਵੀ ਜਾਤੀਪਾਤੀ ਵਿਤਕਰਿਆਂ ਤੇ ਆਪਣੇ ਹੱਕਾਂ ਲਈ ਸੰਘਰਸ਼ਾਂ ਤੋਂ ਬਿਨਾਂ ਕੋਈ ਰਾਹ ਨਹੀਂ ਹੈ। ਉਸ ਤੋਂ ਬਾਅਦ ਰੋਸ ਮਾਰਚ ਕਰਕੇ ਥਾਣਾ ਸਦਰ ਜਲੰਧਰ ਜਮਸ਼ੇਰ ਪਹੁੰਚੇ




ਜਿੱਥੇ ਮੁੱਖੀ ਐਸ ਐਚ ਓ ਦੇ ਵਤੀਰੇ ਖਿਲਾਫ਼ ਰੋਸ ਧਰਨਾ ਦਿੱਤਾ ਗਿਆ। ਧਰਨਾਕਾਰੀਆਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਜਲੰਧਰ ਦੇ ਸਕੱਤਰ ਪਰਮਜੀਤ ਰੰਧਾਵਾ ਨੇ ਕਿਹਾ ਕਿ ਐਸ ਐਚ ਓ ਵਲੋਂ ਮੋਹਤਵਾਰ ਵਿਅਕਤੀਆਂ ਨਾਲ ਥਾਣੇ ਵਿੱਚ ਠੀਕ ਵਰਤਾਓ ਕਰਨਾ ਚਾਹੀਦਾ ਹੈ ਗੈਰ -ਜ਼ਿੰਮੇਵਾਰਾਨਾ ਭਾਸ਼ਾ ਬਰਦਾਸ਼ਤ ਨਹੀਂ ਕੀਤੀ ਜਾਵੇਗੀ । ਇਸ ਮੌਕੇ ਐਸ ਐਚ ਓ ਨੇ ਭਰੋਸਾ ਦਿੱਤਾ ਕਿ ਅੱਗੇ ਤੋਂ ਕੋਈ ਸ਼ਿਕਾਇਤ ਨਹੀਂ ਆਉਣ ਦਿੱਤੀ ਜਾਵੇਗੀ।ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਹਰਬੰਸ ਮੱਟੂ ਸੂਬਾ ਕਮੇਟੀ ਮੈਂਬਰ,ਭਜਨ ਸਿੰਘ ਗਿੱਲ ਜਮਸ਼ੇਰ, ਸੁਨੀਤਾ ਨੂਰਪੁਰੀ, ਮੇਜਰ ਫਿਲੌਰ, ਅਮ੍ਰਿਤਪਾਲ ਰਾਮਗੜ ਨੰਗਲ ਫ਼ਿਲੌਰ, ਬਲਜੀਤ ਕੌਰ, ਪਰਮਜੀਤ ਬੁੱਝ, ਤਰਸੇਮ ਕਾਦੀਆਂ ਵਾਲ ਰਿਟਾਇਰ ਰੇਲਵੇ ਆਗੂ, ਵਿਜੇ ਕੁਮਾਰ ਫੋਲੜੀਵਾਲ ਹਾਜ਼ਰ ਸਨ।

## ਵਿੱਤ ਮੰਤਰੀ ਦੇ ਹਲਕਾ ਦਿੜ੍ਹਬਾ ਵਿਖੇ ਰੋਸ ਧਰਨਾ ਅੱਜ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)** ਜੰਗਲਾਤ ਕਾਮਿਆਂ ਦੀ ਸੰਘਰਸ਼ੀਲ ਜੱਥੇਬੰਦੀ ਜੰਗਲਾਤ ਵਰਕਰਜ਼ ਯੂਨੀਅਨ ਪੰਜਾਬ ਦੀ ਪਿਛਲੇ ਦਿਨੀਂ ਵਰਚੁਅਲ ਮੀਟਿੰਗ ਸੂਬਾ



ਪ੍ਰਧਾਨ ਅਮਰੀਕ ਸਿੰਘ ਗੜ੍ਹਸ਼ੰਕਰ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਜਾਣਕਾਰੀ ਦਿੰਦਿਆਂ ਜੱਥੇਬੰਦੀ ਦੇ ਜਨਰਲ ਸਕੱਤਰ ਜਸਵੀਰ ਸਿੰਘ ਸੀਰਾ ਅਤੇ ਜਸਵਿੰਦਰ ਸਿੰਘ ਸੌਜਾ ਸੂਬਾ ਸਕੱਤਰ ਨੇ ਦੱਸਿਆ ਕਿ ਵਣ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵਿੱਚ ਕੰਮ ਕਰਦੇ ਕਾਮਿਆਂ ਦੀਆਂ ਮੰਗਾਂ ਸਬੰਧੀ ਵਣ ਮੰਤਰੀ ਅਤੇ ਵਿੱਤ ਮੰਤਰੀ ਜੀ ਨਾਲ ਅਨੇਕਾਂ ਮੀਟਿੰਗਾਂ ਹੋਣ ਦੇ ਬਾਵਜੂਦ ਇੱਕ ਵੀ ਮੰਗ ਦਾ ਹੱਲ ਨਹੀਂ ਹੋਇਆ ਇਸ ਲਈ 16 ਅਪ੍ਰੈਲ ਨੂੰ ਵਿੱਤ ਮੰਤਰੀ ਦੇ ਹਲਕਾ ਦਿੜ੍ਹਬਾ ਵਿਖੇ ਰੋਸ ਧਰਨਾ ਦਿੱਤਾ ਜਾਵੇਗਾ। ਚੈਅਰਮੈਨ ਵਿਰਸਾ ਸਿੰਘ ਚਹਿਲ ਅਤੇ ਵਿੱਤ ਸਕੱਤਰ ਅਮਨਦੀਪ ਸਿੰਘ ਛੱਤਬੀੜ ਨੇ ਦੱਸਿਆ ਕਿ ਵਣ ਤੇ ਜੰਗਲੀ ਜੀਵ ਵਿਭਾਗ ਵਿੱਚ ਕੰਮ ਕਰਦੇ ਡੇਲੀਵੇਜ ਕਾਮਿਆਂ ਨੂੰ ਬਿਨਾਂ ਸ਼ਰਤ ਪੱਕਿਆਂ ਕਰਵਾਉਣ ਲਈ ਵਿਭਾਗ ਵਿੱਚ 60 ਸਾਲ ਤੋਂ ਵੱਧ ਉਮਰ ਦੇ ਛਾਂਟੀ ਕੀਤੇ ਕਾਮਿਆਂ ਨੂੰ ਬਹਾਲ ਕਰਾਉਣ ਲਈ, ਵਿਭਾਗ ਵਿੱਚ ਨਵੇਂ ਕੰਮ ਚਲਾਉਣ ਲਈ, ਰੁੱਖਾਂ ਅਤੇ ਜੀਵ ਜੰਤੂਆਂ ਦੀ ਸਾਂਭ ਸੰਭਾਲ ਕਰਵਾਉਣ ਆਦਿ ਮੰਗਾਂ ਨੂੰ ਹੱਲ ਕਰਵਾਉਣ ਲਈ ਕੀਤੀ ਗਈ ਜਾ ਰਹੀ ਹੈ।ਇਸ ਮੌਕੇ ਸੀਨੀਅਰ ਮੀਤ ਪ੍ਰਧਾਨ ਬਲਵੀਰ ਸਿੰਘ ਤਰਨਤਾਰਨ, ਰਣਜੀਤ ਸਿੰਘ ਗੁਰਦਾਸਪੁਰ, ਕੇਵਲ ਕ੍ਰਿਸ਼ਨ ਨਵਾਂ ਸ਼ਹਿਰ, ਮਲਕੀਤ ਸਿੰਘ ਮੁਕਤਸਰ, ਸ਼ੇਰ ਸਿੰਘ ਸਰਹੰਦ, ਰਵੀਕਾਂਤ ਰੋਪੜ, ਸਤਨਾਮ ਸਿੰਘ ਸੰਗਰੂਰ, ਸੁਲੱਖਣ ਸਿੰਘ ਮੋਹਾਲੀ, ਸੁਖਦੇਵ ਸਿੰਘ ਜਲੰਧਰ,ਰਵੀ ਭਾਰਦਵਾਜ ਲੁਧਿਆਣਾ, ਬੂਟਾ ਸਿੰਘ ਲੁਧਿਆਣਾ, ਗੁਰਬੀਰ ਸਿੰਘ ਫਿਰੋਜ਼ਪੁਰ, ਬਲਰਾਜ ਸਿੰਘ ਪਠਾਨਕੋਟ, ਬੱਬੂ ਸਿੰਘ ਮਾਨਸਾ, ਭਵੀਸਨ ਲਾਲ ਜਲੰਧਰ, ਕੁਲਦੀਪ ਸਿੰਘ ਗੁਰਦਾਸਪੁਰ ਪਵਨ ਕੁਮਾਰ ਹੁਸ਼ਿਆਰਪੁਰ, ਭੁਪਿੰਦਰ ਸਿੰਘ ਦਸੂਹਾ ਅਤੇ ਕਰਮ ਸਿੰਘ ਹਰੀਕੇ ਪੱਤਣ ਆਦਿ ਆਗੂ ਹਾਜ਼ਰ ਹੋਏ।

## ਹਰਿਆਣਾ 'ਚ ਹੋਈ ਇੱਕ ਨਵੇਂ ਯੁੱਗ ਦੀ ਸ਼ੁਰੂਆਤ : ਮੁੱਖ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਹਰਿਆਣਾ ਸੂਬਾ ਕੇਂਦਰ ਸਰਕਾਰ ਦੀ ਜਨ ਭਲਾਈ ਯੋਜਨਾਵਾਂ ਨੂੰ ਸ਼ੁਰੂ ਕਰਨ ਦੇ ਨਾਲ ਹੀ ਆਮਜਨ ਦੀ ਸੇਵਾ ਵਿੱਚ ਪ੍ਰਭਾਵੀ ਰੂਪ ਨਾਲ ਆਪਣੀ ਜਿੰਮੇਵਾਰੀ ਨਿਭਾ ਰਹੀ ਹੈ। ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਕੁਸ਼ਲ ਅਗਵਾਈ ਹੇਠ ਹਰਿਆਣਾ ਟ੍ਰਿਪਲ ਇੰਜਨ ਸਰਕਾਰ ਨਾਲ ਵਿਕਾਸ ਵਿੱਚ ਸਹਿਭਾਗੀ ਬਣ ਰਿਹਾ ਹੈ। ਮੁੱਖ ਮੰਤਰੀ ਸੋਮਵਾਰ ਨੂੰ ਹਿਸਾਰ ਵਿਖੇ ਭਾਰਤ ਰਤਨ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਦੀ 135ਵੀਂ ਜੈਯੰਤੀ 'ਤੇ ਮਹਾਰਾਜਾ ਅਗਰਸੇਨ ਹਵਾਈ ਅੱਡੇ ਤੋਂ ਹਵਾਈ ਸੇਵਾਵਾਂ ਦਾ ਸ਼ੁਭਾਰੰਭ ਅਤੇ ਟਰਮਿਨਲ-2 ਦੇ ਨੀਂਹ ਪੱਥਰ ਦੇ ਮੌਕੇ 'ਤੇ ਆਯੋਜਿਤ ਸੰਕਲਪ ਦੀ ਉਡਾਨ ਪ੍ਰੋਗਰਾਮ ਵਿੱਚ ਬੋਲ ਰਹੇ ਸਨ। ਮੁੱਖ ਮੰਤਰੀ ਨੇ ਕਿਹਾ ਕਿ ਅੱਜ ਦਾ ਇਹ ਦਿਨ ਸਾਡੇ ਸਾਰਿਆਂ ਲਈ ਵੱਡਾ ਹੀ ਇਤਿਹਾਸਿਕ ਹੈ। ਅੱਜ ਅਸੀਂ ਉਸ ਪਲ ਦੇ ਗਵਾਹ ਬਣੇ ਹਾਂ, ਜਦੋਂ ਹਿਸਾਰ ਦੀ ਇਸ ਪਾਵਨ ਭੂਮਿ 'ਤੇ ਮਹਾਰਾਜਾ ਅਗਰਸੇਨ ਹਵਾਈ ਅੱਡੇ 'ਤੇ ਭਗਵਾਨ ਸ਼੍ਰੀ ਰਾਮ ਦੀ ਨਗਰੀ ਅਯੋਧਿਆ ਵਿੱਚ ਮਹਾਂਰਿਸ਼ੀ ਬਾਲਮੀਕੀ ਕੌਮਾਂਤਰੀ ਹਵਾਈ ਅੱਡੇ ਤੱਕ ਹਵਾਈ ਉੜਾਨਾਂ ਦਾ ਸ਼ੁਭਾਰੰਭ ਹੋ ਗਿਆ ਹੈ। ਨਾਲ ਹੀ ਹਰਿਆਣਾ ਦੇ ਇਸ ਪਹਿਲੇ ਏਅਰਪੋਰਟ ਦੇ ਦੂਜੇ ਟਰਮਿਨਲ ਦੇ ਭਵਨ ਦਾ ਨੀਂਹ ਪੱਥਰ ਵੀ ਵਿਕਾਸ ਦੀ ਦਿਸ਼ਾ ਵਿੱਚ ਅਹਿਮ ਕਦਮ ਹੈ। ਉਨ੍ਹਾਂ ਨੇ ਕਿਹਾ ਕਿ ਹਿਸਾਰ ਹੀ ਨਹੀਂ ਸਗੋਂ ਪੂਰੇ ਸੂਬੇ ਵਿੱਚ ਇੱਕ ਨਵਾਂ ਜੋਸ਼ ਹੈ, ਇੱਕ ਨਵੀਂ ਚਮਕ ਹੈ। ਹਰਿਆਣਾ ਵਿੱਚ ਇੱਕ ਨਵੀਂ ਦਿਸ਼ਾ, ਨਵੀਂ ਉੜਾਨ ਅਤੇ ਇੱਕ ਨਵੇਂ ਯੁਗ ਦੀ ਸ਼ੁਰੂਆਤ ਹੋ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਦਾ ਵਿਜਨ ਹੈ ਕਿ 2047 ਵਿੱਚ ਭਾਰਤ ਵਿਕਸਿਤ ਦੇਸ਼ ਬਣੇ, ਇਸ ਨੂੰ ਸਾਕਾਰ ਕਰਨ ਵਿੱਚ ਹਰਿਆਣਾ ਦਾ ਵਿਸ਼ੇਸ਼ ਯੋਗਦਾਨ ਰਵੇਗਾ।ਮੁੱਖ ਮੰਤਰੀ ਨੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੂੰ ਜਾਣੂ ਕਰਾਇਆ ਕਿ ਇਹ ਓਹੀ ਹਿਸਾਰ ਹੈ, ਜਿੱਥੇ ਦੀ ਮਾਟੀ ਨਾਲ ਮਿਹਨਤ ਦੀ ਖੁਸ਼ਬੂ ਆਉਂਦੀ ਹੈ, ਜਿੱਥੇ ਪਸ਼ੂਧਨ ਦੀ ਸੰਪਦਾ ਗੂੰਜਦੀ ਹੈ, ਜਿੱਥੇ ਦੇ ਸੈਨਿਕਾਂ ਦੇ ਹੌਂਸਲੇ ਦੇਸ਼ ਲਈ ਕੁਰਬਾਨੀਆਂ ਦਿੱਤੀ ਹੈ। ਉਨ੍ਹਾਂ ਨੇ ਕਿਹਾ ਕਿ ਅੱਜ ਵਿਗਿਆਨ ਦਾ ਪ੍ਰਕਾਸ਼ ਇੱਥੇ ਹਰ ਘਰ ਨੂੰ ਰੋਸ਼ਨ ਕਰ ਰਿਹਾ ਹੈ। ਇੱਥੇ ਦੀ ਰਾਖੀਗੜ੍ਹੀ ਸਾਨੂੰ ਸਾਡੀ ਪ੍ਰਾਚੀਨ ਵਿਰਾਸਤ ਦੀ ਗੌਰਵ ਗਾਥਾ ਸੁਣਾਉਂਦੀ ਹੈ, ਤਾਂ ਅਗਰੋਹਾ ਦੀ ਧਰਤੀ ਮਹਾਰਾਜਾ ਅਗਰਸੇਨ ਦੇ ਵਪਾਰਕ ਸ਼ਾਨ ਅਤੇ ਸਮਾਜਿਕ ਸਦਭਾਵਨਾ ਦੀ ਕਹਾਣੀ ਕਹਿੰਦੀ ਹੈ।ਪਹਿਲੇ ਦੀ ਸਰਕਾਰਾਂ ਵਿੱਚ ਇਸ ਯੋਜਨਾ ਲਈ 5 ਹਜ਼ਾਰ ਕਰੋੜ ਰੁਪਏ ਦਾ ਪ੍ਰਬੰਧ ਕਰ ਦਿੱਤਾ ਹੈ। ਆਜ਼ਾਦੀ ਦੇ ਇੰਨ੍ਹੇ ਸਾਲਾਂ ਬਾਅਦ ਵੀ ਦੇਸ਼ ਦੇ ਕਈ ਹਿੱਸਿਆਂ ਵਿੱਚ ਹਵਾਈ ਸੰਪਰਕ ਦੀ ਘਾਟ ਸੀ। ਪਹਿਲਾਂ ਆਮ ਆਦਮੀ ਲਈ ਹਵਾਈ ਯਾਤਰਾ ਕਰਨਾ ਇੱਕ ਹਵਾਈ ਸਪਨਾ ਹੀ ਸੀ। ਹਰ ਦੇਸ਼ਵਾਸੀ ਦੇ ਇਸ ਸਪਨੇ ਨੂੰ ਸਾਕਾਰ ਕਰਨ ਦਾ ਕੰਮ ਪ੍ਰਧਾਨ ਮੰਤਰੀ ਸ੍ਰੀ ਨਰੇਂਦਰ ਮੋਦੀ ਨੇ ਉੜਾਨ ਯੋਜਨਾ ਦੀ ਸ਼ੁਰੂਆਤ ਕਰਕੇ ਕੀਤੀ। ਉਨ੍ਹਾਂ ਨੇ ਕਿਹਾ ਕਿ ਪ੍ਰਧਾਨ ਮੰਤਰੀ ਵੱਲੋਂ ਏਅਰਪੋਰਟ ਦੇ ਦੂਜੇ ਟਰਮਿਨਲ ਦੇ ਭਵਨ ਦਾ ਨੀਂਹ ਪੱਥਰ ਵੀ ਰੱਖਿਆ ਗਿਆ ਅਤੇ ਇੱਥੋਂ ਅਯੋਧਿਆ, ਜੰਮੂ, ਅਹਿਮਦਾਬਾਦ, ਜੈਅਪੁਰ ਅਤੇ ਚੰਡੀਗੜ੍ਹ ਲਈ ਲਗਾਤਾਰ ਹਵਾਈ ਉੜਾਨਾਂ ਜਾਣਗੀਆਂ।

## ਢੱਟਾ ਵਿਖੇ ਡਾ. ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ

**ਅੱਡਾ ਸਰਾਂ (ਜਸਵੀਰ ਕਾਜਲ)** ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦਾ 134ਵਾਂ ਜਨਮ ਦਿਹਾੜਾ ਡਾਕਟਰ ਅੰਬੇਡਕਰ ਐਜੂਕੇਸ਼ਨ ਮਿਸ਼ਨ ਪਿੰਡ ਢੱਟਾ ਵਲੋਂ ਸ਼ਰਧਾ ਅਤੇ ਧੂਮਧਾਮ ਨਾਲ ਮਨਾਇਆ ਗਿਆ।ਸਮਾਗਮ ਵਿੱਚ ਮੁੱਖ ਬੁਲਾਰੇ ਤੌਰ 'ਤੇ ਪਹੁੰਚੇ ਸੰਦੀਪ ਚਰਚੀ ਨੇ ਬਾਬਾ ਸਾਹਿਬ ਅੰਬੇਡਕਰ ਦੀ ਲਿਖੀ ਕਿਤਾਬ ਜਾਤ ਪਾਤ ਦਾ ਬੀਜ ਨਾਸ 'ਤੇ ਸੰਬੋਧਨ ਕੀਤਾ, ਹਰਦੀਪ ਸਿੰਘ ਖੁੱਡਾ (ਲੋਕ ਇਨਕਲਾਬ ਮੰਚ ਟਾਂਡਾ) ਨੇ ਸੰਵਿਧਾਨ ਦੀ ਧਾਰਾ 252 ਤੇ ਸੰਖੇਪ ਜਾਣਕਾਰੀ ਦਿੱਤੀ ਅਤੇ ਮੌਜੂਦਾ ਸਮੇਂ ਦੇ ਹਾਲਾਤਾਂ ਤੋਂ ਜਾਣੂ ਕਰਵਾਉਂਦੇ ਵੱਧ ਤੋਂ ਵੱਧ ਐਜੂਕੇਸ਼ਨ ਪ੍ਰਾਪਤ ਕਰਨ ਲਈ ਨਵੀਂ ਪੀੜੀ ਨੂੰ ਸੇਧ ਦਿੱਤੀ। ਇਸੇ ਤਰ੍ਹਾਂ ਮਿਸ਼ਨਰੀ ਬੁਲਾਰੇ ਪ੍ਰੇਮ ਜੇਤਲਾ ਪ੍ਰਧਾਨ ਡਾਕਟਰ ਅੰਬੇਡਕਰ ਯੂਥ ਕਲੱਬ ਰਜਿ. ਜੌੜਾ,ਸੂਬੇਦਾਰ ਹੰਸਰਾਜ, ਮਨਜੀਤ ਸਿੰਘ ਮੂਨਕ ਮੈਂ ਬਾਬਾ ਸਾਹਿਬ ਜੀ ਜੀਵਨ ਤੇ ਝਾਤ ਪਾਉਂਦਿਆਂ, ਉਨਾਂ ਦੇ ਵਿਚਾਰਧਾਰਾ 'ਤੇ ਚੱਲਣ ਲਈ ਪ੍ਰੇਰਿਆ! ਇਸ ਮੌਕੇ ਟਾਂਡਾ ਪਲਿਸ ਅਧੀਨ ਪੈਂਦੀ ਚੌਂਕੀ ਅੱਡਾ ਸਰਾਂ ਦੇ ਇੰਚਾਰਜ ਏਐਸਆਈ ਰਾਜਵਿੰਦਰ ਸਿੰਘ ਅਤੇ ਉਨਾਂ ਦੀ ਟੀਮ ਵਿਸ਼ੇਸ਼ ਤੌਰ ਤੇ ਪਹੁੰਚੀ ਜਿਨਾਂ ਨੇ ਬਾਬਾ ਸਾਹਿਬ ਅੰਬੇਡਕਰ ਜੀ ਦੇ ਜਨਮ ਦਿਹਾੜੇ ਦੀਆਂ ਵਧਾਈਆਂ ਦਿੱਤੀਆਂ, ਨਾਲ ਹੀ ਨਸ਼ਿਆਂ ਸਬੰਧੀ ਜਾਗਰੂਕ ਕੀਤਾ ਅਤੇ ਟਰੈਫਿਕ ਨਿਯਮਾਂ ਦੀ ਪਾਲਨਾ ਕਰਨ ਸਬੰਧੀ ਜਾਗਰੂਕ



ਕੀਤਾ। ਉਹਨਾਂ ਕਿਹਾ ਕਿ ਸਮਾਜ ਵਿੱਚ ਨਸ਼ੇ ਦੀ ਲਾਮਤ ਨੂੰ ਖਤਮ ਕਰਨ ਲਈ ਪਿੰਡਾਂ ਵਿੱਚ ਵਸਦੇ ਲੋਕਾਂ ਦਾ ਸਾਨੂੰ ਵਿਸ਼ੇਸ਼ ਸਹਿਯੋਗ ਦੀ ਲੋੜ ਹੈ। ਤਾਂ ਜੋ ਆਉਣ ਵਾਲੀ ਪੀੜੀ ਨੂੰ ਅਸੀਂ ਨਸ਼ੇ ਤੋਂ ਬਚਾ ਸਕੀਏ। ਇਸ ਮੌਕੇ ਮਾਸਟਰ ਰਮੇਸ਼ ਕੁਮਾਰ ਓੜਪੁਰ , ਜਸਵੀਰ ਸਿੰਘ ਲੱਕੀ ਡਾ.ਅੰਬੇਡਕਰ ਯੂਥ ਕਲੱਬ ਪ੍ਰਧਾਨ ਕੰਧਾਲਾ ਜੱਟਾਂ, ਸੁਮਨਦੀਪ ਸਿੰਘ ਸੰਮੀ, ਡਾ ਚਰਨਜੀਤ ਸਿੰਘ ਪੜਬੱਗਾ,ਵਿਜੇ ਕੁਮਾਰ ਪਚਰੰਗਾ ਅਤੇ ਪਿੰਡ ਜੌੜਾ, ਪਿੰਡ ਖਡਿਆਲਾ ਦੇ ਹੋਰ ਨੌਜਵਾਨ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ। ਸਮਾਗਮ ਵਿੱਚ ਐਨਆਰਆਈ ਅਤੇ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਨਗਰ ਦੇ ਪਹਿਲੀ ਜਮਾਤ ਤੋਂ ਪੰਜਵੀਂ ਜਮਾਤ ਵਿੱਚੋਂ ਪਹਿਲੇ ਦੂਸਰੇ ਅਤੇ ਤੀਸਰੇ ਸਥਾਨ ਤੇ ਆਏ ਬੱਚਿਆਂ ਨੂੰ ਸਟੇਸ਼ਨਰੀ ਦੇ ਕੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸਮੂਹ ਗ੍ਰਾਮ ਪੰਚਾਇਤ ਪਿੰਡ ਢੱਟਾ , ਕਮਲਜੀਤ ਕੌਰ ਪੰਚ, ਜੋਗਾ ਸਿੰਘ ਪੰਚ, ਕਿਸ਼ਨ ਲਾਲ ਪੰਚ ਤੋਂ ਇਲਾਵਾ ਡਾ. ਬੀ ਆਰ ਅੰਬੇਡਕਰ ਐਜੂਕੇਸ਼ਨ ਮਿਸ਼ਨ ਪਿੰਡ ਢੱਟਾ ਦੇ ਪ੍ਰਧਾਨ ਸ੍ਰੀ ਰਾਮ ਲੁਭਾਇਆ ਬਿਟੂ, ਮੀਤ ਪ੍ਰਧਾਨ ਦਿਲਾਵਰ ਕੁਮਾਰ, ਸਕੱਤਰ ਸੰਦੀਪ ਕੁਮਾਰ, ਪ੍ਰੈਸ ਸਕੱਤਰ ਅਮਨਦੀਪ ਕੁਮਾਰ, ਖਜਾਨਚੀ ਰਕੇਸ਼ ਕੁਮਾਰ ਤੋਂ ਇਲਾਵਾ ਹਰਵਿੰਦਰ ਸਿੰਘ , ਗੁਰਦੀਪ ਸਿੰਘ, ਸਾਬਕਾ ਸਰਪੰਚ ਸਤਪਾਲ ਸਿੰਘ,ਡਾ ਰਜੀਦਰ ਸਿੰਘ, ਬਨਾਰਸੀ ਦਾਸ, ਸਰਬਜੀਤ ਸਿੰਘ, ਅਮਨਦੀਪ ਸਿੰਘ, ਰਾਮ ਲਾਲ ਨੰਬਰਦਾਰ, ਸੰਦੀਪ ਸਿੰਘ,ਨਰੰਜਣ ਕੌਰ,ਜੋਗੀਦਰ ਕੌਰ,ਮਨੀਦਰ ਕੌਰ, ਅਮਰਜੀਤ ਕੌਰ, ਕੁਲਵੰਤ ਕੌਰ, ਜੋਤੀ ਬਾਲਾ, ਕੁਲੱਵੀਦਰ ਕੌਰ, ਰਾਜਿੰਦਰ ਕੌਰ, ਸ਼ੀਤਲ ਕੌਰ ਤੇ ਹੋਰ ਨਗਰ ਨਿਵਾਸੀ ਹਾਜ਼ਰ ਸਨ।

## ਮੂੰਹ-ਖੁਰ ਦੀ ਵੈਕਸੀਨੇਸ਼ਨ ਦਾ ਕੰਮ ਪੂਰੇ ਜ਼ੋਰ-ਸ਼ੋਰ ਨਾਲ ਸ਼ੁਰੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਪਸ਼ੂ ਪਾਲਣ ਵਿਭਾਗ ਵਿੱਚ ਨੈਸ਼ਨਲ ਐਨੀਮਲ ਡਿਜੀਜ਼ ਕੰਟਰੋਲ ਪ੍ਰੋਗਰਾਮ,ਅਧੀਨ ਮਾਨਯੋਗ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਅਤੇ ਪ੍ਰਮੁੱਖ ਸਕੱਤਰ



ਰਾਹੁਲ ਭੰਡਾਰੀ ਆਈ ਏ ਐਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਹੁਸ਼ਿਆਰਪੁਰ ਵਿੱਚ 15 ਅਪ੍ਰੈਲ ਤੋਂ ਡਾ: ਚਮਨ ਲਾਲ ਦੀ ਰਹਿਨੁਮਾਈ ਹੇਠ, ਮੂੰਹ ਖੁਰ ਦੀ ਵੈਕਸੀਨੇਸ਼ਨ ਦਾ ਕੰਮ ਪੂਰੇ ਜ਼ੋਰ ਸ਼ੋਰ ਨਾਲ ਸ਼ੁਰੂ ਹੋ ਗਿਆ ਹੈ। ਜਿਸ ਦੀ ਸ਼ੁਰੂਆਤ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਵੱਲੋਂ ਕੀਤਾ ਗਿਆ, ਜਿਲਾ ਹੁਸ਼ਿਆਰਪੁਰ ਵਿੱਚ 3 ਲਖ 21 ਹਜ਼ਾਰ ਪਸ਼ੂਆਂ ਨੂੰ ਮੂੰਹ ਖੁਰ ਦੇ ਟੀਕੇ ਲਗਾਏ ਜਾਣੇ ਹਨ। ਇਸ ਸਬੰਧੀ ਡਾਕਟਰ ਚਮਨ ਲਾਲ ਨੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਇਸ ਸਬੰਧੀ ਜ਼ਿਲ੍ਹੇ ਵਿੱਚ 46 ਟੀਮਾਂ ਦਾ ਗਠਨ ਕਰ ਦਿੱਤਾ ਗਿਆ ਹੈ, ਅਤੇ ਕੰਮ ਪੂਰੀ ਤੇਜ਼ ਸ਼ੋਰ ਨਾਲ ਸ਼ੁਰੂ ਕਰ ਦਿੱਤਾ ਗਿਆ, ਭਾਰਤ ਸਰਕਾਰ ਵੱਲੋਂ ਤੈਅ ਕੀਤੇ ਗਏ ਨਿਯਮਾਂ ਅਨੁਸਾਰ ਇਹ ਕੰਮ 45 ਦਿਨਾਂ ਵਿੱਚ ਮੁਕੰਮਲ ਕਰਨਾ ਹੈ ਅਤੇ ਟੀਮਾਂ ਨੇ ਘਰ ਘਰ ਜਾ ਕੇ ਇਹ ਟੀਕੇ ਬਿਲਕੁਲ ਮੁਫਤ ਲਗਾਉਣੇ ਹਨ। ਇਸ ਸਬੰਧੀ ਟੀਮਾਂ ਨੂੰ ਗਾਈਡਲਾਈਨਜ਼ ਜ਼ਾਰੀ ਕਰ ਦਿੱਤੀਆਂ ਗਈਆਂ ਹਨ, ਮਿੱਥੇ ਸਮੇਂ ਵਿੱਚ ਵੈਕਸੀਨੇਸ਼ਨ ਦਾ ਕੰਮ ਪੂਰਾ ਕਰਨ ਲਈ ਹਰ ਮੁਮਕਿਨ ਕੋਸ਼ਿਸ਼ ਕੀਤੀ ਜਾਵੇਗੀ, ਇਸ ਤੋਂ ਪਹਿਲਾਂ ਐਸ ਕੇਡ ਸਕੀਮ ਅਧੀਨ ਡੀ ਵਾਰਮਿੰਗ ਕੰਪੇਨ ਦਾ ਕੰਮ ਪੂਰੀ ਤਰ੍ਹਾਂ ਮੁਕੰਮਲ ਕਰ ਲਿਆ ਗਿਆ ਹੈ, ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੋੜੀ ਨੇ ਡਿਪਟੀ ਡਾਇਰੈਕਟਰ ਡਾਕਟਰ ਚਮਨ ਲਾਲ ਵੱਲੋਂ ਕੀਤੇ ਜਾ ਰਹੇ ਉਪਰਾਲਿਆਂ ਦੀ ਬਹੁਤ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਨੇ ਪਸ਼ੂ ਪਾਲਕਾਂ ਨੂੰ ਇਸ ਸਕੀਮ ਦਾ ਪੂਰਾ ਪੂਰਾ ਫਾਇਦਾ ਲੈਣ ਅਤੇ ਵੈਕਸੀਨੇਸ਼ਨ ਕਰਨ ਵਾਲੀਆਂ ਟੀਮਾਂ ਦਾ ਸਹਿਯੋਗ ਕਰਨ ਦੀ ਅਪੀਲ ਕੀਤੀ।

## ਖਾਲਸੇ ਦੇ ਪ੍ਰਗਟ ਦਿਵਸ ਵਿਸਾਖੀ ਮੌਕੇ ਖ਼ੂਨਦਾਨ ਕੈਂਪ ਲਗਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ )** ਬੀਤੇ ਦਿਨੀਂ ਖਾਲਸਾ ਪੰਥ ਨੂੰ ਸਮਰਪਿਤ ਦਸਵੰਧ ਗਰੀਬਾਂ ਲਈ ਐਨ ਜੀ ਓ ਪੰਜਾਬ ਵੱਲੋਂ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਅਤੇ ਸਮੂਹ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਵਿਦੇਸ਼ਾਂ ਵਿੱਚ ਬੈਠ ਅਣਥੱਕ ਮਿਹਨਤ ਕਰ ਆਪਣੇ ਦਸਵੰਧ ਰੂਪੀ ਵੱਡੇ ਖ਼ਜ਼ਾਨੇ ਐਨ ਜੀ ਓ ਨੂੰ ਭੇਜ ਇਹ ਸੱਭੇ ਕਾਰਜ ਕਰਵਾਉਣ ਵਾਲੇ ਸਮੂਹ ਐਨ ਆਰ ਆਈ ਵੀਰਾਂ ਭੈਣਾਂ ਦੇ ਸਹਿਯੋਗ ਨਾਲ 41ਵਾਂ ਸਵੈਂ ਇੱਛੁਕ ਖ਼ੂਨਦਾਨ ਕੈਂਪ ਲਗਾਇਆ ਗਿਆ।ਜਿਸ ਵਿੱਚ ਬੜੇ ਵੱਡੇ ਉਤਸ਼ਾਹ ਨਾਲ 97 ਵੀਰਾਂ ਭੈਣਾਂ ਦੇ ਆਪਣਾਂ ਬੇਸ਼ਕੀਮਤੀ ਖ਼ੂਨਦਾਨ ਕੀਤਾ। ਇਸ ਬਲੱਡ ਕੈਂਪ ਦੀ ਸ਼ਾਨੋ ਸ਼ੌਕਤ ਨੂੰ ਵਧਾਉਣ ਲਈ ਉਚੇਚੇ ਤੌਰ 'ਤੇ ਬਤੌਰ ਮੁੱਖ ਮਹਿਮਾਨ ਵਜੋਂ ਸੰਤ ਮਹਾਂਪੁਰਸ਼ ਬਾਬਾ ਸਤਨਾਮ ਸਿੰਘ ਕਾਰ ਸੇਵਾ ਕਿਲਾਂ ਸ਼੍ਰੀ ਅਨੰਦਪੁਰ ਸਾਹਿਬ ਵਾਲੇ, ਡਾ ਗੁਰਮੀਤ ਲਾਲ, ਪਵਨ ਕੁਮਾਰ ਟੀਨੂੰ ,



ਸੁਖਵਿੰਦਰ ਸਿੰਘ ਕੋਟਲੀ ਜੀ ਐਮ ਐਲ ਏ ਹਲਕਾ ਆਦਮਪੁਰ ਸਰਪੰਚ ਰਸ਼ਪਾਲ ਸਿੰਘ ਜੀ,ਬੀ ਜੇ ਡੀ ਕਲੱਬ ਆਦਮਪੁਰ ਅਤੇ ਸਾਡੇ ਬਹੁਤ ਹੀ ਅਜ਼ੀਜ਼ ਉਪਕਾਰ ਐਜੂਕੇਸ਼ਨ ਟਰੱਸਟ ਸਰਕਲ ਗੜ੍ਹਸ਼ੰਕਰ ਦੇ ਸਰਪ੍ਰਸਤ ਭੁਪਿੰਦਰ ਸਿੰਘ ਰਾਣਾ, ਸੰਜੀਵ ਬੋੜਾ ਪਿੰਡ ਅਤੇ ਦਸਵੰਧ ਗਰੀਬਾਂ ਲਈ ਐਨ ਜੀ ਓ ਤੋਂ ਸੈਕਟਰੀ ਮਨਪ੍ਰੀਤ ਸਿੰਘ ਧੀਰੋਵਾਲ, ਵੀਡੀਓ ਡਾਇਰੈਕਟਰ ਬਾਈ ਸੁੱਖੀ ਦਾਉਦਪੁਰੀਆ , ਹਰਜਿੰਦਰ ਪਾਲ ਸਿੰਘ ਟੋਨੀ ਕੰਦੋਲਾ ਆਦਿਕ ਪਿੰਡ ਨਰੂੜ, ਪਧਿਆਣਾ, ਨਵੀਂ ਡਰੋਲੀ, ਕਾਲਰਾ, ਡਮੁੰਡਾ, ਆਦਮਪੁਰ, ਖੁਰਦਪੁਰ, ਕੰਦੋਲਾ ਮਾਣਕੋ ਘੜਿਆਲ ਆਦਿਕ ਅਤੇ ਪਿੰਡ ਦੇ ਨੌਜਵਾਨ ਵੀਰ ਭੈਣਾਂ ਆਦਿਕ ਹਾਜ਼ਰ ਸਨ ਜਿਨ੍ਹਾਂ ਨੇ ਖ਼ੂਨਦਾਨ ਕੈਂਪ ਵਿੱਚ ਅਤੇ ਗੁਰੂ ਕੇ ਲੰਗਰਾਂ ਵਿੱਚ ਰੱਜ ਕੇ ਸੇਵਾ ਕੀਤੀ।

## ਬਾਡੀ ਬਿਲਡਿੰਗ ਦੇ ਵੱਖ-ਵੱਖ ਕੈਟਾਗਰੀ 'ਚ ਮੁਕਾਬਲੇ ਕਰਵਾਏ

**ਰਾਹੋਂ (ਕੁਲਵਿੰਦਰ ਸਿੰਘ ਰਾਹੋ)** ਜੱਥੇਦਾਰ ਫਾਰਮ ਅਤੇ ਰਿਜੋਰਟ ਝੰਡੇਵਾਲ ਰੋਡ ਰਾਹੋਂ ਨਵਾਂਸ਼ਹਿਰ ਵਿਖੇ ਪੰਜਾਬ ਐਮਚਿਉਰ ਬਾਡੀ ਬਿਲਡਿੰਗ ਐਸੋਸੀਏਸ਼ਨ ਦੇ ਸਹਿਯੋਗ ਨਾਲ ਸਤਨਾਮ ਸਿੰਘ ਭਾਰਟਾ ਅਤੇ ਪ੍ਰਭਜੋਤ ਸਿੰਘ ਭਾਰਟਾ ਦੀ ਅਗਵਾਈ ਵਿੱਚ ਬਾਡੀ ਬਿਲਡਿੰਗ ਦੇ ਵੱਖ-ਵੱਖ ਕੈਟਾਗਰੀ ਦੇ ਮੁਕਾਬਲੇ ਕਰਵਾਏ ਗਏ। ਇਨ੍ਹਾਂ ਮੁਕਾਬਲਿਆਂ ਵਿੱਚ ਪੰਜਾਬ ਪੱਧਰ ਦੇ ਪ੍ਰਤੀਯੋਗੀਆਂ ਨੇ ਭਾਗ ਲਿਆ। ਜਿਨ੍ਹਾਂ ਦੇ ਜੇਤੂਆਂ ਨੂੰ ਨਕਦ ਇਨਾਮ, ਸੁੰਦਰ ਟਰਾਫੀ ਤੇ ਸਰਟੀਫਿਕੇਟ ਦਿੱਤੇ ਗਏ।ਇਸ ਸ਼ਹੀਦ ਭਗਤ ਸਿੰਘ ਕਲਾਸਿਕ ਜੂਨੀਅਰ ਅਤੇ ਸੀਨੀਅਰ ਬਾਡੀ ਬਿਲਡਿੰਗ ਚੈਂਪੀਅਨਸ਼ਿਪ 2025 ਵਿੱਚ ਓਵਰ ਆਲ ਜੂਨੀਅਰ ਚੈਂਪੀਅਨ ਵਕੀਲ ਲੁਧਿਆਣਾ ਜੇਤੂ ਰਹੇ। ਓਵਰ ਆਲ ਸੀਨੀਅਰ ਚੈਂਪੀਅਨ ਰੁਬਮ ਸ਼ਰਮਾ ਰਹੇ ਜਿਨ੍ਹਾਂ ਨੂੰ 21000 ਨਕਦ ਰਾਸ਼ੀ ਸਰਟੀਫਿਕੇਟ, ਟਰਾਫੀ, ਅਤੇ ਐਲ ਈ ਡੀ ਨਾਲ ਸਨਮਾਨਿਤ ਕੀਤਾ ਗਿਆ । ਇਸੇ ਤਰ੍ਹਾਂ ਬਾਕੀ ਪ੍ਰਤੀਯੋਗੀਆਂ ਨੂੰ ਕ੍ਰਮਵਾਰ 5000 ,3000 ਅਤੇ 2000 ਰੁਪਏ ਦੇ ਨਕਦ ਇਨਾਮ, ਟਰਾਫੀ, ਅਤੇ ਸਰਟੀਫਿਕੇਟ ਦਿੱਤੇ ਗਏ। ਇਸ ਮੌਕੇ 'ਤੇ ਏ ਸੀ ਪੀ ਰਾਜ ਚੌਧਰੀ ਅਤੇ ਜ਼ੋਲੀ ਸਿੰਘ ਪ੍ਰਧਾਨ ਪੰਜਾਬ ਨੇ ਜੇਤੂ ਪ੍ਰਤੀਯੋਗੀਆਂ ਨੂੰ ਵਧਾਈ ਦਿੱਤੀ। ਸਤਨਾਮ ਸਿੰਘ ਭਾਰਟਾ ਵਾਇਸ ਪ੍ਰਧਾਨ ਪੰਜਾਬ ਨੇ ਦੱਸਿਆ ਇਸ ਮੌਕੇ ਜੱਜਾਂ ਦੀ ਭੂਮਿਕਾ ਐਮਚਿਓਰ ਬਾਡੀ ਬਿਲਡਿੰਗ ਐਸੋਸੀਏਸ਼ਨ ਦੇ ਨੁਮਾਇੰਦਿਆਂ ਦੁਆਰਾ ਨਿਭਾਈ



ਗਈ। ਇਹਨਾਂ ਮੁਕਾਬਲਿਆਂ ਵਿੱਚ ਜੱਥੇਦਾਰ ਬਹਾਦੁਰ ਸਿੰਘ ਭਾਰਟਾ ਵਲੋਂ ਵਿਸ਼ੇਸ਼ ਤੌਰ ਤੇ ਸ਼ਿਰਕਤ ਕਰਦੇ ਹੋਏ ਆਖਿਆ ਕੇ ਜਿੱਥੇ ਪੰਜਾਬ ਦੀ ਨੌਜਵਾਨ ਪੀੜ੍ਹੀ ਨਸ਼ੇ ਵਿੱਚ ਗਰਕਦੀ ਹੋਈ ਬਦਨਾਮ ਹੋ ਰਹੀ ਹੈ, ਮੌਤ ਦੇ ਮੂੰਹ 'ਚ ਜਾ ਰਹੀ ਹੈ. ਉਥੇ ਹੀ ਪੰਜਾਬ ਦੇ ਨੌਜਵਾਨ ਅਜਿਹੇ ਵੀ ਹਨ ਜੋ ਵਿਸ਼ਵ ਪੱਧਰ 'ਤੇ ਪੰਜਾਬ ਦਾ ਨਾਂਅ ਰੋਸ਼ਨ ਕਰ ਰਹੇ ਹਨ। ਭਾਰਟਾ ਨੇ ਦੱਸਿਆ ਕਿ ਇਸ ਮੁਕਾਬਲੇਬਾਜ਼ੀ 'ਚ ਪੰਜਾਬ ਭਰ ਦੇ ਸੈਂਕੜੇ ਬਾਡੀ ਬਿਲਡਰਾਂ ਨੇ ਇਸ ਭਾਗ ਲਿਆ ਸੀ।ਵੀਵਾ ਫਿੱਟਨੈੱਸ ਵਲੋਂ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਇਨਾਮ ਟਰਾਫੀਆਂ ਮੈਡਲ ਵੀ ਦਿੱਤੇ ਗਏ।ਚੇਅਰਮੈਨ ਸਤਨਾਮ ਸਿੰਘ ਜਲਵਾਹਾ ਨੇ ਨੌਜਵਾਨਾਂ ਨੂੰ ਸੰਬੋਧਨ ਕਰਦੇ ਕਿਹਾ ਕਿ ਉਹ ਨਸ਼ੇ ਜਿਹੀਆਂ ਮਾੜੀਆਂ ਅਲਾਮਤਾਂ ਤੋਂ ਦੂਰ ਰਹਿਣ ਤੇ ਆਪਣੀ ਸਿਹਤ ਵੱਲ ਧਿਆਨ ਦੇਣ ਤੇ ਇੱਕ ਚੰਗੀ ਅਤੇ ਤੰਦਰੁਸਤ ਜਿੰਦਗੀ ਬਤੀਤ ਕਰਨ। ਜੱਥੇਦਾਰ ਫਾਰਮ ਦੇ ਸੰਚਾਲਕ ਪ੍ਰਭਜੋਤ ਸਿੰਘ ਭਾਰਟਾ ਨੇ ਦੱਸਿਆ ਕਿ ਜਵਾਨੀ ਨੂੰ ਰਾਹੋਂ ਭਟਕਣ ਤੋਂ ਬਚਾਉਣ ਲਈ ਅਜਿਹੇ ਉਪਰਾਲੇ ਹੁੰਦੇ ਰਹਿਣੇ ਚਾਹੀਦੇ ਹਨ। ਇਸ ਇਨਾਮ ਵੰਡ ਸਮਾਰੋਹ 'ਚ ਮੁੱਖ ਮਹਿਮਾਨ ਦੇ ਤੌਰ 'ਤੇ ਆਪ ਹਲਕਾ ਇੰਚਾਰਜ ਲਲਿਤ ਮੋਹਨ ਪਾਠਕ , ਸਾਬਕਾ ਐਮ ਐਲ ਏ ਅੰਗਦ ਸਿੰਘ ਨਵਾਂਸ਼ਹਿਰ, ਡੀ ਐਸ ਪੀ ਰਾਜ ਕੁਮਾਰ, ਡੀ ਐਸ ਪੀ ਲਖਵੀਰ ਸਿੰਘ, ਡੀ ਐਸ ਪੀ ਅਸ਼ੋਕ ਕੁਮਾਰ, ਰਿਟਾਇਰਡ ਡੀ ਐਸ ਪੀ ਰਣਜੀਤ ਸਿੰਘ ਬਦੇਸ਼ਾ, ਐਸ ਐਮ ਓ ਸਤਵਿੰਦਰਪਾਲ ਬਿੱਟੂ, ਦੁਕਾਨਦਾਰ ਯੂਨੀਅਨ ਦੇ ਪ੍ਰਧਾਨ ਗੌਰਵ ਗਾਬਾ ਦੁਕਾਨਦਾਰ ਯੂਨੀਅਨ ਦੇ ਚੇਅਰਮੈਨ ਸਰਬਜੀਤ ਸਿੰਘ ਕਾਲਾ ਐਸਐਚ ਓ ਨੰਦ ਲਾਲ ਐਸ ਐਚ ਓ ਹਰਪ੍ਰੀਤ ਦਹਿਲ ਭੁਪਿੰਦਰਪਾਲ ਜਾਡਲਾ, ਗੁਰਵਿੰਦਰ ਸੇਠੀ, ਸਾਬਕਾ ਪ੍ਰਧਾਨ ਹੇਮੰਤ ਰੰਦੇਵ, ਪ੍ਰਭਜੋਤ ਸਿੰਘ ਮਜਿੰਦਰ ਸਿੰਘ ਨਾਨੂ ਸਿੰਘ ਸਤਿੰਦਰ ਸਿੰਘ ਘੁੰਮਣ ਜਗਦੀਪ ਸਿੰਘ ਪਾਵਾ ਸਨੀ ਪੋਪਲੀ ਜਤਿੰਦਰ ਕੁਮਾਰ ਰੋਹਿਤ ਕੁਮਾਰ ਸਾਗਰ ਸਰਪੰਚ ਪ੍ਰਿਤਪਾਲ ਸਿੰਘ ਭਾਰਟਾ, ਡਾ.ਗੁਰਨਾਮ ਸਿੰਘ, ਬਲਜੀਤ ਸਿੰਘ ਤੱਤਲਾ ਆਦਿ ਹਾਜ਼ਰ ਸਨ।

## ਪੰਡਵਾ ਵਿਖੇ ਡਾ. ਅੰਬੇਡਕਰ ਦਾ ਜਨਮ ਦਿਨ ਤੇ ਵਿਸਾਖੀ ਮੇਲਾ ਮਨਾਇਆ



**ਬੰਗਾ (ਅਵਤਾਰ ਕਲੇਰ)** ਡੇਰਾ 108 ਸੰਤ ਬਾਬਾ ਹੰਸ ਰਾਜ ਜੀ, ਸ਼੍ਰੀ ਗੁਰੂ ਰਵਿਦਾਸ ਤੀਰਥ ਅਸਥਾਨ ਸੱਚਖੰਡ ਪੰਡਵਾ ਵਿਖੇ ਭਾਰਤੀ ਸਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਨ ਤੇ ਸਾਲਾਨਾ ਵਿਸਾਖੀ ਜੋੜ ਮੇਲਾ ਗੱਦੀ ਨਸ਼ੀਨ ਸੰਤ ਮਹਿੰਦਰ ਪਾਲ ਚੇਅਰਮੈਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ,ਬੀਬੀ ਬਿਮਲਾ ਰਾਣੀ,ਸੰਤ ਜਸਵਿੰਦਰ ਪਾਲ,ਸੰਤ ਮੋਹਣ ਪਾਲ ਦੀ ਰਹਿਨੁਮਾਈ ਹੇਠ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ। ਡੇਰੇ ਵਲੋਂ ਦਸ ਮਾਨਮੱਤੀਆਂ ਸ਼ਖ਼ਸੀਅਤਾਂ ਨੂੰ ਸੋਨੇ ਦੇ ਮੈਡਲ ਦੇ ਕੇ ਸਨਮਾਨਿਤ ਕੀਤਾ ਗਿਆ। ਵੱਖ ਵੱਖ ਦਰਬਾਰਾਂ ਤੋਂ ਸੰਤ ਕੁਲਵੰਤ ਰਾਮ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਾਧੂ ਸੰਪਰਦਾਇ ਸੁਸਾਇਟੀ ਪੰਜਾਬ,ਸੰਤ ਜਸਵਿੰਦਰ ਸਿੰਘ ਡਾਂਡੀਆਂ,ਸੰਤ ਟਹਿਲ ਨਾਥ ਨੰਗਲ ਖੇੜਾ, ਸੰਤ ਜਸਵੀਰ ਸਿੰਘ ,ਸੰਤ ਦਲਜੀਤ ਸਿੰਘ ਸੋਢੀ ਮਾਹਿਲਪੁਰ,ਸੰਤ ਤਾਰਾ ਚੰਦ ਸੰਧਵਾਂ,ਸੰਤ ਸ਼ਾਮ ਲਾਲ,ਸੰਤ ਰਾਜੇਸ਼ ਗਿਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਪੰਜਾਬੀ ਗਾਇਕ ਕੇ ਐਸ ਮੱਖਣ,ਸੱਤੀ ਖੋਖੇਵਾਲੀਆ ਤੋਂ ਇਲਾਵਾ ਰਾਗੀ ਢਾਡੀਆ ਨੇ ਹਾਜ਼ਰੀਆਂ ਭਰੀਆਂ। ਸੰਤ ਮਹਿੰਦਰ ਪਾਲ ਵਲੋਂ ਪਹੁੰਚੇ ਹੋਏ ਮਹਿਮਾਨਾਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਿਰਪਾਓ ਨਾਲ ਸਨਮਾਨਿਤ ਕੀਤਾ ਗਿਆ। ਇਸ ਮੌਕੇ ਜਥੇਦਾਰ ਸਰੂਪ ਸਿੰਘ ਖਲਵਾੜਾ, ਸੁਰਜੀਤ ਸਿੰਘ ਖੇੜਾ,ਬਾਲ ਕ੍ਰਿਸ਼ਨ ,ਪੰਮਾ ਸਿੰਘ ਬੂਟਰ, ਗੁਰਨਾਮ ਚੰਦ,ਸੋਮ ਰਾਜ, ਕਮਲਜੀਤ ਸਿੰਘ ਬੂਟਰ, ਸਰਬਜੀਤ ਆਦਿ ਹਾਜ਼ਰ ਸਨ।

## ਸਮਾਜ ਨੂੰ ਸੋਹਣਾ ਬਣਾਉਣ ਦਾ ਉਪਰਾਲਾ ਕਰੀਏ : ਚੌਹਾਨ

**ਨਵਾਂਸ਼ਹਿਰ (ਕੁਲਵਿੰਦਰ ਸਿੰਘ ਦੁਰਗਾਪੁਰੀਆ)** ਸੰਵਿਧਾਨ ਦੇ ਨਿਰਮਾਤਾ ਡਾ. ਬਾਬਾ ਸਾਹਿਬ ਅੰਬੇਦਕਰ ਜੀ ਦੇ 134ਵੇਂ ਜਨਮ ਦਿਹਾੜੇ ਮੌਕੇ ਉਨ੍ਹਾਂ ਦੇ ਜੀਵਨ ਤੋਂ ਸੇਧ ਲੈ ਕੇ ਸਮਾਜ



ਨੂੰ ਸੋਹਣਾ ਬਣਾਉਣ ਦਾ ਉਪਰਾਲਾ ਕਰੀਏ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਬਹੁਜਨ ਸਮਾਜ ਪਾਰਟੀ ਦੇ ਸਾਬਕਾ ਇੰਚਾਰਜ ਮੱਖਣ ਲਾਲ ਚੌਹਾਨ ਨੇ ਕੀਤਾ ਕਿਹਾ ਕਿ ਬਾਬਾ ਸਾਹਿਬ ਅੰਬੇਡਕਰ ਜੀ ਨੇ ਹਰ ਇੱਕ ਨੂੰ ਬਰਾਬਰ ਦਾ ਹੱਕ ਦਿੱਤਾ ਪਰ ਅਫਸੋਸ ਅੱਜ ਜਾਤ ਪਾਤ ਤੇ ਧਰਮ ਦੇ ਨਾਂਅ 'ਤੇ ਵੰਡੀਆਂ ਪਾ ਕੇ ਸਮਾਜ ਨੂੰ ਵੰਡਿਆ ਜਾ ਰਿਹਾ ਹੈ, ਜੋ ਕਿ ਅਤਿ ਅਫਸੋਸ ਦੀ ਗੱਲ ਹੈ। ਸੋਢੀ ਬਿਕਰਮ ਸਿੰਘ ਨੇ ਕਿਹਾ ਕਿ ਗੁਰੂ ਸਾਹਿਬਾਨ ਨੇ ਵੀ ਆਪਸੀ ਏਕਤਾ ਤੇ ਭਾਈਚਾਰਕ ਸਾਂਝ ਦਾ ਸੁਨੇਹਾ ਦਿੱਤਾ ਹੈ ਤੇ ਉਨ੍ਹਾਂ ਦੇ ਨਕਸ਼ੇ ਕਦਮ 'ਤੇ ਚਲਦਿਆਂ ਡਾ. ਭੀਮ ਰਾਓ ਅੰਬੇਡਕਰ ਜੀ ਨੇ ਵੀ ਸਮੁੱਚੀ ਮਾਨਵਤਾ ਨੂੰ ਆਪਸੀ ਇਤਫਾਕ ਪਿਆਰ ਦਾ ਸੁਨੇਹਾ ਦਿੱਤਾ ਹੈ। ਇਸ ਲਈ ਆਓ! ਰਲ-ਮਿਲ ਕੇ ਸਮਾਜ ਨੂੰ ਸੋਹਣਾ ਤੇ ਸੁੰਦਰ ਬਣਾਉਣ ਲਈ ਇਸ ਵਿਚਾਰਧਾਰਾ 'ਤੇ ਚੱਲ ਕੇ ਸੁਨਹਿਰੇ ਪੂਰਨੇ ਪਾਈਏ।

## ਗੁਰੂ ਨਾਨਕ ਦੇਵ 'ਵਰਸਿਟੀ 'ਚ ਜਸ਼ਨ ਭਲਕ ਤੋਂ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਅੰਤਰ ਵਿਭਾਗੀ ਸੱਭਿਆਚਾਰਕ ਮੁਕਾਬਲਿਆਂ ਦਾ ਮੇਲਾ ਜਸ਼ਨ-2025 ਹੁਣ ਮਿਤੀ 16 ਅਪ੍ਰੈਲ ਦੀ ਬਜਾਇ 17 ਤੋਂ 19 ਅਪ੍ਰੈਲ, 2025 ਤੱਕ ਯੂਨੀਵਰਸਿਟੀ ਦੇ ਦਸਮੇਸ਼ ਆਡੀਟੋਰੀਅਮ ਤੋਂ ਇਲਾਵਾ ਹੋਰਨਾਂ ਸਥਾਨਾਂ ਤੇ ਕਰਵਾਇਆ ਜਾਵੇਗਾ। ਪ੍ਰੋ. ਹਰਵਿੰਦਰ ਸਿੰਘ ਸੈਣੀ, ਡੀਨ ਵਿਦਿਆਰਥੀ ਭਲਾਈ ਨੇ ਦੱਸਿਆ ਕਿ ਦਸਮੇਸ਼ ਆਡੀਟੋਰੀਅਮ ਤੋਂ ਇਲਾਵ ਗੋਲਡਨ ਜੁਬਲੀ ਕਨਵੈਨਸ਼ਨ ਸੈਂਟਰ, ਕਾਨਫਰੰਸ ਹਾਲ ਅਤੇ ਲੈਕਚਰ ਥੀਏਟਰ ਬਿਲਡਿੰਗ ਚ ਹੋਣ ਵਾਲੇ ਇਨ੍ਹਾਂ ਮੁਕਾਬਲਿਆਂ ਵਿਚ 17 ਅਪ੍ਰੈਲ ਨੂੰ ਭੰਗੜਾ, ਸਕਿੱਟ, ਕੋਰੀਓਗ੍ਰਾਫੀ, ਮਿਮਿਕਰੀ, ਨੌਟੰਕੀ, ਗੀਤ ਗਜ਼ਲ, ਲੋਕ ਗੀਤ, ਕਾਵਿਕ ਸਿੰਪੋਜ਼ੀਅਮ, ਅਤੇ ਐਕਸਟੈਂਪੋਰ ਸ਼ਾਮਿਲ ਹਨ। 18 ਅਪ੍ਰੈਲ ਨੂੰ ਸ਼ਬਦ ਭਜਨ, ਪੱਛਮੀ ਸਮੂਹ ਡਾਂਸ, ਰਚਨਾਤਮਕ ਸਮੂਹ ਡਾਂਸ, ਸ਼ਾਰਟ ਫਿਲਮ ਮੇਕਿੰਗ, ਇੰਸਟਰੂਮੈਂਟਲ (ਪਰਕਸ਼ਨ ਅਤੇ ਗੈਰ-ਪਰਕਸ਼ਨ), ਪੱਛਮੀ ਵੋਕਲ ਸੋਲੋ, ਕਾਰਟੂਨਿੰਗ, ਪੋਸਟਰ ਮੇਕਿੰਗ, ਮੌਕੇ ਤੇ ਪੇਂਟਿੰਗ, ਫਲਾਵਰ ਅਰੇਂਜਮੈਂਟ, ਕੋਲਾਜ, ਰੰਗੋਲੀ, ਮੌਕੇ ਤੇ ਥੀਮ ਫੋਟੋਗ੍ਰਾਫੀ, ਮਹਿੰਦੀ, ਕਲੇਅ ਮਾਡਲਿੰਗ ਅਤੇ ਬਹਿਸ ਦੇ ਮੁਕਾਬਲੇ ਹੋਣਗੇ। 19 ਅਪ੍ਰੈਲ ਨੂੰ ਡਾਂਸ ਟੂ ਟਿਊਨ, ਗਿੱਧਾ, ਕੁਇਜ਼ ਤੋਂ ਇਲਾਵਾ ਇਨਾਮ ਵੰਡ ਸਮਾਗਮ ਦਸਮੇਸ਼ ਆਡੀਟੋਰੀਅਮ ਵਿਚ ਹੋਵੇਗਾ।

## ਅਜੇ ਮੰਗੂਪੁਰ ਦੀ ਅਗਵਾਈ ਹੇਠ ਮੁੱਖ ਮੰਤਰੀ ਦਾ ਪੁਤਲਾ ਫੂਕਿਆ

**ਬਲਾਚੌਰ (ਜਸਵਿੰਦਰ ਬੈਂਸ)**- ਆਪ ਸਰਕਾਰ ਦਾ ਸਾਰਾ ਜ਼ੋਰ ਪ੍ਰਤਾਪ ਸਿੰਘ ਬਾਜਵਾ ਦੀ ਬੁਲੰਦ ਅਵਾਜ਼ ਨੂੰ ਦਬਾਉਣ ਵਿੱਚ ਲੱਗਾ ਹੋਇਆ ਹੈ। ਇਹ ਪ੍ਰਗਟਾਵਾ ਅਜੇ ਮੰਗੂਪੁਰ ਜ਼ਿਲ੍ਹਾ ਪ੍ਰਧਾਨ ਸ਼ਹੀਦ ਭਗਤ ਸਿੰਘ ਨਗਰ ਨੇ ਪੱਤਰਕਾਰ ਭਾਈਚਾਰੇ ਨਾਲ ਕੀਤਾ। ਉਨ੍ਹਾਂ ਭਗਵੰਤ ਮਾਨ ਵੱਲੋਂ ਵਿਰੋਧੀ ਧਿਰ ਨੇਤਾ ਪ੍ਰਤਾਪ ਸਿੰਘ ਬਾਜਵਾ ਖਿਲਾਫ ਐਫ.ਆਈ.ਆਰ. ਦਰਜ ਕਰਾਉਣ 'ਤੇ ਜ਼ਿਲ੍ਹਾ ਕਾਂਗਰਸ ਕਮੇਟੀ ਵੱਲੋਂ ਭਗਵੰਤ ਮਾਨ ਦਾ ਪੁਤਲਾ ਫੂਕ ਰੋਸ ਜਾਹਰ ਕੀਤਾ ਗਿਆ। ਉਨ੍ਹਾਂ ਕਿਹਾ ਕਿ ਪ੍ਰਤਾਪ ਬਾਜਵਾ ਨੇ ਜੋ ਕਿਹਾ ਉਹ ਪੰਜਾਬ ਦੇ ਅੱਜ ਦੇ ਹਾਲਾਤਾਂ ਨੂੰ ਦੇਖਦੇ ਹੋਏ



ਕਿਹਾ, ਕਿਵੇਂ ਲਗਾਤਾਰ ਵਾਰਦਾਤਾਂ ਹੋ ਰਹੀਆ, ਕਤਲ ਹੋ ਰਹੇ, ਠਾਣੇ ਚੌਕੀਆਂ 'ਤੇ ਗ੍ਰਨੇਡ ਸੁੱਟੇ ਜਾ ਰਹੇ, ਪੁਲਸ ਮੁਲਾਜ਼ਮਾਂ ਨੂੰ ਗੋਲੀਆਂ ਨਾਲ ਮਾਰਿਆ ਜਾ ਰਿਹਾ। ਉਨ੍ਹਾਂ ਕਿਹਾ ਕਿ ਐਫ.ਆਈ.ਆਰ ਕਰਾਉਣ ਨਾਲ ਪ੍ਰਤਾਪ ਸਿੰਘ ਬਾਜਵਾ ਦੀ ਅਵਾਜ਼ ਨੂੰ ਰੋਕਿਆ ਨਹੀਂ ਜਾ ਸਕਦਾ। ਭਗਵੰਤ ਮਾਨ ਨੂੰ ਇਸ ਮੌਕੇ ਬਣੇ ਹਾਲਾਤਾਂ ਨੂੰ ਕੰਟਰੋਲ ਕਰਨਾ ਚਾਹੀਦਾ ਹੈ ਨਾ ਕਿ ਪੰਜਾਬ ਪੱਖੀ ਬੁਲੰਦ ਅਵਾਜਾਂ ਨੂੰ ਦਬਾਉਣ ਲਈ ਪਰਚੇ ਕਰਨੇ ਚਾਹੀਦੇ ਹਨ। ਇਸ ਮੌਕੇ ਤਰਲੋਚਨ ਸਿੰਘ ਸੂੰਢ ਸਾਬਕਾ ਵਿਧਾਇਕ ਬੰਗਾ, ਅੰਗਦ ਸਿੰਘ ਸੈਣੀ ਸਾਬਕਾ ਵਿਧਾਇਕ ਨਵਾਂਸ਼ਹਿਰ, ਬਲਜਿੰਦਰ ਸਿੰਘ ਜ਼ਿਲ੍ਹਾ ਪ੍ਰਧਾਨ ਪੰਚਾਇਤੀ ਰਾਜ ਸੰਗਠਨ, ਉਪਕਾਰ ਸਿੰਘ ਜ਼ਿਲ੍ਹਾ ਪ੍ਰਧਾਨ ਐਸ ਸੀ ਸੈੱਲ, ਰਾਜਿੰਦਰ ਸਿੰਘ ਸ਼ਿੰਦੀ ਦਫ਼ਤਰ ਸਕੱਤਰ, ਕੁਲਵਰਨ ਸਿੰਘ ਬਲਾਕ ਪ੍ਰਧਾਨ ਬੰਗਾ, ਰਾਮਦਾਸ ਸਿੰਘ ਬਲਾਕ ਪ੍ਰਧਾਨ ਔੜ, ਰੋਹਿਤ ਚੋਪੜਾ ਬਲਾਕ ਪ੍ਰਧਾਨ ਨਵਾਂਸ਼ਹਿਰ ਸ਼ਹਿਰੀ, ਅਜੀਤ ਸਿੰਘ ਮੀਤ ਪ੍ਰਧਾਨ, ਦੇਸਰਾਜ ਕੁਮਾਰ ਜਨਰਲ ਸੱਕਤਰ, ਕੁਲਵੀਰ ਸਿੰਘ ਜਨਰਲ ਸੱਕਤਰ, ਸੋਮ ਰਾਮ ਸੱਕਤਰ, ਹਰਦੀਪ ਸਿੰਘ ਸੱਕਤਰ, ਮਨਜੀਤ ਸਿੰਘ ਸੱਕਤਰ, ਬਲਵਿੰਦਰ ਸਿੰਘ ਸਕੱਤਰ, ਮਨਦੀਪ ਸਿੰਘ ਸੋਸ਼ਲ ਮੀਡੀਆ ਇੰਚਾਰਜ, ਅਵਤਾਰ ਸਿੰਘ ਸੱਕਤਰ, ਬਲਵੀਰ ਕੁਮਾਰ ਸੱਕਤਰ, ਵਰਿੰਦਰ ਕੁਮਾਰ ਸੱਕਤਰ, ਰੋਮੀ ਖੋਸਲਾ ਮੈਂਬਰ ਡੀ.ਸੀ.ਸੀ.,ਰਾਜਿੰਦਰ ਸਿੰਘ ਦਫਤਰ ਸੱਕਤਰ, ਸੁਖਦੀਪ ਸਿੰਘ, ਹਰਜਿੰਦਰ ਸਿੰਘ ਮੈਂਬਰ ਡੀ.ਸੀ.ਸੀ., ਪਰਵੀਨ ਭਾਟੀਆ ਮੈਂਬਰ ਡੀ.ਸੀ.ਸੀ., ਮੋਹਨ ਸਿੰਘ ਮੈਂਬਰ ਡੀ.ਸੀ.ਸੀ., ਪਰਮਜੀਤ ਸਿੰਘ ਮੈਂਬਰ ਡੀ.ਸੀ.ਸੀ., ਸਰਬਜੀਤ ਸਿੰਘ ਮੈਂਬਰ ਡੀ.ਸੀ.ਸੀ., ਤਰਸੇਮ ਸਿੰਘ ਮੈਂਬਰ ਡੀ.ਸੀ.ਸੀ., ਰਮੇਸ਼ ਕੁਮਾਰ ਆਦਿ ਕਮੇਟੀ ਮੈਂਬਰ ਹਾਜਰ ਸਨ।

## ਮੁੱਖ ਮੰਤਰੀ ਵੱਲੋਂ ਸੂਚਨਾ ਤੇ ਜਨ ਸੰਪਰਕ ਵਿਭਾਗ ਦੀ ਪ੍ਰਦਰਸ਼ਨੀ ਦਾ ਉਦਘਾਟਨ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੇ ਮੁੱਖ ਮੰਤਰੀ ਮੰਤਰੀ ਨਾਇਬ ਸਿੰਘ ਸੈਣੀ ਨੇ ਹਿਸਾਰ ਹਵਾਈ ਅੱਡੇ 'ਤੇ ਲਗਾਈ ਗਈ ਪ੍ਰਦਰਸ਼ਨੀ ਦਾ ਉਦਘਾਟਨ ਕੀਤਾ ਅਤੇ ਕਿਹਾ ਕਿ ਹਰਿਆਣਾ ਸੂਬੇ ਨੇ ਵਿਕਾਸ ਦਾ ਇੱਕ ਨਵਾਂ ਮੁਕਾਮ ਸਥਾਪਤ ਕੀਤਾ ਹੈ। ਸੂਚਨਾ, ਜਨ ਸੰਪਰਕ ਅਤੇ ਭਾਸ਼ਾ ਵਿਭਾਗ ਵੱਲੋਂ ਲਗਾਈ ਗਈ ਪ੍ਰਦਰਸ਼ਨੀ ਸੂਬੇ ਦੇ ਵਿਕਾਸ ਦੀ ਗਾਥਾ ਦਾ ਸਟੀਕ ਵਰਨਣ ਕਰਦੀ ਹੈ। ਪ੍ਰਦਰਸ਼ਨੀ ਰਾਹੀਂ ਲੋਕਾਂ ਨੂੰ ਸਰਕਾਰ ਦੀ ਜਨਭਲਾਈਕਾਰੀ ਯੋਜਨਾਂਵਾਂ, ਪਰਿਯੋਜਨਾਵਾਂ ਅਤੇ ਉਪਲਬਧੀਆਂ ਦੀ ਜਾਣਕਾਰੀ ਵੀ ਮਿਲ ਰਹੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਇਸ ਪ੍ਰਦਰਸ਼ਨੀ ਵਿੱਚ ਸੂਬਾ ਸਰਕਾਰ ਦੀ ਮੁੱਖ ਯੋਜਨਾਵਾਂ ਅਤੇ ਵਿਕਾਸ ਦੇ ਆਂਕੜਿਆਂ ਨੂੰ ਸ਼ਾਮਿਲ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਕਿਸੀ ਵੀ ਸੂਬੇ ਦੇ ਵਿਕਾਸ ਦੀ ਗਤੀ ਦਾ ਅੰਦਾਜਾ ਪ੍ਰਤੀ ਵਿਅਕਤੀ ਆਮਦਨ ਨਾਲ ਲਗਾਇਆ ਜਾ ਸਕਾਦ ਹੈ।ਮੁੱਖ ਮੰਤਰੀ ਨੇ ਕਿਹਾ ਕਿ ਸੂਬੇ ਵਿੱਚ ਸਰਕਾਰ ਵੱਲੋਂ ਵੱਖ-ਵੱਖ ਯੋਜਨਾਵਾਂ ਵੱਲੋਂ ਲੋਕਾਂ ਨੂੰ ਸਹੂਲਤਾਂ ਦਿੱਤੀਆਂ ਜਾ ਰਹੀਆਂ ਹਨ। ਇੰਨ੍ਹਾਂ ਯੋਜਨਾਵਾਂ ਦੇ ਲਾਭ ਵਿੱਚ ਵੀ ਕਾਫੀ ਇਜਾਫਾ ਕੀਤਾ ਗਿਆ ਹੈ। ਉਨ੍ਹਾਂ ਨੇ ਕਿਹਾ ਕਿ ਸਰਕਾਰ ਵੱਲੋਂ ਚਲਾਈ ਜਾ ਰਹੀਆਂ ਸਾਰੀਆਂ ਯੋਜਨਾਵਾਂ ਸਮੇਤ ਬਿਨੈ ਆਦਿ ਦੀ ਜਾਣਕਾਰੀ ਵੀ ਆਨਲਾਇਨ ਉਪਲਬਧ ਹੈ। ਸਰਕਾਰ ਤਕਨੀਕ ਰਾਹੀਂ ਵੀ ਲੋਕਾਂ ਨੂੰ ਸਹੂਲਤਾਂ ਪ੍ਰਦਾਨ ਕਰ ਰਹੀ ਹੈ ਤਾਂ ਜੋ ਕਿਸੇ ਨੂੰ ਵੀ ਸਰਕਾਰੀ ਦਫਤਰਾਂ ਦੇ ਚੱਕਰ ਲਗਾਉਣ ਦੀ ਜਰੂਰੀ ਨਾ ਹਵੇ। ਉਨ੍ਹਾਂ ਨੇ ਕਿਹਾ ਕਿ ਪ੍ਰਦਰਸ਼ਨੀ ਤੋਂ ਇਲਾਵਾ ਆਨਲਾਇਨ ਰਾਹੀਂ ਵੀ ਯੋਜਨਾਵਾਂ ਆਦਿ ਦੀ ਜਾਣਕਾਰੀ ਲਈ ਜਾ ਸਕਦੀ ਹੈ। ਸੂਚਨਾ, ਜਨਸੰਪਰਕ ਅਤੇ ਭਾਸ਼ਾ ਵਿਭਾਗ ਦੇ ਡਾਇਰੈਕਟਰ ਜਨਰਲ ਕੇ ਐਮ ਪਾਂਡੂਰੰਗ ਨੇ ਪ੍ਰਦਰਸ਼ਨੀ ਦੇ ਬਾਰੇ ਵਿੱਓ ਮੁੱਖ ਮੰਤਰੀ ਨੂੰ ਵਿਸਤਾਰ ਨਾਲ ਦਸਿਆ।ਇਸ ਮੌਕੇ 'ਤੇ ਕੈਬੀਨੇਟ ਮੰਤਰੀ ਰਣਬੀਰ ਗੰਗਵਾ ਤੇ ਕ੍ਰਿਸ਼ਣ ਬੇਦੀ ਅਤੇ ਭਾਜਦਾ ਸੂਬਾ ਪ੍ਰਧਾਨ ਮੋਹਨ ਲਾਲ ਕੌਸ਼ਿਕ ਵੀ ਮੌਜੂਦ ਰਹੇ।

## ਵੱਖ-ਵੱਖ ਥਾਈਂ ਡਾ. ਅੰਬੇਡਕਰ ਦਾ ਜਨਮ ਦਿਨ ਮਨਾਇਆ

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**- ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਹਾੜਾ ਦਰਬਾਰ ਬਾਬਾ ਆਲਮ ਸ਼ਾਹ ਵਾਲਮੀਕੀ ਜੰਜ ਘਰ ਵਿਖੇ ਬੜੀ ਸ਼ਰਧਾ ਨਾਲ



ਮਨਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਹਰਦੀਪ ਕੌਰ ਜੌਹਲ ਪ੍ਰਧਾਨ ਨਗਰ ਕੌਂਸਲ ਨੂਰ ਮਹਿਲ ਨੇ ਜੋਤੀ ਪ੍ਰਚੰਡ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ । ਉਪਰੰਤ ਬਲਬੀਰ ਸਿੰਘ ਚੀਮਾਂ ਪ੍ਰਧਾਨ ਸ਼੍ਰੋਮਣੀ ਰੰਗਰੇਟਾ ਦਲ ਤੇ 15 ਨਿਹੰਗ ਸਿੰਘ ਜਥੇਬੰਦੀਆਂ ਦੇ ਚੇਅਰਮੈਨ ਨੇ ਬਾਬਾ ਸਾਹਿਬ ਜੀ ਦੇ ਜੀਵਨ 'ਤੇ ਵਿਸਤਾਰ ਪੂਰਵਕ ਚਾਨਣਾ ਪਾਇਆ। ਉਹਨਾਂ ਤੋਂ ਇਲਾਵਾ ਸਟੇਜ ਸੈਕਟਰੀ ਦੀ ਭੂਮਿਕਾ ਬਲਵੀਰ ਸੋਂਧੀ ਵੱਲੋਂ ਕੀਤੀ ਗਈ ।ਇਸ ਮੌਕੇ ਉੱਘੇ ਪੱਤਰਕਾਰ ਰਾਮ ਮੂਰਤੀ, ਸ਼ਭਾਸ ਸੋਂਧੀ ,ਨੰਦ ਕਿਸ਼ੋਰ ਗਿੱਲ ਐਮਸੀ, ਸੋਮਨਾਥ ਸਬ ਇੰਸਪੈਕਟਰ, ਰਮੇਸ਼ ਸੋਂਧੀ, ਸੋਮਨਾਥ ਗਿੱਲ, ਸਨੀ ਸੋਂਧੀ, ਭਾਰਤ ਸਹੋਤਾ, ਸਾਈਂ ਚਮਨ ਲਾਲ, ਵਿਨੇ ਗਿੱਲ, ਬਾਂਟੀ, ਸ਼ਿਵ ਕੁਮਾਰ ਮਨੋਜ ਸੋਂਧੀ ,ਬਲਦੇਵ ਗਿੱਲ ਅਤੇ ਅਨੇਕਾਂ ਸਾਥੀਆਂ ਨੇ ਆਪਣੇ ਆਪਣੇ ਵਿਚਾਰ ਰੱਖੇ। ਪੁਰਾਣੇ ਅੱਡੇ 'ਤੇ ਆਮ ਆਦਮੀ ਪਾਰਟੀ ਦੇ ਵਰਕਰਾਂ ਵੱਲੋਂ ਲੱਡੂ ਵੰਡੇ ਗਏ। ਮੈਂਬਰ ਦਵਿੰਦਰ ਸੰਧੂ, ਮੋਨੂ ਗਿੱਲ, ਕਿੰਦਾ ਸਿੱਧਮ ਨਵੀ ਪੰਡੋਰੀ ਪ੍ਰੀਤਪਾਲ ਸਨੀ, ਦੀਪੂ ਚੀਮਾ, ਜਸ ਚੀਮਾ ,ਰਵੀ ਕਾਕਾ , ਕਿੰਦਾ ਨਾਗਰਾ, ਮੋਹਿਤ, ਸਾਗਰ ਸਹੋਤਾ, ਅੱਜੇ ਭੱਟੀ, ਅਤੇ ਇਸੇ ਤਰ੍ਹਾਂ ਪੁਰਾਣੇ ਅੱਡੇ ਬਾਬਾ ਸਾਹਿਬ ਜੀ ਦੇ ਜਨਮ ਦਿਨ ਤੇ ਕੜੀ ਚਾਵਲ ਦਾ ਲੰਗਰ ਨੱਨੂ ਗਿੱਲ, ਗੁਰਪ੍ਰੀਤ ਰਾਮ ਰਤਨ ਚੰਦ ਗੁਮਟਾਲਾ ਵਲੋਂ ਲਗਾਇਆ ਗਿਆ।

## ਦੇਸ਼ ਦੇ ਸੰਵਿਧਾਨ ਤੇ ਏਕਤਾ-ਅਖੰਡਤਾ ਨੂੰ ਬਚਾਉਣ ਲਈ ਸਾਂਝੇ ਸੰਘਰਸ਼ਾਂ ਦੀ ਲੋੜ : ਭਾਕਿਯੂ ਏਕਤਾ ਉਗਰਾਹਾਂ

**ਮਾਹਿਲਪੁਰ (ਸ਼ਫ਼ਰੀ)**- ਭਾਰਤੀ ਸਵਿੰਧਾਨ ਦੇ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਵਸ ਮੌਕੇ ਮਾਹਿਲਪੁਰ ਦੇ ਜੈ ਭੀਮ ਕਾਰਵਾਂ ਸੁਸਾਇਟੀ ਰਜਿਸਟਰਡ ਤੇ ਸਮੂਹ ਸੰਘਰਸ਼ਸ਼ੀਲ ਲੋਕਾਂ ਵਲੋਂ ਮਿਲ ਕੇ ਇੱਕ ਸ਼ੋਭਾ ਯਾਤਰਾ ਦਾ ਆਯੋਜਨ ਕੀਤਾ ਗਿਆ। ਜਿਸ ਵਿੱਚ ਸਮਾਜਿਕ, ਰਾਜਨੀਤਕ ਤੇ ਦੇਸ਼ ਭਗਤ ਸੰਗਠਨਾਂ ਦੇ ਸਮੱਰਥਕਾਂ ਤੇ ਆਗੂਆਂ ਵਲੋਂ



ਸ਼ਮੂਲੀਅਤ ਕੀਤੀ ਗਈ ਤੇ ਆਪਣੇ ਦੇਸ਼ ਤੇ ਸਵਿੰਧਾਨ ਨੂੰ ਬਚਾਉਣ ਲਈ ਸਮੂਹ ਇਨਸਾਫ਼ਪਸੰਦ ਲੋਕਾਂ ਨੂੰ ਆਪਸੀ ਸਾਰੇ ਮੱਤਭੇਦ ਭੁਲਾ ਕੇ ਦੇਸ਼ ਵਿੱਚੋਂ ਫਿਰਕਾਪ੍ਰਸਤ ਤੇ ਫੁੱਟਪਾਊ ਹਾਕਮਾਂ ਨੂੰ ਭਜਾਉਣ ਲਈ ਸਾਂਝੇ ਯੋਜਨਾਬੱਧ ਤੇ ਜਾਬਤਾਬੱਧ ਸੰਘਰਸ਼ਾਂ ਵਿੱਚ ਜੂਝਣ ਦਾ ਸੱਦਾ ਦਿੱਤਾ ਤੇ ਕੇਂਦਰ ਦੇ ਫਿਰਕਾਪ੍ਰਸਤ ਹਾਕਮਾਂ ਵਲੋਂ ਸੰਵਿਧਾਨ ਨਾਲ ਲਗਾਤਾਰ ਕੀਤੀ ਜਾ ਰਹੀ ਗੈਰ ਸੰਵਿਧਾਨਕ ਛੇੜ ਛਾੜ ਤੇ ਨਿੱਤ ਨਵੀਆਂ ਕੀਤੀਆਂ ਜਾ ਰਹੀਆਂ ਸੋਧਾਂ ਖਿਲਾਫ਼ ਡੱਟਵਾਂ ਵਿਰੋਧ ਜਤਾਇਆ।ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਵਸ ਮੌਕੇ ਭਾਕਿਯੂ ਏਕਤਾ ਉਗਰਾਹਾਂ ਦੇ ਜ਼ਿਲ੍ਹਾ ਪ੍ਰਚਾਰ ਸਕੱਤਰ ਤਲਵਿੰਦਰ ਸਿੰਘ ਹੀਰ ਨੰਗਲ ਖਿਲਾੜੀਆਂ ਤੇ ਭਗਵਾਨ ਵਾਲਮੀਕ ਸਭਾ ਦੇ ਪ੍ਰਧਾਨ ਤੇ ਨਗਰ ਕੌਂਸਲ ਮਾਹਿਲਪੁਰ ਦੇ ਕੌਂਸਲਰ ਬਲਵਿੰਦਰ ਕੁਮਾਰ ਮਰਵਾਹਾ ਵਲੋਂ ਸਾਥੀਆਂ ਸਮੇਤ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ ਜਨਮ ਦਿਵਸ ਮੌਕੇ ਜੈ ਭੀਮ ਕਾਰਵਾਂ ਸੁਸਾਇਟੀ ਵਲੋਂ ਕੱਢੀ ਜਾਂਦੀ ਸਾਲਾਨਾ ਸ਼ੋਭਾ ਯਾਤਰਾ ਦਾ ਫਗਵਾੜਾ ਰੋਡ ਮਾਹਿਲਪੁਰ ਤੇ ਭਗਵਾਨ ਸ਼੍ਰੀ ਵਾਲਮੀਕ ਜੀ ਮਹਾਰਾਜ ਜੀ ਦੇ ਮੰਦਿਰ ਵਿਖੇ ਪਹੁੰਚਣ ਤੇ ਸ਼ਾਨਦਾਰ ਸਵਾਗਤ ਕੀਤਾ ਗਿਆ ਤੇ ਸੋਭਾ ਯਾਤਰਾ ਚ ਸਾਮਲ ਸੰਗਤਾਂ 'ਨੂੰ ਲੱਡੂ ਵੰਡੇ ਗਏ ਤੇ ਆਈਸਕਰੀਮ ਦੇ ਲੰਗਰ ਵੀ ਲਾਏ ਗਏ।ਸ਼ੋਭਾ ਯਾਤਰਾ ਦੇ ਇਸ ਪੜਾਅ ਦੇ ਸਮੇਂ ਦੌਰਾਨ ਸਾਰੇ ਬੁਲਾਰੇ ਆਗੂਆਂ ਨੇ ਦੇਸ਼ ਵਿਦੇਸ਼ ਵਸਦੇ ਭਾਰਤੀਆਂ ਨੂੰ ਬਾਬਾ ਸਾਹਿਬ ਜੀ ਦੇ ਜਨਮ ਦਿਵਸ ਦੀਆਂ ਮੁਬਾਰਕਾਂ ਦਿੰਦਿਆਂ ਉਨਾਂ ਦੇ ਸੁਪਨਿਆਂ ਨੂੰ ਪੂਰਾ ਕਰਨ ਲਈ ਇੱਕਜੁੱਟ ਹੋ ਕੇ ਸੰਘਰਸ਼ ਕਰਨ ਦਾ ਪ੍ਰਣ ਕੀਤਾ। ਇਸ ਮੌਕੇ ਤੇ ਨਿਰਮਲ ਸਿੰਘ ਮੁੱਗੋਵਾਲ ਤੇ ਸੁਸਾਇਟੀ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਵੱਧ ਤੋਂ ਵੱਧ ਲੋਕਾਂ ਨੂੰ ਡਾ ਬੀ ਆਰ ਅੰਬੇਦਕਰ ਸਾਹਿਬ ਜੀ ਦੇ ਮਿਸ਼ਨ ਨਾਲ ਜੁੜਨ ਤੇ ਉਸ ਨੂੰ ਪੂਰਾ ਕਰਨ ਦਾ ਸੱਦਾ ਦਿੱਤਾ। ਇਸ ਮੌਕੇ 'ਤੇ ਪ੍ਰਸਿੱਧ ਪੰਜਾਬੀ ਗੀਤਕਾਰ ਗੁਰਮਿੰਦਰ ਕੈਂਡੋਵਾਲ, ਕੌਂਸਲਰ ਸੀਤਾ ਰਾਮ ਸਰਪੰਚ ਕੁਲਦੀਪ ਸਿੰਘ ਸਿੱਧੂ, ਜਸਵਿੰਦਰ ਸਿੰਘ ਬੰਗਾ, ਮਲਕੀਤ ਸਿੰਘ ਹੀਰ, ਜਤਿੰਦਰ ਸਿੰਘ,ਬਲਵਿੰਦਰ ਸਿੰਘ ਵੜੈਚ, ਅਮਨਪ੍ਰੀਤ ਸਿੰਘ, ਸਾਬਕਾ ਫੌਜੀ ਧਰਮ ਸਿੰਘ, ਸਤਵੀਰ ਸਿੰਘ ਕੌਂਸਲਰ, ਕੌਂਸਲਰ ਸ਼ਸ਼ੀ ਬੰਗੜ ਜੀ, ਰਾਜੀਵ ਬੰਗੜ, ਡਾਕਟਰ ਪਰਮਿੰਦਰ ਸਿੰਘ, ਹਰਮਹਿੰਦਰ ਸਿੰਘ, ਨਿਰਮਲ ਕੌਰ ਬੋਧ, ਰੇਖਾ ਰਾਣੀ, ਗਗਨਦੀਪ ਕੌਰ, ਮਾਸਟਰ ਜੈਰਾਮ ਜੀ ਬਾੜੀਆਂ, ਸੁਖਦੇਵ ਸਿੰਘ, ਸੋਨੀਆ,ਗੁਰਪਾਲ ਕੌਰ, ਸੁਖਵਿੰਦਰ ਕੁਮਾਰ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

## ਚੋਰਾਂ ਨੇ ਦੋ ਦੁਕਾਨਾਂ ਨੂੰ ਬਣਾਇਆ ਨਿਸ਼ਾਨਾ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)** ਇਥੇ ਸੋਮਵਾਰ ਦੀ ਰਾਤ ਨੂੰ ਚੋਰਾਂ ਵੱਲੋਂ ਦੋ ਦੁਕਾਨਾਂ ਨੂੰ ਨਿਸ਼ਾਨਾ ਬਣਾਉਂਦੇ ਹੋਏ ਹਜ਼ਾਰਾਂ ਰੁਪਏ ਦਾ ਸਾਮਾਨ ਚੋਰੀ ਕਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ! ਜਾਣਕਾਰੀ ਦਿੰਦੇ ਹੋਏ ਪੰਜਾਬ ਕਰਿਆਨਾ ਸਟੋਰ ਦੇ ਮਾਲਕ ਸ਼ਾਮ ਸੁੰਦਰ ਪਰੂਥੀ ਨੇ ਦੱਸਿਆ ਕਿ ਉਸ ਦੀ ਦੁਕਾਨ ਕਿਸ਼ਨਗੜ੍ਹ ਮੇਨ ਬਾਜ਼ਾਰ ਵਿੱਚ ਪੈਂਦੀ ਹੈ! ਉਹ ਸੋਮਵਾਰ ਰਾਤ ਨੂੰ ਰੋਜ਼ਾਨਾ ਦੀ ਤਰ੍ਹਾਂ ਆਪਣੀ



ਦੁਕਾਨ ਬੰਦ ਕਰਕੇ ਆਪਣੇ ਘਰ ਅਲਾਵਲਪੁਰ ਚਲੇ ਗਏ! ਮੰਗਲਵਾਰ ਦੀ ਸਵੇਰੇ ਕਿਸ਼ਨਗੜ੍ਹ ਵਾਸੀ ਇੱਕ ਉਸਦੇ ਜਾਣਕਾਰ ਨੇ ਫੋਨ ਤੇ ਦੱਸਿਆ ਕਿ ਤੁਹਾਡੀ ਦੁਕਾਨ ਦਾ ਇਕ ਸ਼ਟਰ ਟੁੱਟਿਆ ਹੋਇਆ ਹੈ! ਜਦ ਉਸ ਨੇ ਆ ਕੇ ਦੇਖਿਆ ਤਾਂ ਦੁਕਾਨ ਦਾ ਇੱਕ ਸਾਈਡ ਦਾ ਸ਼ਟਰ ਕਿਸੇ ਭਾਰੀ ਚੀਜ਼ ਨਾਲ ਮਰੋੜ ਕੇ ਚੁੱਕਿਆ ਹੋਇਆ ਸੀ! ਉਸ ਨੇ ਇਸ ਦੀ ਸੂਚਨਾ ਪੁਲਸ ਚੌਂਕੀ ਕਿਸ਼ਨਗੜ ਵਿਖੇ ਦਿੱਤੀ! ਪੁਲਸ ਦੇ ਆਉਣ 'ਤੇ ਜਦ ਉਸ ਨੇ ਦੁਕਾਨ ਦੇ ਅੰਦਰ ਜਾ ਕੇ ਦੇਖਿਆ ਕਾਊਂਟਰ ਵਿੱਚ ਲੱਗੇ ਗੱਲੇ ਦੇ ਦਰਾਜ ਖਾਲੀ ਸਨ! ਜਿਸ ਵਿੱਚ ਕਰੀਬ ਢਾਈ ਤੋਂ ਤਿੰਨ ਹਜਾਰ ਰੁਪਏ ਦੀਆਂ ਛੋਟੇ ਨੋਟਾਂ ਦੀਆਂ ਪਰਚੀਆਂ ਗਾਇਬ ਸਨ! ਹੋਰ ਸਾਮਾਨ ਦੇਖਣ 'ਤੇ ਪਤਾ ਚੱਲਿਆ ਕਿ ਡਰਾਈ ਫਰੂਟ, ਦੇਸੀ ਘਿਓ ਵਗੈਰਾ, ਮਹਿੰਗੀਆਂ ਸਿਗਰਟਾਂ ਦੇ ਵੱਡੇ ਪੈਕਟ ਅਤੇ ਹੋਰ ਕਰਿਆਨੇ ਦਾ ਸਾਮਾਨ ਚੋਰੀ ਹੋ ਗਿਆ ਸੀ! ਜਿਸ ਦੀ ਕੀਮਤ 50 ਹਜ਼ਾਰ ਦੇ ਕਰੀਬ ਬਣਦੀ ਹੈ! ਚੋਰ ਜਾਂਦੇ ਹੋਏ ਦੁਕਾਨ ਵਿੱਚ ਲੱਗੇ ਸੀ ਸੀ ਟੀ ਵੀ ਕੈਮਰੇ ਦਾ ਡੀਵੀਆਰ ਵੀ ਨਾਲ ਲੈ ਗਏ। ਉਸਨੇ ਅੱਗੇ ਦੱਸਿਆ ਕਿ ਪਿਛਲੇ ਮਹੀਨੇ ਵੀ ਉਸ ਦੀ ਦੁਕਾਨ ਦੇ ਤਾਲੇ ਤੋੜੇ ਗਏ ਸਨ! ਪਰੰਤੂ ਸਾਹਮਣੇ ਵਾਲੀ ਦੁਕਾਨ ਦੇ ਉੱਪਰ ਕਿਰਾਏ 'ਤੇ ਰਹਿ ਰਹੇ ਵਿਅਕਤੀ ਦੇ ਜਾਗਣ ਕਰਕੇ ਚੋਰ ਭੱਜ ਗਏ ਸਨ! ਇਸ ਤਰ੍ਹਾਂ ਹੀ ਦੂਸਰੀ ਦੁਕਾਨ ਦੇ ਮਾਲਕ ਗੁਰਜੋਤ ਸਿੰਘ ਵਾਸੀ ਕਾਲਾ ਬੱਕਰਾ ਨੇ ਦੱਸਿਆ ਕਿ ਉਹ ਕਿਸ਼ਨਗੜ੍ਹ ਵਿੱਚ ਜਿਮ ਵਿਚ ਕਸਰਤ ਕਰਨ ਵਾਲੇ ਨੌਜਵਾਨਾਂ ਲਈ ਖੁਰਾਕ ਵਾਸਤੇ ਖਾਣ ਵਾਲੇ ਸਪਲੀਮੈਂਟ ਦੀ ਦੁਕਾਨ ਕਰਦਾ ਹੈ !ਮੰਗਲਵਾਰ ਸਵੇਰੇ ਉਸ ਨੂੰ ਸਾਹਮਣੇ ਵਾਲੀ ਕਰਿਆਨੇ ਦੀ ਦੁਕਾਨ ਦੇ ਮਾਲਕ ਜਿਸ ਦੇ ਵੀ ਚੋਰੀ ਹੋਈ ਸੀ! ਉਸ ਨੇ ਚੋਰੀ ਬਾਰੇ ਦੱਸਿਆ ਪੁਲਸ ਦੇ ਆਉਣ 'ਤੇ ਉਸਨੇ ਦੁਕਾਨ ਦੇ ਅੰਦਰ ਜਾ ਕੇ ਦੇਖਿਆ ਤਾਂ ਮਹਿੰਗੇ ਸਪਲੀਮੈਂਟ ਦੇ ਵੱਡੇ ਸੱਤ ਡੱਬੇ, ਛੇ ਛੋਟੇ ਡੱਬੇ ਅਤੇ ਚਾਰ ਪੈਕਟਾਂ ਵਿੱਚ ਪੈਕ ਸਪਲੀਮੈਂਟ ਚੋਰੀ ਹੋ ਗਏ ਸਨ! ਜਿਨ੍ਹਾਂ ਦੀ ਕੁੱਲ ਕੀਮਤ 50 ਤੋਂ 60 ਹਜ਼ਾਰ ਰੁਪਏ ਬਣਦੀ ਹੈ! ਸ਼ਾਮ ਸੁੰਦਰ ਨੇ ਦੱਸਿਆ ਕਿ ਜਦ ਪੁਲਸ ਨੇ ਲਾਗੇ ਦੀ ਦੁਕਾਨ ਦੇ ਸੀ ਸੀ.ਟੀ. ਵੀ ਕੈਮਰੇ ਚੈੱਕ ਕੀਤੇ ਤਾਂ ਦੋ ਵਿਅਕਤੀ ਮੋਟਰਸਾਈਕਲ ਤੇ ਆਉਂਦੇ ਹਨ ਅਤੇ ਉਹ ਚੋਰੀ ਕਰਕੇ ਮੋਟਰ ਸਾਈਕਲ 'ਤੇ ਹੀ ਵਾਪਸ ਚਲੇ ਜਾਂਦੇ ਹਨ।

## ਨੈਸ਼ਨਲ ਵੈਕਟਰ ਬੌਰਨ ਡਜੀਜ਼ ਕੰਟਰੋਲ ਪ੍ਰੋਗਰਾਮ ਤਹਿਤ ਜਾਗਰੂਕ ਕੀਤਾ



**ਬਲਾਚੌਰ (ਜਸਵਿੰਦਰ ਬੈਂਸ)**— ਸਿਵਲ ਸਰਜਨ ਸ਼ਹੀਦ ਭਗਤ ਸਿੰਘ ਨਗਰ ਡਾਕਟਰ ਗੁਰਿੰਦਰਜੀਤ ਸਿੰਘ ਜੀ ਅਤੇ ਐਪੀਡੀਮੋਲੋਜਿਸਟ ਡਾਕਟਰ ਰਕੇਸ਼ ਪਾਲ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫ਼ਸਰ ਸੜੋਆ ਡਾਕਟਰ ਨਵਰੀਤ ਕੌਰ ਜੀ ਦੀ ਯੋਗ ਅਗਵਾਈ ਹੇਠ ਸਿਹਤ ਵਿਭਾਗ ਦੇ ਕਰਮਚਾਰੀ ਸੁਨੀਲ ਕੁਮਾਰ ਅਤੇ ਮਨਦੀਪ ਵੱਲੋਂ ਲਿਟਲ ਚੈਂਪੀਅਨ ਕੰਪੈਨ ਤਹਿਤ ਸਰਕਾਰੀ ਹਾਈ ਸਕੂਲ ਚੰਦਿਆਣੀ ਖੁਰਦ ਵਿਖੇ ਸਕੂਲ ਮੁਖੀ ਮੈਡਮ ਮਨਜੀਤ ਕੌਰ ਅਤੇ ਸਟਾਫ ਨਾਲ ਮਿਲ ਕੇ ਮਲੇਰੀਆ ਡੇਂਗੂ ਚਿਕਨਗੁਨੀਆ ਦੇ ਬਚਾਓ ਅਤੇ ਕੰਟਰੋਲ ਲਈ ਮੀਟਿੰਗ ਕੀਤੀ ਗਈ ਜਿਸ ਅਧੀਨ ਬੱਚਿਆਂ ਨੂੰ ਲਾਰਵਾ ਚੈਕ ਕਰਨ ਅਤੇ ਸਕੂਲ ਦੀ ਬਿਲਡਿੰਗ ਅਤੇ ਕਮਰਿਆਂ ਦੀ ਸਾਫ ਸਫਾਈ ਸਬੰਧੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਆਸ਼ਾ ਵਰਕਰ ਅਤੇ ਸਕੂਲ ਸਟਾਫ ਹਾਜ਼ਰ ਸੀ।

# ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਵੱਖ-ਵੱਖ ਥਾਈਂ ਜਨਮ ਦਿਹਾੜਾ ਮਨਾਇਆ


ਮੋਗਾ


ਮਲੋਟ


ਫਿਰੋਜ਼ਪੁਰ



ਮੋਗਾ

**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਹਾੜੇ ਮੌਕੇ ਜ਼ਿਲ੍ਹਾ ਪ੍ਰਸ਼ਾਸਨ ਮੋਗਾ ਤਰਫ਼ੋਂ ਇੱਕ ਸੰਖੇਪ ਸਮਾਗਮ ਕੀਤਾ ਗਿਆ। ਇਸ ਸਮਾਗਮ ਦੀ ਸ਼ੁਰੂਆਤ ਬਾਬਾ ਸਾਹਿਬ ਭੀਮ ਰਾਓ ਅੰਬੇਡਕਰ ਜੀ ਦੇ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਮੋਗਾ ਵਿੱਚ ਸਥਾਪਤ ਬੁੱਤ ਉੱਪਰ ਡਿਪਟੀ ਕਮਿਸ਼ਨਰ ਮੋਗਾ ਸਾਗਰ ਸੇਤੀਆ ਨੇ ਫੁੱਲ ਮਾਲਾਵਾਂ ਭੇਟ ਕਰਕੇ ਕੀਤੀ।ਇਸ ਮੌਕੇ ਉਨ੍ਹਾਂ ਨਾਲ ਸਹਾਇਕ ਕਮਿਸ਼ਨਰ (ਜ) ਹਿਤੇਸ਼ ਵੀਰ ਗੁਪਤਾ, ਸਮਾਜਿਕ ਨਿਆਂ ਅਧਿਕਾਰਤਾ ਤੇ ਘੱਟ ਗਿਣਤੀ ਵਰਗ



ਬਰੇਟਾ

ਅਫ਼ਸਰ ਕੁਲਵੰਤ ਸਿੰਘ ਸੰਧੂ ਵੀ ਮੌਜੂਦ ਸਨ।ਇਸ ਤੋਂ ਬਾਅਦ ਇਸ ਦਿਵਸ ਨੂੰ ਸਮਰਪਤ ਜ਼ਿਲ੍ਹਾ ਪੱਧਰੀ ਸਮਾਗਮ ਬੀ ਆਈ ਐੱਸ ਸੰਸਥਾਵਾਂ ਗਗੜਾ (ਕੋਟ ਈਸੇ ਖਾਂ) ਵਿਖੇ ਕੀਤਾ ਗਿਆ।ਸਮਾਗਮ ਦੀ ਸ਼ੁਰੂਆਤ ਹਾਜ਼ਰੀਨ ਤੇ ਆਏ ਮਹਿਮਾਨਾਂ ਵੱਲੋਂ ਜੋਤੀ ਪ੍ਰਜਵਲਿਤ ਕਰਕੇ ਕੀਤੀ ਗਈ।ਇਸ ਸਮਾਗਮ ਵਿੱਚ ਵਿਧਾਇਕ ਨਿਹਾਲ ਸਿੰਘ ਵਾਲਾ ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਧਰਮਕੋਟ ਦਵਿੰਦਰਜੀਤ ਸਿੰਘ, ਮੇਅਰ ਨਗਰ ਨਿਗਮ ਬਲਜੀਤ ਸਿੰਘ ਚਾਨੀ, ਵਧੀਕ ਡਿਪਟੀ ਕਮਿਸ਼ਨਰ (ਜ) ਚਾਰੂਮਿਤਾ, ਐੱਸ ਡੀ ਐੱਮ ਸਵਾਤੀ ਤੋਂ ਇਲਾਵਾ ਹੋਰ ਵੀ ਪ੍ਰਮੁੱਖ ਹਸਤੀਆਂ ਹਾਜ਼ਰ ਸਨ।ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਰਾਸ਼ਟਰੀ ਗਾਣ ਪੇਸ਼ ਕਰਕੇ ਮਾਹੌਲ ਨੂੰ ਉਤਸ਼ਾਹ ਨਾਲ ਭਰ ਦਿੱਤਾ ਗਿਆ।ਉਪਰੰਤ ਹਾਜ਼ਰ ਸ਼ਖ਼ਸੀਅਤਾਂ ਵੱਲੋਂ ਬਾਬਾ ਸਾਹਿਬ ਨੂੰ ਸ਼ਰਧਾ ਦੇ ਸੁਮਨ ਅਰਪਿਤ ਕਰਦਿਆਂ ਉਨ੍ਹਾਂ ਦੇ ਵਿਚਾਰਾਂ, ਸੰਘਰਸ਼ਾਂ ਤੇ ਯੋਗਦਾਨਾਂ ਨੂੰ ਸਲਾਮ ਕੀਤਾ ਗਿਆ।ਮਨਜੀਤ ਸਿੰਘ ਬਿਲਾਸਪੁਰ ਤੇ ਦਵਿੰਦਰਜੀਤ ਸਿੰਘ ਦੋਨਾਂ ਵਿਧਾਇਕਾਂ ਨੇ ਦੱਸਿਆ ਕਿ ਅਨੁਸੂਚਿਤ ਜਾਤੀ ਵਰਗ ਦੇ ਲੋਕਾਂ ਨੂੰ ਉਨ੍ਹਾਂ ਦੀ ਭਲਾਈ ਲਈ ਸ਼ੁਰੂ ਕੀਤੀਆਂ ਯੋਜਨਾਵਾਂ ਦਾ ਵੱਧ ਤੋਂ ਵੱਧ ਲਾਭ ਦਿਵਾਇਆ ਜਾਵੇਗਾ।ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਨੇ ਸੰਵਿਧਾਨ ਦੀ ਰਚਨਾ ਕਰ ਕੇ ਦੇਸ਼ ਦੀ ਤਰੱਕੀ ਵਿੱਚ ਵੱਡਾ ਯੋਗਦਾਨ ਪਾਇਆ ਹੈ।ਇਸ ਕਾਰਨ ਸਮਾਜ ਦੇ ਕਈ ਵਰਗਾਂ ਨੂੰ ਅੱਗੇ ਵਧਣ ਦਾ


ਪਟਿਆਲਾ

ਮੌਕਾ ਮਿਲਿਆ ਹੈ।ਡਿਪਟੀ ਕਮਿਸ਼ਨਰ ਸਾਗਰ ਸੇਤੀਆ ਨੇ ਕਿਹਾ ਕਿ ਬਾਬਾ ਸਾਹਿਬ ਦੇ ਯੋਗਦਾਨ ਨੂੰ ਕਦੇ ਵੀ ਭੁਲਾਇਆ ਨਹੀਂ ਜਾ ਸਕਦਾ। ਮੇਅਰ ਨਗਰ ਨਿਗਮ ਬਲਜੀਤ ਸਿੰਘ ਚਾਨੀ, ਵਧੀਕ ਡਿਪਟੀ ਕਮਿਸ਼ਨਰ ਚਾਰੂਮਿਤਾ ਤੋਂ ਇਲਾਵਾ ਹੋਰ ਵੀ ਪ੍ਰਮੁੱਖ ਹਸਤੀਆਂ ਵੱਲੋਂ ਬਾਬਾ ਸਾਹਿਬ ਦੇ ਭਾਰਤੀ ਸੰਵਿਧਾਨ ਵਿੱਚ ਪਾਏ ਵਡਮੁੱਲੇ ਯੋਗਦਾਨ ਨੂੰ ਯਾਦ ਕਰਕੇ ਸੰਬੋਧਨ ਕੀਤਾ।ਇਸ ਮੌਕੇ ਹੋਰਨਾਂ ਤੋਂ ਇਲਾਵਾ ਡਾਇਰੈਕਟਰ ਗਮਾਡਾ ਜਸਵਿੰਦਰ ਸਿੰਘ ਸਿੱਧੂ, ਮਾਰਕੀਟ ਕਮੇਟੀ ਚੇਅਰਮੈਨ ਹਰਜਿੰਦਰ ਸਿੰਘ ਰੋਡੇ ਤੇ ਬਾਬਾ ਈਸ਼ਰ ਸਿੰਘ ਸੰਸਥਾਵਾਂ ਦੇ ਚੇਅਰਮੈਨ ਡਾ. ਨਵਜੋਤ ਸਿੰਘ ਧਾਲੀਵਾਲ ਮੌਜੂਦ ਸਨ।

**ਮਲੋਟ (ਗੁਰਮੀਤ ਸਿੰਘ ਮੱਕੜ, ਓਮ ਪ੍ਰਕਾਸ਼ ਸੇਖੂ)**-ਭਾਰਤੀ ਸੰਵਿਧਾਨ ਦੇ ਨਿਰਮਾਤਾ ਡਾ. ਅੰਬੇਡਕਰ ਦੇ 134ਵੇਂ ਜਨਮ ਦਿਨ ਮੌਕੇ ਜ਼ਿਲ੍ਹਾ ਪੱਧਰੀ ਸਮਾਗਮ ਮਹਾਰਾਜਾ ਰਣਜੀਤ ਸਿੰਘ ਕਾਲਜ ਵਿਖੇ ਕਰਵਾਇਆ ਗਿਆ। ਇਸ ਮੌਕੇ ਬੋਲਦਿਆਂ ਖੇਤੀਬਾੜੀ ਮੰਤਰੀ ਸ੍ਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਮੁੱਖ ਮੰਤਰੀ ਪੰਜਾਬ ਸ੍ਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਡਾ. ਅੰਬੇਡਕਰ ਜੀ ਦੇ ਸੁਪਨਿਆਂ ਨੂੰ ਅਮਲੀ ਜਾਮਾ ਪਹਿਨਾਉਣ ਦਾ ਕੰਮ ਨਿਰੰਤਰ ਕੀਤਾ ਜਾ ਰਿਹਾ ਹੈ। ਇਸ ਮੌਕੇ ਕਾਲਜ ਦੇ ਵਿਦਿਆਰਥੀਆਂ ਨੇ ਪੰਜਾਬ ਸਰਕਾਰ ਵੱਲੋਂ ਅਨੁਸੂਚਿਤ ਜਾਤੀਆਂ ਦੇ ਬੱਚਿਆਂ ਲਈ ਚਲਾਈ ਜਾ ਰਹੀ ਡਾ. ਅੰਬੇਡਕਰ ਸਕਾਲਰਸ਼ਿਪ ਸਬੰਧੀ ਨੁੱਕੜ ਨਾਟਕ ਪੇਸ਼ ਕੀਤਾ। ਇਸ ਮੌਕੇ ਚੇਅਰਮੈਨ ਸਹਿਕਾਰਤਾ ਪੰਜਾਬ ਜਗਦੇਵ ਸਿੰਘ ਬਾਮ, ਸੁਖਜਿੰਦਰ ਸਿੰਘ ਕਾਉਣੀ ਚੇਅਰਮੈਨ ਜ਼ਿਲ੍ਹਾ ਯੋਜਨਾਬੰਦੀ ਬੋਰਡ, ਜਸ਼ਨ ਬਰਾੜ ਮਾਰਕਿਟ ਕਮੇਟੀ ਚੇਅਰਮੈਨ ਮਲੋਟ, ਵਧੀਕ ਡਿਪਟੀ ਕਮਿਸ਼ਨਰ (ਜ) ਗੁਰਪ੍ਰੀਤ ਸਿੰਘ ਥਿੰਦ,


ਬੁਢਲਾਡਾ

ਉੱਪ ਮੰਡਲ ਮੈਜਿਸਟਰੇਟ ਮਲੋਟ ਡਾ. ਸੰਜੀਵ ਕੁਮਾਰ ਸ਼ਰਮਾ, ਕਾਲਜ ਦੇ ਪ੍ਰਿੰਸੀਪਲ ਡਾ. ਰਜਿੰਦਰ ਸਿੰਘ ਸੇਖੋਂ, ਕਾਲਜ ਮੈਨੇਜਮੈਂਟ ਦੇ ਚੇਅਰਮੈਨ ਰਜਿੰਦਰ ਸਿੰਘ ਸੰਧੂ, ਜ਼ਿਲ੍ਹਾ ਭਲਾਈ ਅਫਸਰ ਜਗਮੋਹਨ ਸਿੰਘ, ਜਗਦੀਸ਼ ਸਿੰਘ ਧੋਸੀਵਾਲ, ਰਸ਼ਪਾਲ ਸਿੰਘ ਖੁੱਡੀਆਂ ਸਾਬਕਾ ਚੇਅਰਮੈਨ ਮਾਰਕਿਟ ਕਮੇਟੀ, ਗੁਰਬਾਜ ਸਿੰਘ ਵਣਵਾਲਾ, ਬਲਰਾਜ ਸਿੰਘ ਮਾਹੂਆਣਾ, ਗਗਨ ਔਲਖ, ਪਰਮਜੀਤ ਸਿੰਘ ਤੋਂ ਇਲਾਵਾ ਕਾਲਜ ਦੇ ਸਟਾਫ, ਵਿਦਿਆਰਥੀ ਤੇ ਪਤਵੰਤੇ ਹਾਜ਼ਰ ਸਨ।

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਵਿਵੇਕਾਨੰਦ ਵਰਲਡ ਸਕੂਲ 'ਚ ਡਾ. ਭੀਮ ਰਾਓ ਅੰਬੇਡਕਰ ਜਯੰਤੀ ਸ਼ਰਧਾਪੂਰਵਕ ਮਨਾਈ ਗਈ।ਸਕੂਲ ਦੇ ਡਾਇਰੈਕਟਰ ਡਾ. ਐੱਸ ਐੱਨ ਰੁਦਰਾ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੌਕੇ ਵਿਦਿਆਰਥੀਆਂ ਨੇ ਸੰਵਿਧਾਨ ਨਿਰਮਾਤਾ ਤੇ ਸਮਾਜ ਸੁਧਾਰਕ ਡਾ. ਅੰਬੇਡਕਰ ਦੇ ਜੀਵਨ ਤੇ ਯੋਗਦਾਨ ਨੂੰ ਸ਼ਰਧਾ ਤੇ ਉਤਸ਼ਾਹ ਨਾਲ ਯਾਦ ਕੀਤਾ।ਪ੍ਰੋਗਰਾਮ ਦੀ ਸ਼ੁਰੂਆਤ ਡਾ. ਅੰਬੇਡਕਰ ਨੂੰ ਫੁੱਲ ਭੇਟ ਕਰਕੇ ਕੀਤੀ ਗਈ, ਜਿਸ ਤੋਂ ਬਾਅਦ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਜੀਵਨ 'ਤੇ ਆਧਾਰਤ ਇੱਕ ਪ੍ਰੇਰਣਾਦਾਇਕ ਡਾਕੂਮੈਂਟਰੀ ਵਿਖਾਈ ਗਈ।ਇਸ ਵੀਡੀਓ ਰਾਹੀਂ ਵਿਦਿਆਰਥੀਆਂ ਨੇ ਜਾਣਿਆ ਕਿ ਡਾ. ਅੰਬੇਡਕਰ ਨੇ ਕਿਸ ਤਰ੍ਹਾਂ ਸਿੱਖਿਆ, ਸਮਾਨਤਾ ਤੇ ਸਮਾਜਿਕ ਨਿਆਂ ਲਈ ਸੰਘਰਸ਼ ਕੀਤਾ।ਇਸ ਤੋਂ ਬਾਅਦ ਸਲੋਗਨ ਲਿਖਣ ਦੀ ਗਤੀਵਿਧੀ ਕਰਵਾਈ ਗਈ, ਜਿਸ ਵਿੱਚ ਵਿਦਿਆਰਥੀਆਂ ਨੇ 'ਸਿੱਖਿਆ ਹਰ ਇੱਕ ਦਾ ਅਧਿਕਾਰ', 'ਏਕਤਾ ਤੇ ਸਮਾਨਤਾ ਹੀ ਅਸਲੀ ਤਾਕਤ', 'ਜੋ ਪੜ੍ਹੇਗਾ, ਓਹੀ ਵਧੇਗਾ' ਵਰਗੇ ਪ੍ਰਭਾਵਸ਼ਾਲੀ ਨਾਅਰਿਆਂ ਰਾਹੀਂ ਸਮਾਜਿਕ ਜਾਗਰੂਕਤਾ ਦਾ ਪਰਚਾ ਲਹਿਰਾਇਆ।ਡਾ. ਰੁਦਰਾ ਨੇ ਕਿਹਾ, ਡਾ. ਅੰਬੇਡਕਰ ਦਾ ਜੀਵਨ ਸਾਨੂੰ ਪ੍ਰੇਰਿਤ ਕਰਦਾ ਹੈ ਕਿ ਅਸੀਂ ਅਨਿਆਂ ਖ਼ਿਲਾਫ਼ ਆਵਾਜ਼ ਉਠਾਈਏ ਤੇ ਸਿੱਖਿਆ ਰਾਹੀਂ ਸਮਾਜ ਵਿੱਚ ਸਕਾਰਾਤਮਕ ਬਦਲਾਅ ਲਿਆਈਏ।ਇਸ ਤਰ੍ਹਾਂ ਦੇ ਆਯੋਜਨ ਵਿਦਿਆਰਥੀਆਂ ਨੂੰ ਸੰਵੇਦਨਸ਼ੀਲ ਤੇ ਜਾਗਰੂਕ ਨਾਗਰਿਕ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਪ੍ਰਿੰਸੀਪਲ ਤਜਿੰਦਰ ਪਾਲ ਕੌਰ ਨੇ ਕਿਹਾ ਸਾਡਾ ਯਤਨ ਹੈ ਕਿ ਵਿਦਿਆਰਥੀ ਸਿਰਫ਼ ਅਕਾਦਮਿਕ ਤੌਰ 'ਤੇ ਹੀ ਨਹੀਂ, ਸਗੋਂ ਸਮਾਜਿਕ ਮੁੱਲਾਂ ਤੇ ਨੈਤਿਕਤਾ ਵਿੱਚ ਵੀ ਸਮ੍ਰਿੱਧ ਹੋਣ।ਅੰਬੇਡਕਰ ਜਯੰਤੀ ਵਰਗੇ ਆਯੋਜਨ ਉਨ੍ਹਾਂ ਦੇ ਪੂਰਨ ਵਿਕਾਸ ਵਿੱਚ ਮਦਦਗਾਰ ਸਾਬਿਤ ਹੁੰਦੇ ਹਨ।

ਇਸੇ ਦੌਰਾਨ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਬੀ ਆਰ ਅੰਬੇਡਕਰ ਦੇ ਜਨਮ ਦਿਹਾੜੇ ਮੌਕੇ ਭਾਰਤੀ ਵਾਲਮੀਕ ਧਰਮ ਸਮਾਜ (ਭਾਵਾਧਸ) ਫਿਰੋਜ਼ਪੁਰ ਵੱਲੋਂ ਭਾਵਾਧਸ ਪੰਜਾਬ ਦੇ ਜਨਰਲ ਸਕੱਤਰ ਕਿੱਕਰ ਸਹੋਤਾ ਤੇ ਜ਼ਿਲ੍ਹਾ ਪ੍ਰਧਾਨ ਪਿੱਪਲ ਸਹੋਤਾ ਦੀ ਅਗਵਾਈ ਹੇਠ ਮੋਟਰਸਾਈਕਲ ਰੈਲੀ ਕੱਢੀ ਗਈ। ਇਸ ਮੌਕੇ ਹਲਕਾ ਫਿਰੋਜ਼ਪੁਰ ਸ਼ਹਿਰੀ ਦੇ ਵਿਧਾਇਕ ਰਣਬੀਰ ਸਿੰਘ ਭੁੱਲਰ ਨੇ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਬਾਬਾ ਸਾਹਿਬ ਜੀ ਦੀ ਫੋਟੋ ਅੱਗੇ ਸ਼ਰਧਾ ਦੇ ਫੁੱਲ ਭੇਟ ਕੀਤੇ ਤੇ ਸਾਰਿਆਂ ਨੂੰ ਉਸ ਮਹਾਨ ਸ਼ਖਸੀਅਤ ਦੇ ਜਨਮ ਦਿਨ ਦੀਆਂ ਮੁਬਾਰਕਾਂ ਦਿੱਤੀਆਂ।

**ਮੋਗਾ (ਇਕਬਾਲ ਸਿੰਘ ਖਹਿਰਾ)** : ਵਾਲਮੀਕਿ ਕਾਲੋਨੀ ਵਾਰਡ ਨੰਬਰ 40 ਵਾਲਮੀਕਿ ਮੰਦਰ ਵਿੱਚ ਭਾਰਤੀਯ ਵਾਲਮੀਕਿ ਧਰਮ ਸਮਾਜ ਭਾਵਾਧਸ ਸੰਗਠਨ ਮੋਗਾ ਦੇ ਪ੍ਰਧਾਨ ਨਰੇਸ਼ ਬੋਹਤ ਦੀ ਪ੍ਰਧਾਨਗੀ ਹੇਠ ਸਮਾਗਮ ਕਰਵਾਇਆ ਗਿਆ। ਇਸ ਮੌਕੇ ਪ੍ਰਧਾਨ ਨਰੇਸ਼ ਬੋਹਤ ਨੇ ਦੱਸਿਆ ਕੀ ਭਾਰਤੀ ਸੰਵਿਧਾਨ ਨਿਰਮਾਤਾ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੇ ਜਨਮ ਦਿਵਸ 'ਤੇ ਭਗਵਾਨ ਵਾਲਮੀਕਿ ਮੰਦਰ ਵਿੱਚ ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਜੀ ਦੀ ਤਸਵੀਰ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ ਅਤੇ ਕੇਕ ਕੱਟ ਕੇ ਜਨਮ ਦਿਵਸ ਮਨਾਇਆ ਗਿਆ। ਇਸ ਮੌਕੇ ਅਰੁਣ ਸੰਘੇਲੀਆ ਸਚਿਨ, ਅਸ਼ੋਕ ਲੋਹਰਾ, ਦੀਪਕ ਖੇਰਾਲੀਆ, ਯੋਗੇਸ਼ਵਰ ਪਾਲ, ਸੋਨੂੰ ਜੈਕਸਨ, ਸੁਖਦੇਵ ਗੋਪੀ, ਅਮਨ ਛਪਰੀ, ਕਿਰਨਦੀਪ ਸਿੰਘ, ਸਿਵਾ ਹਲਵਾਈ, ਪੀਸ ਮੂੰਗਾ, ਲਵ ਬੋਹਤ ਤੋਂ ਇਲਾਵਾ ਰਾਗਵ ਕੁਮਾਰ, ਪ੍ਰਿੰਸ ਕੁਮਾਰ, ਲਵਿਸ ਕੁਮਾਰ ਕ੍ਰਿਸ਼ਨ ਕੁਮਾਰ, ਚੀਕੂ ਕੁਮਾਰ, ਪ੍ਰਥਮ ਬੋਹਤ ਤੋਂ ਇਲਾਵਾ ਬੱਚਿਆਂ ਨੇ ਬਾਬਾ ਸਾਹਿਬ ਜੈਕਾਰਿਆਂ ਨਾਲ ਮਨਾਇਆ। ਇਸ ਮੌਕੇ ਪ੍ਰਧਾਨ ਨਰੇਸ਼ ਬੋਹਤ ਨੇ ਪੰਜਾਬ ਸਾਹਿਤ ਪੂਰੇ ਭਾਰਤ ਵਾਸੀਆਂ ਨੂੰ ਬਾਬਾ ਸਾਹਿਬ ਡਾਕਟਰ ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਦੀ ਵਧਾਈ ਦਿੱਤੀ ਅਤੇ ਕਿਹਾ ਕਿ ਅੱਜ ਦਾ ਦਿਨ ਸਾਡੇ ਲਈ ਬੜੀ ਖੁਸ਼ੀਆਂ ਭਰਾ ਹੈ ਤੇ ਸਾਨੂੰ ਬਾਬਾ ਸਾਹਿਬ ਦੇ ਵਿਚਾਰਾਂ ਨੂੰ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ।

**ਬਰੇਟਾ (ਰੀਤਵਾਲ)** : ਪ੍ਰਧਾਨ ਗਗਨਦੀਪ ਸ਼ਰਮਾ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਮੰਡਲ ਬਰੇਟਾ ਵੱਲੋਂ ਸੰਵਿਧਾਨ ਦੇ ਨਿਰਮਾਤਾ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ ਗਿਆ।ਗਗਨਦੀਪ ਸ਼ਰਮਾ ਨੇ ਬਾਬਾ ਸਾਹਿਬ ਦੇ ਜੀਵਨ 'ਤੇ ਚਾਨਣਾ ਪਾਇਆ ਤੇ ਕਿਹਾ ਕਿ ਡਾ. ਭੀਮ ਰਾਓ ਅੰਬੇਡਕਰ ਦਲਿਤ ਸਮਾਜ ਲਈ ਇਕ ਮਸੀਹਾ ਸਨ, ਜਿਨ੍ਹਾਂ ਨੇ ਹਮੇਸ਼ਾ ਦਬੇ-ਕੁਚਲੇ ਲੋਕਾਂ ਨੂੰ ਉੱਚਾ ਚੁੱਕਣ ਲਈ ਕੰਮ ਕੀਤਾ।ਉਨ੍ਹਾਂ ਕਿਹਾ ਕਿ ਡਾ. ਅੰਬੇਡਕਰ ਭਾਰਤ ਦੇ ਪਹਿਲੇ ਕਾਨੂੰਨ ਮੰਤਰੀ ਸਨ, ਜਿਨ੍ਹਾਂ ਨੇ ਭਾਰਤੀ ਸੰਵਿਧਾਨ ਦੀ ਰਚਨਾ ਕੀਤੀ ਤੇ ਅੱਜ ਭਾਰਤ ਦੀ ਪ੍ਰਣਾਲੀ ਉਸੇ ਕਾਨੂੰਨ ਵਿਵਸਥਾ ਦੇ ਨਾਲ ਚੱਲ ਰਹੀ ਹੈ।ਇਸ ਮੌਕੇ ਅਸ਼ੋਕ ਕੁਮਾਰ ਗੋਰਾ, ਓਮ ਲਾਲ ਬਾਲਮੀਕੀ, ਹਰੀਸ਼ ਕੁਮਾਰ, ਸੂਰਜ ਭਾਨ, ਮੋਹਿਤ ਜਾਂਗੜਾ, ਪੁਨੀਤ ਮਿੱਤਲ, ਨਰਿੰਦਰ ਕੁਮਾਰ ਹਾਜ਼ਰ ਸਨ।

**ਮਮਦੋਟ (ਜਸਬੀਰ ਸਿੰਘ ਕੰਬੋਜ)** : ਨਗਰ ਪੰਚਾਇਤ ਮਮਦੋਟ ਦੇ ਦਫਤਰ ਵਿਖੇ ਨਗਰ ਪੰਚਾਇਤ ਦੇ ਪ੍ਰਧਾਨ ਉਪਿੰਦਰ ਸਿੰਘ ਸਿੰਧੀ ਤੇ ਉੱਪ ਪ੍ਰਧਾਨ ਦਲਜੀਤ ਸਿੰਘ ਬਾਬਾ ਦੀ ਅਗਵਾਈ ਵਿੱਚ ਡਾ. ਅੰਬੇਡਕਰ ਜੀ ਦੀ ਜਯੰਤੀ ਮਨਾਈ ਗਈ। ਇਸ ਮੌਕੇ ਆਮ ਆਦਮੀ ਪਾਰਟੀ ਦੇ ਯੂਥ ਆਗੂ ਸੰਦੀਪ ਕੁਮਾਰ ਸੋਨੀ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਾਮਲ ਹੋਏ। ਇਸ ਮੌਕੇ ਸੰਬੋਧਨ ਕਰਦਿਆਂ ਬਲਰਾਜ ਸਿੰਘ ਸੰਧੂ ਚੇਅਰਮੈਨ ਮਾਰਕੀਟ ਕਮੇਟੀ ਮਮਦੋਟ, ਦਲਜੀਤ ਸਿੰਘ ਬਾਬਾ ਉੱਪ ਪ੍ਰਧਾਨ ਤੇ ਸੰਦੀਪ ਸੋਨੀ ਨੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੀ ਸਿੱਖਿਆ ਪ੍ਰਾਪਤ ਕਰਨ ਦੀ ਰੁੱਚੀ ਤੇ ਭਾਰਤੀ ਸੰਵਿਧਾਨ ਦੇ ਨਿਰਮਾਣ 'ਚ ਉਨ੍ਹਾ ਦੀ ਦੇਣ ਬਾਰੇ ਵਿਸਥਾਰ ਨਾਲ ਚਾਨਣਾ ਪਾਉਂਦਿਆਂ ਦੱਸਿਆ ਕਿ ਜੇਕਰ ਮਨੁੱਖ ਕੁੱਝ ਕਰਨ ਦੀ ਠਾਣ ਲਵੇ ਤੇ ਵੱਡੀਆਂ ਤੋਂ ਵੱਡੀਆਂ ਮੁਸ਼ਕਲਾਂ ਵੀ ਸਰ ਕਰ ਸਕਦਾ ਹੈ, ਜਿਸ ਦੀ ਸਭ ਤੋਂ ਵੱਡੀ ਮਿਸਾਲ ਬਾਬਾ ਸਾਹਿਬ ਹਨ, ਜਿਨ੍ਹਾਂ ਉਸ ਸਮੇਂ ਭਾਰਤ ਵਿੱਚ ਫੈਲੇ ਛੂਤਛਾਤ ਦੇ ਮਹਾਂਰੋਗ ਦਾ ਟਾਕਰਾ ਕਰਦਿਆਂ ਆਉਣ ਵਾਲੀਆਂ ਪੀੜ੍ਹੀਆਂ ਵਾਸਤੇ ਇੱਕ ਵੱਡੀ ਮਿਸਾਲ ਪੈਦਾ ਕੀਤੀ। ਨਗਰ ਪੰਚਾਇਤ ਦਫਤਰ ਵਿਖੇ ਪ੍ਰਧਾਨ ਉਪਿੰਦਰ ਸਿੰਧੀ ਦੀ ਪ੍ਰਧਾਨਗੀ ਹੇਠ ਹੋਏ ਇਸ ਪ੍ਰੋਗਰਾਮ ਵਿੱਚ ਉਪ ਪ੍ਰਧਾਨ ਤੋਂ ਬਿਨਾਂ ਕਿਸੇ ਵੀ ਐੱਮ ਸੀ ਦਾ ਸ਼ਾਮਲ ਨਾ ਹੋਣਾ ਕਈ ਤਰ੍ਹਾਂ ਦੇ ਸ਼ੰਕੇ ਪੈਦਾ ਕਰ ਰਿਹਾ ਸੀ, ਜਿਸ ਸਬੰਧੀ ਪੁੱਛੇ ਜਾਣ 'ਤੇ ਪ੍ਰਧਾਨ ਜੀ ਨੇ ਦੱਸਿਆ ਕਿ ਛੁੱਟੀ ਹੋਣ ਕਾਰਨ ਤੇ ਜ਼ਿਆਦਾਤਰ ਐੱਮ ਸੀ ਸਾਹਿਬਾਨ ਦੇ ਬਾਹਰ ਕੰਮਾਂ ਕਾਰਾਂ 'ਤੇ ਗਏ ਹੋਣ ਕਾਰਨ ਉਹ ਇਸ ਪ੍ਰੋਗਰਾਮ ਵਿੱਚ ਹਾਜ਼ਰ ਨਹੀਂ ਹੋ ਸਕੇ। ਇਸ ਮੌਕੇ ਸੀਨੀਅਰ ਆਗੂ ਡਾ. ਦਲਜੀਤ ਸਿੰਘ ਜੋਸਨ, ਜਸਬੀਰ ਸਿੰਘ ਚੇਅਰਮੈਨ ਐੱਸ ਐੱਮ ਸੀ, ਬਲਜੀਤ ਸਿੰਘ ਚੇਅਰਮੈਨ ਐੱਸ ਐੱਮ ਸੀ, ਬਲਵਿੰਦਰ ਸਿੰਘ ਰਾਉ ਕੇ, ਕੇਵਲ ਕ੍ਰਿਸ਼ਨ ਵਿਪਿਨ, ਤਰਸੇਮ ਸਿੰਘ ਸੋਨੂੰ ਛੱਪੜ, ਸੁਭਾਸ਼ ਬੱਤਾ, ਜੋਗਿੰਦਰ ਸਿੰਘ ਭੋਲਾ ਪ੍ਰਧਾਨ ਪ੍ਰੈੱਸ ਕਲੱਬ ਮਮਦੋਟ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਆਗੂ ਹਾਜ਼ਰ ਸਨ।

**ਧੂਰੀ (ਮੋਹਿਤ ਗਰਗ, ਬਿੰਨੀ ਗਰਗ)** : ਭਾਰਤੀ ਸੰਵਿਧਾਨ ਨਿਰਮਾਤਾ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਜੀ ਦਾ ਵੱਖ ਵੱਖ ਥਾਈਂ ਜਨਮ ਦਿਹਾੜਾ ਮਨਾਇਆਕ੍ਰਾਂਤੀਕਾਰੀ ਲੋਕ ਚੇਤਨਾ ਮੰਚ ਦੇ ਕੌਮੀ ਪ੍ਰਧਾਨ ਵਿੱਕੀ ਪਰੋਚਾ ਧੂਰੀ ਦੀ ਅਗਵਾਈ ਹੇਠ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਸਥਾਨਕ ਅੰਬੇਡਕਰ ਚੌਕ ਵਿਖੇ ਮਨਾਇਆ ਗਿਆ।ਇਸ ਮੌਕੇ ਬਾਬਾ ਸਾਹਿਬ ਨੂੰ ਫੁੱਲਮਾਲਾ ਭੇਟ ਕੀਤੀਆਂ ਗਈਆਂ, ਕੇਕ ਕੱਟੇ ਗਏ ਤੇ ਲੱਡੂ ਵੰਡੇ ਗਏ।ਪ੍ਰਧਾਨ ਵਿੱਕੀ ਪਰੋਚਾ ਨੇ ਕਿਹਾ ਕਿ ਬਾਬਾ ਸਾਹਿਬ ਨੇ ਭਾਰਤ ਦਾ ਸੰਵਿਧਾਨ ਰਚਿਆ, ਜਿਸ ਵਿੱਚ ਔਰਤਾਂ, ਹਰ ਧਰਮ ਤੇ ਹਰ ਵਰਗ ਦੇ ਲੋਕਾਂ ਨੂੰ ਹੱਕ ਦਿੱਤੇ।ਭਾਰਤ ਦੇਸ਼ ਬਾਬਾ ਸਾਹਿਬ ਦਾ ਰਿਣੀ ਰਹੇਗਾ ਤੇ ਬਾਬਾ ਸਾਹਿਬ ਹਮੇਸ਼ਾ ਲੋਕਾਂ ਦੇ ਦਿਲਾਂ ਵਿੱਚ ਵਸਦੇ ਰਹਿਣਗੇ।ਇਸ ਮੌਕੇ ਲੈਫਟੀਨੈਂਟ ਦਰਸ਼ਨ ਸਿੰਘ ਸੀਨੀਅਰ ਮੀਤ ਪ੍ਰਧਾਨ, ਐਡਵੋਕੇਟ ਰਜਨੀਸ਼ ਧੀਰ, ਅਜੇ ਪਰੋਚਾ, ਹਰੀ ਕ੍ਰਿਸ਼ਨ ਮਨੀ, ਪੁਸਪਿੰਦਰ ਸ਼ਰਮਾ, ਭੂਪਿੰਦਰ ਸਿੰਘ, ਅਸ਼ਵਨੀ ਮਿੱਠੂ (ਸਾਰੇ ਕੌਂਸਲਰ), ਜਿਉਣ ਸਿੰਘ, ਗੱਗੀ ਸਿੰਘ, ਕੇਹਰ ਸਿੰਘ ਗੱਗੂ ਪ੍ਰਧਾਨ ਰਾਮਗੜ੍ਹੀਆ ਬਰਾਦਰੀ, ਬਲਜੀਤ ਸਿੰਘ ਬਾਂਸਲ, ਤਰਸੇਮ ਕਲਸੀ, ਅਵਤਾਰ ਸਿੰਘ ਦਿਓਗੜ੍ਹ, ਹੈਪੀ ਲੰਕੇਸ਼, ਪਰਮਜੀਤ ਸਹੋਤਾ, ਇੰਜ: ਗੁਰਮੇਲ ਸਿੰਘ, ਡਾ: ਕੁਲਵਿੰਦਰ ਸਿੰਘ, ਰਾਜਿੰਦਰਪਾਲ, ਮਨੀ, ਦੀਪ ਦੱਤ, ਦੀਪਕ ਵੈਦ, ਸ਼ਿਵਚਰਨ ਸਿੰਘ, ਲਾਡੀ ਤੇ ਹੋਰ ਮੈਂਬਰ ਹਾਜ਼ਰ ਸਨ।

**ਨਾਭਾ (ਵਰਿੰਦਰ ਵਰਮਾ)** : ਭਾਰਤੀ ਸੰਵਿਧਾਨ ਰਚੇਤਾ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੇ 134ਵੇਂ ਜਨਮ ਦਿਵਸ ਮੌਕੇ ਜ਼ਿਲ੍ਹਾ ਯੋਜਨਾ ਬੋਰਡ ਪਟਿਆਲਾ ਦੇ ਚੇਅਰਮੈਨ ਜੱਸੀ ਸੋਹੀਆਂ ਵਾਲਾ ਦੀ ਅਗਵਾਈ ਹੇਠ ਹਲਕੇ ਦੇ ਆਪ ਵਲੰਟੀਅਰਾਂ ਨੇ ਪਟਿਆਲਾ ਗੇਟ ਵਿਖੇ ਲੱਗੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਬੁੱਤ 'ਤੇ ਫੁੱਲਮਾਲਾ ਭੇਟ ਕੀਤੀ ਤੇ ਲੱਡੂ ਵੰਡੇ।ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜੱਸੀ ਸੋਹੀਆਂ ਵਾਲਾ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੇ ਭਾਰਤੀ ਸੰਵਿਧਾਨ ਵਿੱਚ ਹਰ ਵਰਗ ਦੇ ਲੋਕਾਂ ਨੂੰ ਬਣਦੇ ਹੱਕ ਦਿੱਤੇ ਤੇ ਭਾਰਤ ਦੇ ਦੱਬੇ-ਕੁਚਲੇ ਵਰਗਾਂ ਦੇ ਸਸ਼ਕਤੀਕਰਨ ਤੇ ਸਮਾਜਿਕ ਸੁਧਾਰਾਂ ਲਈ ਉਨ੍ਹਾਂ ਦਾ ਪਾਇਆ ਯੋਗਦਾਨ ਹਰ ਇਕ ਨਾਗਰਿਕ ਲਈ ਪ੍ਰੇਰਨਾ ਸ੍ਰੋਤ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਆਮ ਆਦਮੀ ਪਾਰਟੀ ਦੇ ਸੀਨੀਅਰ ਯੂਥ ਆਗੂ ਲਾਲੀ ਫਤਿਹਪੁਰ, ਟਰੱਕ ਯੂਨੀਅਨ ਦੇ ਸਾਬਕਾ ਪ੍ਰਧਾਨ ਦਵਿੰਦਰ ਸਿੰਘ ਸਰਪੰਚ ਕੁਲਾਰਾਂ, ਜਤਿੰਦਰ ਸਿੰਘ ਸਰਾਓ, ਪਰਮਿੰਦਰ ਸਿੰਘ ਭੰਗੂ, ਦਰਸ਼ਨ ਸਿੰਘ ਗੁਰਦਿੱਤਪੁਰਾ, ਮਾ. ਰਾਮਜੀ ਦਾਸ, ਕੁਲਦੀਪ ਸਿੰਘ ਹੈਪੀ, ਬੱਗਾ ਸਿੰਘ ਕਕਰਾਲਾ, ਤੇਜਾ ਸਿੰਘ ਉੱਧਾ, ਜਸਕਰਨਵੀਰ ਸਿੰਘ ਤੇਜੇ, ਹਰਪ੍ਰੀਤ ਸਿੰਘ ਚੌਹਾਨ, ਗੁਰਦੀਪ ਸਿੰਘ ਦੀਪ, ਹਰਜੀਤ ਸਿੰਘ ਹੈਪੀ, ਲਵਪ੍ਰੀਤ ਸਿੰਘ ਲੱਬੂ, ਸੁਖਵੀਰ ਸਿੰਘ ਸੁੱਖ ਆਦਿ ਮੌਜੂਦ ਸਨ।

**ਬਾਘਾ ਪੁਰਾਣਾ (ਮਨੀ ਸਿੰਗਲਾ)** : ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਤੇ ਮਾਰਕੀਟ ਕਮੇਟੀ ਬਾਘਾ ਪੁਰਾਣਾ ਦੇ ਸਾਬਕਾ ਚੇਅਰਮੈਨ ਜਗਸੀਰ ਸਿੰਘ ਕਾਲੇਕੇ ਦੀ ਅਗਵਾਈ ਹੇਠ ਹਲਕੇ ਦੀ ਸਮੁੱਚੀ ਕਾਂਗਰਸੀ ਲੀਡਰਸ਼ਿਪ ਨੇ ਸਥਾਨਕ ਸ਼ਹਿਰ ਵਿੱਚ ਡਾ. ਬਾਬਾ ਭੀਮ ਰਾਓ ਅੰਬੇਡਕਰ ਜੀ ਦੇ ਸਥਾਪਤ ਕੀਤੇ ਗਏ ਬੁੱਤ 'ਤੇ ਫੁੱਲ ਮਲਾਵਾਂ ਭਟ ਕਰ ਕੇ ਬਾਬਾ ਜੀ ਦਾ ਜਨਮ ਦਿਹਾੜਾ ਧੂਮ ਧਾਮ ਨਾਲ ਮਨਾਇਆ।ਇਸ ਮੌਕੇ ਨਗਰ ਕੌਂਸਲ ਬਾਘਾ ਪੁਰਾਣਾ ਦੇ ਸਾਬਕਾ ਪ੍ਰਧਾਨ ਬਿੱਟੂ ਮਿੱਤਲ, ਬਲਾਕ ਪ੍ਰਧਾਨ ਹਰਜੀਤ ਸਿੰਘ ਸਿੱਧੂ ਸੇਖਾ, ਚੇਅਰਮੈਨ ਸੀਪਾ ਰਾਜਿਆਣਾ, ਪ੍ਰਧਾਨ ਦੀਪਕ ਅਰੋੜਾ ਦੀਪਾ, ਬਲਾਕ ਪ੍ਰਧਾਨ ਗੁਰਲਾਭ ਸਿੰਘ ਠੱਠੀ, ਬਲਾਕ ਪ੍ਰਧਾਨ ਜਸਪਾਲ ਸਿੰਘ ਆਲਮਵਾਲਾ, ਜਗਸੀਰ ਸਿੰਘ ਜੱਗਾ ਸਾਬਕਾ ਕੌਂਸਲਰ, ਕਾਂਗਸਰੀ ਆਗੂ ਸ਼ਸ਼ੀ ਗਰਗ, ਸਾਬਕਾ ਸਰਪੰਚ ਗੁਰਮੇਲ ਸਿੰਘ ਨੱਥੂਵਾਲਾ, ਸਾਬਕਾ ਸਰਪੰਚ ਜੱਜ ਸਿੰਘ, ਕਾਂਗਰਸ ਪਾਰਟੀ ਦੇ ਸੀਨੀਅਰ ਯੂਥ ਆਗੂ ਸੁੱਖਾ ਲੰਗੇਆਣਾ, ਕਾਕਾ ਆਲਮਵਾਲਾ, ਗੁਰਪ੍ਰੀਤ ਸਿੰਘ ਬੱਬਲੂ, ਮੱਖਣ ਸਿੰਘ ਬਰਾੜ ਬਾਘਾ ਪੁਰਾਣਾ, ਰਾਜੂ ਸੰਘਾ, ਡਾ. ਰਿੰਕੂ ਬਾਘਾ ਪੁਰਾਣਾ, ਹਰਪ੍ਰੀਤ ਸਿੰਘ ਘੋਟੂ, ਕੁਲਵੰਤ ਸਿੰਘ ਠੱਠੀ, ਪ੍ਰਧਾਨ ਕਮਲ ਚੌਧਰੀ, ਗੁਰਮੀਤ ਸਿੰਘ ਮੀਤਾ, ਸੁਖਚੈਨ ਸਿੰਘ ਠੱਠੀ ਵੱਲੋਂ ਵੀ ਜਨਮ ਦਿਨ 'ਤੇ ਉਨ੍ਹਾਂ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕਰ ਕੇ ਯਾਦ ਕੀਤਾ ਗਿਆ।

**ਪਟਿਆਲਾ (ਰਾਜਿੰਦਰ ਸਿੰਘ ਥਿੰਦ)** : ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਪਟਿਆਲ਼ਾ ਸ਼ਹਿਰੀ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਨਰੇਸ਼ ਕੁਮਾਰ ਦੁੱਗਲ ਦੀ ਅਗਵਾਈ ਵਿੱਚ ਮਹੀਨਾਵਾਰ ਮੀਟਿੰਗ


ਨਾਭਾ

ਜ਼ਿਲ੍ਹਾ ਕਾਂਗਰਸ ਕਮੇਟੀ ਪਟਿਆਲਾ ਸ਼ਹਿਰੀ ਦੇ ਦਫਤਰ ਆਰੀਆ ਸਮਾਜ ਵਿਖੇ ਕੀਤੀ ਗਈ, ਜਿਸ ਵਿੱਚ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਆਗੂ ਸਾਹਿਬਾਨ, ਜ਼ਿਲ੍ਹਾ ਕਾਂਗਰਸ ਕਮੇਟੀ, ਬਲਾਕ ਕਾਂਗਰਸ ਕਮੇਟੀਆ, ਮਹਿਲਾ ਕਾਂਗਰਸ, ਯੂਥ ਕਾਂਗਰਸ, ਸੇਵਾ ਦਲ, ਐੱਸ ਸੀ. ਬੀ ਸੀ ਸੈੱਲ ਤੇ ਵੱਡੀ ਗਿਣਤੀ ਵਿੱਚ ਵਰਕਰ ਸਾਹਿਬਾਨਾਂ ਨੇ ਸ਼ਮੂਲੀਅਤ ਕੀਤੀ।ਇਸ ਮੌਕੇ ਨਰੇਸ਼ ਕੁਮਾਰ ਦੁੱਗਲ, ਗੋਪਾਲ ਸਿੰਗਲਾ, ਰਾਜੇਸ਼ ਮੰਡੋਰਾ, ਰਜਨੀ ਬਿਡਲਾਨ, ਹਨੀ ਵੜੈਚ, ਅਮਰਜੀਤ ਸਹੋਤਾ ਨੇ ਬੋਲਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਆਪਣੇ ਆਪਣੇ ਬੂਥ, ਵਾਰਡ ਵਿੱਚ ਕਾਂਗਰਸ ਪਾਰਟੀ ਦੀਆਂ ਨੀਤੀਆਂ ਤੇ ਕਾਂਗਰਸ ਪਾਰਟੀ ਦੇ ਕੀਤੇ ਵਿਕਾਸ ਦੇ ਕਾਰਜਾਂ ਨੂੰ ਘਰ ਘਰ ਪਹੁੰਚਾਉਣਾ ਚਾਹੀਦਾ ਹੈ ਤਾਂ ਕਿ ਕਾਂਗਰਸ ਪਾਰਟੀ ਮਜ਼ਬੂਤ ਹੋ ਸਕੇ।ਨਰੇਸ਼ ਕੁਮਾਰ ਦੁੱਗਲ ਦੀ ਅਗਵਾਈ ਵਿੱਚ ਭਾਰਤ ਰਤਨ ਬਾਬਾ ਸਾਹਿਬ ਭੀਮ ਰਾਓ ਅੰਬੇਦਕਰ ਜੀ ਨੂੰ ਉਨ੍ਹਾ ਦੇ ਜਨਮ ਦਿਹਾੜੇ 'ਤੇ ਫੁੱਲ ਮਾਲਾ ਭੇਟ ਕੀਤੀ। ਇਸ ਮੌਕੇ ਹੋਰਨਾਂ ਤੋਂ ਇਲਾਵਾ ਹਰਵਿੰਦਰ ਸਿੰਘ ਨੀਪੀ, ਮਦਨ ਲਾਲ ਭਾਂਬਰੀ, ਸ਼ਰਨਜੀਤ ਸਿੰਘ, ਰਵਿੰਦਰ ਟੋਨੀ, ਰਾਜੇਸ਼ ਬਗਣ, ਰਾਕੇਸ਼ ਕੁਮਾਰ ਕੇਸ਼ੀ ਪੰਡਿਤ, ਮਹਿੰਦਰ ਸਿੰਘ, ਗੌਤਮ ਸਲੂਜਾ, ਦੀਪ ਟੰਡਨ ਦੋਨੋ ਸੋਸ਼ਲ ਮੀਡੀਆ ਇੰਚਾਰਜ, ਐਡਵੋਕੇਟ ਨਰਿੰਦਰ ਕਪੂਰ, ਐਡਵੋਕੇਟ ਵਰਿੰਦਰ ਦੀਵਾਨ, ਗੌਰਵ ਗੋਇਲ, ਗੁਰਦੇਵ ਗਿੱਲ, ਰਾਜ ਕੁਮਾਰ ਤਨੇਜਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਰਕਰ ਸ਼ਾਮਲ ਹੋਏ।

**ਬੁਢਲਾਡਾ/ਮਾਨਸਾ (ਆਤਮਾ ਸਿੰਘ ਪਮਾਰ)** : ਡਾ. ਭੀਮ ਰਾਓ ਅੰਬੇਡਕਰ ਜੀ ਨੇ ਖ਼ੁਦ ਤੰਗੀਆਂ-ਤੁਰਸ਼ੀਆਂ ਵਿੱਚ ਰਹਿ ਕੇ ਲੋਕਾਂ ਦੇ ਘਰ ਰੌਸ਼ਨ ਕੀਤੇ।ਉਨ੍ਹਾਂ ਹਮੇਸ਼ਾ ਦੱਬੇ-ਕੁਚਲੇ ਤੇ ਪੱਛੜੇ ਵਰਗਾਂ ਦੀ ਸਮੁੱਚੀ ਭਲਾਈ ਲਈ ਸਿੱਖਿਆ ਦੀ ਮਹੱਤਤਾ 'ਤੇ ਜ਼ੋਰ ਦਿੱਤਾ।ਉਨ੍ਹਾਂ ਦਾ ਮੰਨਣਾ


ਬਠਿੰਡਾ

ਸੀ ਕਿ ਸਿੱਖਿਆ ਸ਼ੇਰਨੀ ਦਾ ਦੁੱਧ ਹੈ, ਜੋ ਪਵੇਗਾ, ਉਹੀ ਦਹਾੜੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਬਰਿੰਦਰ ਕੁਮਾਰ ਗੋਇਲ ਨੇ ਗੁਰੂ ਨਾਨਕ ਕਾਲਜ, ਬੁਢਲਾਡਾ ਵਿਖੇ ਡਾ. ਬੀ.ਆਰ. ਅੰਬੇਡਕਰ ਜੀ ਦੇ 134ਵੇਂ ਜਨਮ ਦਿਵਸ ਨੂੰ ਸਮਰਪਤ ਸਮਾਗਮ ਨੂੰ ਸੰਬੋਧਨ ਕਰਦਿਆਂ ਕੀਤਾ।ਇਸ ਤੋਂ ਪਹਿਲਾਂ ਉਨ੍ਹਾਂ ਡਾ. ਅੰਬੇਡਕਰ ਦੀ ਤਸਵੀਰ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ।ਉਨ੍ਹਾਂ ਨਾਲ ਵਿਧਾਇਕ ਬੁਢਲਾਡਾ ਪ੍ਰਿੰਸੀਪਲ ਸ੍ਰ. ਬੁੱਧ ਰਾਮ, ਵਿਧਾਇਕ ਸਰਦੂਲਗੜ੍ਹ ਸ੍ਰ. ਗੁਰਪ੍ਰੀਤ ਸਿੰਘ ਬਣਾਂਵਾਲੀ, ਡਿਪਟੀ ਕਮਿਸ਼ਨਰ ਸ੍ਰ. ਕੁਲਵੰਤ ਸਿੰਘ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਆਕਾਸ਼ ਬਾਂਸਲ, ਐਸ.ਡੀ.ਐਮ. ਮਾਨਸਾ ਸ੍ਰੀ ਕਾਲਾ ਰਾਮ ਕਾਂਸਲ ਤੇ ਐਸ.ਡੀ.ਐਮ. ਬੁਢਲਾਡਾ ਸ੍ਰ. ਗਗਨਦੀਪ ਸਿੰਘ ਵੀ ਮੌਜੂਦ ਸਨ।ਇਕੱਠ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਡਾ. ਅੰਬੇਡਕਰ ਨੇ ਸੰਵਿਧਾਨ ਦੀ ਰਚਨਾ ਕਰਕੇ ਹਰ ਵਰਗ ਨੂੰ ਸਮਾਨਤਾ ਤੇ ਸਿੱਖਿਆ ਦਾ ਅਧਿਕਾਰ ਪ੍ਰਦਾਨ ਕੀਤਾ, ਜਿਸ ਸਦਕਾ ਅੱਜ ਸਾਡੇ ਆਮ ਘਰਾਂ ਦੇ ਨੌਜਵਾਨ ਮੁੰਡੇ-ਕੁੜੀਆਂ ਪੜ੍ਹ ਲਿਖ ਕੇ ਉੱਚ ਸੰਵਿਧਾਨਕ ਅਹੁਦਿਆਂ 'ਤੇ ਤੈਨਾਤ ਹਨ।ਬਾਬਾ ਸਾਹਿਬ ਜੀ ਦੇ ਦ੍ਰਿਸ਼ਟੀਕੋਣ ਤੇ ਅਣਥੱਕ ਯਤਨਾਂ ਸਦਕਾ ਪ੍ਰਗਤੀਸ਼ੀਲ ਭਾਰਤ ਦੀ ਨੀਂਹ ਰੱਖੀ ਗਈ।ਉਨ੍ਹਾਂ ਦੁਆਰਾ ਜਾਤੀ ਆਧਾਰਤ ਵਿਤਕਰੇ ਨੂੰ ਖ਼ਤਮ ਕਰਨ ਤੇ ਸਮਾਜਿਕ ਸਮਾਨਤਾ ਨੂੰ ਉਤਸ਼ਾਹਤ ਕਰਨ ਲਈ ਕੀਤੇ ਯਤਨ ਸਾਡੇ ਲਈ ਪ੍ਰੇਰਨਾਸ੍ਰੋਤ ਹਨ।ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਡਾ. ਭੀਮ ਰਾਓ ਅੰਬੇਡਕਰ ਜੀ ਦੇ ਨਕਸ਼ੇ ਕਦਮਾਂ 'ਤੇ ਚਲਦਿਆਂ ਸਕਾਲਰਸ਼ਿਪ,



ਬੁਢਲਾਡਾ

ਆਸ਼ੀਰਵਾਦ ਸਕੀਮ, ਸਵੈ-ਰੁਜ਼ਗਾਰ ਲਈ ਸਹਾਇਤਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸਰਕਾਰੀ ਨੌਕਰੀਆਂ ਬਿਨਾਂ ਕਿਸੇ ਸਿਫਾਰਸ਼ ਤੇ ਪੈਸੇ ਤੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ, ਜਿਸ ਸਦਕਾ ਆਮ ਘਰਾਂ ਦੇ ਯੋਗ ਤੇ ਕਾਬਲ ਬੱਚੇ ਨੌਕਰੀਆਂ ਪ੍ਰਾਪਤ ਕਰ ਰਹੇ ਹਨ।

ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਚਰਨਜੀਤ ਸਿੰਘ ਅੱਕਾਂਵਾਲੀ, ਚੇਅਰਮੈਨ ਮਾਰਕੀਟ ਕਮੇਟੀ ਮਾਨਸਾ ਗੁਰਪ੍ਰੀਤ ਸਿੰਘ ਭੁੱਚਰ, ਚੇਅਰਮੈਨ ਮਾਰਕੀਟ ਕਮੇਟੀ ਬੁਢਲਾਡਾ ਸਤੀਸ਼ ਸਿੰਗਲਾ, ਚੇਅਰਮੈਨ ਮਾਰਕੀਟ ਕਮੇਟੀ ਭੀਖੀ ਵਰਿੰਦਰ ਸੋਨੀ, ਚੇਅਰਮੈਨ ਮਾਰਕੀਟ ਕਮੇਟੀ ਬੋਹਾ ਰਣਜੀਤ ਸਿੰਘ, ਚੇਅਰਮੈਨ ਕੋਆਪ੍ਰੇਟਿਵ ਸੁਸਾਇਟੀ ਸੋਹਣਾ ਸਿੰਘ ਕਲੀਪੁਰ, ਐੱਸ.ਪੀ. (ਐੱਚ) ਜਸਕੀਰਤ ਸਿੰਘ ਅਹੀਰ, ਡੀ.ਐੱਸ.ਪੀ. ਪ੍ਰਿਤਪਾਲ ਸਿੰਘ, ਕਾਲਜ ਪ੍ਰਿੰਸੀਪਲ ਨਰਿੰਦਰ ਸਿੰਘ, ਵਾਇਸ ਪ੍ਰਿੰਸੀਪਲ ਰੇਖਾ ਕਾਲੜਾ, ਪ੍ਰੋਫੈਸਰ ਗੁਰਦੀਪ ਸਿੰਘ ਢਿੱਲੋਂ ਤੋਂ ਇਲਾਵਾ ਕਾਲਜ ਦਾ ਸਟਾਫ, ਵਿਦਿਆਰਥੀ ਤੇ ਹੋਰ ਮੋਹਤਬਰ ਸ਼ਖ਼ਸੀਅਤਾਂ ਮੌਜੂਦ ਸਨ।

**ਨਾਭਾ (ਵਰਿੰਦਰ ਵਰਮਾ)** : ਸ੍ਰੀ ਗੁਰੂ ਰਵਿਦਾਸ ਸੇਵਾ ਸੋਸਾਇਟੀ ਨਾਭਾ ਵੱਲੋਂ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ।ਇਸ ਮੌਕੇ ਬਾਬਾ ਸਾਹਿਬ ਜੀ ਦੀ ਪ੍ਰਤਿਮਾ 'ਤੇ ਸਮੂਹ ਮੈਂਬਰਾਂ ਨੇ ਫੁੱਲਾਂ ਦੀ ਵਰਖਾ ਕਰਕੇ ਸ਼ਰਧਾ ਦੇ ਫੁੱਲ ਭੇਟ ਕੀਤੇ।ਇਸ ਮੌਕੇ ਬਾਬਾ ਸਾਹਿਬ ਨੂੰ ਯਾਦ ਕਰਦਿਆਂ ਮਾਸਟਰ ਅਮਰ ਸਿੰਘ ਟੋਡਰਵਾਲ ਨੇ ਕਿਹਾ ਕਿ ਬਾਬਾ ਸਾਹਿਬ ਜੀ ਨੇ ਵਿੱਦਿਆ ਦੇ ਚਾਨਣ ਨਾਲ਼ ਛੂਤ-ਛਾਤ ਨੂੰ ਖਤਮ ਕਰਨ ਲਈ ਉਪਰਾਲੇ ਕੀਤੇ।ਡਾ. ਅੰਬੇਡਕਰ ਲੋਕਤੰਤਰੀ ਪ੍ਰਣਾਲੀ ਦੇ ਸਮਰਥਕ ਸਨ।ਉਨ੍ਹਾਂ ਦਾ ਵਿਚਾਰ ਸੀ ਕਿ ਭਾਰਤ ਦੀਆਂ ਸਮੱਸਿਆਵਾਂ ਇਸੇ ਸ਼ਾਸਨ-ਪ੍ਰਬੰਧ ਰਾਹੀਂ ਹੱਲ ਕੀਤੀਆਂ ਜਾ ਸਕਦੀਆਂ ਹਨ, ਸਮਾਜ ਵਿੱਚ ਫੈਲੀ ਜਾਤ-ਪਾਤ ਤੇ ਛੂਤ-ਛਾਤ ਦੀ ਬਿਮਾਰੀ ਦੂਰ ਕਰਨ ਲਈ ਸਿੱਖਿਆ ਦਾ ਪਸਾਰ, ਸ਼ਹਿਰੀਕਰਨ ਤੇ ਉਦਯੋਗੀਕਰਨ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਅਜ਼ਾਦੀ ਤੋਂ ਬਾਅਦ ਬਾਬਾ ਸਾਹਿਬ ਜੀ ਨੂੰ ਦੇਸ਼ ਦੇ ਕਨੂੰਨ-ਮੰਤਰੀ ਬਣਾਇਆ ਗਿਆ ਤੇ ਫਿਰ ਅਜ਼ਾਦ ਭਾਰਤ ਦਾ ਸੰਵਿਧਾਨ ਤਿਆਰ ਕਰਨ ਵਾਲ਼ੀ ਕਮੇਟੀ ਦੇ ਚੇਅਰਮੈਨ ਬਣਾਇਆ ਗਿਆ। ਉਨ੍ਹਾਂ ਨੇ ਬਹੁਤ ਮਿਹਨਤ ਅਤੇ ਲਗਨ ਨਾਲ਼ ਇਸ ਕੰਮ ਨੂੰ ਨੇਪਰੇ ਚਾੜ੍ਹਿਆ।ਡਾ. ਅੰਬੇਡਕਰ ਦੀ ਨਿਗਰਾਨੀ ਹੇਠ ਤਿਆਰ ਹੋਇਆ ਭਾਰਤ ਦਾ ਸੰਵਿਧਾਨ ਲੋਕਤੰਤਰਿਕ ਤੇ ਧਰਮ-ਨਿਰਪੱਖ ਹੈ।ਇਸ ਵਿੱਚ ਭਾਰਤ ਦੇ ਨਾਗਰਿਕਾਂ ਦੇ ਮੌਲਿਕ ਅਧਿਕਾਰਾਂ ਨੂੰ ਸੰਪੂਰਨ ਸੁਰੱਖਿਆ ਦਿੱਤੀ ਗਈ ਹੈ। ਉਨ੍ਹਾਂ ਕਿਹਾ ਕਿ ਸੰਵਿਧਾਨ ਦਾ ਇਹ ਖਰੜਾ 29 ਨਵੰਬਰ, 1949 ਈ: ਨੂੰ ਪਾਸ ਹੋ ਗਿਆ। ਉਨ੍ਹਾਂ ਕਿਹਾ ਕਿ 26 ਜਨਵਰੀ, 1950 ਈ: ਨੂੰ ਇਸ ਸੰਵਿਧਾਨ ਨੂੰ ਲਾਗੂ ਕਰ ਦਿੱਤਾ ਗਿਆ। ਇਸ ਮੌਕੇ ਸੋਸਾਇਟੀ ਦੇ ਸਮੂਹ ਅਹੁਦੇਦਾਰ ਰਾਮ ਸਿੰਘ ਮਹਿਮੀ, ਅਮਰ ਸਿੰਘ ਟੋਡਰਵਾਲ, ਗੁਰਮੁੱਖ ਸਿੰਘ ਤੂੰਗਾਂ, ਰਾਮਧਨ ਸਿੰਘ, ਰਣਜੀਤ ਸਿੰਘ, ਸੋਹਣ ਸਿੰਘ, ਹੰਸ ਰਾਜ ਮਹਿਮੀ, ਜਸਪਾਲ ਸਿੰਘ ਮਹਿਮੀ, ਦਰਸ਼ਨ ਸਿੰਘ, ਜਗਮੇਲ ਸਿੰਘ, ਜਸਵੀਰ ਸਿੰਘ ਆਦਿ ਹਾਜ਼ਰ ਸਨ।

**ਬਠਿੰਡਾ (ਪਰਵਿੰਦਰਜੀਤ ਸਿੰਘ)** : ਬੇਜ਼ਮੀਨੇ, ਸਾਧਨਹੀਣ ਪੇਂਡੂ ਕਿਰਤੀਆਂ ਦੀ ਪ੍ਰਤੀਨਿਧ ਜਥੇਬੰਦੀ ਦਿਹਾਤੀ ਮਜ਼ਦੂਰ ਸਭਾ ਦੀ ਬਠਿੰਡਾ ਜ਼ਿਲ੍ਹਾ ਕਮੇਟੀ ਵੱਲੋਂ ਇਤਿਹਾਸਕ ਪਿੰਡ ਦਿਓਣ ਵਿਖੇ ਆਜ਼ਾਦ ਭਾਰਤ ਦੇ ਪਹਿਲੇ ਕਾਨੂੰਨ ਤੇ ਨਿਆਂ ਮੰਤਰੀ ਅਤੇ ਦੇਸ਼ ਦੀ ਸੰਵਿਧਾਨ ਘੜਣੀ ਸਭਾ ਦੇ ਮੁਖੀ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਬਹੁਤ ਹੀ ਪ੍ਰਭਾਵਸ਼ਾਲੀ ਸਮਾਰੋਹ ਕਰਕੇ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ।ਪਿੰਡ ਤੇ ਇਲਾਕੇ ਦੇ ਮੋਹਤਬਰ ਲੋਕਾਂ ਦੀ ਭਰਵੀਂ ਹਾਜ਼ਰੀ ਵਾਲੇ ਇਸ ਸਮਾਰੋਹ ਵਿੱਚ ਇਲਾਕੇ ਭਰ ਤੋਂ ਕਿਰਤੀ ਲੋਕ ਭਾਰੀ ਗਿਣਤੀ ਇਸਤਰੀਆਂ ਸਮੇਤ ਹੁੰਮ ਹੁਮਾ ਕੇ ਸ਼ਾਮਲ ਹੋਏ।ਦੇਸ਼ ਦੀ ਜਮਹੂਰੀ ਲਹਿਰ ਦੇ ਨਾਮਵਰ ਆਗੂ, ਦੇਸ਼ ਭਗਤ ਯਾਦਗਾਰ ਜਲੰਧਰ ਦੇ ਟਰੱਸਟੀ ਕਾਮਰੇਡ ਮੰਗਤ ਰਾਮ ਪਾਸਲਾ ਨੇ ਮੁੱਖ ਬੁਲਾਰੇ ਵਜੋਂ ਹਾਜ਼ਰੀਨ ਸਨਮੁੱਖ ਵਿਚਾਰ ਰੱਖੇ।ਸਾਥੀ ਪਾਸਲਾ ਨੇ ਬਾਬਾ ਸਾਹਿਬ ਦੀਆਂ ਘਾਲਣਾਵਾਂ, ਉਨ੍ਹਾਂ ਦੀ ਅਗਵਾਈ ਹੇਠ ਅਮਾਨਵੀ ਜਾਤੀ ਪ੍ਰਥਾ ਵਿਰੁੱਧ ਲੜੇ ਗਏ ਲਹੂ ਵੀਟਵੇਂ ਯੁਗ ਪਲਟਊ ਸੰਗਰਾਮਾਂ, ਦੇਸ਼ ਤੇ ਸਮਾਜ ਨੂੰ ਉਨ੍ਹਾਂ ਦੀ ਦੇਣ ਤੇ ਉਨ੍ਹਾਂ ਦੇ ਵਿਚਾਰਾਂ ਦੇ ਅਜੋਕੇ ਦੌਰ 'ਚ ਮਹੱਤਵ ਬਾਰੇ ਵਿਸਥਾਰਪੂਰਵਕ ਵਿਚਾਰ ਸਾਂਝੇ ਕੀਤੇ।ਉਨ੍ਹਾਂ ਭਾਰਤੀ ਲੋਕਾਈ, ਖਾਸ ਕਰਕੇ ਕਿਰਤੀ ਸ਼੍ਰੇਣੀ ਨੂੰ ਜਮਾਤੀ ਲੀਹਾਂ 'ਤੇ ਇਕਜੁੱਟ ਤੇ ਜਥੇਬੰਦ ਹੋ ਕੇ ਹਰ ਕਿਸਮ ਦੀ ਲੁੱਟ-ਖਸੁੱਟ ਅਤੇ ਜਾਤੀਵਾਦੀ ਤੇ ਲਿੰਗਕ ਵਿਤਕਰੇ ਤੇ ਜਬਰ ਤੋਂ ਸਦੀਵੀ ਮੁਕਤੀ ਦਾ ਯੁੱਧ ਛੇੜਨ ਦਾ ਸੱਦਾ ਦਿੱਤਾ।

ਸੀਟੀਯੂ ਪੰਜਾਬ ਦੇ ਸੂਬਾਈ ਸਕੱਤਰ ਸਾਥੀ ਲਾਲ ਚੰਦ ਸਰਦੂਲਗੜ੍ਹ, ਉੱਘੇ ਅੰਬੇਡਕਰੀ ਵਿਦਵਾਨ ਪ੍ਰਿੰਸੀਪਲ ਜੋਗਿੰਦਰ ਸਿੰਘ ਤੇ ਬਜ਼ੁਰਗ ਲੋਕ ਆਗੂ ਕਾਮਰੇਡ ਸੰਪੂਰਨ ਸਿੰਘ ਨੇ ਵੀ ਵਿਚਾਰ ਰੱਖੇ।ਪਿੰਡ ਦੇ ਸਰਪੰਚ ਗੁਰਦੇਵ ਸਿੰਘ ਨੇ ਸਮੂਹ ਪੰਚਾਇਤ ਤੇ ਪਿੰਡ ਨਿਵਾਸੀਆਂ ਵੱਲੋਂ ਬੁਲਾਰਿਆਂ, ਪ੍ਰਬੰਧਕਾਂ ਤੇ ਸਮਾਰੋਹ 'ਚ ਪੁੱਜੇ ਲੋਕਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਮੰਚ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਸਾਥੀ ਪ੍ਰਕਾਸ਼ ਸਿੰਘ ਨੰਦਗੜ੍ਹ ਨੇ ਨਿਭਾਈ।ਜ਼ਿਲ੍ਹਾ ਪ੍ਰਧਾਨ ਗੁਰਮੀਤ ਸਿੰਘ ਜੈ ਸਿੰਘ ਵਾਲਾ, ਜਗਦੇਵ ਸਿੰਘ ਬੁਲਾਢੇ ਵਾਲਾ, ਬਲਦੇਵ ਸਿੰਘ ਪੂਹਲੀ, ਗੁਰਜੰਟ ਸਿੰਘ ਜੈ ਸਿੰਘ ਵਾਲਾ ਆਦਿ ਮੌਜੂਦ ਸਨ।

**ਲੁਧਿਆਣਾ (ਜਸਦੀਪ ਵਰਤੀਆ)** : ਭਾਜਪਾ ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਦੀ ਪ੍ਰਧਾਨਗੀ ਹੇਠ ਭਾਜਪਾ ਲੁਧਿਆਣਾ ਨੇ ਸੰਵਿਧਾਨ ਨਿਰਮਾਤਾ, ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੀ ਜਨਮ ਵਰ੍ਹੇਗੰਢ ਸਥਾਨਕ ਮਿੰਨੀ ਸਕੱਤਰੇਤ ਵਿਖੇ ਸ਼ਰਧਾ ਨਾਲ ਮਨਾਈ।ਇਸ ਮੌਕੇ ਭਾਜਪਾ ਦੇ ਸਾਬਕਾ ਰਾਸ਼ਟਰੀ ਉਪ ਪ੍ਰਧਾਨ, ਸਾਬਕਾ ਸੰਸਦ ਮੈਂਬਰ ਅਵਿਨਾਸ਼ ਰਾਏ ਖੰਨਾ ਵਿਸ਼ੇਸ਼ ਤੌਰ 'ਤੇ ਸਮਾਗਮ ਵਿੱਚ ਸ਼ਾਮਲ ਹੋਏ।ਪ੍ਰੋਗਰਾਮ ਦੀ ਸ਼ੁਰੂਆਤ ਡਾ. ਅੰਬੇਡਕਰ ਦੀ ਮੂਰਤੀ ਨੂੰ ਹਾਰ ਪਾ ਕੇ ਕੀਤੀ ਗਈ।ਇਸ ਤੋਂ ਬਾਅਦ ਅਵਿਨਾਸ਼ ਰਾਏ ਖੰਨਾ ਤੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਜ਼ਿਲ੍ਹਾ ਪ੍ਰਧਾਨ ਰਜਨੀਸ਼ ਧੀਮਾਨ ਨੇ ਮਿੰਨੀ ਸਕੱਤਰੇਤ ਤੇ ਕੋਰਟ ਕੰਪਲੈਕਸ ਵਿੱਚ ਝਾੜੂ ਫੇਰ ਕੇ ਸਫਾਈ ਕੀਤੀ।ਇਸ ਮੌਕੇ ਅਵਿਨਾਸ਼ ਰਾਏ ਖੰਨਾ ਨੇ ਸੰਵਿਧਾਨ ਨਿਰਮਾਣ ਵਿੱਚ ਬਾਬਾ ਸਾਹਿਬ ਦੇ ਜੀਵਨ, ਸੰਘਰਸ਼ ਤੇ ਯੋਗਦਾਨ 'ਤੇ ਚਾਨਣਾ ਪਾਇਆ।ਉਨ੍ਹਾ ਕਿਹਾ ਕਿ ਭਾਜਪਾ ਅੱਤਵਾਦੀ ਗੁਰਵੰਤ ਸਿੰਘ ਪੰਨੂ ਵੱਲੋਂ ਬਾਬਾ ਸਾਹਿਬ ਬਾਰੇ ਕੀਤੀਆਂ ਜਾ ਰਹੀਆਂ ਅਪਮਾਨਜਨਕ ਟਿੱਪਣੀਆਂ ਨੂੰ ਕਦੇ ਵੀ ਬਰਦਾਸ਼ਤ ਨਹੀਂ ਕਰੇਗੀ।ਧੀਮਾਨ ਨੇ ਕਿਹਾ ਕਿ ਡਾ. ਅੰਬੇਡਕਰ ਨਾ ਸਿਰਫ਼ ਦਲਿਤ ਭਾਈਚਾਰੇ ਦਾ ਮਾਣ ਹਨ, ਸਗੋਂ ਪੂਰੇ ਦੇਸ਼ ਦਾ ਮਾਣ ਹਨ। ਉਹ ਸਾਰੇ ਧਰਮਾਂ ਤੇ ਭਾਈਚਾਰਿਆਂ ਲਈ ਇੱਕ ਰੋਲ ਮਾਡਲ ਹਨ।ਇਸ ਮੌਕੇ ਭਾਜਪਾ ਦੇ ਸੂਬਾ ਜਨਰਲ ਸਕੱਤਰ ਅਨਿਲ ਸਰੀਨ, ਸੂਬਾ ਸਕੱਤਰ ਰੇਣੂ ਥਾਪਰ, ਸੂਬਾ ਖਜ਼ਾਨਚੀ ਗੁਰਦੇਵ ਸ਼ਰਮਾ ਦੇਵੀ, ਸਾਬਕਾ ਸੂਬਾ ਜਨਰਲ ਸਕੱਤਰ ਜੀਵਨ ਗੁਪਤਾ, ਭਾਜਪਾ ਦੇ ਜ਼ਿਲ੍ਹਾ ਜਨਰਲ ਸਕੱਤਰ ਸਰਦਾਰ ਨਰਿੰਦਰ ਸਿੰਘ ਮੱਲੀ, ਜ਼ਿਲ੍ਹਾ ਉਪ ਪ੍ਰਧਾਨ ਮਹੇਸ਼ ਸ਼ਰਮਾ, ਮਨੀਸ਼ ਚੋਪੜਾ, ਨਵਲ ਜੈਨ, ਪ੍ਰੈੱਸ ਸਕੱਤਰ ਡਾ. ਸਤੀਸ਼ ਕੁਮਾਰ, ਵਿਸ਼ਾਲ ਗੁਲਾਟੀ, ਭਾਜਪਾ ਦੇ ਸੀਨੀਅਰ ਆਗੂ ਡਾ. ਡੀ. ਪੀ. ਖੋਸਲਾ, ਐਸ.ਸੀ. ਮੋਰਚਾ ਦੇ ਪ੍ਰਧਾਨ ਅਜੈ ਪਾਲ, ਵਿਜੇ ਖਟਕ, ਸਾਬਕਾ ਕੌਂਸਲਰ ਸਰਦਾਰ ਗੁਰਦੀਪ ਸਿੰਘ ਨੀਟੂ, ਮੰਡਲਾਂ ਦੇ ਪ੍ਰਧਾਨ ਤੇ ਸੀਨੀਅਰ ਵਰਕਰ ਮੌਜੂਦ ਸਨ।

**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)** : ਜ਼ਿਲ੍ਹਾ ਪ੍ਰਸ਼ਾਸਨ ਤੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਨੇ ਬਾਬਾ ਭੀਮ ਰਾਓ ਅੰਬੇਡਕਰ ਦੀ 134ਵੀਂ ਜਯੰਤੀ ਮਨਾਈ ਫਤਿਹਗੜ੍ਹ ਸਾਹਿਬ ਦੇ ਜ਼ਿਲ੍ਹਾ ਪ੍ਰਸ਼ਾਸਨ ਨੇ ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਹਿਯੋਗ ਨਾਲ ਭਾਰਤ ਰਤਨ ਡਾ. ਭੀਮ ਰਾਓ ਅੰਬੇਡਕਰ ਦੀ 134ਵੀਂ ਜਯੰਤੀ ਮਨਾਈ।ਇਸ ਸਮਾਗਮ ਵਿੱਚ ਪੰਜਾਬ ਦੇ ਮਾਨਯੋਗ ਕੈਬਨਿਟ ਮੰਤਰੀ ਸ. ਤਰੁਣਪ੍ਰੀਤ ਸਿੰਘ ਸੌਂਧ ਤੇ ਹੋਰ ਪਤਵੰਤੇ ਹਾਜ਼ਰ ਸਨ।ਫਤਿਹਗੜ੍ਹ ਸਾਹਿਬ ਦੀ ਡਿਪਟੀ ਕਮਿਸ਼ਨਰ ਸ਼੍ਰੀਮਤੀ ਸੋਨਾ ਥਿੰਦ ਨੇ ਵੀ ਇਸ ਮੌਕੇ ਬਾਬਾ ਸਾਹਿਬ ਦੇ ਯਾਦਗਾਰੀ ਜੀਵਨ ਤੇ ਪ੍ਰਾਪਤੀਆਂ, ਖਾਸ ਕਰਕੇ ਸਮਾਜਿਕ ਸਮਾਨਤਾ ਤੇ ਨਿਆਂ ਲਈ ਉਨ੍ਹਾਂ ਦੇ ਅਣਥੱਕ ਯਤਨਾਂ ਨੂੰ ਉਜਾਗਰ ਕਰਦੇ ਹੋਏ ਇੱਕ ਪ੍ਰੇਰਣਾਦਾਇਕ ਭਾਸ਼ਣ ਦਿੱਤਾ।ਕੈਬਨਿਟ ਮੰਤਰੀ ਤਰੁਣਪ੍ਰੀਤ ਸਿੰਘ ਸੌਂਧ ਨੇ ਸਿੱਖਿਆ ਦੀ ਪਰਿਵਰਤਨਸ਼ੀਲ ਸ਼ਕਤੀ 'ਤੇ ਜ਼ੋਰ ਦਿੰਦੇ ਹੋਏ ਕਿਹਾ ਕਿ ਇਹ ਖੁਸ਼ਹਾਲੀ ਤੇ ਸਸ਼ਕਤੀਕਰਨ ਦੀ ਕੁੰਜੀ ਵਜੋਂ ਕੰਮ ਕਰਦੀ ਹੈ।ਉਨ੍ਹਾਂ ਸਮਾਜ ਵਿੱਚ ਸਿੱਖਿਆ ਦੇ ਮੁੱਲਾਂ ਨੂੰ ਸਥਾਪਤ ਕਰਨ ਲਈ ਬਾਬਾ ਸਾਹਿਬ ਨੂੰ ਸਿਹਰਾ ਦਿੱਤਾ ਤੇ ਉਨ੍ਹਾਂ ਦੇ ਦੂਰਗਾਮੀ ਯੋਗਦਾਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ।ਵਿਧਾਇਕ ਲਖਵੀਰ ਸਿੰਘ ਰਾਏ (ਫਤਿਹਗੜ੍ਹ ਸਾਹਿਬ) ਤੇ ਰੁਪਿੰਦਰ ਸਿੰਘ ਹੈਪੀ (ਬੱਸੀ ਪਠਾਣਾ) ਨੇ ਵੀ ਇਸ ਮੌਕੇ ਡਾ.


ਫਤਿਹਗੜ੍ਹ ਸਾਹਿਬ

ਅੰਬੇਡਕਰ ਨੂੰ ਸ਼ਰਧਾਂਜਲੀ ਭੇਟ ਕੀਤੀ ਤੇ ਨੌਜਵਾਨਾਂ ਨੂੰ ਉਨ੍ਹਾਂ ਦੇ ਆਦਰਸ਼ਾਂ 'ਤੇ ਚੱਲਣ ਲਈ ਉਤਸ਼ਾਹਤ ਕੀਤਾ। ਜਸ਼ਨ ਦੇ ਹਿੱਸੇ ਵਜੋਂ ਵਿਦਿਆਰਥੀਆਂ ਲਈ ਪੋਸਟਰ ਮੇਕਿੰਗ ਤੇ ਭਾਸ਼ਣ ਮੁਕਾਬਲੇ ਆਯੋਜਿਤ ਕੀਤੇ ਗਏ। ਜੇਤੂਆਂ ਨੂੰ ਮਾਨਯੋਗ ਮੰਤਰੀ ਤੇ ਹੋਰ ਸਤਿਕਾਰਯੋਗ ਮਹਿਮਾਨਾਂ ਦੁਆਰਾ ਸਨਮਾਨਤ ਕੀਤਾ ਗਿਆ। ਵਾਈਸ ਚਾਂਸਲਰ ਡਾ. ਪਰਿਤ ਪਾਲ ਸਿੰਘ ਨੇ ਪਤਵੰਤਿਆਂ ਦਾ ਧੰਨਵਾਦ ਕੀਤਾ ਤੇ ਖਾਸ ਕਰਕੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਦੀ ਸਹਾਇਤਾ ਲਈ ਸਰਕਾਰ ਦੀਆਂ ਯੋਜਨਾਵਾਂ ਦੀ ਪ੍ਰਸੰਸਾ ਕੀਤੀ।ਇਹ ਸਮਾਗਮ ਸਿੱਖਿਆ, ਸਮਾਨਤਾ ਤੇ ਸਸ਼ਕਤੀਕਰਨ ਨੂੰ ਉਤਸ਼ਾਹਤ ਕਰਨ ਵਿੱਚ ਡਾ. ਬੀ ਆਰ ਅੰਬੇਡਕਰ ਦੀ ਵਿਰਾਸਤ ਨੂੰ ਜਾਰੀ ਰੱਖਣ ਦੀ ਸਾਂਝੀ ਵਚਨਬੱਧਤਾ ਨਾਲ ਸਮਾਪਤ ਹੋਇਆ।

**ਬਾਘਾ ਪੁਰਾਣਾ (ਮਨੀ ਸਿੰਗਲਾ)** : ਦੇਸ਼ ਭਰ ਵਿੱਚ ਸੰਵਿਧਾਨ ਨਿਰਮਾਤਾ, ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਮਨਾਇਆ ਗਿਆ ਅਤੇ ਬਾਘਾ ਪੁਰਾਣਾ 'ਚ ਭਾਰਤੀ ਜਨਤਾ ਪਾਰਟੀ ਦੇ ਮੰਡਲ ਪ੍ਰਧਾਨ ਦੀਪਕ ਤਲਵਾੜ ਤੇ ਅਜੇ ਗੁਪਤਾ ਬੁੱਧੀਜੀਵੀ ਸੈੱਲ ਇੰਚਾਰਜ ਦੀ ਅਗਵਾਈ ਵਿੱਚ ਵਰਕਰਾਂ ਵੱਲੋਂ ਭਾਰਤ ਰਤਨ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਡਕਰ ਚੌਕ ਵਿੱਚ ਪਹੁੰਚ ਕੇ ਉਨ੍ਹਾਂ ਦੀ ਲੱਗੀ ਫੋਟੋ 'ਤੇ ਹਾਰ ਪਾ ਕੇ ਜਨਮ ਦਿਹਾੜਾ ਮਨਾਇਆ ਗਿਆ ਅਤੇ ਪ੍ਰਣਾਮ ਕੀਤਾ ਗਿਆ।ਇਸ ਮੌਕੇ ਪਵਨ ਸ਼ਰਮਾ, ਸੁਰਿੰਦਰ ਪਾਲ ਸਿੰਘ, ਜਤਿਨ ਬੱਠਲਾ, ਨਵਦੀਪ ਤਲਵਾੜ, ਗੁਰਦੇਵ ਸਿੰਘ, ਸੁਭਾਸ਼ ਸ਼ਰਮਾ, ਸ਼ਿਵਮ ਸਿੰਗਲਾ, ਮਮਤਾ ਸਿੰਗਲਾ, ਦੀਪਕ ਸ਼ਰਮਾ, ਗੁਰਪ੍ਰੀਤ ਸਿੰਘ, ਹਰਦੀਪ ਸਿੰਘ, ਜਗਜੀਤ ਸਿੰਘ, ਕੁਲਵਿੰਦਰ ਸਿੰਘ, ਅਸ਼ੋਕ ਕੁਮਾਰ, ਸੇਵਕ ਸਿੰਘ, ਸੰਦੀਪ ਕੁਮਾਰ, ਵਿਨੋਦ, ਜਤਿੰਦਰ ਕੁਮਾਰ, ਰੇਹੂ


ਚੀਮਾ ਮੰਡੀ

ਤਲਵਾੜ, ਸਹਿਜਪ੍ਰੀਤ ਸਿੰਘ ਤੇ ਹੋਰ ਸ਼ਾਮਲ ਸਨ।

**ਚੀਮਾ ਮੰਡੀ (ਰਵਿੰਦਰ ਚੀਮਾ)** : ਡਾਕਟਰ ਭੀਮ ਰਾਓ ਅੰਬੇਡਕਰ ਦੀ ਜਯੰਤੀ ਦੇ ਸਨਮਾਨ ਵਿੱਚ ਮਾਡਰਨ ਕਾਲਜ ਬੀਰ ਕਲਾਂ ਦੇ ਪ੍ਰਿੰਸੀਪਲ ਤੇ ਚੇਅਰਮੈਨ ਡਾ. ਰਵਿੰਦਰ ਬਾਂਸਲ ਵੱਲੋਂ ਪਿੰਡ ਤੋਲਾਵਾਲ ਵਿੱਚ ਇਕ ਜਾਗਰੂਕਤਾ ਰੈਲੀ ਦਾ ਆਯੋਜਨ ਕੀਤਾ ਗਿਆ।ਇਹ ਰੈਲੀ ਸਮਾਜਿਕ ਸਮਾਨਤਾ, ਭਾਈਚਾਰੇ ਤੇ ਅੰਬੇਡਕਰ ਜੀ ਦੇ ਵਿਚਾਰਾਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਕੀਤੀ ਗਈ।ਇਸ ਮੌਕੇ ਵਿਦਿਆਰਥੀਆਂ ਨੇ ਪਿੰਡ ਤੋਲਾਵਾਲ ਵਿਖੇ ਹੱਥਾਂ ਵਿੱਚ ਪੋਸਟਰ ਤੇ ਨਾਅਰੇ ਲਿਖੇ ਹੋਏ ਬੈਨਰ ਫੜੇ ਹੋਏ ਸਨ। ਕਾਲਜ ਦੇ ਅਧਿਆਪਕਾਂ ਤੇ ਪਿੰਡ ਵਾਸੀਆਂ ਨੇ ਵੀ ਰੈਲੀ ਵਿੱਚ ਭਾਗ ਲੈ ਕੇ ਵਿਦਿਆਰਥੀਆਂ ਦੇ ਉਤਸ਼ਾਹ ਦੀ ਸਾਰਾਹਨਾ ਕੀਤੀ।ਰੈਲੀ ਤੋਂ ਬਾਅਦ ਵਿਦਿਆਰਥੀਆਂ ਵੱਲੋਂ ਡਾਕਟਰ ਅੰਬੇਡਕਰ ਦੀ ਜੀਵਨੀ 'ਤੇ ਆਧਾਰਤ ਛੋਟਾ ਸਮਾਗਮ ਵੀ ਕੀਤਾ ਗਿਆ।ਇਸ ਮੌਕੇ ਕਾਲਜ ਦੇ ਚੇਅਰਮੈਨ ਡਾ. ਰਵਿੰਦਰ ਬਾਂਸਲ ਨੇ ਵਿਦਿਆਰਥੀਆਂ ਨੂੰ ਡਾ ਬੀ. ਆਰ. ਅੰਬੇਡਕਰ ਦੁਆਰਾ ਦਿੱਤੇ ਗਏ ਉਦੇਸ਼ ਉੱਤੇ ਚੱਲਣ ਲਈ ਪ੍ਰੇਰਿਤ ਕੀਤਾ।ਇਸ ਮੌਕੇ ਅਸਿ. ਪ੍ਰੋ. ਮਹਿੰਦਰਪਾਲ ਬਾਤਿਸ਼, ਅਸਿ. ਪ੍ਰੋ. ਇੰਦਰਜੀਤ ਸਿੰਘ, ਅਸਿ. ਪ੍ਰੋ. ਅੰਤਰਪਾਲ ਕੌਰ, ਅਸਿ. ਪ੍ਰੋ. ਅਮਨਦੀਪ ਕੌਰ, ਅਸਿ. ਪ੍ਰੋ. ਕੋਮਲ ਰਾਣੀ ਤੇ ਸਮੂਹ ਸਟਾਫ ਹਾਜ਼ਰ ਸੀ।

**ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)** : ਅਲਟ੍ਰਾਟੈਕ ਪਲਾਂਟ ਪੈਕਿੰਗ ਵਰਕਰਾਂ ਤੇ ਲਹਿਰਾ ਮੁਹੱਬਤ ਵਾਸੀਆਂ ਵੱਲੋਂ ਡਾ. ਭੀਮ ਰਾਓ ਅੰਬੇਡਕਰ ਜੀ ਦਾ 134ਵਾਂ ਜਨਮ ਦਿਵਸ ਧੂਮਧਾਮ ਨਾਲ ਮਨਾਇਆ ਗਿਆ। ਇਸ ਮੌਕੇ ਅਲਟਰਾਟੈਕ ਸੀਮਿੰਟ ਪਲਾਂਟ ਯੂਨਿਟ ਦੇ ਮੁਖੀ ਆਰ. ਪੀ. ਨੋਲੱਖਾ ਤੇ ਐੱਚ. ਆਰ. ਮੁਖੀ ਸੱਤਿਆ ਸਿੰਘ ਯਾਦਵ ਨੇ ਮੁੱਖ


ਬਾਘਾ ਪੁਰਾਣਾ

ਮਹਿਮਾਨ ਵਜੋਂ ਸ਼ਿਰਕਤ ਕੀਤੀ। ਅਲਟਰਾਟੈੱਕ ਸੀਟੂ ਦੇ ਪ੍ਰਧਾਨ ਬਲਕਾਰ ਸਿੰਘ, ਜਨਰਲ ਸਕੱਤਰ ਰਾਜ ਕੁਮਾਰ, ਕੈਸ਼ੀਅਰ ਮਨੋਜ ਕੁਮਾਰ, ਪ੍ਰੈੱਸ ਸਕੱਤਰ ਜਰਨੈਲ ਸਿੰਘ, ਏਟਕ ਆਗੂ ਮਹਿੰਦਰਪਾਲ ਸ਼ਰਮਾ, ਟੀ ਐੱਸ ਯੂ ਸਰਕਲ ਸਹਾਇਕ ਸਕੱਤਰ ਬਚਿੱਤਰ ਸਿੰਘ, ਜੀ ਐੱਚ ਟੀ ਪੀ ਕੰਟਰੈਕਟ ਵਰਕਰਜ਼ ਯੂਨੀਅਨ (ਆਜ਼ਾਦ) ਦੇ ਪ੍ਰਧਾਨ ਜਗਰੂਪ ਸਿੰਘ ਵੀ ਇਸ ਸਮਾਗਮ ਵਿੱਚ ਸ਼ਾਮਲ ਹੋਏ। ਇਸ ਦੌਰਾਨ ਡਾ. ਅੰਬੇਡਕਰ ਸਾਹਿਬ ਦੇ ਨਾਮ ਦਾ ਕੇਕ ਕੱਟਿਆ ਗਿਆ ਤੇ ਫੁੱਲਾਂ ਨਾਲ ਉਨ੍ਹਾਂ ਦੀ ਫੋਟੋ ਨੂੰ ਸ਼ਰਧਾਂਜਲੀ ਭੇਟ ਕੀਤੀ। ਮੁੱਖ ਮਹਿਮਾਨ ਤੇ ਪ੍ਰਬੰਧਕਾਂ ਨੇ ਲਗਭਗ 50 ਬੱਚਿਆਂ ਨੂੰ ਕਾਪੀਆਂ ਤੇ ਪੈੱਨ ਵੰਡੇ।

ਉਪਰੰਤ ਪੰਡਾਲ ਵਿੱਚ ਲੱਡੂ ਵੰਡੇ ਗਏ ਤੇ ਛੋਲੇ-ਪੂਰੀਆਂ ਦਾ ਲੰਗਰ ਲਗਾਇਆ ਗਿਆ। ਪ੍ਰਬੰਧਕਾਂ ਪਰਸੂ ਰਾਮ, ਕਨ੍ਹੱਈਆ ਕੁਮਾਰ, ਖਖਨ ਰਾਮ, ਅਨੰਤ ਕੁਮਾਰ, ਚੰਦਰਦੀਪ ਰਾਮ, ਸੁਰਿੰਦਰ ਰਾਮ, ਪ੍ਰਮੋਦ ਚੌਰਸੀਆ ਤੇ ਸਾਰੇ ਵਰਕਰਾਂ ਨੇ ਮਹਿਮਾਨਾਂ ਦਾ ਧੰਨਵਾਦ ਕੀਤਾ।


ਲਹਿਰਾ ਮੁਹੱਬਤ


ਮਮਦੋਟ


ਧੂਰੀ


ਨਾਭਾ


ਬਾਘਾ ਪੁਰਾਣਾ

# ਵਿਸਾਖੀ ਅਤੇ ਅੰਬੇਡਕਰ ਜਯੰਤੀ ਮੌਕੇ ਲਖਵਿੰਦਰ ਸਿੰਘ ਵੱਲੋਂ ਬਸਤੀ ਸ਼ੇਖ, ਜਲੰਧਰ ਵਿਸ਼ੇਸ਼ ਸਪਲੀਮੈਂਟ


ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ



ਦਰਬਾਰ ਬਾਬਾ ਮੱਟ ਸਾਹਿਬ ਪਿੰਡ ਆਧੀ



ਬਾਬਾ ਪ੍ਰਗਟਨਾਥ ਵਾਲਮੀਕਿ ਆਸ਼ਰਮ ਰਹੀਮਪੁਰ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਡਾ. ਕੁਲਵੰਤ ਸਿੰਘ ਨਾਹਰ | ਨਵਜੋਤ ਮੱਟੂ | ਬਲਵੀਰ ਸਿੰਘ ਮੱਟੂ | ਲਖਵੀਰ ਸਿੰਘ ਟੇਲਰ

ਗੁਰਦੇਵ ਸਿੰਘ ਬਿੱਟੂ | ਸੰਤੋਖ ਸਿੰਘ ਮੱਟੂ | ਗੁਰਦੀਪ ਚੰਦ ਮੱਟੂ | ਆਸ਼ੂ ਸਹੋਤਾ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ



ਬੀਬੀ ਇੰਦਰਜੀਤ ਕੌਰ ਹਲਕਾ ਵਿਧਾਇਕ ਨਕੋਦਰ

ਸ. ਬਲਵੀਰ ਸਿੰਘ ਨਾਹਲ ਆਪ ਆਗੂ | ਸ. ਦਲਜੀਤ ਸਿੰਘ ਨਿਕੂ | ਸ. ਹਰਨੇਕ ਸਿੰਘ ਨਾਹਲ | ਸ. ਰਣਬੀਰ ਸਿੰਘ ਨੂਰਾ ਸਾਬਕਾ ਬਲਾਕ ਸੰਮਤੀ ਮੈਂਬਰ | ਬਲਦੇਵ ਕੁਮਾਰ (ਸਰਪੰਚ)

ਸ੍ਰੀਮਤੀ ਮਨਜੀਤ ਰਾਣੀ ਸਰਪੰਚ ਆਧੀ | ਗੁਰਵਿੰਦਰ ਕੌਰ ਪੰਚ ਆਧੀ | ਜਸਕੀਰਤ ਕੌਰ ਪੰਚ ਆਧੀ | ਅਮਰਜੀਤ ਕੌਰ ਪੰਚ ਆਧੀ

ਸ. ਰਜਿੰਦਰ ਸਿੰਘ ਪੰਚ ਆਧੀ | ਸ. ਰਸ਼ਪਾਲ ਸਿੰਘ ਪੰਚ ਆਧੀ | ਸ੍ਰੀਮਤੀ ਪਰਮਜੀਤ ਕੌਰ ਪ੍ਰਧਾਨ ਇਸਤਰੀ ਵਿੰਗ ਆਧੀ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਸਤਨਾਮ ਸਿੰਘ ਕੈਨੇਡਾ | ਜਗਤਾਰ ਸਿੰਘ ਇਟਲੀ | ਤੇਜਾ ਸਿੰਘ ਪੁੱਤਰ ਗੁਰਮੇਜ ਸਿੰਘ ਰੰਧਾਵਾ ਕੈਨੇਡਾ | ਲਵਜੋਤ ਮੱਟੂ ਆਸਟ੍ਰੇਲੀਆ

ਸ੍ਰੀ ਗੁਰੂ ਰਵਿਦਾਸ ਨੌਜਵਾਨ ਸਭਾ ਪਿੰਡ ਨਾਹਲਾ ਡੇਰਾ ਬਾਬਾ ਝੰਡਾ ਸਾਹਿਬ ਰੋਡ

ਬਾਬਾ ਸਾਹਿਬ ਭੀਮ ਰਾਓ ਅੰਬੇਡਕਰ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਸਰਬਜੀਤ ਸਿੰਘ ਕਾਹਲਵਾਂ | ਪਲਵਿੰਦਰ ਸਿੰਘ ਨਾਹਲ (ਪੰਚ) | ਅਵਤਾਰ ਸਿੰਘ ਪਾਦਮ | ਹਰਦੇਵ ਸਿੰਘ ਬਿੱਟੂ ਕੋਟਸਦੀਕ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਜਸਵਿੰਦਰ ਸਿੰਘ ਉਗੀ ਕਲਾਸ ਫੋਰ ਗੋਰਮੈਂਟ ਇੰਪਲਾਇਜ਼ ਯੂਨੀਅਨ, ਕਪੂਰਥਲਾ | ਸੰਜੀਵ ਕੌਂਡਲ ਸੂਬਾ ਸਕੱਤਰ ਪੀ ਡਬਲਿਯੂ ਡੀ | ਵੀਰੇਸ਼ ਅਜੇ ਭੀਲ ਮੁੱਖ ਸੰਚਾਲਕ ਵਾਲਮੀਕਿ ਧਰਮ ਸਮਾਜ | ਸਾਬੀ ਧਾਲੀਵਾਲ ਪੀ ਏ | ਸ. ਬਲਦੇਵ ਸਿੰਘ ਕਲਿਆਣ ਜੂਨੀਅਰ ਮੀਤ ਪ੍ਰਧਾਨ ਐਸ ਜੀ ਪੀ ਸੀ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਮਨਜੋਤ ਸਿੰਘ ਧੰਮ ਯੂ.ਕੇ. | ਸਿਮਰਨਜੀਤ ਕੌਰ ਧੰਮ ਯੂ.ਕੇ. | ਨਵਜੋਤ ਸਿੱਧੂ | ਪ੍ਰੀਆ ਮੱਟੂ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਸ੍ਰੀਮਤੀ ਜਯੋਤੀ ਕੌਂਸਲਰ ਬਸਤੀ ਦਾਨਸ਼ਮੰਦਾਂ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਅਮਰੀਕ ਸਿੰਘ ਉਮਰਪੁਰਾ | ਕਾਮਰੇਡ ਮੰਗਤਰਾਮ ਸਾਬਕਾ ਸਰਪੰਚ ਖੀਵਾ | ਕਮਲਜੀਤ ਗੌਤਮ ਪਿੰਡ ਖੀਵਾ | ਰੂਪ ਕੋਟਸਦੀਕੀ ਪੰਜਾਬੀ ਗਾਇਕ

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ

ਸੁਖਮਿੰਦਰ ਸਿੰਘ ਘਈ | ਮੰਨਾ ਘਈ | ਰਜਿੰਦਰਪਾਲ ਸਿੰਘ ਸਪੇਨ | ਕਾਮਰੇਡ ਬਲਵਿੰਦਰ ਸਿੰਘ ਉੱਗੀ | ਜਸਵਿੰਦਰ ਸਿੰਘ ਸਾਬਕਾ ਪੰਚ ਆਧੀ


## ਧੰਨਵਾਦ

ਮੈਂ ਧੰਨਵਾਦੀ ਹਾਂ ਉਨ੍ਹਾਂ ਸੱਜਣਾਂ ਮਿੱਤਰਾਂ ਦਾ, ਜਿਨ੍ਹਾਂ ਨੇ ਮੈਨੂੰ ਵਿਸਾਖੀ ਅਤੇ ਅੰਬੇਡਕਰ ਜਯੰਤੀ ਮੌਕੇ ਸਪਲੀਮੈਂਟ ਕੱਢਣ ਵਿੱਚ ਸਹਿਯੋਗ ਦਿੱਤਾ ਅਤੇ ਆਸ ਕਰਦਾ ਹਾਂ ਕਿ ਉਹ ਅੱਗੇ ਤੋਂ ਵੀ ਇਸੇ ਤਰ੍ਹਾਂ ਨਾਲ ਸਹਿਯੋਗ ਕਰਦੇ ਰਹਿਣਗੇ।

**ਲਖਵਿੰਦਰ ਸਿੰਘ ਆਧੀ**
ਪੱਤਰਕਾਰ ਬਸਤੀ ਸ਼ੇਖ, ਜਲੰਧਰ
ਮੋ. 76529-19427


ਜਰਨਲਿਸਟ ਪ੍ਰੈਸ ਕਲੱਬ (ਰਜਿ:) ਪੰਜਾਬ

ਮਨਜੀਤ ਮਾਨ ਸੂਬਾ ਪ੍ਰਧਾਨ | ਪ੍ਰੀਤ ਸੰਗੋਜਲਾ ਜ਼ਿਲ੍ਹਾ ਪ੍ਰਧਾਨ | ਜੇ ਐਸ ਸੰਧੂ ਸੂਬਾ ਸਰਪ੍ਰਸਤ | ਰਾਮ ਸਿੰਘ ਭੱਟੀ ਮੁੱਖ ਬੁਲਾਰਾ, ਪੰਜਾਬ | ਪ੍ਰਿਤਪਾਲ ਸਿੰਘ ਕੁਆਰਡੀਨੇਟਰ

ਮਠਾਰੂ ਵਿਸ਼ਵਕਰਮਾ ਐਗਰੀਕਲਚਰ ਵਰਕਸ
Mfrs. of :- All Kinds of Agricultural Impliments & Repairs
ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ
ਮਨਜੀਤ ਸਿੰਘ ਮਠਾਰੂ | ਪਿੰਡ ਤੇ ਡਾਕਖਾਨਾ ਕੁਲਾਰ | ਮੋਬਾਇਲ :- 98144-32885

ਵਿਸਾਖੀ ਅਤੇ ਅੰਬੇਡਕਰ ਜਯੰਤੀ ਦੀਆਂ ਲੱਖ-ਲੱਖ ਵਧਾਈਆਂ
ਸਰਕਾਰੀ ਹਾਈ ਸਕੂਲ ਪਿੰਡ ਆਧੀ ਉੱਤਮ ਸਕੂਲ ਪੁਰਸਕਾਰ





# ਡਾ. ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਤ ਸਮਾਗਮ ਕਰਵਾਇਆ

**ਬਸਤੀ ਸ਼ੇਖ, ਜਲੰਧਰ (ਲਖਵਿੰਦਰ ਸਿੰਘ)** ਭਾਰਤੀ ਸੰਵਿਧਾਨ ਦੇ ਨਿਰਮਾਤਾ ਅਤੇ ਭਾਰਤ ਰਤਨ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਦੇ ਜਨਮ ਦਿਨ ਨੂੰ ਸਮਰਪਿਤ ਵਾਲਮੀਕ ਧਰਮ ਸਮਾਜ (ਪ੍ਰਭੂ ਰਤਨਾਕਰ ) , ਬਸਤੀ ਪੀਰ ਦਾਦ (ਜਲੰਧਰ) ਵਿਖੇ ਸਮਾਗਮ ਕਰਵਾਇਆ ਗਿਆ। ਇਸ ਮੌਕੇ 'ਤੇ ਬੋਲਦਿਆਂ ਮੁੱਖ ਸੰਚਾਲਕ ਵਾਲਮੀਕਿ ਧਰਮ ਸਮਾਜ (ਪ੍ਰਭੂ ਰਤਨਾਕਰ) ਅਜੇ ਭੀਲ ਨੇ ਕਿਹਾ ਕਿ ਬਾਬਾ ਸਾਹਿਬ ਉਹ ਮਹਾਨ ਸ਼ਖ਼ਸੀਅਤ ਮਹਾਂਪੁਰਸ਼ ਤੇ ਮਹਾਨ ਮਾਨਵ ਹੋਏ ਨੇ ਜਿਨ੍ਹਾਂ ਨੇ ਸਾਨੂੰ ਜੀਣ ਦਾ ਤੇ ਪੜਨ ਦਾ ਅਧਿਕਾਰ ਲੈਕੇ ਦਿੱਤਾ ਤਾਂ ਜੋ ਅੱਜ ਸਾਡੇ ਸਮਾਜ ਦੇ ਬੱਚੇ ਵੱਡੇ ਵੱਡੇ ਅਹੁਦਿਆਂ 'ਤੇ ਬਿਰਾਜਮਾਨ ਹਨ ਅਤੇ ਉਨ੍ਹਾਂ ਨੇ ਕਿਹਾ ਕਿ ਆਪਣੇ ਬੱਚਿਆਂ ਨੂੰ ਵੱਧ ਤੋਂ ਵੱਧ ਪੜ੍ਹਾਈਏ ਤਾਂ ਹੀ ਬਾਬਾ ਸਾਹਿਬ ਦੇ



ਸੁਪਨਿਆਂ ਨੂੰ ਪੂਰਾ ਕੀਤਾ ਜਾ ਸਕਦਾ ਹੈ ਇਸ ਮੌਕੇ ਤੇ ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਦੇ ਸਪੁੱਤਰ ਅਤੁਲ ਭਗਤ ਨੇ ਕਿਹਾ ਕਿ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਨੇ ਸਮਾਜ ਦੇ ਕਮਜ਼ੋਰ ਵਰਗਾਂ ਦੀ ਭਲਾਈ ਲਈ ਅਣਥੱਕ ਯਤਨਾਂ ਕੀਤੇ ਅਤੇ ਇਸ ਤੋਂ ਉੱਪਰ ਉਨ੍ਹਾਂ ਮਹਿਲਾਵਾਂ ਦੇ ਸ਼ਕਤੀਕਰਨ ਵਿਚ ਉਨ੍ਹਾਂ ਨੇ ਅਹਿਮ ਭੂਮਿਕਾ ਨਿਭਾਈ ਉਨ੍ਹਾਂ ਦੇ ਯਤਨ ਸਦਕਾ ਸਭ ਨੂੰ ਵੋਟ ਪਾਉਣ ਦਾ ਅਧਿਕਾਰ ਮਿਲਿਆ । ਜਿਸ ਕਰਕੇ ਅੱਜ ਅਸੀਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਕੇ ਆਪਣਾ ਮਨ ਪਸੰਦ ਦੀ ਸਰਕਾਰ ਬਣਾਉਣੇ ਹਾਂ ਉਨ੍ਹਾਂ ਕਿਹਾ ਕਿ ਡਾਕਟਰ ਭੀਮ ਰਾਓ ਅੰਬੇਦਕਰ ਦੇ ਸੁਪਨਿਆਂ ਵਾਲਾ ਸਮਾਜ ਸਿਰਜਣ ਲਈ ਉਨ੍ਹਾਂ ਦੇ ਦਰਸ਼ਾਏ ਮਾਰਗਾਂ ਚੱਲਣ ਤੇ ਸਮਾਜ ਦੀ ਭਲਾਈ ਲਈ ਅੱਗੇ ਆਉਣ। ਇਸ ਮੌਕੇ 'ਤੇ ਆਮ ਆਦਮੀ ਪਾਰਟੀ ਦੀ ਮਹਿਲਾ ਵਿੰਗ ਦੀ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਕੌਰ, ਮਹੇਸ਼ ਸੇਠੀ ਕੌਂਸਲਰਾਂ,ਦੀਪਕ , ਅਜੇ ਯਾਦਵ ਮੁੱਖ ਸਲਾਹਕਾਰ ਆਪਣੀ ਮਿੱਟੀ ਆਪਣੇ ਲੋਕ ਅਖਬਾਰ ਆਡੀਟਰ ਨੇ ਵੀ ਸੰਬੋਧਨ ਕੀਤਾ। ਇਸ ਮੌਕੇ 'ਤੇ ਮੁਕੇਸ਼ ਕੁਮਾਰ ਸੇਠੀ, ਬਲਵਿੰਦਰ ਸਿੰਘ ਬਾਲਾ, ਬਲਵੀਰ ਸਿੰਘ, ਦੀਪਕ ਸੰਧੂ,ਵਿਪਨ ਸ਼ਰਮਾ, ਅਮਿਤ ਸਬਰਵਾਲ, ਹਿਮਾਂਸ਼ੂ ਸਬਰਵਾਲ, ਯੁਵਰਾਜ ਹੰਸ,ਸੋਮਾ ਪਹਿਲਵਾਨ, ਰੋਹਿਤ ਭਗਤ ਹਜ਼ਾਰ ਸਨ।ਬੱਚਿਆਂ ਨੂੰ ਪੈੱਨ ,ਕਾਪੀਆਂ ਦੇ ਸੈੱਟ,ਬੈਟ, ਫੁੱਟਬਾਲ, ਅਤੇ ਗਰੀਬ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਇਸ ਮੌਕੇ 'ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਬਾਦਲ ਦੇ ਪ੍ਰਧਾਨ ਚੁਣੇ ਜਾਣ ਨਾਲ ਵਰਕਰਾਂ 'ਚ ਖੁਸ਼ੀ ਦੀ ਲਹਿਰ : ਬਾਬਾ ਮਹਿੰਦਰ ਸਿੰਘ

**ਮਹਿਤਪੁਰ (ਰਾਜਾ)-** ਸੁਖਬੀਰ ਸਿੰਘ ਬਾਦਲ ਦੇ ਮੁੜ ਤੀਸਰੀ ਵਾਰ ਪ੍ਰਧਾਨ ਚੁਣੇ ਜਾਣ ਤੇ ਸ਼੍ਰੋਮਣੀ ਅਕਾਲੀ ਦਲ ਮਹਿਤਪੁਰ ਤੋਂ ਸੀਨੀਅਰ ਆਗੂ ਬਾਬਾ ਮਹਿੰਦਰ ਸਿੰਘ ਝੁੱਗੀਆਂ ਨੇ ਸਮੁੱਚੀ ਹਾਈ ਕਮਾਂਡ ਆਗੂ ਸਾਹਿਬਾਨ ਤੇ ਵਰਕਰਾਂ ਨੂੰ ਵਧਾਈਆਂ ਦਿੱਤੀਆਂ। ਉਨਾਂ ਨੇ ਸੁਖਬੀਰ ਸਿੰਘ ਬਾਦਲ ਨੂੰ ਵਧਾਈ ਦਿੰਦੇ ਆਖਿਆ ਕਿ ਪਾਰਟੀ ਨੇ ਹਰ ਸਮੇਂ ਸਿੱਖੀ ਪੰਜਾਬੀਅਤ ਪੰਜਾਬ ਦੇ ਹੱਕਾਂ ਦੀ ਰਾਖੀ ਆਵਾਜ਼ ਬੁਲੰਦ ਕੀਤੀ ਹੈ ਅਸੀਂ ਉਹਨਾਂ ਨੂੰ ਦਿਲੋਂ ਮੁਬਾਰਕਬਾਦ ਦਿੰਦੇ ਹਾਂ। ਬਾਬਾ ਮਹਿੰਦਰ ਸਿੰਘ ਨੇ ਆਖਿਆ ਕਿ ਸੁਖਬੀਰ ਸਿੰਘ ਬਾਦਲ ਦੇ ਪ੍ਰਧਾਨ ਬਣਨ ਨਾਲ ਪਾਰਟੀ ਵਿੱਚ ਇੱਕ ਨਵਾਂ ਜੋਸ਼ ਅਤੇ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।



## ਸੈਣੀ ਵੱਲੋਂ ਡਾ. ਭੀਮ ਰਾਓ ਅੰਬੇਡਕਰ ਦੀ 135ਵੀਂ ਜੈਯੰਤੀ 'ਤੇ ਸ਼ਰਧਾਂਜਲੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)** ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਹਿਸਾਰ ਵਿੱਚ ਭਾਰਤ ਰਤਨ ਬਾਬਾ ਸਾਹੇਬ ਡਾ. ਭੀਮਰਾਓ ਅੰਬੇਦਕਰ ਦੀ 135ਵੀਂ ਜੈਯੰਤੀ ਮੌਕੇ 'ਤੇ ਮਿਨੀ ਸਕੱਤਰੇਤ ਪਰਿਸਰ ਵਿੱਚ ਪ੍ਰਤਿਮਾ 'ਤੇ ਪੁਸ਼ਪ ਅਰਪਿਤ ਕਰਦੇ ਹੋਏ ਨਮਨ ਕੀਤਾ। ਉਨ੍ਹਾਂ ਨੇ ਕਿਹਾ ਕਿ ਅੱਜ ਦਾ ਦਿਨ ਸੂਬੇ ਦੇ ਲਈ ਹੀ ਨਈਂ ਪੂਰੇ ਦੇਸ਼ ਲਈ ਖੁਸ਼ਕਿਸਮਤੀ ਦਾਂ ਦਨ ਹੈ ਜੋ ਅਸੀਂ ਬਾਬਾ ਸਾਹੇਬ ਦੇ ਦਿਖਾਏ ਮਾਰਗ 'ਤੇ ਅੱਗੇ ਵੱਧਦੇ ਹੋਏ ਉਨ੍ਹਾਂ ਦੇ ਸਪਨੇ ਨੂੰ ਸਾਕਾਰ ਕਰਨ ਵਿੱਚ ਭਾਗੀਦਾਰ ਬਣ ਰਹੇ ਹਨ।ਮੁੱਖ ਮੰਤਰੀ ਨੇ ਕਿਹਾ ਕਿ ਬਾਬਾ ਸਾਹੇਬ ਭਾਰਤੀ ਸੰਵਿਧਾਨ ਦੇ ਮੰਨੇ-ਪ੍ਰਮੰਨੇ ਸ਼ਿਲਪਕਾਰ ਹੋਣ ਦੇ ਨਾਲ-ਨਾਲ ਸਮਾਜਿਕ ਭਾਂਈਚਾਰੇ ਦੇ ਅਰਮ ਮੋਢੀ ਸਨ।ਮੁੱਖ ਮੰਤਰੀ ਨੇ ਬਾਬਾ ਸਾਹੇਬ ਡਾ. ਭੀਮਰਾਓ ਅੰਬੇਦਕਰ ਨੂੰ ਯਾਦ ਕਰਦੇ ਹੋਏ ਕਿਹਾ ਕਿ ਸਮਾਜ ਦੇ ਵਾਂਝੇ ਅਤੇ ਸ਼ੋਸ਼ਿਤ ਵਰਗ ਦੇ ਸ਼ਸ਼ਕਤੀਕਰਣ ਲਈ ਆਪਣਾ ਜੀਵਨ ਸਮਰਪਿਤ ਕਰਨ ਵਾਲੇ ਬਾਬਾ ਸਾਹੇਬ ਸਮਾਜ ਦੇ ਪ੍ਰੇਰਣਾ ਸਰੋਤ ਹਨ। ਬਾਬਾ ਸਾਹੇਬ ਡਾ. ਭੀਮ ਰਾਓ ਅੰਬੇਦਕਰ ਨੇ ਪੂਰੇ ਜੀਵਨ ਸਮਾਜ ਦੇ ਉਥਾਨ, ਵਿਸ਼ੇਸ਼ਕਰ ਦਲਿਤਾਂ, ਪਿਛੜਾ ਅਤੇ ਮਹਿਲਾਵਾਂ ਦੇ ਅਧਿਕਾਰਾਂ ਲਈ ਸੰਘਰਸ਼ ਕੀਤਾ। ਬਾਬਾ ਸਾਹੇਬ ਭਾਰਤੀ ਸੰਵਿਧਾਨ ਦੇ ਪ੍ਰਮੁੱਖ ਵਾਸਤੂਕਾਰ ਸਨ। ਉਨ੍ਹਾਂ ਨੇ ਇੱਕ ਸਮਾਨਤਾਵਾਦੀ, ਧਰਮ ਨਿਰਪੱਖ ਅਤੇ ਲੋਕਤਾਂਤਰਿਕ ਸੰਵਿਧਾਨ ਦੇ ਨਿਰਮਾਣ ਕੀਤਾ ਜੋ ਦੇਸ਼ ਵਿੱਚ ਸਾਰੇ ਨਾਗਰਿਕਾਂ ਨੂੰ ਸਮਾਨ ਅਧਿਕਾਰ ਦਿੰਦਾ ਹੈ।

## ਜਨਮ ਦਿਨ ਮੁਬਾਰਕ



ਸੀਰਤ
ਪਿਤਾ : ਸਤਨਾਮ ਸਿੰਘ
ਮਾਤਾ : ਜਸਵੀਰ ਕੌਰ
ਵਾਸੀ : ਆਸਟ੍ਰੇਲੀਆ



ਸਹਿਜ ਕੌਰ
ਵਾਸੀ : ਨੂਰਮਹਿਲ

## ਵਰ੍ਹੇਗੰਢ ਮੁਬਾਰਕ



ਤਰਸੇਮ ਦੀਵਾਨਾ ਤੇ ਗੀਤਾ ਰਾਣੀ ਨੂੰ 34ਵੀਂ ਵਰ੍ਹੇਗੰਢ ਦੀਆਂ ਮੁਬਾਰਕਾਂ।

# 326ਵਾਂ ਖਾਲਸਾ ਸਾਜਨਾ ਦਿਵਸ ਸ਼ਰਧਾ-ਪੂਰਵਕ ਮਨਾਇਆ

**ਐਸ.ਏ.ਐਸ ਨਗਰ (ਗੁਰਜੀਤ ਬਿੱਲਾ)-** ਇੱਥੋਂ ਨੇੜਲੇ ਪਿੰਡ ਸੋਹਾਣਾ ਦੇ ਇਤਿਹਾਸਕ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ 326ਵਾਂ ਖਾਲਸਾ ਸਾਜਨਾ ਦਿਵਸ ਸ਼ਰਧਾ ਭਾਵਨਾ ਅਤੇ ਉਤਸ਼ਾਹ ਪੂਰਵਕ ਮਨਾਇਆ ਗਿਆ । ਇਸ ਦਿਹਾੜੇ ਦੀ ਖੁਸ਼ੀ ਵਿੱਚ ਸਵੇਰੇ 9:00 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ । ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ । ਇਸ ਧਾਰਮਿਕ ਸਮਾਗਮ ਵਿੱਚ ਭਾਈ ਗੁਰਦੇਵ ਸਿੰਘ ਦੇ ਇੰਟਰਨੈਸ਼ਨਲ ਢਾਡੀ ਜੱਥੇ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਮਹਾਰਾਜ ਦੁਆਰਾ ਚਿੜੀਆਂ ਨੂੰ ਬਾਜ ਬਣਾਉਣ ਭਾਵ ਖਾਲਸਾ ਪੰਥ ਨੂੰ ਸਿਰਜਣ ਦੇ ਪ੍ਰਸੰਗ ਨੂੰ ਬੜੇ ਭਾਵਪੂਰਨ ਅਤੇ ਜੋਸ਼ ਭਰਪੂਰ ਤਰੀਕੇ ਨਾਲ ਢਾਡੀ ਵਾਰਾਂ ਵਿੱਚ ਵਿਸਥਾਰ ਨਾਲ ਸੁਣਾਇਆ । ਭਾਈ ਅਜਮੇਰ ਸਿੰਘ ਹਜ਼ੂਰੀ ਰਾਗੀ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਰਸ ਭਿੰਨੇ ਕੀਰਤਨ ਰਾਹੀਂ ਸੰਗਤਾਂ ਨੂੰ ਇਲਾਹੀ ਬਾਣੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ । ਇਸ ਤੋਂ ਇਲਾਵਾ ਭਾਈ ਸੰਦੀਪ ਸਿੰਘ ਸ਼੍ਰੋਮਣੀ ਪ੍ਰਚਾਰਕ ਸ੍ਰੀ ਅਨੰਦਪੁਰ ਸਾਹਿਬ, ਅਕਾਲਗੜ੍ਹ ਵਾਲਿਆਂ ਦਾ ਪੰਥਕ ਢਾਡੀ ਜੱਥਾ, ਭਾਈ ਓਂਕਾਰ ਸਿੰਘ, ਭਾਈ ਸੁਰਜੀਤ ਸਿੰਘ, ਭਾਈ ਨਿਰਵੈਰ ਸਿੰਘ , ਭਾਈ ਹਰਪ੍ਰੀਤ ਸਿੰਘ, ਸੁਖਮਨੀ ਸੇਵਾ ਸੋਸਾਇਟੀ ਦੀਆਂ ਬੀਬੀਆਂ, ਭਾਈ ਰਵਿੰਦਰ ਸਿੰਘ, ਭਾਈ ਮਨਦੀਪ ਸਿੰਘ, ਭਾਈ ਸਵਿੰਦਰ ਸਿੰਘ ਦੇ ਜਥਿਆਂ ਤੋਂ ਇਲਾਵਾ ਗੁਰਦੁਆਰਾ ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਸੁਖਵਿੰਦਰ ਸਿੰਘ, ਭਾਈ ਇੰਦਰਜੀਤ ਸਿੰਘ, ਭਾਈ ਜਸਵੰਤ ਸਿੰਘ , ਭਾਈ ਗੁਰਮੀਤ ਸਿੰਘ, ਭਾਈ ਹਰਬਖਸ਼ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿਜਸ ਸੁਣਾ ਕੇ ਨਿਹਾਲ ਕੀਤਾ । ਸਾਰੇ ਜੱਥਿਆਂ ਨੂੰ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ । ਇਸ ਮੌਕੇ 'ਤੇ ਪੂਰੇ ਦਰਬਾਰ ਸਾਹਿਬ ਦੀ ਅੰਦਰੋਂ ਫੁੱਲਾਂ ਨਾਲ ਵਿਸ਼ੇਸ਼ ਸਜਾਵਟ ਕੀਤੀ ਗਈ ਸੀ । ਦਰਬਾਰ ਸਾਹਿਬ ਨੂੰ ਬਾਹਰੋਂ ਅਤੇ ਗੇਟ ਤੱਕ ਦੇ ਰਸਤੇ ਨੂੰ ਵਿਸ਼ੇਸ਼ ਢੰਗ ਨਾਲ ਸਜਾਇਆ ਗਿਆ ਸੀ । ਇਸ ਦਿਹਾੜੇ ਤੇ ਹਜ਼ਾਰਾਂ ਸੰਗਤਾਂ ਨੇ ਇਸ ਅਸਥਾਨ ਦੇ ਪਵਿੱਤਰ ਸਰੋਵਰ ਵਿੱਚ ਇਸ਼ਨਾਨ ਕੀਤਾ । ਇਸ ਦਿਨ ਕਰਵਾਏ ਗਏ ਮਹਾਨ ਅੰਮ੍ਰਿਤ ਸੰਚਾਰ ਵਿੱਚ ਵੱਡੀ ਗਿਣਤੀ ਵਿੱਚ ਪ੍ਰਾਣੀ ਖੰਡੇ ਬਾਟੇ ਦਾ ਅੰਮ੍ਰਿਤ ਛਕ ਕੇ ਗੁਰੂ ਵਾਲੇ ਬਣੇ ।ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ ।



# ਗੁਰੂ ਰਵਿਦਾਸ ਦੇ ਬੇਗਮਪੁਰੇ ਦੇ ਸੰਕਲਪ ਨੂੰ ਪੂਰਾ ਕਰਨ ਲਈ ਸੰਵਿਧਾਨਿਕ ਹੱਕਾਂ 'ਤੇ ਪਹਿਰਾ ਦੇਣਾ ਜ਼ਰੂਰੀ : ਸੰਤ ਸੁਰਿੰਦਰ ਦਾਸ ਬਾਵਾ



**ਅਲਾਵਲਪੁਰ (ਮਦਨ ਬੰਗੜ)-** ਰਵਿਦਾਸੀਆ ਧਰਮ ਪ੍ਰਚਾਰ ਸਥਾਨ ਕਾਹਨਪੁਰ ਵਿਖੇ ਜਗਤ ਗੁਰੂ ਰਵਿਦਾਸ ਜੀ ਦੇ ਗੰਗਾ ਘਾਟ ਤੇ ਸ਼ੀਲਾ ਤਰਾਏ ਇਤਿਹਾਸਿਕ ਵਿਸਾਖੀ ਪੁਰਬ ਅਤੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦਾ ਜਨਮ ਦਿਨ ਸੰਤ ਸੁਰਿੰਦਰ ਦਾਸ ਬਾਵਾ ਦੀ ਸਰਪ੍ਰਸਤੀ ਹੇਠ ਮਨਾਇਆ ਗਿਆ। ਅੰਮ੍ਰਿਤ ਵੇਲੇ ਤੋਂ ਅੰਮ੍ਰਿਤ ਬਣੀ ਸਤਿਗੁਰੂ ਰਵਿਦਾਸ ਜੀ ਦੇ ਪਾਵਨ ਜਾਪ ਬੀਬੀ ਵਿੱਦਿਆ ਸੁਪਤਨੀ ਸਵਰਗਵਾਸੀ ਅਮਰਨਾਥ ਬੇਟੀ ਮੀਨਾ ਦੇ ਪਰਵਾਰ ਬਰਮਿੰਗਮ ਯੂਕੇ ਵਾਲਿਆਂ ਵੱਲੋਂ ਕਰਵਾਏ ਗਏ। ਆਰਤੀ ਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਸੰਤ ਸੁਰਿੰਦਰ ਦਾਸ ਬਾਵਾ ਨੇ ਜਗਤ ਗੁਰੂ ਰਵਿਦਾਸ ਜੀ ਦੇ ਗੰਗਾ ਘਾਟ ਸ਼ਿਲਾ ਤਰਾਏ ਇਤਿਹਾਸਿਕ ਵਿਸਾਖੀ ਪੂਰਵ ਦਾ ਮਹੱਤਵ ਵਿਸਾਖ ਮਹੀਨੇ ਦਾ ਸਤਸੰਗ ਅਤੇ ਬਾਬਾ ਸਾਹਿਬ ਡਾ. ਭੀਮ ਰਾਓ ਅੰਬੇਦਕਰ ਜੀ ਦੇ ਜੀਵਨ ਸੰਘਰਸ਼ 'ਤੇ ਚਾਨਣਾ ਪਾਇਆ।ਰਵਿਦਾਸੀਆ ਧਰਮ ਵਿਸ਼ਵ ਭਰ ਵਿੱਚ ਕਰੋੜਾਂ ਜਗਤ ਗੁਰੂ ਰਵਿਦਾਸ ਪੈਰੋਕਾਰਾਂ ਦੀ ਧਾਰਮਿਕ ਪਹਿਚਾਣ ਹੈ ।ਜਿਸ ਦਾ ਪ੍ਰਚਾਰ ਪ੍ਰਸਾਰ ਵਿਸ਼ਵ ਭਰ ਵਿੱਚ ਬਹੁਤ ਤੇਜ਼ੀ ਨਾਲ ਹੋ ਰਿਹਾ ਹੈ ।ਮਾਨਵਤਾ ਦੇ ਮਸੀਹਾ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਨੇ ਜੀਵਨ ਭਰ ਕਠਿਨ ਸੰਘਰਸ਼ ਕਰਕੇ ਭਾਰਤੀ ਸੰਵਿਧਾਨ ਬਣਾ ਕੇ ਵਿਹਾਰਿਕ ਰੂਪ ਦਿੱਤਾ। ਸਾਰੇ ਭਾਰਤੀਆਂ ਨੂੰ ਐਸ ਸੀ ਐਸਟੀ ਬੀਸੀ ਓਬੀਸੀ ,ਕਿਸਾਨ ,ਮਜ਼ਦੂਰਾਂ ਅਤੇ ਇਸਤਰੀਆਂ ਨੂੰ ਸੰਵਿਧਾਨਿਕ ਹੱਕਾਂ 'ਤੇ ਪਹਿਰਾ ਦੇ ਕੇ ਆਪਣੀਆਂ ਆਉਣ ਵਾਲੀਆਂ ਪੀੜੀਆਂ ਨੂੰ ਉਜਵਲ ਭਵਿੱਖ ਦੇਣਾ ਚਾਹੀਦਾ ਹੈ। ਸ੍ਰੀ ਗੁਰੂ ਰਵਿਦਾਸ ਧਰਮ ਅਸਥਾਨ ਚਮਾਲਵਾੜਾ ਜੌਹੜ ਤੁਗਲਕਾ ਬਾਅਦ ਦਿੱਲੀ ਦੀ ਸਾਰੀ ਜਮੀਨ ਰਵਿਦਾਸੀਆ ਕੌਮ ਨੂੰ ਮਿਲਣੀ ਚਾਹੀਦੀ ਹੈ ਅਤੇ ਈਵੀਐਮ ਬੰਦ ਹੋਣੀ ਚਾਹੀਦੀ ਹੈ ।ਇਸ ਮੌਕੇ ਬਾਵਾ ਸਾਹਿਬ ਡਾਕਟਰ ਭੀਮ ਰਾਓ ਅੰਬੇਦਕਰ ਜੀ ਦੀ ਜੀਵਨੀ ਮੂਲ ਲੇਖਕ ਧੰਨਜੇਕੀਰ ਦੀ ਪੁਸਤਕ ਲੇਖਕ ਡਾ. ਬਲਦੇਵ ਸਿੰਘ ਬੱਧਣ ਦੁਆਰਾ ਪੰਜਾਬੀ ਅਨੁਵਾਦ ਪੁਸਤਕ ਦਾ ਪੰਜਵਾਂ ਐਡੀਸ਼ਨ ਸੰਤ ਮਹਾਂਪੁਰਸ਼ ਅਤੇ ਸੰਗਤਾਂ ਦੁਆਰਾ ਰਿਲੀਜ਼ ਕੀਤਾ ਗਿਆ । ਕੌਮ ਦੇ ਗੀਤਕਾਰ ਬਿੰਦਰ ਸਿੰਘ ਪੁਰੀ ਨੂੰ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਤ ਤਰਸੇਮ ਸਿੰਘ ਆਦਮਪੁਰ ,ਸੰਤ ਹਰਵਿੰਦਰ ਦਾਸ ਆਦਮਪੁਰ ,ਜਗਤ ਗੁਰੂ ਰਵਿਦਾਸ ਸੰਗੀਤ ਅਕੈਡਮੀ ਕਾਹਨਪੁਰ ,ਬੰਗੜ ਬਰਦਰਜ਼, ਭਾਈ ਤਜਿੰਦਰ ਸਿੰਘ ,ਜੀਵਨ ਸੋਹਲ ,ਮਾਸਟਰ ਕਮਲ ਵਰਿਆਣਵੀ ਨੇ ਹਾਜ਼ਰੀ ਲਗਵਾਈ ।ਸਟੇਜ ਸਕੱਤਰ ਦੀ ਸੇਵਾ ਸੁਖਵਿੰਦਰ ਗੋਲਡੀ ਨੇ ਬਖ਼ੂਬੀ ਨਿਭਾਈ। ਗੁਰੂ ਕਾ ਅਤੁੱਟ ਲੰਗਰ ਵਰਤਿਆ।